ਸੋਮਵਾਰ, 13 ਜੁਲਾਈ, 2026
29 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 42

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • MONDAY, 13 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਨਵਾਂ ਵੋਟਰ ਬਣਨ ਲਈ ਮਾਪਿਆਂ ਦੇ ਐੱਸ ਆਈ ਆਰ ਵੇਰਵੇ ਦੇਣੇ ਲਾਜ਼ਮੀ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਵੋਟਰ ਸੂਚੀ ਵਿੱਚ ਆਪਣਾ ਨਾਂਅ ਬਣਾਈ ਰੱਖਣ ਲਈ ਸਿਰਫ ਉਨ੍ਹਾਂ ਪੁਰਾਣੇ ਵੋਟਰਾਂ ਨੂੰ ਹੀ ਮਾਪਿਆਂ ਦੇ ਵੋਟਰ ਵਿਸ਼ੇਸ਼ ਡੂੰਘੀ ਸੁਧਾਈ ਪ੍ਰਕਿਰਿਆ (ਐੱਸ ਆਈ ਆਰ) ਦੇ ਵੇਰਵੇ ਦੇਣੇ ਲਾਜ਼ਮੀ ਨਹੀਂ ਹਨ ਜਿਹੜੇ ਪਿਛਲੀ ਵਾਰ ਇਸ ਪ੍ਰਕਿਰਿਆ ਵਿੱਚ ਸ਼ਾਮਲ ਨਹੀਂ ਹੋ ਸਕੇ ਸਨ, ਬਲਕਿ ਵੋਟਰ ਸੂਚੀ ਵਿੱਚ ਨਵਾਂ ਨਾਂਅ ਦਰਜ ਕਰਵਾਉਣ ਵਾਲੇ ਬਿਨੈਕਾਰਾਂ ਲਈ ਵੀ ਇਹ ਵੇਰਵੇ ਦੇਣਾ ਬਹੁਤ ਜ਼ਰੂਰੀ ਕਰ ਦਿੱਤਾ ਗਿਆ ਹੈ।

ਚੋਣ ਕਮਿਸ਼ਨ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਮੁਤਾਬਕ, ਵੋਟਰ ਸੂਚੀ ਵਿੱਚ ਨਵਾਂ ਨਾਂਅ ਸ਼ਾਮਲ ਕਰਨ ਲਈ ਫਾਰਮ 6 ਭਰਨ ਵਾਲੇ ਨਵੇਂ ਵੋਟਰਾਂ ਵਾਸਤੇ ਆਪਣੇ ਮਾਪਿਆਂ ਦੇ ਐੱਸ ਆਈ ਆਰ ਵੇਰਵੇ ਨਾਲ ਨੱਥੀ ਕਰਨਾ ਲਾਜ਼ਮੀ ਹੈ। ਇਸ ਸੰਬੰਧੀ ਘੋਸ਼ਣਾ-ਪੱਤਰ ਪਿਛਲੇ ਸਾਲ ਜੂਨ ਵਿੱਚ ਬਿਹਾਰ 'ਚ ਐੱਸ ਆਈ ਆਰ ਦੌਰਾਨ ਲਾਗੂ ਕੀਤਾ ਗਿਆ ਸੀ। ਨਵੇਂ ਵੋਟਰਾਂ ਲਈ ਫਾਰਮ 6 ਦੇ ਨਾਲ ਇਹ ਘੋਸ਼ਣਾ-ਪੱਤਰ ਭਰਨਾ ਲਾਜ਼ਮੀ ਬਣਾਇਆ ਗਿਆ ਸੀ।

ਚੋਣ ਕਮਿਸ਼ਨ ਦੇ ਅਧਿਕਾਰੀ ਨੇ ਇਹ ਵੀ ਸਾਫ ਕੀਤਾ ਕਿ ਇਹ ਬਦਲਾਅ ਸਿਰਫ ਵਿਸ਼ੇਸ਼ ਹਦਾਇਤਾਂ ਰਾਹੀਂ ਜੋੜਿਆ ਗਿਆ ਹੈ ਅਤੇ ਇਸ ਲਈ ਫਾਰਮ 6 ਵਿੱਚ ਕੋਈ ਸੋਧ (ਸੋਧ-ਪੱਤਰ) ਨਹੀਂ ਕੀਤੀ ਗਈ। ਇਸ ਪ੍ਰਕਿਰਿਆ ਨਾਲ ਵੋਟਰਾਂ ਦੀ ਮੈਪਿੰਗ (ਪਛਾਣ) ਕਰਨ ਵਿੱਚ ਮਦਦ ਮਿਲਦੀ ਹੈ ਅਤੇ ਨਵੇਂ ਵੋਟਰਾਂ ਨੂੰ ਅਰਜ਼ੀ ਦੇ ਨਾਲ ਜਮ੍ਹਾ ਕਰਵਾਉਣ ਵਾਲੇ ਦਸਤਾਵੇਜ਼ਾਂ ਦੀ ਗਿਣਤੀ ਵੀ ਘੱਟ ਜਾਂਦੀ ਹੈ। ਜੇਕਰ ਕੋਈ ਵਿਅਕਤੀ ਆਨਲਾਈਨ ਫਾਰਮ 6 ਭਰਦਾ ਹੈ, ਤਾਂ ਉਹ ਇਸ ਘੋਸ਼ਣਾ-ਪੱਤਰ ਨੂੰ ਭਰੇ ਬਿਨਾਂ ਅੱਗੇ ਨਹੀਂ ਵਧ ਸਕਦਾ।

ਦੂਜੇ ਪਾਸੇ, ਚੋਣ ਅਥਾਰਟੀ ਨੇ ਐੱਸ ਆਈ ਆਰ ਪ੍ਰਕਿਰਿਆ 'ਤੇ ਉੱਠ ਰਹੇ ਸਵਾਲਾਂ ਅਤੇ ਚਿੰਤਾਵਾਂ ਨੂੰ ਖਾਰਜ ਕਰਦਿਆਂ ਇਸ ਦਾ ਬਚਾਅ ਕੀਤਾ ਹੈ। ਕਮਿਸ਼ਨ ਦਾ ਕਹਿਣਾ ਹੈ ਕਿ ਇਹ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ, ਸੰਵਿਧਾਨਕ ਅਤੇ ਸੁਪਰੀਮ ਕੋਰਟ ਵੱਲੋਂ ਮਾਨਤਾ ਪ੍ਰਾਪਤ ਹੈ।

ਚੋਣ ਕਮਿਸ਼ਨ ਦੇ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਇਸਦਾ ਮੁੱਖ ਮਕਸਦ ਸਾਰੇ ਯੋਗ ਭਾਰਤੀ ਨਾਗਰਿਕਾਂ ਦੇ ਨਾਂਅ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਹੈ, ਜਦਕਿ ਦੋਹਰੀਆਂ ਵੋਟਾਂ ਵਾਲੇ, ਮ੍ਰਿਤਕ, ਦੂਜੀ ਥਾਂ ਚਲੇ ਗਏ (ਸ਼ਿਫਟਡ), ਗੈਰ-ਹਾਜ਼ਰ ਅਤੇ ਵਿਦੇਸ਼ੀ ਵੋਟਰਾਂ ਦੇ ਨਾਂਅ ਸੂਚੀ ਵਿੱਚੋਂ ਹਟਾਉਣਾ ਹੈ।

## ਅਰਜਨਟੀਨਾ ਨੇ ਸਵਿਟਜ਼ਰਲੈਂਡ ਹੰਭਾਇਆ, ਇੰਗਲੈਂਡ ਨੇ ਨਾਰਵੇ ਢਾਹਿਆ

**ਕੰਸਾਸ ਸਿਟੀ (ਨ ਜ਼ ਸ)**

ਅਰਜਨਟੀਨਾ ਦੇ ਜੂਲੀਅਨ ਅਲਵਾਰੇਜ਼ ਅਤੇ ਲੌਟਾਰੋ ਮਾਰਟੀਨੇਜ਼ ਨੇ ਐਕਸਟਰਾ ਟਾਈਮ ਦੇ ਆਖਰੀ ਮਿੰਟਾਂ ਵਿੱਚ ਗੋਲ ਕਰਕੇ ਸਨਿੱਚਰਵਾਰ 10 ਖਿਡਾਰੀਆਂ ਵਾਲੀ ਸਵਿਟਜ਼ਰਲੈਂਡ ਦੀ ਟੀਮ 'ਤੇ 3-1 ਨਾਲ ਨਾਟਕੀ ਜਿੱਤ ਦਰਜ ਕੀਤੀ। ਇਸ ਜਿੱਤ ਦੇ ਨਾਲ ਹੁਣ ਬੁੱਧਵਾਰ ਨੂੰ ਐਟਲਾਂਟਾ ਵਿੱਚ ਅਰਜਨਟੀਨਾ ਦਾ ਇੰਗਲੈਂਡ ਨਾਲ ਸੈਮੀਫਾਈਨਲ ਹੋਵੇਗਾ, ਜਿਸ ਨੇ ਨਾਰਵੇ ਨੂੰ 2-1 ਨਾਲ ਹਰਾਇਆ। ਇਨ੍ਹਾਂ ਤੋਂ ਪਹਿਲਾਂ ਫਰਾਂਸ ਤੇ ਸਪੇਨ ਸੈਮੀਫਾਈਨਲ ਖੇਡਣਗੇ।

ਲਿਓਨਲ ਮੈਸੀ ਦੀ ਅਰਜਨਟੀਨਾ ਟੀਮ ਨੇ 1962 ਵਿੱਚ ਬ੍ਰਾਜ਼ੀਲ ਤੋਂ ਬਾਅਦ ਲਗਾਤਾਰ ਦੂਜੀ ਵਾਰ ਵਰਲਡ ਕੱਪ ਜਿੱਤਣ ਵਾਲੀ ਪਹਿਲੀ ਟੀਮ ਬਣਨ ਦੀ ਆਪਣੀ ਉਮੀਦ ਨੂੰ ਜ਼ਿੰਦਾ ਰੱਖਿਆ ਹੈ। ਇਸ ਜਿੱਤ ਨੇ ਸਟੇਡੀਅਮ ਵਿੱਚ ਮੌਜੂਦ ਅਰਜਨਟੀਨਾ ਦੇ ਪ੍ਰਸ਼ੰਸਕਾਂ ਨੂੰ ਝੂਮਣ ਲਾ ਦਿੱਤਾ ਅਤੇ ਸਵਿਟਜ਼ਰਲੈਂਡ ਦੇ ਸ਼ਾਨਦਾਰ ਸਫਰ ਦਾ ਅੰਤ ਕਰ ਦਿੱਤਾ।

ਸਵਿਟਜ਼ਰਲੈਂਡ ਦੀ ਟੀਮ 1954 ਤੋਂ ਬਾਅਦ ਪਹਿਲੀ ਵਾਰ ਵਰਲਡ ਕੱਪ ਦੇ ਕੁਆਰਟਰ ਫਾਈਨਲ ਵਿੱਚ ਪਹੁੰਚੀ ਸੀ, ਪਰ ਉਹ ਸੈਮੀਫਾਈਨਲ ਵਿੱਚ ਪੁੱਜਣ ਤੋਂ ਇੱਕ ਕਦਮ ਦੂਰ ਰਹਿ ਗਈ। ਟੀਮ ਨੂੰ ਉਦੋਂ ਵੱਡਾ ਝਟਕਾ ਲੱਗਾ, ਜਦੋਂ 72ਵੇਂ ਮਿੰਟ ਵਿੱਚ ਬ੍ਰੀਲ ਐਂਬੋਲੋ ਨੂੰ ਡਾਈਵਿੰਗ (ਫਰਜ਼ੀ ਫਾਊਲ ਦਿਖਾਉਣ) ਦੇ ਕਾਰਨ ਰੈਫਰੀ ਨੇ ਲਾਲ ਕਾਰਡ ਦਿਖਾ ਕੇ ਮੈਦਾਨ ਤੋਂ ਬਾਹਰ ਭੇਜ ਦਿੱਤਾ। ਰੋਮਾਂਚਕ ਮੈਚ ਪੈਨਲਟੀ ਸ਼ੂਟ-ਆਊਟ ਵੱਲ ਵਧਦਾ ਦਿਖਾਈ ਦੇ ਰਿਹਾ ਸੀ, ਪਰ 112ਵੇਂ ਮਿੰਟ ਵਿੱਚ ਅਲਵਾਰੇਜ਼ ਨੇ ਇੱਕ ਸ਼ਾਨਦਾਰ ਲੰਮੀ ਦੂਰੀ ਦਾ ਸ਼ਾਟ ਮਾਰ ਕੇ ਗੇਂਦ ਨੂੰ ਗੋਲ ਪੋਸਟ ਦੇ ਕੋਨੇ ਵਿੱਚ ਪਹੁੰਚਾ ਦਿੱਤਾ, ਜਿਸ ਨੂੰ ਸਵਿਸ ਗੋਲਕੀਪਰ ਗ੍ਰੇਗਰ ਕੋਬਲ ਰੋਕ ਨਾ ਸਕਿਆ। ਇਸ ਤੋਂ ਨੌਂ ਮਿੰਟ ਬਾਅਦ ਮਾਰਟੀਨੇਜ਼ ਨੇ ਤੀਜਾ ਗੋਲ ਕਰਕੇ ਅਰਜਨਟੀਨਾ ਦੀ ਜਿੱਤ ਪੱਕੀ ਕਰ ਦਿੱਤੀ। ਮੈਚ ਦੇ 10ਵੇਂ ਮਿੰਟ ਵਿੱਚ ਹੀ ਐਲੈਕਸਿਸ ਮੈਕ ਐਲਿਸਟਰ ਨੇ ਮੈਸੀ ਦੇ ਕਾਰਨਰ 'ਤੇ ਸ਼ਾਨਦਾਰ ਹੈਡਰ ਲਗਾ ਕੇ ਅਰਜਨਟੀਨਾ ਨੂੰ 1-0 ਦੀ ਬੜ੍ਹਤ ਦਿਵਾ ਦਿੱਤੀ ਸੀ। ਇਸ ਟੂਰਨਾਮੈਂਟ ਵਿੱਚ ਇਹ ਪਹਿਲੀ ਵਾਰ ਸੀ, ਜਦੋਂ ਸਵਿਟਜ਼ਰਲੈਂਡ ਦੀ ਟੀਮ ਮੈਚ ਵਿੱਚ ਪਿੱਛੇ ਚੱਲ ਰਹੀ ਸੀ। ਆਪਣੇ ਸਟਾਰ ਖਿਡਾਰੀ ਜੋਹਾਨ ਮੰਜ਼ਾਂਬੀ ਦੀ ਗੈਰ-ਮੌਜੂਦਗੀ ਦੇ ਬਾਵਜੂਦ ਸਵਿਸ ਟੀਮ ਨੇ ਹਾਰ ਨਹੀਂ ਮੰਨੀ। ਦੂਜੇ ਹਾਫ ਵਿੱਚ ਸਵਿਟਜ਼ਰਲੈਂਡ ਨੇ ਲਗਾਤਾਰ ਹਮਲੇ ਕੀਤੇ ਅਤੇ 67ਵੇਂ ਮਿੰਟ ਵਿੱਚ ਡੈਨ ਐਨਡੋਏ ਨੇ ਸ਼ਾਨਦਾਰ ਗੋਲ ਕਰਕੇ ਸਕੋਰ 1-1 ਨਾਲ ਬਰਾਬਰ ਕਰ ਦਿੱਤਾ। ਇਸ ਤੋਂ

• ਬਾਕੀ ਸਫਾ 2 'ਤੇ





ਐਲੈਕਸਿਸ ਗੋਲ ਕਰਨ ਤੋਂ ਬਾਅਦ ਮੈਸੀ ਅਤੇ ਐਂਜ਼ੋ ਫਰਨਾਂਡੇਜ਼ ਨਾਲ ਜਸ਼ਨ ਮਨਾਉਂਦਾ ਹੋਇਆ, (ਸੱਜੇ) ਦੋ ਗੋਲ ਕਰਨ ਵਾਲਾ ਇੰਗਲੈਂਡ ਦਾ ਬੇਲਿੰਗਹੈਮ।

### ਜਹਾਜ਼ 'ਤੇ ਹੋਏ ਹਮਲੇ 'ਚ 10 ਭਾਰਤੀ ਵਾਲ-ਵਾਲ ਬਚੇ, ਇੱਕ ਲਾਪਤਾ

**ਓਮਾਨ :** ਵਿਦੇਸ਼ ਮੰਤਰਾਲੇ ਨੇ ਦੱਸਿਆ ਕਿ ਐਤਵਾਰ ਤੜਕੇ ਓਮਾਨ ਦੇ ਸਮੁੰਦਰੀ ਤੱਟ ਨੇੜੇ ਇੱਕ ਵਪਾਰਕ ਜਹਾਜ਼ ਜੀ ਐੱਫ ਐੱਸ ਗਲੈਕਸੀ' 'ਤੇ ਹੋਏ ਹਮਲੇ ਤੋਂ ਬਾਅਦ ਇੱਕ ਭਾਰਤੀ ਨਾਗਰਿਕ ਲਾਪਤਾ ਹੈ। ਮੰਤਰਾਲੇ ਨੇ ਇਸ ਹਮਲੇ ਦੀ ਸਖ਼ਤ ਨਿੰਦਾ ਕਰਦੇ ਹੋਏ ਕਿਹਾ ਕਿ ਜਹਾਜ਼ 'ਤੇ ਸਵਾਰ 11 ਭਾਰਤੀ ਨਾਗਰਿਕਾਂ ਵਿੱਚੋਂ 10 ਨੂੰ ਸੁਰੱਖਿਅਤ ਬਚਾ ਲਿਆ ਗਿਆ ਹੈ, ਜਦ ਕਿ ਇੱਕ ਭਾਰਤੀ ਨਾਗਰਿਕ ਦੇ ਲਾਪਤਾ ਹੋਣ ਦੀ ਖ਼ਬਰ ਹੈ। ਮੰਤਰਾਲੇ ਨੇ ਅੱਗੇ ਦੱਸਿਆ ਕਿ ਓਮਾਨ ਵਿੱਚ ਸਥਿਤ ਭਾਰਤੀ ਦੂਤਾਵਾਸ ਸਥਿਤੀ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਿਹਾ ਹੈ। ਲਾਪਤਾ ਭਾਰਤੀ ਦੀ ਭਾਲ ਲਈ ਓਮਾਨ ਦੇ ਅਧਿਕਾਰੀਆਂ ਨਾਲ ਮਿਲ ਕੇ ਲਗਾਤਾਰ ਸਰਚ ਅਤੇ ਰੈਸਕਿਊ (ਬਚਾਅ) ਅਪਰੇਸ਼ਨ ਚਲਾਇਆ ਜਾ ਰਿਹਾ ਹੈ। ਦੂਜੇ ਪਾਸੇ, ਈਰਾਨ ਨੇ ਇਸ ਮਾਮਲੇ 'ਤੇ ਬਿਆਨ ਦਿੰਦਿਆਂ ਕਿਹਾ ਹੈ ਕਿ ਉਨ੍ਹਾਂ ਨੇ ਇੱਕ ਗ਼ੈਰ-ਮਨਜ਼ੂਰਸ਼ੁਦਾ ਰੂਟ (ਰਾਹ) 'ਤੇ ਜਾ ਰਹੇ ਜਹਾਜ਼ ਨੂੰ ਰੋਕਣ ਲਈ ਚਿਤਾਵਨੀ ਵਜੋਂ ਫਾਇਰਿੰਗ ਕੀਤੀ ਸੀ, ਜੋ ਕਿ ਜਹਾਜ਼ 'ਤੇ ਜਾ ਲੱਗੀ।

### ਟੋਰਾਂਟੋ ਮੇਲੇ ਦੌਰਾਨ ਗੋਲੀਬਾਰੀ 'ਚ 2 ਮੌਤਾਂ ਤੇ 5 ਜ਼ਖ਼ਮੀ

**ਟੋਰਾਂਟੋ :** ਇੱਥੇ ਸ਼ਨੀਵਾਰ ਰਾਤ ਲਾਤੀਨੀ ਅਮਰੀਕੀ ਸੱਭਿਆਚਾਰ ਨੂੰ ਸਮਰਪਿਤ ਪ੍ਰਸਿੱਧ 'ਸਾਲਸਾ ਆਨ ਸੇਂਟ ਕਲੇਰ' ਮੇਲੇ ਦੌਰਾਨ ਹੋਈ ਅੰਧਾਧੁੰਦ ਗੋਲੀਬਾਰੀ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ, ਜਦ ਕਿ ਪੰਜ ਜ਼ਖ਼ਮੀ ਹੋ ਗਏ। ਪੁਲਸ ਦੀ ਤਰਜਮਾਨ ਸ਼ੈਨਨ ਈਮਜ਼ ਮੁਤਾਬਕ ਇਹ ਖ਼ੂਨੀ ਝੜਪ ਸੇਂਟ ਕਲੇਰ ਐਵੇਨਿਊ ਵੈਸਟ ਅਤੇ ਆਰਲਿੰਗਟਨ ਐਵੇਨਿਊ ਦੇ ਨੇੜੇ ਵਾਪਰੀ, ਜਿੱਥੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਲਾਈਵ ਮਿਊਜ਼ਿਕ, ਡਾਂਸ ਅਤੇ ਲਾਤੀਨੀ ਖਾਣਿਆਂ ਦਾ ਆਨੰਦ ਮਾਣ ਰਹੇ ਸਨ।

### ਤਾਜ ਹੋਟਲ ਨੂੰ ਉਡਾਉਣ ਦੀ ਧਮਕੀ

**ਮੁੰਬਈ :** ਐਤਵਾਰ ਦੁਪਹਿਰ ਨੂੰ ਮਸ਼ਹੂਰ ਤਾਜ ਮਹਿਲ ਪੈਲੇਸ ਹੋਟਲ ਵਿੱਚ ਬੰਬ ਹੋਣ ਦੀ ਧਮਕੀ ਤੋਂ ਤੁਰੰਤ ਬਾਅਦ ਹੋਟਲ ਦੀ ਇਮਾਰਤ ਅਤੇ ਆਲੇ-ਦੁਆਲੇ ਦੇ ਹਿੱਸਿਆਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਪੁਲਸ ਨੂੰ ਫ਼ੋਨ ਕਾਲ ਆਈ ਸੀ ਕਿ ਤਾਜ ਮਹਿਲ ਪੈਲੇਸ ਹੋਟਲ ਨੂੰ ਬੰਬ ਨਾਲ ਉਡਾ ਦਿੱਤਾ ਜਾਵੇਗਾ। ਪਰ ਤਲਾਸ਼ੀ ਦੌਰਾਨ ਧਮਕੀ ਮਹਿਜ਼ ਅਫ਼ਵਾਹ ਸਾਬਤ ਹੋਈ।

### ਆਸਟ੍ਰੇਲੀਆ 'ਚ ਭਾਰਤੀ ਟਰੱਕ ਡਰਾਈਵਰਾਂ ਨੂੰ ਵਿਤਕਰੇ ਦਾ ਸਾਹਮਣਾ

**ਸਿਡਨੀ :** ਆਸਟਰੇਲੀਆ ਵਿੱਚ ਭਾਰਤੀ ਮੂਲ ਦੇ ਟਰੱਕ ਡਰਾਈਵਰਾਂ ਨੇ ਦੇਸ਼ ਦੇ ਮਾਲ ਉਦਯੋਗ ਵਿੱਚ ਕੰਮ ਕਰਦੇ ਸਮੇਂ ਨਸਲਵਾਦ, ਜ਼ੁਬਾਨੀ ਦੁਰਵਿਵਹਾਰ ਅਤੇ ਇੱਥੋਂ ਤੱਕ ਕਿ ਮੌਤ ਦੀਆਂ ਧਮਕੀਆਂ ਦੀਆਂ ਵਾਰ-ਵਾਰ ਘਟਨਾਵਾਂ ਦਾ ਸਾਹਮਣਾ ਕਰਨ ਬਾਰੇ ਗੱਲ ਕੀਤੀ ਹੈ। ਏ ਬੀ ਸੀ ਨਿਊਜ਼ ਆਸਟਰੇਲੀਆ ਦੀ ਰਿਪੋਰਟ ਵਿਚ ਕਈ ਭਾਰਤੀ ਮੂਲ ਦੇ ਡਰਾਈਵਰਾਂ ਦੇ ਤਜਰਬੇ ਸਾਂਝੇ ਕੀਤੇ ਗਏ ਹਨ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਕਹਿੰਦੇ ਹਨ ਕਿ ਭਾਰੀ ਵਾਹਨ ਚਾਲਕਾਂ ਦੀ ਘਾਟ ਨੂੰ ਪੂਰਾ ਕਰਨ ਲਈ ਆਸਟਰੇਲੀਆ ਦੀ ਪ੍ਰਵਾਸੀ ਕਾਮਿਆਂ 'ਤੇ ਵਧ ਰਹੀ ਨਿਰਭਰਤਾ ਦੇ ਬਾਵਜੂਦ ਵਿਤਕਰਾ ਇੱਕ ਨਿਯਮਤ ਹਿੱਸਾ ਬਣ ਗਿਆ ਹੈ। ਉਨ੍ਹਾਂ ਨੂੰ ਨਸਲੀ ਗਾਲ੍ਹਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਪੱਗ ਪਹਿਨਣ ਲਈ ਮਜ਼ਾਕ ਉਡਾਇਆ ਜਾਂਦਾ ਹੈ ਅਤੇ ਕੰਮ ਵਾਲੀ ਥਾਂ 'ਤੇ ਛੋਟੀਆਂ ਗਲਤੀਆਂ ਤੋਂ ਬਾਅਦ ਵਾਰ-ਵਾਰ 'ਵਾਪਸ ਜਾਣ' ਲਈ ਕਿਹਾ ਜਾਂਦਾ ਹੈ। ਬਹੁਤ ਸਾਰੇ ਪ੍ਰਵਾਸੀ ਕਾਮਿਆਂ ਨੂੰ ਵਿਸ਼ਵਾਸ ਨਹੀਂ ਹੁੰਦਾ ਕਿ ਘਟਨਾਵਾਂ ਦੀ ਰਿਪੋਰਟ ਕਰਨ ਨਾਲ ਕਾਰਵਾਈ ਹੋਵੇਗੀ।

## ਜਿਨ੍ਹਾਂ ਨੇ ਫਾਰਮ ਜਮ੍ਹਾਂ ਨਹੀਂ ਕਰਾਏ ਬੀ ਐੱਲ ਓ ਨੂੰ ਤੁਰੰਤ ਮਿਲਣ : ਮਿੱਤਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੀ ਮੁੱਖ ਚੋਣ ਅਫਸਰ ਅਨਿੰਦਿਤਾ ਮਿੱਤਰਾ ਨੇ ਐਤਵਾਰ ਦੱਸਿਆ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਡੂੰਘੀ ਸੁਧਾਈ (ਐੱਸ ਆਈ ਆਰ) ਦੇ ਹਿੱਸੇ ਵਜੋਂ ਪੂਰੇ ਸੂਬੇ ਵਿੱਚ ਦੋ ਦਿਨਾਂ ਲਈ ਲਗਾਏ ਗਏ ਵਿਸ਼ੇਸ਼ ਕੈਂਪਾਂ ਦੌਰਾਨ ਪੰਜਾਬ ਦੇ 30 ਲੱਖ ਤੋਂ ਵੱਧ ਵੋਟਰਾਂ ਨੇ ਆਪਣੇ ਵੋਟਰ ਫਾਰਮ ਜਮ੍ਹਾਂ ਕਰਵਾਏ ਹਨ। ਇਹ ਵਿਸ਼ੇਸ਼ ਕੈਂਪ 11 ਅਤੇ 12 ਜੁਲਾਈ ਨੂੰ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਸੂਬੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਲਗਾਏ ਗਏ ਸਨ, ਜਿੱਥੇ ਵੋਟਰਾਂ ਨੇ ਆਪਣੇ ਮੁਕੰਮਲ ਕੀਤੇ ਫਾਰਮ ਬੂਥ ਲੈਵਲ ਅਫਸਰਾਂ (ਬੀ ਐੱਲ ਓਜ਼) ਕੋਲ ਜਮ੍ਹਾਂ ਕਰਵਾਏ। ਮੁੱਖ ਚੋਣ ਅਫ਼ਸਰ ਨੇ ਦੱਸਿਆ ਕਿ ਪਿਛਲੇ 18 ਦਿਨਾਂ ਦੌਰਾਨ 1.30 ਕਰੋੜ ਤੋਂ ਵੱਧ ਵੋਟਰ ਪਹਿਲਾਂ ਹੀ ਆਪਣੇ ਫਾਰਮ ਜਮ੍ਹਾਂ ਕਰਵਾ ਚੁੱਕੇ ਹਨ। ਉਨ੍ਹਾ ਦੱਸਿਆ ਕਿ ਬੂਥ ਲੈਵਲ ਅਫਸਰਾਂ ਵੱਲੋਂ ਘਰ-ਘਰ ਜਾ ਕੇ ਫਾਰਮ ਇਕੱਠੇ ਕਰਨ ਦਾ ਕੰਮ ਅਜੇ ਵੀ ਚੱਲ ਰਿਹਾ ਹੈ ਅਤੇ ਇਹ ਮੁਹਿੰਮ 24 ਜੁਲਾਈ ਤੱਕ ਲਗਾਤਾਰ ਜਾਰੀ ਰਹੇਗੀ। ਉਨ੍ਹਾ ਵੋਟਰਾਂ ਨੂੰ ਖਾਸ ਅਪੀਲ ਕੀਤੀ ਹੈ ਕਿ ਜਿਨ੍ਹਾਂ ਅਜੇ ਤੱਕ ਆਪਣੇ ਫਾਰਮ ਜਮ੍ਹਾਂ ਨਹੀਂ ਕਰਵਾਏ, ਉਹ ਬਿਨਾਂ ਕਿਸੇ ਦੇਰੀ ਦੇ ਤੁਰੰਤ ਆਪਣੇ ਸੰਬੰਧਤ ਬੀ ਐੱਲ ਓ ਨਾਲ ਸੰਪਰਕ ਕਰਨ। ਉਨ੍ਹਾ ਸਪੱਸ਼ਟ ਕੀਤਾ ਕਿ 3 ਅਗਸਤ ਨੂੰ ਪ੍ਰਕਾਸ਼ਤ ਹੋਣ ਵਾਲੀ ਖਰੜਾ ਵੋਟਰ ਸੂਚੀ ਵਿੱਚ ਹਰੇਕ ਯੋਗ ਵੋਟਰ ਦਾ ਨਾਂਅ ਸ਼ਾਮਲ ਕਰਨਾ ਯਕੀਨੀ ਬਣਾਉਣ ਲਈ ਸਮੇਂ ਸਿਰ ਫਾਰਮ ਜਮ੍ਹਾਂ ਕਰਵਾਉਣਾ ਬੇਹੱਦ ਜ਼ਰੂਰੀ ਹੈ।

## ਪ੍ਰਮਾਣੂ ਬੰਬਾਂ ਨਾਲੋਂ ਹਾਰਮੁਜ਼ ਜਲਡਮਰੂ ਸਾਡੇ ਲਈ ਅਹਿਮ : ਈਰਾਨ

**ਤਹਿਰਾਨ (ਨਵਾਂ ਜ਼ਮਾਨਾ ਸਰਵਿਸ)**

ਇੱਕ ਈਰਾਨੀ ਨੇਤਾ ਨੇ ਐਤਵਾਰ ਨੂੰ ਕਿਹਾ ਕਿ ਹਾਰਮੁਜ਼ ਜਲਡਮਰੂ 'ਦਰਜਨਾਂ ਪਰਮਾਣੂ ਬੰਬਾਂ' ਨਾਲੋਂ ਵੱਧ ਮਹੱਤਵਪੂਰਨ ਹੈ ਤੇ ਈਰਾਨ ਨੇ ਇਸ ਮਹੱਤਵਪੂਰਨ ਜਲ ਮਾਰਗ ਦੀ ਰੱਖਿਆ ਕਰਨ ਦੀ ਸਹੁੰ ਖਾਧੀ ਹੈ। ਉਸ ਨੇ ਕਿਹਾ ਕਿ ਈਰਾਨ ਦਾ ਇਸਲਾਮੀ ਗਣਰਾਜ ਇਸ ਦੀ ਰੱਖਿਆ ਕਰੇਗਾ। ਮੋਹਸੇਨ ਰੇਜ਼ਾਈ ਦੇ ਹਵਾਲੇ ਨਾਲ ਇਕ ਨਿਊਜ਼ ਏਜੰਸੀ ਨੇ ਇਹ ਖੁਲਾਸਾ ਕੀਤਾ ਹੈ। ਐਤਵਾਰ ਨੂੰ ਅਮਰੀਕਾ ਅਤੇ ਈਰਾਨ ਵਿਚਕਾਰ ਟਕਰਾਅ ਉਸ ਵੇਲੇ ਤੇਜ਼ੀ ਨਾਲ ਵਧ ਗਿਆ ਜਦੋਂ ਵਾਸ਼ਿੰਗਟਨ ਨੇ ਈਰਾਨ ਦੇ ਤੱਟਵਰਤੀ ਊਰਜਾ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਉਂਦੇ ਹੋਏ ਹਮਲਿਆਂ ਦਾ ਇੱਕ ਨਵਾਂ ਦੌਰ ਸ਼ੁਰੂ ਕੀਤਾ ਜਦੋਂ ਕਿ ਤਹਿਰਾਨ ਨੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਹੋਰਮੁਜ਼ ਜਲਡਮਰੂ ਨੂੰ 'ਅਗਲੀ ਸੂਚਨਾ ਤੱਕ' ਬੰਦ ਕਰਨ ਦਾ ਐਲਾਨ ਕੀਤਾ। ਇਹ ਘਟਨਾਕ੍ਰਮ ਖਾੜੀ ਵਿੱਚ ਵਧ ਰਹੇ ਤਣਾਅ ਦੇ ਵਿਚਕਾਰ ਆਇਆ ਜਦੋਂ ਈਰਾਨ ਨੇ ਜਲਡਮਰੂ ਵਿੱਚ ਇੱਕ ਕਾਰਗੋ ਜਹਾਜ਼ ਨੂੰ ਰੋਕਿਆ ਅਤੇ ਅਮਰੀਕਾ ਨੇ ਓਮਾਨ ਦੇ ਨੇੜੇ ਇੱਕ ਵਪਾਰਕ ਜਹਾਜ਼ 'ਤੇ ਹਮਲੇ ਲਈ ਤਹਿਰਾਨ ਨੂੰ ਦੋਸ਼ੀ ਠਹਿਰਾਇਆ, ਜਿਸ ਨਾਲ ਨਵੇਂ ਸਿਰੇ ਤੋਂ ਕੂਟਨੀਤਕ ਗੱਲਬਾਤ ਦੀਆਂ ਸੰਭਾਵਨਾਵਾਂ ਹੋਰ ਵੀ ਘਟ ਗਈਆਂ। ਅਮਰੀਕਾ ਨੇ ਇਸ ਹਫ਼ਤੇ ਈਰਾਨ 'ਤੇ ਹਮਲੇ ਦਾ ਤੀਜਾ ਦੌਰ ਕੀਤਾ, ਜਿਸ ਵਿੱਚ ਖਾੜੀ ਵਿੱਚ ਵਪਾਰਕ ਸ਼ਿਪਿੰਗ ਨੂੰ ਧਮਕੀ ਦੇਣ ਦੀ ਤਹਿਰਾਨ ਦੀ ਯੋਗਤਾ ਨਾਲ ਜੁੜੀਆਂ ਸਹੂਲਤਾਂ ਨੂੰ ਨਿਸ਼ਾਨਾ ਬਣਾਇਆ ਗਿਆ। ਅਮਰੀਕੀ ਕੇਂਦਰੀ ਕਮਾਂਡ ਦੇ ਅਨੁਸਾਰ, ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨੀ ਫੌਜਾਂ ਦੁਆਰਾ ਕਥਿਤ ਤੌਰ 'ਤੇ ਸਾਈਪ੍ਰਸ-ਝੰਡੇ ਵਾਲੇ ਕੰਟੇਨਰ ਜਹਾਜ਼ 'ਤੇ ਹਮਲਾ ਕਰਨ ਤੋਂ ਬਾਅਦ ਹਮਲੇ ਦਾ ਆਦੇਸ਼ ਦਿੱਤਾ। ਈਰਾਨੀ ਸਰਕਾਰੀ ਮੀਡੀਆ ਨੇ ਦੇਸ਼ ਦੇ ਦੱਖਣੀ ਤੱਟਵਰਤੀ ਦੇ ਨਾਲ-ਨਾਲ ਕਈ ਥਾਵਾਂ 'ਤੇ ਧਮਾਕਿਆਂ ਦੀ ਰਿਪੋਰਟ ਦਿੱਤੀ, ਜਿਸ ਵਿੱਚ ਬੁਸ਼ੇਹਰ ਅਤੇ ਅਸਾਲੌਯੇਹ ਦੇ ਊਰਜਾ ਅਤੇ ਪੈਟਰੋਕੈਮੀਕਲ ਹੱਬ ਸ਼ਾਮਲ ਹਨ। ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਐਲਾਨ ਕੀਤਾ ਹੈ ਕਿ ਹਾਰਮੁਜ਼ ਜਲਡਮਰੂ ਨੂੰ ਬੰਦ ਕਰ ਦਿੱਤਾ ਗਿਆ ਹੈ ਅਤੇ ਕਿਹਾ ਹੈ ਕਿ ਕਿਸੇ ਵੀ ਜਹਾਜ਼ ਨੂੰ ਉਦੋਂ ਤੱਕ ਲੰਘਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ, ਜਦੋਂ ਤੱਕ ਇਥੇ ਵਿਦੇਸ਼ੀ ਦਖਲਅੰਦਾਜ਼ੀ ਨੂੰ ਖਤਮ ਨਹੀਂ ਕਰ ਦਿੱਤਾ ਜਾਂਦਾ।

### 20 ਦੇ ਪਾਰਲੀਮੈਂਟ ਮਾਰਚ 'ਚ ਵਧ-ਚੜ੍ਹ ਕੇ ਪਹੁੰਚਣ ਦਾ ਸੱਦਾ

**ਨਵੀਂ ਦਿੱਲੀ :** ਪ੍ਰੀਖਿਆਵਾਂ ਦੇ ਪੇਪਰ ਲੀਕ ਹੋਣ ਅਤੇ ਬੇਰੁਜ਼ਗਾਰੀ ਖ਼ਿਲਾਫ਼ ਵਿਦਿਆਰਥੀਆਂ ਦੀ ਅਗਵਾਈ ਵਿੱਚ ਚੱਲ ਰਿਹਾ ਅੰਦੋਲਨ ਹੋਰ ਤੇਜ਼ ਹੋ ਗਿਆ ਹੈ। ਸੋਸ਼ਲ ਮੀਡੀਆ ਪ੍ਰਭਾਵਕ ਅਭਿਜੀਤ ਦੀਪਕੇ ਨੇ 20 ਜੁਲਾਈ ਨੂੰ 'ਪਾਰਲੀਮੈਂਟ ਮਾਰਚ' ਕਰਨ ਦੀ ਜਨਤਕ ਅਪੀਲ ਕੀਤੀ ਹੈ।

ਦੂਜੇ ਪਾਸੇ, ਦਿੱਲੀ ਦੇ ਜੰਤਰ-ਮੰਤਰ 'ਤੇ ਚੱਲ ਰਹੇ ਇਸ ਪ੍ਰਦਰਸ਼ਨ ਨੂੰ ਸਿਆਸੀ ਆਗੂਆਂ ਅਤੇ ਪ੍ਰਮੁੱਖ ਵਿਦਵਾਨਾਂ ਦਾ ਲਗਾਤਾਰ ਸਮਰਥਨ ਮਿਲ ਰਿਹਾ ਹੈ। ਦੀਪਕੇ ਨੇ ਮਾਪਿਆਂ ਨੂੰ ਇਸ ਮਾਰਚ ਵਿੱਚ ਸ਼ਾਮਲ ਹੋਣ ਦੀ ਬੇਨਤੀ ਕਰਦਿਆਂ ਕਿਹਾ ਕਿ ਵਾਰ-ਵਾਰ ਪੇਪਰ ਲੀਕ ਹੋਣ ਅਤੇ ਪ੍ਰੀਖਿਆਵਾਂ ਵਿੱਚ ਫੇਲ੍ਹ ਹੋਣ ਕਾਰਨ ਨੀਟ ਵਰਗੀਆਂ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰ ਰਹੇ ਬੱਚਿਆਂ ਦੇ ਪਰਵਾਰਾਂ ਦੀ ਸਾਲਾਂ ਦੀ ਮਿਹਨਤ ਅਤੇ ਪੈਸਾ ਬਰਬਾਦ ਹੋ ਰਿਹਾ ਹੈ।

## ਅਮਰੀਕਾ ਨਾਲ ਵਪਾਰ ਸੰਧੀ ਖਿਲਾਫ 22 ਨੂੰ ਟੋਲ ਪਲਾਜ਼ੇ ਫਰੀ ਕਰਨ ਦਾ ਐਲਾਨ

**ਲੁਧਿਆਣਾ (ਨਵਾਂ ਜ਼ਮਾਨਾ ਸਰਵਿਸ)**

ਭਾਰਤ ਸਰਕਾਰ ਨੂੰ ਅਮਰੀਕਾ ਨਾਲ ਵਪਾਰ ਸੰਧੀ ਕਰਨ ਤੋਂ ਬਾਜ਼ ਆਉਣਾ ਚਾਹੀਦਾ ਹੈ।ਇਸ ਨਾਲ ਭਾਰਤੀ ਕਿਸਾਨ, ਮਜ਼ਦੂਰ ਅਤੇ ਛੋਟੇ ਕਾਰੋਬਾਰੀਆਂ ਦਾ ਵੱਡਾ ਨੁਕਸਾਨ ਹੋਵੇਗਾ।ਇਸ ਸੰਭਾਵਤ ਸਮਝੌਤੇ ਵਿਰੁੱਧ 22 ਜੁਲਾਈ ਨੂੰ ਪੰਜਾਬ ਦੇ ਸਾਰੇ ਟੋਲ ਪਲਾਜ਼ੇ ਤਿੰਨ ਘੰਟਿਆਂ ਲਈ ਫਰੀ ਕੀਤੇ ਜਾਣਗੇ ਅਤੇ ਭਾਜਪਾ ਆਗੂਆਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਨ੍ਹਾਂ ਐਕਸ਼ਨਾਂ ਦੀ ਕਾਮਯਾਬੀ ਸੰਬੰਧੀ ਕੁੱਲ ਹਿੰਦ ਕਿਸਾਨ ਸਭਾ ਦੀ ਸੂਬਾਈ ਕੌਂਸਲ ਮੀਟਿੰਗ ਬਲਦੇਵ ਸਿੰਘ ਨਿਹਾਲਗੜ੍ਹ ਤੇ ਮਹਾਂਬੀਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਲੁਧਿਆਣਾ ਵਿਖੇ ਹੋਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕਿਸਾਨ ਸੰਘਰਸ਼ ਦੀ ਹਮਾਇਤ ਕਰਨ ਲਈ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਅਤੇ ਸਾਬਕਾ ਐੱਮ ਐੱਲ ਏ ਹਰਦੇਵ ਅਰਸ਼ੀ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਚਲਾਉਂਦਿਆਂ ਸੂਬਾਈ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਨੇ ਕਿਹਾ ਕੇਂਦਰ ਸਰਕਾਰ ਪੰਜਾਬ ਨਾਲ ਧੱਕਾ ਕਰਨਾ ਬੰਦ ਕਰੇ ਅਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚੋਂ ਖਤਮ ਕੀਤੀ ਪੰਜਾਬ ਦੀ ਪੱਕੀ ਨੁਮਾਇੰਦਗੀ ਮੁੜ ਬਹਾਲ ਕੀਤੀ ਜਾਵੇ।ਰਿਪੇਰੀਅਨ ਸਟੇਟ ਮੰਨਦਿਆਂ ਪੰਜਾਬ ਦੇ ਪਾਣੀਆਂ 'ਤੇ ਮਾਲਕੀ ਹੱਕ ਦਿੱਤਾ ਜਾਵੇ।ਭਾਰਤ ਵਿੱਚ ਸਟੇਟਾਂ ਨੂੰ ਵੱਧ ਅਧਿਕਾਰ ਦੇ ਕੇ ਸਹੀ ਮਾਅਨਿਆਂ ਵਿੱਚ ਫੈਡਰਲ ਢਾਂਚਾ ਵਿਕਸਤ ਕੀਤਾ ਜਾਵੇ।ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਹੜ੍ਹਾਂ ਤੋਂ ਬਚਾਓ ਲਈ ਅਗਾਊਂ ਪ੍ਰਬੰਧ ਤੇਜ਼ ਕੀਤੇ ਜਾਣ, ਜਿਸ ਨਾਲ ਇਸ ਬਰਸਾਤੀ ਰੁੱਤ ਵਿੱਚ ਹੜ੍ਹਾਂ ਦੀ ਮਾਰ ਤੋਂ ਬਚਾਅ ਹੋ ਸਕੇ।ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਵਾਹਗਾ ਬਾਰਡਰ ਤੇ ਹੁਸੈਨੀਵਾਲਾ ਸਰਹੱਦ ਰਾਹੀਂ ਪਾਕਿਸਤਾਨ ਨਾਲ ਵਪਾਰ ਤੁਰੰਤ ਸ਼ੁਰੂ ਕੀਤਾ ਜਾਵੇ, ਤਾਂ ਜੋ ਪੰਜਾਬ, ਹਰਿਆਣਾ ਤੇ ਹਿਮਾਚਲ ਪ੍ਰਦੇਸ਼ ਦੇ ਕਿਸਾਨਾਂ, ਮਜ਼ਦੂਰਾਂ ਤੇ ਵਪਾਰੀਆਂ ਨੂੰ ਲਾਭ ਮਿਲਦਿਆਂ ਦੇਸ਼ ਦੇ ਵਪਾਰ ਨੂੰ ਵੱਡਾ ਹੁਲਾਰਾ ਮਿਲੇ।ਇਸ ਮੀਟਿੰਗ ਵਿੱਚ ਵਿਸ਼ੇਸ਼ ਮਤਾ ਪਾਸ ਕਰਕੇ ਸੇਰੋਂ ਖੰਡ ਮਿੱਲ ਮੋਰਚੇ ਦੇ ਸੰਘਰਸ਼

• ਬਾਕੀ ਸਫਾ 2 'ਤੇ

**ਹਰਦੇਵ ਅਰਸ਼ੀ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਬਣੇ**



## ਜਦੋਂ ਡਾ. ਮਨਮੋਹਨ ਸਿੰਘ ਨੇ ਕਿਹਾ, 'ਮੈਂ ਖ਼ੁਦਕੁਸ਼ੀ ਕਰ ਲਵਾਂਗਾ'

**ਨਵੀਂ ਦਿੱਲੀ (ਨ ਜ਼ ਸ)**



'ਮੈਂ ਖ਼ੁਦਕੁਸ਼ੀ ਕਰ ਲਵਾਂਗਾ।' ਇਹ ਸ਼ਬਦ 2012 ਵਿੱਚ ਤੱਤਕਾਲੀ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਨੇ ਵੇਲੇ ਦੇ ਮੁੱਖ ਚੋਣ ਕਮਿਸ਼ਨਰ ਐੱਸ ਵਾਈ ਕੁਰੈਸ਼ੀ ਨੂੰ ਕਹੇ ਸਨ, ਜਦੋਂ ਚੋਣ ਕਮਿਸ਼ਨ ਦੇ ਕੰਮਕਾਜ ਬਾਰੇ ਕੁਝ ਮੰਤਰੀਆਂ ਦੇ ਬੇਤੁਕੇ ਬਿਆਨਾਂ ਤੋਂ ਦੁਖੀ ਕੁਰੈਸ਼ੀ ਨੇ ਪ੍ਰਧਾਨ ਮੰਤਰੀ ਦਫਤਰ ਨੂੰ ਆਪਣੀ ਨਾਰਾਜ਼ਗੀ ਪ੍ਰਗਟ ਕੀਤੀ ਸੀ। ਮਨਮੋਹਨ ਸਿੰਘ ਨੇ ਕੁਰੈਸ਼ੀ ਨੂੰ ਇਹ ਵੀ ਕਿਹਾ, 'ਚੋਣ ਕਮਿਸ਼ਨ ਨਾ ਸਿਰਫ ਭਾਰਤ ਦਾ ਮਾਣ ਹੈ, ਸਗੋਂ ਦੇਸ਼ ਦੇ ਲੋਕਤੰਤਰ ਦੀ ਆਤਮਾ ਹੈ ਅਤੇ ਜੇ ਅਸੀਂ ਇਸ ਨੂੰ ਗੁਆ ਦਿੰਦੇ ਹਾਂ, ਤਾਂ ਅਸੀਂ ਸਭ ਕੁਝ ਗੁਆ ਦੇਵਾਂਗੇ।' ਕੁਰੈਸ਼ੀ ਨੇ ਆਪਣੀ ਆਉਣ ਵਾਲੀ ਕਿਤਾਬ, 'ਇੰਡੀਆ ਐਂਡ ਆਈ: ਏ ਹੰਡ੍ਰੇਡ ਮੈਮੋਰੀਜ਼, ਨਾਟ ਏ ਮੈਮੋਇਰ' ਵਿੱਚ ਇਸ ਦਿਲਚਸਪ ਗੱਲਬਾਤ ਦਾ ਜ਼ਿਕਰ ਕੀਤਾ ਹੈ।

ਕੁਰੈਸ਼ੀ ਕਿਤਾਬ ਵਿੱਚ ਡਾ. ਮਨਮੋਹਨ ਸਿੰਘ ਨੂੰ ਇੱਕ ਅਜਿਹੇ ਨੇਤਾ ਵਜੋਂ ਯਾਦ ਕਰਦੇ ਹਨ, ਜਿਨ੍ਹਾ ਲਈ ਸੰਵਿਧਾਨਕ ਮਰਿਆਦਾ ਸਿਰਫ ਭਾਸ਼ਣਾਂ ਤੱਕ ਸੀਮਤ ਨਹੀਂ ਸੀ, ਸਗੋਂ ਉਨ੍ਹਾ ਦੇ ਆਚਰਣ ਅਤੇ ਸੋਚ ਦਾ ਇੱਕ ਅਨਿੱਖੜਵਾਂ ਅੰਗ ਸੀ। ਕੁਰੈਸ਼ੀ ਮੁਤਾਬਕ ਜਨਵਰੀ 2012 ਵਿੱਚ ਯੂ ਪੀ ਅਸੈਂਬਲੀ ਚੋਣਾਂ ਵੇਲੇ ਕਾਨੂੰਨ ਮੰਤਰੀ ਸਲਮਾਨ ਖੁਰਸ਼ੀਦ ਨੇ ਇੱਕ ਚੋਣ ਰੈਲੀ ਵਿੱਚ ਵਾਅਦਾ ਕੀਤਾ ਕਿ ਜੇ ਉਨ੍ਹਾ ਦੀ ਪਾਰਟੀ ਸੱਤਾ ਵਿੱਚ ਆਈ ਤਾਂ ਨੌਕਰੀਆਂ ਵਿੱਚ ਮੁਸਲਮਾਨਾਂ ਲਈ ਰਾਖਵਾਂਕਰਨ 4.5 ਪ੍ਰਤੀਸ਼ਤ ਤੋਂ ਵਧਾ ਕੇ 9 ਪ੍ਰਤੀਸ਼ਤ ਕਰ ਦਿੱਤਾ ਜਾਵੇਗਾ। ਭਾਜਪਾ ਨੇ ਤੁਰੰਤ ਚੋਣ ਕਮਿਸ਼ਨ ਨੂੰ ਸ਼ਿਕਾਇਤ ਕੀਤੀ ਅਤੇ ਇਸ ਨੂੰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੱਸਿਆ, ਇਹ ਕਹਿੰਦੇ ਹੋਏ ਕਿ ਚੋਣ ਪ੍ਰਕਿਰਿਆ ਸ਼ੁਰੂ ਹੋਣ ਅਤੇ ਆਦਰਸ਼ ਚੋਣ ਜ਼ਾਬਤਾ ਲਾਗੂ ਹੋਣ ਤੋਂ ਬਾਅਦ ਕੋਈ ਨਵੀਂ ਯੋਜਨਾ ਦਾ ਐਲਾਨ ਨਹੀਂ ਕੀਤਾ ਜਾ ਸਕਦਾ। ਚੋਣ ਕਮਿਸ਼ਨ ਨੇ ਚਾਰ ਦਿਨ ਸੁਣਵਾਈ ਕੀਤੀ। ਕਾਂਗਰਸ ਵੱਲੋਂ ਅਭਿਸ਼ੇਕ ਮਨੂੰ ਸਿੰਘਵੀ ਅਤੇ ਭਾਜਪਾ ਵੱਲੋਂ ਅਰੁਣ ਜੇਤਲੀ ਨੇ ਦਲੀਲ ਦਿੱਤੀ। ਅੰਤ ਵਿੱਚ ਚੋਣ ਕਮਿਸ਼ਨ ਨੇ ਖੁਰਸ਼ੀਦ ਦੀ ਨਿੰਦਾ ਕੀਤੀ। ਇਹ ਆਦਰਸ਼ ਚੋਣ ਜ਼ਾਬਤੇ ਦੇ ਤਹਿਤ ਕਮਿਸ਼ਨ ਕੋਲ ਉਪਲੱਬਧ ਸਭ ਤੋਂ ਸਖਤ ਕਾਰਵਾਈ ਸੀ। ਖੁਰਸ਼ੀਦ ਕਮਿਸ਼ਨ ਦੀ ਕਾਰਵਾਈ ਤੋਂ ਸਪੱਸ਼ਟ ਤੌਰ 'ਤੇ ਨਾਰਾਜ਼ ਸਨ। ਇਸ ਤੋਂ ਬਾਅਦ ਕਾਂਗਰਸ ਦੇ ਅੰਦਰੋਂ ਆਵਾਜ਼ਾਂ ਆਉਣ ਲੱਗੀਆਂ ਕਿ ਚੋਣ ਕਮਿਸ਼ਨ ਹੰਕਾਰ ਗਿਆ ਹੈ।

ਕੁਰੈਸ਼ੀ ਨੇ ਈਦ ਦੇ ਮੌਕੇ 'ਤੇ ਆਪਣੇ ਘਰ 'ਤੇ ਆਪਣਾ ਸਾਲਾਨਾ ਮਿਲਣ-ਜੁਲਣ ਦਾ ਪ੍ਰੋਗਰਾਮ ਰੱਖਿਆ। ਮਹਿਮਾਨਾਂ ਵਿੱਚ ਉਸ ਸਮੇਂ ਦੇ ਪ੍ਰਧਾਨ ਮੰਤਰੀ ਦੇ ਪ੍ਰੈੱਸ ਸਕੱਤਰ ਹਰੀਸ਼ ਖਰੇ ਵੀ ਸਨ। ਗੱਲਬਾਤ ਦੌਰਾਨ ਕੁਰੈਸ਼ੀ ਨੇ ਉਨ੍ਹਾ ਨੂੰ ਆਪਣੀ

• ਬਾਕੀ ਸਫਾ 2 'ਤੇ

## ਚੜ੍ਹਾਵਾ ਚੋਰੀ ਵਿਰੁੱਧ ਸੁੰਦਰ ਕਾਂਡ ਪਾਠ ਨਾਲ ਦੇਸ਼-ਵਿਆਪੀ ਦਸਤਖਤ ਮੁਹਿੰਮ ਸ਼ੁਰੂ

**ਨਵੀਂ ਦਿੱਲੀ (ਨ ਜ਼ ਸ)**



ਸ੍ਰੀ ਰਾਮ ਦੇ ਮੰਦਰ ਵਿੱਚ ਡਾਕਾ ਮਾਰਨ ਵਾਲੇ ਮਹਾਂਪਾਪੀਆਂ ਨੂੰ ਫਾਂਸੀ ਦੀ ਸਜ਼ਾ ਦਿਵਾਉਣ ਲਈ ਆਮ ਆਦਮੀ ਪਾਰਟੀ ਨੇ ਐਤਵਾਰ ਨੂੰ ਸੁੰਦਰ ਕਾਂਡ ਪਾਠ ਅਤੇ ਹਨੂਮਾਨ ਆਰਤੀ ਦੇ ਨਾਲ ਦੇਸ਼-ਵਿਆਪੀ ਦਸਤਖਤ ਮੁਹਿੰਮ ਦੀ ਸ਼ੁਰੂਆਤ ਕੀਤੀ। ਦਿੱਲੀ ਦੇ ਰੋਹਿਣੀ ਸੈਕਟਰ-10 ਸਥਿਤ ਜਾਪਾਨੀ ਪਾਰਕ ਵਿੱਚ ਸੁੰਦਰ ਕਾਂਡ ਨੂੰ ਸੁਣਨ ਲਈ ਵੱਡੀ ਗਿਣਤੀ ਵਿੱਚ ਰਾਮ ਭਗਤ ਇਕੱਠੇ ਹੋਏ ਅਤੇ ਸਾਰਿਆਂ ਨੇ ਰਾਮ ਮੰਦਰ ਵਿੱਚ ਡਾਕਾ ਮਾਰਨ ਵਾਲੇ ਮਹਾਂਪਾਪੀਆਂ ਨੂੰ ਫਾਂਸੀ ਦੀ ਸਜ਼ਾ ਦਿਵਾਉਣ ਦੀ ਸਹੁੰ ਲਈ।

ਇਸ ਦੌਰਾਨ ਰਾਮ ਭਗਤਾਂ ਵੱਲੋਂ ਪ੍ਰਧਾਨ ਮੰਤਰੀ ਨੂੰ ਭੇਜੀ ਜਾਣ ਵਾਲੀ ਚਿੱਠੀ 'ਤੇ ਪਹਿਲਾਂ 'ਆਪ' ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਫਿਰ ਰਾਮ ਭਗਤਾਂ ਨੇ ਦਸਤਖਤ ਕੀਤੇ।

ਕੇਜਰੀਵਾਲ ਨੇ ਰਾਮ ਭਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮੁਹੱਲੇ ਵਿੱਚ ਹਨੂਮਾਨ ਚਾਲੀਸਾ ਅਤੇ ਆਰਤੀ ਕਰਵਾ ਕੇ ਚਿੱਠੀ 'ਤੇ ਦਸਤਖਤ ਕਰਵਾਉਣ।ਹੁਣ ਹਰ ਰਾਮ ਭਗਤ ਨੂੰ ਇਨ੍ਹਾਂ ਮਹਾਂਪਾਪੀਆਂ ਨੂੰ ਫਾਂਸੀ ਦਿਵਾਉਣ ਤੱਕ ਚੈਨ ਨਾਲ ਨਹੀਂ ਬੈਠਣਾ।

### ਮਾਡਲ ਟਵਿਸ਼ਾ ਦੀ ਮੌਤ 'ਚ ਜਿਮਨਾਸਟਿਕ ਬੈਲਟ ਦੀ ਵਰਤੋਂ ਹੋਈ

**ਨਵੀਂ ਦਿੱਲੀ :** ਅੰਤਮ ਫੋਰੈਂਸਿਕ ਰਿਪੋਰਟ ਵਿੱਚ ਇਹ ਸਿੱਟਾ ਕੱਢਿਆ ਗਿਆ ਹੈ ਕਿ ਟਵਿਸ਼ਾ ਸ਼ਰਮਾ ਦੀ ਮੌਤ ਦੇ ਮਾਮਲੇ ਵਿੱਚ ਜਿਮਨਾਸਟਿਕ ਬੈਲਟ ਦੀ ਵਰਤੋਂ ਕੀਤੀ ਹੋ ਸਕਦੀ ਹੈ, ਕਿਉਂਕਿ ਇਸ ਵਿੱਚ ਪੀੜਤ ਦੀ ਚਮੜੀ ਦੇ ਟਿਸ਼ੂ ਦੀ ਮੌਜੂਦਗੀ ਪਾਈ ਗਈ ਹੈ। ਏਮਜ਼-ਦਿੱਲੀ ਮੈਡੀਕਲ ਬੋਰਡ, ਜਿਸ ਨੇ ਅਦਾਲਤ ਦੇ ਆਦੇਸ਼ 'ਤੇ ਟਵਿਸ਼ਾ ਦਾ ਦੂਜਾ ਪੋਸਟਮਾਰਟਮ ਕੀਤਾ ਸੀ, ਨੇ 10 ਜੁਲਾਈ ਨੂੰ ਸੀ ਬੀ ਆਈ ਨੂੰ ਰਿਪੋਰਟ ਸੌਂਪੀ, ਜਿਸ ਵਿੱਚ ਪੁਸ਼ਟੀ ਕੀਤੀ ਗਈ ਕਿ ਬੰਨ੍ਹਣ ਲਈ ਵਰਤੀ ਇੱਕ ਧਾਤ ਦੀ ਅੰਗੂਠੀ ਵਾਲੀ ਜਿਮਨਾਸਟਿਕ ਬੈਲਟ ਪੀੜਤ ਦੀ ਗਰਦਨ 'ਤੇ ਸੱਟ ਦੇ ਪੈਟਰਨ ਨਾਲ ਮੇਲ ਖਾਂਦੀ ਹੈ। ਸਾਬਕਾ ਮਾਡਲ ਤੇ ਅਦਾਕਾਰਾ ਟਵਿਸ਼ਾ, ਜਿਸ ਨੇ ਪਿਛਲੇ ਸਾਲ ਦਸੰਬਰ ਵਿੱਚ ਵਕੀਲ ਸਮਰਥ ਸਿੰਘ ਨਾਲ ਵਿਆਹ ਕੀਤਾ ਸੀ, 12 ਮਈ ਨੂੰ ਭੋਪਾਲ ਵਿੱਚ ਆਪਣੇ ਵਿਆਹੁਤਾ ਘਰ ਵਿੱਚ ਲਟਕਦੀ ਮਿਲੀ ਸੀ। ਏਮਜ਼ ਦਿੱਲੀ ਵਿਖੇ ਫੋਰੈਂਸਿਕ ਮੈਡੀਸਨ ਦੇ ਮੁਖੀ ਡਾ. ਸੁਧੀਰ ਗੁਪਤਾ ਨੇ ਕਿਹਾ ਕਿ ਬੋਰਡ ਨੇ ਆਪਣੇ ਸਿੱਟੇ 'ਤੇ ਪਹੁੰਚਣ ਤੋਂ ਪਹਿਲਾਂ ਇੱਕ ਵਿਆਪਕ ਵਿਗਿਆਨਕ ਮੁਲਾਂਕਣ ਕੀਤਾ। ਉਨ੍ਹਾ ਕਿਹਾ ਕਿ ਇਹ ਸੀ ਬੀ ਆਈ ਅਤੇ ਨਿਆਂ ਪਾਲਿਕਾ ਲਈ ਸੱਚਾਈ ਅਤੇ ਨਿਆਂ ਦੇ ਹਿੱਤ ਵਿੱਚ ਇੱਕ ਸਪੱਸ਼ਟ ਰਾਏ ਹੈ।

### ਅੱਜ-ਨਾਮਾ

ਸੱਜਣ ਸਿੰਘ ਨੂੰ ਕਹਿੰਦਾ ਅੱਜ ਰਾਮ ਰੱਖਾ,
ਐੱਸ ਆਈ ਆਰ ਨੇ ਕੀਤੜਾ ਤੰਗ ਬੇਲੀ।
ਤੇਈ ਕੁ ਸਾਲ ਪੁਰਾਣੀ ਨਹੀਂ ਵੋਟ ਲੱਭਦੀ,
ਕਰਦੇ ਕਾਰਿੰਦੇ ਸਰਕਾਰੀ ਆ ਮੰਗ ਬੇਲੀ।
ਭੇਜਿਆ ਨੂੰਹ ਨੂੰ ਕਾਗਜ਼ ਇਹ ਲੈਣ ਪੇਕੇ,
ਪੇਕਿਆਂ ਵੱਲ ਵੀ ਇਹੀਉ ਨੇ ਰੰਗ ਬੇਲੀ।
ਉਨ੍ਹਾਂ ਵੀ ਪੇਕਿਆਂ ਨੂੰ ਆਪਣੀ ਨੂੰਹ ਭੇਜੀ,
ਹਰ ਕੋਈ ਦਿੱਤਾ ਸਰਕਾਰ ਤਾਂ ਟੰਗ ਬੇਲੀ।
ਅੱਗਿਉਂ ਆਖਦਾ ਸੱਜਣ ਸੌਂਹ ਕੀ ਕਰੀਏ,
ਗੇੜਾ ਘਰ ਦਾ ਮੁਲਾਜ਼ਮ ਰਹੇ ਮਾਰ ਬੇਲੀ।
ਉਹ ਵੀ ਕਹਿਣ ਲੱਗਦੇ ਭਾਈ ਕੀ ਕਰੀਏ,
ਸਖਤੀ ਕਰੀ ਪਈ ਬਹੁਤ ਸਰਕਾਰ ਬੇਲੀ।

-ਤੀਸ ਮਾਰ ਖਾਂ

## ਲੋਕ ਹਿੱਤਾਂ ਦੀ ਰਾਖੀ ਲਈ ਪਹਿਰਾ ਦੇਣਾ ਜ਼ਰੂਰੀ : ਧਾਲੀਵਾਲ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਸੀ ਪੀ ਆਈ ਚੰਡੀਗੜ੍ਹ ਦੀ ਜ਼ਿਲ੍ਹਾ ਕੌਂਸਲ ਵੱਲੋਂ ਅਜੇ ਭਵਨ, ਚੰਡੀਗੜ੍ਹ ਵਿਖੇ 'ਪੰਜਾਬ ਦੇ ਭਖਦੇ ਮਸਲੇ' ਉਤੇ ਇਕ ਵਿਸ਼ਾਲ ਕਨਵੈਨਸ਼ਨ ਕੀਤੀ ਗਈ।ਕਨਵੈਨਸ਼ਨ ਦੇ ਪ੍ਰਧਾਨਗੀ ਮੰਡਲ ਵਿਚ ਨਿਰਮਲ ਸਿੰਘ ਧਾਲੀਵਾਲ (ਸੂਬਾ ਸਕੱਤਰ), ਬੰਤ ਬਰਾੜ, ਰਾਜ ਕੁਮਾਰ (ਜ਼ਿਲ੍ਹਾ ਕੌਂਸਲ ਸਕੱਤਰ), ਪ੍ਰੀਤਮ ਸਿੰਘ ਹੁੰਦਲ, ਕਰਮ ਸਿੰਘ ਵਕੀਲ ਅਤੇ ਭੁਪਿੰਦਰ ਸਿੰਘ ਸ਼ਾਮਿਲ ਹੋਏ।ਕਾਮਰੇਡ ਧਾਲੀਵਾਲ ਨੇ ਕਿਹਾ ਕਿ ਸਾਨੂੰ ਸੂਬੇ ਦੇ ਨਾਲ ਨਾਲ ਕੇਂਦਰ ਸਰਕਾਰ ਵੱਲੋਂ ਪਾਸ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਦੀ ਪਛਾਣ ਕਰਕੇ ਵਿਰੋਧ ਕਰਨਾ ਚਾਹੀਦਾ ਹੈ।ਉਨ੍ਹਾ ਕਿਹਾ ਕਿ ਕੇਂਦਰ ਸਰਕਾਰ ਗੈਰ-ਭਾਜਪਾ ਸਰਕਾਰਾਂ ਵਾਲੇ ਸੂਬਿਆਂ ਖ਼ਿਲਾਫ਼ ਕੇਂਦਰੀ ਏਜੰਸੀਆਂ ਦੀ ਗੈਰਸੰਵਿਧਾਨਕ ਤਰੀਕੇ ਨਾਲ ਦੁਰਵਰਤੋਂ ਕਰਦੀ ਹੈ।ਵਿਰੋਧੀ ਸੂਬਿਆਂ ਦੀਆਂ ਸਰਕਾਰਾਂ ਨੂੰ ਛੜਯੰਤਰ ਕਰਕੇ ਗਿਰਾਉਂਦੀ ਹੈ।ਬਿਹਾਰ, ਬੰਗਾਲ ਅਤੇ ਪੰਜਾਬ ਆਦਿ ਸੂਬਿਆਂ ਦੇ ਐੱਮ ਪੀਜ਼ ਦੀ ਖਰੀਦੋ-ਫ਼ਰੋਖਤ ਕਰਕੇ ਆਪਣਾ ਘੇਮਾ ਵਧਾ ਰਹੀ ਹੈ।ਈ ਡੀ ਦੇ ਛਾਪੇ ਉਪਰੰਤ ਕੁਝ ਐੱਮ ਪੀਜ਼ ਦੇ ਭਾਜਪਾ ਵਿੱਚ ਰਲ ਜਾਣ ਬਾਅਦ ਉਨ੍ਹਾਂ ਦੇ ਖ਼ਿਲਾਫ਼ ਜਾਂਚ ਤੱਕ ਖੁਰਦ-ਬੁਰਦ ਕਰ ਦਿੱਤੀ ਜਾਂਦੀ ਹੈ।ਲੋਕ ਪੱਖੀ ਬੁੱਧੀਜੀਵੀਆਂ, ਕਲਾਕਾਰਾਂ ਅਤੇ ਪੱਤਰਕਾਰਾਂ ਖ਼ਿਲਾਫ਼ ਕੇਂਦਰੀ ਜਾਂਚ ਏਜੰਸੀਆਂ ਜਾਂਚ ਦੇ ਮਖੌਟੇ ਵਰਤ ਕੇ ਵਿਰੋਧ ਦਬਾਉਂਦੀਆਂ ਹਨ।

ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੀ ਕੇਂਦਰ ਨਾਲੋਂ ਕਿਸੇ ਪੱਖੋਂ ਘੱਟ ਨਹੀਂ।ਜਿਵੇਂ ਭਾਰਤ ਵਿਚ ਹਰ ਥਾਂ ਮੋਦੀ-ਮੋਦੀ ਗੁਣਗਾਨ ਚੱਲ ਰਿਹਾ ਹੈ। ਪੰਜਾਬ ਵਿੱਚ ਭਗਵੰਤ ਮਾਨ ਵੀ ਆਪਣੇ ਆਪ ਨੂੰ ਉਸੇ ਤਰ੍ਹਾਂ ਪੇਸ਼ ਕਰ ਰਿਹਾ ਹੈ।ਸਰਕਾਰ ਲੋਕਾਂ ਦਾ ਕਰੋੜਾਂ ਰੁਪਿਆ ਲੁੱਟ ਕੇ ਭੋਰਾ-ਭੋਰਾ ਫਾਇਦਾ ਦੇਂਦੀ ਹੈ, ਪਰ ਗੁਣਗਾਨ ਕਰਦੀ ਥੱਕਦੀ ਨਹੀਂ।ਵੱਡੇ ਨਸ਼ਾ ਤਸਕਰਾਂ/ਨਸ਼ਾ ਮਾਫ਼ੀਆ ਦੀ ਥਾਂ ਗਰੀਬ-ਗੁਰਬਿਆਂ ਉਤੇ ਕੇਸ ਬਣਾ ਕੇ ਖਾਨਾ-ਪੂਰਤੀ ਕੀਤੀ ਜਾ ਰਹੀ ਹੈ।ਪੰਜਾਬ ਸਰਕਾਰ ਵੱਲੋਂ ਵਿਰੋਧ ਦੀ ਅਣਹੋਂਦ ਕਾਰਨ ਹੀ ਕੇਂਦਰ ਸਰਕਾਰ ਪੰਜਾਬ ਦੇ ਸੀ ਬੀ ਐੱਸ ਸੀ ਅਤੇ ਸੈਨਿਕ ਸਕੂਲਾਂ ਵਿੱਚ ਪੰਜਾਬੀ ਨੂੰ ਰੋਲ ਕੇ ਸੰਸਕ੍ਰਿਤ ਲਾਉਣ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ।ਪੰਜਾਬ ਦੇ ਆਈ ਏ ਐੱਸ ਅਫ਼ਸਰ ਪੰਜਾਬੀ ਨੂੰ ਅਣਗੌਲਦੇ ਹਨ।

ਅਜੋਕੇ ਸਮੇਂ ਵਿੱਚ ਦਰਮਿਆਨੇ ਘਰਾਂ ਦੇ ਨੌਜਵਾਨ ਮਹਿੰਗੀ ਉਚ ਸਿੱਖਿਆ ਹਾਸਲ ਨਹੀਂ ਕਰ ਸਕਦੇ ਤੇ ਠੇਕੇਦਾਰਾਂ ਕੋਲ ਨੌਕਰੀ ਕਰਦੇ ਉਨ੍ਹਾਂ ਵਲੋਂ ਲੁੱਟ ਦਾ ਸ਼ਿਕਾਰ ਹੁੰਦੇ ਰਹਿੰਦੇ ਹਨ। ਗਰੀਬ ਨੌਜਵਾਨ ਰੁਜ਼ਗਾਰ ਲਈ ਵਿਦੇਸ਼ ਵੀ ਨਹੀਂ ਜਾ ਸਕਦੇ।ਧਨਾਢਾਂ ਦੇ ਬੱਚੇ ਕਾਨਵੈਂਟ/ਮਹਿੰਗੇ ਸਕੂਲਾਂ ਵਿੱਚ ਪੜ੍ਹਦੇ ਹਨ, ਜਿਨ੍ਹਾਂ ਵਿਚ ਹਰ ਇਕ ਬੱਚੇ ਨੂੰ 90 ਫੀਸਦੀ ਨੰਬਰ ਦੇਣਾ ਫੈਸ਼ਨ ਹੈ ਅਤੇ ਉਹ ਬੱਚੇ ਪੈਸੇ ਦੇ ਜ਼ੋਰ ਨਾਲ ਵਿਦੇਸ਼ ਜਾ ਕੇ ਗਿਆਨ ਦੀ ਘਾਟ ਕਾਰਨ ਦਰਜਾ ਚਾਰ ਕਿਰਤੀਆਂ ਦਾ ਕੰਮ ਕਰਦੇ ਸ਼ੋਸ਼ਣ ਝੱਲਦੇ ਹਨ।ਪੰਜਾਬ ਸਰਕਾਰ ਨੌਜਵਾਨਾਂ ਨੂੰ 60,000 ਵਾਲੀ ਪੱਕੀ ਨੌਕਰੀ ਦੇਣ ਥਾਂ ਨੌਜਵਾਨਾਂ ਦੀ ਲੁੱਟ ਕਰਦੀ 6 ਹਜ਼ਾਰ ਤੋਂ 8 ਹਜ਼ਾਰ ਦੀ ਕੱਚੀ ਨੌਕਰੀ ਨਾਲ ਸਾਰ ਰਹੀ ਹੈ।

ਸਰਕਾਰ

• ਬਾਕੀ ਸਫਾ 2 'ਤੇ





## ਮਾਨ ਸਰਕਾਰ ਮਿੱਡ ਡੇ ਮੀਲ ਬੀਬੀਆਂ ਨੂੰ ਇਨਸਾਫ਼ ਦੇਣ 'ਚ ਰਹੀ ਨਾਕਾਮ : ਸਮਾਓ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਦੀ ਮਾਨ ਸਰਕਾਰ ਦੇ ਕਾਰਜਕਾਲ ਦੌਰਾਨ ਵੀ ਮਿਡ ਡੇ ਮੀਲ ਕੁੱਕ ਬੀਬੀਆਂ ਨੂੰ ਨਹੀਂ ਮਿਲ ਰਿਹਾ ਇਨਸਾਫ਼ ਅਤੇ ਸਰਕਾਰੀ ਸਕੂਲਾਂ 'ਚ ਵੀ ਇਹਨਾਂ ਨੂੰ ਪੂਰੀ ਮਜ਼ਦੂਰੀ ਨਹੀਂ ਮਿਲਦੀ।ਇਹ ਦੋਸ਼ ਇਥੇ ਜ਼ਿਲ੍ਹਾ ਕਚਹਿਰੀਆਂ ਵਿੱਚ ਮਿੱਡ ਡੇ ਮੀਲ ਤੇ ਸਫ਼ਾਈ ਵਰਕਰਾਂ ਦੇ ਧਰਨੇ ਨੂੰ ਸੰਬੋਧਨ ਕਰਦਿਆਂ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾਈ ਪ੍ਰਧਾਨ ਭਗਵੰਤ ਸਿੰਘ ਸਮਾਓ ਵੱਲੋਂ ਲਗਾਏ ਗਏ।ਉਨ੍ਹਾਂ ਕਿਹਾ ਕਿ ਕੇਂਦਰ ਤੇ ਸੂਬਾ ਸਰਕਾਰਾਂ ਦੀਆਂ ਕਾਰਪੋਰੇਟ ਘਰਾਣਿਆਂ ਪੱਖੀ ਨੀਤੀਆਂ ਦੇ ਬਦਲੇ ਅੱਜ ਡਿਗਰੀ ਧਾਰੀ ਨੌਜਵਾਨ ਸਰਕਾਰੀ ਅਤੇ ਪ੍ਰਾਈਵੇਟ ਅਦਾਰਿਆਂ ਅੰਦਰ ਗੁਲਾਮਾਂ ਵਾਲੀ ਜ਼ਿੰਦਗੀ ਜਿਉਣ ਲਈ ਮਜ਼ਬੂਰ ਹਨ।ਉਨ੍ਹਾਂ ਕਿਹਾ ਕਿ ਸਰਕਾਰ ਕੁੱਕ ਬੀਬੀਆਂ, ਆਂਗਨਵਾੜੀ ਤੇ ਆਸ਼ਾ ਵਰਕਰਾਂ ਤੋਂ ਨਿਗੂਣੀਆਂ ਤਨਖਾਹਾਂ 'ਤੇ ਜਬਰੀ ਕੰਮ ਲੈ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਕੰਮ ਕਰਦੇ ਸਕੀਮ ਵਰਕਰਾਂ ਨੂੰ ਮਿਲਦੀਆਂ ਤਨਖਾਹਾਂ ਨਾਲ ਇੱਕ ਸਮੇਂ ਦੀ ਰੋਟੀ ਵੀ ਨਹੀਂ ਖਾਧੀ ਜਾ ਸਕਦੀ।ਉਨ੍ਹਾਂ ਕਿਹਾ ਕਿ ਆਜ਼ਾਦੀ ਦੇ 80 ਸਾਲਾਂ ਬਾਅਦ ਵੀ ਦੇਸ਼ ਦੇ ਕਰੋੜਾਂ ਮਜ਼ਦੂਰਾਂ ਨੂੰ ਸਮਾਜਿਕ ਸੁਰੱਖਿਆ ਨਹੀਂ ਮਿਲੀ।ਇਸ ਮੌਕੇ ਸੰਬੋਧਨ ਕਰਦੇ ਮਿੱਡ ਡੇ ਮੀਲ ਤੇ ਸਫ਼ਾਈ ਵਰਕਰ ਯੂਨੀਅਨ ਆਜ਼ਾਦ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਬੋਹਾ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਪ ਸਰਕਾਰ ਨੇ ਕੁੱਕ ਬੀਬੀਆਂ ਨੂੰ 8 ਹਜ਼ਾਰ ਰੁਪਏ ਤਨਖਾਹ ਦੇਣ ਦਾ ਵਾਅਦਾ ਕੀਤਾ ਸੀ ਪਰ ਇਹ ਵਾਅਦਾ ਅੱਜ ਤੱਕ ਪੂਰਾ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਸਰਕਾਰ ਆਮ ਲੋਕਾਂ ਨੂੰ ਰੁਜ਼ਗਾਰ ਤੇ ਕਰਮਚਾਰੀਆਂ ਨੂੰ ਪੂਰੀ ਤਨਖਾਹ ਦੇਣ ਦੀ ਥਾਂ ਰਾਸ਼ਨ ਕਿੱਟਾਂ ਤੇ ਬੈਂਕ ਖਾਤਿਆਂ 'ਚ ਪੈਸੇ ਪਾ ਕੇ ਵੋਟਾਂ ਵਟੋਰਨ ਦਾ ਕੰਮ ਕਰ ਰਹੀ ਹੈ।ਇਸ ਮੌਕੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ, ਜਸਵਿੰਦਰ ਕੌਰ ਗਾਮੀਵਾਲਾਂ, ਨਸੀਬ ਕੌਰ ਪੇਰੋ, ਰੋਸ਼ਨੀ ਕੌਰ ਦਿਆਲਪੁਰਾ ਨੇ ਵੀ ਸੰਬੋਧਨ ਕੀਤਾ।

## ਮੁੱਢਲਾ ਸਿਹਤ ਕੇਂਦਰ ਸ਼ੁਤਰਾਣਾ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਮੁੱਢਲਾ ਸਿਹਤ ਕੇਂਦਰ ਸ਼ੁਤਰਾਣਾ ਵਿਖੇ ਸੀਨੀਅਰ ਮੈਡੀਕਲ ਅਫਸਰ ਡਾ ਸੁਖਪ੍ਰੀਤ ਸਿੰਘ ਬਰਾੜ ਦੀ ਅਗਵਾਈ ਹੇਠ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ।ਇਸ ਦੌਰਾਨ ਲੋਕਾਂ ਨੂੰ ਵਧਦੀ ਆਬਾਦੀ ਦੇ ਪ੍ਰਭਾਵਾਂ, ਪਰਿਵਾਰ ਨਿਯੋਜਨ ਅਤੇ ਮਾਂ-ਬੱਚੇ ਦੀ ਸਿਹਤ ਸਬੰਧੀ ਜਾਗਰੂਕ ਕੀਤਾ ਗਿਆ।ਐਸ ਐਮ ਓ ਡਾ ਸੁਖਪ੍ਰੀਤ ਸਿੰਘ ਨੇ ਕਿਹਾ ਕਿ ਹਰ ਸਾਲ 11 ਜੁਲਾਈ ਨੂੰ ਵਿਸ਼ਵ ਆਬਾਦੀ ਦਿਵਸ ਮਨਾਉਣ ਦਾ ਉਦੇਸ਼ ਲੋਕਾਂ ਨੂੰ ਆਬਾਦੀ ਵਾਧੇ ਨਾਲ ਜੁੜੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੇ ਹੱਲ ਪ੍ਰਤੀ ਜਾਗਰੂਕ ਕਰਨਾ ਹੈ।ਉਨ੍ਹਾਂ ਕਿਹਾ ਕਿ ਛੋਟਾ ਪਰਿਵਾਰ ਹੀ ਖੁਸ਼ਹਾਲ ਪਰਿਵਾਰ ਦੀ ਨੀਂਹ ਹੈ ਅਤੇ ਪਰਿਵਾਰ ਨਿਯੋਜਨ ਦੇ ਸਾਧਨਾਂ ਨੂੰ ਅਪਣਾ ਕੇ ਮਾਂ ਅਤੇ ਬੱਚੇ ਦੀ ਸਿਹਤ ਨੂੰ ਬਿਹਤਰ ਬਣਾਇਆ ਜਾ ਸਕਦਾ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਵਿਆਹ ਦੀ ਸਹੀ ਉਮਰ, ਬੱਚਿਆਂ ਵਿੱਚ ਉਚਿਤ ਅੰਤਰ ਅਤੇ ਸਰਕਾਰ ਵੱਲੋਂ ਮੁਫ਼ਤ ਉਪਲਬਧ ਪਰਿਵਾਰ ਨਿਯੋਜਨ ਸੇਵਾਵਾਂ ਦਾ ਲਾਭ ਉਠਾਇਆ ਜਾਵੇ।

## ਜਥੇ. ਮਾਹਲਾ ਵੱਲੋਂ ਹਲਕੇ ਦੀ ਸੇਵਾ ਦਾ ਫਲ ਲੋਕ ਵਿਧਾਨ ਸਭਾ ਚੋਣਾਂ 'ਚ ਦੇਣਗੇ : ਚਰਨਪ੍ਰੀਤ ਸਿੰਘ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਾਬਕਾ ਕੌਂਸਲਰ ਚਰਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੰਜਾਬ ਦੀ ਲੋਕ-ਪੱਖੀ ਪਾਰਟੀ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਲੋਕ ਪਾਰਟੀ ਨੂੰ ਭਰਪੂਰ ਸਮਰਥਨ ਦੇਣਗੇ।ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ 'ਚ ਪਾਰਟੀ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਸੰਗਠਨ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਤੇ ਪਾਰਟੀ ਵਰਕਰ ਪੂਰੀ ਤਨਦੇਹੀ ਨਾਲ ਚੋਣ ਤਿਆਰੀਆਂ ਵਿਚ ਜੁਟੇ ਹੋਏ ਹਨ।ਚਰਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਪਿਛਲੇ ਲੰਮੇ ਸਮੇਂ ਤੋਂ ਹਲਕੇ ਦੇ ਲੋਕਾਂ ਦੇ ਸੁੱਖ-ਦੁੱਖ ਵਿਚ ਸ਼ਾਮਲ ਰਹੇ ਹਨ।ਉਨ੍ਹਾਂ ਨੇ ਹਰ ਵਰਗ ਦੇ ਲੋਕਾਂ ਨਾਲ ਨੇੜਤਾ ਬਣਾਈ ਹੈ ਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਾਉਣ ਲਈ ਲਗਾਤਾਰ ਯਤਨ ਕੀਤੇ ਹਨ।ਇਸੇ ਕਾਰਨ ਹਲਕੇ ਵਿਚ ਉਨ੍ਹਾਂ ਪ੍ਰਤੀ ਲੋਕਾਂ ਦਾ ਵਿਸ਼ਵਾਸ ਤੇ ਸਮਰਥਨ ਲਗਾਤਾਰ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਵਰਕਰ ਪਿੰਡ-ਪਿੰਡ ਤੇ ਘਰ-ਘਰ ਜਾ ਕੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪੁਚਾ ਰਹੇ ਹਨ।ਨੌਜਵਾਨਾਂ, ਕਿਸਾਨਾਂ, ਵਪਾਰੀਆਂ ਤੇ ਹੋਰ ਵਰਗਾਂ ਦਾ ਰੁਝਾਨ ਵੀ ਅਕਾਲੀ ਦਲ ਵੱਲ ਵਧ ਰਿਹਾ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਇਹ ਸਮਰਥਨ ਵੋਟਾਂ ਵਿਚ ਤਬਦੀਲ ਹੋਵੇਗਾ ਤੇ ਪਾਰਟੀ ਨੂੰ ਇਸ ਦਾ ਪੂਰਾ ਲਾਭ ਮਿਲੇਗਾ।ਚਰਨਪ੍ਰੀਤ ਸਿੰਘ ਬਰਾੜ ਨੇ ਕਿਹਾ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਸਾਦਗੀ, ਲੋਕਾਂ ਨਾਲ ਨਿਰੰਤਰ ਸੰਪਰਕ ਤੇ ਪਾਰਟੀ ਪ੍ਰਤੀ ਵਚਨਬੱਧਤਾ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ।ਉਨ੍ਹਾਂ ਕਿਹਾ ਕਿ ਹਲਕੇ ਦੇ ਲੋਕ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਸੇਵਾ ਨੂੰ ਚੰਗੀ ਤਰ੍ਹਾਂ ਸਮਝਦੇ ਹਨ ਅਤੇ ਸਮਾਂ ਆਉਣ 'ਤੇ ਇਸ ਦਾ ਮੁੱਲ ਜ਼ਰੂਰ ਪਾਉਣਗੇ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰਾਂ ਦੀ ਸਾਂਝੀ ਮਿਹਨਤ ਸਦਕਾ ਪਾਰਟੀ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਮਜ਼ਬੂਤ ਪ੍ਰਦਰਸ਼ਨ ਕਰੇਗੀ।ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਹਲਕੇ ਵਿਚ ਵੀ ਜਥੇਦਾਰ ਤੀਰਥ ਸਿੰਘ ਮਾਹਲਾ ਨੂੰ ਲੋਕਾਂ ਦਾ ਭਰਪੂਰ ਸਹਿਯੋਗ ਮਿਲੇਗਾ ਅਤੇ ਪਾਰਟੀ ਹਲਕੇ ਵਿਚ ਸ਼ਾਨਦਾਰ ਨਤੀਜੇ ਹਾਸਲ ਕਰਨ ਵਿਚ ਕਾਮਯਾਬ ਹੋਵੇਗੀ।

## ਸੇਵਾਮੁਕਤ ਪਟਵਾਰੀ, ਕਾਨੂੰਗੋ ਵੱਲੋਂ ਮੁਹਾਲੀ ਰੈਲੀ 'ਚ ਸ਼ਾਮਲ ਹੋਣ ਲਈ ਵਿਚਾਰ-ਵਟਾਂਦਰਾ



**ਕੋਟਕਪੂਰਾ (ਰਛਪਾਲ ਭੁੱਲਰ)**-ਸੇਵਾਮੁਕਤ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਸ੍ਰੀ ਜਗਦੀਸ਼ ਕੁਮਾਰ ਪ੍ਰਧਾਨ ਦੀ ਅਗਵਾਈ ਵਿੱਚ ਮੁਲਾਜ਼ਮ ਪੈਨਸ਼ਨਰਾਂ ਦੇ ਸਾਂਝੇ ਫਰੰਟ ਦੇ ਸੱਦੇ ਉੱਤੇ ਡਾ. ਬਲਜੀਤ ਕੌਰ ਕੈਬਨਿਟ ਮੰਤਰੀ ਦੇ ਰਾਇਲ ਸਿਟੀ ਵਿੱਚ ਸਥਿਤ ਘਰ ਦਾ ਘਿਰਾਓ ਕੀਤਾ ਗਿਆ।ਇਸ ਤੋਂ ਬਾਅਦ ਸਾਂਝ ਮਿਲਣੀ ਦੌਰਾਨ ਪੈਂਡਿੰਗ ਪਏ 18 ਫੀਸਦੀ ਡੀ.ਏ, 01/01/2020 ਤੋਂ 30/06/2021 ਤੱਕ ਲੀਵਇਨ ਕੈਸ਼ਮਿੰਟ, ਗਰੈਚੁਅਟੀ ਵਿੱਚ ਹੋਏ ਡੀ.ਏ. ਦੇ ਵਾਧੇ ਦਾ ਬਕਾਇਆ ਸਮੇਂ ਸਿਰ ਦੇਣ ਲਈ ਤੇ ਪੈਂਡਿੰਗ ਪਏ ਮੈਡੀਕਲ ਬਿੱਲਾਂ ਦੇ ਭੁਗਤਾਨ ਵਾਸਤੇ ਡੀ.ਐੱਲ.ਆਰ. ਦਫ਼ਤਰ ਜਲੰਧਰ ਤੋਂ ਬੱਜਟ ਮੰਗਵਾਉਣ ਦੀ ਸਰਕਾਰ ਤੋਂ ਮੰਗ ਕੀਤੀ ਗਈ।ਇਸ ਤੋਂ ਇਲਾਵਾ 17 ਜੁਲਾਈ ਨੂੰ ਮੁਹਾਲੀ ਰੈਲੀ ਵਿੱਚ ਸ਼ਾਮਲ ਹੋਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ। ਮੁਹਾਲੀ ਰੈਲੀ 'ਚ ਵੱਧ ਤੋਂ ਵੱਧ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।

## ਅਜ਼ਾਦ ਪ੍ਰੈੱਸ ਵੈੱਲਫੇਅਰ ਕਲੱਬ ਦੀ ਮੀਟਿੰਗ



**ਮੂਨਕ (ਰਾਜਪਾਲ ਸਿੰਗਲਾ)**-ਅਜ਼ਾਦ ਪ੍ਰੈੱਸ ਵੈਲਫੇਅਰ ਕਲੱਬ ਦੀ ਵਿਸ਼ੇਸ਼ ਮੀਟਿੰਗ ਪ੍ਰਤਾਪ ਸਿੰਘ ਖੁਰਾਨਾ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।ਮੀਟਿੰਗ ਦੌਰਾਨ ਸਾਲ 2026-27 ਲਈ ਨਵੀਂ ਕਾਰਜਕਾਰਨੀ ਕਮੇਟੀ ਦੀ ਚੋਣ ਕੀਤੀ ਗਈ ਤੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਵਿੱਚ ਪੱਤਰਕਾਰ ਗੁਰਮੇਲ ਸਿੰਘ ਸੰਗਤਪੁਰਾ, ਅਸ਼ੋਕ ਬਾਂਸਲ, ਕਰਮਵੀਰ ਸੈਣੀ, ਬੂਟਾ ਸਿੰਘ ਬੈਂਸ ਭੁਟਾਲ, ਰਾਜਪਾਲ ਸਿੰਗਲਾ, ਮੋਹਿਤ ਸੈਣੀ, ਬਲਦੇਵ ਸਿੰਘ ਸੁਰਜਨਭੈਣੀ, ਸੱਤਪਾਲ ਗੋਇਲ ਉਰਫ਼ ਮਿੱਠੂ, ਬਲਿਹਾਰ ਸਿੰਘ ਕੜੈਲ, ਸਾਹਿਬ ਸਿੰਘ ਖੁਰਾਨਾ ਸਮੇਤ ਹੋਰ ਮੈਂਬਰਾਂ ਨੇ ਆਪਣੇ-ਆਪਣੇ ਵਿਚਾਰ ਪੇਸ਼ ਕਰਦਿਆਂ ਪੱਤਰਕਾਰਤਾ ਦੇ ਮਿਆਰ ਨੂੰ ਉੱਚਾ ਚੁੱਕਣ 'ਤੇ ਜ਼ੋਰ ਦਿੱਤਾ।ਇਸ ਦੇ ਨਾਲ ਹੀ ਨਵੀਂ ਕਾਰਜਕਾਰਨੀ ਕਮੇਟੀ ਬਣਾਈ ਗਈ, ਜਿਸ ਵਿੱਚ ਰਾਜਪਾਲ ਸਿੰਗਲਾ, ਪ੍ਰਤਾਪ ਸਿੰਘ ਖੁਰਾਨਾ, ਕਰਮਵੀਰ ਸੈਣੀ, ਅਸ਼ੋਕ ਬਾਂਸਲ, ਗੁਰਮੇਲ ਸਿੰਘ ਸੰਗਤਪੁਰਾ, ਬੂਟਾ ਸਿੰਘ ਅਤੇ ਮੋਹਿਤ ਸੈਣੀ ਨੂੰ ਚੁਣਿਆ ਗਿਆ।ਬੁਲਾਰਿਆਂ ਨੇ ਕਿਹਾ ਕਿ ਪੱਤਰਕਾਰਤਾ ਲੋਕਤੰਤਰ ਦਾ ਚੌਥਾ ਸਤੰਭ ਹੈ, ਇਸ ਲਈ ਪੱਤਰਕਾਰਾਂ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਪੱਤਰਕਾਰਤਾ ਦੀ ਮਰਿਆਦਾ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਣ।ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਲੋਕਾਂ ਦੀ ਆਵਾਜ਼ ਤੇ ਜਨਤਕ ਮੁੱਦਿਆਂ ਨੂੰ ਨਿਰਪੱਖ, ਤੱਥਾਂ 'ਤੇ ਆਧਾਰਤ ਤੇ ਬੇਬਾਕ ਢੰਗ ਨਾਲ ਉਠਾਇਆ ਜਾਂਦਾ ਰਹੇਗਾ।

## ਮਾਤਾ ਗੁਜਰੀ ਜੀ ਭਲਾਈ ਕੇਂਦਰ ਵੱਲੋਂ ਖੱਡਿਆਂ ਦੀ ਮੁਰੰਮਤ

**ਬੁਢਲਾਡਾ (ਅਸ਼ੋਕ ਲਾਕੜਾ)**-ਮਾਤਾ ਗੁਜਰੀ ਜੀ ਭਲਾਈ ਕੇਂਦਰ ਦੇ ਆਗੂ ਮਾਸਟਰ ਕੁਲਵੰਤ ਸਿੰਘ ਨੇ ਦੱਸਿਆ ਕਿ ਅੱਗੇ ਮੀਂਹਾਂ ਦਾ ਮੌਸਮ ਸ਼ੁਰੂ ਹੋ ਰਿਹਾ ਹੈ, ਪਾਣੀ ਖੜ ਜਾਣ ਕਾਰਨ ਕਈ ਖੱਡਿਆਂ ਦਾ ਪਤਾ ਨਹੀਂ ਲੱਗਦਾ ਤੇ ਖਤਰਨਾਕ ਦੁਰਘਟਨਾਵਾਂ ਹੋ ਜਾਂਦੀਆਂ ਹਨ।ਇਨ੍ਹਾਂ ਤੋਂ ਬਚਾਅ ਕਰਨ ਲਈ ਮਾਤਾ ਗੁਜਰੀ ਜੀ ਭਲਾਈ ਕੇਂਦਰ ਬੁਢਲਾਡਾ ਵੱਲੋਂ ਡੂੰਘੇ ਖਤਰਨਾਕ ਖੱਡੇ ਭਰੇ ਜਾ ਰਹੇ ਹਨ, ਜੋ ਜਨਤਕ ਰਾਹਾਂ 'ਤੇ ਹਨ, ਅੱਜ ਰੇਲਵੇ ਰੋਡ ਤੇ ਸਿਨੇਮਾ ਰੋਡ ਦੇ ਕੁੱਝ ਟੋਏ ਭਰੇ ਗਏ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਸੰਸਥਾ ਨੂੰ ਉਨ੍ਹਾਂ ਖੱਡਿਆਂ ਬਾਰੇ ਜਾਣਕਾਰੀ ਦੇਣ ਦੀ ਕਿਰਪਾ ਕਰੋ, ਜੋ ਆਮ ਜਨਤਾ ਲਈ ਮੁਸ਼ਕਿਲ ਬਣੇ ਹੋਏ ਹਨ।ਉਨ੍ਹਾਂ ਨੂੰ ਛੇਤੀ ਭਰਿਆ ਜਾ ਸਕੇ ਤਾਂ ਜੋ ਕਿਸੇ ਵੀ ਰਾਹਗੀਰ ਨੂੰ ਕੋਈ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਸ਼ਹਿਰ ਇਲਾਕੇ ਦੇ ਲੋਕਾਂ ਦੀ ਭਲਾਈ ਲਈ ਹੀ ਹੈ, ਉਹ ਭਾਵੇਂ ਕਿਸੇ ਰੂਪ ਵਿੱਚ ਵੀ ਹੋਵੇ।ਇਸ ਮੌਕੇ ਉਨ੍ਹਾਂ ਇਲਾਕੇ ਨਿਵਾਸੀਆਂ ਨੂੰ ਸੰਸਥਾ ਨੂੰ ਸਹਿਯੋਗ ਦੇਣ ਅਪੀਲ ਕੀਤੀ।



## ਛੁੱਟੀ ਵਾਲੇ ਦਿਨ ਸਕੂਲ ਬੁਲਾਉਣ 'ਤੇ ਭੜਕੇ ਅਧਿਆਪਕ

### ਰੋਸ ਵਜੋਂ ਵਿਭਾਗੀ ਹੁਕਮਾਂ ਦੀਆਂ ਸਾੜੀਆਂ ਕਾਪੀਆਂ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਅਧਿਆਪਕ ਜਥੇਬੰਦੀਆਂ ਵੱਲੋਂ ਦਿੱਤੇ ਸੱਦੇ ਤਹਿਤ ਪਾਤੜਾਂ ਬਲਾਕ ਦੇ ਵੱਖ-ਵੱਖ ਸਕੂਲਾਂ ਵਿੱਚ ਐੱਸਆਈਆਰ ਦੇ ਕੰਮ ਲਈ ਅਧਿਆਪਕਾਂ ਨੂੰ ਛੁੱਟੀ ਵਾਲੇ ਦਿਨ ਸਕੂਲਾਂ ਵਿੱਚ ਬੁਲਾਉਣ ਦੇ ਵਿਰੋਧ ਵਿੱਚ ਅਧਿਆਪਕਾਂ ਵੱਲੋਂ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ।ਡੈਮੋਕ੍ਰੇਟਿਕ ਟੀਚਰਜ਼ ਫਰੰਟ ਦੇ ਬਲਾਕ ਪ੍ਰਧਾਨ ਰਾਜੀਵ ਕੁਮਾਰ, ਸਕੱਤਰ ਬਲਜਿੰਦਰ ਘੱਗਾ ਤੇ ਜੀਟੀਯੂ ਆਗੂ ਬਲਵਿੰਦਰ ਸਿੰਘ ਨੇ ਦੱਸਿਆ ਕਿ ਐੱਸਆਈਆਰ ਦੇ ਕੰਮ ਲਈ ਜਿੱਥੇ 25 ਹਜ਼ਾਰ ਅਧਿਆਪਕ ਪਹਿਲਾਂ ਹੀ ਬੀਐੱਲਓ ਤੇ ਸੁਪਰਵਾਈਜ਼ਰ ਦੀ ਡਿਊਟੀ ਤਹਿਤ ਸਕੂਲਾਂ ਤੋਂ ਬਾਹਰ ਹਨ, ਉੱਥੇ ਹੁਣ ਸਿੱਖਿਆ ਵਿਭਾਗ ਨੇ ਨਾਦਰਸ਼ਾਹੀ ਫਰਮਾਨ ਜਾਰੀ ਕੀਤਾ ਹੈ।ਆਗੂਆਂ ਨੇ ਦੱਸਿਆ ਕਿ ਪਹਿਲੀ ਵਾਰੀ ਹੋਇਆ ਹੈ ਕਿ ਸਮੂਹ ਅਧਿਆਪਕਾਂ ਨੂੰ ਐੱਸਆਈਆਰ ਜਿਹੇ ਗੈਰ-ਵਿੱਦਿਅਕ ਕੰਮ ਲਈ ਸਨਿੱਚਰਵਾਰ ਤੇ ਐਤਵਾਰ ਨੂੰ ਛੁੱਟੀ ਵਾਲੇ ਦਿਨ ਸਕੂਲ ਬੁਲਾਇਆ ਗਿਆ, ਜਦਕਿ ਇਸ ਲਈ ਅਧਿਆਪਕਾਂ ਦੀ ਕੋਈ ਟ੍ਰੇਨਿੰਗ ਵੀ ਨਹੀਂ ਹੋਈ।ਇਸ ਦੌਰਾਨ ਅਧਿਆਪਕ ਜਗਤਾਰ ਰਾਮ, ਗੁਰਧਿਆਨ ਸਿੰਘ, ਬਖਸ਼ੀਸ਼ ਸਿੰਘ ਤੇ ਰਾਮ ਕੁਮਾਰ ਨੇ ਕਿਹਾ ਕਿ ਜੇਕਰ ਬੀਐੱਲਓ ਦੀ ਸਹਾਇਤਾ ਲਈ ਕੁਝ ਅਧਿਆਪਕਾਂ ਦੀ ਲੋੜ ਸੀ ਤਾਂ ਹਰ ਸਕੂਲ ਵਿੱਚੋਂ ਦੋ ਅਧਿਆਪਕਾਂ ਦੀ ਡਿਊਟੀ ਲਗਾਈ ਜਾ ਸਕਦੀ ਸੀ, ਪਰ ਸਮੂਹ ਅਧਿਆਪਕਾਂ ਨੂੰ ਛੁੱਟੀ ਵਾਲੇ ਦਿਨ ਬੁਲਾਉਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਠਹਿਰਾਇਆ ਜਾ ਸਕਦਾ। ਸਿੱਖਿਆ ਵਿਭਾਗ ਦੁਆਰਾ ਭਵਿੱਖ ਵਿੱਚ ਅਜਿਹੇ ਨਾਦਰਸ਼ਾਹੀ ਤੇ ਗੈਰ-ਵਿਹਾਰਕ ਹੁਕਮ ਥੋਪਣ ਦੀ ਸੂਰਤ ਵਿੱਚ ਅਧਿਆਪਕ ਵਰਗ ਤਿੱਖੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ।

## ਹੋਲੀ ਹਾਰਟ ਸਕੂਲ 'ਚ 'ਭੋਜਨ ਗਤੀਵਿਧੀ ਮੁਕਾਬਲਾ' ਸਫ਼ਲਤਾਪੂਰਵਕ ਸੰਪੰਨ



**ਅਜੀਤਵਾਲ (ਨਛੱਤਰ ਸੰਧੂ)**

ਹੋਲੀ ਹਾਰਟ ਅਜੀਤਵਾਲ ਵਿਖੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ ਤੇ ਉਨ੍ਹਾਂ ਨੂੰ ਸਿਹਤਮੰਦ ਖਾਣ-ਪੀਣ ਦੀਆਂ ਆਦਤਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਇੱਕ ਸ਼ਾਨਦਾਰ 'ਭੋਜਨ ਗਤੀਵਿਧੀ ਅਤੇ ਰਸੋਈ ਕਲਾ ਮੁਕਾਬਲਾ' ਕਵਾਇਆ ਗਿਆ। ਵਿਸ਼ੇਸ਼ ਸਮਾਗਮ ਵਿੱਚ ਛੇਵੀਂ ਤੋਂ ਲੈ ਕੇ ਬਾਰ੍ਹਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਤੇ ਚਾਅ ਨਾਲ ਹਿੱਸਾ ਲਿਆ।ਮੁਕਾਬਲੇ ਨੂੰ ਵੱਖ-ਵੱਖ ਵਰਗਾਂ ਵਿੱਚ ਵੰਡਿਆ ਗਿਆ ਸੀ, ਜਿਸ ਵਿੱਚ ਬਿਨਾਂ ਅੱਗ ਤੋਂ ਖਾਣਾ ਬਣਾਉਣਾ, ਸਲਾਦ ਸਜਾਵਟ ਤੇ ਸਿਹਤਮੰਦ ਟਿਫ਼ਨ ਬਾਕਸ ਵਰਗੇ ਦਿਲਚਸਪ ਵਿਸ਼ੇ ਸ਼ਾਮਲ ਸਨ।ਸਕੂਲ ਦੇ ਵਿਹੜੇ ਨੂੰ ਰੰਗ-ਬਿਰੰਗੇ ਸਟਾਲਾਂ ਨਾਲ ਬਹੁਤ ਹੀ ਸੁੰਦਰ ਤਰੀਕੇ ਨਾਲ ਸਜਾਇਆ ਗਿਆ ਸੀ, ਜਿੱਥੇ ਬੱਚਿਆਂ ਨੇ ਆਪਣੇ ਦੁਆਰਾ ਤਿਆਰ ਕੀਤੇ ਪਕਵਾਨਾਂ ਦੀ ਪ੍ਰਦਰਸ਼ਨੀ ਲਗਾਈ।

ਵਿਦਿਆਰਥੀਆਂ ਨੇ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕਰਦੇ ਹੋਏ ਮਿੰਟਾਂ ਵਿੱਚ ਹੀ ਸੈਂਡਵਿਚ, ਸਪ੍ਰਾਊਟਸ ਚਾਟ, ਫਰੂਟ ਕਰੀਮ, ਮੌਕਟੇਲਜ਼ ਤੇ ਦੇਸੀ ਪੌਸ਼ਟਿਕ ਲੱਡੂ ਵਰਗੇ ਕਈ ਤਰ੍ਹਾਂ ਦੇ ਸੁਆਦੀ ਅਤੇ ਪੌਸ਼ਟਿਕ ਪਕਵਾਨ ਤਿਆਰ ਕੀਤੇ।ਸਲਾਦ ਸਜਾਵਟ ਮੁਕਾਬਲੇ ਵਿੱਚ ਬੱਚਿਆਂ ਨੇ ਖੀਰੇ, ਟਮਾਟਰ ਤੇ ਗਾਜਰਾਂ ਦੀ ਵਰਤੋਂ ਕਰਕੇ ਬਹੁਤ ਹੀ ਖੂਬਸੂਰਤ ਕਲਾਕ੍ਰਿਤੀਆਂ ਬਣਾਈਆਂ, ਜਿਨ੍ਹਾਂ ਨੇ ਸਭ ਦਾ ਮਨ ਮੋਹ ਲਿਆ।ਸਕੂਲ ਦੇ ਡਾਇਰੈਕਟਰ ਅਮਿਤ ਪਲਤਾ ਸ਼੍ਰੇਆ ਪਲਤਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਉਨ੍ਹਾਂ ਦੇ ਨਾਲ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਜੱਜਾਂ ਦੀ ਭੂਮਿਕਾ ਨਿਭਾਉਣ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ।ਜੱਜਾਂ ਦੀ ਟੀਮ ਨੇ ਹਰੇਕ ਸਟਾਲ 'ਤੇ ਜਾ ਕੇ ਬੱਚਿਆਂ ਦੇ ਪਕਵਾਨਾਂ ਦਾ ਸਵਾਦ ਚੱਖਿਆ ਅਤੇ ਉਨ੍ਹਾਂ ਦੀ ਪੇਸ਼ਕਾਰੀ, ਸਫ਼ਾਈ, ਸਵਾਦ ਤੇ ਸਿਹਤ ਪੱਖ ਦੇ ਅਧਾਰ 'ਤੇ ਨੰਬਰ ਦਿੱਤੇ।ਵਿਦਿਆਰਥੀਆਂ ਨੇ ਨਾ ਸਿਰਫ਼ ਭੋਜਨ ਤਿਆਰ ਕੀਤਾ, ਬਲਕਿ ਜੱਜਾਂ ਦੇ ਸਵਾਲਾਂ ਦੇ ਬਹੁਤ ਹੀ ਭਰੋਸੇ ਨਾਲ ਜਵਾਬ ਦਿੰਦਿਆਂ ਇਹ ਵੀ ਦੱਸਿਆ ਕਿ ਉਨ੍ਹਾਂ ਦੇ ਪਕਵਾਨ ਵਿੱਚ ਕਿਹੜੇ-ਕਿਹੜੇ ਵਿਟਾਮਿਨ ਤੇ ਮਿਨਰਲਸ ਮੌਜੂਦ ਹਨ।

ਜੱਜਾਂ ਨੇ ਬੱਚਿਆਂ ਦੀ ਇਸ ਡੂੰਘੀ ਜਾਣਕਾਰੀ ਤੇ ਰਸੋਈ ਦੇ ਹੁਨਰ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ ਅਤੇ ਕਿਹਾ ਕਿ ਅੱਜ ਦੇ ਦੌਰ ਵਿੱਚ ਜੰਕ ਫੂਡ ਨੂੰ ਛੱਡ ਕੇ ਅਜਿਹੇ ਸਿਹਤਮੰਦ ਵਿਕਲਪ ਚੁਣਨਾ ਬਹੁਤ ਜ਼ਰੂਰੀ ਹੈ।ਪ੍ਰਿੰਸੀਪਲ ਨੇ ਆਪਣੇ ਭਾਸ਼ਣ ਵਿੱਚ ਸਾਰੇ ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਦਾ ਇਸ ਸਮਾਗਮ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ।

## ਦੁਬਈ ਵਿਖੇ ਪੰਜਾਬੀ ਨੌਜਵਾਨਾਂ ਨੇ ਲਗਾਈ ਛਬੀਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬੀ ਜਿੱਥੇ ਵੀ ਜਾਂਦੇ ਹਨ ਸੇਵਾ ਦੀ ਭਾਵਨਾ ਨਾਲ ਹੀ ਲੈ ਕੇ ਜਾਂਦੇ ਹਨ ਅਤੇ ਇਸੇ ਸੇਵਾ ਭਾਵਨਾ ਤਹਿਤ ਪਿਛਲੇ ਲੰਬੇ ਸਮੇਂ ਤੋਂ ਦੁਬਈ ਵਿੱਚ ਰੋਜ਼ਗਾਰ ਲਈ ਗਏ ਨੌਜਵਾਨ ਗਰਮੀ ਦੇ ਮੌਸਮ ਵਿੱਚ ਠੰਢੇ ਮਿੱਠੇ ਜਲ ਦੀ ਛਬੀਲ ਲਗਾਉਂਦੇ ਹਨ।

ਦੁਬਈ ਤੋਂ ਉਕਾਂਰ ਸਿੰਘ ਬੈਂਸ, ਚਰਨ ਸਿੰਘ, ਕਮਲਜੀਤ, ਜਰਨੈਲ ਸਿੰਘ, ਕਮਲਜੀਤ ਸਿੰਘ, ਰਜਿੰਦਰ ਸਿੰਘ ਨੇ ਦੱਸਿਆ ਕਿ ਇਸ ਵਾਰ ਅਮਾਨਾ ਸਟੀਲ ਕੰਪਨੀ ਦੇ ਕੈਂਪ ਦੇ ਨਜ਼ਦੀਕ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਤੇ ਇਸ ਦੌਰਾਨ ਦੂਜੀਆਂ ਕੰਪਨੀਆਂ ਵਿੱਚ ਕੰਮ ਕਰਨ ਵਾਲੇ ਪੰਜਾਬੀ ਨੌਜਵਾਨਾਂ ਵੱਲੋਂ ਵੀ ਪੂਰਾ ਯੋਗਦਾਨ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਸਮਾਜ ਸੇਵਾ ਦੇ ਇਸ ਕਾਰਜ ਦੀ ਸਥਾਨਕ ਵਸਨੀਕਾਂ ਵੱਲੋਂ ਪ੍ਰਸ਼ੰਸ਼ਾ ਕੀਤੀ ਜਾਂਦੀ ਹੈ ਅਤੇ ਮਦਦ ਵੀ ਕੀਤੀ ਜਾਂਦੀ ਹੈ।ਛਬੀਲ ਦੌਰਾਨ ਸੇਵਾ ਕਰਨ ਸਮੇਂ ਕਰਮਜੀਤ ਸਿੰਘ, ਗੁਰਮੀਤ ਸਿੰਘ, ਬੌਬੀ, ਕੇਸਰ, ਗੁਰਵਿੰਦਰ ਸਿੰਘ, ਦਲਜੀਤ ਸਿੰਘ, ਬਲਵਿੰਦਰ ਸਿੰਘ, ਤਾਰਿਕ, ਅਮਰਜੀਤ ਸਿੰਘ, ਸੋਨੂੰ ਆਦਿ ਵੀ ਮੌਜੂਦ ਸਨ।

## ਸਫਾ 1 ਦੇ ਬਾਕੀ...

### ਅਰਜਨਟੀਨਾ ਨੇ ਸਵਿਟਜ਼ਰਲੈਂਡ...

ਬਾਅਦ ਸਵਿਟਜ਼ਰਲੈਂਡ ਦੇ ਐਂਬੋਲੋ ਨੂੰ ਦੂਜਾ ਯੈਲੋ ਕਾਰਡ ਮਿਲਣ ਕਾਰਨ ਮੈਦਾਨ ਛੱਡਣਾ ਪਿਆ। ਇਹ ਫੈਸਲਾ ਇੱਕ ਲੰਮੇ ਵੀ ਏ ਆਰ (ਵੀਡੀਓ ਅਸਿਸਟੈਂਟ ਰੈਫਰੀ) ਰਿਵਿਊ ਤੋਂ ਬਾਅਦ ਲਿਆ ਗਿਆ। ਐਂਬੋਲੋ ਮੈਦਾਨ ਤੋਂ ਬਾਹਰ ਜਾਂਦਾ ਰੋ ਪਿਆ। ਇੱਕ ਖਿਡਾਰੀ ਘੱਟ ਹੋਣ ਤੋਂ ਬਾਅਦ ਅਰਜਨਟੀਨਾ ਨੇ ਸਵਿਸ ਟੀਮ 'ਤੇ ਪੂਰੀ ਤਰ੍ਹਾਂ ਦਬਾਅ ਬਣਾ ਲਿਆ। ਸਟੇਡੀਅਮ ਅਰਜਨਟੀਨਾ ਦੇ ਪ੍ਰਸ਼ੰਸਕਾਂ ਦੇ ਨਾਅਰਿਆਂ ਨਾਲ ਗੂੰਜ ਰਿਹਾ ਸੀ। 39 ਸਾਲ ਦੀ ਉਮਰ ਵਿੱਚ ਆਪਣਾ ਛੇਵਾਂ ਵਰਲਡ ਕੱਪ ਖੇਡ ਰਹੇ ਲਿਓਨਲ ਮੈਸੀ ਨੇ ਮੈਚ ਦੇ ਆਖਰੀ ਸਮੇਂ ਵਿੱਚ ਇੱਕ ਜ਼ੋਰਦਾਰ ਸ਼ਾਟ ਮਾਰਿਆ, ਪਰ ਉਹ ਗੋਲ ਪੋਸਟ ਦੇ ਬਿਲਕੁਲ ਕੋਲੋਂ ਲੰਘ ਗਿਆ।

ਸਵਿਟਜ਼ਰਲੈਂਡ ਨੇ ਬਹੁਤ ਬਹਾਦਰੀ ਨਾਲ ਹਮਲਿਆਂ ਦਾ ਸਾਹਮਣਾ ਕੀਤਾ, ਪਰ ਐਕਸਟਰਾ ਟਾਈਮ ਦੇ ਆਖਰੀ ਪਲਾਂ ਵਿੱਚ ਉਨ੍ਹਾਂ ਦੀ ਹਿੰਮਤ ਟੁੱਟ ਗਈ। ਜਿੱਤ ਤੋਂ ਬਾਅਦ ਜਿੱਥੇ ਸਵਿਸ ਖਿਡਾਰੀ ਨਿਰਾਸ਼ ਹੋ ਕੇ ਮੈਦਾਨ 'ਤੇ ਬੈਠ ਗਏ, ਉੱਥੇ ਹੀ ਮੈਸੀ ਨੇ ਆਪਣੀ ਟੀ-ਸ਼ਰਟ ਉਤਾਰ ਕੇ ਹਵਾ ਵਿੱਚ ਲਹਿਰਾਈ ਅਤੇ ਪ੍ਰਸ਼ੰਸਕਾਂ ਨਾਲ ਜਸ਼ਨ ਮਨਾਇਆ। ਬੁੱਧਵਾਰ ਨੂੰ ਹੋਣ ਵਾਲਾ ਸੈਮੀਫਾਈਨਲ ਮੈਚ ਬੇਹੱਦ ਖਾਸ ਹੋਵੇਗਾ, ਕਿਉਂਕਿ ਵਰਲਡ ਕੱਪ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਵੇਗਾ, ਜਦੋਂ ਇੰਗਲੈਂਡ ਦਾ ਸਾਹਮਣਾ ਲਿਓਨਲ ਮੈਸੀ ਨਾਲ ਹੋਵੇਗਾ। ਅਰਜਨਟੀਨਾ ਦੇ ਕੋਚ ਲਿਓਨਲ ਸਕਾਲੋਨੀ ਨੇ ਕਿਹਾ ਕਿ ਅਗਲਾ ਮੁਕਾਬਲਾ ਇੱਕ ਬਹੁਤ ਹੀ ਮਜ਼ਬੂਤ ਟੀਮ ਨਾਲ ਹੈ ਅਤੇ ਉਹ ਇਸ ਚੁਣੌਤੀ ਲਈ ਤਿਆਰ ਹਨ।

ਨਾਰਵੇ ਤੇ ਇੰਗਲੈਂਡ ਵਿਚਾਲੇ ਮਿਆਮੀ ਸਟੇਡੀਅਮ ਵਿੱਚ ਖੇਡਿਆ ਗਿਆ ਮੈਚ ਅੱਧੇ ਸਮੇਂ ਤੱਕ 1-1 ਨਾਲ ਬਰਾਬਰੀ 'ਤੇ ਖਤਮ ਹੋਇਆ। ਰੀਅਲ ਮੈਡ੍ਰਿਡ ਦੇ ਸਟਾਰ ਮਿਡਫੀਲਡਰ ਜੂਡ ਬੇਲਿੰਗਹੈਮ ਨੇ ਫਿਰ ਦੋਵੇਂ ਗੋਲ ਕੀਤੇ। ਨਾਰਵੇ ਨੇ 36ਵੇਂ ਮਿੰਟ ਵਿੱਚ ਐਂਡਰੀਅਸ ਸ਼ੈਲਡਰੂਪ ਦੇ ਗੋਲ ਨਾਲ ਲੀਡ ਹਾਸਲ ਕਰ ਲਈ ਸੀ। ਹਾਲਾਂਕਿ, ਪਹਿਲੇ ਹਾਫ ਦੇ ਇੰਜਰੀ ਟਾਈਮ ਵਿੱਚ ਬੇਲਿੰਗਹੈਮ ਨੇ ਨੇੜਿਓਂ ਗੋਲ ਕਰਕੇ ਸਕੋਰ 1-1 ਕਰ ਦਿੱਤਾ। ਇਸ ਗੋਲ ਨੇ ਵਿਵਾਦ ਪੈਦਾ ਕਰ ਦਿੱਤਾ। ਗੋਲ ਤੋਂ ਠੀਕ ਪਹਿਲਾਂ ਗੇਂਦ ਦੇ ਏਰੀਅਲ ਕੈਮਰਾ ਕੇਬਲ ਨਾਲ ਟਕਰਾਉਣ ਦਾ ਸ਼ੱਕ ਸੀ। ਅਜਿਹੀ ਸਥਿਤੀ ਵਿੱਚ ਖੇਡ ਨੂੰ ਰੋਕਿਆ ਜਾਣਾ ਚਾਹੀਦਾ ਸੀ ਅਤੇ ਡਰੌਪ ਬਾਲ ਨਾਲ ਦੁਬਾਰਾ ਸ਼ੁਰੂ ਕੀਤਾ ਜਾਣਾ ਚਾਹੀਦਾ ਸੀ, ਪਰ ਅਜਿਹਾ ਨਹੀਂ ਹੋਇਆ। ਫੀਫਾ ਨੇ ਬਾਅਦ ਵਿੱਚ ਗੋਲ ਸੰਬੰਧੀ ਇੱਕ ਸਪੱਸ਼ਟੀਕਰਨ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਗੇਂਦ ਹਵਾ ਵਿੱਚ ਹੁੰਦੇ ਹੋਏ ਕਿਸੇ ਓਵਰਹੈੱਡ ਤਾਰ ਨਾਲ ਨਹੀਂ ਟਕਰਾਈ ਅਤੇ ਇਸ ਲਈ ਗੋਲ ਵੈਧ ਸੀ।

ਟੋਰਬਜੋਰਨ ਹੇਗਮ ਨੇ ਹਾਫ ਟਾਈਮ ਤੋਂ ਬਾਅਦ 56ਵੇਂ ਮਿੰਟ ਵਿੱਚ ਇੱਕ ਕਾਰਨਰ ਤੋਂ ਬਾਅਦ ਰੀਬਾਉਂਡ ਤੋਂ ਗੋਲ ਕਰਕੇ ਨਾਰਵੇ ਨੂੰ ਫਿਰ ਲੀਡ ਦਿਵਾਈ, ਪਰ ਬਾਕਸ ਦੇ ਅੰਦਰ ਏਰਲਿੰਗ ਹਾਲੈਂਡ ਵੱਲੋਂ ਫਾਊਲ ਕੀਤੇ ਜਾਣ ਕਾਰਨ ਵੀਡੀਓ ਸਮੀਖਿਆ ਤੋਂ ਬਾਅਦ ਗੋਲ ਨੂੰ ਰੱਦ ਕਰ ਦਿੱਤਾ ਗਿਆ। ਹਾਲੈਂਡ ਦਾ ਇਹ ਪਹਿਲਾ ਵਰਲਡ ਕੱਪ ਮੈਚ ਸੀ, ਜਿਸ ਵਿੱਚ ਉਹ ਗੋਲ ਨਹੀਂ ਕਰ ਸਕਿਆ। ਉਸ ਨੂੰ ਐਕਸਟਰਾ ਟਾਈਮ ਦੇ ਦੂਜੇ ਅੱਧ ਦੌਰਾਨ ਮੈਦਾਨ ਤੋਂ ਬਾਹਰ ਭੇਜ ਦਿੱਤਾ ਗਿਆ। ਬੇਲਿੰਗਹੈਮ ਦੇ ਛੇ ਗੋਲ ਹੋ ਗਏ ਹਨ। ਇੰਗਲਿਸ਼ ਕਪਤਾਨ ਹੈਰੀ ਕੇਨ ਨੇ ਵੀ ਛੇ ਗੋਲ ਕੀਤੇ ਹਨ। ਇਹ ਪਹਿਲਾ ਮੌਕਾ ਹੈ, ਜਦੋਂ ਇੰਗਲੈਂਡ ਦੇ ਦੋ ਖਿਡਾਰੀਆਂ ਨੇ ਇੱਕੋ ਵਰਲਡ ਕੱਪ ਵਿੱਚ ਪੰਜ ਜਾਂ ਵੱਧ ਗੋਲ ਕੀਤੇ ਹਨ। ਗੋਲਕੀਪਰ ਜੌਰਡਨ ਪਿਕਫੋਰਡ ਨੇ ਇੰਗਲੈਂਡ ਲਈ ਆਪਣਾ 18ਵਾਂ ਵਰਲਡ ਕੱਪ ਮੈਚ ਖੇਡ ਕੇ ਨਵਾਂ ਰਿਕਾਰਡ ਬਣਾਇਆ। ਉਸ ਨੇ ਪੀਟਰ ਸ਼ਿਲਟਨ ਦੇ 17 ਮੈਚਾਂ ਦੇ ਰਿਕਾਰਡ ਨੂੰ ਪਿੱਛੇ ਛੱਡ ਦਿੱਤਾ ਹੈ। ਨਾਰਵੇ ਆਪਣਾ ਪਹਿਲਾ ਵਰਲਡ ਕੱਪ ਕੁਆਰਟਰ ਫਾਈਨਲ ਖੇਡ ਰਿਹਾ ਸੀ। ਇਸ ਤੋਂ ਪਹਿਲਾਂ ਉਹ 1938 ਅਤੇ 1998 ਵਿੱਚ ਪ੍ਰੀ-ਕੁਆਰਟਰ ਫਾਈਨਲ (ਰਾਊਂਡ ਆਫ 16) ਵਿੱਚ ਪਹੁੰਚਿਆ ਸੀ ਅਤੇ 1994 ਵਿੱਚ ਗਰੁੱਪ ਪੜਾਅ ਵਿੱਚ ਬਾਹਰ ਹੋ ਗਿਆ ਸੀ। ਇੰਗਲੈਂਡ ਚੌਥੀ ਵਾਰ ਸੈਮੀਫਾਈਨਲ ਵਿੱਚ ਪਹੁੰਚਿਆ ਹੈ। ਇਸ ਤੋਂ ਪਹਿਲਾਂ ਉਹ 1966, 1990 ਅਤੇ 2018 ਵਿੱਚ ਚੋਟੀ ਦੇ ਚਾਰ ਦੇਸ਼ਾਂ ਵਿੱਚ ਰਿਹਾ ਸੀ। ਉਸ ਨੇ 1966 ਵਿੱਚ ਪੱਛਮੀ ਜਰਮਨੀ ਨੂੰ 4-2 ਨਾਲ ਹਰਾ ਕੇ ਆਪਣਾ ਇੱਕੋ-ਇੱਕ ਵਰਲਡ ਕੱਪ ਖਿਤਾਬ ਜਿੱਤਿਆ ਸੀ।

### ਅਮਰੀਕਾ ਨਾਲ ਵਪਾਰ...

ਦੀ ਹਮਾਇਤ ਕੀਤੀ ਗਈ ਅਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਸੇਰੋਂ ਖੰਡ ਮਿੱਲ ਦੀ ਤਬਦੀਲ ਕੀਤੀ ਮਲਕੀਅਤ ਰੱਦ ਕਰਕੇ ਮਿੱਲ ਨੂੰ ਮੁੜ ਚਾਲੂ ਕੀਤਾ ਜਾਵੇ।ਪੰਜਾਬ ਵਿੱਚ ਖ਼ਾਸ ਤੌਰ 'ਤੇ ਕੰਢੀ ਖੇਤਰ ਤੇ ਮਾਲਵਾ ਖੇਤਰ ਵਿੱਚ ਜੰਗਲੀ ਜਾਨਵਰਾਂ ਤੇ ਅਵਾਰਾ ਪਸ਼ੂਆਂ ਸਮੇਤ ਆਵਾਰਾ ਕੁੱਤਿਆਂ ਵੱਲੋਂ ਕੀਤੇ ਜਾ ਰਹੇ ਨੁਕਸਾਨ ਨੂੰ ਕਾਬੂ ਕਰਨ ਲਈ ਵਿਆਪਕ ਪ੍ਰਬੰਧ ਕੀਤੇ ਜਾਣ।ਮੀਟਿੰਗ ਵੱਲੋਂ ਸਰਬ-ਸੰਮਤੀ ਨਾਲ ਸੂਬਾ ਵਰਕਿੰਗ ਕਮੇਟੀ ਵਿੱਚ ਹਰਦੇਵ ਸਿੰਘ ਅਰਸ਼ੀ ਨੂੰ ਸੂਬਾ ਮੀਤ ਪ੍ਰਧਾਨ ਚੁਣਿਆ ਗਿਆ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 1 ਅਗਸਤ ਤੋਂ 3 ਅਗਸਤ ਤੱਕ ਚੰਡੀਗੜ੍ਹ ਵਿਖੇ ਕਿਸਾਨ ਵਰਕਸ਼ਾਪ ਲਗਾਈ ਜਾਵੇਗੀ, ਜਿਸ ਵਿੱਚ ਖੇਤੀ ਅਤੇ ਪੰਜਾਬ ਦੇ ਮੁੱਦਿਆਂ ਦੇ ਮਾਹਰ ਵਿਦਵਾਨ ਕਿਸਾਨਾਂ ਨੂੰ ਵੱਖ-ਵੱਖ ਮੁੱਦਿਆਂ 'ਤੇ ਜਾਗਰੂਕ ਕਰਨਗੇ।

ਮੀਟਿੰਗ ਵਿੱਚ ਵੱਖ-ਵੱਖ ਜ਼ਿਲ੍ਹਿਆਂ ਤੋਂ ਸ਼ਾਮਲ ਕਿਸਾਨ ਸਭਾ ਦੇ ਆਗੂ ਕੁਲਵੰਤ ਸਿੰਘ ਮੌਲਵੀਵਾਲਾ, ਸੁਰਿੰਦਰ ਸਿੰਘ ਢੰਡੀਆਂ, ਲਖਬੀਰ ਸਿੰਘ ਨਿਜ਼ਾਮਪੁਰ, ਸੂਰਤ ਸਿੰਘ ਧਰਮਕੋਟ, ਬਲਕਾਰ ਸਿੰਘ ਵਲਟੋਹਾ, ਚਮਕੌਰ ਸਿੰਘ ਬਰਮੀ, ਜਸਵੀਰ ਸਿੰਘ ਆਕਲੀਆ, ਜਸਵਿੰਦਰ ਸਿੰਘ ਭੰਗਲ, ਬਲਵਿੰਦਰ ਸਿੰਘ ਮੁਹਾਲੀ, ਸੁਖਜਿੰਦਰ ਸਿੰਘ ਤੂੰਬੜਭੰਨ, ਗੁਰਨਾਮ ਸਿੰਘ ਅੌਲਖ, ਗੁਰਦਿੱਤ ਸਿੰਘ ਫਿਰੋਜ਼ਪੁਰ, ਸੁਰਿੰਦਰ ਸਿੰਘ ਮੁਹਾਲੀ, ਲਖਬੀਰ ਸਿੰਘ ਕੱਤੋਵਾਲ, ਰੂਪ ਸਿੰਘ ਢਿੱਲੋਂ ਅਤੇ ਹੋਰ ਬਹੁਤ ਸਾਰੇ ਆਗੂਆਂ ਨੇ ਵੀ ਆਪਣੇ ਵਿਚਾਰ ਰੱਖੇ।

### ਜਦੋਂ ਡਾ. ਮਨਮੋਹਨ ਸਿੰਘ...

ਨਾਰਾਜ਼ਗੀ ਜ਼ਾਹਰ ਕੀਤੀ। ਹਰੀਸ਼ ਖਰੇ ਨੇ ਪੁੱਛਿਆ, 'ਕੀ ਮੈਨੂੰ ਪ੍ਰਧਾਨ ਮੰਤਰੀ ਨੂੰ ਦੱਸਣਾ ਚਾਹੀਦਾ ਹੈ?' ਕੁਰੈਸ਼ੀ ਨੇ ਜਵਾਬ ਦਿੱਤਾ, 'ਹਾਂ, ਇਹੀ ਮੈਂ ਤੁਹਾਨੂੰ ਦੱਸਣ ਲਈ ਕਹਿ ਰਿਹਾ ਹਾਂ।'

ਅਗਲੇ ਦਿਨ ਕੁਰੈਸ਼ੀ ਦੇ ਫੋਨ ਦੀ ਘੰਟੀ ਵੱਜੀ। ਫੋਨ ਕਰਨ ਵਾਲੇ ਨੇ ਕਿਹਾ, 'ਪ੍ਰਧਾਨ ਮੰਤਰੀ ਤੁਹਾਡੇ ਨਾਲ ਤੁਰੰਤ ਗੱਲ ਕਰਨਾ ਚਾਹੁੰਦੇ ਹਨ।' ਕੁਝ ਪਲਾਂ ਬਾਅਦ ਮਨਮੋਹਨ ਸਿੰਘ ਫੋਨ 'ਤੇ ਸਨ। ਉਨ੍ਹਾ ਦੀ ਆਵਾਜ਼ ਵਿੱਚ ਚਿੰਤਾ ਸੀ। ਉਨ੍ਹਾ ਕਿਹਾ, 'ਕੁਰੈਸ਼ੀ ਜੀ, ਕੀ ਮੈਂ ਤੁਹਾਨੂੰ ਤੁਰੰਤ ਮਿਲ ਸਕਦਾ ਹਾਂ? ਉਨ੍ਹਾ ਦੀ ਆਵਾਜ਼ ਤੋਂ ਇੰਝ ਲੱਗਦਾ ਸੀ ਜਿਵੇਂ ਉਹ ਖੁਦ ਮੈਨੂੰ ਮਿਲਣ ਲਈ ਆਉਣ ਲਈ ਤਿਆਰ ਹੋਣ।' ਉਨ੍ਹਾ ਨੇ ਜਵਾਬ ਦਿੱਤਾ, 'ਸਰ, ਤੁਸੀਂ ਪ੍ਰਧਾਨ ਮੰਤਰੀ ਹੋ। ਜਦੋਂ ਵੀ ਤੁਸੀਂ ਕਹੋਗੇ, ਮੈਂ ਆ ਜਾਵਾਂਗਾ। ਮੀਟਿੰਗ ਸ਼ਾਮ 7 ਵਜੇ ਨਿਰਧਾਰਤ ਕੀਤੀ ਗਈ। ਮਨਮੋਹਨ ਸਿੰਘ ਦਰਵਾਜ਼ੇ 'ਤੇ ਉਡੀਕ ਕਰ ਰਹੇ ਸਨ। ਉਹ ਮੈਨੂੰ ਅੰਦਰ ਲੈ ਗਏ ਅਤੇ ਇਸ ਤੋਂ ਪਹਿਲਾਂ ਕਿ ਅਸੀਂ ਠੀਕ ਤਰ੍ਹਾਂ ਬੈਠ ਸਕਦੇ, ਸਿੰਘ ਨੇ ਬਹੁਤ ਦੁਖੀ ਆਵਾਜ਼ ਵਿੱਚ ਕਿਹਾ, 'ਹਰੀਸ਼ ਨੇ ਮੈਨੂੰ ਦੱਸਿਆ ਕਿ ਤੁਸੀਂ ਕੀ ਕਿਹਾ। ਜੇ ਤੁਸੀਂ ਅਜਿਹਾ ਸੋਚਦੇ ਹੋ, ਤਾਂ ਮੈਂ ਖੁਦਕੁਸ਼ੀ ਕਰ ਲਵਾਂਗਾ।' ਕੁਰੈਸ਼ੀ ਉਸ ਸਮੇਂ ਦੇ ਪ੍ਰਧਾਨ ਮੰਤਰੀ ਤੋਂ ਇਹ ਸੁਣ ਕੇ ਹੈਰਾਨ ਰਹਿ ਗਏ। ਉਨ੍ਹਾ ਦੀ ਸ਼ਿਕਾਇਤ ਕੁਝ ਮੰਤਰੀਆਂ ਦੇ ਆਚਰਣ ਬਾਰੇ ਸੀ, ਮਨਮੋਹਨ ਸਿੰਘ ਦੇ ਨਹੀਂ। ਮਨਮੋਹਨ ਸਿੰਘ ਹਮੇਸ਼ਾ ਚੋਣ ਕਮਿਸ਼ਨ ਨੂੰ ਭਾਰਤ ਦਾ ਮਾਣ ਅਤੇ ਦੇਸ਼ ਦੀ ਨਰਮ ਸ਼ਕਤੀ ਦੱਸਦੇ ਸਨ। ਉਨ੍ਹਾ ਲਈ ਇਹ ਕਲਪਨਾ ਕਰਨਾ ਵੀ ਅਸਹਿ ਸੀ ਕਿ ਕੁਰੈਸ਼ੀ ਉਨ੍ਹਾ ਦੇ ਇਰਾਦਿਆਂ 'ਤੇ ਸ਼ੱਕ ਕਰ ਸਕਦੇ ਹਨ। ਮਨਮੋਹਨ ਸਿੰਘ ਨੇ ਉਨ੍ਹਾ ਨੂੰ ਕਿਹਾ, 'ਮੈਨੂੰ ਕੋਈ ਪਤਾ ਨਹੀਂ ਸੀ। ਜੇ ਮੈਨੂੰ ਪਤਾ ਹੁੰਦਾ, ਤਾਂ ਮੈਂ ਉਨ੍ਹਾਂ ਨੂੰ ਸਖਤੀ ਨਾਲ ਝਿੜਕਦਾ। ਜੇ ਤੁਸੀਂ ਕਦੇ ਕੁਝ ਕਹਿਣਾ ਹੈ, ਤਾਂ ਬੱਸ ਫੋਨ ਚੁੱਕੋ ਅਤੇ ਮੇਰੇ ਨਾਲ ਗੱਲ ਕਰੋ।' ਕੁਰੈਸ਼ੀ ਨੇ ਲਿਖਿਆ ਹੈ ਕਿ ਇਸ ਮੁਲਾਕਾਤ ਨੇ ਉਨ੍ਹਾ ਨੂੰ ਧੁਰ ਅੰਦਰ ਤੱਕ ਹਿਲਾ ਦਿੱਤਾ। ਉਨ੍ਹਾ ਨੂੰ ਇੱਕ ਅਜਿਹੇ ਨੇਤਾ ਦਾ ਸਾਹਮਣਾ ਕਰਨਾ ਪਿਆ, ਜਿਸ ਲਈ ਸੰਵਿਧਾਨਕ ਮਰਿਆਦਾ ਸਿਰਫ ਰਸਮੀ ਨਹੀਂ ਸੀ, ਸਗੋਂ ਉਨ੍ਹਾ ਦੇ ਆਚਰਣ ਅਤੇ ਸੋਚ ਦਾ ਇੱਕ ਅਨਿੱਖੜਵਾਂ ਅੰਗ ਸੀ। ਉਸ ਮੀਟਿੰਗ ਤੋਂ ਬਾਅਦ ਚੋਣ ਕਮਿਸ਼ਨ ਬਾਰੇ ਬਿਆਨਬਾਜ਼ੀ ਬੰਦ ਹੋ ਗਈ।

### ਲੋਕ ਹਿੱਤਾਂ ਦੀ ਰਾਖੀ...

ਕਿਸਾਨੀ ਨੂੰ ਵੀ ਉਜਾੜ ਰਹੀ ਹੈ।ਉਨ੍ਹਾਂ ਨੂੰ ਨਾ ਉਚਿਤ ਮਾਤਰਾ ਵਿਚ ਪਾਣੀ ਮਿਲਦਾ ਹੈ, ਨਾ ਬੀਜ, ਖਾਦਾਂ ਅਤੇ ਨਾ ਕੀਟਨਾਸ਼ਕ ਹੀ ਮਿਲਦੇ ਹਨ। ਕਿਸਾਨ ਦੇਸ਼ ਦਾ ਭੁੱਖਾ ਢਿੱਡ ਭਰਨ ਲਈ ਸਮਰਥਾ ਤੋਂ ਵੱਧ ਅਨਾਜ ਪੈਦਾ ਕਰਦੇ ਹਨ।

ਭਾਵੇਂਕਿ ਫਸਲ ਦੀ ਘੱਟੋ-ਘੱਟ ਨਿਸਚਿਤ ਕੀਮਤ ਵੀ ਉਨ੍ਹਾਂ ਨੂੰ ਨਹੀਂ ਮਿਲਦੀ ਮੋਦੀ ਸਰਕਾਰ ਸਸਤਾ ਅਨਾਜ ਅਮਰੀਕਾ ਤੋਂ ਖਰੀਦ ਕੇ ਵੀ ਕਿਸਾਨੀ ਨਾਲ ਧੋਖਾ ਕਰਦੀ ਹੈ, ਕਿਉਂ ਕਿ ਭਾਰਤੀ ਕਿਸਾਨਾਂ ਦੀਆਂ ਸਬਸਿਡੀਆਂ ਖਤਮ ਕਰੀ ਜਾਂਦੀ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਸੂਬਾ ਵਾਸੀਆਂ ਨੂੰ ਮੁਫ਼ਤ ਸਹੂਲਤਾਂ ਦੀ ਸੁਆਦੀ ਟੌਫੀ ਦੇ ਕੇ ਉਨ੍ਹਾਂ ਦੇ ਹਿੱਸੇ ਦਾ ਖੋਆ ਆਪ ਖਾ ਰਹੀ ਹੈ। ਸਾਨੂੰ ਲੋਕ-ਪੱਖੀ ਸ਼ਕਤੀਆਂ ਨੂੰ ਇਕੱਠੇ ਕਰਕੇ ਲੋਕ ਹਿੱਤਾਂ ਦੀ ਰਾਖੀ ਲਈ ਪਹਿਰਾ ਦੇਣਾ ਪਵੇਗਾ ਅਤੇ ਭਵਿੱਖ ਵਿੱਚ ਲੰਮੇ ਸੰਘਰਸ਼ ਕਰਨੇ ਪੈਣਗੇ।ਸੰਖੇਪ ਸ਼ਬਦਾਂ ਵਿੱਚ ਬੰਤ ਬਰਾੜ ਨੇ ਕਿਹਾ ਕਿ ਪੰਜਾਬ ਜਾਣਬੁਝ ਕੇ ਉਜਾੜਿਆ ਜਾ ਰਿਹਾ ਹੈ। ਨਸ਼ਾ ਤਸਕਰ ਅਤੇ ਗੈਂਗਸਟਰ ਸ਼ਰੇਆਮ ਕਤਲ ਕਰਦੇ ਘੁੰਮ ਰਹੇ ਹਨ। ਵਪਾਰੀ ਭੈਭੀਤ ਹੋ ਕੇ ਸੂਬੇ ਤੋਂ ਪਲਾਇਨ ਕਰ ਰਹੇ ਹਨ। ਸੂਬੇ ਦਾ ਖਜ਼ਾਨਾ ਖਾਲੀ ਹੈ, ਸੂਬੇ ਸਿਰ ਕਰਜ਼ਾ ਹਰ ਸਾਲ ਵਧਦਾ ਜਾ ਰਿਹਾ ਹੈ, ਜੋ ਸੌ ਸਾਲ ਤੱਕ ਨਹੀਂ ਉਤਰਨਾ। ਮਨਰੇਗਾ ਵਿਚ ਬੇਲੋੜੀਆਂ ਸੋਧਾਂ ਕਾਰਨ ਕਿਰਤੀਆਂ ਦੀ ਲੁੱਟ ਕਈ ਗੁਣਾ ਵਧੀ ਹੈ, ਕੰਮ ਘੰਟਿਆਂ ਦੀ ਗਰੰਟੀ ਘਟੀ ਹੈ। ਆਂਗਨਵਾੜੀ ਕਿਰਤੀ, ਈ ਟੀ ਟੀ ਅਧਿਆਪਕ ਅਤੇ ਹਰ ਵਰਗ ਦੇ ਕਾਮਿਆਂ ਦੇ ਵਿਰੋਧ ਦੀ ਅਵਾਜ਼ ਦਬਾਉਣ ਲਈ ਸੂਬਾ ਸਰਕਾਰ ਡੰਡੇ ਦੇ ਨਾਜਾਇਜ਼ ਜ਼ੋਰ ਦੀ ਵਰਤੋਂ ਕਰਦੀ ਹੈ, ਪਰ ਕਿਰਤੀ ਝੁਕਣ ਦੀ ਥਾਂ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਫੇਰ ਸੰਘਰਸ਼ ਕਰਦੇ ਹਨ।

ਉਪਰੋਕਤ ਤੋਂ ਇਲਾਵਾ ਕਨਵੈਨਸ਼ਨ ਦੌਰਾਨ ਦੇਵੀ ਦਿਆਲ ਸ਼ਰਮਾ, ਰਾਜ ਕੁਮਾਰ, ਭੁਪਿੰਦਰ ਸਿੰਘ, ਪ੍ਰੀਤਮ ਸਿੰਘ ਹੁੰਦਲ ਅਤੇ ਕਰਮ ਸਿੰਘ ਵਕੀਲ ਨੇ ਵੀ ਸੰਬੋਧਨ ਕੀਤਾ। ਕਨਵੈਨਸ਼ਨ ਦੌਰਾਨ ਬਲਵਿੰਦਰ ਸਿੰਘ ਜੜੋਤ, ਗੁਰਦਿਆਲ ਸਿੰਘ, ਸਗੀਰ ਅਹਿਮਦ, ਵੀਨਾ ਜੰਮੂ, ਅੰਮ੍ਰਿਤ ਲਾਲ, ਸ਼ਿੰਗਾਰਾ ਸਿੰਘ, ਦਿਲਬਾਗ ਸਿੰਘ, ਸੇਵਕ ਸਿੰਘ, ਸਾਥੀ ਮਨੱਵਰ, ਜਸਵੰਤ ਸਿੰਘ, ਦਲੀਪ ਕੁਮਾਰ, ਅਮਰ ਸਿੰਘ, ਬਲਕਾਰ ਸਿੱਧੂ, ਮਨਜੀਤ ਮੀਤ, ਕ੍ਰਿਸ਼ਨ ਲਾਲ, ਰਾਜੀਵ ਕੁਮਾਰ, ਚੰਦਰ ਭਾਨ, ਭਾਗ ਸਿੰਘ, ਸੁਰਜੀਤ ਕੌਰ, ਪ੍ਰਲਾਦ ਸਿੰਘ ਅਤੇ ਸਤਿਆਵੀਰ ਸਮੇਤ ਤਕਰੀਬਨ 50 ਬਰਾਂਚਾਂ ਦੇ 100 ਰਹਿਨੁਮਾ ਸਾਥੀ ਸ਼ਾਮਲ ਹੋਏ। ਕਨਵੈਨਸ਼ਨ ਵਿੱਚ ਆਏ ਸਾਥੀਆਂ ਦਾ ਧੰਨਵਾਦ ਪ੍ਰੀਤਮ ਸਿੰਘ ਹੁੰਦਲ ਨੇ ਕੀਤਾ।

## ਗੁਰੂ ਰਵਿਦਾਸ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਤਹਿਤ ਵੈਨ ਚੋਟੀਆਂ ਤੇ ਕੋਟਭਾਈ ਪੁੱਜੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸ਼ੁਰੂ ਕੀਤੀ ਗਈ ਰਾਜ ਪੱਧਰੀ ਜਾਗਰੂਕਤਾ ਮੁਹਿੰਮ ਤਹਿਤ ਪ੍ਰਚਾਰ ਵੈਨ ਵਿਧਾਨ ਸਭਾ ਹਲਕਾ ਗਿੱਦੜਬਾਹਾ ਦੇ ਪਿੰਡ ਚੋਟੀਆਂ ਤੇ ਕੋਠੇ ਦਸ਼ਮੇਸ ਨਗਰ (ਕੋਟਭਾਈ) ਵਿਖੇ ਪਹੁੰਚੀ।ਦੋਵੇਂ ਪਿੰਡਾਂ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਉਨ੍ਹਾਂ ਦੀ ਬਾਣੀ ਤੇ ਮਨੁੱਖਤਾ ਲਈ ਦਿੱਤੇ ਅਮੁੱਲੇ ਸੰਦੇਸ਼ਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ।ਪ੍ਰਚਾਰ ਵੈਨ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਆਪਸੀ ਸਦਭਾਵਨਾ ਤੇ ਊਚ-ਨੀਚ ਦੇ ਭੇਦਭਾਵ ਨੂੰ ਖਤਮ ਕਰਨ ਦੇ ਸੰਦੇਸ਼ 'ਤੇ ਅਧਾਰਤ ਕਰੀਬ 60 ਮਿੰਟ ਦੀ ਪ੍ਰਭਾਵਸ਼ਾਲੀ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ। ਹਾਜ਼ਰ ਲੋਕਾਂ ਨੇ ਇਸ ਡਾਕੂਮੈਂਟਰੀ ਨੂੰ ਬਹੁਤ ਸ਼ਰਧਾ ਤੇ ਰੁਚੀ ਨਾਲ ਦੇਖਿਆ ਅਤੇ ਗੁਰੂ ਸਾਹਿਬ ਦੇ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਦਾ ਸੰਕਲਪ ਵੀ ਲਿਆ।

## ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵੱਖ-ਵੱਖ ਪਿੰਡਾਂ 'ਚ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਆਪਣੇ ਹਲਕੇ ਦੇ ਪਿੰਡ ਕਿਲ੍ਹਾ ਭਰੀਆਂ ਤੇ ਬਹਾਦਰਪੁਰ ਵਿਖੇ ਪਹੁੰਚ ਕੇ 'ਲੋਕ ਮਿਲਣੀ' ਪ੍ਰੋਗਰਾਮ ਤਹਿਤ ਹਲਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ।ਇਸ ਦੌਰਾਨ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਪਿੰਡ ਵਾਸੀਆਂ ਤੇ ਇਲਾਕਾ ਨਿਵਾਸੀਆਂ ਨੇ ਕੈਬਨਿਟ ਮੰਤਰੀ ਦਾ ਨਿੱਘਾ ਸਵਾਗਤ ਕੀਤਾ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੇ ਪੰਜਾਬ ਵਿੱਚ ਮੰਤਰੀਆਂ, ਵਿਧਾਇਕਾਂ ਤੇ ਉੱਚ ਅਧਿਕਾਰੀਆਂ ਨੂੰ ਲੋਕਾਂ ਦੇ ਦਰਮਿਆਨ ਜਾ ਕੇ ਉਨ੍ਹਾਂ ਦੇ ਮਸਲੇ ਹੱਲ ਕਰਨ ਦੀ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ।ਇਸੇ ਤਹਿਤ ਉਹ ਅੱਜ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਦੀਆਂ ਮੰਗਾਂ ਤੇ ਸਮੱਸਿਆਵਾਂ ਨੂੰ ਨੇੜਿਓਂ ਜਾਣ ਰਹੇ ਹਨ। ਸ੍ਰੀ ਅਰੋੜਾ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਆਪ ਸਰਕਾਰ ਨੇ ਜੋ ਇਤਿਹਾਸਕ ਤੇ ਬੇਮਿਸਾਲ ਵਿਕਾਸ ਕਾਰਜ ਕੀਤੇ ਹਨ, ਉਸ ਤੋਂ ਜਨਤਾ ਭਲੀਭਾਂਤ ਜਾਣੂ ਹੈ।ਉਨ੍ਹਾਂ ਕਿਹਾ ਕਿ ਸਾਨੂੰ ਲੋਕਾਂ ਨੂੰ ਦੱਸਣ ਦੀ ਲੋੜ ਨਹੀਂ ਪੈਂਦੀ, ਬਲਕਿ ਲੋਕ ਖੁਦ ਅੱਗੇ ਹੋ ਕੇ ਸਰਕਾਰ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕਰ ਰਹੇ ਹਨ ਅਤੇ ਖੁਸ਼ੀ ਦਾ ਇਜ਼ਹਾਰ ਕਰ ਰਹੇ ਹਨ ਕਿ ਜੋ ਕੰਮ ਪਹਿਲਾਂ ਕਦੇ ਸੋਚੇ ਵੀ ਨਹੀਂ ਸਨ, ਉਹ ਮੌਜੂਦਾ ਸਰਕਾਰ ਨੇ ਕਰ ਦਿਖਾਏ ਹਨ।ਉਨ੍ਹਾਂ ਮੌਕੇ 'ਤੇ ਹੀ ਖੇਡ ਕਲੱਬਾਂ ਤੇ ਨੌਜਵਾਨਾਂ ਵੱਲੋਂ ਜਿੰਮ ਦੀਆਂ ਮੰਗਾਂ ਸਮੇਤ ਕਈ ਹੋਰ ਮੰਗ ਪੱਤਰ ਵੀ ਪ੍ਰਾਪਤ ਕੀਤੇ ਅਤੇ ਉਨ੍ਹਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ।ਇਸ ਮੌਕੇ ਉਨ੍ਹਾਂ ਦੇ ਨਾਲ ਇਲਾਕੇ ਦੇ ਮੋਹਤਬਰ ਆਗੂ, ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਚੋਰ ਗਰੋਹ ਵੱਲੋਂ ਗੁਰਮ 'ਚ ਖੇਤੀ ਮੋਟਰਾਂ ਤੋਂ ਕੇਬਲਾਂ ਚੋਰੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਗੁਰਮ ਵਿਖੇ ਚੋਰ ਗਰੋਹ ਵੱਲੋਂ ਇੱਕੋ ਰਾਤ 'ਚ 15 ਖੇਤੀ ਮੋਟਰਾਂ ਦੀਆਂ ਕੇਬਲ ਤਾਰਾਂ ਵੱਢ ਕੇ ਲੈ ਜਾਣ ਦੀ ਖ਼ਬਰ ਮਿਲੀ ਹੈ। ਜਾਣਕਾਰੀ ਅਨੁਸਾਰ ਚੋਰ ਗਰੋਹ ਦੇ ਮੈਂਬਰ ਖੇਤਾਂ 'ਚ ਮੋਟਰਾਂ ਦੀਆਂ ਕੋਠੀਆਂ ਦੇ ਜਿੰਦਰੇ ਤੋੜ ਕੇ ਚੋਰੀ ਦੀ ਘਟਨਾ ਨੂੰ ਅੰਜਾਮ ਦਿੱਤਾ।ਸਵੇਰ ਵੇਲੇ ਜਦੋਂ ਕਿਸਾਨ ਆਪਣੇ ਖੇਤਾਂ 'ਚ ਗਏ ਤਾਂ ਮੋਟਰਾਂ ਦੀਆਂ ਕੋਠੀਆਂ ਦੇ ਜਿੰਦਰੇ ਟੁੱਟੇ ਹੋਏ, ਕੇਬਲਾਂ ਤਾਰਾਂ ਗਾਇਬ ਦੇਖ ਕੇ ਹੱਕੇ ਬੱਕੇ ਰਹਿ ਗਏ।ਇਸ ਸਬੰਧੀ ਕਿਸਾਨਾਂ ਦਾ ਕਹਿਣਾ ਹੈ ਕਿ ਚੋਰਾਂ ਨੇ ਯੋਜਨਾਬੱਧ ਢੰਗ ਨਾਲ ਇੱਕ ਤੋਂ ਬਾਅਦ ਇੱਕ 15 ਮੋਟਰਾਂ ਨੂੰ ਨਿਸ਼ਾਨਾ ਬਣਾਇਆ, ਜਿਸ ਤੋਂ ਸਪੱਸ਼ਟ ਹੁੰਦਾ ਹੈ ਕਿ ਵਾਰਦਾਤ ਨੂੰ ਪੂਰੀ ਤਿਆਰੀ ਨਾਲ ਅੰਜਾਮ ਦਿੱਤਾ ਗਿਆ। ਪੀੜਤ ਕਿਸਾਨਾਂ ਸੁਖਚੈਨ ਸਿੰਘ, ਚਮਕੌਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਦਰਸ਼ਨ ਸਿੰਘ, ਪਿਆਰਾ ਸਿੰਘ, ਗੁਰਜੰਟ ਸਿੰਘ, ਹਰਦੀਪ ਸਿੰਘ, ਨਾਜਰ ਸਿੰਘ, ਸਰਦਾਰਾ ਸਿੰਘ, ਦਰਸ਼ਨ ਸਿੰਘ, ਬਹਾਦਰ ਸਿੰਘ, ਇੰਦਰਜੀਤ ਸਿੰਘ, ਕੁਲਦੀਪ ਸਿੰਘ, ਇੰਦਰਜੀਤ ਸਿੰਘ ਆਦਿ ਕਿਸਾਨਾਂ ਦੀਆਂ ਖੇਤੀ ਮੋਟਰਾਂ ਤੋਂ ਹਜ਼ਾਰਾ ਰੁਪਏ ਦੀਆਂ ਕੇਬਲ ਤਾਰਾਂ ਚੋਰੀ ਕੀਤੀਆਂ ਗਈਆਂ।ਥਾਣਾ ਠੁੱਲੀਵਾਲ ਦੇ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਪੁਲਸ ਪਾਰਟੀ ਸਮੇਤ ਘਟਨਾ ਸਥਾਨ ਦਾ ਜਾਇਜ਼ਾ ਲਿਆ।ਉਨ੍ਹਾਂ ਵਿਸ਼ਵਾਸ ਦੁਆਇਆ ਕਿ ਪੁਲਸ ਛੇਤੀ ਹੀ ਚੋਰ ਗਰੋਹ ਨੂੰ ਕਾਬੂ ਕਰਨ 'ਚ ਸਫਲਤਾ ਹਾਸਲ ਕਰੇਗੀ।

## ਪੁਲਸ ਪੈਨਸ਼ਨਰਜ਼ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਚੋਣ



**ਸਮਰਾਲਾ (ਸੁਰਜੀਤ ਸਿੰਘ)**-ਪੁਲਸ ਪੈਨਸ਼ਨਰਜ਼ ਐਸੋਸੀਏਸ਼ਨ ਪੁਲਸ ਜ਼ਿਲ੍ਹਾ ਖੰਨਾ ਦੇ ਅਹੁਦੇਦਾਰਾਂ ਦੀ ਚੋਣ ਸਮਸ਼ੇਰ ਸਿੰਘ ਪ੍ਰਧਾਨ ਪੁਲਸ ਜ਼ਿਲ੍ਹਾ ਫਤਿਹਗੜ੍ਹ ਸਾਹਿਬ ਪ੍ਰਜ਼ਾਇਡਿੰਗ ਅਫਸਰ ਤੇ ਪਰਮਜੀਤ ਸਿੰਘ ਚੰਡੀਗੜ੍ਹ ਆਬਜ਼ਰਵਰ ਦੀ ਨਿਗਰਾਨੀ ਹੇਠ ਹੋਈ।ਚੋਣ ਪ੍ਰਕ੍ਰਿਆ ਦੌਰਾਨ ਸਤਨਾਮ ਸਿੰਘ ਬੈਂਸ ਰਿਟਾਇਰਡ ਐੱਸ ਪੀ ਨੂੰ ਬਤੌਰ ਪ੍ਰਧਾਨ, ਪਰਮਜੀਤ ਸਿੰਘ ਡੀਐੱਸਪੀ (ਰਿਟਾ.) ਨੂੰ ਸੀਨੀਅਰ ਮੀਤ ਪ੍ਰਧਾਨ ਤੇ ਹਰਜਿੰਦਰ ਸਿੰਘ ਲੋਪੋਂ ਜਨਰਲ ਸਕੱਤਰ ਨੂੰ ਨਿਰਵਿਰੋਧ ਸਰਵਸੰਮਤੀ ਨਾਲ ਚੁਣ ਲਿਆ ਗਿਆ।ਰਛਪਾਲ ਸਿੰਘ ਰਿਟਾ. ਕਮਾਂਡੈਂਟ ਨੂੰ ਚੇਅਰਮੈਨ ਚੁਣਿਆ ਗਿਆ।ਇਸ ਤੋਂ ਇਲਾਵਾ ਜਾਗਰ ਸਿੰਘ, ਜਗਦੀਸ਼ ਸਿੰਘ, ਗੁਰਮੇਜ ਸਿੰਘ, ਬਲਵਿੰਦਰ ਸਿੰਘ, ਚਰਨਜੀਤ ਸਿੰਘ, ਪ੍ਰਿਥਵੀ ਸਿੰਘ, ਕੁਲਦੀਪ ਸਿੰਘ ਤੇ ਰਾਮ ਮੂਰਤੀ ਨੂੰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ।ਜਸਵਿੰਦਰ ਸਿੰਘ ਨੂੰ ਖਜ਼ਾਨਚੀ ਦਾ ਅਹੁਦਾ ਸੌਂਪਿਆ ਗਿਆ ਹੈ। ਚੋਣ ਪ੍ਰਕਿਰਆ ਵਿੱਚ ਹਾਜ਼ਰ ਆਏ ਸਾਰੇ ਰਿਟਾਇਰਡ ਪੁਲਸ ਅਧਿਕਾਰੀਆਂ ਦਾ ਪ੍ਰਧਾਨ ਸਤਨਾਮ ਸਿੰਘ ਬੈਂਸ ਨੇ ਧੰਨਵਾਦ ਕੀਤਾ।

## ਫ਼ਿਲਮ ਸਤਲੁਜ 'ਤੇ ਬੈਨ ਸਿੱਖਾਂ ਨਾਲ ਧੱਕਾ : ਗਿਆਨੀ ਹਰਪ੍ਰੀਤ ਸਿੰਘ



**ਧੂਰੀ (ਮਨੋਹਰ ਸਿੰਘ ਸੱਗੂ, ਮੋਹਿਤ ਗਰਗ, ਬਿਨੀ ਗਰਗ)**-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਮਨੁੱਖੀ ਅਧਿਕਾਰ ਕਾਰਕੁੰਨ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਵੱਲੋਂ ਕੀਤੇ ਗਏ ਸੰਘਰਸ਼ 'ਤੇ ਅਧਾਰਤ ਬਣੀ ਫਿਲਮ 'ਸਤਲੁਜ' ਨੂੰ ਬੈਨ ਕੀਤੇ ਜਾਣ ਨੂੰ ਸਿੱਖਾਂ ਨਾਲ ਧੱਕਾ ਕਰਾਰ ਦਿੰਦਿਆਂ ਕਿਹਾ ਕਿ ਜਦੋਂ 'ਕਸ਼ਮੀਰ ਫਾਈਲ' ਤੇ 'ਕੇਰਲਾ ਸਟੋਰੀ' ਵਰਗੀਆਂ ਫ਼ਿਲਮਾਂ ਦੇਸ਼ ਅੰਦਰ ਚੱਲ ਸਕਦੀਆਂ ਹਨ, ਫੇਰ 'ਸਤਲੁਜ' 'ਤੇ ਬੈਨ ਕਿਉਂ? ਗਿਆਨੀ ਹਰਪ੍ਰੀਤ ਸਿੰਘ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਵੱਲੋਂ ਸੰਤ ਬਾਬਾ ਮਹਿੰਦਰ ਸਿੰਘ ਢਢੋਗਲ ਦੀ ਮਨਾਈ ਗਈ 23ਵੀਂ ਬਰਸੀ ਦੇ ਸਮਾਗਮ 'ਚ ਹਾਜ਼ਰੀ ਲੁਆਉਣ ਉਪਰੰਤ ਅਕਾਲੀ ਦਲ (ਪੁਨਰ ਸੁਰਜੀਤ) ਦੇ ਆਗੂ ਪਰਮਜੀਤ ਸਿੰਘ ਪੰਮਾ ਦੇ ਦਫ਼ਤਰ ਵਿਖੇ ਗੱਲਬਾਤ ਕਰ ਰਹੇ ਸਨ। ਫ਼ਿਲਮ 'ਸਤਲੁਜ' ਬਾਰੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਦਿੱਤੇ ਜਾ ਰਹੇ ਭੜਕਾਊ ਬਿਆਨਾਂ ਬਾਰੇ ਉਨ੍ਹਾਂ ਕਿਹਾ ਕਿ ਬਿੱਟੂ ਭਾਈਚਾਰਕ ਸਾਂਝ ਤੋੜਨ ਵਾਲੀ ਗੱਲ ਕਰ ਰਹੇ ਹਨ, ਜਿਸ ਸਾਂਝ ਨੂੰ ਉਨ੍ਹਾਂ ਦਾ ਦਾਦਾ ਵੀ ਨਹੀਂ ਤੋੜ ਸਕਿਆ ਸੀ।ਪੰਥਕ ਧਿਰਾਂ ਦਰਮਿਆਨ ਏਕਤਾ ਤੇ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਉਨ੍ਹਾਂ ਦੀ ਪਾਰਟੀ ਕਿਹੜੀ ਸਿਆਸੀ ਧਿਰ ਨਾਲ ਚੋਣ ਸਮਝੌਤਾ ਕਰੇਗੀ, ਬਾਰੇ ਪੁੱਛੇ ਜਾਣ 'ਤੇ ਗਿਆਨੀ ਹਰਪ੍ਰੀਤ ਸਿੰਘ ਨੇ ਕੋਈ ਸਪਸ਼ਟ ਜਬਾਬ ਦੇਣ ਦੀ ਬਜਾਏ ਗੋਲ ਮੋਲ ਗੱਲ ਕਰਦਿਆਂ ਕਿਹਾ ਕਿ ਇਹ ਤਾਂ ਸਮਾਂ ਹੀ ਦੱਸੇਗਾ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

## ਵਰਕਰਾਂ ਨੂੰ ਬਣਦਾ ਮਾਣ-ਸਨਮਾਨ ਦਿੰਦੇ ਹਨ ਤਰੁਣ ਚੁੱਘ : ਰਾਜ ਕੁਮਾਰ

**ਛੇਹਰਟਾ, (ਮਨੋਜ ਕੁਮਾਰ)** : ਕਟੜਾ ਭਾਈ ਸੰਤ ਸਿੰਘ ਮੰਡਲ ਦੇ ਸੀਨੀਅਰ ਭਾਜਪਾ ਆਗੂ ਰਾਜ ਕੁਮਾਰ ਬਿੱਟੂ ਨੇ ਨਵੀਂ ਦਿੱਲੀ ਵਿਚ ਭਾਜਪਾ ਦੇ ਰਾਸ਼ਟਰੀ ਜਨਰਲ ਸਕੱਤਰ ਤੇ ਰਾਜ ਸਭਾ



ਮੈਂਬਰ ਤਰੁਣ ਚੁੱਘ ਨਾਲ ਮੁਲਾਕਾਤ ਕੀਤੀ। ਮੀਟਿੰਗ ਦੌਰਾਨ ਅੰਮ੍ਰਿਤਸਰ ਸਮਾਰਟ ਸਿਟੀ ਪ੍ਰੋਜੈਕਟ ਤੇ ਸ਼ਹਿਰ ਦੇ ਬੁਨਿਆਦੀ ਢਾਂਚੇ ਤੇ ਲੰਬੇ ਸਮੇਂ ਤੋਂ ਅਟਕੇ ਪ੍ਰੋਜੈਕਟਾਂ ਨਾਲ ਸਬੰਧਤ ਵਿਕਾਸ ਕਾਰਜ਼ਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਰਾਜ ਕੁਮਾਰ ਬਿੱਟੂ ਨੇ ਅੰਮ੍ਰਿਤਸਰ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਤੇ ਦੇਸ਼-ਵਿਦੇਸ਼ ਤੋਂ ਸੈਲਾਨੀਆਂ ਨੂੰ ਆਵਾਜਾਈ, ਸਾਫ਼- ਸਫ਼ਾਈ, ਪਾਰਕਿੰਗ ਤੇ ਹੋਰ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਅਤੇ ਇਨ੍ਹਾਂ ਮੁੱਦਿਆਂ ਦੇ ਜਲਦੀ ਹੱਲ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਮੀਟਿੰਗ ਵਿਚ ਪੰਜਾਬ ਦੀ ਮੌਜੂਦਾ ਕਾਨੂੰਨ ਵਿਵਸਥਾ ਦੀ ਸਥਿਤੀ, ਨਸ਼ਿਆਂ ਦੀ ਸਮੱਸਿਆ, ਅਪਰਾਧ, ਸਰਹੱਦੀ ਸੁਰੱਖਿਆ ਤੇ ਵਿਕਾਸ ਬਾਰੇ ਵੀ ਚਰਚਾ ਕੀਤੀ ਗਈ। ਤਰੁਣ ਚੁੱਘ ਨੇ ਕਿਹਾ ਕਿ ਪੰਜਾਬ ਨੂੰ ਸੁਰੱਖਿਅਤ, ਵਿਕਸਤ ਤੇ ਨਿਵੇਸ਼-ਅਨੁਕੂਲ ਬਣਾਉਣਾ ਸਮੇਂ ਦੀ ਸਭ ਤੋਂ ਵੱਡੀ ਜ਼ਰੂਰਤ ਹੈ ਅਤੇ ਭਾਜਪਾ ਜਨਤਕ ਹਿੱਤਾਂ ਨਾਲ ਸਬੰਧਤ ਹਰ ਮੁੱਦੇ ਨੂੰ ਜ਼ੋਰਦਾਰ ਢੰਗ ਨਾਲ ਉਠਾਉਂਦੀ ਰਹੇਗੀ। ਰਾਜ ਕੁਮਾਰ ਬਿੱਟੂ ਨੇ ਕਿਹਾ ਕਿ ਕਾਂਗਰਸ ਪਾਰਟੀ ਜਨਤਕ ਮੁੱਦਿਆਂ ਤੋਂ ਪੂਰੀ ਤਰ੍ਹਾਂ ਕੱਟ ਚੁੱਕੀ ਹੈ। ਪੰਜਾਬ ਦੇ ਲੋਕ ਮਹਿੰਗਾਈ, ਬੇਰੁਜ਼ਗਾਰੀ, ਕਾਨੂੰਨ ਵਿਵਸਥਾ ਵਰਗੇ ਗੰਭੀਰ ਮੁੱਦਿਆਂ ਦਾ ਹੱਲ ਚਾਹੁੰਦੇ ਹਨ, ਜਦੋਂ ਕਿ ਕਾਂਗਰਸ ਪਾਰਟੀ ਸੂਬਾ ਪ੍ਰਧਾਨ ਦੇ ਅਹੁਦੇ ਨੂੰ ਲੈ ਕੇ ਅੰਦਰੂਨੀ ਝਗੜੇ ਵਿਚ ਉਲਝੀ ਹੋਈ ਹੈ। ਉਨ੍ਹਾਂ ਕਿਹਾ ਕਿ ਦੂਜੇ ਪਾਸੇ ਤਰੁਣ ਚੁੱਘ ਹਮੇਸ਼ਾ ਵਰਕਰਾਂ ਨੂੰ ਮਾਣ ਦਿੰਦੇ ਹਨ, ਪਾਰਟੀ ਨੂੰ ਮਜ਼ਬੂਤ ਕਰਨ ਵਿਚ ਲੱਗੇ ਰਹਿੰਦੇ ਹਨ ਤੇ ਦੇਸ਼ ਹਿੱਤ ਦੇ ਮੁੱਦਿਆਂ ਨੂੰ ਤਰਜੀਹ ਦਿੰਦੇ ਹਨ। ਇਹੀ ਕਾਰਨ ਹੈ ਕਿ ਦੇਸ਼ ਭਰ ਦੇ ਭਾਜਪਾ ਵਰਕਰਾਂ ਨੂੰ ਉਨ੍ਹਾਂ ਉਪਰ ਪੂਰਾ ਵਿਸ਼ਵਾਸ ਤੇ ਮਾਣ ਹੈ।

## ਖੰਡ ਮਿੱਲ ਸੇਰੋਂ ਨੂੰ ਸਰਕਾਰ ਤੁਰੰਤ ਚਾਲੂ ਕਰੇ ਨਹੀਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ : ਮਨਜੀਤ ਸਿੰਘ ਬਾਗ਼ੂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਜਮਹੂਰੀ ਕਿਸਾਨ ਸਭਾ ਪੰਜਬ ਤਰਨ ਤਾਰਨ ਦੇ ਜ਼ਿਲਾ ਪ੍ਰਧਾਨ ਮਨਜੀਤ ਸਿੰਘ ਬਾਗੂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਨੇ ਤਰਨ ਤਾਰਨ ਕੋਆਪਰੇਟਿਵ ਸ਼ੂਗਰ ਮਿੱਲ ਲਿਮਿਟਡ ਦਾ ਦੌਰਾ ਕਰਕੇ ਮਿੱਲ ਦੀ ਮੌਜੂਦਾ ਹਾਲਤ ਦਾ ਜਾਇਜ਼ਾ ਲਿਆ।ਮਿੱਲ ਬੰਦ ਪਈ ਹੈ। ਮੁੜ ਚਾਲੂ ਕਰਵਾਉਣ ਲਈ ਸੰਯੁਕਤ ਕਿਸਾਨ ਮੋਰਚੇ ਨਾਲ ਜੁੜੀਆਂ ਕਿਸਾਨ ਜਥੇਬੰਦੀਆਂ ਵੱਲੋਂ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ।ਪੱਕਾ ਮੋਰਚਾ ਜਾਰੀ ਹੈ ਅਤੇ ਧਰਨੇ, ਰੋਸ ਪ੍ਰਦਰਸ਼ਨ ਲਗਾਤਾਰ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਮਿੱਲ ਚਾਲੂ ਹੋਣ ਨਾਲ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹ ਮਿਲੇਗਾ, ਗੰਨਾ ਕਾਸ਼ਤਕਾਰਾਂ ਨੂੰ ਲਾਭ ਹੋਵੇਗਾ ਅਤੇ ਇਲਾਕੇ ਦੇ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਹੋਣਗੇ।ਮਨਜੀਤ ਸਿੰਘ ਬਾਗੂ ਨੇ ਦੋਸ਼ ਲਗਾਇਆ ਕਿ ਸਾਲ 2007 ਤੋਂ 2017 ਤੱਕ ਅਕਾਲੀ-ਭਾਜਪਾ ਸਰਕਾਰ, ਉਸ ਤੋਂ ਬਾਅਦ ਪੰਜ ਸਾਲ ਕਾਂਗਰਸ ਸਰਕਾਰ ਅਤੇ ਹੁਣ ਪਿਛਲੇ ਚਾਰ ਸਾਲਾਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਵਿੱਚ ਉਦਯੋਗਾਂ ਨੂੰ ਬਚਾਉਣ ਦੇ ਵੱਡੇ-ਵੱਡੇ ਦਾਅਵੇ ਕੀਤੇ ਅਤੇ ਨਿਵੇਸ਼ ਦੇ ਨਾਂ ਤੇ ਕਈ ਐਲਾਨ ਕੀਤੇ, ਪਰ ਜ਼ਮੀਨੀ ਪੱਧਰ ਤੇ ਉਦਯੋਗਾਂ ਨੂੰ ਮੁੜ



ਚਾਲੂ ਕਰਨ ਲਈ ਲੋੜੀਂਦੀ ਇੱਛਾ ਸ਼ਕਤੀ ਨਹੀਂ ਦਿਖਾਈ।ਉਨ੍ਹਾਂ ਕਿਹਾ ਕਿ ਮਿੱਲ ਚਾਲੂ ਕਰਾਉਣ ਤੱਕ ਸੰਘਰਸ਼ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜੇਕਰ ਮਿੱਲ ਮੁੜ ਚਾਲੂ ਹੁੰਦੀ ਹੈ ਤਾਂ ਨੇੜਲੇ ਪਿੰਡਾਂ ਦੇ ਲਗਭਗ 1000 ਨੌਜਵਾਨਾਂ ਨੂੰ ਸਿੱਧਾ ਰੋਜ਼ਗਾਰ ਮਿਲ ਸਕਦਾ ਹੈ ਅਤੇ ਇਲਾਕੇ ਦੇ ਕਿਸਾਨ ਵੱਡੇ ਪੱਧਰ 'ਤੇ ਗੰਨੇ ਦੀ ਕਾਸ਼ਤ ਕਰਕੇ ਆਪਣੀ ਆਮਦਨ ਵਧਾ ਸਕਦੇ ਹਨ।ਉਨ੍ਹਾਂ ਮਿੱਲ ਦੀਆਂ ਪੁਰਾਣੀਆਂ ਤਸਵੀਰਾਂ ਅਤੇ ਮੌਜੂਦਾ ਖਸਤਾ ਹਾਲਤ ਵੀ ਸਾਂਝੀ ਕਰਦਿਆਂ ਕਿਹਾ ਕਿ ਇਹ ਪਿਛਲੀਆਂ ਅਤੇ ਮੌਜੂਦਾ ਸਰਕਾਰਾਂ ਦੀਆਂ ਨੀਤੀਆਂ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਕਿਸਾਨ ਜਥੇਬੰਦੀਆਂ ਆਪਣਾ ਸੰਘਰਸ਼ ਜਾਰੀ ਰੱਖਣਗੀਆਂ ਅਤੇ ਤਰਨ ਤਾਰਨ ਦੇ ਸਮੂਹ ਕਿਸਾਨਾਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸੇਰੋਂ ਖੰਡ ਮਿੱਲ ਨੂੰ ਬਚਾਉਣ ਲਈ ਚੱਲ ਰਹੇ ਪੱਕੇ ਮੋਰਚੇ ਵਿੱਚ ਸ਼ਾਮਲ ਹੋਣ।

## ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਲਈ ਉਨ੍ਹਾਂ ਦੇ ਘਰਾਂ ਤੱਕ ਪਹੁੰਚ ਕਰ ਰਹੀ : ਈ. ਟੀ. ਓ.

**ਅੰਮ੍ਰਿਤਸਰ, ਜੰਡਿਆਲਾ ਗੁਰੂ (ਜਗਦੀਸ਼ ਕਮਲੇਸ਼, ਹਰਿੰਦਰਪਾਲ ਸਿੰਘ)** ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਵਡਾਲਾ ਜੌਹਲ, ਤਲਵੰਡੀ ਡੋਗਰਾ, ਵਡਾਲੀ ਡੋਗਰਾ ਅਤੇ ਅੱਡਾ ਟਾਂਗਰਾ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਦੇ



ਨਿਰਦੇਸ਼ ਦਿੱਤੇ।ਇਸ ਮੌਕੇ ਭਰਵੇਂ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਆਮ ਲੋਕਾਂ ਦੀ ਸਰਕਾਰ ਹੈ, ਜੋ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਦਫ਼ਤਰਾਂ ਵਿੱਚ ਬੈਠਣ ਦੀ ਬਜਾਏ ਸਿੱਧੇ ਲੋਕਾਂ ਵਿੱਚ ਪਹੁੰਚ ਰਹੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਦੀ ਹਰ ਸਮੱਸਿਆ ਦਾ ਸਮੇਂ ਸਿਰ ਅਤੇ ਪਾਰਦਰਸ਼ੀ ਢੰਗ ਨਾਲ ਹੱਲ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚੋਣਾਂ ਦੌਰਾਨ ਪੰਜਾਬ ਦੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਹਰ ਪਰਿਵਾਰ ਨੂੰ ਹਰ ਮਹੀਨੇ 300 ਯੂਨਿਟ ਮੁਫ਼ਤ ਬਿਜਲੀ, ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮੁਫ਼ਤ ਅਤੇ ਮਿਆਰੀ ਸਿਹਤ ਸੇਵਾਵਾਂ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਸਲਾਨਾ ਇਲਾਜ ਦੀ ਸਹੂਲਤ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ।ਲੋਕ ਨਿਰਮਾਣ ਮੰਤਰੀ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਨੇ ਇਤਿਹਾਸਕ ਉਪਲਬਧੀਆਂ ਹਾਸਲ ਕੀਤੀਆਂ ਹਨ।

ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਕੇ ਉਨ੍ਹਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ, ਜਿਸ ਦੇ ਸਿੱਟੇ ਵਜੋਂ ਪੰਜਾਬ ਨੇ ਸਿੱਖਿਆ ਦੇ ਖੇਤਰ ਵਿੱਚ ਦੇਸ਼ ਭਰ ਵਿੱਚ ਆਪਣੀ ਵੱਖਰੀ ਪਛਾਣ ਬਣਾਈ ਹੈ। ਉਨ੍ਹਾਂ ਕਿਹਾ ਕਿ ਬੀਤੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਵਿੱਚ ਸੜਕਾਂ, ਬੁਨਿਆਦੀ ਢਾਂਚੇ ਅਤੇ ਹੋਰ ਵਿਕਾਸ ਕਾਰਜਾਂ 'ਤੇ ਵੱਡੇ ਪੱਧਰ 'ਤੇ ਕੰਮ ਹੋਇਆ ਹੈ, ਜੋ ਪਿਛਲੇ ਕਈ ਦਹਾਕਿਆਂ ਵਿੱਚ ਨਹੀਂ ਹੋ ਸਕਿਆ।

ਉਨ੍ਹਾਂ ਲੋਕਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀ ਹਰ ਜਾਇਜ਼ ਮੰਗ ਅਤੇ ਸਮੱਸਿਆ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਦੀ ਰਹੇਗੀ।

## ਪੱਕੇ ਮੋਰਚੇ ਦੇ 52ਵੇਂ ਦਿਨ ਕਿਸਾਨ ਜੱਥੇਬੰਦੀਆਂ ਵੱਲੋਂ ਖੰਡ ਮਿੱਲ ਸੇਰੋਂ ਵਿਖੇ ਰੋਹ ਭਰਪੂਰ ਪ੍ਰਦਰਸ਼ਨ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਖੰਡ ਮਿੱਲ ਸੇਰੋਂ ਨੂੰ ਚਾਲੂ ਕਰਨ ਅਤੇ ਮਿੱਲ ਦੀ ਜ਼ਮੀਨ ਵੱਖ-ਵੱਖ ਏਜੰਸੀਆਂ ਨੂੰ ਤਬਦੀਲ ਕਰਨ ਦੇ ਖ਼ਿਲਾਫ਼ ਸੰਯੁਕਤ



ਕਿਸਾਨ ਮੋਰਚੇ ਵੱਲੋਂ ਲਗਾਏ ਪੱਕੇ ਮੋਰਚੇ ਦੇ 52ਵੇਂ ਦਿਨ ਸ਼ਨੀਵਾਰ ਨੂੰ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ।

ਇਸ ਮੌਕੇ ਕਿਸਾਨ ਆਗੂਆਂ ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਮੁਗਲਚੱਕ, ਤਰਸੇਮ ਸਿੰਘ ਲੁਹਾਰ, ਦਵਿੰਦਰ ਸੋਹਲ, ਰਤਨ ਸਿੰਘ ਢੰਡ, ਦਰਸ਼ਨ ਸਿੰਘ ਬਿਹਾਰੀਪੁਰ ਆਦਿ ਨੇ ਕਿਹਾ ਕਿ ਸਰਕਾਰ ਨੇ ਖੰਡ ਮਿੱਲ ਚਾਲੂ ਕਰਨ ਦੇ ਵਾਅਦੇ ਤੋਂ ਮੁੱਕਰ ਕੇ ਇਸ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਕੇ ਲੋਕਾਂ ਨਾਲ ਬਹੁਤ ਵੱਡਾ ਧੋਖਾ ਕੀਤਾ ਹੈ। ਕਿਸਾਨ ਆਗੂਆਂ ਨੇ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਮੌਕੇ ਪਿੰਡਾਂ ਵਿੱਚ ਵੱਡੇ ਪੱਧਰ ਦੀ ਲਾਮਬੰਦੀ ਕਰਕੇ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੀ ਹਾਕਮਾਂ ਦੀ ਦੋਗਲੀ ਨੀਤੀ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਵੇਗੀ।

ਇਸ ਮੌਕੇ ਕਿਸਾਨ ਆਗੂਆਂ ਪ੍ਰਿੰਸੀਪਲ ਦਲਬੀਰ ਸਿੰਘ ਦਿਉਲ, ਖੇਤ ਮਜ਼ਦੂਰ ਸਭਾ ਦੇ ਆਗੂ ਕਾਮਰੇਡ ਚਰਨ ਸਿੰਘ ਤਰਨ ਤਾਰਨ, ਗੁਰਦਿਆਲ ਸਿੰਘ ਖਡੂਰ ਸਾਹਿਬ, ਪੰਜਾਬ ਸਿੰਘ ਕਸੇਲ, ਰਛਪਾਲ ਸਿੰਘ ਬਾਠ, ਜੱਸਾ ਸਿੰਘ ਕੰਡਰਗਿੱਲ, ਪ੍ਰਮਜੀਤ ਸਿੰਘ ਗੰਡੀਵਿੰਡ, ਗੁਰਮੁੱਖ ਸਿੰਘ ਵਲਟੋਹਾ, ਗੁਰਪ੍ਰੀਤ ਸਿੰਘ ਗੰਡੀਵਿੰਡ ਆਦਿ ਨੇ ਵਿਚਾਰ ਪੇਸ਼ ਕਰਦਿਆਂ ਸਾਂਝੇ ਦੇ ਇਲਾਕੇ ਵਿੱਚ ਬੇਰੁਜ਼ਗਾਰੀ ਦੇ ਝੰਬੇ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਲਈ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਦੀ ਜ਼ੋਰਦਾਰ ਮੰਗ ਕੀਤੀ।

## ਜ਼ਿਲ੍ਹਾ ਗੁਰਦਾਸਪੁਰ ਦੇ 1553 ਪੋਲਿੰਗ ਬੂਥਾਂ 'ਤੇ ਲੱਗੇ ਐੱਸ ਆਈ ਆਰ ਵਿਸ਼ੇਸ਼ ਕੈਂਪ

**ਧਾਰੀਵਾਲ, (ਮਨਦੀਪ ਵਿੱਕੀ)**- ਪੰਜਾਬ ਦੇ ਮੁੱਖ ਚੋਣ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ.ਆਈ.ਆਰ.) ਮੁਹਿੰਮ ਤਹਿਤ ਗੁਰਦਾਸਪੁਰ ਜ਼ਿਲ੍ਹੇ ਦੇ 1553 ਪੋਲਿੰਗ ਬੂਥਾਂ 'ਤੇ ਦੋ ਦਿਨਾ ਵਿਸ਼ੇਸ਼ ਕੈਂਪਾਂ ਦੀ ਸ਼ੁਰੂਆਤ ਹੋਈ।ਇਨ੍ਹਾਂ ਕੈਂਪਾਂ ਦਾ ਮਕਸਦ ਯੋਗ ਵੋਟਰਾਂ ਦੇ ਗਣਨਾ ਫਾਰਮ ਭਰਨ ਅਤੇ ਜਮ੍ਹਾ



ਕਰਵਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਅਤੇ ਸੁਵਿਧਾਜਨਕ ਬਣਾਉਣਾ ਹੈ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਜ਼ਿਲ੍ਹੇ ਦੇ ਸਮੂਹ ਬੀਐੱਲਓਜ਼ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ ਅਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ ਅਤੇ ਜਮ੍ਹਾ ਕਰਵਾਉਣ ਵਿੱਚ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਸਵੇਰੇ ਐਤਵਾਰ ਨੂੰ ਵੀ ਜ਼ਿਲ੍ਹੇ ਵਿਸ਼ੇਸ਼ ਕੈਂਪਾਂ ਦੌਰਾਨ ਸਾਰੇ ਨਿਰਧਾਰਤ ਪੋਲਿੰਗ ਬੂਥਾਂ 'ਤੇ ਬੀਐੱਲਓ ਮੌਜੂਦ ਰਹਿਣਗੇ ਤਾਂ ਜੋ ਵੋਟਰਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਜ਼ਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਜਿਹੜੇ ਵੋਟਰ ਕਿਸੇ ਕਾਰਨ ਕਰਕੇ ਹਾਲੇ ਤੱਕ ਆਪਣੇ ਗਣਨਾ ਫਾਰਮ ਨਹੀਂ ਭਰ ਸਕੇ ਜਾਂ ਜਮ੍ਹਾ ਨਹੀਂ ਕਰਵਾ ਸਕੇ, ਉਹ 12 ਜੁਲਾਈ (ਐਤਵਾਰ) ਨੂੰ ਸਵੇਰੇ 8:00 ਵਜੇ ਤੋਂ ਦੁਪਹਿਰ 3:00 ਵਜੇ ਤੱਕ ਲੱਗਣ ਵਾਲੇ ਵਿਸ਼ੇਸ਼ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।ਉਨ੍ਹਾਂ ਕਿਹਾ ਕਿ ਵੋਟਰ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਜਾ ਕੇ ਗਣਨਾ ਫਾਰਮ ਭਰ ਅਤੇ ਜਮ੍ਹਾਂ ਕਰਵਾ ਸਕਦੇ ਹਨ।ਉਨ੍ਹਾਂ ਨੇ ਇਹ ਵੀ ਕਿਹਾ ਕਿ ਜੇਕਰ ਕਿਸੇ ਵੋਟਰ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਹੈ ਤਾਂ ਉਹ ਆਪਣੇ ਸੰਬੰਧਤ ਬੂਥ ਲੈਵਲ ਅਫ਼ਸਰ (ਬੀਐੱਲਓ) ਨਾਲ ਤੁਰੰਤ ਸੰਪਰਕ ਕਰਨ ਜਾਂ ਵਿਸ਼ੇਸ਼ ਕੈਂਪ ਦੌਰਾਨ ਆਪਣੇ ਨਜ਼ਦੀਕੀ ਪੋਲਿੰਗ ਬੂਥ 'ਤੇ ਪਹੁੰਚ ਕੇ ਇਸ ਪ੍ਰਕਿਰਿਆ ਨੂੰ ਸਮੇਂ ਸਿਰ ਪੂਰਾ ਕਰਨ ਤਾਂ ਜੋ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ।

## ਹੱਕੀ ਮੰਗਾਂ ਨੂੰ ਲੈ ਕੇ ਮਿੱਡ-ਡੇ-ਮੀਲ ਤੇ ਸਫਾਈ ਵਰਕਰਾਂ ਵੱਲੋਂ ਰੋਸ ਪ੍ਰਦਰਸ਼ਨ

**ਬਟਾਲਾ (ਤਰਲੋਕ ਬੱਗਾ)**- ਮਿੱਡ ਡੇ ਮੀਲ ਤੇ ਸਫਾਈ ਵਰਕਰ ਯੂਨੀਅਨ ਆਜ਼ਾਦ ਦੀ ਅਗਵਾਈ ਹੇਠ ਸਰਕਾਰੀ ਸਕੂਲਾਂ ਵਿੱਚ ਕੰਮ ਕਰਦੀਆਂ ਸੈਂਕੜੇ ਮਿੱਡ ਡੇ ਮੀਲ ਤੇ ਸਫਾਈ ਵਰਕਰ ਕੁੱਕ ਬੀਬੀਆਂ ਨੇ ਭਾਈ ਸੁੱਖਾ ਸਿੰਘ



ਭਾਈ ਮਹਿਤਾਬ ਪਾਰਕ ਵਿਖੇ ਕੇਂਦਰ ਤੇ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ।ਇਸ ਮੌਕੇ ਸੰਬੋਧਨ ਕਰਦਿਆਂ ਮਿੱਡ ਡੇ ਮੀਲ ਤੇ ਸਫਾਈ ਸੇਵਕ ਵਰਕਰ ਯੂਨੀਅਨ ਆਜ਼ਾਦ ਦੇ ਸੂਬਾ ਜਨਰਲ ਸਕੱਤਰ ਮਨਜੀਤ, ਰਾਜ ਬਟਾਲਾ ਅਤੇ ਮਜ਼ਦੂਰ ਸਿੱਖ ਸਮਾਜ ਮੋਰਚਾ ਦੇ ਆਗੂ ਮੱਖਣ ਸਿੰਘ ਨੇ ਕਿਹਾ ਕਿ ਸਕੂਲਾਂ ਵਿੱਚ ਯੂਨੀਅਨ ਨੇ 1 ਜੁਲਾਈ ਨੂੰ ਪੰਜਾਬ ਭਰ ਵਿੱਚ ਖਾਣਾ ਬੰਦ ਕਰਨ ਦਾ ਐਲਾਨ ਕੀਤਾ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵਰਕਰਾਂ ਦਾ ਸ਼ੋਸ਼ਣ ਕਰ ਰਹੀ ਹੈ ਅਤੇ ਲੰਮੇ ਸਮੇਂ ਤੋਂ ਕੰਮ ਕਰਦੇ ਆ ਰਹੇ ਵਰਕਰਾਂ ਨੂੰ ਨਿਗੂਣਾ ਭੱਤਾ ਤਿੰਨ ਹਜ਼ਾਰ ਰੁਪਏ ਦਿੱਤਾ ਜਾ ਰਿਹਾ ਹੈ ਅਤੇ ਕੋਲ ਤੋਂ ਵੱਧ ਵਰਕਰਾਂ ਤੋਂ ਕੰਮ ਲਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਚੋਣ ਵਾਅਦੇ ਅਨੁਸਾਰ ਇਹ ਭੱਤਾ ਅੱਠ ਹਜ਼ਾਰ ਰੁਪਏ ਕੀਤਾ ਜਾਵੇ, ਬੀਮਾ ਦਸ ਲੱਖ ਰੁਪਏ ਦਾ ਕੀਤਾ ਜਾਵੇ, ਈਐੱਸਆਈ, ਪੀਐੱਫ ਲਾਗੂ ਕੀਤਾ ਜਾਵੇ, ਪੈਨਸ਼ਨ, ਵਰਦੀਆਂ, ਬੂਟ ਅਤੇ ਸਕੂਲਾਂ ਵਿੱਚ ਵਰਕਰਾਂ ਦਾ ਸ਼ੋਸ਼ਣ ਕਰਨਾ ਬੰਦ ਕੀਤਾ ਜਾਵੇ। ਯੂਨੀਅਨ ਦੀ ਜ਼ਿਲ੍ਹਾ ਜਨਰਲ ਸਕੱਤਰ ਸਤਿੰਦਰ ਕੌਰ ਨੇ ਦੱਸਿਆ ਕਿ ਸਰਕਾਰ ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ ਲਾਗੂ ਕਰ ਰਹੀ ਹੈ। ਇਸ ਮੌਕੇ ਪ੍ਰਧਾਨ ਸਰੂਪ ਸਿੰਘ ਚਾਹਲ ਕਲਾਂ, ਦਲਬੀਰ ਸਿੰਘ ਭੱਟੀ, ਵਿਜੇ ਕੁਮਾਰ ਰਾਮਬਾਗ, ਜੋਹਨ ਮਸੀਹ ਈਸਾ ਨਗਰ, ਰਚਨਾ, ਪਰਮਜੀਤ ਕੌਰ, ਜਸਬੀਰ ਕੌਰ ਅਤੇ ਸ਼ੀਲਾ ਰਾਣੀ ਨੇ ਵੀ ਸੰਬੋਧਨ ਕੀਤਾ।

## 'ਸਤਲੁਜ-95' ਨੂੰ ਬੈਨ ਕਰਨਾ ਠੀਕ ਨਹੀਂ : ਪ੍ਰਿੰ: ਤਰਸਿੱਕਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਦੇ ਦੁਖਾਂਤ ਨੂੰ ਪੇਸ਼ ਕਰਦੀ ਪੰਜਾਬੀ ਫਿਲਮ ਸਤਲੁਜ-95 ਨੂੰ ਬੈਨ ਕਰਨਾ ਠੀਕ ਨਹੀਂ ਹੈ, ਕਿਉਂਕਿ ਇਹ ਫ਼ਿਲਮ ਖਾਸ ਕਰਕੇ ਮਾਝੇ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ, ਕੁੱਝ ਪੰਜਾਬ ਪੁਲਸ ਦੇ ਮੁਲਾਜ਼ਮਾਂ ਦੁਆਰਾ ਗਲਤ ਤਰੀਕੇ ਨਾਲ ਤਰੱਕੀਆਂ ਅਤੇ ਪੈਸਾ ਇਕੱਠਾ ਕਰਨ ਦਾ ਪਰਦਾਫਾਸ਼ ਕਰਦੀ ਹੈ।



ਇਹ ਸ਼ਬਦ ਸਮਾਜ ਸੇਵੀ ਸੰਸਥਾ ਕ੍ਰਾਂਤੀਕਾਰੀ ਤਰਕਸ਼ੀਲ ਲੋਕ ਚੇਤਨਾ ਲਹਿਰ ਦੇ ਪ੍ਰਧਾਨ ਪ੍ਰਿੰਸੀਪਲ ਕਸ਼ਮੀਰ ਸਿੰਘ ਤਰਸਿੱਕਾ ਨੇ ਇੱਕ ਬਿਆਨ ਵਿੱਚ ਕਹੇ। ਪ੍ਰਿੰਸੀਪਲ ਤਰਸਿੱਕਾ ਨੇ ਕਿਹਾ ਕਿ ਦੋਸ਼ੀ ਵਿਅਕਤੀਆਂ ਦੀ ਪਹਿਚਾਣ ਕਰਕੇ ਉਨ੍ਹਾਂ ਖ਼ਿਲਾਫ਼ ਨਿਰਪੱਖ ਜਾਂਚ ਕਰਵਾ ਕੇ ਉਨ੍ਹਾਂ ਨੂੰ ਜਲਦੀ ਸਜ਼ਾਵਾਂ ਦਿੱਤੀਆਂ ਜਾਣੀਆਂ ਚਾਹੀਦੀਆਂ ਹਨ ਅਤੇ ਇਸ ਫਿਲਮ ਨੂੰ ਪੂਰੇ ਭਾਰਤ ਵਿੱਚ ਬਿਨਾਂ ਕਿਸੇ ਕੱਟ ਦੇ ਚਲ ਲੈਣ ਦੇਣਾ ਚਾਹੀਦਾ।

## ਪਿੰਡ ਚੂੰਗ ਵਿਖੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਨੂੰ ਮਿਲਿਆ ਭਰਵਾਂ ਹੁੰਗਾਰਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪਿੰਡ ਚੂੰਗ ਵਿਖੇ ਦੇਸ਼ਾਂ ਸਿੰਘ ਚੂੰਗ ਦੇ ਗ੍ਰਹਿ ਵਿਖੇ 'ਅਕਾਲੀ ਦਲ ਵਾਰਿਸ ਪੰਜਾਬ ਦੇ' ਵੱਲੋਂ ਇੱਕ ਭਰਵਾਂ ਇਕੱਠ ਕੀਤਾ ਗਿਆ, ਅਮਰੀਕ ਸਿੰਘ ਬਿੱਟਾ, ਹਲਕਾ ਬਾਬਾ ਬਕਾਲਾ ਸਾਹਿਬ ਦੇ ਇੰਚਾਰਜ ਸਰਬਜੀਤ ਸਿੰਘ ਖ਼ਾਨਪੁਰ ਅਤੇ ਹਲਕਾ ਰਾਜਾਸਾਂਸੀ ਦੇ ਹਲਕਾ ਇੰਚਾਰਜ ਦਲਜੀਤ ਸਿੰਘ



ਜਿਸ ਵਿੱਚ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ, ਸਮਰਥਕਾਂ ਅਤੇ ਇਲਾਕੇ ਦੇ ਲੋਕਾਂ ਨੇ ਸ਼ਮੂਲੀਅਤ ਕੀਤੀ।ਸਮਾਗਮ ਦੌਰਾਨ ਪਾਰਟੀ ਨੂੰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਸਰਗਰਮੀਆਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਕਰਨ ਸਿੰਘ ਰਿਆੜ, ਯੂਥ ਪ੍ਰਧਾਨ ਸੁਖਦੇਵ ਸਿੰਘ ਕਾਦੀਆਂ, ਹਲਕਾ ਜੰਡਿਆਲਾ ਗੁਰੂ ਤੋਂ ਮਿਲਦੀਆਂ, ਜੁਗਰਾਜ ਸਿੰਘ ਉਦੋਂ ਨੰਗਲ ਸਮੇਤ ਹੋਰ ਆਗੂਆਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ।

ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਲੋਕਾਂ ਦਾ ਮਿਲ ਰਿਹਾ ਭਰਵਾਂ ਸਹਿਯੋਗ ਪਾਰਟੀ ਨੂੰ ਹੋਰ ਮਜ਼ਬੂਤੀ ਦੇਵੇਗਾ।ਉਨ੍ਹਾਂ ਨੇ ਨੌਜਵਾਨਾਂ ਨੂੰ ਪਾਰਟੀ ਨਾਲ ਜੁੜਨ ਅਤੇ ਲੋਕਾਂ ਦੇ ਹੱਕਾਂ ਲਈ ਇਕਜੁੱਟ ਹੋ ਕੇ ਕੰਮ ਕਰਨ ਦੀ ਅਪੀਲ ਕੀਤੀ।ਸਮਾਗਮ ਦੇ ਅੰਤ ਵਿੱਚ ਹਾਜ਼ਰ ਵਰਕਰਾਂ ਨੇ ਪਾਰਟੀ ਦੀਆਂ ਨੀਤੀਆਂ ਪ੍ਰਤੀ ਆਪਣਾ ਵਿਸ਼ਵਾਸ ਪ੍ਰਗਟ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਸੰਕਲਪ ਲਿਆ।

ਇਸ ਮੌਕੇ ਜਥੇਦਾਰ ਸ਼ੀਤਲ ਸਿੰਘ ਚੂੰਗ, ਨਿਸ਼ਾਨ ਸਿੰਘ ਚੂੰਗ, ਸਰਬਜੀਤ ਸਿੰਘ ਸੱਬਾ, ਜਸਪਾਲ ਸਿੰਘ ਟੋਮਾ ਤਰਸਿੱਕਾ, ਯੁਵਰਾਜ ਸਿੰਘ ਵੜੈਚ, ਬਿੱਟਾ ਨੰਬਰਦਾਰ, ਅਜਮੇਰ ਸਿੰਘ ਲਾਡੀ ਚੂੰਗ, ਹਰਜੀਤ ਸਿੰਘ ਨਾਹਲ, ਹੈਪੀ ਕੈਨੇਡਾ, ਮੱਸਾ ਸਿੰਘ, ਵਿੱਕੀ ਚੂੰਗ, ਸਾਬਕਾ ਸਰਪੰਚ ਬਲਬੀਰ ਸਿੰਘ ਬੁੱਟਰ ਖ਼ੁਰਦ, ਸਾਬਕਾ ਸਰਪੰਚ ਬਲਵਿੰਦਰ ਸਿੰਘ ਧਰਦਿਓ, ਗੁਰਜੰਟ ਸਿੰਘ ਮਹਿਤਾ, ਸੁੱਖ ਵਿਰਕ ਖੱਬੇ ਰਾਜਪੂਤਾਂ, ਵੱਸਣ ਸਿੰਘ ਸਾਹ, ਲਵ ਵੜੈਚ, ਸਤਨਾਮ ਸਿੰਘ ਚੂੰਗ, ਇੰਦਰਜੀਤ ਸਿੰਘ ਚੂੰਗ, ਸੂਰਜ ਸਿੰਘ, ਹਰਜਿੰਦਰ ਸਿੰਘ, ਹਰਮਨ ਸਿੰਘ, ਰੋਸ਼ਨ ਸਿੰਘ, ਸ਼ਮਸ਼ੇਰ ਸਿੰਘ, ਮਨਪ੍ਰੀਤ ਮਨੀ ਉਦੋਨੰਗਲ, ਅੰਮ੍ਰਿਤ ਪਾਲ ਸਿੰਘ, ਗੁਰਸੇਵਕ ਸਿੰਘ ਮਲਕ ਨੰਗਲ, ਸਤਨਾਮ ਸਿੰਘ ਤੇ ਹੋਰ ਵੀ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## ਵਿਸ਼ਵ ਆਬਾਦੀ ਦਿਵਸ ਮੌਕੇ ਸਿਹਤ ਵਿਭਾਗ ਨੇ ਲਗਾਈ ਜ਼ਿਲ੍ਹਾ ਪੱਧਰੀ ਵਰਕਸ਼ਾਪ

**ਅੰਮ੍ਰਿਤਸਰ (ਜਗਦੀਸ਼ ਕਮਲੇਸ਼)**- ਪੰਜਾਬ ਸਰਕਾਰ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ, ਅੰਮ੍ਰਿਤਸਰ ਵੱਲੋਂ ਵਿਸ਼ਵ ਆਬਾਦੀ ਦਿਵਸ ਦੇ ਮੌਕੇ 'ਤੇ ਜ਼ਿਲ੍ਹਾ ਪੱਧਰੀ ਵਰਕਸ਼ਾਪ ਦਾ ਆਯੋਜਨ ਕਮਿਊਨਿਟੀ ਹੈਲਥ ਸੈਂਟਰ ਮਾਨਾਂਵਾਲਾ ਵਿਖੇ ਕੀਤਾ ਗਿਆ।ਇਸ ਵਰਕਸ਼ਾਪ ਦਾ



ਉਦੇਸ਼ ਲੋਕਾਂ ਨੂੰ ਵੱਧਦੀ ਆਬਾਦੀ ਦੇ ਪ੍ਰਭਾਵਾਂ ਅਤੇ ਪਰਿਵਾਰ ਨਿਯੋਜਨ ਦੇ ਵੱਖ-ਵੱਖ ਸੁਰੱਖਿਅਤ ਸਾਧਨਾਂ ਬਾਰੇ ਜਾਗਰੂਕ ਕਰਨਾ ਸੀ।ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ. ਨੀਲਮ ਭਗਤ ਨੇ ਕਿਹਾ ਕਿ ਵਿਸ਼ਵ ਆਬਾਦੀ ਦਿਵਸ ਮਨਾਉਣ ਦਾ ਮੁੱਖ ਉਦੇਸ਼ ਵੱਧਦੀ ਆਬਾਦੀ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਹੈ। ਉਨ੍ਹਾਂ ਕਿਹਾ ਕਿ ਛੋਟਾ ਅਤੇ ਸੀਮਤ ਪਰਿਵਾਰ ਨਾ ਸਿਰਫ਼ ਪਰਿਵਾਰ ਦੀ ਆਰਥਿਕ ਅਤੇ ਸਮਾਜਿਕ ਤਰੱਕੀ ਦਾ ਆਧਾਰ ਬਣਦਾ ਹੈ, ਸਗੋਂ ਦੇਸ਼ ਦੇ ਸਮੁੱਚੇ ਵਿਕਾਸ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦਾ ਹੈ।ਉਨ੍ਹਾਂ ਕਿਹਾ ਕਿ ਵੱਧਦੀ ਆਬਾਦੀ ਸਮਾਜ ਦੀਆਂ ਕਈ ਸਮੱਸਿਆਵਾਂ ਦੀ ਜੜ੍ਹ ਹੈ, ਜਿਸ ਨੂੰ ਪਰਿਵਾਰ ਨਿਯੋਜਨ ਰਾਹੀਂ ਕਾਫ਼ੀ ਹੱਦ ਤੱਕ ਕੰਟਰੋਲ ਕੀਤਾ ਜਾ ਸਕਦਾ ਹੈ।ਡਾ. ਨੀਲਮ ਭਗਤ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਪਰਿਵਾਰ ਨਿਯੋਜਨ ਦੇ ਵੱਖ-ਵੱਖ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਤਰੀਕਿਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜਸਪਾਲ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਾਰੇ ਸਰਕਾਰੀ ਸਿਹਤ ਕੇਂਦਰਾਂ 'ਤੇ ਪਰਿਵਾਰ ਨਿਯੋਜਨ ਨਾਲ ਸਬੰਧਤ ਸਾਰੇ ਸਾਧਨ ਅਤੇ ਸੇਵਾਵਾਂ ਮੁਫ਼ਤ ਉਪਲਬਧ ਕਰਵਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਾਰੇ ਸੀ. ਐੱਚ. ਸੀ.,ਪੀ. ਐੱਚ. ਸੀ. ਅਤੇ ਸਿਵਲ ਹਸਪਤਾਲਾਂ ਵਿੱਚ ਨਸਬੰਦੀ ਅਤੇ ਨਲਬੰਦੀ ਦੇ ਆਪਰੇਸ਼ਨ ਵੀ ਨਿਯਮਿਤ ਤੌਰ 'ਤੇ ਕੀਤੇ ਜਾ ਰਹੇ ਹਨ।ਇਸ ਮੌਕੇ ਜ਼ਿਲ੍ਹਾ ਐੱਮ. ਈ. ਆਈ. ਓ. ਅਮਰਦੀਪ ਸਿੰਘ, ਡੀ. ਪੀ. ਐੱਮ. ਸੁਖਜਿੰਦਰ ਸਿੰਘ, ਬਲਾਕ ਐਜੂਕੇਟਰ ਸੌਰਵ ਸ਼ਰਮਾ ਸਮੇਤ ਸਿਹਤ ਵਿਭਾਗ ਦਾ ਸਮੂਹ ਸਟਾਫ਼ ਹਾਜ਼ਰ ਸੀ।

## ਜਥੇਦਾਰ ਗੜਗੱਜ ਦਾ ਹਾਂਗਕਾਂਗ ਦੀ ਸੰਗਤ ਵੱਲੋਂ ਭਰਵਾਂ ਸੁਆਗਤ

**ਅੰਮ੍ਰਿਤਸਰ/ਹਾਂਗਕਾਂਗ, (ਜਗਦੀਸ਼ ਕਮਲੇਸ਼)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਗੁਰਦੁਆਰਾ ਖ਼ਾਲਸਾ ਦੀਵਾਨ ਹਾਂਗਕਾਂਗ ਦੇ ਸੱਦੇ ਉੱਤੇ ਤਿੰਨ ਦਿਨਾਂ ਦੇ ਦੌਰੇ ਉੱਤੇ ਹਾਂਗਕਾਂਗ ਪੁੱਜੇ ਹਨ।ਹਾਂਗਕਾਂਗ ਪੁੱਜਣ ਉੱਤੇ ਸਥਾਨਕ ਸਿੱਖ ਸੰਗਤ



ਅਤੇ ਗੁਰਦੁਆਰਾ ਪ੍ਰਬੰਧਕਾਂ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਭਰਵਾਂ ਸੁਆਗਤ ਕੀਤਾ।ਉਪਰੰਤ ਗੁਰਦੁਆਰਾ ਸਾਹਿਬ ਪੁੱਜਣ ਉੱਤੇ ਨੌਜਵਾਨਾਂ ਨੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸੁਆਗਤ ਜੈਕਾਰਿਆਂ ਦੀ ਗੂੰਜ ਵਿੱਚ ਕਿਰਪਾਨਾਂ ਦੀ ਛਾਂ ਕਰਕੇ ਕੀਤਾ।ਆਪਣੇ ਤਿੰਨ ਦਿਨਾ ਦੌਰੇ ਸਮੇਂ ਜਥੇਦਾਰ ਗੜਗੱਜ ਗੁਰਦੁਆਰਾ ਖ਼ਾਲਸਾ ਦੀਵਾਨ ਹਾਂਗਕਾਂਗ ਵਿਖੇ ਗੁਰਮਤਿ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਸੰਗਤ ਨਾਲ ਵਿਚਾਰਾਂ ਸਾਂਝੀਆਂ ਅਤੇ ਸਥਾਨਕ ਸੰਗਤ ਤੇ ਨੌਜਵਾਨਾਂ ਵਿੱਚ ਸਿੱਖੀ ਦਾ ਪ੍ਰਚਾਰ ਕਰਨਗੇ।ਜ਼ਿਕਰਯੋਗ ਹੈ ਕਿ ਹਾਂਗਕਾਂਗ ਵਿਖੇ ਲੱਗਭੱਗ 125 ਸਾਲ ਪਹਿਲਾਂ ਸਿੱਖ ਪਹੁੰਚੇ ਸਨ ਜਿੱਥੇ ਉਨ੍ਹਾਂ ਨੇ ਸੰਨ 1901 ਵਿੱਚ ਸ੍ਰੀ ਗੁਰੂ ਸਿੰਘ ਸਭਾ ਸਥਾਪਤ ਕੀਤੀ ਜਿੱਥੇ ਅੱਜ ਸੁੰਦਰ ਗੁਰਦੁਆਰਾ ਖ਼ਾਲਸਾ ਦੀਵਾਨ ਸਿੱਖ ਟੈਂਪਲ ਸਥਿਤ ਹੈ।ਜਥੇਦਾਰ ਗੜਗੱਜ ਦੇ ਨਾਲ ਉਨ੍ਹਾਂ ਦੇ ਮੀਡੀਆ ਸਲਾਹਕਾਰ ਸ. ਜਸਕਰਨ ਸਿੰਘ ਵੀ ਇਸ ਦੌਰੇ ਉਤੇ ਹਾਂਗਕਾਂਗ ਪੁੱਜੇ ਹਨ।ਇਸ ਮੌਕੇ ਗੁਰਦੁਆਰਾ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਜਸਵੰਤ ਸਿੰਘ, ਪ੍ਰਧਾਨ ਨਿਰਮਲ ਸਿੰਘ ਪਟਿਆਲਾ, ਮੀਤ ਪ੍ਰਧਾਨ ਜੁਗਰਾਜ ਸਿੰਘ ਡੁੱਗਰੀ, ਮੈਂਬਰ ਮਹਿੰਦਰ ਸਿੰਘ, ਸਾਬਕਾ ਪ੍ਰਧਾਨ ਦਲਜੀਤ ਸਿੰਘ ਜ਼ੀਰਾ, ਸਾਬਕਾ ਬੋਰਡ ਮੈਂਬਰ ਬਲਜਿੰਦਰ ਸਿੰਘ ਦਸਮੇਸ਼ ਨਗਰ, ਸਾਬਕਾ ਬੋਰਡ ਮੈਂਬਰ ਜੁਝਾਰ ਸਿੰਘ, ਸਾਬਕਾ ਸਕੱਤਰ ਜਸਕਰਨ ਸਿੰਘ ਵਾਂਦਰ, ਸਾਬਕਾ ਸਕੱਤਰ ਬਲਜੀਤ ਸਿੰਘ, ਸੁਖਚੈਨ ਸਿੰਘ, ਗਗਨਪ੍ਰੀਤ ਸਿੰਘ, ਜੀਵਨ ਸਿੰਘ, ਤੇਜਪਾਲ ਸਿੰਘ, ਨਵਜੀਤ ਸਿੰਘ ਆਦਿ ਹਾਜ਼ਰ ਸਨ।

## ਮੇਅਰ ਬਾਜਵਾ ਨੇ ਸੜਕ ਦੇ ਨਿਰਮਾਣ ਕਾਰਜਾਂ ਦਾ ਲਿਆ ਜਾਇਜ਼ਾ

**ਬਟਾਲਾ, (ਤਰਲੋਕ ਬੱਗਾ)**- ਨਗਰ ਨਿਗਮ ਬਟਾਲਾ ਦੇ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਆਪਣੇ ਸਾਥੀਆਂ ਨਾਲ ਡੇਰਾ ਬਾਬਾ ਨਾਨਕ ਰੋਡ, ਬਟਾਲਾ ਵਿਖੇ ਚੱਲ ਰਹੇ ਸੜਕ ਨਿਰਮਾਣ ਕਾਰਜਾਂ ਦਾ ਮੌਕੇ 'ਤੇ ਜਾਇਜ਼ਾ ਲਿਆ।ਦੁਕਾਨਦਾਰਾਂ ਨਾਲ



ਗੱਲਬਾਤ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਸੰਬੰਧਿਤ ਠੇਕੇਦਾਰਾਂ ਨੂੰ ਮੌਕੇ 'ਤੇ ਬੁਲਾ ਕੇ ਸਮੱਸਿਆਵਾਂ ਦੇ ਜਲਦ ਹੱਲ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਮੇਅਰ ਨੇ ਕਿਹਾ ਕਿ ਬਟਾਲਾ ਦੇ ਵਿਕਾਸ ਕਾਰਜਾਂ ਦੀ ਨਿਰੰਤਰ ਨਿਗਰਾਨੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਹੀ ਸਾਡੀ ਪਹਿਲ ਹੈ ਅਤੇ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਸੌਂਪੀ ਹੈ ਉਸ ਨੂੰ ਲੈ ਕੇ ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿੱਥੇ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਵਾਈਆਂ ਗਈਆਂ ਹਨ।

ਇਸੇ ਤਰ੍ਹਾਂ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਕਾਂ ਨੂੰ ਚੌੜਿਆਂ ਕਰਕੇ ਖੂਬਸੂਰਤ ਦਿੱਖ ਦਿੱਤੀ ਗਈ ਹੈ।ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਨਵੀਂ ਉਸਾਰੀ ਗਈ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ।

ਸ਼ਹਿਰ ਵਾਸੀਆਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਵਿਕਾਸ ਕੰਮ ਕਰਵਾਉਣ ਤੋਂ ਇਲਾਵਾ ਸ਼ਹਿਰ ਅੰਦਰ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

## ਕੁੱਟਮਾਰ ਦੇ ਮਾਮਲੇ 'ਚ ਪੁਲਸ ਕਾਰਵਾਈ ਦੀ ਮੰਗ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਵਾਰਡ ਨੰਬਰ 7 ਦੇ ਇੱਕ ਵਿਅਕਤੀ ਵੱਲੋਂ ਆਪਣੇ ਹੀ ਚਚੇਰੇ ਭਰਾ 'ਤੇ ਬਾਜ਼ਾਰ ਵਿੱਚ ਸ਼ਰੇਆਮ ਕੁੱਟਮਾਰ ਕਰਨ ਅਤੇ ਜ਼ਖ਼ਮੀ ਕਰਨ ਦੇ ਗੰਭੀਰ ਦੋਸ਼ ਲਗਾਏ ਗਏ ਹਨ।ਪੀੜਤ ਦਾ ਕਹਿਣਾ ਹੈ ਕਿ ਸਥਾਨਕ ਪੁਲਸ ਅਤੇ ਡੀਐੱਸਪੀ ਦਫ਼ਤਰ ਤੱਕ ਪਹੁੰਚ ਕਰਨ ਦੇ ਬਾਵਜੂਦ ਵੀ ਜਦੋਂ ਕੋਈ ਸੁਣਵਾਈ ਨਹੀਂ ਹੋਈ ਤਾਂ ਉਸ ਨੂੰ ਮਜਬੂਰਨ ਇਨਸਾਫ਼ ਲਈ ਐੱਸਐੱਸਪੀ ਬਟਾਲਾ ਦਾ ਦਰਵਾਜ਼ਾ ਖੜਕਾਉਣਾ ਪਿਆ ਹੈ।ਪੀੜਤ ਅਮਰਜੀਤ ਸਿੰਘ ਪੁੱਤਰ ਸੰਤ ਸਿੰਘ, ਵਾਸੀ ਫ਼ਤਿਹਗੜ੍ਹ ਚੂੜੀਆਂ ਨੇ ਐੱਸ. ਐੱਸ. ਪੀ. ਪੁਲਸ ਜ਼ਿਲ੍ਹਾ ਬਟਾਲਾ ਨੂੰ ਦਿੱਤੀ ਰਜਿਸਟਰਡ ਲਿਖਤੀ ਸ਼ਿਕਾਇਤ ਵਿੱਚ ਦੱਸਿਆ ਕਿ 25 ਮਈ ਨੂੰ ਉਹ ਮੇਨ ਬਾਜ਼ਾਰ ਜੌਲੀ ਦੀ ਦੁਕਾਨ 'ਤੇ ਬੈਠਾ ਹੋਇਆ ਸੀ।ਉਸੇ ਦੌਰਾਨ ਉਸ ਦਾ ਚਚੇਰਾ ਭਰਾ ਸਤਨਾਮ ਸਿੰਘ ਵੀ ਉਥੇ ਕਿਸੇ ਕੰਮ ਲਈ ਆਇਆ।ਸਤਨਾਮ ਸਿੰਘ ਉਥੇ ਕਿਸੇ ਹੋਰ ਵਿਅਕਤੀ ਨਾਲ ਝਗੜਾ ਕਰ ਰਿਹਾ ਸੀ। ਅਮਰਜੀਤ ਸਿੰਘ ਮੁਤਾਬਕ ਜਦੋਂ ਉਸ ਨੇ ਸਤਨਾਮ ਸਿੰਘ ਨੂੰ ਰੋਕਦਿਆਂ ਕਿਹਾ ਕਿ ਬਾਜ਼ਾਰ ਵਿੱਚ ਧੀਆਂ-ਭੈਣਾਂ



ਆਉਂਦੀਆਂ-ਜਾਂਦੀਆਂ ਹਨ ਤਾਂ ਉਸ ਨੇ ਮੈਨੂੰ ਹੀ ਗਾਲਾਂ ਕੱਢਣੀਆਂ ਸ਼ੁਰੂ ਕਰ ਦਿੱਤੀਆਂ ਅਤੇ ਤਿਖੀ ਚੀਜ਼ ਨਾਲ ਜ਼ਖ਼ਮੀ ਕਰ ਦਿੱਤਾ। ਪੀੜਤ ਨੇ ਦੱਸਿਆ ਕਿ ਥਾਣਾ ਫ਼ਤਿਹਗੜ੍ਹ ਚੂੜੀਆਂ ਵਿਖੇ ਲਿਖਤੀ ਦਰਖ਼ਾਸਤ ਦਿੱਤੀ ਸੀ, ਪਰ ਸਥਾਨਕ ਪੁਲਸ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਡੀਐੱਸਪੀ ਫ਼ਤਿਹਗੜ੍ਹ ਚੂੜੀਆਂ ਕੋਲ ਪਹੁੰਚ ਕੀਤੀ। ਪੁਲਸ ਨੇ ਮੁਲਜ਼ਮ ਸਤਨਾਮ ਸਿੰਘ ਨੂੰ ਥਾਣੇ ਬੁਲਾ ਕੇ ਪੁੱਛਗਿੱਛ ਤਾਂ ਕੀਤੀ ਪਰ ਕੁਝ ਹੀ ਸਮੇਂ ਬਾਅਦ ਉਸ ਨੂੰ ਬਿਨਾਂ ਕਿਸੇ ਠੋਸ ਕਾਰਵਾਈ ਦੇ ਵਾਪਸ ਭੇਜ ਦਿੱਤਾ। ਪੀੜਤ ਅਮਰਜੀਤ ਸਿੰਘ ਨੇ ਐੱਸ. ਐੱਸ. ਪੀ. ਬਟਾਲਾ ਤੋਂ ਮੰਗ ਕੀਤੀ ਕਿ ਮੁਲਜ਼ਮ ਸਤਨਾਮ ਸਿੰਘ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਮੈਨੂੰ ਇਨਸਾਫ਼ ਦਿਵਾਇਆ ਜਾਵੇ।

## ਸੇਂਟ ਕਬੀਰ ਸਕੂਲ ਸੁਲਤਾਨਪੁਰ ਵੱਲੋਂ ਸਾਬਕਾ ਪ੍ਰਿੰ. ਤਿਲਕ ਰਾਜ ਸ਼ਰਮਾ ਨੂੰ ਭਾਵ-ਭਿੰਨੀ ਸ਼ਰਧਾਂਜਲੀ

**ਧਾਰੀਵਾਲ, (ਮਨਦੀਪ ਵਿੱਕੀ)**- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਸਾਬਕਾ ਪ੍ਰਿੰ. ਤਿਲਕ ਰਾਜ ਸ਼ਰਮਾ ਨੂੰ ਸਮੁੱਚੇ ਸਕੂਲ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ। ਸਕੂਲ ਵੱਲੋਂ ਉਨ੍ਹਾਂ ਦੀਆਂ ਨੇਕੀਆਂ, ਤਜਰਬੇ ਭਰੀਆਂ ਪ੍ਰੇਰਨਾਵਾਂ, ਯੋਗ ਅਗਵਾਈ ਅਤੇ ਇਮਾਨਦਾਰੀ ਭਰੇ ਬੋਲਾਂ ਨੂੰ ਯਾਦ ਕਰਦਿਆਂ ਸ਼ਰਧਾਪੂਰਵਕ ਸ਼ਰਧਾਂਜਲੀ ਦਿੱਤੀ ਗਈ।ਸਕੂਲ ਦੇ ਮੌਜੂਦਾ ਪ੍ਰਿੰਸੀਪਲ ਐੱਸ. ਬੀ. ਨਾਯਰ ਨੇ ਦੱਸਿਆ



ਕਿ ਪ੍ਰਿੰ. ਤਿਲਕ ਰਾਜ ਸ਼ਰਮਾ ਨੇ ਸੇਂਟ ਕਬੀਰ ਪਬਲਿਕ ਸਕੂਲ ਦੇ ਸ਼ੁਰੂਆਤੀ ਸਾਲਾਂ 2001-2006 ਤੱਕ ਸਕੂਲ ਦੀ ਕਮਾਨ ਸੰਭਾਲੀ ਅਤੇ ਸਿੱਖਿਆ ਦੇ ਖੇਤਰ ਵਿੱਚ ਸਕੂਲ ਦੀਆਂ ਜੜ੍ਹਾਂ ਮਜ਼ਬੂਤ ਕਰਨ ਵਿੱਚ ਅਹਿਮ ਯੋਗਦਾਨ ਪਾਇਆ।ਉਨ੍ਹਾਂ ਨੇ ਲਗਭਗ ਛੇ ਸਾਲ ਸੇਂਟ ਕਬੀਰ ਪਬਲਿਕ ਸਕੂਲ ਪ੍ਰਤੀ ਆਪਣੀ ਬਾਖੂਬੀ ਜ਼ਿੰਮੇਵਾਰੀ ਨਿਭਾਈ, ਸਕੂਲ ਰੂਪੀ ਬੂਟੇ ਨੂੰ ਵਧਣ - ਫੁੱਲਣ ਲਈ ਆਪਣੀ ਸਿਆਣਪ, ਚੰਗੇ ਅਸੂਲਾਂ ਅਤੇ ਸਖ਼ਤ ਮਿਹਨਤ ਸਦਕਾ ਬਹੁਤ ਯੋਗਦਾਨ ਪਾਇਆ। ਬਹੁਪੱਖੀ ਪ੍ਰਤਿਭਾ ਦੇ ਮਾਲਕ ਹੋਣ ਕਰਕੇ ਉਨ੍ਹਾਂ ਨੇ ਸਕੂਲ ਦੀ ਨੀਂਹ ਪੱਕੀ ਕਰਨ ਦੇ ਨਾਲ-ਨਾਲ ਸਟਾਫ਼ ਮੈਂਬਰਾਂ ਨੂੰ ਵੀ ਹਰ ਪੱਖੋਂ ਬੱਚਿਆਂ ਦੀ ਮਦਦ ਕਰਨ ਲਈ ਪ੍ਰੇਰਿਤ ਕੀਤਾ ਅਤੇ ਪੂਰੀ ਲਗਨ ਨਾਲ ਸਕੂਲ ਦੀ ਚਮਕ ਅਤੇ ਅਨੁਸ਼ਾਸਨ ਨੂੰ ਕਾਇਮ ਰੱਖਿਆ। ਉਨ੍ਹਾਂ ਦੇ ਕਾਰਜਕਾਲ ਦੌਰਾਨ ਸਕੂਲ ਨੇ ਵਿੱਦਿਆ, ਖੇਡਾਂ ਅਤੇ ਸੱਭਿਆਚਾਰਕ ਖੇਤਰ ਵਿੱਚ ਨਵੀਆਂ ਉਚਾਈਆਂ ਛੂਹੀਆਂ। ਸਟਾਫ਼ ਅਤੇ ਵਿਦਿਆਰਥੀ ਉਨ੍ਹਾਂ ਨੂੰ ਬਹੁਤ ਮਾਣ ਅਤੇ ਸਤਿਕਾਰ ਨਾਲ ਯਾਦ ਕਰਦੇ ਸਨ। ਸਕੂਲ ਕਦੇ ਵੀ ਉਨ੍ਹਾਂ ਦੀ ਵਿਅਕਤੀਤਵ ਅਮੀਰੀ ਨੂੰ ਨਹੀਂ ਭੁੱਲ ਸਕਦਾ।ਸਕੂਲ ਵਿੱਚ ਸਵੇਰ ਦੀ ਸਭਾ ਦੌਰਾਨ ਮੌਨ ਧਾਰਨ ਕਰਕੇ ਅਤੇ ਅਰਦਾਸ ਕਰਕੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਗਈ।ਪ੍ਰਿੰ. ਐੱਸ. ਬੀ. ਨਾਯਰ, ਸਕੂਲ ਪ੍ਰਬੰਧਕ ਸਰਦਾਰਨੀ ਸਵਰਨ ਕੌਰ, ਅਜੈਪਾਲ ਸਿੰਘ, ਨਵਦੀਪ ਕੌਰ, ਕੁਲਦੀਪ ਕੌਰ ਅਤੇ ਸਮੂਹ ਸਟਾਫ਼ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਸਾਬਕਾ ਪ੍ਰਿੰ. ਤਿਲਕ ਰਾਜ ਸ਼ਰਮਾ ਦਾ ਜੀਵਨ ਨੌਜਵਾਨ ਅਧਿਆਪਕਾਂ ਲਈ ਪ੍ਰੇਰਨਾ ਬਣਿਆ ਰਹੇਗਾ।ਅਸੀਂ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਰਿਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਦੇਵੇ।

## ਮਾਤਾ ਜਸਵੀਰ ਕੌਰ ਦੀ ਨਿੱਘੀ ਯਾਦ 'ਚ ਸਮਾਗਮ 18 ਨੂੰ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਗੁਰਦੁਆਰਾ ਕਿਲਾ ਸਾਹਿਬ ਪਿੰਡ ਠੱਠਗੜ੍ਹ ਵਿਖੇ ਬਾਬਾ ਸੁੱਧ ਸਿੰਘ ਮੱਖੂ ਟੂਸੇ ਸ੍ਰੀ ਮਾਛੀਵਾੜਾ ਸਾਹਿਬ, ਹੇਮਕੁੰਟ ਸਾਹਿਬ ਲੰਗਰਾਂ ਵਾਲਿਆਂ ਦੇ ਧਰਮ ਪਤਨੀ ਸਵ: ਮਾਤਾ ਜਸਵੀਰ ਕੌਰ ਦੀ ਨਿੱਘੀ ਯਾਦ ਵਿੱਚ ਸਮਾਗਮ 18 ਜੁਲਾਈ ਪੰਚਮੀ ਵਾਲੇ ਦਿਨ ਸ਼ਨੀਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ।ਬਾਬਾ ਸੁੱਧ ਸਿੰਘ ਅਨੁਸਾਰ 16 ਜੁਲਾਈ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ।18



ਜੁਲਾਈ ਦਿਨ ਸ਼ਨੀਵਾਰ ਨੂੰ ਭੋਗ ਪਾਏ ਜਾਣ ਉਪਰੰਤ ਰਾਗੀ ਸਿੰਘਾਂ ਵੱਲੋਂ ਸ਼ਬਦ ਕੀਰਤਨ ਤੇ ਕਥਾ ਕੀਰਤਨ ਹੋਵੇਗਾ।11 ਵਜੇ ਤੋਂ 1 ਵਜੇ ਤੱਕ ਧਾਰਮਿਕ ਸਮਾਗਮ ਦੌਰਾਨ ਢਾਡੀ ਤੇ ਕਵੀਸ਼ਰੀ ਜਥੇ ਮਾਤਾ ਦੀ ਜੀਵਨੀ 'ਤੇ ਚਾਨਣਾ ਪਾਉਣਗੇ।ਉਪਰੰਤ ਪਹੁੰਚ ਰਹੇ ਸੰਤ ਮਹਾਂਪੁਰਸ਼, ਨਿਰਮਲੇ ਸੰਤ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀ ਮਾਤਾ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।ਬਾਬਾ ਸੁੱਧ ਸਿੰਘ ਨੇ ਸਮੂਹ ਨਗਰ ਠੱਠਗੜ੍ਹ, ਇਲਾਕੇ ਅਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਨੂੰ ਮਨਾਏ ਜਾ ਰਹੇ ਅੰਤਿਮ ਅਰਦਾਸ ਸਮਾਗਮ ਮੌਕੇ ਹਾਜ਼ਰੀਆਂ ਭਰਨ ਦੀ ਬੇਨਤੀ ਕੀਤੀ ਹੈ।ਇਸ ਮੌਕੇ ਬਾਬਾ ਸਰਬਜੀਤ ਸਿੰਘ, ਬਾਬਾ ਸਤਵੰਤ ਸਿੰਘ ਆਦਿ ਪਰਿਵਾਰਕ ਮੈਂਬਰ ਹਾਜ਼ਰ ਸਨ।

## ਸੇਵਾ ਭਾਰਤੀ ਧਾਰੀਵਾਲ ਦੀ ਨਵੀਂ ਟੀਮ ਦਾ ਗਠਨ



**ਧਾਰੀਵਾਲ, (ਮਨਦੀਪ ਵਿੱਕੀ)**- ਸੇਵਾ ਭਾਰਤੀ ਸੰਸਥਾ ਧਾਰੀਵਾਲ ਦੇ ਸਮੂਹ ਮੈਂਬਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਸੰਤੋਸ਼ੀ ਮਾਤਾ ਮੰਦਰ ਧਾਰੀਵਾਲ ਵਿਖੇ ਹੋਈ।

ਇਸ ਮੀਟਿੰਗ ਦੀ ਪ੍ਰਧਾਨਗੀ ਸੇਵਾ ਭਾਰਤੀ ਪੰਜਾਬ ਦੇ ਪ੍ਰਧਾਨ ਪਰਦੀਪ ਨੇ ਕੀਤੀ ਜਦਕਿ ਉਨ੍ਹਾਂ ਦੇ ਨਾਲ ਸੂਬਾ ਕਾਰਜਕਾਰਨੀ ਮੈਂਬਰ ਦਲਬੀਰ ਸਿੰਘ ਅਤੇ ਵਿਭਾਗ ਮੰਤਰੀ ਰਾਕੇਸ਼ ਮਹਾਜਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਸੇਵਾ ਭਾਰਤੀ ਧਾਰੀਵਾਲ ਦੇ ਸਾਬਕਾ ਪ੍ਰਧਾਨ ਨਵੀਨ ਖੋਸਲਾ ਨੇ ਆਪਣੇ 3 ਸਾਲਾਂ ਦੇ ਕਾਰਜਕਾਲ ਦੌਰਾਨ ਕੀਤੇ ਗਏ ਸਮਾਜ ਸੇਵਾ ਦੇ ਕੰਮਾਂ ਦਾ ਪੂਰਾ ਲੇਖਾ-ਜੋਖਾ ਸਾਰੇ ਮੈਂਬਰਾਂ ਸਾਹਮਣੇ ਰੱਖਿਆ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਨਵੀਂ ਟੀਮ ਦੀ ਚੋਣ ਕੀਤੀ ਗਈ, ਜਿਸ ਅਨੁਸਾਰ ਪ੍ਰਧਾਨ ਰਾਜੇਸ਼ ਖੰਨਾ, ਉਪ-ਪ੍ਰਧਾਨ ਵਿਸ਼ਾਲ ਮਹਾਜਨ (ਮਿੱਠੂ), ਰਾਹੁਲ ਮਹਾਜਨ, ਕੋਮਲ, ਪੂਨਮ, ਸਕੱਤਰ ਰਵਿੰਦਰ ਭੰਡਾਰੀ, ਉਪ-ਸਕੱਤਰ ਦਿਨੇਸ਼ ਸ਼ਰਮਾ, ਕੁਮਾਰੀ ਨੇਹਾ, ਸਰਪ੍ਰਸਤ ਮੁਖਵੰਤ ਸਿੰਘ ਨਾਗੀ, ਅਮੈਨੁਅਲ, ਨਵੀਨ ਖੋਸਲਾ ਚੁਣੇ ਗਏ।ਇਸ ਮੌਕੇ ਗੁਲਸ਼ਨ ਮਹਾਜਨ, ਬਨਵਾਰੀ ਲਾਲ, ਰਵਿੰਦਰ ਸ਼ਰਮਾ, ਰਿਦਮਨ ਖੰਨਾ, ਵਿਵੇਕ ਭਾਰਦਵਾਜ, ਸੌਰਵ ਬਲੋਤਰਾ, ਰਮੇਸ਼ ਮਹਾਜਨ, ਵਿਸ਼ੰਭਰ ਦਾਸ, ਕੁਲਭੂਸ਼ਣ, ਦਾਨਿਸ਼ ਅਤੇ ਸਾਗਰ ਮੌਜੂਦ ਸਨ।

## ਪਾਖਰਪੁਰ ਤੇ ਕਾਦਰਾਬਾਦ ਖ਼ੁਰਦ 'ਚ ਦਿਖਾਈ ਅਣ-ਮਨੁੱਖੀ ਵਰਤਾਰੇ ਦੀ ਫਿਲਮ 'ਸਤਲੁਜ'

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਸਰਕਾਰ ਵੱਲੋਂ ਮਨੁੱਖੀ ਅਧਿਕਾਰਾਂ ਲਈ ਬੇਖੌਫ ਹੋ ਕੇ ਲੰਮੀ ਲੜਾਈ ਲੜਨ ਵਾਲੇ ਭਾਈ ਜਸਵੰਤ ਸਿੰਘ ਖਾਲੜਾ ਦੇ ਸੰਘਰਸ਼ਮਈ ਜੀਵਨ ਅਤੇ ਪੁਲਸ ਵੱਲੋਂ ਨੌਜਵਾਨਾਂ ਤੇ ਢਾਹੇ ਗਏ ਅੰਨ੍ਹੇ ਤਸ਼ੱਦਦ 'ਤੇ ਕਲਾਕਾਰ ਦਿਲਜੀਤ ਸਿੰਘ ਨੇ ਇਹ ਫਿਲਮ 'ਸਤਲੁਜ' ਬਣਾਈ ਹੈ ਜਿਸ 'ਤੇ ਸਰਕਾਰ ਨੇ ਪਾਬੰਦੀ ਲਾ ਦਿੱਤੀ ਹੈ ਕਿ ਕਿਤੇ ਪੁਲਸ ਦੇ ਬੇਗੁਨਾਹ ਲੋਕਾਂ 'ਤੇ ਕੀਤੇ ਅਕਹਿ ਤਸ਼ੱਦਦ ਜੱਗ ਜ਼ਾਹਰ ਨਾ ਹੋ ਜਾਣ। ਗੁਰੂ ਘਰ ਦੀਆਂ ਸੰਗਤਾਂ



ਸਰਕਾਰ ਦੀਆਂ ਇਨ੍ਹਾਂ ਘਿਨਾਉਣੀਆਂ ਹਰਕਤਾਂ ਨੂੰ ਕਦੀ ਵੀ ਬਰਦਾਸ਼ਤ ਨਹੀਂ ਕਰਨਗੀਆਂ।ਪਿੰਡ ਪਾਖਰਪੁਰ ਤੇ ਕਾਦਰਾਬਾਦ ਖੁਰਦ ਦੇ ਕੁਝ ਲੋਕਾਂ ਨੇ ਕਿਹਾ ਕਿ 1984 ਦੇ ਕਾਂਡ ਤੋਂ ਬਾਅਦ ਪੰਜਾਬ 'ਚ ਚੱਲੇ ਕਾਲੇ ਦੌਰ ਦੌਰਾਨ ਪੁਲਸ ਨੇ ਹਜ਼ਾਰਾਂ ਹੀ ਬੇਗੁਨਾਹ ਨੌਜਵਾਨਾਂ 'ਤੇ ਭਾਰੀ ਤਸ਼ੱਦਦ ਕਰ ਕੇ ਉਨ੍ਹਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ ਜਿਨ੍ਹਾਂ 'ਚ ਬਹੁਤੇ ਨੌਜਵਾਨਾਂ ਦੇ ਪਰਿਵਾਰਾਂ ਨੂੰ ਤਾਂ ਅੱਜ ਤੱਕ ਪਤਾ ਨਹੀਂ ਲੱਗ ਸਕਿਆ ਕਿ ਉਨ੍ਹਾਂ ਦੇ ਪੁੱਤ ਗਏ ਕਿੱਥੇ। ਕਈ ਲੋਕਾਂ ਨੂੰ ਆਪਣੇ ਮ੍ਰਿਤਕਾਂ ਦਾ ਅੰਤਿਮ ਸਸਕਾਰ ਕਰਨਾ ਵੀ ਨਸੀਬ ਨਹੀਂ ਹੋਇਆ ਸੀ ਅਤੇ ਪੰਜਾਬ ਦੇ ਕਾਲੇ ਦੌਰ ਨੂੰ ਬਿਆਨ ਕਰਦੀ ਇਸ ਫਿਲਮ 'ਤੇ ਰੋਕ ਲਗਾ ਕੇ ਸਰਕਾਰ ਨੇ ਸਿੱਖ ਕੌਮ ਨਾਲ ਇਕ ਵਾਰ ਫੇਰ ਤੋ ਬੇਇਨਸਾਫੀ ਕੀਤੀ ਹੈ।ਭਾਈ ਜਸਵੰਤ ਸਿੰਘ ਖਾਲੜਾ ਨੇ ਮ੍ਰਿਤਕ ਨੌਜਵਾਨਾਂ ਦੇ ਪਰਿਵਾਰਾਂ ਨੂੰ ਇਹ ਇਨਸਾਫ ਦਿਵਾਉਣ ਅਤੇ ਕਾਲੇ ਦੌਰ 'ਚ ਹੋ ਰਹੇ ਅੱਤਿਆਚਾਰ ਦੀ ਸੱਚਾਈ ਨੂੰ ਸਾਹਮਣੇ ਲਿਆਉਣ ਵਾਸਤੇ ਵੱਡੀ ਘਾਲਣਾ ਘਾਲੀ ਸੀ ਜਿਸ ਕਰਕੇ ਉਸ ਨੂੰ ਵੀ ਤਸੀਹੇ ਦੇ ਕੇ ਸ਼ਹੀਦ ਕਰ ਦਿੱਤਾ ਗਿਆ।ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਵਿਚ ਚੱਲੇ ਕਾਲੇ ਦੌਰ ਨੂੰ ਦਰਸਾਉਂਦੀਆਂ ਅਜਿਹੀਆਂ ਫਿਲਮਾਂ ਬਣਨ ਨਾਲ ਅੱਜ ਦੀ ਨੌਜਵਾਨ ਪੀੜ੍ਹੀ ਆਪਣੇ ਇਤਿਹਾਸ ਤੋਂ ਜਾਣੂ ਹੋ ਸਕੇ ਅਤੇ ਸਰਕਾਰ ਨੂੰ ਅਜਿਹੀਆਂ ਫਿਲਮਾਂ 'ਤੇ ਰੋਕ ਲਾਉਣ ਤੋਂ ਗੁਰੇਜ਼ ਕਰਨਾ ਚਾਹੀਦਾ ਅਤੇ ਲਾਈ ਰੋਕ ਤੁਰੰਤ ਹਟਾਈ ਜਾਵੇ।

## 'ਪੰਜਾਬ 'ਚ ਅਮਨ ਬਹਾਲ ਕਰਨ ਵਾਲੀ ਹਰ ਕੁਰਬਾਨੀ ਨੂੰ ਬਰਾਬਰ ਦਾ ਸਨਮਾਨ ਮਿਲੇ'

**ਚੰਡੀਗੜ੍ਹ** : ਹਾਲ ਹੀ ਵਿੱਚ ਜਸਵੰਤ ਸਿੰਘ ਖਾਲੜਾ ਦੇ ਜੀਵਨ ਤੇ ਆਧਾਰਿਤ ਫ਼ਿਲਮ ਸਤਲੁਜ ਦੀ ਰਿਲੀਜ਼ ਅਤੇ ਇਸ ਤੋਂ ਬਾਅਦ ਇਸ ਨੂੰ ਓਟੀਟੀ ਪਲੇਟਫਾਰਮ ਤੋਂ ਹਟਾਏ ਜਾਣ ਦੀ ਘਟਨਾ ਨੇ ਪੰਜਾਬ ਦੇ ਇਤਿਹਾਸ ਦੇ ਸਭ ਤੋਂ ਸੰਵੇਦਨਸ਼ੀਲ ਦੌਰ ਬਾਰੇ ਇੱਕ ਵਾਰ ਫਿਰ ਚਰਚਾ ਛੇੜ ਦਿੱਤੀ ਹੈ।ਇਹ ਫ਼ਿਲਮ ਜਿੱਥੇ ਜਸਵੰਤ ਸਿੰਘ ਖਾਲੜਾ ਵੱਲੋਂ ਕਥਿਤ ਮਨੁੱਖੀ ਅਧਿਕਾਰਾਂ ਨਾਲ ਜੁੜੇ ਮਾਮਲਿਆਂ ਨੂੰ ਸਾਹਮਣੇ ਲਿਆਉਣ ਦੇ ਯਤਨਾਂ ਨੂੰ ਦਰਸਾਉਂਦੀ ਹੈ, ਉੱਥੇ ਇਸ ਨੂੰ ਲੈ ਕੇ ਚੱਲ ਰਹੀ ਚਰਚਾ ਇਹ ਵੀ ਯਾਦ ਦਿਵਾਉਂਦੀ ਹੈ ਕਿ ਉਸ ਦੌਰ ਨੂੰ ਸਿਰਫ਼ ਇੱਕ ਹੀ ਨਜ਼ਰੀਏ ਨਾਲ ਨਹੀਂ ਦੇਖਿਆ ਜਾ ਸਕਦਾ।ਉਸ ਸਮੇਂ ਬੇਕਸੂਰ ਨਾਗਰਿਕਾਂ ਨੇ ਜੋ ਦੁੱਖ ਸਹੇ ਅਤੇ ਪੰਜਾਬ ਵਿੱਚ ਅਮਨ ਬਹਾਲ ਕਰਨ ਲਈ ਪੰਜਾਬ ਪੁਲਸ ਨੇ ਜੋ ਸਰਵੱਚ ਕੁਰਬਾਨੀਆਂ ਦਿੱਤੀਆਂ, ਉਨ੍ਹਾਂ ਨੂੰ ਵੀ ਬਰਾਬਰ ਸਨਮਾਨ ਨਾਲ ਯਾਦ ਕੀਤਾ ਜਾਣਾ ਚਾਹੀਦਾ ਹੈ। ਪੰਜਾਬ ਦੇ ਅੱਤਵਾਦ ਦੇ ਦੌਰ ਨੂੰ ਕਿਸੇ ਇੱਕ ਪੱਖ ਤੱਕ ਸੀਮਿਤ ਕਰਕੇ ਨਹੀਂ ਸਮਝਿਆ ਜਾ ਸਕਦਾ।

## 696 ਨਵੀਆਂ ਬੱਸਾਂ ਪਾਉਣ ਦੀ ਤਜਵੀਜ਼ : ਗੁਰਪ੍ਰਤਾਪ ਸਿੰਘ ਸੰਧੂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਜਨਤਕ ਆਵਾਜਾਈ ਪ੍ਰਣਾਲੀ ਨੂੰ ਆਧੁਨਿਕ ਅਤੇ ਮਜ਼ਬੂਤ ਬਣਾਉਣ ਲਈ ਲਗਾਤਾਰ ਇਤਿਹਾਸਕ ਫ਼ੈਸਲੇ ਲੈ ਰਹੀ ਹੈ। ਇਸੇ ਕੜੀ ਤਹਿਤ ਕਰੀਬ 20 ਸਾਲਾਂ ਬਾਅਦ ਪਹਿਲੀ ਵਾਰ 696 ਨਵੀਆਂ



ਸਰਕਾਰੀ ਬੱਸਾਂ ਖਰੀਦਣ ਦਾ ਆਰਡਰ ਜਾਰੀ ਕੀਤਾ ਗਿਆ ਹੈ, ਜੋ ਕਿ ਪੰਜਾਬ ਦੇ ਟਰਾਂਸਪੋਰਟ ਖੇਤਰ ਲਈ ਇੱਕ ਵੱਡੀ ਉਪਲਬਧੀ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 309 ਨਵੀਆਂ ਬੱਸਾਂ ਪੀਆਰਟੀਸੀ ਅਤੇ 387 ਬੱਸਾਂ ਪੰਜਾਬ ਰੋਡਵੇਜ਼ ਦੇ ਬੇੜੇ ਵਿੱਚ ਸ਼ਾਮਲ ਹੋਣਗੀਆਂ। ਇਸ ਨਾਲ ਸਰਕਾਰੀ ਆਵਾਜਾਈ ਸੇਵਾਵਾਂ ਦੀ ਸਮਰੱਥਾ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ ਅਤੇ ਸੂਬੇ ਦੇ ਹਰੇਕ ਵਰਗ ਨੂੰ ਵਧੀਆ, ਸੁਰੱਖਿਅਤ ਅਤੇ ਆਰਾਮਦਾਇਕ ਯਾਤਰਾ ਦੀ ਸਹੂਲਤ ਮਿਲੇਗੀ। ਗੁਰਪ੍ਰਤਾਪ ਸਿੰਘ ਸੰਧੂ ਨੇ ਕਿਹਾ ਕਿ ਨਵੀਆਂ ਬੱਸਾਂ ਦੇ ਸ਼ਾਮਲ ਹੋਣ ਨਾਲ ਪੰਜਾਬ ਦੇ ਪੇਂਡੂ ਅਤੇ ਸ਼ਹਿਰੀ ਖੇਤਰਾਂ ਵਿੱਚ ਜਨਤਕ ਆਵਾਜਾਈ ਨੂੰ ਨਵੀਂ ਰਫ਼ਤਾਰ ਮਿਲੇਗੀ। ਯਾਤਰੀਆਂ ਨੂੰ ਸਮੇਂ ਸਿਰ ਅਤੇ ਬਿਹਤਰ ਸੇਵਾਵਾਂ ਉਪਲਬਧ ਹੋਣਗੀਆਂ, ਜਿਸ ਨਾਲ ਲੋਕਾਂ ਦਾ ਸਰਕਾਰੀ ਟਰਾਂਸਪੋਰਟ 'ਤੇ ਭਰੋਸਾ ਹੋਰ ਮਜ਼ਬੂਤ ਹੋਵੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਬੱਸਾਂ ਦੇ ਬੇੜੇ ਵਿੱਚ ਸ਼ਾਮਲ ਹੋਣ ਤੋਂ ਬਾਅਦ ਪੰਜਾਬ ਵਿੱਚ ਸਰਕਾਰੀ ਬੱਸਾਂ ਦੀ ਗਿਣਤੀ 2,267 ਤੋਂ ਵੱਧ ਕੇ 3,546 ਹੋ ਜਾਵੇਗੀ। ਇਹ ਵਾਧਾ ਨਾ ਸਿਰਫ਼ ਸਰਕਾਰੀ ਟਰਾਂਸਪੋਰਟ ਨੂੰ ਨਵੀਂ ਤਾਕਤ ਦੇਵੇਗਾ, ਸਗੋਂ ਨਿੱਜੀ ਆਵਾਜਾਈ 'ਤੇ ਨਿਰਭਰਤਾ ਘਟਾਉਣ ਅਤੇ ਆਮ ਲੋਕਾਂ ਨੂੰ ਸਸਤੀ ਤੇ ਭਰੋਸੇਯੋਗ ਯਾਤਰਾ ਮੁਹੱਈਆ ਕਰਵਾਉਣ ਵਿੱਚ ਵੀ ਅਹਿਮ ਭੂਮਿਕਾ ਨਿਭਾਏਗਾ। ਸੰਧੂ ਨੇ ਕਿਹਾ ਕਿ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਸਿੱਖਿਆ, ਸਿਹਤ, ਬੁਨਿਆਦੀ ਢਾਂਚੇ, ਬਿਜਲੀ, ਕਿਸਾਨ ਭਲਾਈ ਅਤੇ ਆਵਾਜਾਈ ਸਮੇਤ ਹਰ ਖੇਤਰ ਵਿੱਚ ਲੋਕ-ਪੱਖੀ ਨੀਤੀਆਂ ਲਾਗੂ ਕੀਤੀਆਂ ਹਨ।

# ਟਰੰਪ ਦਾ ਡਰ ਸੱਚਾ

ਇਸ ਵੇਲੇ ਦੁਨੀਆ ਦੇ ਕਿਸੇ ਵੀ ਖੇਤਰ ਜਾਂ ਦੇਸ਼ ਵਿੱਚ ਇਨਕਲਾਬੀ ਸਾਧਨਾਂ ਰਾਹੀਂ ਸਮਾਜਵਾਦੀ ਇਨਕਲਾਬ ਜਾਂ ਜਮਹੂਰੀ ਕੇਂਦਰੀਵਾਦ ਦੇ ਸਿਧਾਂਤ 'ਤੇ ਸੰਗਠਤ ਕਿਸੇ ਕਮਿਊਨਿਸਟ ਪਾਰਟੀ ਦੇ ਸੱਤਾ ਵਿੱਚ ਆਉਣ ਦੀ ਕੋਈ ਸੰਭਾਵਨਾ ਨਹੀਂ ਜਾਪਦੀ। ਪਿਛਲੇ 35 ਸਾਲਾਂ ਤੋਂ ਸੋਵੀਅਤ ਯੂਨੀਅਨ ਦੇ ਢਹਿ-ਢੇਰੀ ਹੋਣ ਤੋਂ ਬਾਅਦ ਯੋਜਨਾਬੱਧ ਢੰਗ ਨਾਲ ਕੀਤਾ ਗਿਆ ਇਹ ਪ੍ਰਚਾਰ ਅਜੇ ਵੀ ਖਾਸਾ ਪ੍ਰਭਾਵੀ ਹੈ ਕਿ ਕਮਿਊਨਿਜ਼ਮ ਨਾਕਾਮ ਸਾਬਤ ਹੋ ਚੁੱਕੀ ਵਿਚਾਰਧਾਰਾ ਹੈ। ਇਸ ਵਿਚਾਰਧਾਰਾ ਦੇ ਪ੍ਰਯੋਗਾਂ ਨੂੰ ਬਦਨਾਮ ਕਰਨ ਅਤੇ ਇਸ ਦੇ ਨਾਇਕਾਂ ਦੀ ਡਰਾਉਣੀ ਤਸਵੀਰ ਬਣਾਉਣ ਲਈ ਪ੍ਰੋਜੈਕਟਾਂ 'ਤੇ ਬਹੁਤ ਸਾਰੇ ਸਰੋਤ ਖਰਚ ਕੀਤੇ ਗਏ ਹਨ। ਇਸ ਦੇ ਬਾਵਜੂਦ ਇਹ ਵਿਡੰਬਨਾ ਹੈ ਕਿ ਵਿਸ਼ਵ ਸਾਮਰਾਜਵਾਦ ਦੇ ਕੇਂਦਰ ਅਤੇ ਦੁਨੀਆ ਦੇ ਸਭ ਤੋਂ ਸ਼ਕਤੀਸ਼ਾਲੀ ਦੇਸ਼ ਦਾ ਹਾਕਮ ਵਰਗ ਹੁਣ ਆਪਣੇ ਉੱਤੇ ਕਮਿਊਨਿਜ਼ਮ ਦੇ ਖਤਰੇ ਨੂੰ ਮੰਡਰਾਉਂਦਾ ਦੇਖ ਰਿਹਾ ਹੈ!

ਜਦੋਂ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਅਮਰੀਕੀ ਆਜ਼ਾਦੀ ਦੀ 250ਵੀਂ ਵਰ੍ਹੇਗੰਢ (4 ਜੁਲਾਈ) ਦੀ ਪੂਰਵ ਸੰਧਿਆ 'ਤੇ ਰਾਸ਼ਟਰ ਨੂੰ ਸੰਬੋਧਨ ਕੀਤਾ ਤਾਂ ਉਸ ਨੇ ਆਪਣੇ 29 ਮਿੰਟ ਦੇ ਭਾਸ਼ਣ ਦਾ ਇੱਕ-ਚੌਥਾਈ ਤੋਂ ਵੱਧ ਸਮਾਂ ਆਪਣੇ ਦੇਸ਼ ਵਾਸੀਆਂ ਨੂੰ 'ਕਮਿਊਨਿਜ਼ਮ ਦੇ ਖਤਰਿਆਂ' ਬਾਰੇ ਚੇਤਾਵਨੀ ਦੇਣ ਅਤੇ ਇਸ ਵਿਚਾਰਧਾਰਾ ਦੀ ਨਿੰਦਾ ਕਰਨ ਵਿੱਚ ਬਿਤਾਇਆ। ਉਸ ਨੇ ਕਿਹਾ, "ਧਰਤੀ 'ਤੇ ਅਮਰੀਕਾ ਵਰਗਾ ਕੋਈ ਸਿਸਟਮ ਕਦੇ ਨਹੀਂ ਰਿਹਾ। ਅਸੀਂ ਕਿਸੇ ਨੂੰ ਵੀ ਇਸ ਨੂੰ ਆਪਣੇ ਤੋਂ ਖੋਹਣ ਨਹੀਂ ਦੇਵਾਂਗੇ। ਫਿਰ ਵੀ, ਅਸੀਂ ਆਪਣੀ ਅਮਰੀਕੀ ਪਛਾਣ 'ਤੇ ਇੱਕ ਨਵੇਂ ਹਮਲੇ ਦੇ ਗਵਾਹ ਬਣ ਰਹੇ ਹਾਂ। ਸੀਤ ਯੁੱਧ ਵਿੱਚ ਅਸੀਂ ਜਿਸ ਕਮਿਊਨਿਸਟ ਖਤਰੇ ਨਾਲ ਲੜੇ ਅਤੇ ਜਿੱਤੇ ਸੀ, ਉਸ ਤੋਂ ਇੱਕ ਪੀੜ੍ਹੀ ਬਾਅਦ, ਉਹੀ ਕਮਿਊਨਿਸਟ ਖਤਰਾ ਹੁਣ ਸਾਡੇ ਦੇਸ਼ ਵਿੱਚ ਮੁੜ ਉੱਭਰ ਰਿਹਾ ਹੈ। ਇਸ ਵਿੱਚ ਸਾਡੇ ਦੇਸ਼ ਵਿੱਚ ਨਵੇਂ ਆਉਣ ਵਾਲੇ ਲੋਕ ਸ਼ਾਮਲ ਹਨ, ਜੋ ਸਾਡੇ ਜੀਵਨ ਢੰਗ ਤੇ ਸਾਡੀ ਮਹਾਨ ਸਫਲਤਾ ਦੇ ਬਿਲਕੁਲ ਉਲਟ ਵਿਚਾਰਾਂ ਨੂੰ ਅਪਨਾਉਂਦੇ ਹਨ। ...ਇਹ ਸਾਡੇ ਦੇਸ਼ ਲਈ ਪਹਿਲੇ ਵਿਸ਼ਵ ਯੁੱਧ, ਦੂਜੇ ਵਿਸ਼ਵ ਯੁੱਧ, ਪਰਲ ਹਾਰਬਰ ਜਾਂ 9/11 ਨਾਲੋਂ ਵੀ ਵੱਡਾ ਖਤਰਾ ਹੈ।"

ਅਜਿਹਾ ਨਹੀਂ ਹੈ ਕਿ ਟਰੰਪ ਨੇ ਬਿਨਾਂ ਕਿਸੇ ਖਾਸ ਸੰਦਰਭ ਦੇ ਕਮਿਊਨਿਜ਼ਮ ਵਿਰੁੱਧ ਅਜਿਹੀ ਅੱਗ ਉਗਲੀ ਹੈ। ਹਾਲਾਤ ਅਮਰੀਕੀ ਹਾਕਮ ਜਮਾਤ ਦੀ ਕਮਿਊਨਿਜ਼ਮ ਦੇ ਪੁਨਰ-ਉਥਾਨ ਦੀ ਸੰਭਾਵਨਾ ਬਾਰੇ ਚਿੰਤਾ ਦੇ ਮਜ਼ਬੂਤ ਸੰਕੇਤ ਪ੍ਰਗਟ ਕਰਦੇ ਹਨ। ਇਸੇ ਕਰਕੇ ਕਈ ਅਮਰੀਕੀ ਰਾਜਾਂ ਦੇ ਸਕੂਲੀ ਪਾਠਕ੍ਰਮ ਵਿੱਚ 'ਕਮਿਊਨਿਸਟ ਖਤਰੇ' ਅਤੇ ਇਸ ਦੇ ਇਤਿਹਾਸ ਬਾਰੇ ਪੜ੍ਹਾਉਣਾ ਲਾਜ਼ਮੀ ਕਰ ਦਿੱਤਾ ਗਿਆ ਹੈ। ਰਾਸ਼ਟਰੀ ਪੱਧਰ 'ਤੇ, ਅਮਰੀਕੀ ਕਾਂਗਰਸ ਵਿੱਚ ਮਹੱਤਵਪੂਰਨ ਕਮਿਊਨਿਜ਼ਮ ਟੀਚਿੰਗ ਐਕਟ ਪੇਸ਼ ਕੀਤਾ ਗਿਆ ਹੈ, ਜਿਸ ਦਾ ਉਦੇਸ਼ ਦੇਸ਼-ਭਰ ਦੇ ਹਾਈ ਸਕੂਲਾਂ ਲਈ ਇੱਕ ਕਮਿਊਨਿਸਟ-ਵਿਰੋਧੀ ਨਾਗਰਿਕ ਸ਼ਾਸਤਰ ਸਿੱਖਿਆ ਪਾਠਕ੍ਰਮ ਬਣਾਉਣਾ ਹੈ। ਇਸ ਤੋਂ ਇਲਾਵਾ 'ਕਮਿਊਨਿਜ਼ਮ ਦੇ ਪੀੜਤਾਂ' ਦੀ ਯਾਦ ਵਿੱਚ ਕਈ ਮਹੱਤਵਪੂਰਨ ਯਾਦਗਾਰਾਂ ਅਤੇ ਅਜਾਇਬ ਘਰ ਬਣਾਏ ਗਏ ਹਨ ਅਤੇ ਇਹ ਸਿਰਫ ਅਮਰੀਕਾ ਤੱਕ ਹੀ ਸੀਮਤ ਨਹੀਂ ਹੈ, ਇਸੇ ਤਰ੍ਹਾਂ ਦੀਆਂ ਪਹਿਲਕਦਮੀਆਂ ਹੋਰ ਪੂੰਜੀਵਾਦੀ ਦੇਸ਼ਾਂ ਵਿੱਚ ਵੀ ਕੀਤੀਆਂ ਗਈਆਂ ਹਨ।

ਤਾਂ ਮੁੱਦਾ ਇਹ ਹੈ ਕਿ 'ਸਫਲ' ਦੇਸ਼ ਆਪਣੇ ਬਹੁਤ ਸਾਰੇ ਸਰੋਤ ਅਤੇ ਊਰਜਾ ਇੱਕ ਅਜਿਹੀ ਵਿਚਾਰਧਾਰਾ ਨੂੰ ਯਾਦ ਕਰਨ ਲਈ ਕਿਉਂ ਲਗਾ ਰਹੇ ਹਨ, ਜਿਸ ਨੂੰ ਹਰਾ ਦਿੱਤਾ ਗਿਆ ਹੈ, ਜਿਸ ਦੀ ਕਥਿਤ ਅਸਫਲਤਾ ਸਭ ਜਾਣਦੇ ਹਨ ਅਤੇ ਜੋ ਸੱਤਾ ਵਿੱਚ ਆਉਣ 'ਤੇ 'ਲੋਕਤੰਤਰ ਅਤੇ ਵਿਅਕਤੀਗਤ ਆਜ਼ਾਦੀ ਨੂੰ ਤਬਾਹ ਕਰ ਦਿੰਦੀ ਹੈ'? ਆਜ਼ਾਦੀ ਅਤੇ ਖੁਸ਼ਹਾਲੀ ਦੀ ਮੰਨੀ ਜਾਂਦੀ ਧਰਤੀ ਦਾ ਰਾਸ਼ਟਰਪਤੀ ਆਪਣੇ ਆਜ਼ਾਦੀ ਦਿਵਸ ਦੇ ਸੰਬੋਧਨ ਵਿੱਚ ਉਸ ਵਿਚਾਰਧਾਰਾ ਦੇ ਕਥਿਤ ਖਤਰਿਆਂ ਨੂੰ ਕਿਉਂ ਏਨਾ ਸਮਾਂ ਦੇ ਰਿਹਾ ਹੈ?

ਜੇ ਡੂੰਘਾਈ ਨਾਲ ਲੱਭੀਏ ਤਾਂ ਪਹਿਲਾ ਪਹਿਲੂ ਜੋ ਉੱਭਰਦਾ ਹੈ, ਉਹ ਹੈ ਪੂੰਜੀਵਾਦ ਦੇ ਗੜ੍ਹ ਵਾਲੇ ਦੇਸ਼ਾਂ ਵਿੱਚ ਲੋਕਾਂ ਦਾ ਸਿਸਟਮ ਪ੍ਰਤੀ ਮੋਹ ਭੰਗ ਹੋਣਾ। ਅਮਰੀਕਾ ਵਿੱਚ ਮਕਾਨ ਕਿਰਾਏ ਵਧ ਰਹੇ ਹਨ ਅਤੇ ਮਹਿੰਗਾਈ ਦੇ ਕਾਰਨ ਨੌਜਵਾਨਾਂ ਲਈ ਘਰ ਖਰੀਦਣਾ ਲੱਗਭੱਗ ਅਸੰਭਵ ਹੁੰਦਾ ਜਾ ਰਿਹਾ ਹੈ। ਨੌਜਵਾਨ ਅਮਰੀਕੀ ਲੱਖਾਂ ਡਾਲਰ ਦੇ ਕਾਲਜ ਕਰਜ਼ੇ ਦੇ ਬੋਝ ਹੇਠ ਦੱਬੇ ਹੋਏ ਹਨ, ਜਿਸ ਕਾਰਨ ਉਹ ਆਪਣੇ ਕੈਰੀਅਰ ਦੀ ਸ਼ੁਰੂਆਤ ਕਰਦੇ ਸਮੇਂ ਬਹੁਤ ਜ਼ਿਆਦਾ ਵਿੱਤੀ ਦਬਾਅ ਹੇਠ ਆ ਜਾਂਦੇ ਹਨ। ਡਾਕਟਰੀ ਦੇਖਭਾਲ ਬੀਮੇ ਤੋਂ ਬਿਨਾਂ ਬਹੁਤ ਮਹਿੰਗੀ ਹੈ। ਇਸ ਲਈ ਨੌਜਵਾਨ ਕੁਦਰਤੀ ਤੌਰ 'ਤੇ ਉਨ੍ਹਾਂ ਪ੍ਰਣਾਲੀਆਂ ਵੱਲ ਖਿੱਚੇ ਜਾਂਦੇ ਹਨ ਜਿੱਥੇ ਸਰਕਾਰ ਮੁਫਤ ਜਾਂ ਕਿਫਾਇਤੀ ਸਿਹਤ ਸੰਭਾਲ ਪ੍ਰਦਾਨ ਕਰਦੀ ਹੈ। ਨੌਜਵਾਨਾਂ ਨੂੰ ਲੱਗਦਾ ਹੈ ਕਿ ਮੌਜੂਦਾ ਪੂੰਜੀਵਾਦੀ ਪ੍ਰਣਾਲੀ ਸਿਰਫ ਵੱਡੀਆਂ ਕਾਰਪੋਰੇਸ਼ਨਾਂ ਅਤੇ ਅਮੀਰ ਲੋਕਾਂ (ਉੱਪਰਲੀ ਇੱਕ ਪ੍ਰਤੀਸ਼ਤ ਆਬਾਦੀ) ਨੂੰ ਲਾਭ ਪਹੁੰਚਾ ਰਹੀ ਹੈ, ਜਦੋਂ ਕਿ ਆਮ ਲੋਕ ਪਿੱਛੇ ਰਹਿ ਰਹੇ ਹਨ। ਨਤੀਜੇ ਵਜੋਂ, ਅਮਰੀਕਾ ਵਿੱਚ ਇੱਕ ਪ੍ਰਣਾਲੀ ਅਤੇ ਵਿਚਾਰਧਾਰਾ ਦੇ ਰੂਪ ਵਿੱਚ ਸਮਾਜਵਾਦ ਦੀ ਪ੍ਰਸਿੱਧੀ ਤੇਜ਼ੀ ਨਾਲ ਵਧੀ ਹੈ। ਸੱਜੇ-ਪੱਖੀ ਕੈਟੋ ਇੰਸਟੀਚਿਊਟ ਦੇ ਇੱਕ ਤਾਜ਼ਾ ਰਾਸ਼ਟਰੀ ਸਰਵੇਖਣ ਵਿੱਚ ਪਾਇਆ ਗਿਆ ਕਿ ਨਵੀਂ ਪੀੜ੍ਹੀ ਵਿੱਚ ਸਮਾਜਵਾਦ ਲਈ ਸਮਰਥਨ (53 ਫੀਸਦੀ) ਪੂੰਜੀਵਾਦ (45 ਫੀਸਦੀ) ਨਾਲੋਂ ਵੱਧ ਸੀ। ਪਿਊ ਰਿਸਰਚ ਅਤੇ ਯੂਗੋਵ ਦੇ ਅਧਿਐਨਾਂ ਮੁਤਾਬਕ ਜਦੋਂ ਕਿ 45 ਸਾਲ ਤੋਂ ਵੱਧ ਉਮਰ ਦੇ ਜ਼ਿਆਦਾਤਰ ਅਮਰੀਕੀ ਪੂੰਜੀਵਾਦ ਦਾ ਸਮਰਥਨ ਕਰਦੇ ਹਨ, 18-29 ਸਾਲ ਦੀ ਉਮਰ ਦੇ ਨੌਜਵਾਨਾਂ ਵਿੱਚ ਪੂੰਜੀਵਾਦ ਅਤੇ ਸਮਾਜਵਾਦ ਲੱਗਭੱਗ ਬਰਾਬਰ ਮੇਲ ਖਾਂਦੇ ਹਨ, ਕਈ ਵਾਰ ਸਮਾਜਵਾਦ ਦਾ ਹੱਥ ਉੱਪਰ ਹੁੰਦਾ ਹੈ।

ਥਿੰਕ ਟੈਂਕ ਹਾਰਟਲੈਂਡ ਇੰਸਟੀਚਿਊਟ ਅਤੇ ਰਾਸਮੁਸੇਨ ਦੇ ਸਰਵੇਖਣ ਦਰਸਾਉਂਦੇ ਹਨ ਕਿ 18-39 ਸਾਲ ਦੀ ਉਮਰ ਦੇ ਅੱਧੇ ਤੋਂ ਵੱਧ (53 ਫੀਸਦੀ) ਅਮਰੀਕੀ ਭਵਿੱਖ ਵਿੱਚ ਵ੍ਹਾਈਟ ਹਾਊਸ ਵਿੱਚ ਇੱਕ 'ਡੈਮੋਕ੍ਰੇਟਿਕ ਸੋਸ਼ਲਿਸਟ' ਰਾਸ਼ਟਰਪਤੀ ਨੂੰ ਦੇਖਣਾ ਚਾਹੁੰਦੇ ਹਨ।

ਵਰਤਮਾਨ ਵਿੱਚ, ਅਮਰੀਕੀ ਨੌਜਵਾਨਾਂ ਦੀ ਬਹੁਗਿਣਤੀ ਚੋਣ ਪ੍ਰਣਾਲੀ ਦੇ ਅੰਦਰ ਸਮਾਜਵਾਦ ਨੂੰ ਇੱਕ ਵਿਕਲਪ ਵਜੋਂ ਵਿਚਾਰ ਰਹੀ ਹੈ। ਟਰੰਪ, ਉਸ ਦੇ ਸਮਰਥਕਾਂ ਅਤੇ ਅਮਰੀਕਾ ਤੇ ਪੱਛਮ ਵਿੱਚ ਆਮ ਤੌਰ 'ਤੇ ਫੈਲਿਆ 'ਲਾਲ ਡਰ' ਬਿਨਾਂ ਕਿਸੇ ਕਾਰਨ ਦੇ ਨਹੀਂ ਹੈ। ਇਹ ਇਤਿਹਾਸ ਦੇ ਇੱਕ ਮੋੜ 'ਤੇ ਪਹੁੰਚਣ ਦਾ ਨਤੀਜਾ ਹੈ, ਜਿੱਥੇ ਕਾਰਲ ਮਾਰਕਸ ਅਤੇ ਕਮਿਊਨਿਜ਼ਮ ਪੂੰਜੀਵਾਦੀ ਲੋਕਤੰਤਰ ਤੋਂ ਨਿਰਾਸ਼ ਅਤੇ ਇਸ ਦੇ ਲਾਭਾਂ ਤੋਂ ਵਾਂਝੇ ਸਮੂਹਾਂ ਲਈ ਵੱਧ ਤੋਂ ਵੱਧ ਆਕਰਸ਼ਕ ਬਣ ਗਏ ਹਨ। ਟਰੰਪ ਨੇ ਇਨ੍ਹਾਂ ਸਮੂਹਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਕਿਹਾ ਹੈ ਕਿ ਤੁਸੀਂ ਇੱਕੋ ਸਮੇਂ ਮਾਰਕਸ ਅਤੇ ਅਮਰੀਕਾ ਪ੍ਰਤੀ ਵਫਾਦਾਰ ਨਹੀਂ ਹੋ ਸਕਦੇ, ਤੁਸੀਂ ਇੱਕੋ ਸਮੇਂ ਇੱਕ ਕਮਿਊਨਿਸਟ ਅਤੇ ਇੱਕ ਦੇਸ਼ ਭਗਤ ਨਹੀਂ ਹੋ ਸਕਦੇ, ਪਰ ਇਹ ਉਸ ਦੀ ਸੋਚ ਹੈ। ਇਹ ਸੰਭਾਵਨਾ ਹੈ ਕਿ ਕਮਿਊਨਿਸਟ ਹੋਣ ਨੂੰ ਦੇਸ਼ ਭਗਤੀ ਦਾ ਸਭ ਤੋਂ ਸੱਚਾ ਰੂਪ ਮੰਨਣ ਵਾਲੇ ਲੋਕਾਂ ਦੀ ਗਿਣਤੀ ਵਧਦੀ ਰਹੇਗੀ। ਉਸ ਦਿਨ ਦਾ ਵਿਚਾਰ ਪਹਿਲਾਂ ਹੀ ਟਰੰਪ ਅਤੇ ਅਮਰੀਕੀ ਹਾਕਮ ਵਰਗ ਨੂੰ ਕੰਬਣੀ ਛੇੜ ਰਿਹਾ ਹੈ!

# ਜਨਗਣਨਾ ਰਾਸ਼ਟਰ ਨਿਰਮਾਣ ਦਾ ਬੁਨਿਆਦੀ ਆਧਾਰ

**ਮਨਜੀਤ ਮਾਨ**

ਰਾਸ਼ਟਰ ਨਿਰਮਾਣ ਇੱਕ ਅਜਿਹੀ ਬਹੁ-ਪੱਖੀ, ਨਿਰੰਤਰ ਅਤੇ ਜਟਿਲ ਪ੍ਰਕਿਰਿਆ ਹੈ, ਜਿਸ ਵਿੱਚ ਕਿਸੇ ਦੇਸ਼ ਦੇ ਸਮਾਜਿਕ, ਆਰਥਿਕ, ਰਾਜਨੀਤਿਕ, ਸੱਭਿਆਚਾਰਕ ਅਤੇ ਭੂਗੋਲਿਕ ਢਾਂਚੇ ਨੂੰ ਇੱਕ ਸੂਤਰ ਵਿੱਚ ਪਰੋ ਕੇ ਮਜ਼ਬੂਤ ਬਣਾਇਆ ਜਾਂਦਾ ਹੈ। ਕਿਸੇ ਵੀ ਮਜ਼ਬੂਤ, ਪ੍ਰਗਤੀਸ਼ੀਲ ਅਤੇ ਆਧੁਨਿਕ ਰਾਸ਼ਟਰ ਦੀ ਇਮਾਰਤ ਉਸ ਦੇ ਨਾਗਰਿਕਾਂ ਦੀ ਸਹੀ ਸਥਿਤੀ, ਉਨ੍ਹਾਂ ਦੀਆਂ ਲੋੜਾਂ ਅਤੇ ਅਸਲ ਸੰਖਿਆ 'ਤੇ ਟਿਕੀ ਹੁੰਦੀ ਹੈ। ਇਸ ਮਹਾਨ ਕਾਰਜ ਵਿੱਚ ਜਨਗਣਨਾ ਸਭ ਤੋਂ ਅਹਿਮ ਅਤੇ ਬੁਨਿਆਦੀ ਆਧਾਰ ਪੱਥਰ ਵਜੋਂ ਕੰਮ ਕਰਦੀ ਹੈ।

ਆਮ ਤੌਰ 'ਤੇ ਸਾਧਾਰਨ ਸ਼ਬਦਾਂ ਵਿੱਚ ਜਨਗਣਨਾ ਨੂੰ ਕੇਵਲ ਲੋਕਾਂ ਦੀ ਸਿਰ-ਗਿਣਤੀ ਕਰਨ ਦੀ ਇੱਕ ਪ੍ਰਸ਼ਾਸਨਿਕ ਪ੍ਰਕਿਰਿਆ ਮੰਨ ਲਿਆ ਜਾਂਦਾ ਹੈ, ਪਰ ਅਸਲ ਵਿੱਚ ਇਹ ਇਸ ਸੀਮਤ ਦਾਇਰੇ ਤੋਂ ਕਿਤੇ ਵੱਧ ਵਿਆਪਕ ਹੈ। ਇਹ ਦੇਸ਼ ਦੀ ਜਨਸੰਖਿਆ ਦਾ ਇੱਕ ਅਜਿਹਾ ਵਿਸਥਾਰਿਤ ਅਤੇ ਪ੍ਰਮਾਣਿਕ ਸਮਾਜਿਕ-ਆਰਥਿਕ ਲੇਖਾ-ਜੋਖਾ ਹੁੰਦਾ ਹੈ, ਜੋ ਦੇਸ਼ ਦੇ ਅਤੀਤ ਦੀ ਪ੍ਰਗਤੀ ਨੂੰ ਮਾਪਦਾ ਹੈ, ਵਰਤਮਾਨ ਦੀਆਂ ਲੋੜਾਂ ਅਤੇ ਕਮੀਆਂ ਨੂੰ ਸਾਹਮਣੇ ਲਿਆਉਂਦਾ ਹੈ ਅਤੇ ਆਉਣ ਵਾਲੇ ਭਵਿੱਖ ਦੇ ਵਿਕਾਸ ਦਾ ਸੁਚੱਜਾ ਮਾਰਗ ਤਿਆਰ ਕਰਦਾ ਹੈ। ਕਿਸੇ ਵੀ ਲੋਕਤੰਤਰੀ ਅਤੇ ਲੋਕ-ਕਲਿਆਣਕਾਰੀ ਰਾਸ਼ਟਰ ਲਈ ਆਪਣੀ ਜਨਤਾ ਦੇ ਸਰਬਪੱਖੀ ਵਿਕਾਸ ਲਈ ਦੂਰਦਰਸ਼ੀ ਯੋਜਨਾਵਾਂ ਬਣਾਉਣਾ ਉਦੋਂ ਤੱਕ ਅਸੰਭਵ ਹੈ, ਜਦੋਂ ਤੱਕ ਉਸ ਕੋਲ ਦੇਸ਼ ਦੇ ਆਖਰੀ ਕੋਨੇ ਵਿੱਚ, ਦੂਰ-ਦੁਰਾਡੇ ਪਿੰਡਾਂ ਜਾਂ ਹਾਸ਼ੀਏ 'ਤੇ ਬੈਠੇ ਆਖਰੀ ਵਿਅਕਤੀ ਤੱਕ ਦੇ ਸਹੀ ਅਤੇ ਪ੍ਰਮਾਣਿਤ ਅੰਕੜੇ ਮੌਜੂਦ ਨਾ ਹੋਣ। ਇਸ ਤਰ੍ਹਾਂ ਜਨਗਣਨਾ ਕਿਸੇ ਦੇਸ਼ ਦੇ ਵਿਕਾਸ ਦੀ ਰੂਹ ਹੁੰਦੀ ਹੈ।

ਜਨਗਣਨਾ ਰਾਹੀਂ ਪ੍ਰਾਪਤ ਹੋਏ ਅੰਕੜੇ ਰਾਸ਼ਟਰ ਨਿਰਮਾਣ ਦੇ ਸਫਰ ਵਿੱਚ ਸਭ ਤੋਂ ਮਹੱਤਵਪੂਰਨ ਅਤੇ ਪ੍ਰਭਾਵਸ਼ਾਲੀ ਹਥਿਆਰ ਸਾਬਤ ਹੁੰਦੇ ਹਨ। ਸਰਕਾਰਾਂ ਜਦੋਂ ਵੀ ਦੇਸ਼ ਹਿੱਤ ਵਿੱਚ ਕੋਈ ਨੀਤੀ, ਕਾਨੂੰਨ ਜਾਂ ਵੱਡੀ ਕਲਿਆਣਕਾਰੀ ਯੋਜਨਾ ਤਿਆਰ ਕਰਦੀਆਂ ਹਨ, ਤਾਂ ਉਸ ਦਾ ਮੁੱਖ ਆਧਾਰ ਇਹ ਅੰਕੜੇ ਹੀ ਹੁੰਦੇ ਹਨ। ਜਨਗਣਨਾ ਰਾਹੀਂ ਪ੍ਰਸ਼ਾਸਨ ਨੂੰ ਇਹ ਸਪੱਸ਼ਟ ਰੂਪ ਵਿੱਚ ਪਤਾ ਲੱਗਦਾ ਹੈ ਕਿ ਦੇਸ਼ ਦੀ ਜਨਸੰਖਿਆ ਵਿੱਚ ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਦਾ ਆਪਸੀ ਅਨੁਪਾਤ ਕੀ ਹੈ। ਜੇਕਰ ਅੰਕੜੇ ਇਹ ਦਰਸਾਉਂਦੇ ਹਨ ਕਿ ਕਿਸੇ ਖਾਸ ਖੇਤਰ ਵਿੱਚ ਬੱਚਿਆਂ ਦੀ ਗਿਣਤੀ ਜ਼ਿਆਦਾ ਹੈ, ਤਾਂ ਉੱਥੇ ਪ੍ਰਾਇਮਰੀ ਸਕੂਲ, ਆਂਗਣਵਾੜੀ ਕੇਂਦਰ, ਪੋਸ਼ਣ ਹਾਰ ਯੋਜਨਾਵਾਂ ਅਤੇ ਬਾਲ ਸਿਹਤ ਸੇਵਾਵਾਂ ਸ਼ੁਰੂ ਕਰਨ ਨੂੰ ਪਹਿਲ ਦਿੱਤੀ ਜਾਂਦੀ ਹੈ। ਦੂਜੇ ਪਾਸੇ, ਨੌਜਵਾਨਾਂ ਦੀ ਵੱਡੀ ਆਬਾਦੀ, ਜਿਸ ਨੂੰ ਜਨਸੰਖਿਆ ਲਾਭਾਂਸ਼ ਜਾਂ ਡੈਮੋਗ੍ਰਾਫਿਕ ਡਿਵੀਡੈਂਡ ਕਿਹਾ ਜਾਂਦਾ ਹੈ, ਦੇ ਆਧਾਰ 'ਤੇ ਉਦਯੋਗਿਕ ਨੀਤੀਆਂ, ਤਕਨੀਕੀ ਸਿੱਖਿਆ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾਂਦੇ ਹਨ, ਤਾਂ ਜੋ ਦੇਸ਼ ਦੀ ਨੌਜਵਾਨ ਸ਼ਕਤੀ ਨੂੰ ਸਹੀ ਦਿਸ਼ਾ ਦਿੱਤੀ ਜਾ ਸਕੇ। ਇਸੇ ਤਰ੍ਹਾਂ ਬਜ਼ੁਰਗਾਂ ਦੀ ਵਧ ਰਹੀ ਆਬਾਦੀ ਨੂੰ ਦੇਖਦਿਆਂ ਪੈਨਸ਼ਨ ਯੋਜਨਾਵਾਂ, ਬਜ਼ੁਰਗ ਆਸ਼ਰਮ ਅਤੇ ਵਿਸ਼ੇਸ਼ ਸਿਹਤ ਬੀਮਾ ਵਰਗੀਆਂ ਸਮਾਜਿਕ ਸੁਰੱਖਿਆ ਪ੍ਰਣਾਲੀਆਂ ਉਲੀਕੀਆਂ ਜਾਂਦੀਆਂ ਹਨ। ਜਨਗਣਨਾ ਤੋਂ ਬਿਨਾਂ ਸਰਕਾਰਾਂ ਲਈ ਇਹ ਪਤਾ ਲਗਾਉਣਾ ਮੁਸ਼ਕਲ ਹੋ ਜਾਵੇਗਾ ਕਿ ਦੇਸ਼ ਦਾ ਪੈਸਾ ਕਿੱਥੇ ਖਰਚ ਕਰਨਾ ਹੈ, ਜਿਸ ਨਾਲ ਸਰੋਤਾਂ ਦੀ ਬਰਬਾਦੀ ਹੁੰਦੀ ਹੈ।

ਇੱਕ ਨਿਆਂਪੂਰਨ ਅਤੇ ਸਮਾਨਤਾਵਾਦੀ ਰਾਸ਼ਟਰ ਦੇ ਨਿਰਮਾਣ ਲਈ ਦੇਸ਼ ਦੇ ਸਾਰੇ ਖੇਤਰਾਂ ਅਤੇ ਵਰਗਾਂ ਦਾ ਸੰਤੁਲਿਤ ਵਿਕਾਸ ਹੋਣਾ ਬਹੁਤ ਲਾਜ਼ਮੀ ਹੈ। ਜਨਗਣਨਾ ਰਾਹੀਂ ਦੇਸ਼ ਦੇ ਵੱਖ-ਵੱਖ ਰਾਜਾਂ, ਜ਼ਿਲ੍ਹਿਆਂ, ਕਸਬਿਆਂ ਅਤੇ ਪਿੰਡਾਂ ਦੀ ਆਰਥਿਕ ਅਤੇ ਭੌਤਿਕ ਸਥਿਤੀ ਦਾ ਅਸਲ ਸ਼ੀਸ਼ਾ ਸਾਹਮਣੇ ਆਉਂਦਾ ਹੈ। ਇਸ ਪ੍ਰਕਿਰਿਆ ਰਾਹੀਂ ਸਰਕਾਰ ਨੂੰ ਪਤਾ ਲੱਗਦਾ ਹੈ ਕਿ ਕਿਹੜੇ ਭੂਗੋਲਿਕ ਖੇਤਰ ਅਜੇ ਵੀ ਪੱਛੜੇ ਹੋਏ ਹਨ, ਕਿੱਥੇ ਪੀਣ ਵਾਲੇ ਸਾਫ਼ ਪਾਣੀ ਦੀ ਕਿੱਲਤ ਹੈ, ਕਿੱਥੇ ਪੱਕੀਆਂ ਸੜਕਾਂ, ਬਿਜਲੀ ਦੇ ਕੁਨੈਕਸ਼ਨ ਅਤੇ ਹਸਪਤਾਲਾਂ ਦੀ ਘਾਟ ਹੈ। ਇਨ੍ਹਾਂ ਬੁਨਿਆਦੀ ਅੰਕੜਿਆਂ ਦੇ ਅਧਾਰ 'ਤੇ ਹੀ ਰਾਸ਼ਟਰੀ ਬਜਟ ਵਿੱਚੋਂ ਵਿੱਤੀ ਫੰਡਾਂ ਅਤੇ ਸੰਸਾਧਨਾਂ ਦੀ ਵੰਡ ਕੀਤੀ ਜਾਂਦੀ ਹੈ, ਤਾਂ ਜੋ ਪੱਛੜੇ ਅਤੇ ਵਿਕਾਸ ਤੋਂ ਵਾਂਝੇ ਖੇਤਰਾਂ ਨੂੰ ਮੁੱਖ ਧਾਰਾ ਵਿੱਚ ਲਿਆਂਦਾ ਜਾ ਸਕੇ ਅਤੇ ਖੇਤਰੀ ਅਸਮਾਨਤਾ ਨੂੰ ਖਤਮ ਕੀਤਾ ਜਾ ਸਕੇ। ਸਮਾਜ ਦੇ ਕਮਜ਼ੋਰ, ਸ਼ੋਸ਼ਿਤ ਅਤੇ ਹਾਸ਼ੀਏ 'ਤੇ ਧੱਕੇ ਗਏ ਵਰਗਾਂ, ਜਿਵੇਂ ਕਿ ਅਨੁਸੂਚਿਤ ਜਾਤੀਆਂ, ਅਨੁਸੂਚਿਤ ਕਬੀਲਿਆਂ, ਪੱਛੜੀਆਂ ਸ਼੍ਰੇਣੀਆਂ, ਘੱਟ ਗਿਣਤੀਆਂ ਅਤੇ ਮਹਿਲਾਵਾਂ ਦੀ ਸਥਿਤੀ ਦਾ ਸਹੀ ਮੁਲਾਂਕਣ ਵੀ ਜਨਗਣਨਾ ਰਾਹੀਂ ਹੀ ਸੰਭਵ ਹੁੰਦਾ ਹੈ।

ਸੰਵਿਧਾਨਕ ਅਤੇ ਲੋਕਤੰਤਰੀ ਪ੍ਰਣਾਲੀ ਦੀ ਮਜ਼ਬੂਤੀ ਵੀ ਸਿੱਧੇ ਤੌਰ 'ਤੇ ਜਨਗਣਨਾ ਦੇ ਨਤੀਜਿਆਂ ਨਾਲ ਜੁੜੀ ਹੋਈ ਹੈ। ਇੱਕ ਸਿਹਤਮੰਦ ਲੋਕਤੰਤਰ ਦੀ ਬੁਨਿਆਦ ਇਸ ਗੱਲ 'ਤੇ ਟਿਕੀ ਹੁੰਦੀ ਹੈ ਕਿ ਹਰ ਨਾਗਰਿਕ ਦੀ ਸਿਆਸੀ ਪ੍ਰਤੀਨਿਧਤਾ ਬਰਾਬਰ ਹੋਵੇ। ਜਨਗਣਨਾ ਦੇ ਅੰਕੜਿਆਂ ਦੇ ਆਧਾਰ 'ਤੇ ਹੀ ਹੱਦਬੰਦੀ ਕਮਿਸ਼ਨ ਵੱਲੋਂ ਲੋਕ ਸਭਾ, ਵਿਧਾਨ ਸਭਾ ਅਤੇ ਸਥਾਨਕ ਨਿਕਾਏ (ਜਿਵੇਂ ਪੰਚਾਇਤਾਂ ਅਤੇ ਨਗਰ ਨਿਗਮਾਂ) ਦੀਆਂ ਚੋਣਾਂ ਲਈ ਹਲਕਿਆਂ ਦੀਆਂ ਸੀਮਾਵਾਂ ਨੂੰ ਦੁਬਾਰਾ ਨਿਰਧਾਰਿਤ ਕੀਤਾ ਜਾਂਦਾ ਹੈ, ਜਿਸ ਖੇਤਰ ਦੀ ਆਬਾਦੀ ਸਮੇਂ ਦੇ ਨਾਲ ਵਧਦੀ ਹੈ, ਉੱਥੇ ਵੋਟਰਾਂ ਦੀ ਗਿਣਤੀ ਦੇ ਅਨੁਪਾਤ ਅਨੁਸਾਰ ਸੀਟਾਂ ਅਤੇ ਪ੍ਰਤੀਨਿਧਤਾ ਦੇ ਨਿਯਮਾਂ ਵਿੱਚ ਬਦਲਾਅ ਕੀਤੇ ਜਾਂਦੇ ਹਨ, ਤਾਂ ਜੋ ਹਰ ਇੱਕ ਨਾਗਰਿਕ ਦੀ ਵੋਟ ਦਾ ਮੁੱਲ ਅਤੇ ਉਸ ਦੀ ਸਿਆਸੀ ਆਵਾਜ਼ ਦੀ ਅਹਿਮੀਅਤ ਬਰਾਬਰ ਰਹੇ। ਇਸ ਦੇ ਨਾਲ ਹੀ ਜਨਗਣਨਾ ਦੇਸ਼ ਵਿੱਚ ਹੋ ਰਹੀਆਂ ਵੱਡੀਆਂ ਸਮਾਜਿਕ ਅਤੇ ਸੱਭਿਆਚਾਰਕ ਤਬਦੀਲੀਆਂ ਨੂੰ ਸਮਝਣ ਦਾ ਸਭ ਤੋਂ ਵੱਡਾ ਜ਼ਰੀਆ ਹੈ। ਇਸ ਰਾਹੀਂ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਲਿੰਗ ਅਨੁਪਾਤ, ਸਾਖਰਤਾ ਦਰ, ਸਕੂਲ ਛੱਡਣ ਵਾਲੇ ਬੱਚਿਆਂ ਦੀ ਦਰ ਅਤੇ ਰੁਜ਼ਗਾਰ ਦੀ ਭਾਲ ਵਿੱਚ ਪੇਂਡੂ ਖੇਤਰਾਂ ਤੋਂ ਸ਼ਹਿਰਾਂ ਵੱਲ ਹੋਣ ਵਾਲੇ ਪ੍ਰਵਾਸ (Migration) ਵਰਗੇ ਗੰਭੀਰ ਰੁਝਾਨ ਸਾਹਮਣੇ ਆਉਂਦੇ ਹਨ।

ਜੇਕਰ ਆਰਥਿਕ ਮੋਰਚੇ ਅਤੇ ਦੇਸ਼ ਦੀ ਪ੍ਰਗਤੀ ਦੀ ਗੱਲ ਕਰੀਏ, ਤਾਂ ਉੱਥੇ ਵੀ ਜਨਗਣਨਾ ਦਾ ਯੋਗਦਾਨ ਬਹੁਤ ਵਿਆਪਕ ਹੁੰਦਾ ਹੈ। ਅਜੋਕੇ ਯੁੱਗ ਵਿੱਚ ਸਿਰਫ਼ ਸਰਕਾਰੀ ਖੇਤਰ ਹੀ ਨਹੀਂ, ਬਲਕਿ ਨਿੱਜੀ ਉਦਯੋਗ, ਦੇਸੀ-ਵਿਦੇਸ਼ੀ ਨਿਵੇਸ਼ਕ, ਬੈਂਕਿੰਗ ਪ੍ਰਣਾਲੀ ਅਤੇ ਵੱਡੇ ਵਪਾਰਕ ਘਰਾਣੇ ਵੀ ਦੇਸ਼ ਦੇ ਜਨਸੰਖਿਆ ਸੰਬੰਧੀ ਅੰਕੜਿਆਂ ਨੂੰ ਆਪਣੀ ਰਣਨੀਤੀ ਦਾ ਮੁੱਖ ਹਿੱਸਾ ਬਣਾਉਂਦੇ ਹਨ। ਨਿੱਜੀ ਕੰਪਨੀਆਂ ਜਨਗਣਨਾ ਰਾਹੀਂ ਇਹ ਅਧਿਐਨ ਕਰਦੀਆਂ ਹਨ ਕਿ ਦੇਸ਼ ਦੇ ਕਿਸ ਹਿੱਸੇ ਵਿੱਚ ਖਪਤਕਾਰਾਂ ਦੀ ਖਰੀਦ ਸ਼ਕਤੀ ਕਿਹੋ ਜਿਹੀ ਹੈ, ਕਿਸ ਚੀਜ਼ ਦੀ ਮੰਗ ਕਿੱਥੇ ਵਧੇਰੇ ਹੋ ਸਕਦੀ ਹੈ, ਕਿਹੜੇ ਖੇਤਰਾਂ ਵਿੱਚ ਹੁਨਰਮੰਦ ਜਾਂ ਅਣਸਿੱਖਿਅਤ ਮਜ਼ਦੂਰ ਆਸਾਨੀ ਨਾਲ ਉਪਲੱਬਧ ਹੋ ਸਕਦੇ ਹਨ ਅਤੇ ਕਿਹੜੇ ਸਥਾਨ ਨਵੇਂ ਕਾਰਖਾਨੇ ਜਾਂ ਦਫ਼ਤਰ ਸਥਾਪਤ ਕਰਨ ਲਈ ਸਭ ਤੋਂ ਢੁਕਵੇਂ ਹਨ। ਇਸ ਪ੍ਰਕਿਰਿਆ ਨਾਲ ਦੇਸ਼ ਵਿੱਚ ਨਿੱਜੀ ਨਿਵੇਸ਼ ਵਧਦਾ ਹੈ, ਉਦਯੋਗਾਂ ਦਾ ਜਾਲ ਵਿਛਦਾ ਹੈ, ਨਵੇਂ ਬੁਨਿਆਦੀ ਢਾਂਚੇ ਦਾ ਵਿਕਾਸ ਹੁੰਦਾ ਹੈ ਅਤੇ ਦੇਸ਼ ਦੀ ਆਰਥਿਕਤਾ ਵਿਸ਼ਵ ਪੱਧਰ 'ਤੇ ਮਜ਼ਬੂਤੀ ਨਾਲ ਉਭਰਦੀ ਹੈ। ਇਸ ਤੋਂ ਇਲਾਵਾ ਅਕਾਦਮਿਕ ਖੇਤਰ, ਯੂਨੀਵਰਸਿਟੀਆਂ, ਵਿਗਿਆਨਕ ਸੰਸਥਾਵਾਂ ਅਤੇ ਖੋਜਾਰਥੀਆਂ ਲਈ ਇਹ ਅੰਕੜੇ ਇੱਕ ਬਹੁਮੁੱਲਾ ਅਤੇ ਕਦੇ ਨਾ ਖਤਮ ਹੋਣ ਵਾਲਾ ਸਰੋਤ ਹੁੰਦੇ ਹਨ, ਜਿਨ੍ਹਾਂ ਦੇ ਅਧਾਰ 'ਤੇ ਉਹ ਸਮਾਜਿਕ-ਆਰਥਿਕ ਸਮੱਸਿਆਵਾਂ ਦੇ ਹੱਲ ਲੱਭਣ ਲਈ ਡੂੰਘੀ ਖੋਜ ਕਰਦੇ ਹਨ ਅਤੇ ਦੇਸ਼ ਦੀਆਂ ਭਵਿੱਖੀ ਚੁਣੌਤੀਆਂ, ਜਿਵੇਂ ਕਿ ਸ਼ਹਿਰੀਕਰਨ, ਗਰੀਬੀ ਅਤੇ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨਾਲ ਨਜਿੱਠਣ ਲਈ ਨਵੇਂ ਮਾਡਲ ਪੇਸ਼ ਕਰਦੇ ਹਨ।

ਇਹ ਪੂਰੀ ਤਰ੍ਹਾਂ ਸਪੱਸ਼ਟ ਹੋ ਜਾਂਦਾ ਹੈ ਕਿ ਜਨਗਣਨਾ ਕੇਵਲ ਕਾਗਜ਼ਾਂ 'ਤੇ ਦਰਜ ਕੀਤੇ ਗਏ ਸੁੱਕੇ ਅੰਕੜਿਆਂ ਦਾ ਕੋਈ ਬੇਜਾਨ ਸੰਗ੍ਰਹਿ ਨਹੀਂ, ਬਲਕਿ ਇਹ ਕਿਸੇ ਵੀ ਜਿਉਂਦੇ-ਜਾਗਦੇ ਰਾਸ਼ਟਰ ਦੀ ਤਰੱਕੀ ਦਾ ਇਤਿਹਾਸਕ ਦਸਤਾਵੇਜ਼ ਅਤੇ ਉਸ ਦੇ ਭਵਿੱਖ ਦੇ ਵਿਕਾਸ ਦਾ ਅਸਲ ਨਕਸ਼ਾ ਹੁੰਦੀ ਹੈ। ਇਹ ਦੇਸ਼ ਦੀ ਨਬਜ਼ ਟੋਹਣ ਦਾ ਉਹ ਮਹੱਤਵਪੂਰਨ ਕਾਰਜ ਹੈ, ਜਿਸ ਤੋਂ ਬਿਨਾਂ ਇੱਕ ਮਜ਼ਬੂਤ, ਸੁਰੱਖਿਅਤ ਅਤੇ ਸਮਰੱਥ ਰਾਸ਼ਟਰ ਦੇ ਨਿਰਮਾਣ ਦੀ ਕਲਪਨਾ ਵੀ ਬੇਮਾਨੀ ਲੱਗਦੀ ਹੈ, ਕਿਉਂਕਿ ਬਿਨਾਂ ਕਿਸੇ ਤੱਥ ਅਤੇ ਸਹੀ ਜਾਣਕਾਰੀ ਦੇ ਬਣਾਏ ਗਏ ਵਿਕਾਸ ਦੇ ਵੱਡੇ-ਵੱਡੇ ਦਾਅਵੇ ਜਾਂ ਮਾਡਲ ਕਦੇ ਵੀ ਜ਼ਮੀਨੀ ਪੱਧਰ 'ਤੇ ਸਫਲ ਨਹੀਂ ਹੋ ਸਕਦੇ। ਸਾਨੂੰ ਸਰਕਾਰੀ ਕਰਮਚਾਰੀਆਂ ਨੂੰ ਆਪਣੀ ਅਤੇ ਆਪਣੇ ਪਰਿਵਾਰ ਦੀ ਬਿਲਕੁਲ ਸਹੀ, ਸੱਚੀ ਅਤੇ ਸਪੱਸ਼ਟ ਜਾਣਕਾਰੀ ਦਰਜ ਕਰਵਾਉਣੀ ਚਾਹੀਦੀ ਹੈ, ਕਿਉਂਕਿ ਸਾਡਾ ਇਹ ਛੋਟਾ ਜਿਹਾ ਸਹਿਯੋਗ ਅਤੇ ਇੱਕ-ਇੱਕ ਅੰਕੜਾ ਆਉਣ ਵਾਲੇ ਸਮੇਂ ਵਿੱਚ ਇੱਕ ਮਜ਼ਬੂਤ, ਆਤਮ-ਨਿਰਭਰ, ਸਮਾਨਤਾਵਾਦੀ, ਅਗਾਂਹਵਧੂ ਅਤੇ ਖੁਸ਼ਹਾਲ ਰਾਸ਼ਟਰ ਦੇ ਨਿਰਮਾਣ ਵਿੱਚ ਸਭ ਤੋਂ ਵੱਡਾ ਅਤੇ ਅਹਿਮ ਯੋਗਦਾਨ ਸਾਬਤ ਹੁੰਦਾ ਹੈ।

# ਸੰਪਰਕ : 70098-98044

# ਨੌਜਵਾਨਾਂ 'ਚ ਘਟ ਰਹੀ ਸਹਿਣਸ਼ੀਲਤਾ



ਹਰਸੰਤ ਸਿੰਘ ਢੀਂਡਸਾ

ਪੁਰਾਤਨ ਸਮਿਆਂ ਵਿੱਚ ਸਹਿਣਸ਼ੀਲਤਾ ਅਤੇ ਸਾਦਗੀ ਮਨੁੱਖੀ ਜੀਵਨ ਦਾ ਅਟੁੱਟ ਅੰਗ ਹੁੰਦੇ ਸਨ। ਲੋਕ ਸਹਿਜ ਦੇ ਵਿੱਚ ਰਹਿੰਦੇ, ਸਾਦਾ ਲਿਬਾਸ ਪਹਿਨਦੇ, ਪੰਜਾਬੀ ਸੱਭਿਆਚਾਰ ਦੇ ਚੰਗੇ ਗੁਣਾਂ ਨੂੰ ਪਰਨਾਏ ਹੋਏ ਸਨ।ਘਰ-ਘਰ ਦੇ ਵਿੱਚ ਵੱਡੇ ਬਜ਼ੁਰਗਾਂ ਦਾ ਸਤਿਕਾਰ, ਛੋਟਿਆਂ ਨੂੰ ਪਿਆਰ ਕੀਤਾ ਜਾਂਦਾ ਸੀ। ਘਰ ਦੇ ਵਿੱਚ ਬਜ਼ੁਰਗਾਂ ਦਾ ਪੂਰਾ ਡਰ ਹੁੰਦਾ ਸੀ, ਕੀ ਮਜ਼ਾਲ ਸੀ ਕਿ ਕੋਈ ਉੱਚਾ ਖੰਘ ਜਾਵੇ। ਵਿੱਦਿਆ ਦਾ ਪੱਧਰ ਭਾਵੇਂ ਉਸ ਸਮੇਂ ਘੱਟ ਸੀ, ਪਰ ਜਿਸ ਬੱਚੇ ਨੂੰ ਪੜ੍ਹਨ ਭੇਜਿਆ ਜਾਂਦਾ, ਉਹ ਜ਼ਿੰਮੇਵਾਰੀ ਦੇ ਨਾਲ ਪੜ੍ਹਦਾ। ਨੌਕਰੀਆਂ ਸੌਖੀਆਂ ਮਿਲ ਜਾਂਦੀਆਂ ਸਨ। ਜ਼ਿਆਦਾ ਲੋਕ ਖੇਤੀ ਨੂੰ ਤਰਜੀਹ ਦਿੰਦੇ, ਕਿਉਂਕਿ ਖੇਤੀ ਨੂੰ ਉੱਤਮ ਕਿੱਤਾ ਮੰਨਿਆ ਜਾਂਦਾ ਸੀ।

ਨੱਬੇ ਦੇ ਦਹਾਕੇ ਤੋਂ ਬਾਅਦ ਸਮਾਜ ਦੇ ਵਿੱਚ ਅਜਿਹੀਆਂ ਤਬਦੀਲੀਆਂ ਆਈਆਂ ਕਿ ਸਾਡਾ ਪੂਰਾ ਜੀਵਨ ਹੀ ਬਦਲ ਗਿਆ। ਸਾਡੇ ਪੰਜਾਬੀ ਸੱਭਿਆਚਾਰ ਦੇ ਦੋਵੇਂ ਗਹਿਣੇ ਸਾਦਗੀ ਅਤੇ ਸਹਿਣਸ਼ੀਲਤਾ ਬੀਤੇ ਸਮੇਂ ਦੀ ਗੱਲ ਹੋ ਕੇ ਰਹਿ ਗਏ। ਸਿਆਣੇ ਕਹਿੰਦੇ ਖਾਈਏ ਮਨ ਭਾਉਂਦਾ ਅਤੇ ਪਹਿਨੀਏ ਜੱਗ ਭਾਉਂਦਾ, ਪਰ ਅਖੌਤੀ ਅਧੁਨਿਕਤਾ ਅਧੀਨ ਅਸੀਂ ਪੰਜਾਬੀ ਸੱਭਿਆਚਾਰ ਦੇ ਚੰਗੇ ਸੰਸਕਾਰਾਂ ਨੂੰ ਤਿਆਗ ਦਿੱਤਾ। ਸਾਡੇ ਰਹਿਣ-ਸਹਿਣ ਵਿੱਚੋਂ ਸਾਦਗੀ ਦਾ ਜੀਵਨ ਪੰਖ ਲਾ ਕੇ ਉੱਡ ਗਿਆ। ਪੱਛਮੀ ਪਹਿਰਾਵੇ ਅਧੀਨ ਅਸ਼ਲੀਲਤਾ ਪਰੋਸੀ ਜਾਣ ਲੱਗ ਪਈ। ਗੋਡਿਆਂ ਤੋਂ ਪਾਟੀਆਂ ਜੀਨਾ ਪਾਉਣ ਲੱਗ ਪਏ, ਕਿਉਂਕਿ ਫੈਸ਼ਨ ਹੈ। ਪਰ ਪਹਿਰਾਵੇ ਦਾ ਓਨਾ ਸਿੱਧਾ ਮਾਰੂ ਅਸਰ ਸਾਡੇ ਸਾਹਮਣੇ ਨਜ਼ਰ ਨਹੀਂ ਆਇਆ, ਜਿੰਨਾ ਰਿਸ਼ਤਿਆਂ ਵਿੱਚ ਸਹਿਣਸ਼ੀਲਤਾ ਘਟਣ ਕਾਰਨ ਪੈਦਾ ਹੋਇਆ ਹੈ, ਪਰ ਕਿਸੇ ਵੀ ਚੀਜ਼ ਦੇ ਨਤੀਜੇ ਜਾਂ ਮਾਰੂ ਪ੍ਰਭਾਵ ਲੰਮੇ ਸਮੇਂ ਬਾਅਦ ਸਾਡੇ ਸਾਹਮਣੇ ਆਉਂਦੇ ਹਨ।

ਸਹਿਣਸ਼ੀਲਤਾ ਅੱਜ ਰਿਸ਼ਤਿਆਂ ਦੇ ਵਿੱਚ ਨਜ਼ਰ ਨਹੀਂ ਆਉਂਦੀ, ਜਿਸ ਨਾਲ ਪਰਵਾਰ ਟੁੱਟ ਰਹੇ ਹਨ। ਵਿਆਹ ਬੰਧਨ, ਜਿਸ ਨੂੰ ਪਵਿੱਤਰ ਕਾਰਜ ਮੰਨਿਆ ਜਾਂਦਾ ਸੀ। ਦੋ ਰੂਹਾਂ ਅਤੇ ਦੋ ਪਰਵਾਰਾਂ ਦਾ ਸੁਮੇਲ ਸੀ, ਪਰ ਅੱਜ ਵਿਆਹ ਤੋਂ ਪਹਿਲਾਂ ਤਲਾਕ ਹੋਣ ਲੱਗ ਪਏ, ਕਿਉਂਕਿ ਪਤੀ-ਪਤਨੀ ਦੇ ਵਿੱਚ ਇੱਕ ਦੂਜੇ ਦੀ ਗੱਲ ਸਹਿਣ ਕਰਨ ਦੀ ਸ਼ਕਤੀ ਖਤਮ ਹੋ ਗਈ ਹੈ। ਇਤਿਹਾਸ ਦਾ ਪ੍ਰਸ਼ਨ ਹੈ ਕਿ ਜਦੋਂ ਵੀ ਕੋਈ ਸੰਧੀ ਹੁੰਦੀ ਹੈ, ਤਾਂ ਇੱਕ ਘੋੜਾ ਬਣਦਾ ਹੈ ਅਤੇ ਦੂਜਾ ਘੋੜ ਸਵਾਰ, ਪਰ ਅੱਜ ਘੋੜਾ ਬਣਨ ਲਈ ਕੋਈ ਤਿਆਰ ਨਹੀਂ, ਫਿਰ ਜਦੋਂ ਦੋਵੇਂ ਘੋੜ ਸਵਾਰ ਹੋਣਗੇ, ਤਾਂ ਰਿਸ਼ਤਾ ਨਿਭਣਾ ਮੁਸ਼ਕਲ ਹੈ। ਕੋਈ ਸਮਾਂ ਸੀ ਕਿ ਪਤਨੀ ਸਤਿਕਾਰ ਕਾਰਨ ਆਪਣੇ ਪਤੀ ਦਾ ਨਾਂਅ ਨਹੀਂ ਸੀ ਲੈਂਦੀ, ਪਰ ਅੱਜ ਅਸੀਂ ਇੱਕ-ਦੂਜੇ ਦੀ ਇੱਜ਼ਤ ਕਰਨ ਨੂੰ ਪੱਛੜਾਪਣ ਸਮਝਣ ਲੱਗ ਪਏ। ਲੋਕਾਂ ਦੇ ਵਿੱਚ ਬਰਦਾਸ਼ਤ ਕਰਨ ਦਾ ਮਾਦਾ ਬਹੁਤ ਸੀ। ਕਹਿੰਦੇ ਇੱਕ ਇਸਤਰੀ ਨੂੰ ਉਸ ਦੇ ਘਰ ਵਾਲੇ ਨੇ ਘੂਰ ਦਿੱਤਾ, ਉਹ ਰੋ ਰਹੀ ਸੀ। ਅਚਾਨਕ ਹੀ ਮਿਲਣ ਉਸ ਦਾ ਭਰਾ ਆ ਗਿਆ। ਉਸ ਨੇ ਭੈਣ ਨੂੰ ਰੋਣ ਦਾ ਕਾਰਨ ਪੁੱਛਿਆ, ਤਾਂ ਤੁਸੀਂ ਵੇਖੋ, ਭੈਣ ਨੇ ਕੀ ਕਿਹਾ ਕਿ ਵੀਰੇ, ਮੇਰੇ ਅੱਖਾਂ ਦੇ ਵਿੱਚ ਧੂੰਆਂ ਪੈ ਗਿਆ। ਤੇਰਾ ਜੀਜਾ ਜੀ ਤਾਂ ਬਹੁਤ ਚੰਗਾ ਹੈ, ਸਾਰਾ ਪਰਵਾਰ ਮੈਨੂੰ ਬਹੁਤ ਪਿਆਰ ਕਰਦਾ ਹੈ, ਪਰ ਅੱਜ ਅਸੀਂ ਬੱਚੇ-ਬੱਚੀਆਂ ਨੂੰ ਅਜਿਹੇ ਸੰਸਕਾਰ ਦੇਣਾ ਭੁੱਲ ਗਏ ਹਾਂ, ਜਿਸ ਦੇ ਨਤੀਜੇ ਸਾਡਾ ਸਮਾਜ ਭੁਗਤ ਰਿਹਾ ਹੈ। ਥਾਣੇ, ਕਚਹਿਰੀਆਂ ਦੇ ਵਿੱਚ ਸਭ ਤੋਂ ਜ਼ਿਆਦਾ ਟੁੱਟ ਰਹੇ ਪਰਵਾਰਾਂ ਦੇ ਕੇਸ ਸਾਹਮਣੇ ਆ ਰਹੇ ਹਨ। ਬੱਚੇ ਆਪਣੇ ਮਾਤਾ-ਪਿਤਾ ਦੀ ਗੱਲ ਸਹਿਣ ਨਹੀਂ ਕਰ ਰਹੇ। ਅਧਿਆਪਕ ਵਰਗ ਸੋਚਣ ਲੱਗ ਪਿਆ ਕਿ ਭਾਈ ਮਾਤਾ-ਪਿਤਾ ਦੇ ਇਕੱਲੇ-ਇਕੱਲੇ ਬੱਚੇ ਹਨ। ਡੰਗ ਟਪਾਓ, ਚਾਰ ਦਿਨ ਨੌਕਰੀ ਕਰ ਲਵੋ। ਜੇਕਰ ਕੋਈ ਅਧਿਆਪਕ ਡਾਂਟਦਾ ਹੈ, ਤਾਂ ਮਾਪੇ ਅੱਗ ਬਬੂਲਾ ਹੋ ਜਾਂਦੇ ਹਨ। ਮਾਪੇ ਵੀ ਕੀ ਕਰਨ ਵਿਚਾਰੇ, ਬੱਚਿਆਂ ਨੇ ਘਰ ਵਿੱਚ ਅੱਤ ਚੁੱਕੀ ਹੋਈ ਹੈ।

ਜਦੋਂ ਛੋਟੇ ਬੱਚੇ ਮਾਪਿਆਂ ਅਤੇ ਅਧਿਆਪਕਾਂ ਦੀ ਘੂਰ ਨੂੰ ਬੇਇਜ਼ਤੀ ਮੰਨਣ ਲੱਗ ਪੈਣ, ਆਤਮ ਹੱਤਿਆ ਵਰਗੇ ਕਦਮ ਚੁੱਕਣ ਦਾ ਡਰ ਦੇਣ ਤਾਂ ਸਮਝੋ ਕਿ ਸਮਾਜ ਦੇ ਹਾਲਾਤ ਕੋਈ ਬਹੁਤੇ ਚੰਗੇ ਨਹੀਂ ਹਨ। ਅਜਿਹੀ ਹਾਲਤ ਵਿੱਚ ਸਮਾਜ ਵਿਘਟਨ ਵੱਲ ਜਾ ਰਿਹਾ ਹੈ। ਪਰਵਾਰ ਟੁੱਟ ਰਹੇ ਹਨ, ਬਹੁਤੇ ਬੱਚੇ ਵਿਦੇਸ਼ਾਂ ਦੀ ਧਰਤੀ ਵੱਲ ਰੁਖ ਕਰ ਗਏ। ਉਹਨਾਂ ਦੇ ਮਾਪੇ ਇਕਲਾਪੇ ਨੇ ਮਾਰ ਲਏ। ਜਿਹੜੇ ਇੱਥੇ ਰਹਿ ਗਏ, ਉਹਨਾਂ ਨੂੰ ਆਧੁਨਿਕਤਾ ਅਤੇ ਮਾਰੂ ਨਸ਼ਿਆਂ ਨੇ ਨਿਗਲ ਲਿਆ। ਉਹਨਾਂ ਦੇ ਮਾਪੇ ਤਣਾਗ੍ਰਸਤ ਹੋ ਗਏ ਅਤੇ ਦਾਦੇ-ਦਾਦੀਆਂ ਦਾ ਬੁਢਾਪਾ ਰੁਲ ਰਿਹਾ ਹੈ। ਬਜ਼ੁਰਗ ਗੱਲਾਂ ਕਰਦੇ ਹਨ, ਭਾਈ ਕਲਯੁਗ ਰੰਗ ਦਿਖਾ ਰਿਹਾ ਹੈ। ਇਹ ਵੀ ਦਿਨ ਵੇਖਣੇ ਸਨ, ਰੇਹਾਂ ਸਪਰੇਹਾਂ ਵਾਲੇ ਖਾਣੇ ਨੇ, ਬੱਚੇ ਕਿਵੇ ਨੀ ਭਟਕਣਗੇ। ਸਾਡੇ ਵੇਲੇ ਦੇਸੀ ਖੁਰਾਕਾਂ ਹੁੰਦੀਆਂ, ਦੁੱਧ ਲੱਸੀਆਂ ਪੀਂਦੇ, ਦਿਮਾਗ ਠੰਢੇ ਰਹਿੰਦੇ ਸੀ। ਬਜ਼ੁਰਗ ਵੀਹ-ਵੀਹ ਸਾਲ ਦੇ ਮੁੰਡਿਆਂ ਨੂੰ ਕੁੱਟ ਲੈਂਦੇ ਸਨ। ਭਾਈ ਕਰਤਾਰ ਦੇ ਰੰਗ ਨੇ, ਵੇਖੀ ਚੱਲੋ। ਜੇਕਰ ਜ਼ਹਿਰਾਂ ਬੀਜਾਂਗੇ, ਜ਼ਹਿਰਾਂ ਹੀ ਖਾਣੀਆਂ ਪੈਣਗੀਆਂ। ਕਿੱਕਰਾਂ ਦੇ ਬੀਜ ਬੀਜਿਆਂ, ਬਜੌਰ ਦੀਆਂ ਦਾਖਾਂ ਨਹੀਂ ਉੱਗਦੀਆਂ।

# ਸੰਪਰਕ : 9878197000

# ਜਦੋਂ ਸੱਤਾ ਹਥਿਆਉਣਾ ਹੀ ਮੁੱਖ ਉਦੇਸ਼ ਬਣ ਜਾਵੇ

**ਜੀਤ ਕੁਮਾਰ ਕੰਬੋਜ**

ਲੋਕਤਾਂਤਰਿਕ ਢਾਂਚੇ ਵਿੱਚ ਵੋਟਰ ਆਪਣੀ ਵੋਟ ਦਾ ਇਸਤੇਮਾਲ ਕਰਕੇ ਆਪਣੀ ਮਨਪਸੰਦ ਦੇ ਆਗੂਆਂ ਨੂੰ ਚੁਣ ਕੇ ਪੰਜ ਸਾਲ ਲਈ ਰਾਜ ਕਰਨ ਲਈ ਨੁਮਾਇੰਦੇ ਚੁਣਦੇ ਹਨ, ਜੋ ਉਹਨਾਂ ਦੀਆਂ ਮੁਸ਼ਕਲਾਂ ਤੇ ਸਮੱਸਿਆਵਾਂ ਨੂੰ ਸੁਖਾਲਾ ਕਰਨ ਲਈ ਕੰਮ ਕਰਦੇ ਹਨ, ਪਰ ਜਦੋਂ ਕਿਸੇ ਆਗੂ, ਪਾਰਟੀ ਦਾ ਮੁੱਖ ਉਦੇਸ਼ ਸਿਰਫ ਤੇ ਸਿਰਫ ਸੱਤਾ ਹਾਸਲ ਕਰਨਾ ਅਤੇ ਦੇਸ਼ ਦੀ ਵਾਗਡੋਰ 'ਤੇ ਕਾਬਜ਼ ਹੋਣਾ ਬਣ ਜਾਵੇ ਤਾਂ ਮਨੁੱਖਤਾ ਅਤੇ ਲੋਕਤੰਤਰਾਂ ਦਾ ਘਾਣ ਸ਼ੁਰੂ ਹੋ ਜਾਂਦਾ ਹੈ।

ਸੱਤਾ ਦੀ ਅੰਨ੍ਹੀ ਭੁੱਖ ਮਨੁੱਖ ਨੂੰ ਬੇਰਹਿਮ ਤੇ ਤਾਨਾਸ਼ਾਹ ਬਣਾ ਦਿੰਦੀ ਹੈ ਅਤੇ ਸੱਤਾ ਤੇ ਸੇਵਾ ਸਮਰਪਣ ਦਾ ਸਾਧਨ ਮੰਨਣ ਦੀ ਬਜਾਏ ਉਸ 'ਤੇ ਹਰ ਹਾਲਤ ਵਿੱਚ ਕਾਬਜ਼ ਹੋਣ ਦਾ ਭਰਮ ਪਾਲ ਲਿਆ ਜਾਵੇ ਤਾਂ ਉਸ ਦੇ ਨਤੀਜੇ ਭਿਆਨਕ ਤੇ ਤਬਾਹਕੁੰਨ ਨਿਕਲਦੇ ਹਨ।ਅਜਿਹੀ ਸਥਿਤੀ ਵਿੱਚ ਸਮਾਜ ਵਿੱਚ ਆਪਸੀ ਭਾਈਚਾਰਾ ਖਤਮ ਕਰ ਦਿੱਤਾ ਜਾਂਦਾ ਹੈ ਅਤੇ ਜਦੋਂ ਵਿਕਾਸ ਦੇ ਨਾਂਅ ਤੇ ਵੋਟਾਂ ਨਹੀਂ ਮਿਲਦੀਆਂ ਤਾਂ ਲੋਕਾਂ ਨੂੰ ਜਾਤ-ਪਾਤ, ਧਰਮ ਅਤੇ ਨਸਲ ਦੇ ਅਧਾਰ 'ਤੇ ਭੜਕਾਇਆ ਜਾਂਦਾ। ਇਤਿਹਾਸ ਗਵਾਹ ਹੈ ਕਿ ਸੱਤਾ ਸਦੀਆਂ ਤੋਂ ਖਿੱਚ ਦਾ ਕੇਂਦਰ ਰਹੀ ਹੈ।ਭਾਵੇਂ ਲੋਕਤੰਤਰ ਦੀ ਨੀਹ ਇਸ ਸਿਧਾਂਤ 'ਤੇ ਰੱਖੀ ਗਈ ਸੀ ਕਿ ਸੱਤਾ ਦੀ ਵਾਗਡੋਰ ਵੋਟਰਾਂ ਦੇ ਹੱਥ ਹੋਵੇਗੀ ਅਤੇ ਹਾਕਮ ਲੋਕਾਂ ਦੀ ਸੇਵਾ ਲਈ ਚੁਣੇ ਜਾਣਗੇ, ਪਰ ਅਜੋਕੇ ਦੌਰ ਵਿੱਚ ਸੱਤਾ ਹਾਸਲ ਕਰਨ ਦੀ ਹਵਸ ਏਨੀ ਵਧ ਚੁੱਕੀ ਹੈ ਕਿ ਇਸ ਸਮੇਂ ਨੈਤਿਕਤਾ, ਮਨੁੱਖੀ ਕਦਰਾਂ-ਕੀਮਤਾਂ ਅਤੇ ਕਾਨੂੰਨਾਂ ਨੂੰ ਵੀ ਕੁਝ ਨਹੀਂ ਸਮਝਿਆ ਜਾ ਰਿਹਾ। ਵੋਟਾਂ ਦੀ ਖਰੀਦੋ-ਫਰੋਖਤ, ਜਾਤੀ ਦੇ ਨਾਂਅ 'ਤੇ ਡਰਾ-ਧਮਕਾ ਕੇ ਅਤੇ ਧਾਰਮਿਕ ਨਫਰਤ ਫੈਲਾ ਕੇ ਪ੍ਰਸ਼ਾਸਨਿਕ ਮਸ਼ੀਨਰੀ ਦੀ ਸਹਾਇਤਾ ਨਾਲ ਚੋਣਾਂ ਲੜੀਆਂ ਜਾ ਰਹੀਆਂ ਹਨ ਅਤੇ ਇਸ ਵਕਤ ਚੋਣਾਂ ਨਾਂਅ ਦੀ ਕੋਈ ਚੀਜ਼ ਨਹੀਂ ਰਹਿ ਗਈ।ਗਲਤ ਢੰਗਾਂ ਅਤੇ ਦਬਾਅ ਦੀ ਰਾਜਨੀਤੀ ਹੇਠ ਹਥਿਆਈ ਜਾ ਰਹੀ ਸੱਤਾ ਕਾਰਨ ਸਰਕਾਰ ਦਾ ਕੋਈ ਵੀ ਅੰਗ, ਵਿਧਾਨ ਪਾਲਿਕਾ, ਕਾਰਜ ਪਾਲਿਕਾ ਅਤੇ ਨਿਆਂ ਪਾਲਿਕਾ ਅਜ਼ਾਦਾਨਾ ਢੰਗ ਨਾਲ ਕੰਮ ਨਹੀਂ ਕਰ ਰਹੇ, ਜਿਸ ਦਾ ਖਮਿਆਜਾ ਸਮਾਜ ਅਤੇ ਲੋਕਾਂ ਨੂੰ ਭੁਗਤਨਾ ਪੈ ਰਿਹਾ ਹੈ। ਇਸੇ ਕਰਕੇ ਸਰਕਾਰ ਅਤੇ ਪ੍ਰਸ਼ਾਸਨਿਕ ਮਸ਼ੀਨਰੀ ਸਮਾਜ ਪ੍ਰਤੀ ਵਫ਼ਾਦਾਰ ਨਹੀਂ ਰਹੇ। ਚੋਣਾਂ ਦੌਰਾਨ ਕਰੋੜਾਂ ਰੁਪਏ ਖਰਚ ਕਰਕੇ ਅਤੇ ਹੋਰਨਾਂ ਤਰੀਕਿਆਂ ਨਾਲ ਵਫਾਦਾਰੀਆਂ ਬਦਲ ਕੇ ਸੱਤਾ ਵਿੱਚ ਆਏ ਆਗੂਆਂ ਦਾ ਮਕਸਦ ਦੇਸ਼ ਦਾ ਵਿਕਾਸ ਜਾਂ ਜਨਤਾ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਨਹੀਂ, ਬਲਕਿ ਵੋਟਾਂ ਦੌਰਾਨ ਲਗਾਏ ਪੈਸੇ ਨੂੰ ਕਈ ਗੁਣਾ ਕਰਨਾ ਰਹਿ ਗਿਆ ਹੈ। ਇਹ ਸੱਚਾਈ ਹੈ ਕਿ ਇਸ ਸਮੇਂ ਹਰ ਕੰਮ ਵਿੱਚ ਕਮਿਸ਼ਨ ਦੀ ਉਮੀਦ ਕੀਤੀ ਜਾ ਰਹੀ ਹੈ, ਇਸ ਕਾਰਨ ਦੇਸ਼ ਦੇ ਵਿਕਾਸ ਕੰਮਾਂ ਦੀ ਗੁਣਵੱਤਾ ਵੀ ਦਾਅ 'ਤੇ ਲਗਾਈ ਜਾ ਰਹੀ ਹੈ।

ਅਜਿਹੀ ਸੱਤਾ ਹਮੇਸ਼ਾ ਡਰ ਦੇ ਸਾਏ ਹੇਠ ਜਿਉਂਦੀ ਹੈ ਅਤੇ ਇਸ ਲਈ ਮੀਡੀਆ, ਪ੍ਰਿੰਟ ਮੀਡੀਆ, ਪੱਤਰਕਾਰਾਂ ਅਤੇ ਸੋਸ਼ਲ ਮੀਡੀਆ ਨੂੰ ਦਬਾਇਆ ਜਾਂਦਾ ਹੈ ਅਤੇ ਸਰਕਾਰ ਨੂੰ ਡਰ ਰਹਿੰਦਾ ਹੈ ਕਿ ਉਹਨਾਂ ਦੀ ਸੱਚਾਈ ਜਨਤਾ ਦੀ ਸਾਹਮਣੇ ਨਾ ਆ ਜਾਵੇ। ਇਸੇ ਲਈ ਵਾਰ-ਵਾਰ ਹਿੰਦੂ-ਮੁਸਲਮਾਨ ਦਾ ਪੱਤਾ ਖੇਡਿਆ ਗਿਆ ਹੈ। ਝੂਠੀਆਂ ਖਬਰਾਂ ਅਤੇ ਗਲਤ ਪ੍ਰਾਪੇਗੰਡਾ ਕਰਕੇ ਜਨਤਾ ਨੂੰ ਗੁੰਮਰਾਹ ਕੀਤਾ ਜਾਂਦਾ ਹੈ, ਜਿਸ ਕਾਰਨ ਸਮਾਜਿਕ ਤਾਣਾ-ਬਾਣਾ ਪੂਰੀ ਤਰ੍ਹਾਂ ਬਿਖਰ ਗਿਆ ਹੈ।ਇਸ ਸਮੇਂ ਨੌਜਵਾਨਾਂ ਦੀ ਯੋਗਤਾ, ਮਿਹਨਤ ਅਤੇ ਇਮਾਨਦਾਰੀ ਦੀ ਕੋਈ ਕਦਰ ਨਹੀਂ ਰਹੀ, ਜਿਸ ਕਾਰਨ ਦੇਸ਼ ਵਿੱਚ ਨਸ਼ਿਆਂ ਦੀ ਬਿਮਾਰੀ ਕੈਂਸਰ ਦਾ ਰੂਪ ਲੈ ਚੁੱਕੀ ਹੈ।ਦੇਸ਼ ਦੇ ਹਾਕਮ ਜੋ ਕਿਸੇ ਤਾਨਾਸ਼ਾਹ ਰਾਜੇ-ਮਹਾਰਾਜੇ ਵਾਂਗ ਆਲੀਸ਼ਾਨ ਬੰਗਲਿਆਂ ਅਤੇ ਮਹਿੰਗੀਆਂ ਗੱਡੀਆਂ ਦੇ ਕਾਫਲਿਆਂ ਵਿੱਚ ਰਹਿੰਦੇ ਹਨ, ਨੂੰ ਕੋਈ ਫਰਕ ਨਹੀਂ ਪੈਂਦਾ, ਭਾਵੇਂ ਜਦੋਂ ਇੱਕ ਮਾਂ ਦੇ ਪੰਜ ਦੇ ਪੰਜ ਪੁੱਤਰ ਨਸ਼ਿਆਂ ਦੀ ਭੇਟ ਚੜ੍ਹ ਜਾਣ।

ਇਹ ਲੋਕਤੰਤਰ ਨਹੀਂ ਨਵੇਂ ਯੁੱਗ ਦੀ ਰਾਜਾਸ਼ਾਹੀ ਹੈ, ਜਿੱਥੇ ਕਿਸੇ ਨੂੰ ਕੀ ਵਾਪਰ ਰਿਹਾ ਹੈ, ਦੀ ਕੋਈ ਪ੍ਰਵਾਹ ਨਹੀਂ।ਅਜਿਹੇ ਦੌਰ ਵਿੱਚ ਹਾਕਮਾਂ ਦੀ ਨੈਤਿਕਤਾ ਮਰ ਜਾਂਦੀ ਹੈ, ਆਪਣਾਪਨ ਖੁਦਕਸ਼ੀ ਕਰ ਜਾਂਦਾ ਹੈ ਤੇ ਸੱਤਾ ਦੀ ਲਾਲਸਾ ਉਹਨਾਂ ਨੂੰ ਬੇਰਹਿਮ ਬਣਾ ਦਿੰਦੀ ਹੈ। ਧਨ ਇਕੱਠਾ ਕਰਨ ਲਈ ਭਰਿਸ਼ਟਾਚਾਰ, ਅਪਰਾਧੀ ਅਤੇ ਗੁੰਡਾ ਅਨਸਰਾਂ ਦੀ ਪੁਸ਼ਤਪਨਾਈ, ਭਾਈਚਾਰਕ ਸਾਂਝ ਵਿੱਚ ਤਰੇੜਾਂ, ਨੌਜਵਾਨੀ ਵਿੱਚ ਨਿਰਾਸ਼ਾ ਅਤੇ ਨਾਗਰਿਕਾਂ ਦੇ ਹੱਕਾਂ ਦੇ ਨਿਘਾਰ ਦਾ ਉਹਨਾਂ ਨੂੰ ਕੋਈ ਫਰਕ ਨਹੀਂ ਪੈਂਦਾ। ਜਿਵੇਂ ਹਿਟਲਰ ਦਾ ਮੁੱਖ ਉਦੇਸ਼ ਸਿਰਫ ਦੁਨੀਆ ਦੀ ਸੱਤਾ ਹਾਸਿਲ ਕਰਨਾ ਸੀ ਤੇ ਇਸ ਸਭ ਲਈ ਉਸ ਨੇ ਨਾਜ਼ੀ ਪਾਰਟੀ ਰਾਹੀਂ ਅਜਿਹੇ ਰਾਸ਼ਟਰਵਾਦ ਨੂੰ ਹਵਾ ਦਿੱਤੀ, ਜਿਸ ਨੇ ਲੱਖਾਂ ਬੇਕਸੂਰ ਯਹੂਦੀਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਅੰਗਰੇਜ਼ਾਂ ਦਾ ਮੁੱਖ ਮਕਸਦ ਭਾਰਤ ਦੇ ਕੁਦਰਤੀ ਸਰੋਤਾਂ ਨੂੰ ਲੁੱਟਣਾ ਸੀ, ਉਸ ਲਈ ਉਨ੍ਹਾਂ ਪਾੜੋ ਤੇ ਰਾਜ ਕਰੋ ਦੀ ਨੀਤੀ ਹੇਠ ਸੱਤਾ 'ਤੇ ਕਬਜ਼ਾ ਜਮਾਈ ਰੱਖਿਆ।

ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਜਦੋਂ ਸੱਤਾ ਸੇਵਾ ਭਾਵਨਾ ਦਾ ਸਾਧਨ ਨਾ ਰਹੇ, ਇੱਕ ਉਦੇਸ਼ ਬਣ ਜਾਵੇ ਤਾਂ ਉਸ ਨੇ ਸਿਰਫ ਤਬਾਹੀ ਹੀ ਲਿਆਂਦੀ। ਗਲਤ ਹੱਥਕੰਡੇ ਅਪਨਾ ਕੇ ਹਾਸਲ ਕੀਤੀ ਸੱਤਾ ਅਜਿਹਾ ਮਿੱਠਾ ਜ਼ਹਿਰ ਹੈ, ਜੋ ਪੂਰੇ ਸਮਾਜ ਨੂੰ ਨਕਾਰਾ ਕਰ ਦਿੰਦੀ ਹੈ। ਅਜਿਹੀ ਸੱਤਾ ਨਾਗਰਿਕਾਂ ਦੇ ਹੱਕਾਂ 'ਤੇ ਡਾਕਾ ਮਾਰਦੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਤਬਾਹ ਕਰ ਦਿੰਦੀ ਹੈ।ਇੱਕ ਸਿਹਤਮੰਦ ਸਮਾਜ ਅਤੇ ਅਸਲੀ ਲੋਕਤੰਤਰ ਲਈ ਬੇਹੱਦ ਜ਼ਰੂਰੀ ਹੈ ਕਿ ਦੇਸ਼ ਦੇ ਨਾਗਰਿਕ,ਖਾਸ ਕਰਕੇ ਨੌਜਵਾਨ ਜਾਗਰੂਕ ਹੋਣ। ਜਨਤਾ ਨੂੰ ਚਾਹੀਦਾ ਹੈ ਕਿ ਉਹ ਬੇਖੌਫ ਹੋ ਕੇ ਆਗੂਆਂ ਨੂੰ ਸਵਾਲ ਪੁੱਛਣ। ਗਲਤ ਤੇ ਝੂਠੇ ਪ੍ਰਚਾਰ ਨੂੰ ਸਮਝਣ, ਨਕਾਰਨ ਦੀ ਸਮਝ ਬਣਾਉਣ ਅਤੇ ਗਲਤ ਢੰਗਾਂ ਨਾਲ ਸੱਤਾ ਹਥਿਆਉਣ ਵਾਲੇ ਅਨਸਰਾਂ ਦਾ ਡਟ ਕੇ ਵਿਰੋਧ ਕਰਨਾ ਹੋਵੇਗਾ, ਤਾਂ ਹੀ ਰਾਜਨੀਤੀ ਵਿੱਚ ਲੋਕ ਭਲਾਈ ਦੀ ਭਾਵਨਾ ਨੂੰ ਦੁਬਾਰਾ ਸਥਾਪਤ ਕੀਤਾ ਜਾ ਸਕਦਾ ਹੈ।

# ਸੰਪਰਕ : 90564-00073

## ਪਾਠਕ-ਸੱਥ

### ਗੰਦੇ ਤੇ ਜ਼ਹਿਰੀਲੇ ਪਾਣੀ ਦੀ ਸਮੱਸਿਆ

ਮਨੁੱਖੀ ਹੋਂਦ ਲਈ ਪਾਣੀ ਦੀ ਜ਼ਰੂਰਤ ਤੇ ਸਫ਼ਾਈ ਲਾਜ਼ਮੀ ਹੈ। ਇਸ ਤੋਂ ਬਿਨਾਂ ਜੀਵਨ ਨਹੀਂ ਚਿਤਵਿਆ ਜਾ ਸਕਦਾ। ਗੁਰਬਾਣੀ ਵਿੱਚ ਪਾਣੀ ਨੂੰ ਪਿਤਾ ਦਾ ਦਰਜਾ ਦਿੱਤਾ ਗਿਆ ਹੈ। ਅੱਜ ਦੇਸ਼ ਅੰਦਰ ਪਾਣੀ ਦਾ ਸੰਕਟ ਬੁਰੀ ਤਰ੍ਹਾਂ ਵਧਦਾ ਜਾ ਰਿਹਾ ਹੈ,ਪਰ ਅਸੀਂ ਅਣਚਾਹੀ ਵਸਤੂ ਸਮਝ ਕੇ ਪਾਣੀ ਨੂੰ ਮਲੀਨ ਕਰ ਰਹੇ ਹਾਂ।ਕਈ ਸੂਬਿਆਂ 'ਚ ਨਦੀਆਂ ਦਾ ਪਾਣੀ ਬਹੁਤ ਜ਼ਹਿਰੀਲਾ ਹੋ ਚੁੱਕਿਆ ਹੈ। ਇੱਥੋਂ ਤੱਕ ਕੀ ਉਹ ਪੰਛੀਆਂ ਤੇ ਜੀਵ ਜੰਤੂਆਂ ਲਈ ਵੀ ਪੀਣ ਯੋਗ ਨਹੀਂ ਰਿਹਾ। ਫੈਕਟਰੀਆਂ ਦੀ ਰਹਿੰਦ ਖੂਹੰਦ, ਸੀਵਰੇਜ ਦਾ ਪਾਣੀ, ਇਥੋਂ ਤੱਕ ਕਿ ਜੋ ਫ਼ੈਕਟਰੀਆਂ ਦਾ ਜ਼ਹਿਰੀਲਾ ਵੇਸਟ ਨਦੀਆਂ, ਨਾਲਿਆਂ ਚ ਸੁੱਟਿਆ ਜਾ ਰਿਹਾ ਹੈ। ਜਿਸ ਕਰਕੇ ਨਦੀਆਂ ਦੇ ਪ੍ਰਦੂਸ਼ਣ ਕਾਰਨ ਵਾਤਾਵਰਨ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ। ਇਸ ਵਾਰ ਮਾਹਿਰ ਵੀ ਦੱਸ ਰਹੇ ਹਨ ਕਿ ਬਾਰਸ਼ਾਂ ਘੱਟ ਹੋਣ ਕਾਰਨ ਕਈ ਸੂਬਿਆਂ ਵਿੱਚ ਸੋਕੇ ਵਰਗੀ ਸਥਿਤੀ ਵੀ ਪੈਦਾ ਹੋ ਸਕਦੀ ਹੈ, ਜਾਂ ਕਈ ਥਾਵਾਂ ਤੇ ਹੜ ਵੀ ਆ ਸਕਦੇ ਹਨ। ਇਸ ਸਥਿਤੀ ਨੂੰ ਅਲ ਨੀਨੋ ਕਿਹਾ ਜਾਂਦਾ ਹੈ। ਜਿਸ ਕਰਕੇ ਸਮੁੰਦਰ ਦਾ ਪਾਣੀ ਆਮ ਨਾਲੋਂ ਜਿਆਦਾ ਗਰਮ ਹੁੰਦਾ ਹੈ। ਭਾਰਤ ਵਿੱਚ ਮਾਨਸੂਨ ਕਮਜ਼ੋਰ ਹੋ ਸਕਦਾ ਹੈ। ਪਿੱਛੇ ਜੇ ਇੰਦੌਰ ਸ਼ਹਿਰ ਸੁਰਖੀਆਂ ਵਿੱਚ ਰਿਹਾ।ਉੱਥੇ ਸੀਵਰੇਜ਼ ਦਾ ਪਾਣੀ ਪੀਣ ਵਾਲੇ ਪਾਣੀ ਵਿੱਚ ਮਿਲਣ ਕਰਕੇ ਕਈ ਮੌਤਾਂ ਵੀ ਹੋਈਆਂ ਤੇ ਸੈਂਕੜੇ ਲੋਕ ਹਸਪਤਾਲ ਭਰਤੀ ਹੋ ਗਏ। ਕਈ ਸੂਬਿਆਂ ਦੇ ਕੁਦਰਤੀ ਸਰੋਤਾਂ ਚ ਸੀਵਰੇਜ ਦਾ ਪਾਣੀ ਇੰਨੀ ਲਾਪਰਵਾਹੀ ਨਾਲ ਸੁੱਟਿਆ ਜਾਂਦਾ ਹੈ ਕਿ ਸ਼ਰੇਆਮ ਕਾਨੂੰਨ ਦੀਆਂ ਧੱਜੀਆਂ ਉਡਾਈਆਂ ਜਾਂਦੀਆਂ ਹਨ। ਹਾਲਾਂਕਿ ਪੰਜਾਬ ਵਿੱਚ ਵੀ ਬੁੱਢਾ ਨਾਲਾ ਹਮੇਸ਼ਾ ਸੁਰਖੀਆਂ ਵਿੱਚ ਰਿਹਾ ਹੈ। ਸਤਲੁਜ, ਬਿਆਸ ਵਿੱਚ ਪਿੱਛੇ ਜਿਹੇ ਫੈਕਟਰੀਆਂ ਦੀ ਰਹਿੰਦ ਖੂਹੰਦ ਸੁੱਟਣ ਕਾਰਨ ਸੈਂਕੜੇ ਜੰਗਲੀ ਜੀਵ ਪ੍ਰਭਾਵਿਤ ਹੋਏ ਸਨ। ਸਮਾਜਿਕ ,ਧਾਰਮਿਕ ਸੰਸਥਾਵਾਂ ਵੱਲੋਂ ਸਮੇਂ-ਸਮੇਂ ਤੇ ਆਵਾਜ਼ ਉਠਾਈ ਤਾਂ ਜਾਂਦੀ ਹੈ ਜਿਸ ਨਾਲ ਸਰਕਾਰਾਂ ਹਰਕਤ ਵਿੱਚ ਵੀ ਆਉਂਦੀਆਂ ਹਨ।ਪਰ ਆਖ਼ਿਰ ਚ ਮਾਮਲਾ ਮੁੜ ਅਣਗੋਲਿਆ ਹੋ ਕੇ ਰਹਿ ਜਾਂਦਾ ਹੈ। ਦੇਸ਼ ਦੀਆਂ ਕਈ ਪਵਿੱਤਰ ਨਦੀਆਂ ਵੀ ਨਹਾਉਣ ਯੋਗ ਨਹੀਂ ਰਹੀਆਂ ਹਨ। ਸਮੇਂ ਸਮੇਂ ਤੇ ਪ੍ਰਦੂਸ਼ਣ ਮੰਤਰਾਲਾ ਨਦੀਆਂ ਦੇ ਪ੍ਰਦੂਸ਼ਣ ਦੀ ਜਾਂਚ ਤਾਂ ਕਰਦਾ ਹੈ ਤੇ ਪ੍ਰਦੂਸ਼ਣ ਫੈਲਾਉਣ ਵਾਲੀਆਂ ਉਦਯੋਗਿਕ ਇਕਾਈਆਂ ਨੂੰ ਨੋਟਿਸ ਵੀ ਭੇਜਦਾ ਹੈ, ਫਿਰ ਰਾਜਨੀਤੀਕ ਦਬਾਅ ਹੇਠ ਆ ਕੇ ਸਬੰਧੀ ਵਿਭਾਗ ਦੇ ਉੱਚ ਅਧਿਕਾਰੀ ਕਾਗਜਾਂ ਚ ਹੀ ਕਾਰਵਾਈ ਤੱਕ ਸੀਮਿਤ ਰਹਿ ਜਾਂਦੇ ਹਨ। ਹਾਲਾਂਕਿ ਵੱਡੇ ਉਦਯੋਗਾਂ ਵਿੱਚ ਟ੍ਰੀਟਮੈਂਟ ਪਲਾਂਟ ਲਗਾਉਣੇ ਜਰੂਰੀ ਹਨ। ਅੱਜ ਭ੍ਰਿਸ਼ਟਾਚਾਰ ,ਲਾਲਚ ਪ੍ਰਵਿਰਤੀ ਦੇ ਚਲਦਿਆਂ ਦੇਸ਼ ਦੀਆਂ ਪਵਿੱਤਰ ਨਦੀਆਂ ਨਾਲਿਆਂ ਦਾ ਪਾਣੀ ਬਹੁਤ ਹੀ ਜਿਆਦਾ ਗੰਦਲਾ ਹੋ ਚੁੱਕਿਆ ਹੈ। ਜਿਸ ਕਾਰਨ ਲੋਕ ਨਾਮੁਰਾਦ ਬਿਮਾਰੀਆਂ ਜਿਵੇਂ ਜ਼ਿਗਰ ਦਾ ਕੈਂਸਰ, ਪੀਲੀਆ, ਚਮੜੀ ਦਾ ਕੈਂਸਰ ਦੇ ਸ਼ਿਕਾਰ ਹੋ ਚੁੱਕੇ ਹਨ। ਇੱਥੋਂ ਤੱਕ ਕੀ ਦੁਧਾਰੂ ਪਸ਼ੂਆਂ ਵਿੱਚ ਵੀ ਕੈਂਸਰ ਦੇ ਲੱਛਣ ਪਾਏ ਗਏ। ਪ੍ਰਦੂਸ਼ਣ ਵਿਭਾਗ ਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਨਦੀਆਂ ਨਾਲਿਆਂ ਵਿੱਚ ਗੰਦਗੀ ਸੁੱਟਣ ਤੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ। ਅਜਿਹੇ ਯਤਨਾਂ ਨਾਲ ਹੀ ਦੇਸ਼ ਦੇ ਅੰਦਰ ਗੰਦੇ ਤੇ ਜ਼ਹਿਰੀਲੇ ਪਾਣੀ ਦੀ ਸਮੱਸਿਆ ਤੋਂ ਬਚਿਆ ਜਾ ਸਕਦਾ ਹੈ। ਪਾਣੀ ਕੁਦਰਤੀ ਸੋਮਾ ਹੈ।

**-ਸੰਜੀਵ ਸਿੰਘ ਸੈਣੀ, ਮੋਹਾਲੀ,**788896168

# ਚੋਣ ਮੈਨੀਫੈਸਟੋ ਵਿਚਲੇ ਵਾਅਦੇ ਪੂਰੇ ਨਾ ਕੀਤੇ ਤਾਂ ਚੋਣਾਂ 'ਚ ਦੇਵਾਂਗੇ ਜਵਾਬ : ਸਰੋਜ ਛੱਪੜੀਵਾਲਾ

**ਆਲ ਇੰਡੀਆ ਆਂਗਣਵਾੜੀ ਵਰਕਰਜ਼/ਹੈਲਪਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਪੱਧਰੀ ਮੀਟਿੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**-ਆਲ ਇੰਡੀਆ ਆਂਗਣਵਾੜੀ ਵਰਕਰਜ਼/ਹੈਲਪਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਹੋਈ।ਮੀਟਿੰਗ ਵਿੱਚ ਜਨਰਲ ਸਕੱਤਰ ਸੁਨੀਲ ਕੌਰ ਬੇਦੀ, ਵਿੱਤ ਸਕੱਤਰ ਗੁਰਚਰਨ ਕੌਰ ਮੋਗਾ, ਡਿਪਟੀ ਸਕੱਤਰ ਬਲਵਿੰਦਰ ਕੌਰ ਖੋਸਾ, ਪ੍ਰੈਸ ਸਕੱਤਰ ਰਾਜਵਿੰਦਰ ਕੌਰ, ਮੀਤ ਪ੍ਰਧਾਨ ਸ਼ਿੰਦਰ ਕੌਰ ਦੁੱਨੇ ਕੇ, ਬਲਵਿੰਦਰ ਕੌਰ ਲੋਹਕੇ ਕਲਾਂ, ਕ੍ਰਿਸ਼ਨਾ ਰਾਣੀ, ਪ੍ਰਦੀਪ ਕੌਰ ਗਾਜੀਆਣਾ, ਮੀਤ ਸਕੱਤਰ ਪਿਆਰ ਕੌਰ ਜੀਰਾ, ਚਰਨਜੀਤ ਕੌਰ ਧੂੜਕੋਟ, ਕੈਲਾਸ਼ ਰਾਣੀ, ਸੀਮਾ ਰਾਣੀ, ਕੁਲਦੀਪ ਕੌਰ, ਗੁਰਮੀਤ ਕੌਰ, ਆਸ਼ਾ ਰਾਣੀ ਤੇ ਅਰਪਣਾ ਹਾਜ਼ਰ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਵਰਕਰ ਹੈਲਪਰ ਦਾ ਮਾਨ ਭੱਤਾ ਦੁਗਣਾ ਕਰਨਾ ਆਪਣੇ ਚੋਣ ਮੈਨੀਫੈਸਟੋ ਵਿੱਚ ਦਰਜ ਕੀਤਾ ਤੇ ਉਸ ਦੇ ਆਧਾਰ ਤੇ ਆਂਗਣਵਾੜੀ ਵਰਕਰ ਹੈਲਪਰ ਤੋਂ ਵੱਡੀ ਗਿਣਤੀ ਵਿੱਚ ਵੋਟ ਪ੍ਰਾਪਤ ਕੀਤੀਆਂ, ਪਰ ਸੱਤਾ ਵਿੱਚ ਆਉਂਦਿਆਂ ਹੀ ਮਾਨ ਭੱਤਾ ਦੁੱਗਣਾ ਤਾਂ ਕੀ ਕਰਨਾ ਸੀ, ਜੋ ਪਹਿਲਾਂ ਮਾਨ ਭੱਤਾ ਮਿਲ ਰਿਹਾ ਸੀ, ਉਹ ਵੀ ਕਦੇ ਸਮੇਂ ਸਿਰ ਨਹੀਂ ਦਿੱਤਾ।ਪੂਰੀ ਪਾਲਸੀ ਦੇ ਨਾਲ ਵਰਕਰ ਹੈਲਪਰ 'ਤੇ ਲਾਗੂ ਹੁੰਦੇ ਰੂਲਾਂ ਤੇ ਨਿਯਮਾਂ ਨੂੰ ਬਦਲ ਦਿੱਤਾ ਤਾਂ ਜੋ ਵਰਕਰ ਹੈਲਪਰ ਦੀ ਸਾਰੀ ਐਨਰਜੀ ਲਗਾਤਾਰ ਹਰ ਮਹੀਨੇ ਮਾਨ ਭੱਤਾ ਲੈਣ ਤੇ ਰੂਲਾਂ ਨਿਯਮਾਂ ਵਿੱਚ ਹੀ ਸੋਧ ਕਰਵਾਉਣ ਤੇ ਲੱਗੀ ਰਹੇ, ਪਰ ਆਮ ਆਦਮੀ ਦੀ ਸਰਕਾਰ ਪੰਜਾਬ ਦੇ ਇਤਿਹਾਸ ਨੂੰ ਭਲੀ ਤਰ੍ਹਾਂ ਜਾਣਦੀ ਹੈ ਕਿ ਜਦੋਂ ਵੀ ਕਿਸੇ ਨੇ ਲੋਕਾਂ ਨਾਲ ਧੱਕਾ ਕੀਤਾ ਹੈ ਤਾਂ ਲੋਕ ਬਰਦਾਸ਼ਤ ਨਹੀਂ ਕਰਦੇ।

ਆਗੂਆਂ ਨੇ ਐਲਾਨ ਕੀਤਾ ਕਿ 17 ਜੁਲਾਈ 2026 ਨੂੰ ਮੰਗਾਂ ਨੂੰ ਲੈ ਕੇ ਅਨਾਜ ਮੰਡੀ ਸੈਕਟਰ 39 ਚੰਡੀਗੜ੍ਹ ਵਿਖੇ ਸਾਂਝੇ ਤੌਰ 'ਤੇ ਵਿਸ਼ਾਲ ਰੈਲੀ ਕੀਤੀ ਜਾਵੇਗੀ।ਜੇਕਰ ਚੋਣ ਮੈਨੀਫੈਸਟੋ ਵਿੱਚ ਕੀਤੇ ਵਾਅਦੇ ਪੂਰੇ ਨਾ ਕੀਤੇ ਤਾਂ ਆਉਣ ਵਾਲੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਲੋਕ ਮੂੰਹ ਤੋੜਵਾਂ ਜਵਾਬ ਦੇਣਗੇ।

# ਸਰਕਾਰੀ ਛੁੱਟੀ ਵਾਲੇ ਦਿਨ ਸਕੂਲਾਂ 'ਚ ਹਾਜ਼ਰੀ ਦੇ ਹੁਕਮਾਂ ਵਿਰੁੱਧ ਰੋਸ ਪ੍ਰਦਰਸ਼ਨ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**

ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਬਲਾਕ ਨਿਹਾਲ ਸਿੰਘ ਵਾਲਾ ਵੱਲੋਂ ਸਰਕਾਰੀ ਛੁੱਟੀ ਵਾਲੇ ਦਿਨ ਸਕੂਲਾਂ ਵਿੱਚ ਸਟਾਫ਼ ਦੀ ਲਾਜ਼ਮੀ ਹਾਜ਼ਰੀ ਦੇ ਹੁਕਮਾਂ ਦੇ ਵਿਰੋਧ ਵਿੱਚ ਵੱਖ-ਵੱਖ ਸਕੂਲਾਂ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।

ਅਧਿਆਪਕਾਂ ਨੇ ਸਰਕਾਰ ਵੱਲੋਂ ਜਾਰੀ ਪੱਤਰ ਦੀਆਂ ਕਾਪੀਆਂ ਸਾੜ ਕੇ ਨਾਅਰੇਬਾਜ਼ੀ ਕੀਤੀ ਤੇ ਹੁਕਮ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ।ਡੀ ਟੀ ਐੱਫ ਬਲਾਕ ਨਿਹਾਲ ਸਿੰਘ ਵਾਲਾ ਦੇ ਪ੍ਰਧਾਨ ਅਮਨਦੀਪ ਮਾਛੀਕੇ, ਸਕੱਤਰ ਗੁਰਮੀਤ ਝੋਰੜਾਂ ਤੇ ਮੀਤ ਪ੍ਰਧਾਨ ਸੁਖਜੀਤ ਕੁੱਸਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਜਿਨ੍ਹਾਂ ਸਕੂਲਾਂ ਵਿੱਚ ਪੋਲਿੰਗ ਬੂਥ ਬਣੇ ਹੋਏ ਹਨ, ਉਨ੍ਹਾਂ ਦਾ ਸਮੁੱਚਾ ਸਟਾਫ਼ ਦੂਜੇ ਸ਼ਨੀਵਾਰ ਤੇ ਐਤਵਾਰ ਵਰਗੀਆਂ ਸਰਕਾਰੀ ਛੁੱਟੀਆਂ ਦੌਰਾਨ ਵੀ ਸਕੂਲ ਵਿੱਚ ਹਾਜ਼ਰ ਰਹੇਗਾ।ਉਨ੍ਹਾਂ ਇਸ ਫੈਸਲੇ ਨੂੰ ਤੁਗਲਕੀ ਤੇ ਨਾਦਰਸ਼ਾਹੀ ਕਰਾਰ ਦਿੰਦਿਆਂ ਇਸ ਦਾ ਸਖ਼ਤ ਵਿਰੋਧ ਕੀਤਾ।ਆਗੂਆਂ ਨੇ ਕਿਹਾ ਕਿ ਮੁੱਖ ਮੰਤਰੀ ਵਾਰ-ਵਾਰ ਦਾਅਵਾ ਕਰਦੇ ਹਨ ਕਿ ਅਧਿਆਪਕਾਂ ਤੋਂ ਪੜ੍ਹਾਉਣ ਤੋਂ ਇਲਾਵਾ ਹੋਰ ਕੋਈ ਕੰਮ ਨਹੀਂ ਲਿਆ ਜਾਂਦਾ, ਪਰ ਹਕੀਕਤ ਇਸ ਦੇ ਬਿਲਕੁਲ ਉਲਟ ਹੈ।

ਉਨ੍ਹਾਂ ਦੋਸ਼ ਲਾਇਆ ਕਿ ਅਧਿਆਪਕਾਂ ਨੂੰ ਵੱਡੀ ਗਿਣਤੀ ਵਿੱਚ ਬੀ ਐੱਲ ਓ ਡਿਊਟੀਆਂ, ਐੱਸ ਆਈ ਆਰ ਡਿਊਟੀਆਂ, ਜਨਗਣਨਾ ਤੇ ਡਰੱਗ ਸਰਵੇਖਣ ਵਰਗੇ ਗੈਰ-ਵਿੱਦਿਅਕ ਕੰਮਾਂ ਵਿੱਚ ਲਗਾਇਆ ਜਾਂਦਾ ਹੈ, ਜਿਸ ਕਾਰਨ ਨਾ ਸਿਰਫ਼ ਅਧਿਆਪਕ ਮਾਨਸਿਕ ਦਬਾਅ ਦਾ ਸ਼ਿਕਾਰ ਹੋ ਰਹੇ ਹਨ, ਸਗੋਂ ਸਰਕਾਰੀ ਸਕੂਲਾਂ ਦੇ ਬੱਚਿਆਂ ਦੀ ਪੜ੍ਹਾਈ ਵੀ ਪ੍ਰਭਾਵਤ ਹੋ ਰਹੀ ਹੈ।ਡੀਟੀਐੱਫ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰੀ ਛੁੱਟੀਆਂ ਦੌਰਾਨ ਸਕੂਲਾਂ ਵਿੱਚ ਹਾਜ਼ਰੀ ਸਬੰਧੀ ਜਾਰੀ ਪੱਤਰ ਤੁਰੰਤ ਵਾਪਸ ਲਿਆ ਜਾਵੇ ਤੇ ਅਧਿਆਪਕਾਂ ਤੋਂ ਪੜ੍ਹਾਉਣ ਤੋਂ ਇਲਾਵਾ ਹੋਰ ਕੋਈ ਵੀ ਗੈਰ-ਵਿੱਦਿਅਕ ਕੰਮ ਨਾ ਲਿਆ ਜਾਵੇ।

# ਮੰਗਾਂ ਨਾ ਮੰਨੀਆਂ ਤਾਂ 28 ਨੂੰ ਡਾਇਰੈਕਟਰ ਦੇ ਦਫ਼ਤਰ ਅੱਗੇ ਦਿੱਤਾ ਜਾਵੇਗਾ ਧਰਨਾ : ਲਾਡਾ

**ਨਸ਼ਾ ਛੁਡਾਊ ਕੇਂਦਰ ਮੁਲਾਜ਼ਮ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ**



**ਮੋਗਾ (ਇਕਬਾਲ ਸਿੰਘ ਖਹਿਰਾ)**-ਨਸ਼ਾ ਛੁਡਾਊ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਦੀ ਸੂਬਾ ਪੱਧਰੀ ਅਹਿਮ ਮੀਟਿੰਗ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਸੂਬਾ ਪ੍ਰਧਾਨ ਸੁਰਿੰਦਰ ਸਿੰਘ ਲਾਡਾ ਦੀ ਅਗਵਾਈ ਹੇਠ ਹੋਈ।ਇਸ ਮੀਟਿੰਗ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਜ਼ਿਲ੍ਹਾ ਪ੍ਰਧਾਨਾਂ, ਅਹੁਦੇਦਾਰਾਂ, ਨੁਮਾਇੰਦਿਆਂ ਤੇ ਮਹਿਲਾ ਅਹੁਦੇਦਾਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਯੂਨੀਅਨ ਦੀ ਏਕਤਾ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੂਬਾ ਪ੍ਰੈੱਸ ਸਕੱਤਰ ਪਾਰਸ ਮੱਕੜ ਤੇ ਜਨਰਲ ਸਕੱਤਰ ਮਨਦੀਪ ਬਿੱਲਾ ਨੇ ਕਿਹਾ ਕਿ ਸਿਹਤ ਵਿਭਾਗ ਵਿੱਚ ਆਊਟਸੋਰਸ ਆਧਾਰ 'ਤੇ ਸੇਵਾ ਨਿਭਾਅ ਰਹੇ ਵੱਖ-ਵੱਖ ਕੈਟਾਗਰੀਆਂ ਦੇ ਮੁਲਾਜ਼ਮਾਂ ਦਾ ਪਿਛਲੀਆਂ ਸਰਕਾਰਾਂ ਵੱਲੋਂ ਵੀ ਸ਼ੋਸ਼ਣ ਕੀਤਾ ਗਿਆ ਤੇ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਵੀ ਇਹ ਸ਼ੋਸ਼ਣ ਲਗਾਤਾਰ ਜਾਰੀ ਹੈ।ਉਨ੍ਹਾਂ ਕਿਹਾ ਕਿ ਆਊਟਸੋਰਸ ਮੁਲਾਜ਼ਮ ਸਾਲਾਂ ਤੋਂ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰ ਰਹੇ ਹਨ, ਪਰ ਅੱਜ ਤੱਕ ਉਨ੍ਹਾਂ ਦੀ ਤਨਖਾਹ ਵਿੱਚ ਕੋਈ ਯੋਗ ਵਾਧਾ ਨਹੀਂ ਕੀਤਾ ਗਿਆ। ਯੂਨੀਅਨ ਵੱਲੋਂ ਆਪਣੀਆਂ ਜਾਇਜ਼ ਮੰਗਾਂ ਨੂੰ ਕਈ ਵਾਰ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ।ਵਿਭਾਗ ਵੱਲੋਂ ਕਈ ਮੰਗਾਂ ਨਾਲ ਸਹਿਮਤੀ ਵੀ ਪ੍ਰਗਟਾਈ ਗਈ, ਪਰ ਅਜੇ ਤੱਕ ਕਿਸੇ ਵੀ ਮੰਗ ਨੂੰ ਅਮਲੀ ਰੂਪ ਨਹੀਂ ਦਿੱਤਾ ਗਿਆ।ਯੂਨੀਅਨ ਨੇ ਆਪਣੀਆਂ ਮੁੱਖ ਮੰਗਾਂ ਦੁਹਰਾਉਂਦਿਆਂ ਕਿਹਾ ਕਿ ਕਾਊਂਸਲਰਾਂ ਨੂੰ ਗਰੁੱਪ-ਸੀ ਵਿੱਚ ਸ਼ਾਮਲ ਕਰਕੇ ਡਾਟਾ ਇਕੱਠਾ ਕੀਤਾ ਜਾਵੇ। ਸਾਲ 2018 ਤੋਂ ਮਨਜ਼ੂਰ ਕੀਤਾ ਗਿਆ 6 ਫ਼ੀਸਦੀ ਸਾਲਾਨਾ ਇੰਕਰੀਮੈਂਟ ਤੁਰੰਤ ਲਾਗੂ ਕੀਤਾ ਜਾਵੇ।ਆਊਟਸੋਰਸ ਮੁਲਾਜ਼ਮਾਂ ਨੂੰ 9 ਫ਼ੀਸਦੀ ਸਪੈਸ਼ਲ ਇੰਕਰੀਮੈਂਟ ਦਿੱਤਾ ਜਾਵੇ।ਆਊਟਸੋਰਸ ਪ੍ਰਣਾਲੀ ਖ਼ਤਮ ਕਰਕੇ ਮੁਲਾਜ਼ਮਾਂ ਨੂੰ ਸਿੱਧੇ ਸਿਹਤ ਵਿਭਾਗ ਅਧੀਨ ਲਿਆ ਜਾਵੇ।ਸਿਹਤ ਵਿਭਾਗ ਵਿੱਚ ਆਊਟਸੋਰਸ ਆਧਾਰ 'ਤੇ ਸੇਵਾ ਕਰ ਰਹੇ ਮੁਲਾਜ਼ਮਾਂ ਨੂੰ ਹਾਈ ਰਿਸਕ ਕੈਟਾਗਰੀ ਵਿੱਚ ਸ਼ਾਮਲ ਕੀਤਾ ਜਾਵੇ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਕੁਲਬੀਰ ਸਿੰਘ ਢਿੱਲੋਂ (ਚੇਅਰਮੈਨ) ਤੇ ਰਵਿੰਦਰ ਲੂਥਰਾ (ਕਨਵੀਨਰ, ਤਾਲਮੇਲ ਕਮੇਟੀ ਪੈਰਾਮੈਡੀਕਲ ਤੇ ਸਿਹਤ ਕਰਮਚਾਰੀ ਪੰਜਾਬ) ਨੇ ਸ਼ਿਰਕਤ ਕਰਕੇ ਯੂਨੀਅਨ ਦੇ ਸੰਘਰਸ਼ ਨੂੰ ਪੂਰਾ ਸਮਰਥਨ ਦਿੱਤਾ ਤੇ ਭਰੋਸਾ ਦਿਵਾਇਆ ਕਿ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਮਨਵਾਉਣ ਲਈ ਸਾਂਝੇ ਤੌਰ 'ਤੇ ਹਰ ਪੱਧਰ 'ਤੇ ਲੜਾਈ ਲੜੀ ਜਾਵੇਗੀ।ਉਪਰੋਕਤ ਆਗੂਆਂ ਤੋਂ ਇਲਾਵਾ ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ, ਜਨਰਲ ਸਕੱਤਰ ਮਨਦੀਪ ਬਿੱਲਾ, ਸਟੇਟ ਪ੍ਰੈੱਸ ਸਕੱਤਰ ਪਾਰਸ ਮੱਕੜ, ਸਬਜੇਦੀ ਸਕੱਤਰ ਜਤਿੰਦਰ ਸਿੰਘ, ਐਡਵਾਈਜ਼ਰ ਗੁਰਪ੍ਰੀਤ ਸਿੰਘ, ਚੀਫ਼ ਐਡਵਾਈਜ਼ਰ ਸਰਵਰਿੰਦਰ ਸਿੰਘ, ਆਰਗੇਨਾਈਜ਼ਰ ਸੰਨੀ ਦਿਓਲ ਤੇ ਰਾਕੇਸ਼ ਕੁਮਾਰ ਹਾਜ਼ਰ ਸਨ।ਮੀਟਿੰਗ ਵਿੱਚ ਆਗੂਆਂ ਨੇ ਫ਼ੈਸਲਾ ਕੀਤਾ ਕਿ ਜੇਕਰ ਸਿਹਤ ਵਿਭਾਗ ਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਮੰਗਾਂ 'ਤੇ ਸਹਿਮਤੀ ਦੇ ਕੇ ਜਲਦ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਗਿਆ ਤਾਂ 28 ਜੁਲਾਈ 2026 ਨੂੰ ਡਾਇਰੈਕਟਰ ਸਿਹਤ ਵਿਭਾਗ ਚੰਡੀਗੜ੍ਹ ਦੇ ਦਫ਼ਤਰ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਜਾਵੇਗਾ।ਇਸ ਤੋਂ ਬਾਅਦ ਸਿਹਤ ਮੰਤਰੀ ਦੀ ਰਿਹਾਇਸ਼ ਵੱਲ ਰੋਸ ਮਾਰਚ ਵੀ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੀ ਹੋਵੇਗੀ।

## ਕਾਤਰਾਂ

### ਸੀਰਾ ਪੰਨੂ ਵੱਲੋਂ ਚੇਅਰਮੈਨ ਮਾਨ ਨਾਲ ਮੁਲਾਕਾਤ



**ਬਠਿੰਡਾ (ਰਾਜੀਵ ਗੋਇਲ)**-ਬੀਤੇ ਦਿਨੀਂ ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਦੀ ਚੋਣ ਵਿੱਚ ਬਾਜ਼ੀ ਮਾਰਨ ਵਾਲੇ ਜਗਸੀਰ ਸਿੰਘ ਸੀਰਾ ਪੰਨੂ ਵੱਲੋਂ ਐਤਵਾਰ ਮਾਰਕਫੈੱਡ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ ਤੇ ਦੂਜੇ ਪਾਸੇ ਚੇਅਰਮੈਨ ਵੱਲੋਂ ਪ੍ਰਧਾਨ ਸੀਰਾ ਪੰਨੂ ਦਾ ਸਿਰੋਪਾਓ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਮੌਕੇ ਦੋਹਾਂ ਆਗੂਆਂ ਵਿੱਚ ਭਗਤਾ ਸ਼ਹਿਰ ਦੇ ਵਿਕਾਸ ਨੂੰ ਲੈ ਕੇ ਵਿਸ਼ੇਸ਼ ਚਰਚਾ ਹੋਈ ਅਤੇ ਮਾਨ ਵੱਲੋਂ ਪੰਨੂ ਦੀ ਪਿੱਠ ਥਾਪੜਦੇ ਹੋਏ ਨਗਰ ਪੰਚਾਇਤ ਦੇ ਕੰਮਾਂ ਵਿੱਚ ਪਾਰਦਰਸ਼ਤਾ ਲਿਆਉਣ ਤੇ ਚੱਲ ਰਹੇ ਕੰਮਾਂ ਵਿੱਚ ਤੇਜ਼ੀ ਲਿਆਉਣ ਬਾਰੇ ਕਿਹਾ ਗਿਆ। ਇਸ ਮੌਕੇ ਚੇਅਰਮੈਨ ਮਾਨ ਦੇ ਖਾਸਮ-ਖਾਸ ਰਣਧੀਰ ਸਿੰਘ ਧੀਰਾ ਵੀ ਸ਼ਾਮਲ ਸਨ।

### ਵੱਖ-ਵੱਖ ਮਾਮਲਿਆਂ 'ਚ 36 ਨੌਜਵਾਨ ਕਾਬੂ

**ਹਠੂਰ (ਲਵਲੀ ਕੁਮਾਰ)**-ਪੰਜਾਬ ਪੁਲਸ ਥਾਣਾ ਹਠੂਰ ਵੱਲੋਂ ਵੱਖ-ਵੱਖ ਮੁਕੱਦਮਿਆਂ ਵਿੱਚ ਲੋੜੀਂਦੇ 36 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਹਠੂਰ ਦੇ ਐੱਸ ਆਈ ਗੁਰਸੇਵਕ ਸਿੰਘ ਨੇ ਦੱਸਿਆ ਕਿ ਪੰਜਾਬ ਪੁਲਸ ਵੱਲੋਂ ਚਲਾਏ ਆਪ੍ਰੇਸ਼ਨ ਪ੍ਰਹਾਰ ਤਹਿਤ ਹਲਕੇ ਦੇ ਪਿੰਡਾਂ ਦੇ ਲੋੜੀਂਦੇ ਵਿਅਕਤੀਆਂ ਦੇ ਘਰਾਂ ਦੀ ਛਾਪੇਮਾਰੀ ਕੀਤੀ ਗਈ।ਜਿਨ੍ਹਾਂ ਵਿੱਚ ਮੌਕੇ 'ਤੇ ਹੀ ਵੱਖ-ਵੱਖ ਪਿੰਡਾਂ ਵਿੱਚ 36 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।ਉਨ੍ਹਾ ਦੱਸਿਆ ਕਿ ਇਨ੍ਹਾਂ ਨੌਜਵਾਨਾਂ ਖਿਲਾਫ ਐੱਨਡੀਪੀਸੀ ਐਕਟ ਤਹਿਤ ਤੇ ਲੜਾਈ ਝਗੜੇ ਦੇ ਮਾਮਲੇ ਦਰਜ ਹਨ।ਇਨ੍ਹਾਂ ਗ੍ਰਿਫਤਾਰ ਕੀਤੇ ਨੌਜਵਾਨਾਂ ਤੋਂ ਡੂੰਘਾਈ ਨਾਲ ਤਫਤੀਸ਼ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾ ਨਾਲ ਏ ਐੱਸ ਆਈ ਮਨੋਹਰ ਲਾਲ, ਏ ਐੱਸ ਆਈ ਸੁਲੱਖਣ ਸਿੰਘ, ਏ ਐੱਸ ਆਈ ਕੁਲਵੰਤ ਸਿੰਘ, ਹੌਲਦਾਰ ਸਤਿੰਦਰ ਸਿੰਘ, ਮੁੱਖ ਮੁਨਸ਼ੀ ਕੁਲਵੰਤ ਸਿੰਘ, ਲਾਡੀ ਸਿੰਘ ਆਦਿ ਕਰਮਚਾਰੀ ਹਾਜ਼ਰ ਸਨ।

### ਹੁੰਮਸ ਭਰੀ ਗਰਮੀ ਨੇ ਕੱਢੇ ਵੱਟ

**ਬਰੇਟਾ (ਰੀਤਵਾਲ)**-ਇਲਾਕੇ ਵਿੱਚ ਪਿਛਲੇ ਕੁਝ ਦਿਨਾਂ ਤੋਂ ਪੈ ਰਹੀ ਹੁੰਮਸ ਭਰੀ ਗਰਮੀ ਨੇ ਲੋਕਾਂ ਦਾ ਜਿਉਣਾ ਮੁਸ਼ਕਲ ਕਰ ਦਿੱਤਾ ਹੈ।ਭਾਵੇਂ ਆਸਮਾਨ ਵਿੱਚ ਬੱਦਲ ਛਾਏ ਰਹਿੰਦੇ ਹਨ, ਪਰ ਮੀਂਹ ਨਾ ਪੈਣ ਕਾਰਨ ਗਰਮੀ ਤੇ ਨਮੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ।ਇਸ ਕਾਰਨ ਲੋਕਾਂ ਨੂੰ ਘਰਾਂ ਤੋਂ ਬਾਹਰ ਨਿਕਲਣ ਵਿੱਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਦੁਪਹਿਰ ਸਮੇਂ ਬਾਜ਼ਾਰਾਂ ਤੇ ਸੜਕਾਂ 'ਤੇ ਆਵਾਜਾਈ ਘੱਟ ਦੇਖਣ ਨੂੰ ਮਿਲੀ, ਜਦਕਿ ਬਿਜਲੀ ਦੀ ਵਧੀ ਮੰਗ ਕਾਰਨ ਕਈ ਥਾਵਾਂ 'ਤੇ ਬਿਜਲੀ ਸਪਲਾਈ ਵੀ ਪ੍ਰਭਾਵਿਤ ਹੋਈ।ਪੱਖੇ ਤੇ ਕੂਲਰ ਵੀ ਹੁੰਮਸ ਭਰੀ ਗਰਮੀ ਤੋਂ ਰਾਹਤ ਦੇਣ ਵਿੱਚ ਨਾਕਾਮ ਨਜ਼ਰ ਆਏ।ਡਾਕਟਰਾਂ ਨੇ ਲੋਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਬਿਨਾਂ ਲੋੜ ਦੇ ਦੁਪਹਿਰ ਵੇਲੇ ਘਰੋਂ ਬਾਹਰ ਨਾ ਨਿਕਲਣ, ਵੱਧ ਤੋਂ ਵੱਧ ਪਾਣੀ ਤੇ ਤਰਲ ਪਦਾਰਥਾਂ ਦੀ ਵਰਤੋਂ ਕਰਨ ਅਤੇ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਵਿਅਕਤੀਆਂ ਦਾ ਵਿਸ਼ੇਸ਼ ਧਿਆਨ ਰੱਖਣ।ਲੋਕ ਹੁਣ ਬੇਸਬਰੀ ਨਾਲ ਮੀਂਹ ਦੀ ਉਡੀਕ ਕਰ ਰਹੇ ਹਨ ਤਾਂ ਜੋ ਇਸ ਹੁੰਮਸ ਭਰੀ ਗਰਮੀ ਤੋਂ ਕੁਝ ਰਾਹਤ ਮਿਲ ਸਕੇ।

# ਨਰੇਗਾ ਮੁਲਾਜ਼ਮਾਂ ਨੇ ਸਰਕਾਰ ਦੇ ਵਾਅਦਿਆਂ ਦੀ ਸਾੜੀ ਪੰਡ

**15 ਨੂੰ ਪੰਚਾਇਤ ਮੰਤਰੀ ਦੀ ਕੋਠੀ ਘੇਰਨ ਦਾ ਐਲਾਨ**

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਪਿਛਲੇ 40 ਦਿਨਾਂ ਤੋਂ ਹੜਤਾਲ 'ਤੇ ਚੱਲ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਸਥਾਨਕ ਚਿਲਡਰਨ ਪਾਰਕ ਵਿੱਚ ਇਕ ਇਕੱਠ ਕੀਤਾ ਗਿਆ। ਇੱਥੋਂ ਤਿਆਰੀ ਕਰਕੇ ਪੰਜਾਬ ਸਰਕਾਰ ਦੇ ਵਾਅਦਿਆਂ ਦੀ ਪੰਡ ਨਾਲ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਇਕ ਰੋਸ ਰੈਲੀ ਕੱਢੀ ਗਈ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਧਰਨਾ ਦੇ ਕੇ ਜ਼ੋਰਦਾਰ ਨਾਅਰੇਬਾਜ਼ੀ ਤੋਂ ਬਾਅਦ ਸਰਕਾਰ ਦੇ ਵਾਅਦਿਆਂ ਦੀ ਪੰਡ ਸਾੜੀ ਗਈ। ਮੁਲਾਜ਼ਮਾਂ ਦਾ ਸਾਥ ਦੇਣ ਲਈ ਵੱਡੀ ਗਿਣਤੀ ਨਰੇਗਾ ਮਜ਼ਦੂਰ ਵੀ ਪੁੱਜੇ ਹੋਏ ਸਨ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਸਰਪ੍ਰਸਤ ਵਰਿੰਦਰ ਸਿੰਘ ਨੇ ਦੱਸਿਆ ਕਿ ਅਸੀਂ 18 ਸਾਲਾਂ ਤੋਂ ਕੰਟਰੈਕਟ ਅਧਾਰਤ ਨੌਕਰੀ ਕਰ ਰਹੇ ਹਾਂ। ਸਮੇਂ ਦੀਆਂ ਸਰਕਾਰਾਂ ਵੱਲੋਂ ਆਪਣੇ ਸਿਆਸੀ ਹਿੱਤਾਂ ਦੀ ਪੂਰਤੀ ਲਈ ਨਰੇਗਾ ਮੁਲਾਜ਼ਮਾਂ ਨੂੰ ਵਰਤਿਆ ਜਾਂਦਾ ਰਿਹਾ ਹੈ। ਮੌਜੂਦਾ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਵੀ ਸੱਤਾ ਵਿੱਚ ਆਉਣ ਤੋਂ ਪਹਿਲਾਂ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਗਿਆ ਸੀ। ਸਾਢੇ ਚਾਰ ਸਾਲ ਬੀਤ ਜਾਣ ਬਾਅਦ ਵੀ ਕੋਈ ਸਾਡੀ ਗੱਲ ਸੁਣਨ ਨੂੰ ਤਿਆਰ ਨਹੀਂ। ਪੰਜਾਬ ਸਰਕਾਰ ਦਾ ਅਫ਼ਸਰਸ਼ਾਹੀ ਦੀਆਂ ਮਨਮਾਨੀਆਂ ਤੇ ਕੋਈ ਕੰਟਰੋਲ ਨਹੀਂ ਹੈ। ਪਿਛਲੇ 40 ਦਿਨਾਂ ਵਿਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਦੋ ਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨਾਲ ਤਿੰਨ ਪੈਨਲ ਮੀਟਿੰਗਾਂ ਹੋ ਚੁੱਕੀਆਂ ਹਨ। ਦੋਵਾਂ ਮੰਤਰੀਆਂ ਵਲੋਂ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਾਇਜ਼ ਠਹਿਰਾਉਣ ਤੋਂ ਬਾਅਦ ਅਫ਼ਸਰਸ਼ਾਹੀ ਨੇ ਮੁਲਾਜ਼ਮਾਂ ਦਾ ਕੱਖ ਨਹੀਂ ਕੀਤਾ। 7 ਜੁਲਾਈ ਨੂੰ ਹੋਈ ਉੱਚ ਪੱਧਰੀ ਮੀਟਿੰਗ ਵਿਚ ਅਫ਼ਸਰਸ਼ਾਹੀ ਵਲੋਂ 15 ਸਾਲ ਪੁਰਾਣੇ ਲਾਰਿਆਂ ਤੋਂ ਇਲਾਵਾ ਮੁਲਾਜ਼ਮਾਂ ਲਈ ਕੁਝ ਵੀ ਨਹੀਂ ਲਿਆਂਦਾ ਗਿਆ। ਉਨ੍ਹਾਂ ਕਿਹਾ ਕਿ ਅਫਸਰਾਂ ਵੱਲੋਂ ਫਾਈਲ ਤਿਆਰ ਕਰਨ ਦੀ ਰੱਟ ਲਾਈ ਰੱਖੀ, ਜਦੋਂ ਕਿ 1 ਜੂਨ ਦੀ ਮੀਟਿੰਗ ਵਿਚ ਵੀ ਇਹੀ ਬਹਾਨਾ ਸੀ, ਪਰ ਮੰਤਰੀ ਨੇ ਇਕ ਹਫ਼ਤੇ ਦਾ ਸਮਾਂ ਦਿੱਤਾ ਸੀ। ਵਿਭਾਗ ਦੇ ਉੱਚ ਅਧਿਕਾਰੀ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਬਜਾਏ ਨੌਕਰੀ ਤੋਂ ਕੱਢ ਕੇ ਨਵੀਂ ਭਰਤੀ ਕਰਨ ਦੀਆਂ ਧਮਕੀਆਂ ਦੇ ਰਹੇ ਹਨ। ਮੰਤਰੀ ਅਫ਼ਸਰਸ਼ਾਹੀ ਅੱਗੇ ਬੇਵੱਸ ਨਜ਼ਰ ਆਏ, ਜਿਸ ਦੇ ਰੋਸ ਵਜੋਂ ਹੀ ਪੂਰੇ ਪੰਜਾਬ ਵਿਚ ਸਾਰੇ ਜ਼ਿਲ੍ਹਾ ਸਦਰ ਮੁਕਾਮਾਂ ਤੇ ਉਲੀਕਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਨਰੇਗਾ ਮੁਲਾਜ਼ਮ ਪੇਂਡੂ ਵਿਕਾਸ ਦੇ ਰੀੜ੍ਹ ਦੀ ਹੱਡੀ ਹਨ। ਮੁਲਾਜ਼ਮਾਂ ਵੱਲੋਂ ਆਮ ਆਦਮੀ ਪਾਰਟੀ ਸਰਕਾਰ ਦੇ ਕਾਰਜਕਾਲ ਵਿੱਚ ਵੀ ਕਰੋੜਾਂ ਰੁਪਏ ਦਾ ਉਧਾਰ ਮਟੀਰੀਅਲ ਚੁੱਕ ਕੇ ਪਿੰਡਾਂ ਦਾ ਵਿਕਾਸ ਕਰਵਾਇਆ ਗਿਆ ਹੈ। ਪਿੰਡਾਂ ਦੇ ਲੱਖਾਂ ਗਰੀਬ ਪਰਵਾਰਾਂ ਨੂੰ ਰੋਜ਼ੀ ਦਿੱਤੀ ਗਈ ਹੈ। ਅੱਜ ਜਦੋਂ ਮੁਲਾਜ਼ਮ ਆਪਣਾ ਰੁਜ਼ਗਾਰ ਪੱਕਾ ਕਰਨ ਦੀ ਮੰਗ ਕਰਦੇ ਹਨ ਤਾਂ ਸਰਕਾਰ ਨੂੰ ਕੋਈ ਫ਼ਿਕਰ ਨਹੀਂ ਹੈ ਮੁੱਖ ਮੰਤਰੀ 70000 ਨਵੀਆਂ ਨੌਕਰੀਆਂ ਦੇਣ ਅਤੇ ਠੇਕੇਦਾਰੀ ਸਿਸਟਮ ਬਿਲਕੁਲ ਖ਼ਤਮ ਕਰਨ ਦਾ ਦਾਅਵਾ ਲੋਕ ਮਿਲਣੀ ਪ੍ਰੋਗਰਾਮਾਂ ਵਿੱਚ ਕਰ ਰਹੇ ਹਨ। ਉਨ੍ਹਾਂ ਕਿਹਾ ਕਿ 15 ਜੁਲਾਈ ਨੂੰ ਪੰਚਾਇਤ ਮੰਤਰੀ ਦੀ ਖੰਨਾ ਰਿਹਾਇਸ਼ ਦੇ ਘਿਰਾਓ ਦੌਰਾਨ 20 ਹਜ਼ਾਰ ਤੋਂ ਵੱਧ ਦਾ ਇਕੱਠ ਕੀਤਾ ਜਾਵੇਗਾ। ਇਸ ਮੌਕੇ ਹੋਰ ਵੀ ਨਰੇਗਾ ਮੁਲਾਜ਼ਮ ਹਾਜ਼ਰ ਸਨ।

# ਐੱਲਏਡੀਸੀ ਪ੍ਰਣਾਲੀ ਦੇ ਵਿਰੋਧ 'ਚ ਅੱਜ ਤੇ ਕੱਲ੍ਹ ਅਦਾਲਤੀ ਕੰਮਕਾਜ ਠੱਪ ਰਹੇਗਾ

## *ਜ਼ਿਲ੍ਹਾ ਬਾਰ ਐਸੋਸੀਏਸ਼ਨ ਨੇ 'ਨੋ ਵਰਕ ਡੇ' ਦਾ ਕੀਤਾ ਐਲਾਨ*

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਐੱਲਏਡੀਸੀ (ਲੀਗਲ ਏਡ ਡਿਫੈਂਸ ਕੌਂਸਲ) ਪ੍ਰਣਾਲੀ ਦੇ ਵਿਰੋਧ ਵਿੱਚ ਚੱਲ ਰਹੇ ਸੂਬਾ ਵਿਆਪੀ ਅੰਦੋਲਨ ਤਹਿਤ ਜ਼ਿਲ੍ਹਾ ਬਾਰ ਐਸੋਸੀਏਸ਼ਨ ਫ਼ਿਰੋਜ਼ਪੁਰ ਨੇ 13 ਤੇ 14 ਜੁਲਾਈ 2026 ਨੂੰ ਵੀ 'ਨੋ ਵਰਕ ਡੇ' ਮਨਾਉਣ ਦਾ ਫੈਸਲਾ ਕੀਤਾ ਹੈ। ਇਹ ਫੈਸਲਾ ਜੁਆਇੰਟ ਐਕਸ਼ਨ ਕਮੇਟੀ (ਜੇਏਸੀ) ਪੰਜਾਬ ਦੇ ਸੱਦੇ 'ਤੇ ਲਿਆ ਗਿਆ ਹੈ। ਜ਼ਿਲ੍ਹਾ ਬਾਰ ਐਸੋਸੀਏਸ਼ਨ ਦੇ ਜਨਰਲ ਸਕੱਤਰ ਐਡਵੋਕੇਟ ਨੀਲ ਰਤਨ ਨੇ ਦੱਸਿਆ ਗਿਆ ਕਿ ਜੇਏਸੀ, ਪੰਜਾਬ ਦੇ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਇਨ੍ਹਾਂ ਦੋਵਾਂ ਦਿਨਾਂ ਦੌਰਾਨ ਜ਼ਿਲ੍ਹੇ ਦੇ ਵਕੀਲ ਅਦਾਲਤਾਂ ਵਿੱਚ ਕਿਸੇ ਵੀ ਕਿਸਮ ਦਾ ਨਿਆਂਇਕ ਕੰਮ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਇਹ ਅੰਦੋਲਨ ਵਕੀਲਾਂ ਦੇ ਹਿੱਤਾਂ, ਕਾਨੂੰਨੀ ਪੇਸ਼ੇ ਦੇ ਵਕਾਰ (ਗਰਿਮਾ) ਤੇ ਨਿਆਂਇਕ ਪ੍ਰਣਾਲੀ ਵਿੱਚ ਸੁਤੰਤਰ ਤੇ ਸਨਮਾਨਜਨਕ ਵਕਾਲਤ ਦੀ ਭਾਵਨਾ ਦੀ ਰਾਖੀ ਲਈ ਜਾਰੀ ਹੈ। ਜਨਰਲ ਸਕੱਤਰ ਐਡਵੋਕੇਟ ਨੀਲ ਰਤਨ ਨੇ ਜ਼ਿਲ੍ਹੇ ਦੇ ਸਾਰੇ ਵਕੀਲਾਂ ਨੂੰ ਅਪੀਲ ਕੀਤੀ ਕਿ ਉਹ 13 ਤੇ 14 ਜੁਲਾਈ ਨੂੰ ਅਦਾਲਤੀ ਕੰਮਕਾਜ ਤੋਂ ਪੂਰੀ ਤਰ੍ਹਾਂ ਦੂਰ ਰਹਿ ਕੇ 'ਨੋ ਵਰਕ ਡੇ' ਦੀ ਸਖ਼ਤੀ ਨਾਲ ਪਾਲਣਾ ਕਰਨ ਤੇ ਜੇਏਸੀ, ਪੰਜਾਬ ਦੇ ਅੰਦੋਲਨ ਨੂੰ ਪੂਰਨ ਸਮਰਥਨ ਦੇਣ। ਉਨ੍ਹਾਂ ਕਿਹਾ ਕਿ ਵਕੀਲ ਭਾਈਚਾਰਾ ਆਪਣੇ ਅਧਿਕਾਰਾਂ ਤੇ ਪੇਸ਼ੇ ਦੀ ਆਜ਼ਾਦੀ ਦੀ ਰਾਖੀ ਲਈ ਇੱਕਜੁੱਟ ਹੈ ਤੇ ਅੰਦੋਲਨ ਨੂੰ ਸਫ਼ਲ ਬਣਾਉਣ ਲਈ ਸਾਰੇ ਮੈਂਬਰਾਂ ਦਾ ਸਹਿਯੋਗ ਜ਼ਰੂਰੀ ਹੈ। ਜ਼ਿਲ੍ਹਾ ਬਾਰ ਐਸੋਸੀਏਸ਼ਨ ਨੇ ਭਰੋਸਾ ਪ੍ਰਗਟਾਇਆ ਕਿ ਵਕੀਲਾਂ ਦੀ ਇੱਕਜੁੱਟਤਾ ਨਾਲ ਉਨ੍ਹਾਂ ਦੀਆਂ ਮੰਗਾਂ ਨੂੰ ਮਜ਼ਬੂਤੀ ਮਿਲੇਗੀ ਤੇ ਅੰਦੋਲਨ ਨੂੰ ਵਿਆਪਕ ਸਮਰਥਨ ਹਾਸਲ ਹੋਵੇਗਾ।

# ਸਰਵਿਸ ਰੋਡ 'ਤੇ ਖੜ੍ਹੇ ਪਾਣੀ 'ਚ ਝੋਨਾ ਲਾ ਕੇ ਕਾਂਗਰਸੀਆਂ ਕੀਤਾ ਰੋਸ ਪ੍ਰਦਰਸ਼ਨ

**ਵਿਕਾਸ ਦੇ ਦਾਅਵੇ ਕਾਗਜ਼ਾਂ ਤੱਕ ਸੀਮਤ, ਲੋਕ ਅਜੇ ਵੀ ਮੁੱਢਲੀਆਂ ਸਹੂਲਤਾਂ ਨੂੰ ਤਰਸ ਰਹੇ : ਆਗੂ**



**ਭਵਾਨੀਗੜ੍ਹ (ਰਾਜ ਖੁਰਮੀ)**

ਭਵਾਨੀਗੜ੍ਹ-ਸੰਗਰੂਰ ਨੈਸ਼ਨਲ ਹਾਈਵੇ ਨੇੜੇ ਬਾਲਦ ਕੈਂਚੀਆਂ ਵਿਖੇ ਸਰਵਿਸ ਰੋਡ ਦੀ ਲੰਬੇ ਸਮੇਂ ਤੋਂ ਖਸਤਾ ਹਾਲਤ ਤੇ ਬਰਸਾਤ ਦੌਰਾਨ ਸੜਕ 'ਤੇ ਖੜ੍ਹੇ ਰਹਿਣ ਵਾਲੇ ਪਾਣੀ ਤੋਂ ਨਾਰਾਜ਼ ਬਲਾਕ ਕਾਂਗਰਸ ਦੇ ਆਗੂਆਂ ਤੇ ਵਰਕਰਾਂ ਨੇ ਐਤਵਾਰ ਨੂੰ ਅਨੋਖੇ ਢੰਗ ਨਾਲ ਰੋਸ ਪ੍ਰਦਰਸ਼ਨ ਕੀਤਾ।ਕਾਂਗਰਸੀ ਆਗੂਆਂ ਨੇ ਸੜਕ 'ਤੇ ਖੜ੍ਹੇ ਪਾਣੀ ਵਿੱਚ ਝੋਨਾ ਲਗਾ ਕੇ ਪੰਜਾਬ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਸਮੱਸਿਆ ਦੇ ਤੁਰੰਤ ਹੱਲ ਦੀ ਮੰਗ ਕੀਤੀ।

ਪ੍ਰਦਰਸ਼ਨ ਦੀ ਅਗਵਾਈ ਬਲਾਕ ਕਾਂਗਰਸ ਪ੍ਰਧਾਨ ਗੁਰਦੀਪ ਸਿੰਘ ਘਰਾਚੋਂ ਨੇ ਕੀਤੀ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਕੰਧੋਲਾ, ਕੌਂਸਲਰ ਹਰਪ੍ਰੀਤ ਸਿੰਘ ਬਾਜਵਾ ਤੇ ਬਲਵਿੰਦਰ ਸਿੰਘ ਘਾਬਦੀਆ ਸਮੇਤ ਹੋਰ ਆਗੂਆਂ ਨੇ ਕਿਹਾ ਕਿ ਬਾਲਦ ਕੈਂਚੀਆਂ ਦਾ ਸਰਵਿਸ ਰੋਡ ਕਈ ਸਾਲਾਂ ਤੋਂ ਬੁਰੀ ਤਰ੍ਹਾਂ ਖ਼ਰਾਬ ਪਿਆ ਹੈ।ਹਲਕੀ ਬਰਸਾਤ ਨਾਲ ਹੀ ਸੜਕ 'ਤੇ ਪਾਣੀ ਭਰ ਜਾਂਦਾ ਹੈ, ਜਦਕਿ ਆਮ ਦਿਨਾਂ ਵਿੱਚ ਵੀ ਗੰਦਾ ਪਾਣੀ ਓਵਰਫਲੋ ਹੋ ਕੇ ਸੜਕ 'ਤੇ ਫੈਲਿਆ ਰਹਿੰਦਾ ਹੈ, ਜਿਸ ਕਾਰਨ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਹਰ ਰੋਜ਼ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ।ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵਿਕਾਸ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਪਰ ਜ਼ਮੀਨੀ ਹਕੀਕਤ ਇਸ ਦੇ ਬਿਲਕੁਲ ਉਲਟ ਹੈ।ਉਨ੍ਹਾਂ ਕਿਹਾ ਕਿ ਸਰਕਾਰ ਇਸ਼ਤਿਹਾਰਾਂ 'ਤੇ ਕਰੋੜਾਂ ਰੁਪਏ ਖਰਚ ਕਰ ਰਹੀ ਹੈ, ਜਦਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਵੀ ਮੁਹੱਈਆ ਨਹੀਂ ਹੋ ਰਹੀਆਂ।ਇਸ ਦੌਰਾਨ ਕਾਂਗਰਸੀ ਆਗੂਆਂ ਨੇ ਮੌਜੂਦਾ ਵਿਧਾਇਕਾ 'ਤੇ ਵੀ ਤੰਜ ਕੱਸਦਿਆਂ ਕਿਹਾ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਉਨ੍ਹਾਂ ਨੇ ਇਸੇ ਥਾਂ ਖੜ੍ਹੇ ਪਾਣੀ ਵਿੱਚ ਝੋਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਸੀ, ਪਰ ਹੁਣ ਸਾਢੇ ਚਾਰ ਸਾਲ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਸੜਕ ਦੀ ਹਾਲਤ ਵਿੱਚ ਕੋਈ ਸੁਧਾਰ ਨਹੀਂ ਹੋਇਆ।

ਉਨ੍ਹਾਂ ਕਿਹਾ ਕਿ ਵਿਧਾਨ ਸਭਾ ਚੋਣਾਂ ਨੇੜੇ ਹਨ ਤੇ ਲੋਕ ਹੁਣ ਕੰਮ ਦਾ ਹਿਸਾਬ ਮੰਗ ਰਹੇ ਹਨ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਜਲਦੀ ਹੀ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਇਸ ਮੌਕੇ ਜਗਤਾਰ ਨਮਾਦਾ, ਐੱਮਸੀ ਜਗਤਾਰ ਸਿੰਘ, ਮੰਗਤ ਸ਼ਰਮਾ, ਐੱਮਸੀ ਬਲਕਾਰ ਸਿੰਘ, ਸੁਖਚੈਨ ਸਿੰਘ ਚੈਨੀ ਬਲਾਕ ਸੰਮਤੀ, ਸੰਜੀਵ ਲਾਲਕਾ, ਰਾਮ ਸਿੰਘ ਸਰਪੰਚ, ਹਰਦੀਪ ਸਿੰਘ ਤੂਰ, ਗੋਲਡੀ ਕਾਕੜਾ, ਹੈਪੀ ਸ਼ਰਮਾ, ਜਗਤਾਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

# ਬੱਚੀਆਂ ਦੇ ਵਹਿਸ਼ੀ ਸ਼ੋਸ਼ਣ ਤੇ ਕਤਲ ਖਿਲਾਫ ਰੋਸ ਪ੍ਰਦਰਸ਼ਨ



**ਜਗਰਾਉਂ (ਨਛੱਤਰ ਸੰਧੂ)**-ਐਤਵਾਰ ਸਥਾਨਕ ਕਮੇਟੀ ਪਾਰਕ ਵਿੱਚ ਇਕੱਤਰ ਹੋਈਆਂ ਇਲਾਕੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਦੇ ਵਰਕਰਾਂ ਨੇ ਔਰਤਾਂ 'ਤੇ ਅੰਨ੍ਹੇ ਜਬਰ ਖ਼ਿਲਾਫ਼ ਆਪਣੀ ਅਵਾਜ਼ ਬੁਲੰਦ ਕੀਤੀ।ਬੀਤੇ ਦਿਨੀਂ ਗੰਗਾਨਗਰ (ਰਾਜਸਥਾਨ) ਤੇ ਮੇਰਠ (ਉੱਤਰ ਪ੍ਰਦੇਸ਼) ਵਿਖੇ ਵਹਿਸ਼ੀ ਦਰਿੰਦਿਆਂ ਵੱਲੋਂ ਸਮੂਹਕ ਬਲਾਤਕਾਰ ਤੇ ਕਤਲ ਕਰਨ ਦੀ ਬੇਹੱਦ ਅਫ਼ਸੋਸਜਨਕ ਤੇ ਦਰਦਨਾਕ ਘਟਨਾ ਨੇ ਹਰ ਇਨਸਾਫ਼ ਪਸੰਦ ਵਿਅਕਤੀ ਨੂੰ ਧੁਰ ਅੰਦਰ ਤੱਕ ਝੰਜੋੜ ਕੇ ਰੱਖ ਦਿੱਤਾ ਹੈ।ਬੁਲਾਰਿਆਂ ਨੇ ਦੱਸਿਆ ਕਿ ਗੰਗਾਨਗਰ ਦੀ ਬੱਚੀ ਨੂੰ ਲਗਾਤਾਰ ਪੰਜ ਦਿਨ ਵੱਖ ਵੱਖ ਹੋਟਲਾਂ 'ਚ 32 ਗੁੰਡਿਆਂ ਵੱਲੋਂ ਪ੍ਰਤਾੜਿਤ ਕਰਨ ਤੇ ਮੇਰਠ ਵਿੱਚ ਇਕ ਦਲਿਤ ਨੌਜਵਾਨ ਬੱਚੀ ਨਾਲ ਜੰਗਲ 'ਚ ਸਮੂਹਕ ਬਲਾਤਕਾਰ ਕਰਨ ਅਤੇ ਤੇਜ਼ਾਬ ਪਾ ਕੇ ਸਾੜ ਦੇਣ ਦੀਆਂ ਮੰਦਭਾਗੀਆਂ ਘਟਨਾਵਾਂ ਸਾਡੇ ਲਈ ਇਕ ਗੰਭੀਰ ਚੁਣੌਤੀ ਹਨ।ਮੇਰਠ 'ਚ ਬੱਚੀ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਪ੍ਰਦਰਸ਼ਨ ਕਰ ਰਹੇ ਲੋਕਾਂ ਤੇ ਉਥੋਂ ਦੇ ਜ਼ਿਲ੍ਹਾ ਪੁਲਸ ਮੁਖੀ ਵੱਲੋਂ ਸ਼ਰੇਆਮ ਕੁੱਟਮਾਰ ਤੇ ਲਾਠੀਚਾਰਜ ਕਰਨਾ ਦੱਸਦਾ ਹੈ ਕਿ ਭਾਜਪਾ ਦੇ ਰਾਜਾਂ ਅੰਦਰ ਵੀ ਧੀਆਂ ਭੈਣਾਂ ਸੁਰੱਖਿਅਤ ਨਹੀਂ ਹਨ।ਉਨ੍ਹਾਂ ਮੇਰਠ ਦੇ ਜਾਬਰ ਜ਼ਿਲ੍ਹਾ ਪੁਲਸ ਮੁਖੀ ਦੀ ਬਰਖਾਸਤਗੀ ਦੀ ਮੰਗ ਕੀਤੀ ਹੈ। ਉਨ੍ਹਾਂ ਸੋਸ਼ਲ ਮੀਡੀਆ ਉੱਪਰ ਇਸ ਜਬਰ ਨੂੰ ਜਾਤੀ ਰੰਗਤ ਦੇਣ ਦੀ ਮਨੂੰਵਾਦੀ ਪੰਹੁਚ ਦਾ ਵੀ ਸਖਤ ਨੋਟਿਸ ਲਿਆ ਹੈ।ਬੁਲਾਰਿਆਂ 'ਚ ਸ਼ਾਮਲ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ, ਨਗਰ ਸੁਧਾਰ ਸਭਾ ਦੇ ਪ੍ਰਧਾਨ ਮਾਸਟਰ ਅਵਤਾਰ ਸਿੰਘ, ਸਾਂਝਾ ਪੈਨਸ਼ਨਰ ਫਰੰਟ ਦੇ ਪ੍ਰਧਾਨ ਅਸ਼ੋਕ ਭੰਡਾਰੀ, ਜਮਹੂਰੀ ਕਿਸਾਨ ਸਭਾ ਦੇ ਪ੍ਰਧਾਨ ਗੁਰਮੇਲ ਸਿੰਘ ਰੂਮੀ, ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਅਰੁਣ ਗਿੱਲ, ਰੋਡਵੇਜ਼ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਅਵਤਾਰ ਸਿੰਘ ਗਗੜਾ, ਕਿਸਾਨ ਆਗੂ ਬਲਵਿੰਦਰ ਸਿੰਘ ਕੋਠੇ ਪੋਨਾ ਤੇ ਇੰਦਰਜੀਤ ਸਿੰਘ ਧਾਲੀਵਾਲ ਨੇ ਕਾਤਲ ਬਲਾਤਕਾਰੀਆਂ ਨੂੰ ਫਾਸਟ ਟਰੈਕ ਅਦਾਲਤ ਰਾਹੀਂ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ਹੈ।ਇਸ ਤੋਂ ਬਾਅਦ ਇਕਤਰ ਵਰਕਰਾਂ ਨੇ ਔਰਤਾਂ 'ਤੇ ਹਰ ਕਿਸਮ ਦਾ ਜਬਰ ਬੰਦ ਕਰਨ ਤੇ ਬਲਾਤਕਾਰੀ ਦਰਿੰਦਿਆਂ ਨੂੰ ਸਖ਼ਤ ਸਜ਼ਾਵਾਂ ਦੇਣ ਦੀ ਮੰਗ ਕੀਤੀ।ਸਥਾਨਕ ਝਾਂਸੀ ਚੌਕ 'ਚ ਲੋਕਾਂ ਨੂੰ ਜਾਗਰੂਕ ਕਰਨ ਲਈ ਲੰਮਾਂ ਸਮਾਂ ਨਾਅਰੇਬਾਜ਼ੀ ਕੀਤੀ ਗਈ।ਤਹਿਸੀਲ ਰੋਡ ਤੇ ਰਾਏਕੋਟ ਰੋਡ 'ਤੇ ਵਿਰੋਧ ਪ੍ਰਦਰਸ਼ਨ ਕਰਦਿਆਂ ਲੋਕਾਂ ਨੂੰ ਔਰਤ ਵਰਗ ਪ੍ਰਤੀ ਸਮਾਜ ਦਾ ਨਜ਼ਰੀਆ ਬਦਲਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ।ਇਸ ਸਮੇਂ ਜਸਵੰਤ ਸਿੰਘ ਕਲੇਰ, ਸੁਖਦੇਵ ਸਿੰਘ ਹਠੂਰ, ਨਿਰਮਲ ਸਿੰਘ ਭੰਮੀਪੁਰਾ, ਕਰਮਜੀਤ ਸਿੰਘ ਕਾਉਂਕੇ, ਜਗਦੀਸ਼ ਸਿੰਘ ਕਾਉਂਕੇ, ਕਰਤਾਰ ਸਿੰਘ ਵੀਰਾਨ, ਮਜ਼ਦੂਰ ਆਗੂ ਮਦਨ ਸਿੰਘ, ਕੁਲਵੰਤ ਸਿੰਘ ਸਹੋਤਾ ਆਦਿ ਹਾਜ਼ਰ ਸਨ।

# ਤਾਮਿਲਨਾਡੂ 'ਚ ਮੰਡੇਰ ਦੇ ਟਰੱਕ ਡਰਾਈਵਰ ਨੇ ਮੈਨੇਜਰ ਤੋਂ ਤੰਗ ਆ ਕੇ ਕੀਤੀ ਖੁਦਕੁਸ਼ੀ



**ਬਰੇਟਾ (ਰੀਤਵਾਲ)**-ਤਾਮਿਲਨਾਡੂ ਦੇ ਕੋਇਮਬਟੂਰ ਦੇ ਨਜ਼ਦੀਕ ਟਰਾਂਸਪੋਰਟ ਕੰਪਨੀ ਦੇ ਮੈਨੇਜਰ ਤੋਂ ਤੰਗ ਪ੍ਰੇਸ਼ਾਨ ਹੋ ਕੇ ਪਿੰਡ ਮੰਡੇਰ ਦੇ ਨੌਜਵਾਨ ਗੁਰਲਾਲ ਸਿੰਘ ਵੱਲੋਂ ਅੱਗ ਲਾ ਕੇ ਖੁਦਕੁਸ਼ੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ।ਗੰਭੀਰ ਜ਼ਖਮੀ ਹਾਲਤ ਵਿੱਚ ਪਰਿਵਾਰ ਵੱਲੋਂ ਪਿੰਡ ਮੰਡੇਰ ਆਪਣੇ ਘਰ ਲਿਆਉਣ ਸਮੇਂ ਰਸਤੇ ਵਿੱਚ ਉਸ ਦੀ ਮੌਤ ਹੋ ਗਈ।ਮ੍ਰਿਤਕ ਦੇ ਭਰਾ ਸਤਪਾਲ ਸਿੰਘ ਨੇ ਦੱਸਿਆ ਕਿ ਗੁਰਲਾਲ ਸਿੰਘ ਹੈਦਰਾਬਾਦ ਦੀ ਇੱਕ ਟਰਾਂਸਪੋਰਟ ਕੰਪਨੀ 'ਚ ਕੰਮ ਕਰਦਾ ਸੀ। ਉਹ ਤਾਮਿਲਨਾਡੂ ਦੇ ਕੋਇਮਬੂਟਰ 'ਚ ਇਨਵਰਟਰ ਛੱਡਣ ਲਈ ਗਿਆ ਸੀ ਜਿੱਥੇ ਉਸ ਦੇ ਟਰੱਕ 'ਚ ਖਰਾਬੀ ਆ ਗਈ। ਵਾਰ ਵਾਰ ਉਹ ਟਰਾਂਸਪੋਰਟ ਦੇ ਅਧਿਕਾਰੀਆਂ ਨੂੰ ਫੋਨ 'ਤੇ ਸੰਪਰਕ ਕਰਕੇ ਮਦਦ ਮੰਗਦਾ ਰਿਹਾ ਪ੍ਰੰਤੂ ਉਨ੍ਹਾਂ ਵੱਲੋਂ ਗੁਰਲਾਲ ਸਿੰਘ ਨਾਲ ਬਦਸਲੂਕੀ ਕੀਤੀ ਗਈ ਅਤੇ ਧਮਕੀਆਂ ਦਿੱਤੀਆਂ ਗਈਆਂ। ਸਤਪਾਲ ਸਿੰਘ ਨੇ ਕਿਹਾ ਕਿ ਗੁਰਲਾਲ ਸਿੰਘ ਨੇ ਖੁਦਕੁਸ਼ੀ ਕਰਨ ਤੋਂ ਪਹਿਲਾਂ ਉਸ ਨੂੰ ਫੋਨ 'ਤੇ ਕੰਪਨੀ ਵੱਲੋਂ ਤੰਗ ਪ੍ਰੇਸ਼ਾਨ ਕਰਨ ਬਾਰੇ ਦੱਸਿਆ ਤੇ ਇਹ ਵੀ ਕਿਹਾ ਕਿ ਉਹ ਆਤਮਹੱਤਿਆ ਬਾਰੇ ਸੋਚ ਰਿਹਾ ਹੈ। ਫਿਰ ਉਸ ਨੇ ਉਥੇ ਅੱਗ ਲਾ ਕੇ ਖੁਦਕੁਸ਼ੀ ਦੀ ਕੋਸ਼ਿਸ਼ ਕੀਤੀ।ਜਿੱਥੇ ਉਥੋਂ ਦੇ ਲੋਕਾਂ ਅਤੇ ਪੁਲਿਸ ਨੇ ਉਸ ਨੂੰ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ। ਪਰਿਵਾਰ ਨੂੰ ਪਤਾ ਲੱਗਣ 'ਤੇ ਉਥੇ ਪਹੁੰਚੇ ਤਾਂ ਦੇਖਿਆ ਕਿ ਉਸ ਦਾ ਚੰਗਾ ਇਲਾਜ ਨਹੀਂ ਕੀਤਾ ਜਾ ਰਿਹਾ ਸੀ। ਮ੍ਰਿਤਕ ਦਾ ਇਲਾਜ ਕਰਨ ਦੀ ਬਜਾਏ ਉਸ ਨੂੰ ਮਰਨ ਲਈ ਛੱਡ ਦਿੱਤਾ ਗਿਆ। ਪਰਿਵਾਰ ਮਜਬੂਰਨ ਉਸ ਨੂੰ ਐਂਬੂਲੈਂਸ ਰਾਹੀਂ ਪਿੰਡ ਲੈ ਕੇ ਆਇਆ ਪਰ ਉਸ ਨੇ ਰਸਤੇ 'ਚ ਹੀ ਦਮ ਤੋੜ ਦਿੱਤਾ। ਪਰਿਵਾਰ ਨੇ ਕੰਪਨੀ ਦੇ ਮੈਨੇਜਰ ਅਤੇ ਕੰਪਨੀ ਖਿਲਾਫ ਮਾਮਲਾ ਦਰਜ ਕਰਕੇ ਇਨਸਾਫ ਦੀ ਮੰਗ ਕੀਤੀ ਹੈ। ਮ੍ਰਿਤਕ ਦੇ ਭਰਾ ਨੇ ਦੱਸਿਆ ਕਿ ਮੈਨੇਜਰ ਦੀਆਂ ਧਮਕੀ ਭਰੀਆਂ ਰਿਕਾਡਿੰਗ ਕਾਲਾਂ ਉਨ੍ਹਾਂ ਕੋਲ ਮੌਜੂਦ ਹਨ।

# ਸ੍ਰੀ ਗੁਰੂ ਰਵਿਦਾਸ ਜੀ ਦੇ ਫ਼ਲਸਫ਼ੇ ਤੋਂ ਪ੍ਰੇਰਿਤ ਹੋਏ ਪਿੰਡ ਵਾਸੀ

**ਪੰਜਾਬ ਸਰਕਾਰ ਦੇ ਉਪਰਾਲੇ ਦੀ ਕੀਤੀ ਸ਼ਲਾਘਾ**



**ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)**-ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਉਨ੍ਹਾਂ ਦੇ ਜੀਵਨ, ਫ਼ਲਸਫ਼ੇ ਤੇ ਮਹਾਨ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਚਲਾਈ ਜਾ ਰਹੀ ਵਿਸ਼ੇਸ਼ ਜਾਗਰੂਕਤਾ ਮੁਹਿੰਮ ਤਹਿਤ ਬੀਤੀ ਸ਼ਾਮ ਨੂੰ ਬਲਾਕ ਰਾਏਕੋਟ ਦੇ ਪਿੰਡ ਸੱਤੋਵਾਲ ਤੇ ਪਿੰਡ ਝੋਰੜਾਂ ਵਿਖੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਵਿਚਾਰਧਾਰਾ ਤੇ ਉਪਦੇਸ਼ਾਂ 'ਤੇ ਅਧਾਰਤ 30 ਮਿੰਟ ਦੀ ਪ੍ਰੇਰਨਾਦਾਇਕ ਡਾਕੂਮੈਂਟਰੀ ਦਾ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਪਿੰਡਾਂ ਦੇ ਵੱਡੀ ਗਿਣਤੀ ਵਿੱਚ ਲੋਕਾਂ, ਨੌਜਵਾਨਾਂ, ਮਹਿਲਾਵਾਂ ਤੇ ਬਜ਼ੁਰਗਾਂ ਨੇ ਡਾਕੂਮੈਂਟਰੀ ਨੂੰ ਬੜੀ ਦਿਲਚਸਪੀ ਨਾਲ ਦੇਖਿਆ ਤੇ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਹਾਸਲ ਕੀਤੀ।ਡਾਕੂਮੈਂਟਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤੇ ਸਮਾਨਤਾ, ਮਨੁੱਖਤਾ, ਸਮਾਜਿਕ ਨਿਆਂ, ਭਾਈਚਾਰੇ, ਸੇਵਾ ਤੇ ਮਿਹਨਤ ਦੀ ਕਮਾਈ ਦੇ ਸੰਦੇਸ਼ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।ਇਸ ਵਿੱਚ ਗੁਰੂ ਸਾਹਿਬ ਦੇ ਜੀਵਨ ਦੇ ਵੱਖ-ਵੱਖ ਪੱਖਾਂ, ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦੇ ਯੋਗਦਾਨ ਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ ਦੇ ਸੰਦੇਸ਼ ਨੂੰ ਸਰਲ ਤੇ ਪ੍ਰਭਾਵਸ਼ਾਲੀ ਅੰਦਾਜ਼ ਵਿੱਚ ਦਰਸਾਇਆ ਗਿਆ।ਡਾਕੂਮੈਂਟਰੀ ਨੇ ਦਰਸ਼ਕਾਂ ਨੂੰ ਇਹ ਸੰਦੇਸ਼ ਦਿੱਤਾ ਕਿ ਜਾਤ-ਪਾਤ, ਭੇਦਭਾਵ ਤੇ ਊਚ-ਨੀਚ ਤੋਂ ਉੱਪਰ ਉੱਠ ਕੇ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ।

ਇਸ ਮੌਕੇ ਪਿੰਡ ਸੱਤੋਵਾਲ ਦੇ ਸਰਪੰਚ ਸੋਹਣ ਸਿੰਘ ਤੇ ਪਿੰਡ ਝੋਰੜਾਂ ਦੇ ਸਰਪੰਚ ਗੁਰਪ੍ਰੀਤ ਸਿੰਘ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਡਾਕੂਮੈਂਟਰੀਆਂ ਬੱਚਿਆਂ ਤੇ ਨੌਜਵਾਨਾਂ ਨੂੰ ਆਪਣੇ ਗੁਰੂਆਂ ਦੀਆਂ ਸਿੱਖਿਆਵਾਂ ਨਾਲ ਜੋੜਨ ਦਾ ਇੱਕ ਪ੍ਰਭਾਵਸ਼ਾਲੀ ਮਾਧਿਅਮ ਹਨ।ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਵੱਲੋਂ ਦਿੱਤਾ ਸਮਾਨਤਾ, ਆਪਸੀ ਭਾਈਚਾਰੇ ਤੇ ਮਨੁੱਖਤਾ ਦਾ ਸੰਦੇਸ਼ ਅੱਜ ਦੇ ਸਮੇਂ ਵਿੱਚ ਵੀ ਬਹੁਤ ਪ੍ਰਸੰਗਿਕ ਹੈ ਤੇ ਹਰ ਵਿਅਕਤੀ ਨੂੰ ਇਨ੍ਹਾਂ ਮਹਾਨ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਮਲ ਵਿੱਚ ਲਿਆਉਣਾ ਚਾਹੀਦਾ ਹੈ।ਹਾਜ਼ਰ ਲੋਕਾਂ ਨੇ ਪੰਜਾਬ ਸਰਕਾਰ ਦੇ ਇਸ ਉਪਰਾਲੇ ਨੂੰ ਸਮੇਂ ਦੀ ਲੋੜ ਕਰਾਰ ਦਿੰਦਿਆਂ ਭਵਿੱਖ ਵਿੱਚ ਵੀ ਅਜਿਹੇ ਪ੍ਰੋਗਰਾਮ ਲਗਾਤਾਰ ਕਰਵਾਉਣ ਦੀ ਅਪੀਲ ਕੀਤੀ।

# ਸਵ: ਲਾਲ ਸਿੰਘ ਵੱਲੋਂ ਸਨੌਰ ਹਲਕਾ ਛੱਡਣ ਮਗਰੋਂ ਹਲਕੇ 'ਚ ਕਾਂਗਰਸ ਦੀ ਸਰਦਾਰੀ ਖ਼ਤਮ

**2027 ਦੀਆਂ ਚੋਣਾਂ ਲਈ ਅੱਧਾ ਦਰਜਨ ਪਾਰਟੀ ਆਗੂ ਹੋਏ ਸਰਗਰਮ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ ਦੀ ਸਿਆਸਤ ਵਿੱਚ ਕਿਸੇ ਸਮੇਂ ਹਲਕਾ ਸਨੌਰ ਦੀ ਸਰਦਾਰੀ ਸੀ।ਸਨੌਰ ਤੋਂ ਪਹਿਲਾਂ ਇਹ ਹਲਕਾ ਡਕਾਲਾ ਵਿਧਾਨ ਸਭਾ ਵਜੋਂ ਜਾਣਿਆ ਜਾਂਦਾ ਸੀ। ਇਸ ਹਲਕੇ ਨੂੰ 1977 ਤੋਂ ਪਹਿਲਾ ਅਕਾਲੀ ਹਲਕੇ ਵਜੋਂ ਜਾਣਿਆ ਜਾਂਦਾ ਸੀ। ਇਸ ਖੇਤਰ ਵਿੱਚ ਕਾਂਗਰਸ ਸੀਨੀਅਰ ਆਗੂ ਸਵ: ਲਾਲ ਸਿੰਘ ਨੇ ਲੰਬੇ ਸਮੇਂ ਤੱਕ ਸਿਆਸਤ ਕੀਤੀ।ਲਾਲ ਸਿੰਘ ਪਹਿਲੀ ਵਾਰ 1977 ਵਿਚ ਡਕਾਲਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਵਿਧਾਇਕ ਬਣੇ।ਇਸ ਤੋਂ ਬਾਅਦ ਉਹ 1980 ਤੇ 1992 ਵਿੱਚ ਲਾਲ ਸਿੰਘ ਨੇ ਇਸ ਹਲਕੇ ਤੋਂ ਸ਼ਾਨਦਾਰ ਜਿੱਤ ਹਾਸਲ ਕਰਕੇ ਸੀਟ ਨੂੰ ਕਾਂਗਰਸ ਦੀ ਝੋਲੀ ਵਿੱਚ ਪਾਇਆ। ਹਲਕਿਆਂ ਦੀ ਨਵੀਂ ਹੱਦਬੰਦੀ ਤੋਂ ਬਾਅਦ ਜਦੋਂ ਡਕਾਲਾ ਦੀ ਥਾਂ ਹਲਕਾ ਸਨੌਰ ਬਣਿਆ ਤਾਂ ਲਾਲ ਸਿੰਘ 2002, 2007 ਤੇ 2012 ਵਿਚ ਕਾਂਗਰਸ ਦੇ ਵਿਧਾਇਕ ਚੁਣੇ ਗਏ।ਇਸ ਤਰ੍ਹਾਂ ਉਹ ਕਈ ਵਾਰ ਵਿਧਾਨ ਸਭਾ ਵਿਚ ਪਹੁੰਚੇ ਤੇ ਪੰਜਾਬ ਸਰਕਾਰ ਵਿਚ ਕੈਬਨਿਟ ਮੰਤਰੀ ਵਜੋਂ ਵੀ ਅਹਿਮ ਭੂਮਿਕਾ ਨਿਭਾਉਂਦੇ ਰਹੇ।ਹਲਕੇ ਅੰਦਰ ਉਨ੍ਹਾਂ ਦੀ ਪਕੜ ਏਨੀ ਮਜ਼ਬੂਤ ਸੀ ਕਿ ਕਾਂਗਰਸ ਵਿਚ ਹੋਰ ਕਿਸੇ ਆਗੂ ਨੂੰ ਵੱਡੇ ਪੱਧਰ 'ਤੇ ਉਭਰਨ ਦਾ ਮੌਕਾ ਨਹੀਂ ਮਿਲਿਆ।ਲਾਲ ਸਿੰਘ ਨੇ ਪੰਜਾਬ ਅੰਦਰ ਬੇਅੰਤ ਸਿੰਘ, ਹਰਚਰਨ ਸਿੰਘ ਬਰਾੜ ਤੇ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਦੀ ਅਗਵਾਈ ਵਾਲਿਆਂ ਸਰਕਾਰ 'ਚ ਬਤੌਰ ਕਾਬਨਿਟ ਮੰਤਰੀ ਬਣ ਕੇ ਇੱਕ ਦਰਜਨ ਵਿਭਾਗਾਂ ਦੀ ਅਗਵਾਈ ਕਰਕੇ ਹਲਕਾ ਸਨੌਰ/ਡਾਕਾਲਾ ਵਿੱਚ ਵਿਕਾਸ ਦੇ ਵੱਡੇ ਪੱਧਰ 'ਤੇ ਏਨੇ ਕੰਮ ਕਰਾਏ ਕਿ ਸ਼ਾਇਦ ਕੋਈ ਹੋਰ ਕਰਾ ਸਕੇ। 2017 'ਚ ਫਿਰ 2022 ਦੀਆਂ ਵਿਧਾਨ ਸਭਾਈ ਚੋਣਾਂ 'ਚ ਸਨੌਰ ਤੋਂ ਲਾਲ ਸਿੰਘ ਨੂੰ ਪਾਰਟੀ ਵਲੋਂ ਟਿਕਟ ਨਾ ਦੇ ਕੇ ਹਰਿੰਦਰ ਪਾਲ ਹੈਰੀ ਮਾਨ ਨੂੰ ਟਿਕਟ ਦੇ ਦਿੱਤੀ ਗਈ, ਪ੍ਰੰਤੂ ਉਹ ਚੋਣ ਹਾਰ ਗਏ। ਇਸ ਤੋਂ ਬਾਅਦ ਇਹ ਸੀਟ 'ਤੇ ਕਾਂਗਰਸ ਦਾ ਕਬਜ਼ਾ ਖ਼ਤਮ ਹੋ ਗਿਆ। ਲਾਲ ਸਿੰਘ ਦੇ ਇਸ ਹਲਕੇ ਨੂੰ ਛੱਡਣ ਤੋਂ ਬਾਅਦ ਕਾਂਗਰਸ ਚ ਵੱਡਾ ਖ਼ਲਾਅ ਪੈਦਾ ਹੋ ਗਿਆ ਹੈ। ਅੱਜ ਜਦੋਂ ਪੰਜਾਬ ਭਰ ਵਿਚ ਕਾਂਗਰਸ ਪਾਰਟੀ ਅੰਦਰੂਨੀ ਖਿੱਚੋਤਾਣ ਸੁਰਖੀਆਂ ਬਣ ਰਹੀਆਂ ਹਨ, ਉਸ ਦਾ ਅਸਰ ਹਲਕਾ ਸਨੌਰ ਵਿਚ ਵੀ ਸਾਫ਼ ਤੌਰ 'ਤੇ ਦਿਖਾਈ ਦੇ ਰਿਹਾ ਹੈ।ਹਾਲਾਤ ਇਹ ਹਨ ਕਿ ਇਸ ਹਲਕੇ ਵਿਚ ਵੱਖ-ਵੱਖ ਆਗੂ ਵਿਧਾਨ ਸਭਾ ਟਿਕਟ ਲਈ ਸਰਗਰਮ ਹੋ ਚੁੱਕੇ ਹਨ।ਪਾਰਟੀ ਵੱਲੋਂ ਦੋ ਵਾਰ ਟਿਕਟ ਹਾਸਲ ਕਰ ਚੁੱਕੇ ਹਰਿੰਦਰਪਾਲ ਸਿੰਘ ਹੈਰੀ ਮਾਨ ਵੀ ਪਾਰਟੀ ਟਿਕਟ ਲੈ ਕੇ ਚੋਣ ਲੜ ਚੁੱਕੇ ਹਨ। ਕਾਂਗਰਸ ਦੀ ਸਰਕਾਰ ਸਮੇਂ ਬਤੌਰ ਇੰਚਾਰਜ ਵੱਡੇ ਪੱਧਰ 'ਤੇ ਕੰਮ ਕੀਤੇ, ਜਿਸ ਦੇ ਫਲਸਰੂਪ ਆਪਣੀ ਦਾਅਵੇਦਾਰੀ ਮੁੜ ਰਖ ਰਹੇ ਹਨ।ਇਸੇ ਤਰ੍ਹਾਂ 40 ਵਰ੍ਹਿਆਂ ਤੋਂ ਟਿਕਟ ਦੀ ਮੰਗ ਕਰਦੇ ਆ ਰਹੇ ਇੰਪਰੂਵਮੈਂਟ ਟਰੱਸਟ ਪਟਿਆਲਾ ਅਤੇ ਬੈਂਕ ਫਿੱਕੋ ਦੇ ਸਾਬਕਾ ਚੇਅਰਮੈਨ ਨਿਰਮਲ ਸਿੰਘ ਭੱਟੀਆਂ ਵੀ ਦੌੜ ਵਿੱਚ ਹਨ।ਨਿਰਮਲ ਭੱਟੀਆਂ ਜੋ ਸੀਨੀਅਰ ਕਾਂਗਰਸੀ ਆਗੂ ਹਨ ਦੀ ਹਲਕੇ ਵਿੱਚ ਕਾਂਗਰਸ ਖੇਮੇ 'ਚ ਵੱਡੀ ਪਕੜ ਹੈ। ਇਨ੍ਹਾਂ ਤੋਂ ਇਲਾਵਾ ਨੌਜਵਾਨ ਆਗੂ ਗੌਰਵ ਸੰਧੂ, ਸ਼ੈਰੀ ਰਿਆੜ, ਟਕਸਾਲੀ ਕਾਂਗਰਸੀ ਅਸ਼ਵਨੀ ਬੱਤਾ ਤੇ ਬਲਿਹਾਰ ਸਿੰਘ ਸਮਸਪੁਰ ਆਦਿ ਚਿਹਰੇ ਵੀ ਇਲਾਕੇ 'ਚ ਸਰਗਰਮੀਆਂ ਕਰਦੇ ਨਜ਼ਰ ਆ ਰਹੇ ਹਨ। ਸਿਆਸੀ ਮਾਹਿਰਾਂ ਦਾ ਮੰਨਣਾ ਹੈ ਕਿ ਸਵ: ਲਾਲ ਸਿੰਘ ਦੇ ਦੌਰ ਵਿੱਚ ਇਸ ਹਲਕੇ 'ਚ ਜਿੱਥੇ ਕਾਂਗਰਸ ਦਾ ਮਜ਼ਬੂਤ ਅਧਾਰ ਮੰਨਿਆ ਜਾਂਦਾ ਰਿਹਾ, ਉੱਥੇ ਹੁਣ ਉਸ ਖਾਲੀਪਣ ਕਾਰਨ ਕਈ ਆਗੂ ਆਪਣੇ ਆਪ ਨੂੰ ਅੱਗੇ ਲਿਆਉਣ ਦੀ ਕੋਸ਼ਿਸ਼ ਕਰ ਰਹੇ ਹਨ।ਵਰਕਰਾਂ ਦਾ ਮੰਨਣਾ ਹੈ ਕਿ ਜੇਕਰ ਪਾਰਟੀ ਅੰਦਰ ਇਕਜੁਟਤਾ ਨਹੀਂ ਬਣੀ ਤਾਂ ਆਉਣ ਵਾਲੀਆਂ ਚੋਣਾਂ ਵਿੱਚ ਨੁਕਸਾਨ ਝੱਲਣਾ ਪੈ ਸਕਦਾ ਹੈ।ਕਾਂਗਰਸ ਜੇ ਰਾਜਿੰਦਰ ਸਿੰਘ ਨੂੰ ਚੋਣ ਮੈਦਾਨ ਵਿੱਚ ਉਤਾਰਦੀ ਹੈ ਤਾਂ ਉਨ੍ਹਾਂ ਨੂੰ ਆਪਣੇ ਸਵ: ਪਿਤਾ ਲਾਲ ਸਿੰਘ ਦੇ ਬੀਜੇ ਬੀਜ ਦਾ ਵੋਟਾਂ ਦੇ ਰੂਪ ਹਲਕੇ ਦੇ ਲੋਕਾਂ ਵੱਲੋਂ ਵੱਡਾ ਲਾਭ ਮਿਲ ਸਕਦਾ ਹੈ, ਕਿਉਂਕਿ ਬੇਸ਼ੱਕ ਲਾਲ ਸਿੰਘ ਅੱਜ ਇਸ ਦੁਨੀਆਂ ਵਿੱਚ ਨਹੀਂ ਰਹੇ, ਪ੍ਰੰਤੂ ਉਨ੍ਹਾਂ ਵੱਲੋਂ ਹਲਕੇ ਦੀ ਲੰਮੀ ਸਮੇਂ ਕੀਤੀ ਸੇਵਾ ਤੇ ਲੋਕਾਂ ਨਾਲ ਰੱਖੇ ਨਿੱਘੇ ਲਗਾਅ ਕਾਰਨ ਹਲਕੇ ਲੋਕ ਅੱਜ ਵੀ ਉਨ੍ਹਾਂ ਨੂੰ ਯਾਦ ਕਰਦੇ ਹਨ, ਜਿਸ ਦਾ ਰਾਜਿੰਦਰ ਸਿੰਘ ਇਸ ਦਾ ਵੱਡਾ ਫਾਇਦਾ ਮਿਲ ਸਕਦਾ ਹੈ।

# ਸਨੌਰ ਹਲਕੇ 'ਚ ਘੱਗਰ ਦੇ ਹੜ੍ਹ ਦਾ ਖਤਰਾ ਮੰਡਰਾਉਣ ਲੱਗਿਆ !

**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਪਿੰਡ ਸਿਰਕਪੜਾ ਵਿੱਚ ਇੱਕ ਵਾਰ ਫਿਰ ਹੜ੍ਹਾਂ ਦਾ ਖਤਰਾ ਲੋਕਾਂ ਦੀ ਚਿੰਤਾ ਦਾ ਕਾਰਨ ਬਣਿਆ ਹੋਇਆ ਹੈ।ਪਿੰਡ ਨੇੜੇ ਘੱਗਰ ਦਰਿਆ 'ਤੇ ਬਣੇ ਪੁੱਲ ਦੇ ਕੰਢੇ ਵਾਲੇ ਹਿੱਸੇ ਵਿੱਚ ਮਿੱਟੀ ਲਗਾਤਾਰ ਖਿਸਕਣ ਕਾਰਨ ਸੁਰੱਖਿਆ ਕੰਢਾ ਕਾਫ਼ੀ ਕਮਜ਼ੋਰ ਹੋ ਗਿਆ ਹੈ।ਪਿੰਡ ਵਾਸੀਆਂ ਤੇ ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਬਰਸਾਤਾਂ ਦੌਰਾਨ ਪਾਣੀ ਦਾ ਪੱਧਰ ਵਧਿਆ ਤਾਂ ਹੜ੍ਹ ਵਰਗੀ ਸਥਿਤੀ ਮੁੜ ਪੈਦਾ ਹੋ ਸਕਦੀ ਹੈ।ਜ਼ਿਕਰਯੋਗ ਹੈ ਕਿ ਸਾਲ 2025 ਦੌਰਾਨ ਪਿੰਡ ਸਿਰਕਪੜਾ ਹੜ੍ਹਾਂ ਦੀ ਭਿਆਨਕ ਮਾਰ ਹੇਠ ਆਇਆ ਸੀ, ਜਿਸ ਕਾਰਨ ਫਸਲਾਂ, ਘਰਾਂ, ਸੜਕਾਂ ਤੇ ਲੋਕਾਂ ਦੀ ਸੰਪਤੀ ਨੂੰ ਭਾਰੀ ਨੁਕਸਾਨ ਝੱਲਣਾ ਪਿਆ ਸੀ।ਉਸ ਤਬਾਹੀ ਦੀਆਂ ਯਾਦਾਂ ਅਜੇ ਵੀ ਲੋਕਾਂ ਦੇ ਮਨਾਂ ਵਿੱਚ ਤਾਜ਼ਾ ਹਨ।ਇਸੇ ਚਿੰਤਾ ਨੂੰ ਦੇਖਦਿਆਂ ਅੱਜ ਹਲਕਾ ਸਨੌਰ ਦੇ ਆਜ਼ਾਦ ਉਮੀਦਵਾਰ ਤੇ ਉੱਘੇ ਸਮਾਜ ਸੇਵੀ ਰਾਕੇਸ਼ ਬੱਗਾ ਨੇ ਪਿੰਡ ਸਿਰਕਪੜਾ ਦਾ ਦੌਰਾ ਕਰਕੇ ਘੱਗਰ ਦਰਿਆ ਦੇ ਕੰਢਿਆਂ ਦੀ ਸਥਿਤੀ ਦਾ ਜਾਇਜ਼ਾ ਲਿਆ।ਉਨ੍ਹਾਂ ਪਿੰਡ ਵਾਸੀਆਂ ਤੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹਾਲਾਤ ਦਾ ਨਿਰੀਖਣ ਕੀਤਾ।ਰਾਕੇਸ਼ ਬੱਗਾ ਨੇ ਕਿਹਾ ਕਿ ਪਿਛਲੇ ਸਾਲ ਆਈ ਭਿਆਨਕ ਤਬਾਹੀ ਤੋਂ ਬਾਅਦ ਵੀ ਪ੍ਰਸ਼ਾਸਨ ਵੱਲੋਂ ਕੋਈ ਢੁੱਕਵੇਂ ਤੇ ਸਥਾਈ ਪ੍ਰਬੰਧ ਨਹੀਂ ਕੀਤੇ ਗਏ।ਉਨ੍ਹਾਂ ਕਿਹਾ ਕਿ ਜੇਕਰ ਸਮੇਂ ਸਿਰ ਕੰਢਿਆਂ ਨੂੰ ਮਜ਼ਬੂਤ ਕਰਨ, ਬੰਨ੍ਹਾਂ ਦੀ ਮੁਰੰਮਤ ਕਰਨ ਤੇ ਹੋਰ ਲੋੜੀਂਦੇ ਸੁਰੱਖਿਆ ਉਪਾਅ ਨਾ ਕੀਤੇ ਗਏ ਤਾਂ ਇਸ ਸਾਲ ਵੀ ਪਿਛਲੇ ਸਾਲ ਵਰਗੇ ਹਾਲਾਤ ਬਣ ਸਕਦੇ ਹਨ ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਨ-ਮਾਲ ਦੀ ਸੁਰੱਖਿਆ ਸਰਕਾਰ ਤੇ ਪ੍ਰਸ਼ਾਸਨ ਦੀ ਪਹਿਲੀ ਜ਼ਿੰਮੇਵਾਰੀ ਹੈ।ਰਾਕੇਸ਼ ਬੱਗਾ ਨੇ ਸਰਕਾਰ ਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਘੱਗਰ ਦਰਿਆ ਦੇ ਕਮਜ਼ੋਰ ਕੰਢਿਆਂ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ, ਬੰਨ੍ਹਾਂ ਨੂੰ ਮਜ਼ਬੂਤ ਕੀਤਾ ਜਾਵੇ ਤੇ ਬਰਸਾਤਾਂ ਤੋਂ ਪਹਿਲਾਂ ਸਾਰੇ ਲੋੜੀਂਦੇ ਸੁਰੱਖਿਆ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਪਿੰਡ ਸਿਰਕਪੜਾ ਨੂੰ ਇਸ ਵਾਰ ਹੜ੍ਹਾਂ ਦੀ ਸੰਭਾਵਿਤ ਤਬਾਹੀ ਤੋਂ ਬਚਾਇਆ ਜਾ ਸਕੇ।

# ਅਪ੍ਰੇਸ਼ਨ ਪ੍ਰਹਾਰ 3.0 ਤਹਿਤ ਖੰਨਾ ਪੁਲਸ ਦੀ ਵੱਡੀ ਕਾਰਵਾਈ, 451 ਗ੍ਰਿਫ਼ਤਾਰੀਆਂ



**ਦੋਰਾਹਾ (ਹਰਮਿੰਦਰ ਸੇਠ)**

ਪੰਜਾਬ ਪੁਲਿਸ ਵੱ ਲੋਂ ਗੈਂਗਸਟਰਾਂ, ਨਸ਼ਾ ਤਸਕਰਾਂ ਤੇ ਸੰਗਠਿਤ ਅਪਰਾਧਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ 'ਅਪ੍ਰੇਸ਼ਨ ਪ੍ਰਹਾਰ 3.0' ਤਹਿਤ ਪੁਲਸ ਜ਼ਿਲ੍ਹਾ ਖੰਨਾ ਵਿੱਚ ਵੱਡੇ ਪੱਧਰ 'ਤੇ ਤਾਲਮੇਲਬੱਧ ਕਾਰਵਾਈ ਕਰਦਿਆਂ ਅਪਰਾਧਿਕ ਗਤੀਵਿਧੀਆਂ 'ਤੇ ਸਖ਼ਤ ਨਕੇਲ ਕਸੀ।ਇਹ ਕਾਰਵਾਈ ਸੀਨੀਅਰ ਪੁਲਸ ਕਪਤਾਨ ਖੰਨਾ ਡਾ. ਦਰਪਣ ਆਹਲੂਵਾਲੀਆ, ਆਈ.ਪੀ.ਐਸ. ਦੀ ਅਗਵਾਈ ਹੇਠ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ 'ਚ ਇੱਕੋ ਸਮੇਂ ਕੀਤੀ ਗਈ।ਡਾ. ਦਰਪਣ ਆਹਲੂਵਾਲੀਆ ਨੇ ਦੱਸਿਆ ਕਿ ਭਰੋਸੇਯੋਗ ਖੁਫੀਆ ਜਾਣਕਾਰੀ ਦੇ ਆਧਾਰ 'ਤੇ ਪੁਲਸ ਟੀਮਾਂ ਨੇ ਅਪਰਾਧੀਆਂ ਦੇ ਅੱਡਿਆਂ, ਸ਼ੱਕੀ ਥਾਂਵਾਂ ਤੇ ਲੁਕਣ ਵਾਲੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।ਇਸ ਵਿਸ਼ੇਸ਼ ਅਪ੍ਰੇਸ਼ਨ ਦੌਰਾਨ ਕੁੱਲ 451 ਗ੍ਰਿਫਤਾਰੀਆਂ ਕੀਤੀਆਂ ਗਈਆਂ, ਜਿਨ੍ਹਾਂ ਵਿੱਚ 326 ਸਬਸਟੈਂਟਿਵ ਗ੍ਰਿਫਤਾਰੀਆਂ, 111 ਪ੍ਰੀਵੈਂਟਿਵ ਗ੍ਰਿਫਤਾਰੀਆਂ, 10 ਭਗੌੜੇ ਮੁਲਜ਼ਮ (ਪੀ.ਓਜ਼) ਤੇ 4 ਗੈਂਗਸਟਰਾਂ ਦੇ ਸਾਥੀ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਕਾਰਵਾਈ ਦੌਰਾਨ ਪੁਲਿਸ ਨੇ ਨਸ਼ਾ ਤਸਕਰਾਂ ਖ਼ਿਲਾਫ਼ ਵੱਡੀ ਸਫ਼ਲਤਾ ਹਾਸਲ ਕਰਦਿਆਂ 247.6 ਗ੍ਰਾਮ ਹੈਰੋਇਨ, 3 ਕਿਲੋ ਗਾਂਜਾ, 1.4 ਕਿਲੋ ਅਫ਼ੀਮ, 100 ਕਿਲੋ ਭੁੱਕੀ, 380 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ ਨਸ਼ਾ ਤਸਕਰੀ ਨਾਲ ਸਬੰਧਤ 13,250 ਰੁਪਏ ਦੀ ਨਕਦੀ ਬਰਾਮਦ ਕੀਤੀ।ਇਸ ਤੋਂ ਇਲਾਵਾ ਚੋਰੀਸ਼ੁਦਾ ਸੰਪਤੀ ਦੀ ਬਰਾਮਦਗੀ ਵਿੱਚ 5 ਦੋ-ਪਹੀਆ ਵਾਹਨ, 1 ਚਾਰ-ਪਹੀਆ ਵਾਹਨ, 8 ਚੋਰੀਸ਼ੁਦਾ ਟਰੱਕ, 4 ਮੋਬਾਈਲ ਫੋਨ ਤੇ 1 ਚਾਂਦੀ ਦੀ ਚੇਨ ਬਰਾਮਦ ਕੀਤੀ ਗਈ।ਆਬਕਾਰੀ ਕਾਨੂੰਨ ਤਹਿਤ ਕਾਰਵਾਈ ਕਰਦਿਆਂ 153 ਲੀਟਰ ਗੈਰ-ਕਾਨੂੰਨੀ ਸ਼ਰਾਬ ਤੇ ਦੇਸੀ ਸ਼ਰਾਬ ਨੂੰ ਉੱਚ ਪੱਧਰੀ ਬ੍ਰਾਂਡਾਂ ਦੀਆਂ ਬੋਤਲਾਂ ਵਿੱਚ ਭਰਨ ਲਈ ਵਰਤੀਆਂ ਜਾਣ ਵਾਲੀਆਂ 160 ਖਾਲੀ ਬੋਤਲਾਂ ਵੀ ਜ਼ਬਤ ਕੀਤੀਆਂ ਗਈਆਂ।ਜੂਏ ਦੇ ਮਾਮਲਿਆਂ ਵਿੱਚ 6,320 ਰੁਪਏ ਦੀ ਨਕਦੀ ਬਰਾਮਦ ਕੀਤੀ ਗਈ ਹੈ। ਹਥਿਆਰਾਂ ਖ਼ਿਲਾਫ਼ ਮੁਹਿੰਮ ਦੌਰਾਨ ਪੁਲਿਸ ਨੇ ਦੋ .32 ਬੋਰ ਪਿਸਤੌਲ, ਚਾਰ ਜ਼ਿੰਦਾ ਕਾਰਤੂਸ ਤੇ ਤਿੰਨ ਦਾਤਾਰ/ਚਾਕੂ ਵੀ ਬਰਾਮਦ ਕੀਤੇ।

ਐਸ.ਐਸ.ਪੀ. ਖੰਨਾ ਨੇ ਦੱਸਿਆ ਕਿ ਇਸ ਵਿਸ਼ੇਸ਼ ਮੁਹਿੰਮ ਦੌਰਾਨ ਕਈ ਹੋਰ ਮਹੱਤਵਪੂਰਨ ਸਫ਼ਲਤਾਵਾਂ ਵੀ ਮਿਲੀਆਂ।ਪੁਲਸ ਨੇ ਦੋ ਗੈਰ-ਕਾਨੂੰਨੀ ਡੀ-ਐਡੀਕਸ਼ਨ ਸੈਂਟਰਾਂ ਦਾ ਪਰਦਾਫਾਸ਼ ਕੀਤਾ।ਇਸ ਤੋਂ ਇਲਾਵਾ, ਬਿਨਾਂ ਲਾਇਸੈਂਸ ਅਤੇ ਪੁਰਾਣੇ ਅਪਰਾਧਿਕ ਇਤਿਹਾਸ ਵਾਲੇ ਵਿਅਕਤੀ ਵੱਲੋਂ ਗੈਰ-ਕਾਨੂੰਨੀ ਤਰੀਕੇ ਨਾਲ ਚਲਾਈ ਜਾ ਰਹੀ ਕੈਮਿਸਟ ਦੀ ਦੁਕਾਨ ਤੇ ਵੀ ਛਾਪਾ ਮਾਰਿਆ ਗਿਆ। ਪੁਲਿਸ ਨੇ ਇੱਕ ਅਜਿਹੇ ਗਿਰੋਹ ਦਾ ਵੀ ਪਰਦਾਫਾਸ਼ ਕੀਤਾ ਜੋ ਘੱਟ ਗੁਣਵੱਤਾ ਵਾਲੀ ਸ਼ਰਾਬ ਨੂੰ ਉੱਚ ਪੱਧਰੀ ਬ੍ਰਾਂਡਾਂ ਦੀਆਂ ਖਾਲੀ ਬੋਤਲਾਂ ਵਿੱਚ ਭਰ ਕੇ ਵੇਚਦਾ ਸੀ। ਇਸੇ ਤਰ੍ਹਾਂ ਇੱਕ ਹੋਰ ਗਿਰੋਹ ਦਾ ਭੰਡਾਫੋੜ ਕੀਤਾ ਗਿਆ ਜੋ ਚੋਰੀਸ਼ੁਦਾ ਵਾਹਨਾਂ ਦੇ ਇੰਜਣ ਤੇ ਚੈਸੀ ਨੰਬਰ ਬਦਲ ਕੇ ਉਨ੍ਹਾਂ ਨੂੰ ਕਾਨੂੰਨੀ ਸੈਕਿੰਡ ਹੈਂਡ ਵਾਹਨਾਂ ਵਜੋਂ ਵੇਚਦਾ ਸੀ।ਸਾਈਬਰ ਅਪਰਾਧਾਂ ਅਤੇ ਸੋਸ਼ਲ ਮੀਡੀਆ ਤੇ ਗੈਰ-ਕਾਨੂੰਨੀ ਗਤੀਵਿਧੀਆਂ ਨੂੰ ਰੋਕਣ ਲਈ ਵੀ ਕਾਰਵਾਈ ਕੀਤੀ ਗਈ। ਹਥਿਆਰਾਂ, ਹਿੰਸਾ ਅਤੇ ਇਤਰਾਜ਼ਯੋਗ ਸਮੱਗਰੀ ਦਾ ਪ੍ਰਚਾਰ ਕਰਨ ਵਾਲੇ 100 ਸੋਸ਼ਲ ਮੀਡੀਆ ਯੂ.ਆਰ.ਐਲ ਨੂੰ ਕਾਰਵਾਈ ਲਈ ਸਟੇਟ ਸਾਈਬਰ ਕ੍ਰਾਈਮ ਸੈੱਲ ਨੂੰ ਭੇਜਿਆ ਗਿਆ ਹੈ।

## ਲਾਲਾ ਕਸਤੂਰੀ ਲਾਲ ਸਕੂਲ ਨੂੰ ਵਾਟਰ ਕੂਲਰ ਭੇਟ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿੱਦਿਆ ਮੰਦਰ ਰਾਮਪੁਰਾ ਫੂਲ ਵਿਖੇ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਦੀ ਸੁਵਿਧਾ ਲਈ ਨਵੇਂ ਸ਼ੀਤਲ ਜਲ ਕੂਲਰ ਦਾ ਉਦਘਾਟਨ ਸਮਾਰੋਹ ਹੋਇਆ।ਇਹ ਜਲ ਕੂਲਰ ਜਗਨ ਨਾਥ ਤੇ ਸ੍ਰੀਮਤੀ ਚਲਤੀ ਦੇਵੀ ਦੀ ਪਵਿੱਤਰ ਯਾਦ ਵਿੱਚ ਸ੍ਰੀਮਤੀ ਤੇ ਰਾਜ ਕੁਮਾਰ ਗਰਗ ਵੱਲੋਂ ਸਕੂਲ ਨੂੰ ਦਾਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਮੁੱਖ ਮਹਿਮਾਨ ਰਾਜ ਕੁਮਾਰ ਗਰਗ, ਲਾਇਨਜ਼ ਕਲੱਬ ਦੇ ਸਮੂਹ ਮੈਂਬਰ, ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼, ਮੈਨੇਜਰ ਗੁਰਪ੍ਰੀਤ ਸਿੰਘ ਤੇ ਹੋਰ ਹਾਜ਼ਰ ਸਨ।ਪ੍ਰਿੰਸੀਪਲ ਸੰਜੀਵ ਕੁਮਾਰ ਤੇ ਸਾਰਿਆਂ ਨੇ ਇਸ ਸੇਵਾ ਕਾਰਜ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਇਸ ਨੂੰ ਸਮਾਜ ਤੇ ਵਿਦਿਆਰਥੀਆਂ ਦੇ ਹਿੱਤ ਵਿੱਚ ਇੱਕ ਪ੍ਰੇਰਣਾਦਾਇਕ ਉਪਰਾਲਾ ਕਰਾਰ ਦਿੱਤਾ।ਸਮਾਰੋਹ ਦੌਰਾਨ ਸਵਾਗਤਿਕ ਚਿੰਨ੍ਹ ਭੇਟ ਕੇ ਰਿਬਨ ਖੋਲ੍ਹ ਕੇ ਜਲ ਕੂਲਰ ਦਾ ਵਿਧੀਵਤ ਉਦਘਾਟਨ ਕੀਤਾ ਗਿਆ।ਇਸ ਉਪਰੰਤ ਹਾਜ਼ਰ ਮਹਿਮਾਨਾਂ ਨੇ ਵਿਦਿਆਰਥੀਆਂ ਦੇ ਚੰਗੇ ਸਿਹਤ, ਸੁਖਮਈ ਜੀਵਨ ਤੇ ਉੱਜਵਲ ਭਵਿੱਖ ਲਈ ਆਪਣੀਆਂ ਸ਼ੁੱਭ ਕਾਮਨਾਵਾਂ ਪ੍ਰਗਟ ਕੀਤੀਆਂ।

## ਪੰਜਾਬੀ ਯੂਨੀਵਰਸਿਟੀ ਵਿਖੇ ਆਨਲਾਈਨ ਹੋਸਟਲ ਅਲਾਟਮੈਂਟ ਪ੍ਰਣਾਲੀ ਸ਼ੁਰੂ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬੀ ਯੂਨੀਵਰਸਿਟੀ ਵਿਖੇ ਹੋਸਟਲ ਅਲਾਟਮੈਂਟ ਪ੍ਰਕਿਰਿਆ ਦੇ ਦਫ਼ਤਰੀ ਕੰਮ-ਕਾਜ ਦਾ ਡਿਜੀਟਲੀਕਰਨ ਕਰਦਿਆਂ ਆਨਲਾਈਨ ਹੋਸਟਲ ਅਲਾਟਮੈਂਟ ਪ੍ਰਣਾਲੀ ਸ਼ੁਰੂ ਕੀਤੀ ਗਈ ਹੈ।ਉਪ-ਕੁਲਪਤੀ ਡਾ. ਜਗਦੀਪ ਸਿੰਘ ਵੱਲੋਂ ਇਸ ਸਬੰਧੀ ਆਨਲਾਈਨ ਸਾਫ਼ਟਵੇਅਰ ਦਾ ਉਦਘਾਟਨ ਕੀਤਾ ਗਿਆ।ਡਾ. ਜਗਦੀਪ ਸਿੰਘ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਸਹੂਲਤ ਤੇ ਪ੍ਰਸ਼ਾਸਨਕ ਕਾਰਜਾਂ ਵਿੱਚ ਪਾਰਦਰਸ਼ਤਾ ਲਿਆਉਣ ਦੇ ਉਦੇਸ਼ ਪੱਖੋਂ ਇਹ ਕਦਮ ਕਾਰਗਰ ਸਾਬਿਤ ਹੋਵੇਗਾ।ਇਸ ਨਾਲ਼ ਦਫ਼ਤਰੀ ਕੰਮਕਾਜ ਵਿੱਚ ਤੇਜ਼ੀ ਆਵੇਗੀ ਤੇ ਕਾਰਜ-ਕੁਸ਼ਲਤਾ ਵਧੇਗੀ।ਉਨ੍ਹਾਂ ਕਿਹਾ ਕਿ ਇਸ ਨਵੀਂ ਪ੍ਰਣਾਲੀ ਸਦਕਾ ਹੋਸਟਲ ਅਲਾਟਮੈਂਟ ਨਾਲ਼ ਸਬੰਧਤ ਦਫ਼ਤਰੀ ਕਾਰਵਾਈ ਹੋਰ ਸੁਚਾਰੂ ਹੋਣ ਨਾਲ਼ ਵਿਦਿਆਰਥੀਆਂ ਨੂੰ ਸਿੱਧਾ ਲਾਭ ਮਿਲੇਗਾ।ਉਨ੍ਹਾਂ ਇਸ ਉਪਰਾਲੇ ਦੀ ਸਫਲਤਾ ਲਈ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸ਼ਾਨਦਾਰ ਕੰਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਪਰਾਲੇ ਯੂਨੀਵਰਸਿਟੀ ਨੂੰ ਹੋਰ ਮਜ਼ਬੂਤੀ ਨਾਲ਼ ਡਿਜੀਟਲ ਤੇ ਵਿਦਿਆਰਥੀ-ਕੇਂਦਰਤ ਪ੍ਰਬੰਧਨ ਵੱਲ ਲੈ ਕੇ ਜਾਣਗੇ।ਇਸ ਮੌਕੇ ਡੀਨ ਅਕਾਦਮਿਕ ਮਾਮਲੇ ਪ੍ਰੋ. ਜਸਵਿੰਦਰ ਸਿੰਘ ਬਰਾੜ, ਰਜਿਸਟਰਾਰ ਪ੍ਰੋ. ਦਵਿੰਦਰਪਾਲ ਸਿੰਘ ਸਿੱਧੂ, ਡੀਨ ਕਾਲਜ ਵਿਕਾਸ ਕੌਂਸਲ ਪ੍ਰੋ. ਬਲਰਾਜ ਸਿੰਘ ਸੈਣੀ, ਡੀਨ ਵਿਦਿਆਰਥੀ ਭਲਾਈ ਪ੍ਰੋ. ਮਮਤਾ ਸ਼ਰਮਾ ਤੇ ਹੋਰ ਅਧਿਕਾਰੀਆਂ ਨੇ ਸ਼ਿਰਕਤ ਕੀਤੀ।

## ਸਰਕਾਰੀ ਹਾਈ ਸਕੂਲ ਬਮਾਲ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਗੰਡਾ ਸਿੰਘ ਮੈਮੋਰੀਅਲ ਟਰੱਸਟ ਤੇ ਸੁਰਜੀਤ ਕੌਰ ਮੈਮੋਰੀਅਲ ਟਰੱਸਟ ਨੇ ਆਪਣੀ ਸਾਲਾਂ-ਬੱਧੀ ਰਵਾਇਤ ਨੂੰ ਕਾਇਮ ਰੱਖਿਆ ਤੇ ਸਾਂਝਾ ਉਪਰਾਲਾ ਕਰਦਿਆਂ ਸਰਕਾਰੀ ਹਾਈ ਸਕੂਲ ਬਮਾਲ ਦੇ ਪੰਜਵੀਂ, ਅੱਠਵੀਂ ਤੇ ਦਸਵੀਂ ਦੇ ਪਹਿਲੀਆਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਉਤਸ਼ਾਹ ਵਧਾਊ ਇਨਾਮ ਦੇ ਕੇ ਸਨਮਾਨ ਕੀਤਾ।ਸਕੂਲ ਮੁਖੀ ਗਗਨਦੀਪ ਕੌਰ ਦੀ ਅਗਵਾਈ ਹੇਠ ਹੋਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਗੰਡਾ ਸਿੰਘ ਮੈਮੋਰੀਅਲ ਟਰੱਸਟ ਵੱਲੋਂ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸੇਵਾਮੁਕਤ ਸੁਪਰਡੈਂਟ ਸੁਖਵਿੰਦਰ ਸਿੰਘ, ਸੇਵਾਮੁਕਤ ਥਾਣੇਦਾਰ ਬਲਵੀਰ ਸਿੰਘ, ਐੱਨ ਆਰ ਆਈ ਹਰਦੀਪ ਸਿੰਘ ਕੈਨੇਡਾ, ਮਾਸਟਰ ਲਖਵੀਰ ਸਿੰਘ ਤੇ ਸੁਰਜੀਤ ਕੌਰ ਮੈਮੋਰੀਅਲ ਟਰੱਸਟ ਦੇ ਮੋਹਰੀ ਅਜੀਤ ਸਿੰਘ ਯੂ ਐੱਸ ਏ ਦੀ ਤਰਫੋਂ ਹਰਜਿੰਦਰ ਸਿੰਘ ਬਮਾਲ, ਡਾਕਟਰ ਹਰਪ੍ਰੀਤ ਕੌਰ ਤੇ ਮਾਸਟਰ ਸਤਨਾਮ ਸਿੰਘ ਆਦਿ ਨੇ ਸਾਂਝੇ ਤੌਰ 'ਤੇ ਇਨਾਮਾਂ ਦੀ ਵੰਡ ਕੀਤੀ।ਸਟੇਜ ਸਕੱਤਰ ਸੁਖਜਿੰਦਰ ਕੌਰ ਨੇ ਮਹਿਮਾਨਾਂ ਦੇ ਉੱਦਮ ਦੀ ਸ਼ਲਾਘਾ ਕਰਦਿਆਂ ਸਕੂਲ ਵੱਲੋਂ ਉਚੇਚਾ ਧੰਨਵਾਦ ਕੀਤਾ।

## 'ਕੋਈ ਮਰੇ ਕੋਈ ਜੀਵੇ, ਸੁਥਰਾ ਘੋਲ ਪਤਾਸੇ ਪੀਵੇ'



ਬਰੇਟਾ (ਰੀਤਵਾਲ)-ਪਿਛਲੇ ਲੰਮੇ ਸਮੇਂ ਤੋਂ ਚੱਲ ਰਹੀ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਦਮ ਚੁੱਕਦੇ ਨਹੀਂ ਦਿਖਾਈ ਦਿੱਤੇ।ਹੜਤਾਲ ਕਾਰਨ ਕਈ ਥਾਵਾਂ 'ਤੇ ਕੂੜੇ ਦੇ ਢੇਰ ਲੱਗ ਰਹੇ ਹਨ, ਜਿਸ ਨਾਲ ਲੋਕਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਤੇ ਸਿਹਤ ਸੰਬੰਧੀ ਚਿੰਤਾਵਾਂ ਵੀ ਵੱਧ ਰਹੀਆਂ ਹਨ।ਲੋਕਾਂ ਦਾ ਕਹਿਣਾ ਹੈ ਕਿ ਹੜਤਾਲ ਦਾ ਸਭ ਤੋਂ ਵੱਧ ਅਸਰ ਆਮ ਲੋਕਾਂ 'ਤੇ ਪੈ ਰਿਹਾ ਹੈ, ਜਦਕਿ ਪ੍ਰਸ਼ਾਸਨ ਵੱਲੋਂ ਸਮੱਸਿਆ ਦੇ ਹੱਲ ਲਈ ਕੋਈ ਪ੍ਰਭਾਵਸ਼ਾਲੀ ਪਹਿਲ ਨਹੀਂ ਕੀਤੀ ਜਾ ਰਹੀ।ਇਸ ਸਥਿਤੀ ਨੂੰ ਲੋਕ ਬਣੀ ਕਹਾਵਤ 'ਕੋਈ ਮਰੇ ਕੋਈ ਜੀਵੇ, ਸੁਥਰਾ ਘੋਲ ਪਤਾਸੇ ਪੀਵੇ' ਨਾਲ ਜੋੜ ਕੇ ਦੇਖ ਰਹੇ ਹਨ, ਜਿਸ ਦਾ ਭਾਵ ਹੈ ਕਿ ਜਨਤਾ ਮੁਸ਼ਕਲਾਂ ਝੱਲ ਰਹੀ ਹੈ, ਪਰ ਜ਼ਿੰਮੇਵਾਰ ਧਿਰ ਬੇਪ੍ਰਵਾਹ ਨਜ਼ਰ ਆ ਰਹੀ ਹੈ।ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਤੇ ਸਫ਼ਾਈ ਕਰਮਚਾਰੀਆਂ ਦੋਵਾਂ ਨੂੰ ਅਪੀਲ ਕੀਤੀ ਹੈ ਕਿ ਗੱਲਬਾਤ ਰਾਹੀਂ ਜਲਦ ਤੋਂ ਜਲਦ ਇਸ ਸਮੱਸਿਆ ਦਾ ਹੱਲ ਕੱਢਿਆ ਜਾਵੇ ਤਾਂ ਜੋ ਸਫ਼ਾਈ ਪ੍ਰਬੰਧ ਮੁੜ ਪਟੜੀ 'ਤੇ ਆ ਸਕੇ ਤੇ ਲੋਕਾਂ ਨੂੰ ਰਾਹਤ ਮਿਲੇ।

## ਸੈਂਟਰ ਠੱਠਾ ਵਿਖੇ ਵਿਸ਼ਵ ਆਬਾਦੀ ਪੰਦਰਵਾੜਾ ਜਾਗਰੂਕਤਾ ਸੈਮੀਨਾਰ



ਮੱਖੂ (ਰਛਪਾਲ ਸਿੰਘ ਸੰਧੂ)-ਮਾਣਯੋਗ ਸਿਵਲ ਸਰਜਨ ਫਿਰੋਜ਼ਪੁਰ ਡਾ. ਮੀਨਾਕਸ਼ੀ ਢੀਂਗਰਾ ਦੇ ਦਿਸ਼ਾ ਨਿਰਦੇਸ਼ਾਂ ਤੇ ਡਾ. ਨਵੀਨ ਸੇਠੀ ਸੀਨੀਅਰ ਮੈਡੀਕਲ ਅਫਸਰ ਪੀ.ਐੱਚ.ਸੀ. ਕੱਸੋਆਣਾ ਦੀ ਅਗਵਾਈ ਹੇਠ ਵਿਸ਼ਵ ਆਬਾਦੀ ਪੰਦਰਵਾੜੇ 'ਤੇ ਬਲਾਕ ਅਧੀਨ ਪੈਂਦੇ ਸੈਂਟਰ ਠੱਠਾ ਕਿਸ਼ਨ ਸਿੰਘ ਵਿਖੇ ਜਾਗਰੂਕਤਾ ਸੈਮੀਨਾਰ ਲਗਾਇਆ ਗਿਆ।ਇਸ ਮੌਕੇ ਡਾ. ਕਰਨਬੀਰ ਸਿੰਘ ਮੈਡੀਕਲ ਅਫਸਰ ਤੇ ਵਿਕਰਮਜੀਤ ਸਿੰਘ ਬਲਾਕ ਐਜੂਕੇਟਰ ਨੇ ਦੱਸਿਆ ਕਿ ਦੇਸ਼ ਦੀ ਅਬਾਦੀ ਦਿਨੋਂ-ਦਿਨ ਵਧਦੀ ਜਾ ਰਹੀ ਹੈ, ਜੋ ਕਿ ਚਿੰਤਾ ਦਾ ਵਿਸ਼ਾ ਹੈ।ਸਿਹਤ ਵਿਭਾਗ ਵੱਲੋਂ 11 ਜੁਲਾਈ ਤੋਂ 24 ਜੁਲਾਈ ਤੱਕ ਅਬਾਦੀ ਸਥਿਰਤਾ ਪੰਦਰਵਾੜਾ ਮਨਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਵਾਰ ਇਹ ਪੰਦਰਵਾੜਾ ਬੱਚਿਆਂ ਵਿੱਚ ਹੋਵੇ ਸਹੀ ਅੰਤਰਾਲ ਪਰਿਵਾਰ ਹੋਵੇ ਤੰਦਰੁਸਤ ਤੇ ਖੁਸ਼ਹਾਲ ਥੀਮ ਅਧੀਨ ਮਨਾਇਆ ਜਾ ਰਿਹਾ ਹੈ, ਕਿਉਂਕਿ ਵੱਧਦੀ ਆਬਾਦੀ ਗ਼ਰੀਬੀ, ਅਨਪੜ੍ਹਤਾ, ਬੇਰੁਜ਼ਗਾਰੀ, ਸਮਾਜਿਕ ਕੁਰੀਤੀਆਂ ਆਦਿ ਦਾ ਕਾਰਨ ਬਣਦੀ ਹੈ।ਛੋਟਾ ਪਰਿਵਾਰ ਹੀ ਸੁੱਖੀ ਪਰਿਵਾਰ ਹੁੰਦਾ ਹੈ ਤੇ ਆਬਾਦੀ ਨੂੰ ਕੰਟਰੋਲ ਕਰਨਾ ਬਹੁਤ ਜ਼ਰੂਰੀ ਹੈ ਤੇ ਮੌਜੂਦ ਯੋਗ ਜੋੜਿਆ ਨੂੰ ਪਰਿਵਾਰ ਨਿਯੋਜਨ ਦੇ ਕੱਚੇ ਅਤੇ ਪੱਕੇ ਤਰੀਕਿਆਂ ਬਾਰੇ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ ਦੇ ਕੱਚੇ ਤਰੀਕੇ ਜਿਹੜੇ ਕਿ ਬੱਚਿਆਂ ਵਿੱਚ ਅੰਤਰ ਰੱਖਣ ਲਈ ਲਾਹੇਵੰਦ ਹਨ, ਜਿਵੇਂ ਕਿ ਅੰਤਰਾ ਇੰਜੈਕਸ਼ਨ, ਛਾਇਆ, ਮਾਲਾ-ਐਨ ਗੋਲੀਆਂ, ਨਿਰੋਧ, ਕਾਪਰ-ਟੀ ਆਦਿ ਉਪਲਬਧ ਹਨ।ਉਨ੍ਹਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਚਿਆਂ ਵਿੱਚ ਘੱਟੋ-ਘੱਟ 3 ਸਾਲ ਦਾ ਅੰਤਰ ਹੋਣਾ ਚਾਹੀਦਾ ਹੈ, ਜੋ ਕਿ ਮਾਂ ਦੀ ਸਿਹਤ ਤੇ ਬੱਚੇ ਦੇ ਵਾਧੇ-ਵਿਕਾਸ ਲਈ ਜ਼ਰੂਰੀ ਹੈ।ਇਸ ਤੋਂ ਇਲਾਵਾ, ਜਿਨ੍ਹਾਂ ਦਾ ਪਰਿਵਾਰ ਕੰਪਲੀਟ ਹੈ।ਉਹ ਯੋਗ ਜੋੜੇ ਨਸਬੰਦੀ ਤੇ ਨਲਬੰਦੀ ਆਪ੍ਰੇਸ਼ਨ ਕਰਵਾ ਸਕਦੇ ਹਨ, ਜੋ ਕਿ ਸਿਹਤ ਵਿਭਾਗ ਦੁਆਰਾ ਮੁਫ਼ਤ ਕੀਤੇ ਜਾਂਦੇ ਹਨ।ਇਸ ਦੌਰਾਨ ਸਬ ਸੈਂਟਰ ਠੱਠਾ ਕਿਸ਼ਨ ਸਿੰਘ ਦਾ ਸਿਹਤ ਸਟਾਫ ਐੱਲ.ਐੱਚ.ਵੀ. ਮਨਜੀਤ ਕੌਰ, ਅੰਗਰੇਜ਼ ਸਿੰਘ ਐੱਮ.ਐੱਲ.ਟੀ., ਸਵਰਨਜੀਤ ਕੌਰ ਮਲਟੀਪਰਪਜ਼ ਵਰਕਰ ਫੀਮੇਲ, ਦਵਿੰਦਰ ਸਿੰਘ ਮਲਟੀਪਰਪਜ਼ ਵਰਕਰ ਮੇਲ ਤੇ ਆਸ਼ਾ ਵਰਕਰਾਂ ਮੌਜੂਦ ਸਨ।

## ਬੱਚਿਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਸਕੂਲੀ ਬੱਸਾਂ ਦੀ ਚੈਕਿੰਗ



ਮਾਲੇਰਕੋਟਲਾ (ਅਸਗਰ ਪਰਿਹਾਰ)-ਜ਼ਿਲ੍ਹੇ ਵਿੱਚ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਉਦੇਸ਼ ਨਾਲ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਪ੍ਰਦੀਪ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੀ ਚੈਕਿੰਗ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਵਿਭਾਗ ਦੀ ਟੀਮ ਵੱਲੋਂ ਸਕੂਲੀ ਬੱਸਾਂ ਦੇ ਸਾਰੇ ਲਾਜ਼ਮੀ ਦਸਤਾਵੇਜ਼ਾਂ ਦੀ ਪੜਤਾਲ ਕੀਤੀ ਗਈ, ਜਿਨ੍ਹਾਂ ਵਿੱਚ ਰਜਿਸਟ੍ਰੇਸ਼ਨ ਸਰਟੀਫਿਕੇਟ, ਬੀਮਾ, ਫਿਟਨੈੱਸ ਸਰਟੀਫਿਕੇਟ, ਪ੍ਰਦੂਸ਼ਣ ਸਰਟੀਫਿਕੇਟ, ਡਰਾਈਵਰਾਂ ਦੇ ਡਰਾਈਵਿੰਗ ਲਾਇਸੰਸ ਤੇ ਨਿਰਧਾਰਤ ਰੂਟ ਨਾਲ ਸਬੰਧਤ ਦਸਤਾਵੇਜ਼ ਸ਼ਾਮਲ ਸਨ।ਇਸ ਤੋਂ ਇਲਾਵਾ ਬੱਸਾਂ ਵਿੱਚ ਫਸਟ ਏਡ ਕਿੱਟ, ਅੱਗ ਬੁਝਾਊ ਯੰਤਰ, ਐਮਰਜੈਂਸੀ ਦਰਵਾਜ਼ਾ, ਸਪੀਡ ਗਵਰਨਰ, ਸੀਸੀਟੀਵੀ ਕੈਮਰੇ ਤੇ ਹੋਰ ਲਾਜ਼ਮੀ ਸੁਰੱਖਿਆ ਉਪਕਰਨਾਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਗਈ।ਇਸ ਜਾਂਚ ਦੌਰਾਨ 13 ਸਕੂਲੀ ਬੱਸਾਂ ਵਿੱਚ ਸੁਰੱਖਿਆ ਸਬੰਧੀ ਕਮੀਆਂ ਪਾਈਆਂ ਗਈਆਂ, ਜਿਨ੍ਹਾਂ ਵਿੱਚ ਸੀਸੀਟੀਵੀ ਕੈਮਰਿਆਂ ਦੀ ਘਾਟ, ਫਸਟ ਏਡ ਕਿੱਟ ਦੀ ਅਣਹੋਂਦ, ਰੋਡ ਟੈਕਸ ਤੇ ਪ੍ਰਦੂਸ਼ਣ ਸਰਟੀਫਿਕੇਟ ਨਾਲ ਸਬੰਧਤ ਕਮੀਆਂ, ਵਰਦੀ ਸਬੰਧੀ ਨਿਯਮਾਂ ਦੀ ਉਲੰਘਣਾ ਤੇ ਹੋਰ ਲਾਜ਼ਮੀ ਸੁਰੱਖਿਆ ਪ੍ਰਬੰਧਾਂ ਦੀ ਕਮੀ ਸ਼ਾਮਲ ਸੀ।ਇਨ੍ਹਾਂ ਖਾਮੀਆਂ ਦੇ ਮੱਦੇਨਜ਼ਰ 13 ਸਕੂਲੀ ਬੱਸਾਂ ਦੇ ਚਲਾਨ ਕੀਤੇ ਗਏ।ਇਸ ਮੌਕੇ ਲੀਗਲ ਅਫ਼ਸਰ ਬਬੀਤਾ ਕੁਮਾਰੀ, ਟ੍ਰੈਫਿਕ ਇੰਚਾਰਜ ਏ.ਐੱਸ.ਆਈ. ਹਰਭਜਨ ਸਿੰਘ, ਸਿੱਖਿਆ ਵਿਭਾਗ ਤੋਂ ਗੁਰਵੀਰ ਸਿੰਘ, ਸੋਸ਼ਲ ਵਰਕਰ ਗੁਰਜੰਟ ਸਿੰਘ, ਲਵਪ੍ਰੀਤ ਸਿੰਘ ਤੇ ਮੀਡੀਆ ਸਹਾਇਕ ਪ੍ਰਗਟ ਸਿੰਘ ਹਾਜ਼ਰ ਸਨ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਡੀ ਸੀ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ



ਮਾਲੇਰਕੋਟਲਾ (ਅਸਗਰ ਪਰਿਹਾਰ)

ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਵੱਲੋਂ ਖੇਤ ਮਜ਼ਦੂਰ ਯੂਨੀਅਨ ਤੇ ਕਿਸਾਨ ਸਭਾ ਦੇ ਸਹਿਯੋਗ ਨਾਲ 'ਬਲੈਕ ਡੇ' (ਕਾਲਾ ਦਿਵਸ) ਮਨਾਇਆ ਗਿਆ।ਇਸ ਦੌਰਾਨ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਕਾਲੀਆਂ ਚੁੰਨੀਆਂ ਲੈ ਕੇ ਡਿਪਟੀ ਕਮਿਸ਼ਨਰ ਦਫ਼ਤਰ ਸਾਹਮਣੇ ਜ਼ੋਰਦਾਰ ਧਰਨਾ ਦਿੱਤਾ ਤੇ ਰੋਸ ਪ੍ਰਦਰਸ਼ਨ ਕਰਦਿਆਂ ਮੁੱਖ ਮੰਤਰੀ ਪੰਜਾਬ ਦੇ ਨਾਂ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਸੌਂਪਿਆ। ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਗੁਰਮੇਲ ਕੌਰ ਬਿੰਜੋਕੀ ਤੇ ਰੁਪਿੰਦਰ ਕੌਰ ਹਥੋਆ ਨੇ ਆਖਿਆ ਕਿ ਜਥੇਬੰਦੀ ਪਿਛਲੇ ਕਈ ਸਾਲਾਂ ਤੋਂ ਸਰਕਾਰ ਨੂੰ ਲਗਾਤਾਰ ਮੰਗ ਪੱਤਰ ਦਿੰਦੀ ਆ ਰਹੀ ਹੈ, ਪ੍ਰੰਤੂ ਸਰਕਾਰ ਵੱਲੋਂ ਉਨ੍ਹਾਂ ਦੀਆਂ ਮੰਗਾਂ ਨੂੰ ਬਿਲਕੁਲ ਵੀ ਸੰਜੀਦਗੀ ਨਾਲ ਨਹੀਂ ਲਿਆ ਗਿਆ।ਅੱਜ ਤੱਕ ਕੋਈ ਠੋਸ ਕਾਰਵਾਈ ਨਾ ਹੋਣ ਕਾਰਨ ਪੰਜਾਬ ਭਰ ਦੀਆਂ 54 ਹਜ਼ਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਸਰਕਾਰ ਖ਼ਿਲਾਫ਼ ਤਿੱਖਾ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਮੰਗ ਕੀਤੀ ਕਿ ਗੁਜਰਾਤ ਹਾਈ ਕੋਰਟ ਦੇ ਫ਼ੈਸਲੇ ਅਨੁਸਾਰ ਆਂਗਣਵਾੜੀ ਵਰਕਰਾਂ ਨੂੰ ਗ੍ਰੇਡ-3 ਤੇ ਹੈਲਪਰਾਂ ਨੂੰ ਗ੍ਰੇਡ-4 ਦਾ ਦਰਜਾ ਦਿੱਤਾ ਜਾਵੇ।ਜਦੋਂ ਤੱਕ ਗ੍ਰੇਡ ਲਾਗੂ ਨਹੀਂ ਹੁੰਦਾ, ਉਦੋਂ ਤੱਕ ਮੌਜੂਦਾ ਸਰਕਾਰ ਆਪਣੇ ਚੋਣ ਮੈਨੀਫੈਸਟੋ ਦੀ ਗਾਰੰਟੀ ਮੁਤਾਬਕ ਵਰਕਰਾਂ ਤੇ ਹੈਲਪਰਾਂ ਦੀ ਤਨਖ਼ਾਹ ਤੁਰੰਤ ਦੁੱਗਣੀ ਕਰੇ।ਸਾਲ 2022 ਵਿੱਚ ਦਿੱਤਾ ਗਿਆ 500 ਰੁਪਏ ਦਾ ਸਾਲਾਨਾ ਇੰਕਰੀਮੈਂਟ ਮੌਜੂਦਾ ਮਹਿੰਗਾਈ ਦੇ ਦੌਰ ਮੁਤਾਬਕ ਦੁੱਗਣਾ ਕੀਤਾ ਜਾਵੇ।ਪੱਛਮੀ ਬੰਗਾਲ ਦੀ ਤਰਜ਼ 'ਤੇ ਪੰਜਾਬ ਅੰਦਰ ਵੀ ਵਰਕਰਾਂ ਲਈ 5 ਲੱਖ ਤੇ ਹੈਲਪਰਾਂ ਲਈ 3 ਲੱਖ ਰੁਪਏ ਐਕਸਗ੍ਰੇਸ਼ੀਆ ਰਾਸ਼ੀ ਕੀਤੀ ਜਾਵੇ ਅਤੇ ਮਾਣ-ਭੱਤਾ ਵਧਾਇਆ ਜਾਵੇ।ਬੁਲਾਰਿਆਂ ਨੇ ਕਿਹਾ ਕਿ 'ਰਾਸ਼ਟਰੀ ਸਿੱਖਿਆ ਨੀਤੀ 2020' ਦੇ ਖਰੜੇ ਅਨੁਸਾਰ ਮੁਢਲੀ ਬਾਲ ਦੇਖਭਾਲ ਅਤੇ ਪ੍ਰੀ-ਸਕੂਲ ਸਿੱਖਿਆ ਆਂਗਣਵਾੜੀ ਕੇਂਦਰਾਂ ਰਾਹੀਂ ਹੀ ਦਿੱਤੀ ਜਾ ਰਹੀ ਹੈ।ਉਨ੍ਹਾਂ ਮੰਗ ਕੀਤੀ ਕਿ 0 ਤੋਂ 6 ਸਾਲ ਤੱਕ ਦੇ ਬੱਚਿਆਂ ਨੂੰ ਆਂਗਣਵਾੜੀ ਕੇਂਦਰਾਂ ਵਿੱਚ ਹੀ ਰੱਖਿਆ ਜਾਵੇ।ਕਰਨਾਟਕ ਸਰਕਾਰ ਵਾਂਗ ਪਾਲਿਸੀ ਬਣਾ ਕੇ ਨਰਸਰੀ ਤੇ ਐੱਲ.ਕੇ.ਜੀ. ਦੀ ਪੜ੍ਹਾਈ ਆਂਗਣਵਾੜੀ ਕੇਂਦਰਾਂ ਰਾਹੀਂ ਯਕੀਨੀ ਬਣਾਈ ਜਾਵੇ।

ਇਸ ਦੇ ਨਾਲ ਹੀ ਮੌਜੂਦਾ ਵਰਕਰਾਂ ਤੇ ਹੈਲਪਰਾਂ ਨੂੰ ਵਿਸ਼ੇਸ਼ ਟ੍ਰੇਨਿੰਗ ਦੇ ਕੇ ਐੱਨ.ਟੀ.ਟੀ. ਅਧਿਆਪਕ ਦਾ ਦਰਜਾ ਦਿੱਤਾ ਜਾਵੇ।ਇਸ ਮੌਕੇ ਧਰਨਾਕਾਰੀਆਂ ਦੀ ਹਮਾਇਤ ਕਰਨ ਤੇ ਸੰਬੋਧਨ ਕਰਨ ਲਈ ਸੀ.ਪੀ.ਆਈ. (ਐੱਮ) ਦੇ ਪੰਜਾਬ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ, ਸੀਟੂ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਅਬਦੁੱਲ ਸੱਤਾਰ, ਮੈਡਮ ਰਵਨੀਤ ਕੌਰ, ਸ਼ਬੀਨਾ ਖੁਰਦ, ਸਾਬਰੀ ਬੇਗਮ, ਪੂਜਾ ਰਾਣੀ, ਮੁਹੰਮਦ ਹਲੀਮ (ਸੈਕਟਰੀ), ਗੁਰਮੁਖ ਸਿੰਘ ਮਹੇਰਨਾ, ਰਛਪਾਲ ਸਿੰਘ ਮਹੋਲੀ, ਮੁਖਤਿਆਰ ਸਿੰਘ ਧਲੇਰ, ਕਰਤਾਰ ਸਿੰਘ ਮਹੋਲੀ ਤੇ ਅਬਦੁੱਲ ਸੱਤਾਰ ਤਾਰੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਪਿੰਡਾਂ 'ਚ ਸਤਲੁਜ ਫਿਲਮ ਦਿਖਾਈ ਜਾਵੇਗੀ : ਚਰਨਜੀਤ ਸਿੰਘ ਮਵੀ



ਸਮਾਣਾ (ਗੁਰਪਿਆਰ ਸਿੰਘ ਬੱਲ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸ਼ਹੀਦ ਜਸਵੰਤ ਸਿੰਘ ਖਾਲੜਾ ਦੀ ਜ਼ਿੰਦਗੀ 'ਤੇ ਆਧਾਰਿਤ ਫ਼ਿਲਮ ਸਤਲੁਜ ਦਿਖਾਉਣ ਦਾ ਫ਼ੈਸਲਾ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਹਲਕਾ ਸਮਾਣਾ ਤੋਂ ਚਰਨਜੀਤ ਸਿੰਘ ਮਵੀ ਨੇ ਦੱਸਿਆ ਕਿ ਇਹ ਫਿਲਮ 12 ਜੁਲਾਈ ਨੂੰ ਪਿੰਡ ਮਵੀ ਕਲਾਂ ਤੋਂ ਸ਼ੁਰੂ ਹੋ ਕੇ 13 ਜੁਲਾਈ ਨੂੰ ਧਨੌਰੀ, 15 ਜੁਲਾਈ ਨੂੰ ਸ਼ਾਹਪੁਰ ਅਤੇ 16 ਜੁਲਾਈ ਨੂੰ ਧਨੌਰੀ ਵਿੱਚ ਦਿਖਾਈ ਜਾਵੇਗੀ ਅਤੇ ਇਹ ਸਿਲਸਿਲਾ ਲਗਾਤਾਰ ਜਾਰੀ ਰਹੇਗਾ। ਮਵੀ ਨੇ ਕਿਹਾ ਕਿ ਇਸ ਫ਼ਿਲਮ ਦਾ ਮਕਸਦ ਨੌਜਵਾਨ ਪੀੜ੍ਹੀ ਨੂੰ ਸ਼ਹੀਦ ਖਾਲੜਾ ਦੀਆਂ ਮਨੁੱਖੀ ਅਧਿਕਾਰਾਂ ਲਈ ਦਿੱਤੀਆਂ ਕੁਰਬਾਨੀਆਂ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਦੀ ਵਿਰਾਸਤ ਨੂੰ ਅੱਗੇ ਲਿਜਾਣਾ ਹੈ।

## ਬਿਜਲੀ ਸੰਕਟ ਸੰਬੰਧੀ ਵਿਧਾਇਕ ਨੂੰ ਸੌਂਪਿਆ ਮੰਗ ਪੱਤਰ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਸਥਾਨਕ ਸ਼ਹਿਰ ਦੇ ਨਿਊ ਨਾਨਕਪੁਰਾ, ਬਾਂਸੀ ਗੇਟ ਇਲਾਕੇ ਦੇ ਵਸਨੀਕਾਂ ਨੇ ਪਿਛਲੇ ਕਰੀਬ ਇਕ ਮਹੀਨੇ ਤੋਂ ਰਾਤ ਸਮੇਂ ਆ ਰਹੀ ਬਿਜਲੀ ਦੀ ਲਗਾਤਾਰ ਸਮੱਸਿਆ ਨੂੰ ਲੈ ਕੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਨੂੰ ਇਕ ਮੰਗ ਪੱਤਰ ਸੌਂਪਿਆ। ਵਸਨੀਕਾਂ ਨੇ ਦੱਸਿਆ ਕਿ ਇਲਾਕੇ ਵਿੱਚ ਹਰ ਰੋਜ਼ ਰਾਤ ਸਮੇਂ ਬਿਜਲੀ ਦੀ ਸਪਲਾਈ ਵਾਰ-ਵਾਰ ਬੰਦ ਹੋ ਜਾਂਦੀ ਹੈ, ਜਿਸ ਕਾਰਨ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਅਸਹਿਣਯੋਗ ਗਰਮੀ ਦੌਰਾਨ ਬਿਜਲੀ ਨਾ ਹੋਣ ਕਾਰਨ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਵਿਅਕਤੀਆਂ ਨੂੰ ਸਭ ਤੋਂ ਵੱਧ ਪ੍ਰੇਸ਼ਾਨੀ ਝੱਲਣੀ ਪੈਂਦੀ ਹੈ।

ਇਸ ਤੋਂ ਇਲਾਵਾ ਪੀਣ ਵਾਲੇ ਪਾਣੀ ਦੀ ਸਪਲਾਈ ਪ੍ਰਭਾਵਿਤ ਹੋਣ, ਘਰੇਲੂ ਕੰਮਕਾਜ ਵਿੱਚ ਰੁਕਾਵਟ ਪੈਣ ਤੇ ਵਿਦਿਆਰਥੀਆਂ ਦੀ ਪੜ੍ਹਾਈ ਉੱਤੇ ਵੀ ਮਾੜਾ ਅਸਰ ਪੈ ਰਿਹਾ ਹੈ। ਮੰਗ ਪੱਤਰ ਪ੍ਰਾਪਤ ਕਰਨ ਉਪਰੰਤ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ ਤੇ ਮੌਕੇ 'ਤੇ ਹੀ ਬਿਜਲੀ ਬੋਰਡ ਦੇ ਉੱਚ ਅਧਿਕਾਰੀਆਂ ਨਾਲ ਟੈਲੀਫ਼ੋਨ ਰਾਹੀਂ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਸਮੱਸਿਆ ਦਾ ਤੁਰੰਤ ਹੱਲ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ।

ਉਨ੍ਹਾਂ ਭਰੋਸਾ ਦਿੱਤਾ ਕਿ ਇਸ ਮਸਲੇ ਦਾ ਜਲਦ ਤੇ ਸਥਾਈ ਹੱਲ ਯਕੀਨੀ ਬਣਾਉਣ ਲਈ ਬਿਜਲੀ ਵਿਭਾਗ ਨਾਲ ਲਗਾਤਾਰ ਤਾਲਮੇਲ ਰੱਖਿਆ ਜਾਵੇਗਾ। ਇਸ ਮੌਕੇ ਮਾਸਟਰ ਸਰਬਜੀਤ ਸਿੰਘ ਭਾਵੜਾ, ਵਿਕੀ ਪੁਰੀ ਮਾਸਟਰ, ਅਵਤਾਰ ਸਿੰਘ ਪੁਰੀ, ਕਾਲੀ ਸਹਿਗਲ, ਮਲਕੀਤ ਸਿੰਘ ਹਰਾਜ, ਜਿੰਦਰ ਪੇਂਟਰ, ਹਰਜਿੰਦਰ ਸਿੰਘ ਪੁਰੀ, ਸੰਨੀ, ਮੇਜਰ ਸਿੰਘ, ਕੰਵਰਵਿਕਰਮਪਾਲ ਸਿੰਘ, ਅਮਰਜੀਤ ਸਿੰਘ, ਬੰਟੀ, ਗਣੇਸ਼ ਕੁਮਾਰ, ਮੋਨੂੰ ਅਤੇ ਹੋਰ ਇਲਾਕਾ ਨਿਵਾਸੀ ਹਾਜ਼ਰ ਸਨ।

# ਕਾਕਾ ਬਰਾੜ ਵੱਲੋਂ ਮੰਡੀ ਬਰੀਵਾਲਾ ਵਿਖੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)

ਪਿਛਲੇ ਲੰਬੇ ਸਮੇਂ ਤੋਂ ਸੰਤਾਪ ਹੰਢਾ ਰਹੇ ਮੰਡੀ ਬਰੀਵਾਲਾ ਵਾਸੀਆਂ ਨੂੰ ਰਾਹਤ ਪਹੁੰਚਾਉਂਦੇ ਹੋਏ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ।ਇਸ ਤੋਂ ਬਾਅਦ ਮੰਡੀ ਵਿੱਚ ਇੱਕ ਭਰਵੀਂ ਮੀਟਿੰਗ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਵਰਕਰ ਤੇ ਮੰਡੀ ਵਾਸੀ ਹਾਜ਼ਰ ਸਨ।ਇਸ ਪ੍ਰੋਜੈਕਟ 'ਤੇ ਕਰੀਬ 24 ਕਰੋੜ ਰੁਪਏ ਦੀ ਲਾਗਤ ਆਵੇਗੀ।

ਇਸ ਮੌਕੇ ਵਿਧਾਇਕ ਕਾਕਾ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਮੰਡੀ ਦੀ ਸੀਵਰੇਜ ਸਮੱਸਿਆ ਦਾ ਪੱਕਾ ਹੱਲ ਹੋ ਜਾਵੇਗਾ ਤੇ ਲੋਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਮਿਲੇਗਾ।ਕਾਕਾ ਬਰਾੜ ਨੇ ਅਧਿਕਾਰੀਆਂ ਨੂੰ ਪ੍ਰੋਜੈਕਟ ਦਾ ਕੰਮ ਸਮੇਂ ਸਿਰ ਤੇ ਪੂਰੀ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਸੀਵਰੇਜ ਸਿਸਟਮ ਦਾ ਸੁਧਾਰ ਮੰਡੀ ਬਰੀਵਾਲਾ ਦੇ ਲੋਕਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਸੀ, ਜਿਸ ਨੂੰ ਪੰਜਾਬ ਸਰਕਾਰ ਨੇ ਪੂਰਾ ਕਰਕੇ ਦਿਖਾਇਆ ਹੈ।ਕਾਕਾ ਬਰਾੜ ਨੇ ਇਸ ਪ੍ਰੋਜੈਕਟ ਲਈ ਮੁੱਖ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਵਿਕਾਸ ਕਾਰਜਾਂ ਨਾਲ ਹੀ ਸ਼ਹਿਰਾਂ ਤੇ ਪਿੰਡਾਂ ਦਾ ਸਰਵਪੱਖੀ ਵਿਕਾਸ ਸੰਭਵ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰੋਜੈਕਟ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਪੂਰਾ ਸਹਿਯੋਗ ਦੇਣ।ਇਸ ਦੌਰਾਨ ਇਲਾਕਾ ਨਿਵਾਸੀਆਂ ਨੇ ਕਾਕਾ ਬਰਾੜ ਤੇ ਪੰਜਾਬ ਸਰਕਾਰ ਦਾ ਇਸ ਪ੍ਰੋਜੈਕਟ ਲਈ ਧੰਨਵਾਦ ਕੀਤਾ ਅਤੇ ਖੁਸ਼ੀ ਜ਼ਾਹਰ ਕੀਤੀ ਕਿ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਹੱਲ ਹੋ ਗਿਆ ਹੈ।ਇਸ ਮੌਕੇ ਮਾਰਕਿਟ ਕਮੇਟੀ ਮਲੋਟ ਦੇ ਚੇਅਰਮੈਨ ਤੇ ਜ਼ਿਲ੍ਹਾ ਪ੍ਰਧਾਨ ਜਸ਼ਨ ਬਰਾੜ ਨੇ ਆਖਿਆ ਕਿ ਹਲਕੇ ਦੇ ਵਿਕਾਸ ਲਈ ਵਿਧਾਇਕ ਕਾਕਾ ਬਰਾੜ ਹਮੇਸ਼ਾ ਤੱਤਪਰ ਰਹੇ ਹਨ, ਜਿਸ ਸਦਕਾ ਸ੍ਰੀ ਮੁਕਤਸਰ ਸਾਹਿਬ ਸ਼ਹਿਰ ਵਿੱਚ 150 ਕਰੋੜ ਤੇ ਮੰਡੀ ਬਰੀਵਾਲਾ ਦੇ ਪ੍ਰੋਜੈਕਟ ਲਈ 24 ਕਰੋੜ ਰੁਪਏ ਪਾਸ ਹੋ ਕੇ ਆ ਗਏ ਹਨ।ਇਸ ਪ੍ਰੋਜੈਕਟ ਦਾ ਕੰਮ ਲਗਾਤਾਰ ਚੱਲ ਰਿਹਾ ਹੈ।ਇਸ ਮੌਕੇ ਨਗਰ ਪੰਚਾਇਤ ਦੇ ਪ੍ਰਧਾਨ ਕੇਵਲ ਕ੍ਰਿਸ਼ਨ ਗੋਇਲ, ਸੀਨੀਅਰ ਮੀਤ ਪ੍ਰਧਾਨ ਬਲਵਿੰਦਰ ਸਿੰਘ ਖਾਲਸਾ ਤੇ ਮੀਤ ਪ੍ਰਧਾਨ ਲਤਾ ਰਾਣੀ ਨੇ ਜਿੱਥੇ ਸੂਬਾ ਸਰਕਾਰ ਦਾ ਧੰਨਵਾਦ ਕੀਤਾ, ਉੱਥੇ ਹੀ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦਾ ਵੀ ਦਿਲੋਂ ਸ਼ੁਕਰੀਆ ਕੀਤਾ, ਜਿਨ੍ਹਾਂ ਦੀ ਮਿਹਨਤ ਸਦਕਾ ਇਹ ਕਾਰਜ ਸੰਪੂਰਨ ਹੋਇਆ।

# ਹਰਚੰਦ ਸਿੰਘ ਬਰਸਟ ਨੇ ਮੌਕੇ 'ਤੇ ਹੀ ਲੋਕਾਂ ਦੀਆਂ ਸਮੱਸਿਆਵਾਂ ਦਾ ਕੀਤਾ ਨਿਪਟਾਰਾ



ਸਮਾਣਾ (ਗੁਰਪਿਆਰ ਸਿੰਘ ਬੱਲ)

ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਹਲਕਾ ਸਮਾਣਾ ਸਥਿਤ ਦਫ਼ਤਰ ਵਿਖੇ ਵਿਸ਼ੇਸ਼ ਲੋਕ ਮਿਲਣੀ ਦਾ ਆਯੋਜਨ ਕੀਤਾ। ਇਸ ਲੋਕ ਮਿਲਣੀ ਵਿੱਚ ਵੱਖ-ਵੱਖ ਪਿੰਡਾਂ ਦੀਆਂ ਪੰਚਾਇਤਾਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀਆਂ ਨੇ ਭਾਗ ਲਿਆ ਅਤੇ ਆਪਣੀਆਂ ਸਮੱਸਿਆਵਾਂ, ਮੰਗਾਂ ਅਤੇ ਵਿਕਾਸ ਸਬੰਧੀ ਮੁੱਦਿਆਂ ਨੂੰ ਚੇਅਰਮੈਨ ਦੇ ਧਿਆਨ ਵਿੱਚ ਲਿਆਂਦਾ। ਇਸ ਦੌਰਾਨ ਸ. ਬਰਸਟ ਨੇ ਸਾਰੀਆਂ ਸ਼ਿਕਾਇਤਾਂ ਅਤੇ ਮੰਗਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਮੌਕੇ ਤੇ ਹੀ ਉਹਨਾਂ ਦਾ ਨਿਪਟਾਰਾ ਕੀਤਾ।ਚੇਅਰਮੈਨ ਨੇ ਕਿਹਾ ਕਿ ਇਸ ਲੋਕ ਮਿਲਣੀ ਦਾ ਉਦੇਸ਼ ਪ੍ਰਸ਼ਾਸਨ ਅਤੇ ਲੋਕਾਂ ਵਿਚਕਾਰ ਦੀ ਦੂਰੀ ਨੂੰ ਘੱਟ ਕਰਨਾ ਅਤੇ ਲੋਕਾਂ ਨੂੰ ਤੁਰੰਤ ਰਾਹਤ ਪ੍ਰਦਾਨ ਕਰਨਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ।ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਸੂਬੇ ਵਿੱਚ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਾਗੂ ਕਰਕੇ ਔਰਤਾਂ ਦਾ ਮਾਣ-ਸਤਿਕਾਰ ਵਧਾਇਆ ਹੈ।'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਨਿਰਧਾਰਤ ਰਾਸ਼ੀ ਸਿੱਧੀ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਾਈ ਗਈ ਹੈ।ਜਿੱਥੇ ਸੂਬੇ ਭਰ ਵਿੱਚ ਆਮ ਆਦਮੀ ਕਲੀਨਿਕ ਸਥਾਪਤ ਕਰਕੇ ਲੋਕਾਂ ਨੂੰ ਘਰਾਂ ਦੇ ਨੇੜੇ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ, ਉੱਥੇ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸਾਲਾਨਾ 10 ਲੱਖ ਰੁਪਏ ਤੱਕ ਦੇ ਮੁਫ਼ਤ ਅਤੇ ਕੈਸ਼ਲੈਸ ਇਲਾਜ ਦੀ ਸਹੂਲਤ ਦਿੱਤੀ ਗਈ ਹੈ।ਇਸ ਮੌਕੇ ਰਾਣਾ ਵਿਰਕ ਬਲਾਕ ਸਮੰਤੀ ਮੈਂਬਰ, ਮਨਜੀਤ ਸਿੰਘ ਦਾਨੀਪੁਰ ਬਲਾਕ ਸਮੰਤੀ ਮੈਂਬਰ, ਪਰਗਟ ਸਿੰਘ ਸਰਪੰਚ ਢਕੜਬਾ, ਵਰਿੰਦਰ ਸਿੰਘ ਸਰਪੰਚ ਸੈਦੀਪੁਰ, ਗੋਰਾ ਸਰਪੰਚ ਧਰਮਗੜ੍ਹ, ਜਸਵੰਤ ਸਿੰਘ ਸਰਪੰਚ ਪ੍ਰੇਮ ਸਿੰਘ ਵਾਲਾ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ, ਮਨਪ੍ਰੀਤ ਸਿੰਘ ਸਰਪੰਚ ਬਦਨਪੁਰ, ਜੋਰਾ ਸਿੰਘ ਸਰਪੰਚ ਬਿਲੂਮਾਜਰਾ, ਜਰਨੈਲ ਸਿੰਵ ਸਰਪੰਚ ਕਮਾਲਪੁਰ, ਰਸ਼ਪਾਲ ਸਿੰਘ ਸਰਪੰਚ ਮਿਆਲ ਕਲਾਂ, ਜਗਤਾਰ ਸਿੰਘ ਸਰਪੰਚ ਬੁਜਰਕ, ਲਖਵਿੰਦਰ ਸਿੰਘ ਲਲੋਛੀ ਸਾਬਕਾ ਸਰਪੰਚ, ਪਰਗਟ ਸਿੰਘ ਸਾਬਕਾ ਸਰਪੰਚ ਪ੍ਰੇਮ ਸਿੰਘ ਵਾਲਾ, ਅਵਤਾਰ ਸਿੰਘ ਸਾਬਕਾ ਸਰਪੰਚ, ਮਲਕੀਤ ਸਿੰਘ ਸਾਬਕਾ ਸਰਪੰਚ, ਗਮਦੂਰ ਸਿੰਘ ਸਾਬਕਾ ਸਰਪੰਚ ਸ਼ਾਹਪੁਰ, ਸ਼ਾਮ ਲਾਲ ਦੱਤ, ਗੁਲਜਾਰ ਸਿੰਘ ਦੁਘਾਟ, ਹਜਾਰੀ ਲਾਲ ਜੋਹਰੀ, ਮੰਨੂ ਸ਼ਰਮਾ, ਜਸਪਾਲ ਸਿੰਘ ਬੀਬੀਪੁਰ, ਸਤਪਾਲ ਜੋਹਰੀ, ਹੀਰਾ ਲਾਲ ਜੈਨ, ਅੰਗਰੇਜ ਸਿੰਘ ਭੁੱਲਰ, ਡਾ. ਹਰਮੇਸ਼, ਕੁਲਵੀਰ ਸਿੰਘ ਨਮਾਦਾ, ਗੁਰਪਿਆਰ ਸਿੰਘ ਰਾਮ ਨਗਰ, ਗੁਰਜੰਟ ਸਿੰਘ ਪੰਚ, ਪ੍ਰਕਾਸ਼ ਸਿੰਘ ਪੰਚ, ਅਕਾਸ਼ਦੀਪ ਸਿੰਘ ਪੰਚ, ਸਾਬ ਸਿੰਘ ਪੰਚ, ਕਰਨੈਲ ਸਿੰਘ ਪੰਚ, ਜਸਕਰਨ ਸਿੰਘ ਪੰਚ, ਗੁਰਜੀਤ ਸਿੰਘ ਗ੍ਰੀਨ ਪਾਰਕ, ਸੁਖਦੇਵ ਸਿੰਘ ਰਾਜਲਾ, ਰਜੇਸ਼ ਜੈਨ, ਪੁਨੀਤ ਮਿੱਤਲ, ਅਮਰਜੀਤ ਸਿੰਘ ਸਮੇਤ ਸੈਂਕੜੇ ਦੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

# ਸੂਬਾ ਸੰਗਠਨ ਮੰਤਰੀ ਰਾਜੇਂਦਰ ਕੁਮਾਰ ਨੇ ਵਿਦਿਆਰਥੀਆਂ ਦਾ ਕੀਤਾ ਮਾਰਗ-ਦਰਸ਼ਨ



ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਵਿਖੇ ਸਰਵਹਿੱਤਕਾਰੀ ਸਿੱਖਿਆ ਸੰਮਤੀ ਜਲੰਧਰ ਪੰਜਾਬ ਪ੍ਰਾਂਤ ਦੇ ਸੰਗਠਨ ਮੰਤਰੀ ਰਾਜੇਂਦਰ ਕੁਮਾਰ ਨੇ ਸਵੇਰ ਦੀ ਸਭਾ ਵਿੱਚ ਵਿਦਿਆਰਥੀਆਂ ਦਾ ਮਾਰਗ ਦਰਸ਼ਨ ਕਰਦੇ ਹੋਏ ਕਿਹਾ ਕਿ ਅੱਜ ਦਾ ਯੁੱਗ ਮੋਬਾਈਲ ਫੋਨ ਦਾ ਯੁੱਗ ਹੈ, ਜੋ ਸਮਾਜ ਵਿੱਚ ਬਹੁਤ ਸਾਰੀਆਂ ਸਮੱਸਿਆਵਾਂ ਪੈਦਾ ਕਰ ਰਹੇ ਹਨ, ਇਸ ਲਈ ਸਾਨੂੰ ਇਨ੍ਹਾਂ ਤੋਂ ਬਚਣਾ ਚਾਹੀਦਾ ਹੈ। ਇਨ੍ਹਾਂ ਦਾ ਸਾਡੀ ਸਿਹਤ 'ਤੇ ਮਾੜਾ ਪ੍ਰਭਾਵ ਪੈਂਦਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਭਾਰਤ ਰਾਸ਼ਟਰੀ ਗੀਤ 'ਵੰਦੇ ਮਾਤਰਮ' ਦੀ 150ਵੀਂ ਵਰ੍ਹੇਗੰਢ ਮਨਾ ਰਿਹਾ ਹੈ, ਇਸ ਲਈ ਸਾਨੂੰ ਵੰਦੇ ਮਾਤਰਮ ਨੂੰ ਪੂਰੀ ਤਰ੍ਹਾਂ ਯਾਦ ਰੱਖਣਾ ਚਾਹੀਦਾ ਹੈ ਤਾਂ ਜੋ ਇਸ ਨੂੰ ਪੂਰੇ ਭਾਰਤ ਵਿੱਚ ਇੱਕੋ ਸਮੇਂ ਗਾਇਆ ਜਾ ਸਕੇ। ਇਸ ਲਈ ਇੱਕ ਯੋਜਨਾ ਬਣਾਈ ਜਾ ਰਹੀ ਹੈ। ਉਨ੍ਹਾਂ ਵੱਲੋਂ ਸਾਰੇ ਅਧਿਆਪਕਾਂ ਨਾਲ ਇੱਕ ਮੀਟਿੰਗ ਵੀ ਕੀਤੀ ਗਈ ਤੇ ਇਸ ਮੀਟਿੰਗ ਦੌਰਾਨ ਉਨ੍ਹਾਂ ਵੱਖ-ਵੱਖ ਵਿਸ਼ਿਆਂ 'ਤੇ ਚਰਚਾ ਕੀਤੀ। ਉਨ੍ਹਾਂ ਨੇ ਸਵੇਰ ਦੀ ਸਭਾ (ਵੰਦਨਾ) ਦੀ ਪ੍ਰਸ਼ੰਸਾ ਵੀ ਕੀਤੀ। ਇਸ ਦੌਰਾਨ ਪ੍ਰਾਰਥਨਾ ਸਭਾ ਵਿੱਚ, ਸੰਗਠਨ ਮੰਤਰੀ ਰਾਜੇਂਦਰ ਕੁਮਾਰ ਅਤੇ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਕਾਮਰਸ, ਵਿਗਿਆਨ, ਕੰਪਿਊਟਰ ਅਤੇ ਗਣਿਤ ਵਿੱਚ ਅੰਤਰਰਾਸ਼ਟਰੀ ਓਲੰਪੀਆਡ ਵਿੱਚ ਦੂਜੇ ਪੱਧਰ ਦੇ ਇਨਾਮ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਦੱਸਿਆ ਕਿ ਸਕੂਲ-ਪਰਿਵਾਰ ਤੇ ਮਾਪਿਆਂ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਕੰਪਿਊਟਰ ਵਿਸ਼ੇ ਵਿੱਚ ਅੰਤਰਰਾਸ਼ਟਰੀ ਓਲੰਪੀਆਡ ਦੇ ਦੂਜੇ ਪੱਧਰ ਵਿੱਚ ਆਫੀਨ, ਨੂਰਪ੍ਰੀਤ ਕੌਰ ਤੇ ਰਤਨਪ੍ਰੀਤ ਕੌਰ ਨੇ 1657 ਰੁਪਏ ਨਕਦ, ਸੋਨੇ ਦਾ ਤਮਗਾ ਤੇ ਸਰਟੀਫਿਕੇਟ ਜਿੱਤ ਕੇ ਸਕੂਲ ਦਾ ਨਾਮ ਰੌਸ਼ਨ ਕੀਤਾ।

ਇਸ ਮੌਕੇ ਪ੍ਰਿੰਸੀਪਲ ਡਾ. ਪਰਾਸ਼ਰ ਨੇ ਸੂਬਾ ਸੰਗਠਨ ਮੰਤਰੀ ਸ੍ਰੀ ਰਾਜੇਂਦਰ ਕੁਮਾਰ ਦਾ ਸਕੂਲ ਵਿੱਚ ਆਉਣ 'ਤੇ ਸਵਾਗਤ ਕੀਤਾ ਅਤੇ ਅਧਿਆਪਕਾਂ ਤੇ ਵਿਦਿਆਰਥੀਆਂ ਨੂੰ ਸਮੇਂ-ਸਮੇਂ 'ਤੇ ਮਾਰਗਦਰਸ਼ਨ ਕਰਨ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਦੇ ਮੈਨੇਜਰ ਅੰਮ੍ਰਿਤ ਲਾਲ, ਸੀਨੀਅਰ ਉਪ ਪ੍ਰਧਾਨ ਮੱਖਣ ਲਾਲ, ਉਪ ਪ੍ਰਧਾਨ ਪ੍ਰਸ਼ੋਤਮ ਮੱਤੀ ਤੇ ਮੈਂਬਰ ਭੂਸ਼ਣ ਕੁਮਾਰ ਮੌਜੂਦ ਸਨ।

## ਸ਼ਹੀਦ ਊਧਮ ਸਿੰਘ ਦੀ ਬਰਸੀ ਦੀਆਂ ਤਿਆਰੀਆਂ ਜ਼ੋਰਾਂ 'ਤੇ

ਸਨੌਰ (ਰਾਜਿੰਦਰ ਸਿੰਘ ਥਿੰਦ)

ਸ਼ਹੀਦ ਸਰਦਾਰ ਊਧਮ ਸਿੰਘ ਕੰਬੋਜ ਜੀ ਦੀ 87ਵੀਂ ਬਰਸੀ ਮੌਕੇ 31 ਜੁਲਾਈ ਨੂੰ ਕਰਾਏ ਜਾਣ ਵਾਲੇ ਰਾਜ ਪੱਧਰੀ ਸ਼ਰਧਾਂਜਲੀ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ।ਭਾਜਪਾ ਦੇ ਸੀਨੀਅਰ ਆਗੂ ਤੇ ਕੰਬੋਜ ਭਲਾਈ ਮੰਚ ਪੰਜਾਬ ਦੇ ਪ੍ਰਧਾਨ ਹਰਦੀਪ ਸਿੰਘ ਕੰਬੋਜ ਦੀ ਅਗਵਾਈ ਹੇਠ ਪੰਜਾਬ ਭਾਜਪਾ ਦੇ ਪ੍ਰਧਾਨ ਕੇਵਲ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਸਮਾਗਮ ਦਾ ਸੱਦਾ ਦੇਣ ਲਈ ਪਹੁੰਚੇ। ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਸ਼ਹੀਦ ਊਧਮ ਸਿੰਘ ਕੰਬੋਜ ਦਾ ਦੇਸ਼ ਦੀ ਆਜ਼ਾਦੀ ਲਈ ਦਿੱਤਾ ਗਿਆ ਅਦੁੱਤੀ ਯੋਗਦਾਨ ਹਮੇਸ਼ਾ ਦੇਸ਼ਵਾਸੀਆਂ ਲਈ ਪ੍ਰੇਰਣਾ ਸਰੋਤ ਰਹੇਗਾ।

ਉਨ੍ਹਾਂ ਕਿਹਾ ਕਿ ਅਜਿਹੇ ਮਹਾਨ ਸ਼ਹੀਦਾਂ ਦੀ ਯਾਦ ਨੂੰ ਸਾਂਭਣਾ ਤੇ ਨੌਜਵਾਨ ਪੀੜ੍ਹੀ ਨੂੰ ਉਨ੍ਹਾਂ ਦੇ ਜੀਵਨ ਤੋਂ ਜਾਣੂ ਕਰਾਉਣਾ ਸਮੇਂ ਦੀ ਲੋੜ ਹੈ।ਹਰਦੀਪ ਸਿੰਘ ਕੰਬੋਜ ਨੇ ਦੱਸਿਆ ਕਿ 31 ਜੁਲਾਈ ਨੂੰ ਹੋਣ ਵਾਲੇ ਸਮਾਗਮ ਵਿੱਚ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਸਮਾਜ ਸੇਵੀ ਸੰਸਥਾਵਾਂ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਸ਼ਮੂਲੀਅਤ ਕਰਨਗੀਆਂ।

## ਦਲਜੀਤ ਰਾਏ ਕਾਲੀਆ 'ਅਦਬੀ ਵਿਰਾਸਤ' ਮੈਗਜ਼ੀਨ ਦੇ ਸੰਪਾਦਕ ਬਣੇ



ਜ਼ੀਰਾ (ਹਰਜਿੰਦਰ ਮਨੇਸ਼)-ਦਲਜੀਤ ਰਾਏ ਕਾਲੀਆ ਨੂੰ ਅਦਬੀ ਵਿਰਾਸਤ ਮੈਗਜ਼ੀਨ ਦਾ ਕਾਰਜਕਾਰੀ ਸੰਪਾਦਕ ਨਿਯੁਕਤ ਕੀਤਾ ਗਿਆ ਹੈ।ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਨੇ ਦੱਸਿਆ ਕਿ ਦਲਜੀਤ ਰਾਏ ਕਾਲੀਆ ਦੇ ਇੱਕ ਸਾਹਿਤਕ ਪਰਚੇ ਦਾ ਕਾਰਜਕਾਰੀ ਸੰਪਾਦਕ ਬਣਨਾ ਸਾਡੇ ਸਭ ਲਈ ਖ਼ਾਸ ਕਰਕੇ ਜ਼ੀਰਾ ਵਾਸੀਆਂ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਦਲਜੀਤ ਰਾਏ ਕਾਲੀਆ ਵੱਖ-ਵੱਖ ਵਿਧਾਵਾਂ ਤੇ ਲਿਖਣ ਵਾਲੇ ਲੇਖਕ ਅਤੇ ਕਵੀ ਹਨ, ਜੋ ਹੁਣ ਇੱਕ ਸਾਹਿਤਕ ਪਰਚੇ ਲਈ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਣ ਜਾ ਰਹੇ ਹਨ।ਦਲਜੀਤ ਰਾਏ ਕਾਲੀਆ ਨੂੰ ਇਸ ਕੰਮ ਵਿੱਚ ਕਾਫੀ ਚੰਗੀ ਮੁਹਾਰਤ ਹਾਸਲ ਹੈ।ਉਨ੍ਹਾਂ ਪਹਿਲਾਂ ਵੀ ਕੁਝ ਲੇਖਕਾਂ ਦੀਆਂ ਸਾਹਿਤਕਾਰਾਂ ਦੇ ਨਿਰੰਤਰ ਲਿਖਣ ਦੀਆਂ ਕਿਤਾਬਾਂ ਆਪਣੇ ਵੱਲੋਂ ਸੰਪਾਦਨ ਕੀਤੀਆਂ।ਉਨ੍ਹਾਂ ਨੇ ਸਾਹਿਤ ਸਭਾ ਵੱਲੋਂ ਕਵਿਤਾ ਦੀ ਪ੍ਰਕਾਸ਼ਿਤ ਕੀਤੀ ਗਈ ਪੁਸਤਕ 'ਸੋਚਾਂ ਦੀ ਰਹਿਲੀਜ਼' ਦਾ ਵੀ ਸੰਪਾਦਨ ਕੀਤਾ।ਸਾਹਿਤ ਸਭਾ ਜ਼ੀਰਾ ਦੇ ਸਾਹਿਤਕਾਰ ਮੇਜਰ ਸਿੰਘ ਬੁੱਧ, ਮੁਖਤਿਆਰ ਸਿੰਘ ਬਰਾੜ, ਲੇਖ. ਨਰਿੰਦਰ ਸਿੰਘ ਜ਼ੀਰਾ, ਕਾਲਾ ਬੇਰੀ ਵਾਲਾ, ਬਲਜੀਤ ਬਾਦਸ਼ਾਹ, ਪਰਮਜੀਤ ਸਿੰਘ ਵਿਦਿਆਰਥੀ, ਰੌਬੀ ਸ਼ਾਇਰ, ਪ੍ਰਿਤਪਾਲ ਸਿੰਘ, ਸੁਖਰਾਜ ਜ਼ੀਰਾ, ਪ੍ਰਤਾਪ ਸਿੰਘ ਹੀਰਾ, ਹਰਚਰਨ ਚੰਹਲਾ, ਹੀਰਾ ਲਾਲ ਮਕਖਾਲੀ, ਤਾਰਾ ਸਿੰਘ ਫੌਜੀ, ਰਵੀਦਾਸ ਚੌਹਾਨ ਆਦਿ ਸਾਹਿਤ ਸਭਾ ਜ਼ੀਰਾ ਦੇ ਅਹੁਦੇਦਾਰ ਅਤੇ ਮੈਂਬਰਾਂ ਨੇ ਖ਼ੁਸ਼ੀ ਦਾ ਇਜ਼ਹਾਰ ਕੀਤਾ।

## ਜਨਮ ਦਿਨ ਮੌਕੇ ਨੌਜਵਾਨ ਨੇ ਕੀਤਾ ਖ਼ੂਨ ਦਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਜੋ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਵੱਲੋਂ ਐਮਰਜੈਂਸੀ ਮਰੀਜ਼ਾਂ ਤੇ ਥੈਲੇਸੀਮੀਆ ਪੀੜਤ ਬੱਚਿਆਂ ਲਈ ਲਗਾਤਾਰ ਖ਼ੂਨਦਾਨ ਦੀ ਸੇਵਾ ਜਾਰੀ ਹੈ।ਸੋਸਾਇਟੀ ਦੇ ਸੱਦੇ 'ਤੇ ਨੌਜਵਾਨ ਨੇ ਅੱਗੇ ਆ ਕੇ ਖ਼ੂਨ ਦਾਨ ਕੀਤਾ, ਜਿਸ ਨਾਲ ਕਈ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖ਼ੂਨ ਮਿਲ ਸਕਿਆ।ਇਸ ਦੌਰਾਨ ਇੱਕ ਨੌਜਵਾਨ ਨੇ ਆਪਣੇ 27ਵੇਂ ਜਨਮ ਦਿਨ ਮੌਕੇ ਖ਼ੂਨ ਦਾਨ ਕਰਕੇ ਸਮਾਜ ਨੂੰ ਮਨੁੱਖਤਾ ਦਾ ਸੁਨੇਹਾ ਦਿੱਤਾ।ਜਾਣਕਾਰੀ ਦਿੰਦਿਆਂ ਜੋ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਦੇ ਅਹੁਦੇਦਾਰ ਨਿਤਿਨ ਕਾਲੜਾ ਤੇ ਪ੍ਰਵੀਨ ਮਦਾਨ ਨੇ ਦੱਸਿਆ ਕਿ ਅਨਮੋਲ ਆਪਣੇ 18ਵੇਂ ਜਨਮ ਦਿਨ ਦੀ ਖ਼ੁਸ਼ੀ ਮਨਾ ਰਹੇ ਸਨ।ਇਸ ਦੌਰਾਨ ਉਨ੍ਹਾਂ ਨੂੰ ਪਤਾ ਲੱਗਿਆ ਕਿ ਇੱਕ ਐਮਰਜੈਂਸੀ ਮਰੀਜ਼ ਨੂੰ ਨੈਗੇਟਿਵ ਗਰੁੱਪ ਦੇ ਖ਼ੂਨ ਦੀ ਲੋੜ ਹੈ।ਉਨ੍ਹਾਂ ਤੁਰੰਤ ਜੋ ਬਾਬੇ ਦੀ ਬਲੱਡ ਸੇਵਾ ਸੋਸਾਇਟੀ ਨਾਲ ਸੰਪਰਕ ਕੀਤਾ ਤੇ ਬਲੱਡ ਬੈਂਕ ਪਹੁੰਚ ਕੇ ਖ਼ੂਨ ਦਾਨ ਕੀਤਾ।ਇਸ ਤੋਂ ਇਲਾਵਾ ਥੈਲੇਸੀਮੀਆ ਪੀੜਤ ਬੱਚਿਆਂ ਲਈ ਸੁਨੀਲ ਬਾਂਸਲ ਤੇ ਚਰਨਜੀਤ ਭੇਟ ਉਰਫ਼ ਬੀ ਸੀ ਨੇ ਖ਼ੂਨਦਾਨ ਕੀਤਾ।

## ਸਪਰਿੰਗ ਡਿਊ ਪਬਲਿਕ ਸਕੂਲ ਵੱਲੋਂ ਮਿਸ਼ਨ ਹਰਿਆਵਲ ਤਹਿਤ ਰੁੱਖ ਲਗਾਉਣ ਦੀ ਸ਼ੁਰੂਆਤ



ਜਗਰਾਉਂ (ਅਮਿਤ ਖੰਨਾ)-ਵਾਤਾਵਰਨ ਦੀ ਸੰਭਾਲ ਤੇ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਦੇ ਉਦੇਸ਼ ਨਾਲ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ ਪੰਜਾਬ ਵੱਲੋਂ ਸ਼ੁਰੂ ਕੀਤੇ ਗਏ ਹਰਿਆਲੀ ਮਿਸ਼ਨ 2026-27 ਤਹਿਤ ਸਪ੍ਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਨੇ ਰੁੱਖ ਲਗਾਉਣ ਮੁਹਿੰਮ ਦੀ ਸ਼ੁਰੂਆਤ ਕੀਤੀ।ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਗੀਨਾ ਜੈਦਕਾ ਦੀ ਅਗਵਾਈ ਹੇਠ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸਕੂਲ ਕੈਂਪਸ 'ਚ ਫਲਦਾਰ ਤੇ ਛਾਂਦਾਰ ਪੌਦੇ ਲਗਾ ਕੇ ਵਾਤਾਵਰਨ ਸੁਰੱਖਿਆ ਦਾ ਸੰਦੇਸ਼ ਦਿੱਤਾ।ਇਸ ਮੌਕੇ ਸਕੂਲ ਵੱਲੋਂ ਸਾਲ 2026-27 ਦੌਰਾਨ 1000 ਰੁੱਖ ਲਗਾਉਣ ਦਾ ਟੀਚਾ ਵੀ ਨਿਰਧਾਰਤ ਕੀਤਾ ਗਿਆ।ਪ੍ਰਿੰਸੀਪਲ ਗੀਨਾ ਜੈਦਕਾ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਲਈ ਅਤਿ ਜ਼ਰੂਰੀ ਹਨ।ਵੱਧ ਰਹੇ ਪ੍ਰਦੂਸ਼ਣ ਤੇ ਗਲੋਬਲ ਵਾਰਮਿੰਗ ਨੂੰ ਰੋਕਣ ਲਈ ਹਰ ਵਿਅਕਤੀ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਗਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਕੂਲ ਵਿਦਿਆਰਥੀਆਂ ਵਿੱਚ ਵਾਤਾਵਰਨ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਲਗਾਤਾਰ ਉਪਰਾਲੇ ਕਰਦਾ ਰਹੇਗਾ।ਇਸ ਮੌਕੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਰੁੱਖ ਧਰਤੀ ਦਾ ਅਸਲ ਗਹਿਣਾ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਘਰਾਂ ਤੇ ਆਲੇ-ਦੁਆਲੇ ਦੇ ਖੇਤਰਾਂ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣ ਤੇ ਉਨ੍ਹਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਇਸ ਦੌਰਾਨ ਪੇਰੈਂਟਸ ਮੀਟਿੰਗ ਉਪਰੰਤ ਆਏ ਮਾਪਿਆਂ ਤੇ ਵਿਦਿਆਰਥੀਆਂ ਨੂੰ ਆਪਣੇ ਘਰਾਂ ਤੇ ਆਲੇ ਦੁਆਲੇ ਲਗਾਉਣ ਲਈ ਪੌਦੇ ਵੰਡੇ ਗਏ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜੀਡੈਂਟ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ।

## ਪਾਵਰਕਾਮ ਤੇ ਟਰਾਂਸਕੋ ਪੈਨਸ਼ਨਜ਼ ਯੂਨੀਅਨ 17 ਦੀ ਚੰਡੀਗੜ੍ਹ ਰੈਲੀ 'ਚ ਹੋਵੇਗੀ ਸ਼ਾਮਲ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ, ਹੈੱਡ ਆਫਿਸ ਯੂਨਿਟ ਪਟਿਆਲਾ ਦੀ ਮੀਟਿੰਗ ਅਣਖੀ ਭਵਨ ਫੈਕਟਰੀ ਏਰੀਆ, ਪਟਿਆਲਾ ਵਿਖੇ ਕੀਤੀ ਗਈ।ਮੀਟਿੰਗ ਦੀ ਸ਼ੁਰੂਆਤ ਵਿੱਚ ਸੁਰਿੰਦਰਮੋਹਨ ਸਿੰਘ ਸਾਬਕਾ ਸੀ ਐੱਚ ਡੀ ਤੇ ਸੇਵਾ ਸਿੰਘ ਭੱਟੀ ਸਾਬਕਾ ਡੀ ਐੱਸ ਪੀ ਦੀ ਮੌਤ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਹਾਊਸ ਵੱਲੋਂ ਸ਼ਰਧਾਂਜਲੀ ਦਿੱਤੀ ਗਈ।ਮੀਟਿੰਗ ਨੂੰ ਮਲਕੀਅਤ ਸਿੰਘ ਸਰਪ੍ਰਸਤ, ਮੋਹਨ ਰਾਜ, ਇੰਜ. ਹਰਕੇਸ਼ ਸਿੰਘ, ਇੰਜ. ਹਰਜੀਤ ਸਿੰਘ ਸਕੱਤਰ ਤੇ ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਸੰਬੋਧਨ ਕਰਦਿਆਂ ਚੰਡੀਗੜ੍ਹ ਵਿਖੇ 17.07.26 ਨੂੰ ਮੰਗਾਂ ਸਬੰਧੀ ਮਹਾਂਰੈਲੀ ਨੂੰ ਕਾਮਯਾਬ ਕਰਨ ਲਈ, ਪ੍ਰੋਗਰਾਮ ਬਣਾਇਆ ਤੇ ਮੈਂਬਰਾਂ ਨੇ ਵੱਧ ਚੜ੍ਹ ਕੇ ਸ਼ਮੂਲੀਅਤ ਸੂਲੀ ਹੈਗੀ ਲਈ ਵਿਉਂਤਬੰਦੀ ਬਣਾਈ।ਭਿੰਦਰ ਸਿੰਘ ਚਹਿਲ ਪ੍ਰਧਾਨ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਮੁੱਖ ਤੌਰ ਤੇ ਡੀ ਏ ਦੀਆਂ ਕਿਸ਼ਤਾਂ, 1.1.2016 ਤੋਂ ਪਹਿਲਾਂ ਰਿਟਾਇਰ ਕਰਮਚਾਰੀਆਂ ਨੂੰ 2.59 ਦਾ ਸੁਧਾਈ ਫੈਕਟਰ ਤੇ ਪੰਜਾਬ ਪੱਧਰ ਤੇ ਜੁਆਇੰਟ ਐਕਸ਼ਨ ਕਮੇਟੀ ਵੱਲੋਂ ਦਿੱਤੇ ਮੰਗ-ਪੱਤਰ ਵਿੱਚ ਸ਼ਾਮਲ ਤਮਾਮ ਮੰਗਾਂ ਫੌਰੀ ਮੰਨੀਆਂ ਜਾਣ ਨਹੀਂ ਤਾਂ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾ ਵਿੱਚ ਸਿੱਟੇ ਭੁਗਤਣੇ ਹੋਣਗੇ।ਮੀਟਿੰਗ ਵਿੱਚ ਇੰਜ. ਸੰਤੋਖ ਸਿੰਘ ਸੂਬਾ ਸਲਾਹਕਾਰ, ਗੱਜਣ ਸਿੰਘ ਸੂਬਾ ਮੀਡੀਆ ਇੰਚਾਰਜ, ਗੁਰਮੀਤ ਸਿੰਘ, ਗੁਰਚਰਨ ਸਿੰਘ, ਹਰਬੰਸ ਸਿੰਘ ਟਿਵਾਣਾ, ਮਨਮੋਹਣ ਸਿੰਘ ਸਿੱਧੂ, ਇੰਜ. ਜਗਤਾਰ ਸਿੰਘ, ਮਲਕੀਤ ਸਿੰਘ ਕੌਰਜੀਵਾਲਾ ਤੇ ਹੋਰ ਸੈਂਕੜੇ ਮੈਂਬਰ ਸ਼ਾਮਲ ਹੋਏ।

## ਗਰੇਵਾਲ ਪਰਵਾਰ ਨਾਲ ਦੁੱਖ ਸਾਂਝਾ ਕਰਨ ਪੁੱਜੇ ਪਰਮਿੰਦਰ ਢੀਂਡਸਾ



ਭਵਾਨੀਗੜ੍ਹ (ਰਾਜ ਖੁਰਮੀ)-ਲੋਕ ਸੰਪਰਕ ਵਿਭਾਗ ਦੇ ਸੇਵਾ ਮੁਕਤ ਵਧੀਕ ਡਾਇਰੈਕਟਰ, ਸਟੇਟ ਐਵਾਰਡੀ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਦੀ ਧਰਮਪਤਨੀ ਸਵ. ਸਰਬਜੀਤ ਕੌਰ ਗਰੇਵਾਲ ਦੇ ਅਕਾਲ ਚਲਾਣੇ ਉਪਰੰਤ ਅੱਜ ਉਨ੍ਹਾਂ ਦੇ ਗ੍ਰਹਿ ਵਿਖੇ ਦੁੱਖ ਪ੍ਰਗਟ ਕਰਨ ਲਈ ਸਿਆਸੀ, ਸਮਾਜਿਕ ਤੇ ਧਾਰਮਿਕ ਖੇਤਰ ਨਾਲ ਸੰਬੰਧਤ ਕਈ ਪ੍ਰਮੁੱਖ ਸ਼ਖਸੀਅਤਾਂ ਪੁੱਜੀਆਂ।ਇਸ ਮੌਕੇ ਪੰਜਾਬ ਦੇ ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿੱਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਉਹ ਪਰਵਾਰ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਬਖ਼ਸ਼ਣ।ਉਨ੍ਹਾਂ ਕਿਹਾ ਕਿ ਸਵ. ਸਰਬਜੀਤ ਕੌਰ ਗਰੇਵਾਲ ਦਾ ਸਾਦਾ, ਸੇਵਾਭਾਵੀ ਤੇ ਮਿਲਣਸਾਰ ਸੁਭਾਅ ਹਮੇਸ਼ਾ ਯਾਦ ਰੱਖਿਆ ਜਾਵੇਗਾ।ਇਸ ਮੌਕੇ ਸਾਬਕਾ ਸੰਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ, ਐੱਸ.ਜੀ.ਪੀ.ਸੀ. ਮੈਂਬਰ ਮਲਕੀਤ ਸਿੰਘ ਚੰਗਾਲ, ਅਕਾਲ ਕੌਂਸਲ ਦੇ ਸਕੱਤਰ ਜਸਵੰਤ ਸਿੰਘ ਖਹਿਰਾ, ਜਗਜੀਤ ਸਿੰਘ ਮੈਨੇਜਰ, ਕੇਵਲ ਸਿੰਘ ਜਲਾਣ (ਐੱਮ.ਡੀ. ਕੇਟੀ ਰੋਇਲ), ਰਿਪੁਦਮਨ ਸਿੰਘ ਢਿੱਲੋਂ, ਧਨਮਿੰਦਰ ਸਿੰਘ ਭੱਟੀਵਾਲ, ਗੁਰਤੇਜ ਸਿੰਘ ਝਨੇੜੀ, ਸਾਬਕਾ ਪ੍ਰਧਾਨ ਕੁਲਵੰਤ ਸਿੰਘ ਗਹਿਲਾਂ, ਸਾਬਕਾ ਚੇਅਰਮੈਨ ਕੁਲਵੰਤ ਸਿੰਘ ਜੌਲੀਆਂ, ਇੰਦਰਜੀਤ ਸਿੰਘ ਤੂਰ, ਜਗਦੀਸ਼ ਸਿੰਘ ਬਲਿਆਲ, ਨਿਹਾਲ ਸਿੰਘ ਨੰਦਗੜ੍ਹ, ਅਮਰਜੀਤ ਸਿੰਘ ਨਰੈਣਗੜ੍ਹ, ਸਤਨਾਮ ਸਿੰਘ ਖੱਟੜਾ, ਮਨਜੀਤ ਸਿੰਘ ਕੁੱਕੀ ਕੋਚ, ਐਡਵੋਕੇਟ ਗੁਰਤੇਜ ਸਿੰਘ ਗਰੇਵਾਲ, ਪ੍ਰੋ. ਸੁਖਜੀਤ ਸਿੰਘ ਘੁੰਮਣ ਤੇ ਗਗਨ ਚਹਿਲ ਸਮੇਤ ਹੋਰ ਪਤਵੰਤੇ ਸੱਜਣਾਂ ਨੇ ਵੀ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।

## ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼ੰਟੀ ਵੱਲੋਂ ਖੁੱਲ੍ਹਾ ਸੁਣਵਾਈ ਕੈਂਪ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੰਜਾਬ ਰਾਜ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਖੁੱਲ੍ਹੀ ਸੁਣਵਾਈ ਕੈਂਪ ਲਗਾਇਆ।ਇਸ ਦੌਰਾਨ ਉਨ੍ਹਾਂ ਕਮਿਸ਼ਨ ਦੇ ਮੁੱਖ ਉਦੇਸ਼ ਮਨੁੱਖੀ ਅਧਿਕਾਰਾਂ ਦੀ ਸੁਰੱਖਿਆ, ਜਾਗਰੂਕਤਾ ਅਤੇ ਪੀੜਤਾਂ ਨੂੰ ਸਮੇਂ ਸਿਰ ਨਿਆਂ ਦਿਵਾਉਣ ਦੇ ਮੰਤਵ ਨਾਲ ਕਮਿਸ਼ਨ ਦੀ ਪਹੁੰਚ ਰਾਜ ਦੇ ਹਰ ਘਰ ਤੱਕ ਬਣਾਏ ਜਾਣ ਦਾ ਦਾਅਵਾ ਕੀਤਾ।ਇਸ ਦੌਰਾਨ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤਾਂ ਦੇ ਤੁਰੰਤ ਨਿਪਟਾਰੇ ਲਈ ਕਮਿਸ਼ਨ ਦਾ ਵਟਸਐਪ ਨੰਬਰ 9855475547 ਜਾਰੀ ਕਰਦਿਆਂ ਉਹਨਾਂ ਕਿਹਾ ਕਿ ਕੋਈ ਵੀ ਵਿਅਕਤੀ ਲਿਖਤੀ ਸ਼ਿਕਾਇਤ ਇਸ ਨੰਬਰ 'ਤੇ ਭੇਜ ਸਕਦਾ ਹੈ, ਜਿਸ 'ਤੇ ਦੋ ਦਿਨਾਂ ਦੇ ਅੰਦਰ ਕਾਰਵਾਈ ਸ਼ੁਰੂ ਕੀਤੀ ਜਾਵੇਗੀ।ਕੈਂਪ ਦੌਰਾਨ ਪਦਮਸ਼੍ਰੀ ਸ਼ੰਟੀ ਨੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਵਿਸਥਾਰਪੂਰਵਕ ਮੀਟਿੰਗ ਕਰਕੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਮੁੱਦਿਆਂ 'ਤੇ ਚਰਚਾ ਕੀਤੀ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਵੀ ਸੁਣੀਆਂ। ਇਸ ਕੈਂਪ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਦਮਨਜੀਤ ਸਿੰਘ ਮਾਨ, ਐਸ ਡੀ ਐਮ ਪਾਤੜਾਂ ਕਾਲਾ ਰਾਮ ਕਾਂਸਲ, ਸਿਵਲ ਸਰਜਨ ਡਾ ਸ਼ੈਲੀ ਜੇਟਲੀ, ਐਸ ਪੀ ਜਸਬੀਰ ਸਿੰਘ, ਡੀ ਐੱਸ ਪੀ ਪਾਤੜਾਂ ਗੁਰਦੀਪ ਸਿੰਘ, ਤਹਿਸੀਲਦਾਰ ਹਰਸਿਮਰਨ ਸਿੰਘ ਤੋਂ ਇਲਾਵਾ ਪੁਲਿਸ ਵਿਭਾਗ, ਸਮਾਜਿਕ ਸੁਰੱਖਿਆ, ਫੂਡ ਸਪਲਾਈ ਅਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਵੱਖ-ਵੱਖ ਗੈਰ ਸਰਕਾਰੀ ਸੰਗਠਨਾਂ ਦੇ ਨੁਮਾਇੰਦੇ ਮੌਜੂਦ ਸਨ।

## ਪਰਮਿੰਦਰ ਸਿੰਘ ਢੀਂਡਸਾ ਨੇ ਕੀਤਾ ਦੁੱਖ ਸਾਂਝਾ



ਚੀਮਾ ਮੰਡੀ (ਰਵਿੰਦਰ ਚੀਮਾ)-ਪਰਮਿੰਦਰ ਸਿੰਘ ਢੀਂਡਸਾ ਸਾਬਕਾ ਖਜ਼ਾਨਾ ਮੰਤਰੀ ਨੇ ਪਿੰਡ ਤੋਲਾਵਾਲ ਵਿਖੇ ਪਹੁੰਚ ਕੇ ਚਮਕੌਰ ਸਿੰਘ ਚੇਅਰਮੈਨ ਆਕਸਫੋਰਡ ਪਬਲਿਕ ਸਕੂਲ ਨਾਲ ਦੁੱਖ ਸਾਂਝਾ ਕੀਤਾ ਕਿਉਂਕਿ ਪਿਛਲੇ ਦਿਨੀ ਉਹਨਾਂ ਦੇ ਪਿਤਾ ਸਰਦਾਰ ਮੱਘਰ ਸਿੰਘ ਅਕਾਲ ਚਲਾਣਾ ਕਰ ਗਏ ਸਨ। ਇਸ ਮੌਕੇ ਉਹਨਾਂ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ ਅਤੇ ਉਹਨਾਂ ਨੂੰ ਦੁੱਖ ਦੀ ਘੜੀ ਵਿੱਚੋਂ ਬਾਹਰ ਨਿਕਲਣ ਲਈ ਹੌਸਲਾ ਦਿੱਤਾ। ਇਸ ਮੌਕੇ ਨਿਰਮਲ ਸਿੰਘ ਸਾਬਕਾ ਸਰਪੰਚ, ਜਗਰਾਜ ਸਿੰਘ ਸੀਨੀਅਰ ਅਕਾਲੀ ਆਗੂ, ਅਜੈਬ ਸਿੰਘ ਸੀਨੀਅਰ ਅਕਾਲੀ ਆਗੂ, ਬਘੇਰਾ ਸਿੰਘ ਨੰਬਰਦਾਰ, ਸਤਪਾਲ ਧਨੋਆ, ਬਲਜਿੰਦਰ ਵਾਤਸ ਅਤੇ ਤੇਜਾ ਸਿੰਘ ਆਦਿ ਹਾਜ਼ਰ ਸਨ।

# 55 ਕਰੋੜ ਦੀ ਹੈਰੋਇਨ ਬਰਾਮਦ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਰਹੱਦੀ ਇਲਾਕੇ ਵਿੱਚ ਨਸ਼ਾ ਤਸਕਰੀ ਵਿਰੁੱਧ ਚੱਲ ਰਹੀ ਮੁਹਿੰਮ ਨੂੰ ਉਸ ਵੇਲੇ ਵੱਡੀ ਸਫਲਤਾ ਮਿਲੀ ਜਦੋਂ ਵਲਟੋਹਾ ਪੁਲਸ ਨੇ ਬੀਐੱਸਐੱਫ ਦੇ ਜਵਾਨਾਂ ਨਾਲ ਸਾਂਝੇ ਆਪ੍ਰੇਸ਼ਨ ਦੌਰਾਨ ਡਰੋਨ ਰਾਹੀਂ ਪਾਕਿਸਤਾਨ ਤੋਂ ਭਾਰਤੀ ਖੇਤਰ ਵਿੱਚ ਸੁੱਟੀ ਗਈ ਕਰੀਬ 11 ਕਿਲੋ ਹੈਰੋਇਨ ਬਰਾਮਦ ਕਰ ਲਈ ਹੈ ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਲਗਭਗ 55 ਕਰੋੜ ਰੁਪਏ ਦੱਸੀ ਜਾ ਰਹੀ ਹੈ।

ਸੂਤਰਾਂ ਪਾਸੋਂ ਪ੍ਰਾਪਤ ਜਾਣਕਾਰੀ ਅਨੁਸਾਰ ਬੀਤੀ ਦੇਰ ਰਾਤ ਥਾਣਾ ਵਲਟੋਹਾ ਦੀ ਪੁਲਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਪਿੰਡ ਲਾਖਣਾ ਦੇ ਰਹਿਣ ਵਾਲੇ ਜਸਵਿੰਦਰ ਸਿੰਘ ਪੁੱਤਰ ਬਲੀ ਸਿੰਘ ਦੀਆਂ ਬਹਿਕਾਂ ਨੇੜੇ ਪਾਕਿਸਤਾਨ ਵੱਲੋਂ ਡਰੋਨ ਰਾਹੀਂ ਸ਼ੱਕੀ ਪੈਕਟ ਸੁੱਟੇ ਗਏ ਹਨ। ਸੂਚਨਾ ਮਿਲਦੇ ਹੀ ਥਾਣਾ ਮੁਖੀ ਸਬ-ਇੰਸਪੈਕਟਰ ਵਿਪਨ ਕੁਮਾਰ ਨੇ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਬੀਐੱਸਐੱਫ ਦੇ ਜਵਾਨਾਂ ਨਾਲ ਸਾਂਝਾ ਤਲਾਸ਼ੀ ਅਭਿਆਨ ਸ਼ੁਰੂ ਕੀਤਾ।ਤਲਾਸ਼ੀ ਦੌਰਾਨ ਖੇਤਾਂ ਵਿੱਚੋਂ ਇੱਕ ਪਲਾਸਟਿਕ ਦਾ ਬੋਰਾ ਅਤੇ ਕੁਝ ਖੁੱਲ੍ਹੇ ਪੈਕੇਟ ਬਰਾਮਦ ਹੋਏ।ਜਦੋਂ ਇਨ੍ਹਾਂ ਪੈਕੇਟਾਂ ਦੀ ਜਾਂਚ ਅਤੇ ਤੋਲ ਕੀਤੀ ਗਈ ਤਾਂ ਉਨ੍ਹਾਂ ਵਿੱਚੋਂ ਕੁੱਲ 10 ਕਿਲੋ 900 ਗ੍ਰਾਮ ਹੈਰੋਇਨ ਮਿਲੀ।ਪੁਲਸ ਨੇ ਤੁਰੰਤ ਨਸ਼ੀਲੇ ਪਦਾਰਥ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਸਬੂਤ ਇਕੱਠੇ ਕੀਤੇ ਅਤੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ।

ਇਸ ਮਾਮਲੇ ਵਿੱਚ ਥਾਣਾ ਵਲਟੋਹਾ ਵਿਖੇ ਅਣਪਛਾਤੇ ਨਸ਼ਾ ਤਸਕਰਾਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ।ਜਾਂਚ ਏਜੰਸੀਆਂ ਇਹ ਪਤਾ ਲਗਾਉਣ ਵਿੱਚ ਜੁਟੀਆਂ ਹਨ ਕਿ ਇਹ ਖੇਪ ਕਿਸ ਲਈ ਭੇਜੀ ਗਈ ਸੀ ਅਤੇ ਇਸ ਦੇ ਪਿੱਛੇ ਕਿਹੜਾ ਤਸਕਰੀ ਨੈੱਟਵਰਕ ਸਰਗਰਮ ਹੈ।ਨਾਲ ਹੀ ਡਰੋਨ ਦੇ ਰੂਟ ਅਤੇ ਇਸ ਨਾਲ ਜੁੜੇ ਹੋਰ ਸਬੂਤਾਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ।

# ਝੂਠੇ ਵੀਜ਼ੇ ਤੇ ਨਕਲੀ ਆਫਰ ਲੈਟਰ ਦੇਣ ਵਾਲਿਆਂ ਬਾਰੇ ਜਾਣਕਾਰੀ ਦਿੱਤੀ ਜਾਵੇ : ਸ਼ੰਟੀ



ਨਾਭਾ/ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਰਾਜ ਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ (ਪੀ.ਐੱਸ.ਐੱਚ.ਆਰ.ਸੀ.) ਦੇ ਮੈਂਬਰ ਪਦਮ ਸ੍ਰੀ ਜਤਿੰਦਰ ਸਿੰਘ ਸ਼ੰਟੀ ਨੇ ਸ਼ਨੀਵਾਰ ਨੂੰ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਲਈ ਖੁੱਲ੍ਹੀ ਸੁਣਵਾਈ ਲਈ ਕੈਂਪ ਦਾ ਆਯੋਜਨ ਕੀਤਾ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਵੱਡੀ ਗਿਣਤੀ ਵਿੱਚ ਆਮ ਲੋਕਾਂ ਨੇ ਹਿੱਸਾ ਲਿਆ।ਸਮਾਗਮ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਦਾ ਮੁੱਖ ਉਦੇਸ਼ ਹਰ ਨਾਗਰਿਕ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨੀ ਅਤੇ ਪੀੜਤਾਂ ਨੂੰ ਸਮੇਂ ਸਿਰ ਨਿਆਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਆਪਣੀ ਪਹੁੰਚ ਨੂੰ ਰਾਜ ਦੇ ਹਰ ਘਰ ਤੱਕ ਲੈ ਕੇ ਜਾਣ ਲਈ ਲਗਾਤਾਰ ਯਤਨਸ਼ੀਲ ਹੈ ਤਾਂ ਜੋ ਕੋਈ ਵੀ ਵਿਅਕਤੀ ਆਪਣੇ ਅਧਿਕਾਰਾਂ ਤੋਂ ਵਾਂਝਾ ਨਾ ਰਹੇ। ਪਦਮਸ਼੍ਰੀ ਸ਼ੰਟੀ ਨੇ ਝੂਠੇ ਵੀਜ਼ਿਆਂ, ਨਕਲੀ ਆਫਰ ਲੈਟਰਾਂ, ਜਾਅਲੀ ਵਿਆਹਾਂ ਅਤੇ ਵਿਦੇਸ਼ ਭੇਜਣ ਦੇ ਨਾਮ 'ਤੇ ਲੋਕਾਂ ਨਾਲ ਧੋਖਾਧੜੀ ਕਰਨ ਵਾਲੇ ਗਿਰੋਹਾਂ ਖ਼ਿਲਾਫ਼ ਸਖ਼ਤ ਰੁਖ ਅਪਣਾਉਣ ਦੀ ਗੱਲ ਕਰਦਿਆਂ ਕਿਹਾ ਕਿ ਅਜਿਹੇ ਠੱਗਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਵਿਰੁੱਧ ਕਾਨੂੰਨੀ ਕਾਰਵਾਈ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਨਾਭਾ ਪ੍ਰਸ਼ਾਸਨ ਵੱਲੋਂ ਲੋਕ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕਰਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਹੋਰ ਵੀ ਸੰਵੇਦਨਸ਼ੀਲ ਅਤੇ ਚੌਕਸ ਹੋਣ। ਇਸ ਦੇ ਨਾਲ ਹੀ ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਅਤੇ ਐਨ.ਜੀ.ਓਜ਼ ਦੀ ਭੂਮਿਕਾ ਦੀ ਭਰਪੂਰ ਪ੍ਰਸ਼ੰਸਾ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਅਜਿਹੀਆਂ ਸੰਸਥਾਵਾਂ ਨਾਲ ਤਾਲਮੇਲ ਬਣਾ ਕੇ ਸਮਾਜ ਸੇਵਾ ਦੇ ਕਾਰਜਾਂ ਨੂੰ ਹੋਰ ਮਜ਼ਬੂਤ ਕਰਨ ਲਈ ਕਿਹਾ । ਇਸ ਮੌਕੇ ਉਨ੍ਹਾਂ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਨਾਲ ਵਿਸਥਾਰਪੂਰਵਕ ਮੀਟਿੰਗ ਕਰਕੇ ਮਨੁੱਖੀ ਅਧਿਕਾਰਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਅਤੇ ਮੌਕੇ 'ਤੇ ਪਹੁੰਚੇ ਲੋਕਾਂ ਦੀਆਂ ਸ਼ਿਕਾਇਤਾਂ ਸੁਣ ਕੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਦੇ ਨਿਰਦੇਸ਼ ਵੀ ਦਿੱਤੇ। ਸਮਾਗਮ ਦੌਰਾਨ ਐਸ.ਡੀ.ਐਮ. ਏ.ਪੀ.ਐਸ. ਸੋਮਲ, ਈ.ਓ. ਗੁਰਚਰਨ ਸਿੰਘ, ਡੀ.ਐਸ.ਪੀ. ਗੁਰਿੰਦਰ ਸਿੰਘ ਬੱਲ, ਡੀ.ਐਸ.ਪੀ. ਜੇਲ੍ਹ ਹਰਪ੍ਰੀਤ ਸਿੰਘ, ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ, ਬੀ.ਡੀ.ਪੀ.ਓ., ਡਾਇਟ ਦੇ ਪ੍ਰਿੰਸੀਪਲ ਸੰਦੀਪ ਨਾਗਰ, ਕੋਰ ਗਰੁੱਪਾਂ ਦੇ ਮੈਂਬਰਾਂ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਵੀ ਹਾਜ਼ਰ ਸਨ।

# ਲੁੱਟ-ਖੋਹ ਦੇ ਮਾਮਲੇ 'ਚ ਤਿੰਨ ਨੌਜਵਾਨ ਕਾਬੂ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਸਥਾਨਕ ਪੁਲਸ ਨੇ ਕਾਰ ਸਵਾਰ ਤਿੰਨ ਝਪਟਮਾਰਾਂ ਨੂੰ ਕਾਰ ਸਮੇਤ ਕਾਬੂ ਕੀਤਾ ਹੈ। ਥਾਣਾ ਤਲਵਾੜਾ ਮੁਖੀ ਸਤਪਾਲ ਸਿੰਘ ਜਲੋਟਾ ਨੇ ਦਸਿਆ ਕਿ ਪੁਲਸ ਨੇ ਔਰਤਾਂ ਨੂੰ ਘੇਰ ਕੇ ਲੁੱਟ ਖੋਹ ਕਰਨ ਦੇ ਮਾਮਲੇ 'ਚ ਨਾਮਜ਼ਦ ਚਾਰ ਵਿੱਚੋਂ ਤਿੰਨ ਵਿਅਕਤੀਆਂ ਨੂੰ ਵਾਰਦਾਤ 'ਚ ਸ਼ਾਮਲ ਵਾਹਨ ਸਮੇਤ ਕਾਬੂ ਕੀਤਾ ਹੈ।

ਉਨ੍ਹਾਂ ਦਸਿਆ ਕਿ ਕਾਰ ਸਵਾਰ ਚਾਰ ਨੌਜਵਾਨ ਲੁਟੇਰੇ ਬੀਤੀ 7 ਤਰੀਕ ਨੂੰ ਪਿੰਡ ਭਟੋਲੀ ਨੇੜੇ ਕੰਢੀ ਨਹਿਰ ਕੋਲ ਰਾਹ ਜਾਂਦੀ ਇੱਕ ਬਜ਼ੁਰਗ ਔਰਤ ਦੇ ਕੰਨਾਂ ਦੀਆਂ ਵਾਲੀਆਂ ਖੋਹ ਕੇ ਫਰਾਰ ਹੋ ਗਏ ਸਨ, ਜੋ ਕਿ ਥਾਣਾ ਤਲਵਾੜਾ ਵਿਖੇ ਦਰਜ ਮਾਮਲੇ 'ਚ ਲੋੜੀਂਦੇ ਸਨ। ਜਾਂਚ ਅਧਿਕਾਰੀ ਏ ਐੱਸ ਆਈ ਸਿਕੰਦਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਬੀਤੇ ਦਿਨ ਬਲਬੀਰ ਸਿੰਘ (ਬਬਲੂ) ਪੁੱਤਰ ਪਰਮਜੀਤ ਸਿੰਘ ਵਾਸੀ ਖੁੱਡਾ ਥਾਣਾ ਟਾਂਡਾ, ਸੁਮੀਰ ਪੁੱਤਰ ਸੰਗੀਤਪਾਲ ਵਾਸੀ ਖੁਣ ਖੁਣ ਕਲਾ ਥਾਣਾ ਟਾਂਡਾ ਅਤੇ ਪ੍ਰੇਮ ਸਾਗਰ (ਸਾਗਰ) ਪੁੱਤਰ ਪਰਮਜੀਤ ਸਿੰਘ ਵਾਸੀ ਕੁਮਪੁਰ ਥਾਣਾ ਗੜ੍ਹਦੀਵਾਲਾ ਨੇ ਵਾਰਦਾਤ 'ਚ ਸ਼ਾਮਲ ਕਾਰ ਸਮੇਤ ਤੇ ਸੋਨੇ ਦੀਆਂ ਖੋਹ ਕੀਤੀਆਂ ਵਾਲੀਆਂ ਨੂੰ ਵੇਚ ਕੇ ਹਾਸਲ ਕੀਤੀ ਰਕਮ ਸਮੇਤ ਕਾਬੂ ਕੀਤਾ ਹੈ।

ਪੁਲਸ ਦੀ ਜਾਂਚ ਵਿਚ ਅਰੋਪੀਆਂ ਨੇ ਲੰਘੀ 7 ਤਰੀਕ ਪਿੰਡ ਜੰਡੋਰ ਵਿਖੇ ਰਸਤੇ 'ਚ ਐਕਟਿਵਾ ਸਵਾਰ ਇੱਕ ਵਿਅਕਤੀ ਅਤੇ ਔਰਤ ਨੂੰ ਘੇਰ ਕੇ ਸੋਨੇ ਦੀਆਂ ਕੰਨਾਂ ਦੀਆਂ ਵਾਲੀਆਂ ਅਤੇ 15 ਹਜ਼ਾਰ ਰੁਪਏ ਨਗਦੀ ਖੋਹਣ, ਉਸੇ ਦਿਨ ਪਿੰਡ ਘੋਗਰਾ ਅੱਡੇ 'ਤੇ ਇੱਕ ਔਰਤ ਦੀਆਂ ਵਾਲੀਆਂ ਖੋਹਣ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦੇਣ ਦੇ ਜੁਰਮ ਕਬੂਲ ਕੀਤੇ ਹਨ।

# ਅਸ਼ੋਕ ਬਾਂਸਲ ਦੀ ਪੁਸਤਕ 'ਲੱਭ ਜਾਣਗੇ ਲਾਲ ਗਵਾਚੇ' 'ਤੇ ਗੋਸ਼ਟੀ



ਮਾਨਸਾ (ਆਤਮਾ ਸਿੰਘ ਪਮਾਰ)-ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਮਾਨਸਾ ਵੱਲੋਂ ਪੰਜਾਬੀ ਸਾਹਿਤ ਅਕੈਡਮੀ ਲੁਧਿਆਣਾ ਦੇ ਸਹਿਯੋਗ ਨਾਲ ਮਾਨਸਾ ਸ਼ਹਿਰ ਤੋਂ ਲੋਕਗੀਤਾਂ ਦੇ ਖ਼ੋਜੀ ਅਸ਼ੋਕ ਬਾਂਸਲ ਦੀ ਪੁਸਤਕ 'ਲੱਭ ਜਾਣਗੇ ਲਾਲ ਗਵਾਚੇ' 'ਤੇ ਸਥਾਨਕ ਬੱਚਤ ਭਵਨ ਵਿਖੇ ਇੱਕ ਵਿਚਾਰ-ਗੋਸ਼ਟੀ ਕੀਤੀ ਗਈ।ਗੋਸ਼ਟੀ 'ਚ ਸੰਵਾਦ ਦਾ ਆਗਾਜ਼ ਕਰਦਿਆਂ ਉੱਘੇ ਨਾਟਕਕਾਰ ਤੇ ਚਿੰਤਕ ਡਾ. ਕੁਲਦੀਪ ਸਿੰਘ ਦੀਪ ਨੇ ਕਿਹਾ ਕਿ ਪ੍ਰਗਤੀਸ਼ੀਲ ਲੇਖਕ ਸੰਘ ਦਾ 90 ਸਾਲਾ ਇਤਿਹਾਸ ਇਸ ਗੱਲ ਦਾ ਗਵਾਹ ਹੈ ਕਿ ਇਸ ਸੰਸਥਾ ਨੇ ਹਰ ਦੌਰ 'ਚ ਅਦਬ, ਕਲਾ ਤੇ ਸਮਾਜ ਦੇ ਅਹਿਮ ਮਸਲਿਆਂ 'ਤੇ ਸੰਵਾਦ ਰਚਾਇਆ ਹੈ ਤੇ ਇਹ ਸਮਾਗਮ ਵੀ ਉਸ ਕੜੀ ਦਾ ਹਿੱਸਾ ਹੈ, ਕਿਉਂਕਿ ਅਸ਼ੋਕ ਬਾਂਸਲ ਦੀ ਇਹ ਪੁਸਤਕ ਚੜ੍ਹਦੇ ਤੇ ਲਹਿੰਦੇ ਪੰਜਾਬ ਵਿਚਕਾਰ ਇੱਕ ਪੁਲ ਦਾ ਕੰਮ ਕਰਦੀ ਹੈ ਤੇ ਸਾਡੀ ਗੀਤਕਾਰੀ ਦੀ ਪ੍ਰਿਥਾ 'ਚੋਂ ਗੁੰਮ ਹੋ ਚੁੱਕੇ ਅਨਮੁੱਲੇ ਗੀਤਕਾਰਾਂ ਨੂੰ ਹਾਸ਼ੀਏ ਤੋਂ ਚੁੱਕ ਕੇ ਮੁੜ ਕੇਂਦਰ 'ਚ ਲਿਆ ਖੜ੍ਹਾ ਕਰਦੀ ਹੈ।ਗੁਰੂ ਨਾਨਕ ਕਾਲਜ ਬੁਢਲਾਡਾ ਦੇ ਪ੍ਰੋਫੈਸਰ ਗੁਰਦੀਪ ਸਿੰਘ ਢਿੱਲੋਂ ਨੇ ਪੁਸਤਕ 'ਤੇ ਚਰਚਾ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਇਸ ਪੁਸਤਕ ਦੀ ਪਹਿਲੀ ਵੱਡੀ ਪ੍ਰਾਪਤੀ ਹੀ ਇਹ ਹੈ ਕਿ ਇਹ ਲਹਿੰਦੇ ਪੰਜਾਬ ਦੇ ਗੀਤਕਾਰਾਂ ਬਾਰੇ ਅਜਿਹੀਆਂ ਭਰੋਸੇਯੋਗ ਸੂਚਨਾਵਾਂ ਮੁਹੱਈਆ ਕਰਦੀ ਹੈ, ਜੋ ਅਜੇ ਤੱਕ ਸਾਡੇ ਕੋਲ ਉਪਲੱਬਧ ਨਹੀਂ ਸਨ।ਦੂਜੀ ਮਹੱਤਵਪੂਰਨ ਗੱਲ ਇਹ ਹੈ ਕਿ ਪੁਸਤਕ ਦਾ ਲੇਖਕ ਪੂਰੀ ਪੁਸਤਕ ਦੌਰਾਨ ਕਿਤੇ ਵੀ ਧਿਰ ਨਹੀਂ ਬਣਦਾ, ਸਗੋਂ ਆਪਣੀ ਗੱਲ ਤੱਥ ਅਧਾਰਤ ਰੱਖਦਾ ਹੈ।

ਪੁਸਤਕ 'ਤੇ ਚਰਚਾ ਕਰਨ ਵਾਲੇ ਦੂਸਰੇ ਬੁਲਾਰੇ ਤੇ ਗੀਤਕਾਰ ਮਨਪ੍ਰੀਤ ਸਿੰਘ ਟਿਵਾਣਾ ਨੇ ਸਮਾਜ 'ਚ ਗੀਤਕਾਰਾਂ ਦੀ ਅਣਗੌਲੀ ਸਥਿਤੀ ਤੇ ਉਸ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਸਾਡੀ ਬਦਕਿਸਮਤੀ ਹੈ ਕਿ ਪੰਜਾਬੀ ਗੀਤਕਾਰੀ ਦਾ ਇੱਕ ਵੱਡਾ ਹਿੱਸਾ ਅਜੇ ਵੀ ਸਾਹਿਤ ਦੇ ਇਤਿਹਾਸ ਦਾ ਹਿੱਸਾ ਨਹੀਂ ਬਣ ਸਕਿਆ।ਇਸ ਨੂੰ ਸਾਹਿਤਕ ਹਲਕਿਆਂ 'ਚ ਉਸ ਮਾਣ-ਸਨਮਾਨ ਨਾਲ ਉਸ ਤਰ੍ਹਾਂ ਪ੍ਰਵਾਨ ਨਹੀਂ ਕੀਤਾ ਗਿਆ, ਜਿਸ ਤਰ੍ਹਾਂ ਨਾਲ ਅੰਮ੍ਰਿਤਾ ਪ੍ਰੀਤਮ, ਸ਼ਿਵ ਕੁਮਾਰ ਬਟਾਲਵੀ ਤੇ ਸੰਤ ਰਾਮ ਉਦਾਸੀ ਦੀ ਗੀਤਕਾਰੀ ਨੂੰ ਪ੍ਰਵਾਨਗੀ ਮਿਲੀ ਹੈ।ਵਿਸ਼ੇਸ਼ ਮਹਿਮਾਨ ਭਿੰਦਰ ਡੱਬਵਾਲੀ ਨੇ ਕਿਹਾ ਕਿ ਅਸ਼ੋਕ ਬਾਂਸਲ ਨੇ ਉਹ ਕੰਮ ਕਰ ਦਿਖਾਇਆ ਹੈ, ਜੋ ਅਜੇ ਤੱਕ ਵੱਡੀਆਂ ਅਕਾਦਮੀਆਂ, ਭਾਸ਼ਾ ਵਿਭਾਗ ਤੇ ਯੂਨੀਵਰਸਿਟੀਆਂ ਦੇ ਪੰਜਾਬੀ ਵਿਭਾਗ ਵੀ ਨਹੀਂ ਕਰ ਸਕੇ।ਦੂਜੇ ਵਿਸ਼ੇਸ਼ ਮਹਿਮਾਨ ਤੇ ਸੇਵਾ ਮੁਕਤ ਪੁਲਿਸ ਅਧਿਕਾਰੀ ਬਲਜੀਤ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬੀ ਸਮਾਜ 'ਚ ਵਧ ਰਹੀ ਹਿੰਸਾ ਦਾ ਇੱਕ ਕਾਰਨ ਇਹ ਵੀ ਹੈ ਕਿ ਗੀਤਾਂ ਵਰਗੀ ਸੰਵੇਦਨਸ਼ੀਲ ਕਲਾ ਨੂੰ ਨਾ ਤਾਂ ਉਸ ਰੂਪ 'ਚ ਪੇਸ਼ ਕੀਤਾ ਗਿਆ ਹੈ, ਜਿਸ 'ਚ ਇਹ ਮਨੁੱਖ ਨੂੰ ਸਕੂਨ ਤੇ ਸੰਵੇਦਨਾ ਪ੍ਰਦਾਨ ਕਰਦੀ ਹੈ ਅਤੇ ਨਾ ਹੀ ਇਸ ਵਿਰਾਸਤ ਨੂੰ ਠੀਕ ਢੰਗ ਨਾਲ ਸੰਭਾਲਿਆ ਹੀ ਗਿਆ ਹੈ। ਸਮਾਗਮ ਦੇ ਮੁੱਖ ਬੁਲਾਰੇ ਪ੍ਰੋਫੈਸਰ ਸੁਖਦੇਵ ਸਿੰਘ ਸਿਰਸਾ ਨੇ ਵੱਖ-ਵੱਖ ਕਲਾ-ਖੋਜੀਆਂ ਦੇ ਹਵਾਲਿਆਂ ਨਾਲ ਕਿਹਾ ਕਿ ਖ਼ੋਜ ਇੱਕ ਸਾਧਨਾ ਹੈ, ਜਿਸ 'ਚ ਖ਼ੋਜੀ ਦੇ ਅੰਦਰ ਲਗਾਤਾਰ ਬੇਚੈਨੀ ਬਣੀ ਰਹਿੰਦੀ ਹੈ ਤੇ ਉਹ ਵਾਰ-ਵਾਰ ਤੱਥਾਂ ਦੀ ਤਸਦੀਕ ਕਰਦਾ ਹੈ।ਉਨ੍ਹਾਂ ਕਿਹਾ ਕਿ ਅਸ਼ੋਕ ਬਾਂਸਲ ਨੇ ਆਪਣੀ ਇਸ ਪੁਸਤਕ ਰਾਹੀਂ ਲਹਿੰਦੇ ਪੰਜਾਬ ਦੇ ਦਸ ਮਹੱਤਵਪੂਰਨ ਗੀਤਕਾਰਾਂ ਬਾਰੇ ਅਜਿਹੇ ਤੱਥ ਇਕੱਠੇ ਕੀਤੇ ਹਨ, ਜੋ ਨਾ ਲਹਿੰਦੇ ਪੰਜਾਬ 'ਚ ਜਨਤਕ ਤੌਰ 'ਤੇ ਉਪਲਬਧ ਸਨ ਤੇ ਨਾ ਹੀ ਚੜ੍ਹਦੇ ਪੰਜਾਬ 'ਚ।ਇਸੇ ਨੂੰ ਪੁਸਤਕ ਦੀ ਸਭ ਤੋਂ ਵੱਡੀ ਪ੍ਰਾਪਤੀ ਕਿਹਾ ਜਾ ਸਕਦਾ ਹੈ।

ਪੁਸਤਕ ਦੇ ਲੇਖਕ ਅਸ਼ੋਕ ਬਾਂਸਲ ਨੇ ਆਪਣੀ ਸੰਖੇਪ ਪ੍ਰੰਤੂ ਭਾਵਪੂਰਤ ਤਕਰੀਰ 'ਚ ਕਿਹਾ ਕਿ ਉਹ ਬਚਪਨ 'ਚ ਆਰਥਿਕ ਤੰਗੀਆਂ ਨਾਲ ਜੂਝਦੇ ਰਹੇ, ਪਰ ਉਨ੍ਹਾਂ ਦੀ ਮਾਂ ਵੱਲੋਂ ਸੁਣਾਈਆਂ ਲੋਰੀਆਂ ਨੇ ਉਨ੍ਹਾਂ ਨੂੰ ਲੋਕ-ਗੀਤਾਂ ਨਾਲ ਅਜਿਹਾ ਜੋੜਿਆ ਕਿ ਉਹ ਸਾਰੀ ਉਮਰ ਲੋਕ-ਗੀਤਾਂ ਦਾ ਹੀ ਹੋ ਕੇ ਰਹਿ ਗਿਆ। ਸਟੇਜ ਸਕੱਤਰ ਦੀ ਭੂਮਿਕਾ ਪ੍ਰਗਤੀਸ਼ੀਲ ਲੇਖਕ ਸੰਘ, ਇਕਾਈ ਮਾਨਸਾ ਦੇ ਜਨਰਲ ਸਕੱਤਰ ਡਾ. ਕੁਲਦੀਪ ਚੌਹਾਨ ਵੱਲੋਂ ਬਾਖ਼ੂਬੀ ਨਿਭਾਈ ਗਈ।ਪ੍ਰੋਗਰਾਮ ਦੇ ਅਖੀਰ 'ਚ ਆਏ ਹੋਏ ਮਹਿਮਾਨਾਂ ਤੇ ਹਾਜ਼ਰ ਵੱਖ ਵੱਖ ਲੇਖਕਾਂ ਤੋਂ ਇਲਾਵਾ ਸਾਹਿਤ ਪ੍ਰੇਮੀਆਂ ਦਾ ਇਕਾਈ ਦੇ ਪ੍ਰਧਾਨ ਗੁਰਨੈਬ ਮਘਾਣੀਆਂ ਵੱਲੋਂ ਕੀਤਾ ਗਿਆ।ਇਸ ਪ੍ਰੋਗਰਾਮ 'ਚ ਸ਼ਹੀਦ ਭਗਤ ਸਿੰਘ ਕਲਾ ਮੰਚ, ਪੰਜਾਬ ਤੇ ਭਾਸ਼ਾ ਵਿਭਾਗ, ਮਾਨਸਾ ਦਾ ਵੀ ਵਿਸ਼ੇਸ਼ ਸਹਿਯੋਗ ਰਿਹਾ।ਸਮਾਗਮ 'ਚ ਹੋਰਨਾਂ ਤੋਂ ਇਲਾਵਾ ਮਾਨਸਾ ਦੇ ਵੱਡੀ ਗਿਣਤੀ ਸਾਹਿਤਕਾਰਾਂ, ਬੁੱਧੀਜੀਵੀਆਂ ਤੇ ਪਤਵੰਤਿਆਂ ਨੇ ਵੀ ਪ੍ਰੋਗਰਾਮ 'ਚ ਸ਼ਮੂਲੀਅਤ ਕੀਤੀ।

# ਗੁਰਦੁਆਰਾ ਭਾਈ ਬਹਿਲੋ ਵਿਖੇ ਗੁਰਮਤਿ ਸਮਰ ਕੈਂਪ ਸਮਾਪਤ



ਬੁਢਲਾਡਾ (ਅਸ਼ੋਕ ਲਾਕੜਾ)-ਭਾਈ ਬਹਿਲੋ ਸਭ ਤੋਂ ਪਹਿਲੋਂ ਜੀ ਦੇ ਇਤਿਹਾਸਕ ਗੁਰਦੁਆਰਾ ਸਾਹਿਬ ਫਫੜੇ ਭਾਈਕੇ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਰਵਾਏ ਗਏ ਸਾਲਾਨਾ ਗੁਰਮਤਿ ਸਮਰ ਕੈਂਪ ਦੀ ਸਮਾਪਤੀ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਸ਼ਿਰਕਤ ਕਰਦਿਆਂ ਬੱਚਿਆਂ ਨੂੰ ਗੁਰਬਾਣੀ, ਗੁਰਮਤਿ ਤੇ ਸਿੱਖੀ ਨਾਲ ਜੁੜਨ ਦਾ ਸੰਦੇਸ਼ ਦਿੱਤਾ।ਧਾਮੀ ਨੇ ਕਿਹਾ ਕਿ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਲਗਾਏ ਜਾਣ ਵਾਲੇ ਗੁਰਮਤਿ ਸਮਰ ਕੈਂਪ ਬੱਚਿਆਂ ਨੂੰ ਸਿੱਖ ਇਤਿਹਾਸ, ਗੁਰਬਾਣੀ, ਕੀਰਤਨ, ਦਸਤਾਰ ਸਜਾਉਣ ਦੀ ਕਲਾ ਤੇ ਸਿੱਖ ਸਿਧਾਂਤਾਂ ਨਾਲ ਜੋੜਨ ਦਾ ਬੇਹੱਦ ਪ੍ਰਭਾਵਸ਼ਾਲੀ ਉਪਰਾਲਾ ਹਨ।ਉਨ੍ਹਾਂ ਕਿਹਾ ਕਿ ਅਜਿਹੇ ਕੈਂਪ ਨੌਜਵਾਨ ਪੀੜ੍ਹੀ ਨੂੰ ਆਪਣੇ ਧਾਰਮਿਕ ਤੇ ਸੱਭਿਆਚਾਰਕ ਵਿਰਸੇ ਨਾਲ ਜੋੜਦੇ ਹਨ।ਉਨ੍ਹਾਂ ਗੁਰਦੁਆਰਾ ਭਾਈ ਬਹਿਲੋ ਜੀ ਦੀ ਇਤਿਹਾਸਕ ਮਹੱਤਤਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਪਵਿੱਤਰ ਅਸਥਾਨ ਗੁਰੂ ਸਾਹਿਬ ਦੀਆਂ ਅਨੇਕਾਂ ਬਖ਼ਸ਼ਿਸ਼ਾਂ ਨਾਲ ਨਿਵਾਜਿਆ ਹੋਇਆ ਹੈ ਅਤੇ ਇੱਥੇ ਹਰ ਸਾਲ ਲੱਗਣ ਵਾਲਾ ਗੁਰਮਤਿ ਸਮਰ ਕੈਂਪ ਸ਼ਲਾਘਾਯੋਗ ਉਪਰਾਲਾ ਹੈ।ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਦੀ ਵਿਸ਼ੇਸ਼ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਉਹ ਧਾਰਮਿਕ ਸੇਵਾਵਾਂ ਦੇ ਨਾਲ-ਨਾਲ ਸਮਾਜਿਕ ਤੇ ਲੋਕ-ਭਲਾਈ ਦੇ ਕਾਰਜਾਂ ਵਿੱਚ ਵੀ ਹਮੇਸ਼ਾ ਅੱਗੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਗਰੀਬ ਤੇ ਹੋਣਹਾਰ ਵਿਦਿਆਰਥੀਆਂ ਦੀ ਸਹਾਇਤਾ ਕਰਨ 'ਤੇ ਲੈ ਕੇ ਸਮਾਜ ਦੇ ਹਰ ਵਰਗ ਦੇ ਨਾਲ ਖੜ੍ਹਨਾ ਉਨ੍ਹਾਂ ਦੀ ਪਹਿਚਾਣ ਬਣ ਚੁੱਕੀ ਹੈ।ਸਮਾਗਮ ਦੌਰਾਨ ਵੱਖ-ਵੱਖ ਗੁਰਮਤਿ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਬੱਚਿਆਂ ਨੂੰ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਇਸ ਦੇ ਨਾਲ ਹੀ ਕੈਂਪ ਵਿੱਚ ਸੇਵਾਵਾਂ ਨਿਭਾਉਣ ਵਾਲੇ ਗ੍ਰੰਥੀ ਸਿੰਘਾਂ ਨੂੰ ਸਿਰੋਪਾਓ ਤੇ ਸਨਮਾਨ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਕੈਂਪ ਵਿੱਚ ਜਥੇਦਾਰ ਟੇਕ ਸਿੰਘ ਧਨੌਲਾ, ਸਰ ਤਰਲੋਕ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਹਰਦੇਵ ਸਿੰਘ ਬਾਦਲ, ਐੱਸ ਜੀ ਪੀ ਸੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਤੇ ਗੁਰੂ ਨਾਨਕ ਕਾਲਜ ਦੇ ਪ੍ਰਿੰਸੀਪਲ ਡਾਕਟਰ ਨਰਿੰਦਰ ਸਿੰਘ ਕਾਲੜਾ, ਗੁਰਮੇਲ ਸਿੰਘ ਫਫੜੇ ਭਾਈਕੇ ਤੇ ਬਲਵੀਰ ਸਿੰਘ ਬੀਰੋਕੇ ਆਦਿ ਹਾਜ਼ਰ ਸਨ।

# ਜ਼ਿਲ੍ਹਾ ਪਲੈਨਿੰਗ ਬੋਰਡ ਦੇ ਚੇਅਰਮੈਨ ਜਲਾਲਪੁਰ ਨੇ ਕੀਤੀ ਲੋਕ ਮਿਲਣੀ



ਬਲਾਚੌਰ (ਜਸਵਿੰਦਰ ਬੈਂਸ)-ਜ਼ਿਲ੍ਹਾ ਪਲੈਨਿੰਗ ਬੋਰਡ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਛੂਹਾਲੀ ਮੰਡ ਵਿਖੇ ਖ਼ੁਸ਼ੀ ਰਾਮ ਭਾਟੀਆ ਦੇ ਨਿਵਾਸ 'ਤੇ ਇੱਕ ਵਿਸ਼ਾਲ ਜਨਤਕ ਇਕੱਠ 'ਤੇ ਪਾਰਟੀ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਮੰਡ ਖੇਤਰ ਦੇ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਮੀਟਿੰਗ ਦੌਰਾਨ ਜਿੱਥੇ ਇਲਾਕਾ ਨਿਵਾਸੀਆਂ ਨਾਲ ਮੰਡ ਖੇਤਰ ਦੀਆਂ ਮੁਸ਼ਕਿਲਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ, ਉੱਥੇ ਹੀ ਆਮ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਕੀਤੇ ਗਏ ਬੇਮਿਸਾਲ ਵਿਕਾਸ ਕਾਰਜਾਂ ਤੇ ਸਹੂਲਤਾਂ ਦਾ ਵੇਰਵਾ ਸਾਂਝਾ ਕੀਤਾ ਗਿਆ।

ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਉਹ ਇਤਿਹਾਸਕ ਅਤੇ ਅਧੂਰੇ ਕੰਮ ਪੂਰੇ ਕਰਕੇ ਦਿਖਾਏ ਹਨ, ਜੋ ਪਿਛਲੀਆਂ ਰਵਾਇਤੀ ਸਰਕਾਰਾਂ ਨੇ ਅੱਜ ਤੱਕ ਕਦੇ ਨਹੀਂ ਕੀਤੇ ਸਨ। ਉਨ੍ਹਾਂ ਪੂਰੇ ਦਾਅਵੇ ਨਾਲ ਕਿਹਾ ਕਿ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਕੇ ਦੂਜੀ ਵਾਰ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ। ਅਖੀਰ ਵਿੱਚ ਉਨ੍ਹਾਂ ਪਾਰਟੀ ਵਰਕਰਾਂ ਨੂੰ ਸਰਕਾਰ ਦੀਆਂ ਇਨ੍ਹਾਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਖ਼ੁਸ਼ੀ ਰਾਮ ਭਾਟੀਆ, ਤੇਜੂ ਰਾਮ, ਗੁਰਮੇਲ ਚੰਦ, ਮੋਹਨ ਲਾਲ, ਜਸਬੀਰ ਭਾਟੀਆ, ਅਸ਼ੋਕ ਕੁਮਾਰ, ਕਿੰਦਰ ਪੰਚ, ਬਿੱਟੂ ਹਕਲਾ, ਸ਼ਮਸ਼ੇਰ ਸਿੰਘ, ਰੇਵਲ ਸਿੰਘ, ਦੇਵ ਰਾਜ ਸਰਪੰਚ, ਅਵਤਾਰ ਸਿੰਘ, ਰਾਜ ਕੁਮਾਰ ਭਾਟੀਆ, ਹਰਮੇਸ਼ ਲਾਲ ਪੋਲਾ, ਕਮਲਜੀਤ ਪੰਚ, ਬੀਰ ਨਾਥ, ਕਰਨ, ਰੋਬਿਨ ਅਤੇ ਵਿਸ਼ਾਲ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਪਾਰਟੀ ਵਰਕਰ ਹਾਜ਼ਰ ਸਨ।

# ਐੱਸ ਐੱਸ ਪੀ ਖੰਨਾ ਵੱਲੋਂ ਸਮਰਾਲਾ ਥਾਣੇ ਦਾ ਨਿਰੀਖਣ



ਸਮਰਾਲਾ (ਸੁਰਜੀਤ ਸਿੰਘ)-ਡਾ. ਦਰਪਣ ਆਹਲੂਵਾਲੀਆ ਵੱਲੋਂ ਸਮਰਾਲਾ ਸਮੇਤ ਤਿੰਨ ਪੁਲਸ ਥਾਣਿਆਂ ਤੇ ਏਕੀਕ੍ਰਿਤ ਕਮਾਂਡ ਐਂਡ ਕੰਟਰੋਲ ਸੈਂਟਰ ਖੰਨਾ ਦਾ ਅਚਾਨਕ ਨਿਰੀਖਣ ਕੀਤਾ ਗਿਆ। ਨਿਰੀਖਣ ਦੌਰਾਨ ਉਨ੍ਹਾਂ ਨੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਨੁਸ਼ਾਸਨ, ਸਮੇਂ ਦਾ ਪਾਬੰਦ, ਸਮੁੱਚੇ ਪੁਲਸਿੰਗ ਮਿਆਰਾਂ ਦਾ ਪਾਲਣ ਕਰਨਾ ਅਤੇ ਲੋਕਾਂ ਨੂੰ ਤਸੱਲੀਬਖ਼ਸ਼ ਪੁਲਸ ਸੇਵਾਵਾਂ ਪ੍ਰਦਾਨ ਕਰਨ ਦੀ ਤਾਕੀਦ ਕੀਤੀ।ਐੱਸਐੱਸਪੀ ਨੇ ਥਾਣਿਆਂ ਵਿੱਚ ਹਾਜ਼ਰੀ, ਰਿਕਾਰਡ ਦੀ ਸੰਭਾਲ, ਸਾਫ਼-ਸਫ਼ਾਈ, ਸੁਰੱਖਿਆ ਪ੍ਰਬੰਧਾਂ, ਐਮਰਜੈਂਸੀ ਜਵਾਬਦੇਹੀ, ਹਥਿਆਰਾਂ ਦੀ ਤਿਆਰੀ, ਸੁਰੱਖਿਆ ਸਾਮਾਨ ਦੀ ਸਥਿਤੀ ਤੇ ਸੀ.ਸੀ.ਟੀ.ਵੀ. ਕੈਮਰਿਆਂ ਦੀ ਵੀ ਬਾਰੀਕੀ ਨਾਲ ਜਾਂਚ ਕੀਤੀ ਅਤੇ ਹੋਰ ਕਾਰਜਸ਼ੀਲ ਸਰੋਤਾਂ ਦੀ ਉਪਲਬਧਤਾ ਦਾ ਵੀ ਜਾਇਜ਼ਾ ਲਿਆ।ਉਨ੍ਹਾਂ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਰੋਜ਼ਾਨਾ ਡਿਊਟੀ ਪ੍ਰਣਾਲੀ, ਲੰਬਿਤ ਮਾਮਲਿਆਂ ਦੇ ਨਿਪਟਾਰੇ ਤੇ ਜਨਤਾ ਨਾਲ ਸੁਚੱਜੇ ਅਤੇ ਸਨਮਾਨਪੂਰਵਕ ਵਿਵਹਾਰ ਨੂੰ ਯਕੀਨੀ ਬਣਾਉਣ ਸਬੰਧੀ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ।ਉਨ੍ਹਾਂ ਕਿਹਾ ਕਿ ਪੁਲਸ ਦੀ ਕਾਰਗੁਜ਼ਾਰੀ ਵਿੱਚ ਅਨੁਸ਼ਾਸਨ, ਪੇਸ਼ੇਵਰਤਾ ਤੇ ਸਮੇਂ ਸਿਰ ਕਾਰਵਾਈ ਲੋਕਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਬਣਾਉਣ ਲਈ ਬਹੁਤ ਜ਼ਰੂਰੀ ਹਨ।ਉਨ੍ਹਾਂ ਸਮੂਹ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹਰ ਸ਼ਿਕਾਇਤ ਦਾ ਤੁਰੰਤ ਤੇ ਨਿਰਪੱਖ ਨਿਪਟਾਰਾ ਯਕੀਨੀ ਬਣਾਉਣ, ਸੰਵੇਦਨਸ਼ੀਲਤਾ ਨਾਲ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੇ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ।

## 'ਆਪ' ਨੇ ਸਾਰੇ ਵਾਅਦੇ ਪੂਰੇ ਕੀਤੇ : ਸ਼ੰਕਰ ਕਟਾਰੀਆ



ਮੱਖੂ (ਰਛਪਾਲ ਸਿੰਘ ਸੰਧੂ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ 'ਮੇਰੀ ਰਸੋਈ ਸਕੀਮ' ਤਹਿਤ ਰਾਸ਼ਨ ਦੇਣ ਦੀ ਸ਼ੁਰੂਆਤ ਕੀਤੀ ਹੋਈ ਮੁਹਿੰਮ ਤਹਿਤ ਪਿੰਡ ਫੱਮੀਵਾਲਾ ਵਿਖੇ ਆਮ ਆਦਮੀ ਦੇ ਸੀਨੀਅਰ ਆਗੂ ਸ਼ੰਕਰ ਕਟਾਰੀਆ ਨੇ ਰਾਸ਼ਨ ਕਿੱਟਾਂ ਵੰਡੀਆਂ।ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਾਰੇ ਵਾਅਦੇ ਪੂਰੇ ਕਰ ਦਿੱਤੇ ਹਨ, ਚਾਹੇ ਉਹ ਮੇਰੀ ਰਸੋਈ ਸਕੀਮ ਹੋਵੇ ਜਾਂ ਭੈਣਾਂ-ਮਾਵਾਂ ਨੂੰ ਸਤਿਕਾਰ ਦੇਣ ਦੀ ਗੱਲ ਹੋਵੇ।ਸੂਬਾ ਸਰਕਾਰ ਵੱਲੋਂ ਜਿੰਨੇ ਵੀ ਵਾਅਦੇ ਸਰਕਾਰ ਬਣਾਉਣ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਸਨ, ਉਹ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੂਰੇ ਕਰ ਦਿੱਤੇ।ਉਨ੍ਹਾਂ ਕਿਹਾ ਕਿ ਇਹ ਸਰਕਾਰ ਦਾ ਬਹੁਤ ਵੱਡਾ ਉਪਰਾਲਾ ਹੈ, ਪੰਜਾਬ ਸਰਕਾਰ ਦੀ ਇਸ ਸਕੀਮ ਨਾਲ ਹਰ ਲੋੜਵੰਦ ਨੂੰ ਲਾਭ ਮਿਲੇਗਾ।


## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ
ਜਸਵੀਰ ਕੌਰ ਬਨਾਮ ਮੱਖਣ ਸਿੰਘ ਵਗੈਰਾ

ਖੇਵਟ ਨੰ. 100/89, 82/73, 101/90,99/98 ਖਤੌਨੀ ਨੰ. 125, 99, 126, 127, 122, 123, 124, ਜਮ੍ਹਾਂਬੰਦੀ ਸਾਲ 2022-2023 ਵਾਕਿਆ ਰਕਬਾ ਪਿੰਡ ਕਿਸ਼ਨਗੜ੍ਹ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਰੀਕ ਪੇਸ਼ੀ ਮਿਤੀ 15-07-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ ਪੀ ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

(1) ਮੱਖਣ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਰੂੜ ਸਿੰਘ (2) ਨੈਬ ਸਿੰਘ (3) ਜਰਨੈਲ ਸਿੰਘ ਪੁੱਤਰਾਨ ਅਰਜਨ ਸਿੰਘ ਪੁੱਤਰ ਰੂੜ ਸਿੰਘ (4) ਜਗਰਾਜ ਸਿੰਘ (5) ਗਿਆਨ ਸਿੰਘ (6) ਰਣਜੀਤ ਸਿੰਘ ਪੁੱਤਰ ਸੰਤਾ ਸਿੰਘ ਪੁੱਤਰ ਕੇਹਰ ਸਿੰਘ (7) ਅਮਰਜੀਤ ਕੌਰ ਪਤਨੀ ਜਰਨੈਲ ਸਿੰਘ ਪੁੱਤਰ ਅਰਜਨ ਸਿੰਘ (8) ਕੁਲਦੀਪ ਸਿੰਘ ਪੁੱਤਰ ਮੱਖਣ ਸਿੰਘ ਪੁੱਤਰ ਭਾਗ ਸਿੰਘ (9) ਗੁਰਮੇਲ ਕੌਰ ਵਿਧਵਾ (10) ਜਸਵੀਰ ਸਿੰਘ (11) ਕੁਲਦੀਪ ਸਿੰਘ ਪੁੱਤਰਾਨ (12) ਕਰਮਜੀਤ ਕੌਰ ਪੁੱਤਰੀ ਸ਼ੇਰ ਸਿੰਘ ਪੁੱਤਰ ਭੰਡਾ ਸਿੰਘ (13) ਅਜੀਤ ਸਿੰਘ ਪੁੱਤਰ ਸਰਮੁੱਖ ਸਿੰਘ ਪੁੱਤਰ ਲਹਿਣਾ ਸਿੰਘ (14) ਲਖਵੀਰ ਸਿੰਘ (15) ਜਗਸੀਰ ਸਿੰਘ ਪੁੱਤਰਾਨ ਜਰਨੈਲ ਸਿੰਘ ਪੁੱਤਰ ਸਰਮੁੱਖ ਸਿੰਘ (16) ਅੰਗਰੇਜ਼ ਕੌਰ ਪਤਨੀ ਗੁਰਚਰਨ ਸਿੰਘ ਪੁੱਤਰ ਦਲਬਾਰਾ ਸਿੰਘ (17) ਮੈਨੇਜਰ ਪੀ ਏ ਡੀ ਸੀ ਮੰਡੀ ਨਿਹਾਲ ਸਿੰਘ ਵਾਲਾ (18) ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਦੀਨਾ, ਤਹਿਸੀਲ ਨਿਹਾਲ ਸਿੰਘ ਵਾਲਾ (19) ਮੈਨੇਜਰ ਓ ਬੀ ਸੀ ਹੁਣ ਪੰਜਾਬ ਨੈਸ਼ਨਲ ਬੈਂਕ ਨਿਹਾਲ ਸਿੰਘ ਵਾਲਾ (20) ਮੈਨੇਜਰ ਓ ਬੀ ਸੀ ਹੁਣ ਪੰਜਾਬ ਨੈਸ਼ਨਲ ਬੈਂਕ ਪੱਤੋ ਹੀਰਾ ਸਿੰਘ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਿਹਾਲ ਸਿੰਘ ਵਾਲਾ (ਮੋਗਾ)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ
ਚਮਕੌਰ ਸਿੰਘ ਬਨਾਮ ਜਗਰੂਪ ਸਿੰਘ ਵਗੈਰਾ

ਖੇਵਟ ਨੰ. 364, 925, 920, 919, 918, 917, 915/888 ਖਤੌਨੀ ਨੰ. 509, 1353, 1354, 1348, 1346, 1347, 1345, 1344, 1344/41, 1344/2, 1344/3, 1344/4, 1341, 1342 ਜਮ੍ਹਾਂਬੰਦੀ ਸਾਲ 2022-2023, ਵਾਕਿਆ ਰਕਬਾ ਪਿੰਡ ਮਾਛੀਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਰੀਕ ਪੇਸ਼ੀ ਮਿਤੀ 15-07-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ ਪੀ ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਅਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ।

(1) ਸੁਖਪ੍ਰੀਤ ਸਿੰਘ ਪੁੱਤਰ ਹਰਵਿੰਦਰਪਾਲ ਕੌਰ ਪੁੱਤਰੀ ਗੁਰਦਿਆਲ ਸਿੰਘ (2) ਬੂਟਾ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਲਾਲ ਸਿੰਘ (3) ਬਲਵੰਤ ਸਿੰਘ ਪੁੱਤਰ ਮਹਿੰਦਰ ਸਿੰਘ ਪੁੱਤਰ ਨਾਨਕ ਸਿੰਘ ਉਰਫ ਵਰਮਾ ਸਿੰਘ (4) ਸੁਰਜੀਤ ਕੌਰ ਵਿਧਵਾ (5) ਜਸਵਿੰਦਰ ਕੌਰ (6) ਕਮਲਜੀਤ ਕੌਰ (7) ਜੱਸੀ ਕੌਰ ਪੁੱਤਰੀਆਂ ਬਚਿੱਤਰ ਸਿੰਘ ਪੁੱਤਰ ਜੰਗ ਸਿੰਘ (8) ਗੁਰਬਚਨ ਸਿੰਘ ਪੁੱਤਰ ਪਾਲਾ ਸਿੰਘ ਪੁੱਤਰ ਕਿਸ਼ਨ ਸਿੰਘ (9) ਅਮਰਜੀਤ ਕੌਰ ਵਿਧਵਾ (10) ਜਗਤਾਰ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਪਾਲਾ ਸਿੰਘ (11) ਜਸਵਿੰਦਰ ਸਿੰਘ ਪੁੱਤਰ ਦਰਬਾਰਾ ਸਿੰਘ ਪੁੱਤਰ ਲਾਲ ਸਿੰਘ (12) ਗੁਰਜੀਤ ਸਿੰਘ ਪੁੱਤਰ ਲਾਭ ਸਿੰਘ ਪੁੱਤਰ ਸਰਵਨ ਸਿੰਘ (13) ਬਖਤੌਰ ਸਿੰਘ ਪੁੱਤਰ ਨੌਰੰਗ ਸਿੰਘ ਪੁੱਤਰ ਨਰੈਣ ਸਿੰਘ (14) ਨਛੱਤਰ ਸਿੰਘ ਪੁੱਤਰ ਜੰਗ ਸਿੰਘ ਪੁੱਤਰ ਨਰੈਣ ਸਿੰਘ (15) ਕੁਲਵੰਤ ਕੌਰ ਪਤਨੀ ਅੱਛਰ ਸਿੰਘ ਪੁੱਤਰ ਨਾਹਰ ਸਿੰਘ (16) ਸਾਧੂ ਸਿੰਘ ਪੁੱਤਰ ਨਰਿੰਦਰ ਸਿੰਘ ਪੁੱਤਰ ਨੰਦ ਸਿੰਘ (17) ਬੇਅੰਤ ਸਿੰਘ ਪੁੱਤਰ ਗੁਰਮੇਲ ਸਿੰਘ ਪੁੱਤਰ ਨਰਿੰਦਰ ਸਿੰਘ (18) ਸਿਮਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ ਪੁੱਤਰ ਪ੍ਰਤਾਪ ਸਿੰਘ (19) ਸਾਧੂ ਸਿੰਘ ਪੁੱਤਰ ਜੰਗ ਸਿੰਘ ਪੁੱਤਰ ਚੇਤ ਸਿੰਘ (20) ਲਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਪਾਲਾ ਸਿੰਘ (21) ਜਗਰੂਪ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਉਜਾਗਰ ਸਿੰਘ (22) ਗੁਰਜੀਤ ਸਿੰਘ ਪੁੱਤਰ ਸਿਵਤਾਰ ਸਿੰਘ ਪੁੱਤਰ ਗੁਰਦੇਵ ਸਿੰਘ (23) ਮਲਕੀਤ ਸਿੰਘ ਪੁੱਤਰ ਸ਼ੇਰ ਸਿੰਘ ਪੁੱਤਰ ਭਗਵਾਨ ਸਿੰਘ (24) ਲਖਵਿੰਦਰ ਸਿੰਘ ਪੁੱਤਰ ਜੰਗੀਰ ਸਿੰਘ ਪੁੱਤਰ ਪਾਲਾ ਸਿੰਘ (25) ਮੇਘਰਾਜ ਸਿੰਘ ਪੁੱਤਰ ਦਲੀਪ ਸਿੰਘ ਪੁੱਤਰ ਸੰਤ ਰਾਮ (26) ਜਗਰੂਪ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਉਜਾਗਰ ਸਿੰਘ (27) ਲਾਭ ਸਿੰਘ ਪੁੱਤਰ ਸਰਬਣ ਸਿੰਘ ਪੁੱਤਰ ਬੱਗਾ ਸਿੰਘ (28) ਜਸਵੰਤ ਕੌਰ ਪਤਨੀ ਰੇਸ਼ਮ ਸਿੰਘ ਪੁੱਤਰ ਜੀਤ ਸਿੰਘ (29) ਜਗਰੂਪ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਉਜਾਗਰ ਸਿੰਘ (30) ਰਾਮਸਰਨਜੀਤ ਸਿੰਘ ਪੁੱਤਰ ਸਿਮਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ (31) ਬੂਟਾ ਸਿੰਘ ਪੁੱਤਰ ਸਰਦਾਰਾ ਸਿੰਘ ਪੁੱਤਰ ਲਾਲ ਸਿੰਘ (32) ਜੰਗੀਰ ਸਿੰਘ ਪੁੱਤਰ ਪਾਲਾ ਸਿੰਘ ਪੁੱਤਰ ਕਿਸ਼ਨ ਸਿੰਘ (33) ਗੁਰਪ੍ਰੀਤ ਸਿੰਘ ਪੁੱਤਰ ਦਰਬਾਰਾ ਸਿੰਘ ਪੁੱਤਰ ਲਾਲ ਸਿੰਘ (34) ਸਾਧੂ ਸਿੰਘ ਪੁੱਤਰ ਨਰਿੰਦਰ ਸਿੰਘ ਪੁੱਤਰ ਨੰਦ ਸਿੰਘ (35) ਗੁਰਜੀਤ ਸਿੰਘ ਪੁੱਤਰ ਲਾਭ ਸਿੰਘ ਪੁੱਤਰ ਸਰਵਨ ਸਿੰਘ (36) ਸਿਮਰਜੀਤ ਸਿੰਘ ਪੁੱਤਰ ਗੁਰਦਿਆਲ ਸਿੰਘ ਪੁੱਤਰ ਪ੍ਰਤਾਪ ਸਿੰਘ (37) ਜਗਰੂਪ ਸਿੰਘ ਪੁੱਤਰ ਬੰਤ ਸਿੰਘ ਪੁੱਤਰ ਉਜਾਗਰ ਸਿੰਘ (38) ਮੇਜਰ ਸਿੰਘ ਪੁੱਤਰ ਪਾਲਾ ਸਿੰਘ ਪੁੱਤਰ ਕਿਸ਼ਨ ਸਿੰਘ ਸਾਰੇ ਵਾਸੀਆਨ ਪਿੰਡ ਮਾਛੀਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ (39) ਮੈਨੇਜਰ ਪੰਜਾਬ ਐਂਡ ਸਿੰਧ ਬੈਂਕ ਬਿਲਾਸਪੁਰ, ਤਹਿਸੀਲ ਨਿਹਾਲ ਸਿੰਘ ਵਾਲਾ (40) ਮੈਨੇਜਰ ਬੈਂਕ ਆਫ ਇੰਡੀਆ ਬਰਾਂਚ ਹਠੂਰ, ਤਹਿਸੀਲ ਜਗਰਾਓਂ ਜ਼ਿਲ੍ਹਾ ਲੁਧਿਆਣਾ (41) ਮੈਨੇਜਰ ਪੰਜਾਬ ਗ੍ਰਾਮੀਣ ਬੈਂਕ ਬਿਲਾਸਪੁਰ, ਜ਼ਿਲ੍ਹਾ ਮੋਗਾ

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਨਿਹਾਲ ਸਿੰਘ ਵਾਲਾ (ਮੋਗਾ)

**asrec (India) Limited** Regd. Office: 201/202A, Building No. 2, Solitaire Corporate Park, Andheri Ghatkopar Lind Road, Chakala, Andheri (E), Mumbai- 400093. Branch Office- 402, 4th floor, APRA Tower, SCO-130-131-132, Feroze Gandhi Market Ludhiana, Punjab - 141001, Ph. No. 0161-4625488

## ਜਨਤਕ ਨੋਟਿਸ (ਅਚੱਲ ਜਾਇਦਾਦ ਵਾਸਤੇ)

ਇਸ ਦੁਆਰਾ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਲਿਖੀ ਅਚੱਲ ਜਾਇਦਾਦ ਐਸਰੈਕ ਇੰਡੀਆ ਲਿਮਟਿਡ, ਅਸਲ ਵਿੱਚ ਇਲਾਹਾਬਾਦ ਬੈਂਕ (ਹੁਣ ਇੰਡੀਅਨ ਬੈਂਕ) ਕੋਲ ਮਾਲਕ/ਗਿਰਵੀਕਾਰ ਨੂੰ ਦਿੱਤੇ ਗਏ ਕਰਜ਼ਿਆਂ ਲਈ ਸਕਿਊਰਿਟੀ ਵਜੋਂ ਗਿਰਵੀ ਰੱਖੀ ਗਈ ਹੈ। ਮਿਤੀ 27.02.2018 ਨੂੰ ਇਲਾਹਾਬਾਦ ਬੈਂਕ ਅਤੇ ਐਸਰੈਕ (ਇੰਡੀਆ) ਲਿਮਟਿਡ ਵਿਚਕਾਰ ਪੀ ਐੱਸ-10/2017-2018 ਟਰੱਸਟ ਦੇ ਟਰੱਸਟੀ ਵਜੋਂ ਕੀਤੇ ਗਏ ਸਪੁਰਦਗੀ ਸਮਝੌਤੇ ਦੇ ਅਨੁਸਾਰ ਐਸਰੈਕ (ਇੰਡੀਆ) ਲਿਮਟਿਡ ਸਰਫੇਸੀ ਐਕਟ 2002 ਦੇ ਸੈਕਸ਼ਨ 2 (ਜ਼ੈਡ ਡੀ) ਦੀਆਂ ਵਿਵਸਥਾਵਾਂ ਅਨੁਸਾਰ ਇੱਕ ਸਕਿਊਰਡ ਕ੍ਰੈਡਿਟਰ ਹੈ।

ਉਕਤ ਅਚੱਲ ਸਕਿਊਰਡ ਐਸੇਟ ਜਾਇਦਾਦ ਐੱਸਰੈਕ (ਇੰਡੀਆ) ਲਿਮਟਿਡ ਦੇ ਅਧਿਕਾਰਤ ਅਫ਼ਸਰ ਦੇ ਸੰਕੇਤਕ ਕਬਜ਼ੇ ਵਿੱਚ ਹੈ ਜੋ ਕਿ ਸਰਫੇਸੀ ਐਕਟ 2002 ਦੇ ਸੈਕਸ਼ਨ 5 ਅਤੇ ਸੈਕਸ਼ਨ 13(4) ਦੀਆਂ ਵਿਵਸਥਾਵਾਂ ਦੇ ਆਧਾਰ 'ਤੇ 05.09.2013 ਤੋਂ ਪ੍ਰਭਾਵੀ ਹੈ।

ਉਕਤ ਅਚੱਲ ਜਾਇਦਾਦ ਐਸਟ ਦਾ ਉਚਿਤ ਗਿਰਵੀਨਾਮਾ ਸਕਿਊਰਡ ਕ੍ਰੈਡਿਟਰ ਦੇ ਨਾਲ 28.09.2009 ਤੋਂ ਲਗਾਤਾਰ ਪ੍ਰਭਾਵੀ ਹੈ। ਸੈਂਟਰਲ ਰਜਿਸਟਰੀ (ਸਰਫਾਈ) ਨਾਲ ਗਿਰਵੀ ਲੈਣ-ਦੇਣ ਦੀ ਸਿਰਜਣਾ ਇਲਾਹਾਬਾਦ ਬੈਂਕ ਦੁਆਰਾ 10.07.2010 (ਹੁਣ ਇੰਡੀਅਨ ਬੈਂਕ) ਨੂੰ ਕੀਤੀ ਗਈ ਹੈ ਅਤੇ ਸਰਫੇਸੀ ਐਕਟ, 2002 ਦੇ ਚੈਪਟਰ IV- ਏ ਦੀਆਂ ਵਿਵਸਥਾਵਾਂ ਅਨੁਸਾਰ 23.03.2018 ਤੋਂ ਐਸਰੈਕ (ਇੰਡੀਆ) ਲਿਮਟਿਡ ਦੇ ਹੱਕ 'ਚ ਸੋਧਿਆ ਗਿਆ ਅਤੇ ਰਜਿਸਟਰਡ ਹੈ।

ਖਾਸ ਕਰਕੇ ਕਰਜ਼ਦਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਇਸ ਦੁਆਰਾ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਹੇਠਾਂ ਦੱਸੇ ਗਏ ਅਚੱਲ ਸਕਿਊਰਡ ਐੱਸੇਟਸ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਇਨ੍ਹਾਂ ਨਾਲ ਕੋਈ ਵੀ ਲੈਣ-ਦੇਣ 30.06.2026 ਨੂੰ ਰੁਪਏ 287726297.00 ਰੁਪਏ ਦੀ ਰਕਮ ਦੀ ਵਸੂਲੀ ਲਈ ਐੱਸਰੈਕ (ਇੰਡੀਆ) ਲਿਮਟਿਡ ਦੇ ਵਿਸ਼ੇਸ਼ ਅਤੇ ਤਰਜੀਹੀ ਚਾਰਜ ਅਧੀਨ ਹੋਵੇਗਾ, ਜਿਸ ਵਿੱਚ ਕਰਜ਼ਾ ਵਸੂਲੀ ਟ੍ਰਿਬਿਊਨਲ-III, ਚੰਡੀਗੜ੍ਹ ਦੁਆਰਾ ਮਿਤੀ 12.07.2017 ਦੀ ਵਸੂਲੀ ਸਰਟੀਫਿਕੇਟ ਅਨੁਸਾਰ ਲਾਗੂ ਦਰ 'ਤੇ ਲਾਗਤਾਂ, ਖਰਚਿਆਂ ਆਦਿ 'ਤੇ ਅਗਲਾ ਵਿਆਜ ਸ਼ਾਮਲ ਹੋਵੇਗਾ।

## ਅਚੱਲ ਸਕਿਊਰਡ ਐਸਟਸ ਦਾ ਵੇਰਵਾ

ਪਲਾਟ ਨੰ. 23-ਸੀ 'ਤੇ ਚਾਰ ਮੰਜ਼ਲਾ ਨਿਰਮਤ ਮਕਾਨ ਰਕਬਾ 445 ਵਰਗ ਗਜ਼, ਸ਼ਹੀਦ ਭਗਤ ਸਿੰਘ ਨਗਰ, ਲੁਧਿਆਣਾ ਵਜੋਂ ਜਾਣੀ ਜਾਂਦੀ ਜਗ੍ਹਾ 'ਚ ਸਥਿਤ, ਖਸਰਾ ਨੰ. 67//17, ਖੇਤਾ ਨੰ. 1823/1956, ਜਮ੍ਹਾਂਬੰਦੀ ਸਾਲ 2000-2001, ਰੇਵੇਨਿਊ ਅਸਟੇਟ ਪਿੰਡ ਸੁਨੇਤ ਵਿਖੇ ਲੁਧਿਆਣਾ ਜਿਸ ਦੀਆਂ ਹੱਦਾਂ ਹਨ ਪੂਰਬ : ਸੜਕ 35'-0", ਪੱਛਮ : ਪਲਾਟ ਨੰ. 24-ਸੀ 35'-0", ਉੱਤਰ : ਪਲਾਟ ਨੰ. 22-ਸੀ 115', ਦੱਖਣ : ਸੜਕ 100' ਚੌੜੀ 115'-0", ਬੈਨਾਮਾ ਵਸੀਕਾ ਨੰ. 13140 ਮਿਤੀ 07.10.2003 ਅਨੁਸਾਰ ਜੋ ਕਿ ਡਾ. ਸ਼੍ਰੀਮਤੀ ਜਤਿੰਦਰ ਗੰਭੀਰ ਪਤਨੀ ਡਾ. ਅਰਵਿੰਦਰ ਪਾਲ ਸਿੰਘ ਦੇ ਨਾਂਅ ਹੈ।

ਸਥਾਨ : ਲੁਧਿਆਣਾ (ਪੰਜਾਬ) ਸਹੀ/-
ਮਿਤੀ : 13.07.2026 ਅਧਿਕਾਰਤ ਅਫ਼ਸਰ
ਐਸਰੈਕ-ਪੀ ਐਸ 10/2017-18 ਟਰੱਸਟ ਦੇ ਟਰੱਸਟੀ ਵਜੋਂ ਕਾਰਜਸ਼ੀਲ



# ਕਲਾਸੀਫਾਈਡ ਇਸ਼ਤਿਹਾਰ

## LOST/FOUND

ਮੈਂ, ਨਰੇਸ਼ ਕੁਮਾਰ ਪੁੱਤਰ ਗਿਰਧਾਰੀ ਲਾਲ ਵਾਸੀ ਪਿੰਡ ਸੁਚਾਨੀਆਂ, ਡਾਕਖਾਨਾ ਨੌਸ਼ਹਿਰਾ ਮੱਝਾ ਸਿੰਘ ਤਹਿਸੀਲ ਅਤੇ ਜ਼ਿਲ੍ਹਾ ਗੁਰਦਾਸਪੁਰ ਸੂਚਿਤ ਕਰਦਾ ਹਾਂ ਕਿ ਮੇਰੀ ਅਸਲ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮਾਰਕਸ਼ੀਟ, ਦਸਵੀਂ ਜਮਾਤ ਦਾ ਪਾਸਿੰਗ ਸਰਟੀਫਿਕੇਟ ਰੋਲ ਨੰਬਰ 670744 ਪਾਸਿੰਗ ਸਾਲ ਮਾਰਚ 1994, ਅਤੇ ਬਾਰ੍ਹਵੀਂ ਜਮਾਤ ਦਾ ਰੋਲ ਨੰਬਰ 271049 ਪਾਸਿੰਗ ਸਾਲ ਮਾਰਚ 1996, ਪੰਜਾਬ ਸਕੂਲ ਸਿੱਖਿਆ ਬੋਰਡ ਗੁੰਮ ਹੋ ਗਿਆ ਹੈ। ਕਿਸੇ ਨੂੰ ਇਹ ਮਿਲੇ ਤਾਂ ਕਿਰਪਾ ਕਰਕੇ ਮੋਬਾਈਲ ਨੰਬਰ 9855666497 'ਤੇ ਸੰਪਰਕ ਕਰੋ ਜਾਂ ਮੇਰੇ ਉਪਰੋਕਤ ਪਤੇ 'ਤੇ ਵਾਪਸ ਕਰੇ । ਮੈਂ ਸਰਟੀਫਿਕੇਟ ਦੀ ਦੂਜੀ ਕਾਪੀ ਲਈ PSEB ਨੂੰ ਅਰਜ਼ੀ ਦੇ ਰਿਹਾ ਹਾਂ ।

## ਆਮ ਸੂਚਨਾ

ਮੈਂ ਕਿਸ਼ਨ ਸ਼ਰਮਾ, ਪੁੱਤਰ/ਸੀ/ਓ ਮੋਤੀ ਲਾਲ ਸ਼ਰਮਾ ਵਾਸੀ ਮਕਾਨ ਨੰ. 48, ਗਲੀ ਨੰ. 6, ਬੈਟਰੀ ਫੈਕਟਰੀ, ਹੈਦਰ ਐਨਕਲੇਵ, ਲਾਡੀਆਂ ਕਲਾਂ, ਡਾਕਘਰ ਬੱਗਾਖੁਰਦ, ਜ਼ਿਲ੍ਹਾ ਲੁਧਿਆਣਾ, ਪੰਜਾਬ - 141008, ਨੇ ਆਪਣਾ ਨਾਂਅ ਕਿਸ਼ਨ ਸ਼ਰਮਾ ਤੋਂ ਬਦਲ ਕੇ ਕ੍ਰਿਸ਼ਨ ਸ਼ਰਮਾ ਰੱਖ ਲਿਆ ਹੈ। ਹੁਣ ਤੋਂ ਮੇਰਾ ਨਾਮ ਕ੍ਰਿਸ਼ਨ ਸ਼ਰਮਾ ਹੀ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਰਿਕਾਰਡਾਂ ਵਿੱਚ ਮੰਨਿਆ ਜਾਵੇ। ਦਸਤਖਤ ਸਹੀ/- ਕ੍ਰਿਸ਼ਨ ਸ਼ਰਮਾ।

ਮੈਂ ਕਮਲਾ ਸ਼ਰਮਾ, ਸੀ/ਓ ਕ੍ਰਿਸ਼ਨ ਸ਼ਰਮਾ ਵਾਸੀ ਮਕਾਨ ਨੰ. 48, ਗਲੀ ਨੰ. 6, ਬੈਟਰੀ ਫੈਕਟਰੀ, ਹੈਦਰ ਐਨਕਲੇਵ, ਲਾਡੀਆਂ ਕਲਾਂ, ਡਾਕਘਰ ਬੱਗਾਖੁਰਦ, ਜ਼ਿਲ੍ਹਾ ਲੁਧਿਆਣਾ, ਪੰਜਾਬ - 141008, ਨੇ ਆਪਣਾ ਨਾਮ ਕਮਲਾ ਸ਼ਰਮਾ ਤੋਂ ਬਦਲ ਕੇ ਗੀਤਾ ਸ਼ਰਮਾ ਰੱਖ ਲਿਆ ਹੈ। ਹੁਣ ਤੋਂ ਮੇਰਾ ਨਾਮ ਗੀਤਾ ਸ਼ਰਮਾ ਹੀ ਸਾਰੇ ਸਰਕਾਰੀ ਅਤੇ ਗੈਰ-ਸਰਕਾਰੀ ਰਿਕਾਰਡਾਂ ਵਿੱਚ ਮੰਨਿਆ ਜਾਵੇ। ਦਸਤਖਤ ਸਹੀ/- ਗੀਤਾ ਸ਼ਰਮਾ

## ਬੇਦਖਲੀ ਨੋਟਿਸ

ਮੈਂ, ਦਰਸ਼ਨ ਸਿੰਘ ਪੁੱਤਰ ਕਰਮ ਸਿੰਘ ਵਾਸੀ ਮਾਧੋਪੁਰੀ ਮੁਹੱਲਾ, ਧੂਰੀ (ਸੰਗਰੂਰ) ਆਪਣੇ ਲੜਕੇ ਗੁਰਦੀਪ ਸਿੰਘ, ਨੂੰਹ ਸਵਰਨਜੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ, ਦਰਸ਼ਨ ਸਿੰਘ ਪੁੱਤਰ ਅਰਜਨ ਸਿੰਘ ਵਾਸੀ ਪਿੰਡ ਰਣੀਕੇ (ਧੂਰੀ) ਆਪਣੀ ਲੜਕੀ ਕੁਲਦੀਪ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜ਼ਿੰਮੇਵਾਰ ਹੋਣਗੇ।

ਮੈਂ ਪੱਪੂ ਪੁੱਤਰ ਬੂਟਾ ਵਾਸੀ ਬਸਤੀ ਡੇਰਿਆਂ ਵਾਲੀ ਤਹਿਸੀਲ ਗੁਰੂ ਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਾਜਨ, ਜੋ ਮੇਰੇ ਕਹਿਣ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਮੇਰਾ ਜਾਂ ਮੇਰੇ ਬਾਕੀ ਪਰਿਵਾਰ ਦਾ ਕੋਈ ਤਾਲੁਕ ਵਾਸਤਾ ਨਹੀਂ। ਇਸ ਨਾਲ ਲੈਣ-ਦੇਣ ਕਰਨ ਵਿੱਚ ਇਹ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਸਿੰਘ ਪੁੱਤਰ ਰੋਸ਼ਨ ਸਿੰਘ ਵਾਸੀ ਪਿੰਡ ਤੇ ਡਾਕ: ਚੁਖਿਆਰਾ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਇੰਦਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪ੍ਰੇਮ ਕੁਮਾਰ ਪੁੱਤਰ ਸ਼੍ਰੀ ਸੰਸਾਰ ਚੰਦ ਵਾਸੀ ਮਕਾਨ ਨੰਬਰ 16/11, ਦਿਓਲ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮੋਹਿਤ ਕੁਮਾਰ ਅਤੇ ਉਸਦੀ ਪਤਨੀ ਜਯੋਤੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਲੇਟ ਤਜਿੰਦਰ ਸਿੰਘ ਵਾਸੀ ਮੰਡੀ ਰੋਡ, ਗਾਂਧੀ ਚੌਕ, ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਲਖਵਿੰਦਰ ਕੌਰ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਊਸ਼ਾ ਪਤਨੀ ਸਤਪਾਲ ਵਾਸੀ ਮਕਾਨ ਨੰ. 654/ਏ, ਗਲੀ ਨੰ. 3, ਗੁਰੂ ਨਾਨਕ ਪੁਰਾ ਵੈਸਟ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਚਾਂਦਨੀ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਸ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਗੁਰਮੇਲ ਸਿੰਘ ਪੁੱਤਰ ਲੇਟ ਸ੍ਰੀ ਨੀਤਾ ਰਾਮ ਵਾਸੀ ਪਿੰਡ ਬੁਢਿਆਣਾ, ਥਾਣਾ ਪਤਾਰਾ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਸ਼ੋਕ ਕੁਮਾਰ ਅਤੇ ਉਸ ਦੀ ਪਤਨੀ ਕੁਲਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ।

## Change of Name

I, hitherto known as SUKHWINDER S/o RESHAM residing at Village Ali Chak, PO. Basti Guzan, Jalandhar, Punjab-144002 have changed my name and shall hereafter be known as SUKHWINDER SINGH.

I, Tarandeep Singh S/o Jagjit Singh R/o H.No. 531, Gali No. 6, Malhi Market D.B.N. Rd. Batala, Distt. Gurdaspur have changed my name to Given Name Tarandeep & Surname as Singh. Concerned Note.

I, Sandeep Singh S/o Harbhajan Singh R/o Village Nangal, PO. Dalam, Tehsil Batala, District Gurdaspur, Punjab have changed my name from Sandeep Singh to Given Name as Sandeep and Surname as Singh. Concerned Note.

I, Romesh Pal S/o Dalip Chand R/o H.No. B-1-779, Ram Nagar, Jalandhar-144008, Punjab have changed my name from Romesh Pal to Ramesh Pal. All concerned please note.

I, Harpreet Kaur Dhillon W/O Manjit Singh, R/o Near Govt Hai School, Mullanpur, PO: Dakha Mandi, DIST: Ludhiana, Punjab-141101. have changed my name and shall hereafter be Known as Harpreet Kaur.

I, Naresh Kaur, D/O Balwant Singh R/o P.O.Adampur, Mehmadpur, DIST: Jalandhar, Punjab- 144102. have changed my name and shall hereafter be Known as Simmi Kaur.

I, Deepika w/o Rakesh Kumar r/o H.No.B-1/416, Gandhi Camp, Jalandhar-144008, have changed my name from Deepika to Deepika Kumari. All Please Note.

I, Kabir s/o Rakesh Kumar r/o H.No.B-1/416, Gandhi Camp, Jalandhar-144008, have changed my name from Kabir to Kabir Kumar. All Please Note.

I, Parveen Rani w/o Harbans Lal r/o BX-1290/4, Chakk Husaina, Lamba Pind, Jalandhar (PB) have changed my name from Parveen Rani to Parveen Sheemar. All Please Note.

I, Komal D/o Rajinder Pal Village Sanghwal, PO. Kishangarh, Distt. Jalandhar have changed my name from Komal to Komal Mahi. All Please Note.

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।


# ਨਗਰ ਪੰਚਾਇਤ ਪ੍ਰਧਾਨ ਦੀ ਚੋਣ ਨੂੰ ਲੈ ਕੇ ਅਕਾਲੀ ਦਲ ਦੀ ਸ਼ਹਿਰ 'ਚ ਚਰਚਾ ਜ਼ੋਰਾਂ 'ਤੇ

ਬਠਿੰਡਾ (ਰਾਜੀਵ ਗੋਇਲ) : ਬੀਤੇ ਸ਼ਨੀਵਾਰ ਨਗਰ ਪੰਚਾਇਤ ਭਗਤਾ ਦੇ ਪ੍ਰਧਾਨ ਦੀ ਚੋਣ ਕੀਤੀ ਜਾਣੀ ਸੀ ਤੇ ਇਸ ਮੌਕੇ ਅਕਾਲੀ ਦਲ ਪਾਸ ਬਹੁਮਤ ਵੀ ਸੀ, ਕਿਉਂਕਿ ਨਗਰ ਪੰਚਾਇਤ ਦੀਆਂ ਚੋਣਾਂ ਵਿੱਚ ਅਕਾਲੀ ਦਲ ਵੱਲੋਂ 7, ਕਾਂਗਰਸ ਵੱਲੋਂ 5 ਤੇ ਆਮ ਆਦਮੀ ਪਾਰਟੀ ਵੱਲੋਂ 1 ਸੀਟ ਹਾਸਲ ਕੀਤੀ ਗਈ ਸੀ ਅਤੇ 7 ਕੌਂਸਲਰਾਂ ਵੱਲੋਂ ਜਿੱਤ ਹਾਸਲ ਕਰਨ ਕਾਰਨ ਅਕਾਲੀ ਦਲ ਹੌਸਲੇ ਵਿੱਚ ਸੀ, ਪਰ ਚਰਚਾ ਅਨੁਸਾਰ ਪ੍ਰਧਾਨਗੀ ਦੀ ਅਜਿਹੀ ਹੋੜ ਪੈਦਾ ਹੋਈ ਕਿ ਅਕਾਲੀ ਦਲ ਦੇ ਆਪਣੇ ਹੀ ਆਗੂਆਂ ਵਿੱਚ ਧੜੇਬੰਦੀ ਪੈਦਾ ਹੋ ਗਈ ਅਤੇ ਸ਼ਹਿਰ ਦੇ ਮੁੱਖ ਆਗੂ ਵੱਲੋਂ ਹਨੇਰੇ ਦਾ ਫਾਇਦਾ ਉਠਾਉਂਦਿਆਂ ਇੱਕਾ-ਦੁੱਕਾ ਕੌਂਸਲਰਾਂ ਨੂੰ ਛੱਡ ਬਾਕੀ ਆਗੂਆਂ ਨਾਲ ਮੀਟਿੰਗਾਂ ਸ਼ੁਰੂ ਕਰ ਦਿੱਤੀਆਂ ਗਈਆਂ, ਜਿਸ ਦੀ ਭਿਣਕ ਜਦੋਂ ਮੀਟਿੰਗਾਂ ਲਈ ਛੱਡੇ ਜਾਂਦੇ ਕੌਂਸਲਰਾਂ ਨੂੰ ਪਈ ਤਾਂ ਚਿੰਗਾਰੀ ਬਣਨ ਤੋਂ ਪਹਿਲਾਂ ਹੀ ਇਹ ਮਾਮਲਾ ਸਹੁੰਆਂ ਖਵਾ ਕੇ ਸ਼ਾਂਤ ਕਰਵਾ ਦਿੱਤਾ ਗਿਆ ਅਤੇ ਫੈਸਲਾ ਕੀਤਾ ਗਿਆ ਕਿ ਜਿਸ ਦੀ ਵੀ ਸਾਬਕਾ ਵਜ਼ੀਰ

## ਆਉਣ ਵਾਲੇ ਸਮੇਂ 'ਚ ਪਾਰਟੀ ਨੂੰ ਭੁਗਤਣਾ ਪੈ ਸਕਦੈ ਖਮਿਆਜ਼ਾ

ਸਿਕੰਦਰ ਸਿੰਘ ਮਲੂਕਾ ਪ੍ਰਧਾਨਗੀ ਲਈ ਪਿੱਠ ਥਾਪੜਨਗੇ, ਉਹੀ ਆਗੂ ਪ੍ਰਧਾਨਗੀ ਦੀ ਕੁਰਸੀ 'ਤੇ ਬੈਠੇਗਾ। ਜਿਉਂ ਹੀ ਸ਼ਨੀਵਾਰ ਦੀ ਸਵੇਰ ਅਕਾਲੀ ਆਗੂ ਗਗਨਦੀਪ ਗਰੇਵਾਲ ਦੇ ਗ੍ਰਹਿ ਵਿਖੇ ਅਕਾਲੀ ਆਗੂ ਇਕੱਤਰ ਹੋਏ ਤੇ ਟਿਕਾਣੇ ਲਈ ਅੱਗੇ ਵਧਣ ਹੀ ਲੱਗੇ ਸੀ ਤਾਂ ਇੰਨੇ ਨੂੰ ਅਕਾਲੀ ਦਲ ਦੇ ਕਰੀਬ ਤਿੰਨ ਕੌਂਸਲਰ ਗਾਇਬ ਹੋ ਗਏ।

ਭਾਵੇਂ ਹੀ ਇਨ੍ਹਾਂ ਕੌਂਸਲਰਾਂ ਦੇ ਗਾਇਬ ਹੋਣ ਪਿੱਛੇ ਅਕਾਲੀ ਦਲ ਦੀ ਆਪਣੀ ਹੀ ਧੜੇਬੰਦੀ ਦਾ ਜ਼ਿਕਰ ਆਮ ਲੋਕ ਕਰ ਰਹੇ ਹਨ, ਪਰ ਪ੍ਰਧਾਨਗੀ ਦੀ ਇਸ ਚੋਣ ਵਿੱਚ ਬਹੁਮਤ ਹੋਣ ਦੇ ਬਾਵਜੂਦ ਅਕਾਲੀ ਦਲ ਦੇ ਪ੍ਰਧਾਨ ਦਾ ਨਾ ਬਨਣਾ ਪਾਰਟੀ ਦੀ ਕਿਰਕਿਰੀ ਕਰਵਾ ਰਿਹਾ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਅਕਾਲੀ ਦਲ ਨੂੰ ਇਸ ਗੱਲ ਦਾ ਖਮਿਆਜ਼ਾ ਭੁਗਤਣਾ ਪੈ ਸਕਦਾ ਹੈ।

# ਸੋਸ਼ਲ ਮੀਡੀਆ 'ਤੇ ਚੱਲ ਰਹੀ ਅਧੂਰੀ ਤੇ ਗਲਤ ਜਾਣਕਾਰੀ ਮਰੀਜ਼ਾਂ ਦੀ ਸਿਹਤ ਲਈ ਖਤਰਿਆਂ ਭਰੀ : ਡਾਕਟਰ ਕਪੂਰ

## ਨੌਜਵਾਨ ਭਾਰਤੀ ਚੁਣ ਰਹੇ ਨੇ ਦਿਲ ਦੇ ਵਾਲਵ ਦੀ ਅਜਿਹੀ ਬਿਨਾਂ-ਸਰਜਰੀ ਵਾਲੀ ਪ੍ਰਕਿਰਿਆ, ਜਿਸ ਦੀ ਉਹਨਾਂ ਨੂੰ ਸ਼ਾਇਦ ਲੋੜ ਹੀ ਨਹੀਂ



ਲੁਧਿਆਣਾ (ਰੈਕਟਰ ਕਥੂਰੀਆ) : ਇੱਕ ਅਧਿਐਨ ਮੁਤਾਬਕ, 60 ਸਾਲ ਤੋਂ ਘੱਟ ਤੇ ਖਾਸ ਕਰਕੇ 50 ਸਾਲ ਤੋਂ ਘੱਟ ਉਮਰ ਦੇ ਉਨ੍ਹਾਂ ਮਰੀਜ਼ਾਂ ਦੀ ਗਿਣਤੀ ਵਿੱਚ ਭਾਰੀ ਤੇ ਤੇਜ਼ੀ ਨਾਲ ਵਾਧਾ ਦੇਖਿਆ ਜਾ ਰਿਹਾ ਹੈ, ਜੋ 'ਟ੍ਰਾਂਸਕੈਥੀਟਰ ਐਓਰਟਿਕ ਵਾਲਵ ਰਿਪਲੇਸਮੈਂਟ' (ਟੀਏਵੀਆਰ) ਕਰਵਾਉਣਾ ਚਾਹੁੰਦੇ ਹਨ।ਟੀਏਵੀਆਰ, ਸੁੰਗੜ ਚੁੱਕੇ ਐਓਰਟਿਕ ਵਾਲਵ ਲਈ ਓਪਨ-ਹਾਰਟ ਸਰਜਰੀ ਦਾ ਇੱਕ ਛੋਟਾ ਤੇ ਬਿਨਾਂ ਚੀਰ-ਫਾੜ ਵਾਲਾ ਬਦਲ ਹੈ।ਹਾਲਾਂਕਿ, ਅੰਤਰਰਾਸ਼ਟਰੀ ਮੈਡੀਕਲ ਗਾਈਡਲਾਈਨਜ਼ ਦੇ ਅਨੁਸਾਰ ਇਹ ਪ੍ਰਕਿਰਿਆ ਆਮ ਤੌਰ 'ਤੇ ਸਿਰਫ਼ ਬਜ਼ੁਰਗਾਂ ਤੇ ਓਪਨ-ਹਾਰਟ ਸਰਜਰੀ ਲਈ ਹਾਈ-ਰਿਸਕ ਮਰੀਜ਼ਾਂ ਲਈ ਹੀ ਸੁਰੱਖਿਅਤ ਰੱਖੀ ਜਾਂਦੀ ਹੈ।ਟੀਏਵੀਆਰ ਦੇ ਖੇਤਰ ਵਿੱਚ ਦੇਸ਼ ਦੇ ਮੋਹਰੀ ਇੰਟਰਵੈਂਸ਼ਨਲ ਸਪੈਸ਼ਲਿਸਟਾਂ ਵਿੱਚੋਂ ਇੱਕ, ਡਾਕਟਰ ਰਜਨੀਸ਼ ਕਪੂਰ ਦਾ ਇਹ ਅਧਿਐਨ 305 ਅਜਿਹੇ ਮਰੀਜ਼ਾਂ 'ਤੇ ਅਧਾਰਤ ਹੈ, ਜੋ ਗੰਭੀਰ 'ਐਓਰਟਿਕ ਵਾਲਵ ਸਟੇਨੋਸਿਸ' (ਵਾਲਵ ਦਾ ਸੁੰਗੜਨਾ) ਤੋਂ ਪੀੜਤ ਸਨ ਤੇ 2020 ਤੋਂ ਮਾਰਚ 2026 ਦੇ ਵਿਚਕਾਰ ਵਾਲਵ ਰਿਪਲੇਸਮੈਂਟ ਲਈ ਜਾਂਚੇ ਗਏ ਸਨ।ਸ਼ਨੀਵਾਰ ਨੂੰ ਇੱਥੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਡਾਕਟਰ ਕਪੂਰ ਨੇ ਕਿਹਾ ਕਿ ਅੰਕੜੇ ਉਸੇ ਪੈਟਰਨ ਵੱਲ ਇਸ਼ਾਰਾ ਕਰਦੇ ਹਨ, ਜੋ ਉਨ੍ਹਾਂ ਨੇ ਸਿੱਧੇ ਆਪਣੇ ਕਲੀਨਿਕ ਵਿੱਚ ਵੀ ਦੇਖਿਆ ਹੈ: ਨੌਜਵਾਨ ਤੇ ਲੋ-ਰਿਸਕ ਮਰੀਜ਼ ਖੁਦ ਅੱਗੇ ਆ ਕੇ ਟੀਏਵੀਆਰ ਦੀ ਮੰਗ ਕਰ ਰਹੇ ਹਨ।ਉਹ ਅਕਸਰ ਆਨਲਾਈਨ ਪੜ੍ਹੀਆਂ ਜਾਂ ਦੇਖੀਆਂ ਗਈਆਂ ਚੀਜ਼ਾਂ ਤੋਂ ਪ੍ਰਭਾਵਿਤ ਹੁੰਦੇ ਹਨ, ਭਾਵੇਂ ਉਨ੍ਹਾਂ ਦੀ ਉਮਰ ਦੇ ਹਿਸਾਬ ਨਾਲ ਉਨ੍ਹਾਂ ਲਈ ਓਪਨ-ਹਾਰਟ ਸਰਜਰੀ ਹੀ ਡਾਕਟਰੀ ਤੌਰ 'ਤੇ ਸਹੀ ਵਿਕਲਪ ਹੋਵੇ।ਮੇਦਾਂਤਾ ਵਿੱਚ ਚੇਅਰਮੈਨ-ਇੰਟਰਵੈਂਸ਼ਨਲ ਕਾਰਡੀਓਲੋਜੀ, ਡਾਕਟਰ ਕਪੂਰ, ਭਾਰਤ ਵਿੱਚ ਸਭ ਤੋਂ ਵੱਧ ਟੀਏਵੀਆਰ ਪ੍ਰਕਿਰਿਆਵਾਂ ਕਰਨ ਵਾਲੇ ਡਾਕਟਰਾਂ ਵਿੱਚੋਂ ਇੱਕ ਹਨ।ਉਹ ਸਾਲਾਨਾ 75-80 ਅਜਿਹੀਆਂ ਪ੍ਰਕਿਰਿਆਵਾਂ ਕਰਦੇ ਹਨ। ਉਨ੍ਹਾਂ ਦੇ ਇਸੇ ਸ਼ਾਨਦਾਰ ਟ੍ਰੈਕ ਰਿਕਾਰਡ ਕਾਰਨ ਦੇਸ਼ ਵਿੱਚ ਬਦਲਦੀਆਂ ਟੀਏਵੀਆਰ ਪੱਧਤੀਆਂ ਵਿੱਚ ਉਨ੍ਹਾਂ ਦਾ ਤਜਰਬਾ ਬਹੁਤ ਮਾਇਨੇ ਰੱਖਦਾ ਹੈ ਅਤੇ ਬਦਲਦੇ ਮਰੀਜ਼ਾਂ ਦੀ ਮੰਗ 'ਤੇ ਉਨ੍ਹਾਂ ਦੇ ਇਨ੍ਹਾਂ ਆਬਜ਼ਰਵੇਸ਼ਨਾਂ ਦੀ ਖਾਸ ਅਹਿਮੀਅਤ ਹੈ।ਅਧਿਐਨ ਦੇ ਸਿੱਟਿਆਂ ਨੂੰ ਸਾਂਝਾ ਕਰਦਿਆਂ ਡਾਕਟਰ ਕਪੂਰ ਨੇ ਕਿਹਾ ਕਿ 2020 ਤੇ 2024 ਦੇ ਵਿਚਕਾਰ, ਮੇਰੇ ਕਲੀਨਿਕ ਵਿੱਚ ਵਾਲਵ ਰਿਪਲੇਸਮੈਂਟ ਲਈ ਜਾਂਚੇ ਗਏ ਕੁੱਲ ਮਰੀਜ਼ਾਂ ਵਿੱਚੋਂ 93% ਲੋਕ 60 ਸਾਲ ਤੇ ਉਸ ਤੋਂ ਵੱਧ ਉਮਰ ਦੇ ਸਨ।ਉੱਥੇ ਹੀ, 50-60 ਉਮਰ ਵਰਗ ਦੇ ਮਰੀਜ਼ 5% ਸਨ ਤੇ 50 ਤੋਂ ਘੱਟ ਉਮਰ ਦੇ ਮਰੀਜ਼ ਮਹਿਜ਼ 1% ਸਨ।ਇਹ ਇਸ ਸਥਾਪਤ ਮੈਡੀਕਲ ਸਮਝ ਦੇ ਬਿਲਕੁਲ ਅਨੁਕੂਲ ਹੈ ਕਿ ਗੰਭੀਰ ਐਓਰਟਿਕ ਸਟੇਨੋਸਿਸ ਮੁੱਖ ਤੌਰ 'ਤੇ ਬੁਢਾਪੇ ਦੀ ਬਿਮਾਰੀ ਹੈ, ਪਰ ਅਧਿਐਨ ਦੇ ਹਾਲੀਆ ਸਮੇਂ ਵਿੱਚ ਇਹ ਪੈਟਰਨ ਕਾਫੀ ਹੱਦ ਤੱਕ ਬਦਲ ਗਿਆ ਹੈ।

2024 ਤੋਂ ਮਾਰਚ 2026 ਦੇ ਵਿਚਕਾਰ, 60 ਸਾਲ ਤੋਂ ਘੱਟ ਉਮਰ ਦੇ ਮਰੀਜ਼ਾਂ ਦਾ ਅਨੁਪਾਤ ਲਗਭਗ ਦੁੱਗਣਾ ਹੋ ਕੇ ਕੁੱਲ ਮਰੀਜ਼ਾਂ ਦਾ 8-10% ਹੋ ਗਿਆ।ਇਸ ਬਦਲਾਅ ਵਿੱਚ ਵੀ, ਸਭ ਤੋਂ ਘੱਟ ਉਮਰ ਦੇ ਮਰੀਜ਼ਾਂ ਵਿੱਚ ਸਭ ਤੋਂ ਤੇਜ਼ ਉਛਾਲ ਦੇਖਿਆ ਗਿਆ: 50 ਸਾਲ ਤੋਂ ਘੱਟ ਉਮਰ ਦੇ ਮਰੀਜ਼ਾਂ ਦੀ ਗਿਣਤੀ ਪਿਛਲੇ ਚਾਰ ਸਾਲਾਂ ਦੀ ਤੁਲਨਾ 'ਚ ਲਗਭਗ ਸੱਤ ਗੁਣਾ ਵੱਧ ਗਈ।ਇਹ ਸਮਝਣ ਲਈ ਕਿ ਨੌਜਵਾਨ ਮਰੀਜ਼ਾਂ ਨੂੰ ਟੀਏਵੀਆਰ ਵੱਲ ਕਿਹੜੀ ਚੀਜ਼ ਆਕਰਸ਼ਿਤ ਕਰ ਰਹੀ ਹੈ, ਅਧਿਐਨ ਵਿੱਚ ਸ਼ਾਮਲ ਹਰ ਮਰੀਜ਼ ਤੋਂ ਇੱਕ ਬਹੁ-ਵਿਕਲਪੀ ਪ੍ਰਸ਼ਨ ਪੱਤਰੀ ਰਾਹੀਂ ਪੁੱਛਿਆ ਗਿਆ ਕਿ ਉਨ੍ਹਾਂ ਨੂੰ ਇਸ ਪ੍ਰਕਿਰਿਆ ਬਾਰੇ ਸਭ ਤੋਂ ਪਹਿਲਾਂ ਕਿੱਥੋਂ ਪਤਾ ਲੱਗਿਆ।ਉਨ੍ਹਾਂ ਨੂੰ ਵਿਕਲਪ ਦਿੱਤੇ ਗਏ ਸਨ: ਉਨ੍ਹਾਂ ਦੇ ਡਾਕਟਰ, ਪਰਿਵਾਰ ਜਾਂ ਦੋਸਤ, ਜਾਂ ਮੀਡੀਆ, ਜਿਸ ਵਿੱਚ ਅਖ਼ਬਾਰ, ਇੰਟਰਨੈੱਟ, ਰੇਡੀਓ ਜਾਂ ਟੈਲੀਵਿਜ਼ਨ ਸ਼ਾਮਲ ਸਨ।50 ਸਾਲ ਤੋਂ ਘੱਟ ਉਮਰ ਦੇ ਮਰੀਜ਼ਾਂ ਵਿੱਚ ਇਸ ਦਾ ਜਵਾਬ ਬੇਹੱਦ ਹੈਰਾਨ ਕਰਨ ਵਾਲਾ ਸੀ।

98% ਮਰੀਜ਼ਾਂ ਨੇ ਕਿਹਾ ਕਿ ਉਨ੍ਹਾਂ ਨੇ ਕਿਸੇ ਡਾਕਟਰ ਦੀ ਬਜਾਏ ਪਹਿਲੀ ਵਾਰ ਇੰਟਰਨੈੱਟ ਸੋਸ਼ਲ ਮੀਡੀਆ, ਵੀਡੀਓ ਪਲੇਟਫਾਰਮ, ਹੈਲਥ ਵੈੱਬਸਾਈਟਾਂ ਤੇ ਆਨਲਾਈਨ ਫੋਰਮਾਂ ਰਾਹੀਂ ਟੀਏਵੀਆਰ ਬਾਰੇ ਜਾਣਿਆ ਸੀ।ਡਾਕਟਰ ਕਪੂਰ ਨੇ ਕਿਹਾ ਕਿ ਇਹ ਅਧਿਐਨ ਇਸ ਗੱਲ ਦੀ ਵੀ ਪੁਸ਼ਟੀ ਕਰਦਾ ਹੈ ਕਿ ਸੋਸ਼ਲ ਮੀਡੀਆ 'ਤੇ ਚੱਲ ਰਹੀ ਅਧੂਰੀ ਤੇ ਗਲਤ ਜਾਣਕਾਰੀ ਹੁਣ ਮਰੀਜ਼ਾਂ ਦੇ ਸਿਹਤ ਸਬੰਧੀ ਫੈਸਲਿਆਂ ਨੂੰ ਸਿੱਧਾ ਪ੍ਰਭਾਵਿਤ ਕਰ ਰਹੀ ਹੈ।

ਉਨ੍ਹਾਂ ਸਲਾਹ ਦਿੱਤੀ ਕਿ ਜਨਤਾ ਨੂੰ ਸਾਡੀ ਅਪੀਲ ਹੈ ਕਿ ਡਾਕਟਰ ਤੋਂ ਬਿਹਤਰ ਸਵਾਲ ਪੁੱਛਣ ਲਈ ਇੰਟਰਨੈੱਟ ਦੀ ਵਰਤੋਂ ਕਰੋ, ਖੁਦ ਨੂੰ ਕੋਈ ਪ੍ਰਕਿਰਿਆ ਜਾਂ ਇਲਾਜ 'ਸੈਲਫ-ਪ੍ਰਿਸਕ੍ਰਾਈਬ' ਕਰਨ ਲਈ ਨਹੀਂ।ਸਹੀ ਇਲਾਜ ਉਹ ਹੈ, ਜੋ ਤੁਹਾਡੀ ਉਮਰ, ਤੁਹਾਡੇ ਸਰੀਰ ਦੀ ਬਣਤਰ ਤੇ ਤੁਹਾਡੇ ਰਿਸਕ ਪ੍ਰੋਫਾਈਲ ਦੇ ਹਿਸਾਬ ਨਾਲ ਸਹੀ ਹੋਵੇ, ਜਿਸ ਨੂੰ ਕਿਸੇ ਮਾਹਰ ਦੀ ਸਲਾਹ ਨਾਲ ਤੈਅ ਕੀਤਾ ਗਿਆ ਹੋਵੇ, ਨਾ ਕਿ ਉਹ ਜੋ ਆਨਲਾਈਨ ਟ੍ਰੈਂਡ ਕਰ ਰਿਹਾ ਹੋਵੇ।


## ਨਾਂਅ ਦੀ ਬਦਲੀ

ਮੈਂ, ਸੁਭਾਸ਼ ਗੋਇਲ ਪੁੱਤਰ ਜਗਨ ਨਾਥ ਵਾਸੀ 16-ਏ/68, ਤਹਿਸੀਲ ਮੁਹੱਲਾ, ਧੂਰੀ (ਸੰਗਰੂਰ) ਬਿਆਨ ਕਰਦਾ ਹਾਂ ਕਿ ਮੈਨੂੰ ਸੁਭਾਸ਼ ਗੋਇਲ ਅਤੇ ਸੁਭਾਸ਼ ਚੰਦ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ। ਦੋਵੇਂ ਨਾਮ ਮੇਰੇ ਹੀ ਹਨ।

ਮੈਂ, ਲਕਸ਼ਮੀ ਦੇਵੀ ਪੁੱਤਰੀ ਨਿਰੰਜਨ ਸਿੰਘ ਵਾਸੀ ਪਿੰਡ ਮਹਿੰਦਪੁਰ ਤਹਿਸੀਲ ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ਮੈਂ ਆਪਣਾ ਨਾਂਅ ਬਦਲ ਕੇ ਲਵਪ੍ਰੀਤ ਕੌਰ ਰੱਖ ਲਿਆ ਹੈ। ਸਬੰਧਤ ਨੋਟ ਕਰਨ।

## Change of Name

I, Sandeep Singh s/o Tarsem Singh r/o Vill. Chattowal, Po. Rajpur Gahot, Distt. Hoshiarpur-144212, Punjab have changed my name to Singh Sandeep. All Please Note. (R)

I, Paramjit Singh S/o Harnek Singh R/o Muhalla Patti, Jagir Pur, VPO. Sammipur,Ps Lambra Distt. Jalandhar have changed my name from Paramjit Singh to Paramjeet Singh. All Please Note.


# ਪੁਲਸ ਵੱਲੋਂ ਵੱਖ-ਵੱਖ ਥਾਵਾਂ 'ਤੇ ਸਖ਼ਤ ਨਿਗਰਾਨੀ



ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰ ਪਾਲ/ਪੂਜਾ) ਪੰਜਾਬ ਸਰਕਾਰ ਤੇ ਡੀ.ਜੀ.ਪੀ ਪੰਜਾਬ ਦੀਆਂ ਹਦਾਇਤਾਂ ਤਹਿਤ ਜ਼ਿਲ੍ਹੇ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐੱਸ, ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਦੀ ਨਿਗਰਾਨੀ ਹੇਠ ਵਿਸਥਾਰਪੂਰਕ ਚੈਕਿੰਗ ਮੁਹਿੰਮ ਚਲਾਈ ਗਈ।ਚੈਕਿੰਗ ਦੌਰਾਨ ਜ਼ਿਲ੍ਹਾ ਅੰਦਰ ਵੱਖ-ਵੱਖ ਥਾਂਵਾਂ 'ਤੇ ਨਾਕਿਆਂ ਤੋਂ ਇਲਾਵਾ, ਰੇਲਵੇ ਸਟੇਸ਼ਨ 'ਤੇ ਜਾਂਚ ਕੀਤੀ ਗਈ।ਰੇਲਵੇ ਸਟੇਸ਼ਨ 'ਤੇ ਚੈਕਿੰਗ, ਪੈਸੈਂਜਰ ਬੈਗਾਂ ਦੀ ਸਕੈਨਿੰਗ, ਰਿਕਾਰਡ ਜਾਂਚ ਕੀਤੀ ਗਈ, ਸ਼ੱਕੀ ਵਿਅਕਤੀਆਂ ਨੂੰ ਚੈੱਕ ਕੀਤਾ ਗਿਆ ਤੇ ਸਵਾਰੀਆਂ ਦੇ ਬੈਗਾਂ ਦੀ ਜਾਂਚ ਕੀਤੀ।ਜੀ.ਆਰ.ਪੀ ਪੁਲਿਸ ਟੀਮ ਦੇ ਨਾਲ ਮਿਲ ਕੇ ਆਉਣ-ਜਾਣ ਵਾਲੇ ਸ਼ੱਕੀ ਵਿਅਕਤੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਪਛਾਣ ਪੁਸ਼ਟੀ ਕੀਤੀ ਗਈ।ਕਈ ਵਿਅਕਤੀਆਂ ਦੇ ਰਿਕਾਰਡ ਪੀ.ਏ.ਐਲ.ਐਸ ਐਪ ਰਾਹੀਂ ਤੁਰੰਤ ਵੈਰੀਫਾਈ ਕੀਤੇ ਗਏ, ਤਾਂ ਜੁ ਉਨ੍ਹਾਂ ਦੇ ਕਿਸੇ ਕ੍ਰਿਮੀਨਲ ਰਿਕਾਰਡ ਨੂੰ ਜਾਂਚਿਆ ਜਾ ਸਕੇ। ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਸੁੱਰਖਿਆ ਯਕੀਨੀ ਬਣਾਉਣ ਲਈ ਰੇਲਵੇ ਸਟੇਸ਼ਨਾਂ ਦੀ ਚੈਕਿੰਗ ਕੀਤੀ ਗਈ।ਚੈਕਿੰਗ ਦੌਰਾਨ ਰੇਲਵੇ ਸਟੇਸ਼ਨ ਦੇ ਨਜ਼ਦੀਕ ਲੰਮੇ ਸਮੇਂ ਤੋਂ ਲਾਵਾਰਸ ਅਵਸਥਾ ਵਿੱਚ ਖੜੇ ਸ਼ੱਕੀ ਵਾਹਨਾਂ ਦੀ ਜਾਂਚ ਕੀਤੀ ਗਈ।ਇਸ ਦੌਰਾਨ 'ਵਾਹਨ ਐਪ' ਦੀ ਮਦਦ ਨਾਲ ਵਾਹਨਾਂ ਨੂੰ ਵੈਰੀਫਾਈ ਕੀਤਾ ਤੇ ਉਹਨਾਂ ਦੇ ਪੁਲਿਸ ਰਿਕਾਰਡ ਨੂੰ ਵੀ ਵੈਰੀਫਾਈ ਕੀਤਾ ਗਿਆ, ਤਾਂ ਜੁ ਇਹ ਸੁਨਿਸ਼ਚਿਤ ਕੀਤਾ ਜਾ ਸਕੇ ਕਿ ਉਨ੍ਹਾਂ ਵਿੱਚੋਂ ਕੋਈ ਵਾਹਨ ਕਿਸੇ ਨਾਜਾਇਜ਼ ਗਤੀਵਿਧੀ ਜਾਂ ਪੈਂਡਿੰਗ ਕੇਸ ਵਿੱਚ ਲੋੜੀਂਦਾ ਤਾਂ ਨਹੀਂ ਹੈ।

## ਜਨਵਾਦੀ ਇਸਤਰੀ ਸਭਾ ਨੇ ਮਹਿਲਾਵਾਂ ਲਈ ਰਾਖਵਾਂਕਰਨ ਲਾਗੂ ਕਰਨ ਸੰਬੰਧੀ ਸਰਕਾਰ ਨੂੰ ਭੇਜਿਆ ਮੰਗ ਪੱਤਰ

**ਮਹਿਲਪੁਰ (ਸਫ਼ਰੀ)**- ਅਖਿਲ ਭਾਰਤੀ ਜਨਵਾਦੀ ਮਹਿਲਾ ਸਮਿਤੀ ਦੇ ਸੱਦੇ ਤੇ ਜਨਵਾਦੀ ਇਸਤਰੀ ਸਭਾ ਪੰਜਾਬ ਦੀ ਪ੍ਰਧਾਨ ਬੀਬੀ ਸੁਭਾਸ਼ ਮੱਟੂ ਦੀ ਅਗਵਾਈ ਹੇਠ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਰਾਹੀਂ ਪੰਜਾਬ ਸਰਕਾਰ ਨੂੰ ਭੇਜਿਆ ਗਿਆ। ਇਸ ਮੌਕੇ ਬੀਬੀ ਸੁਭਾਸ਼ ਮੱਟੂ




ਨੇ ਦੱਸਿਆ ਕਿ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ 33 ਫੀਸਦੀ ਰਾਖਵਾਂਕਰਨ ਨੂੰ ਤੁਰੰਤ ਲਾਗੂ ਕਰਨ ਦੀ ਮੰਗ ਨੂੰ ਲੈਕੇ ਹਲਕਾ ਵਿਧਾਇਕ ਅਤੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਓ ਐੱਸ ਡੀ ਚਰਨਜੀਤ ਸਿੰਘ ਚੰਨੀ ਨੂੰ ਸੌਂਪਿਆ ਗਿਆ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਸ ਇਤਿਹਾਸਕ ਮੰਗ ਲਈ ਜਨਵਾਦੀ ਇਸਤਰੀ ਸਭਾ ਨੇ ਦਹਾਕਿਆਂ ਤੋਂ ਚੱਲ ਰਹੇ ਸੰਘਰਸ਼, ਹਜ਼ਾਰਾਂ ਰੈਲੀਆਂ, ਧਰਨਿਆਂ, ਪ੍ਰਦਰਸ਼ਨਾਂ ਅਤੇ ਵਿਰੋਧ-ਮੁਜ਼ਾਹਰਿਆਂ ਰਾਹੀਂ ਇਸ ਮੰਗ ਨੂੰ ਲਗਾਤਾਰ ਦੇਸ਼-ਪੱਧਰ 'ਤੇ ਉਠਾਇਆ ਹੈ। ਉਨ੍ਹਾਂ ਦੱਸਿਆ ਕਿ ਇਸ ਲੰਬੇ ਅਤੇ ਨਿਰੰਤਰ ਸੰਘਰਸ਼ ਦੇ ਨਤੀਜੇ ਵਜੋਂ 2023 ਵਿੱਚ ਸੰਸਦ ਨੇ ਨਾਰੀ ਸ਼ਕਤੀ ਵੰਦਨ ਅਧਿਨਿਯਮ ਪਾਸ ਕੀਤਾ। ਪਰ ਇਸ ਕਾਨੂੰਨ ਦੇ ਲਾਗੂ ਹੋਣ ਨੂੰ ਆਉਣ ਵਾਲੀ ਜਨਗਣਨਾ ਅਤੇ ਸੀਮਾਂਕਣ ਦੀ ਪ੍ਰਕਿਰਿਆ ਨਾਲ ਜੋੜ ਦਿੱਤਾ ਗਿਆ। ਉਸ ਸਮੇਂ ਵੀ ਅਖਿਲ ਭਾਰਤੀ ਜਨਵਾਦੀ ਮਹਿਲਾ ਸਮਿਤੀ ਅਤੇ ਹੋਰ ਪ੍ਰਗਤੀਸ਼ੀਲ ਜਨਤਕ ਸੰਗਠਨਾਂ ਨੇ ਇਸ ਸ਼ਰਤ ਦਾ ਸਖ਼ਤ ਵਿਰੋਧ ਕੀਤਾ ਸੀ। ਉਨ੍ਹਾਂ ਮੰਗ ਕੀਤੀ ਕਿ ਮਹਿਲਾ ਰਾਖਵਾਂਕਰਨ ਨੂੰ ਬਿਨਾਂ ਕਿਸੇ ਦੇਰੀ ਸੰਸਦ ਅਤੇ ਸਾਰੀਆਂ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਨੂੰ ਬਿਨਾਂ ਕਿਸੇ ਹੋਰ ਦੇਰੀ ਦੇ ਤੁਰੰਤ ਲਾਗੂ ਕੀਤਾ ਜਾਵੇ। ਇਸ ਮੌਕੇ ਬੀਬੀ ਸੁਭਾਸ਼ ਮੱਟੂ, ਨੀਲਮ, ਸੁਰਿੰਦਰ ਕੌਰ, ਰਸ਼ਪਾਲ ਕੌਰ, ਪਰਮਜੀਤ ਕੌਰ, ਹਰਜਿੰਦਰ ਕੌਰ, ਅਮਰਜੀਤ ਕੌਰ, ਅਮਰਜੀਤ ਕੌਰ ਅਤੇ ਰੇਸ਼ਮ ਕੌਰ ਆਦਿ ਹਾਜ਼ਰ ਸਨ।

## ਵਿਧਾਇਕ ਨੇ ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਦਿੱਤੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਨਕੋਦਰ ਵਿੱਚ 26 ਆਂਗਣਵਾੜੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਸਮੇਂ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਇਹ ਨਿਯੁਕਤੀ ਪੱਤਰ ਦੇਣ ਸਮੇਂ ਬੜਾ ਮਾਣ ਮਹਿਸੂਸ ਹੋਇਆ ਕਿ ਮਾਨ ਸਰਕਾਰ ਦਾ ਮੈਂ ਵੀ ਇੱਕ ਹਿੱਸਾ ਹਾਂ। ਨਿਯੁਕਤੀ ਪੱਤਰ ਲੈਂਦੇ ਹੋਏ



ਚਿਹਰਿਆਂ ਦੀ ਰੌਣਕ ਦੇਖੀ, ਪਰਵਾਰਾਂ ਦੀ ਖ਼ੁਸ਼ੀ ਨੂੰ ਦੇਖਣ ਦਾ ਮੌਕਾ ਮਿਲਿਆ। ਮਾਨ ਸਰਕਾਰ ਨੇ ਪਾਰਦਰਸ਼ੀ ਢੰਗ ਨਾਲ 65 ਹਜ਼ਾਰ ਨੌਕਰੀਆਂ ਹੁਣ ਤੱਕ ਪੰਜਾਬ ਵਿੱਚ ਦਿੱਤੀਆਂ ਜਾ ਚੁੱਕੀਆਂ ਹਨ। ਜਿਸ ਨੂੰ ਲੈ ਕੇ ਦਿਨ ਪ੍ਰਤੀ ਦਿਨ ਮਾਨ ਸਰਕਾਰ ਤੇ ਵਧ ਰਿਹਾ ਲੋਕਾਂ ਦਾ ਭਰੋਸਾ ਜਿਸ ਨੂੰ ਦੇਖਦਿਆਂ ਮਾਨ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਇਹ ਨੌਕਰੀਆਂ, 600 ਯੂਨਿਟ ਬਿਜਲੀ ਮੁਆਫ, ਮਿਆਰੀ ਸਿੱਖਿਆ ਦਾ ਵਿਸ਼ਵ ਪੱਧਰੀ ਢਾਂਚਾ, 985 ਆਮ ਆਦਮੀ ਕਲੀਨਿਕ, ਜ਼ਿਲ੍ਹੇ ਦੇ ਸਾਰੇ ਹਸਪਤਾਲ, ਡਿਵੀਜ਼ਨ ਦੇ ਹਸਪਤਾਲ ਸਮੇਂ ਦੇ ਹਾਣੀ, 10 ਲੱਖ ਦੇ ਸਿਹਤ ਬੀਮਾ ਕਾਰਡ ਲੋਕਾਂ ਦੀਆਂ ਜੇਬਾਂ ਵਿੱਚ ਪਾਏ ਗਏ। ਬੀਬੀ ਮਾਨ ਨੇ ਆਖਿਆ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਨਾਲ ਬੀਬੀਆਂ ਦੇ ਚਿਹਰਿਆਂ ਦੀ ਰੌਣਕ ਹੋਰ ਭਰੋਸਾ ਪ੍ਰਪੱਕ ਕਰ ਰਹੀ ਹੈ ਕਿ ਮਾਨ ਸਰਕਾਰ ਦੀਆਂ ਅਨੇਕ ਪ੍ਰਾਪਤੀਆਂ ਹਨ। ਇਸ ਮੌਕੇ ਤੇ ਸੀ ਡੀ ਪੀ ਓ ਨਕੋਦਰ ਸਰਿਤਾ, ਸੀ ਡੀ ਪੀ ਓ ਨੂਰਮਹਿਲ ਰਾਜਵਿੰਦਰ ਕੌਰ, ਨਗਰ ਕੌਂਸਲ ਨਕੋਦਰ ਦੇ ਪ੍ਰਧਾਨ ਪ੍ਰਦੀਪ ਸ਼ੇਰਪੁਰੀ, ਕੌਂਸਲਰ ਮਨੀ ਮਹਿੰਦਰੂ, ਰਵੀ ਬਸਰਾ, ਸੋਹਣ ਲਾਲ ਜੇ ਪੀ, ਜਥੇਦਾਰ ਬੂਟਾ ਸਿੰਘ, ਕੁਲਦੀਪ ਸਿੰਘ ਕਾਂਗਣਾ ਅਤੇ ਸਟਾਫ ਹਾਜ਼ਰ ਸੀ।

## ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਰਾਜਨੀਤਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

**ਜਲੰਧਰ, (ਸ਼ੈਲੀ ਐਲਬਰਟ)**- ਭਾਰਤ ਚੋਣ ਕਮਿਸ਼ਨ ਵੱਲੋਂ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐੱਸ.ਆਈ.ਆਰ.)-2026 ਤਹਿਤ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਤੋਂ ਬਾਅਦ ਜਲੰਧਰ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ 1926 ਤੋਂ ਵਧਾ ਕੇ 1997 ਕਰਨ ਦੀ ਤਜਵੀਜ਼ ਹੈ।ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਇਸ ਸਬੰਧੀ ਵੱਖ-ਵੱਖ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਹਰ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਵੱਧ ਤੋਂ ਵੱਧ ਗਿਣਤੀ 1200 ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਰੈਸ਼ਨਲਾਈਜ਼ੇਸ਼ਨ ਦੀ ਪ੍ਰਕਿਰਿਆ ਪੂਰੀ ਕਰਦੇ ਹੋਏ ਲੋੜੀਂਦੀ ਤਜਵੀਜ਼ ਤਿਆਰ ਕੀਤੀ ਗਈ ਹੈ।ਵਾਲੀਆ ਨੇ ਕਿਹਾ ਕਿ ਇਸ ਦਾ ਉਦੇਸ਼ ਪੋਲਿੰਗ ਸਟੇਸ਼ਨਾਂ ਦਾ ਬਿਹਤਰ ਪ੍ਰਬੰਧਨ ਯਕੀਨੀ ਬਣਾਉਣਾ ਅਤੇ ਚੋਣਾਂ ਦੌਰਾਨ ਵੋਟਰਾਂ ਨੂੰ ਵਧੇਰੇ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਇਸ ਰੈਸ਼ਨਲਾਈਜ਼ੇਸ਼ਨ ਤੋਂ ਬਾਅਦ, ਜ਼ਿਲ੍ਹੇ ਵਿੱਚ 74 ਨਵੇਂ ਪੋਲਿੰਗ ਬੂਥਾਂ ਦੀ ਸਥਾਪਨਾ ਅਤੇ 3 ਪੋਲਿੰਗ ਬੂਥਾਂ ਨੂੰ ਮਰਜ ਕਰਨ ਉਪਰੰਤ ਜ਼ਿਲ੍ਹੇ ਵਿੱਚ




ਪੋਲਿੰਗ ਸਟੇਸ਼ਨਾਂ ਦੀ ਗਿਣਤੀ 1926 ਤੋਂ ਵਧ ਕੇ 1997 ਹੋਣ ਦੀ ਤਜਵੀਜ਼ ਹੈ। ਇਹ ਤਜਵੀਜ਼ ਅੰਤਿਮ ਪ੍ਰਵਾਨਗੀ ਲਈ ਮੁੱਖ ਚੋਣ ਅਫ਼ਸਰ, ਪੰਜਾਬ ਨੂੰ ਭੇਜੀ ਜਾਵੇਗੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵਿਧਾਨ ਸਭਾ ਹਲਕਾ ਫਿਲੌਰ ਵਿੱਚ ਮੌਜੂਦਾ 242 ਪੋਲਿੰਗ ਸਟੇਸ਼ਨ ਹਨ ਅਤੇ ਰੈਸ਼ਨਲਾਈਜ਼ੇਸ਼ਨ ਉਪਰੰਤ 244 ਪੋਲਿੰਗ ਸਟੇਸ਼ਨ ਕਰਨ ਦੀ ਤਜਵੀਜ਼ ਹੈ। ਇਸੇ ਤਰ੍ਹਾਂ ਵਿਧਾਨ ਸਭਾ ਹਲਕਾ ਨਕੋਦਰ ਦੇ ਮੌਜੂਦਾ 252 ਪੋਲਿੰਗ ਸਟੇਸ਼ਨ ਹਨ ਤੇ ਰੈਸ਼ਨਲਾਈਜ਼ੇਸ਼ਨ ਉਪਰੰਤ 255, ਸ਼ਾਹਕੋਟ ਵਿਖੇ 250 ਤੇ ਰੈਸ਼ਨਲਾਈਜ਼ੇਸ਼ਨ ਉਪਰੰਤ 252, ਕਰਤਾਰਪੁਰ ਵਿਖੇ 199 ਤੋਂ ਰੈਸ਼ਨਲਾਈਜ਼ੇਸ਼ਨ ਤੋਂ ਬਾਅਦ 225 ਅਤੇ ਆਦਮਪੁਰ ਵਿਖੇ ਮੌਜੂਦਾ 210 ਪੋਲਿੰਗ ਸਟੇਸ਼ਨ ਹਨ ਅਤੇ ਰੈਸ਼ਨਲਾਈਜ਼ੇਸ਼ਨ ਉਪਰੰਤ 216 ਪੋਲਿੰਗ ਸਟੇਸ਼ਨ ਕਰਨ ਦਾ ਪ੍ਰਸਤਾਵ ਹੈ। ਇਸੇ ਤਰ੍ਹਾਂ ਜਲੰਧਰ ਪੱਛਮੀ ਵਿਖੇ ਮੌਜੂਦਾ 181 ਪੋਲਿੰਗ ਸਟੇਸ਼ਨ ਹਨ ਅਤੇ ਰੈਸ਼ਨਲਾਈਜ਼ੇਸ਼ਨ ਉਪਰੰਤ 192, ਜਲੰਧਰ ਕੇਂਦਰੀ ਵਿਖੇ 185 ਤੋਂ ਰੈਸ਼ਨਲਾਈਜ਼ੇਸ਼ਨ ਤੋਂ ਬਾਅਦ 191, ਜਲੰਧਰ ਉੱਤਰੀ ਵਿਖੇ 195 ਤੋਂ ਰੈਸ਼ਨਲਾਈਜ਼ੇਸ਼ਨ ਤੋਂ ਬਾਅਦ 204 ਅਤੇ ਜਲੰਧਰ ਛਾਉਣੀ ਵਿਖੇ ਮੌਜੂਦਾ ਸਮੇਂ 212 ਪੋਲਿੰਗ ਸਟੇਸ਼ਨ ਹਨ ਅਤੇ ਰੈਸ਼ਨਲਾਈਜ਼ੇਸ਼ਨ ਉਪਰੰਤ 218 ਪੋਲਿੰਗ ਸਟੇਸ਼ਨ ਕਰਨ ਦੀ ਤਜਵੀਜ਼ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 74 ਨਵੇਂ ਪੋਲਿੰਗ ਬੂਥ ਸਥਾਪਤ ਕੀਤੇ ਗਏ ਹਨ ਅਤੇ 3 ਮਰਜ਼ ਕੀਤੇ ਗਏ ਹਨ, ਜਿਸ ਅਨੁਸਾਰ 71 ਪੋਲਿੰਗ ਬੂਥਾਂ ਦੇ ਵਾਧੇ ਨਾਲ ਜ਼ਿਲ੍ਹੇ ਵਿੱਚ ਕੁੱਲ ਪੋਲਿੰਗ ਸਟੇਸ਼ਨਾਂ ਦੀ ਗਿਣਤੀ 1997 ਹੋਣ ਦਾ ਪ੍ਰਸਤਾਵ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਹਾਲੀ ਤੋਂ 3 ਬੱਸਾਂ ਅੰਮ੍ਰਿਤਸਰ ਲਈ ਰਵਾਨਾ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਮੋਹਾਲੀ ਤੋਂ ਤਿੰਨ ਬੱਸਾਂ ਨੂੰ ਵਿਧਾਇਕ ਕੁਲਵੰਤ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ।



ਸ਼ਰਧਾਲੂਆਂ ਨਾਲ ਭਰੀ ਤਿੰਨੋ ਬੱਸਾਂ ਨੂੰ ਰਵਾਨਾ ਕਰਨ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਪਹਿਲਾਂ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਰੋਜ਼ਾਨਾ ਦੋ ਬੱਸਾਂ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਜਾਂਦੀਆਂ ਸਨ ਰਵਾਨਾ ਹੁੰਦੀਆਂ ਸਨ ਪਰੰਤੂ ਹੁਣ ਤੀਸਰੀ ਬੱਸ ਵੀ ਇਸ ਯੋਜਨਾ ਦੇ ਤਹਿਤ ਸ਼ੁਰੂ ਕੀਤੀ ਗਈ ਹੈ ਕਿਉਂਕਿ ਇਸ ਯਾਤਰਾ ਤੇ ਜਾਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ ਅਤੇ ਰਜਿਸਟਰੇਸ਼ਨ ਰਜਿਸਟਰੇਸ਼ਨ ਦਾ ਕੰਮ ਵੀ ਤੇਜੀ ਨਾਲ ਕੀਤਾ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਕਿਹਾ ਕਿ ਇਸ ਯਾਤਰਾ ਤੇ ਜਾਣ ਦੇ ਦੌਰਾਨ ਸ਼ਰਧਾਲੂਆਂ ਵੱਲੋਂ ਆਪਸੀ ਭਾਈਚਾਰਕ ਸਾਂਝ ਨੂੰ ਵਧਾਇਆ ਜਾਂਦਾ ਹੈ। ਇਸ ਮੌਕੇ ਤੇ ਪਿੰਡ ਚਿੱਲਾ ਵਿਖੇ ਅਮਨ ਸਿੰਘ, ਸੰਤੋਖ ਸਿੰਘ, ਕੁਲਵੰਤ ਸਿੰਘ ਤੇ ਕਾਕਾ ਸਿੰਘ ਮੌਜੂਦ ਰਹੇ। ਇਸ ਤੋਂ ਇਲਾਵਾ ਨਸੀਬ ਸਿੰਘ ਸੰਧੂ ਕੌਂਸਲਰ, ਹਰਿੰਦਰ ਪਾਲ ਸਿੰਘ, ਮਾਨ ਭੁਪਿੰਦਰ ਸਿੰਘ, ਜਰਨੈਲ ਸਿੰਘ, ਦਲਵੀਰ ਸਿੰਘ, ਚੰਨਾ ਸਿੰਘ, ਗੁਰਨਾਮ ਸਿੰਘ, ਗੁਰਮੀਤ ਸਿੰਘ, ਪ੍ਰੀਤਮ ਸਿੰਘ, ਗੁਰਮੇਲ ਸਿੰਘ, ਸੰਤ ਸਿੰਘ, ਬਲਵੀਰ ਸਿੰਘ, ਭਜਨ ਸਿੰਘ, ਖੁਸ਼ਹਾਲ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੇ ਲੋਕ ਹਾਜ਼ਰ ਰਹੇ।

## ਪੰਜਾਬੀ ਸਾਹਿਤ ਨੂੰ ਪ੍ਰਫੁਲਤ ਕਰਨ ਲਈ ਨਿਰੰਤਰ ਉਪਰਾਲੇ ਕੀਤੇ ਜਾਣਗੇ : ਡਾ. ਸੋਮਾ ਸਬਲੋਕ

**ਬੰਗਾ (ਅਵਤਾਰ ਕਲੇਰ)**- ਪੰਜਾਬੀ ਸਾਹਿਤ ਚੇਤਨਾ ਮੰਚ ਬੰਗਾ ਦੀ ਮਹੀਨਾਵਾਰ ਮਿਲਣੀ ਸ਼ਹੀਦ ਭਗਤ ਸਿੰਘ ਕਾਲਜ ਬੰਗਾ ਵਿਖੇ ਕੀਤੀ। ਪ੍ਰਧਾਨਗੀ ਡਾਕਟਰ ਸੋਮਾ ਸਬਲੋਕ ਵੱਲੋਂ ਕੀਤੀ ਗਈ। ਉਨ੍ਹਾਂ ਮੀਟਿੰਗ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਨੂੰ ਪ੍ਰਫੁਲਿਤ ਕਰਨ ਲਈ ਮੰਚ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾਣਗੇ। ਜਸਵਿੰਦਰ ਭਟੋਆ ਨੇ ਸਭਾ ਦੇ ਸ਼ੋਸਲ ਮੀਡੀਆ ਦੇ ਫੇਸਬੁੱਕ,ਇਨਸਟ੍ਰਾਗ੍ਰਾਮ ਅਕਾਊਟਜ਼ ਬਾਰੇ ਜਾਣਕਾਰੀ ਸਾਂਝੀ ਕੀਤੀ। ਮੰਚ ਦੇ ਬਣਾਏ ਗਏ ਲੋਗੋ ਸੰਬੰਧੀ ਵਿਸਥਾਰ ਵਿੱਚ ਵੇਰਵਾ ਸਭ ਨਾਲ ਸਾਂਝਾ ਕੀਤਾ ਗਿਆ। ਮਿਲਣੀ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਪ੍ਰੋਫੈਸਰ ਬਲਜੀਤ ਸਿੰਘ ਬੱਲੀ ਸਾਬਕਾ ਲੋਕ ਸੰਪਰਕ ਅਫ਼ਸਰ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਸ਼ਬਦਾਂ ਰਾਹੀਂ ਵੀ ਮਨੁੱਖੀ ਸ਼ੰਘਰਸ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਪ੍ਰਿੰਸੀਪਲ ਨਵਤੇਜ ਗੜ੍ਹਦੀਵਾਲਾ ਨੇ ਕਿਹਾ ਕਿ ਵੱਡਾ ਉਦੇਸ਼ ਮਿੱਥ ਕੇ ਸੰਸਥਾ ਬਣਾਉਣੀ ਤੇ ਉਸ ਲਈ ਕੰਮ ਕਰਨਾ ਚੰਗਾ ਉੱਦਮ ਹੈ। ਗੁਰਦੀਪ ਮੁਕੱਦਮ ਨੇ ਆਪਣੇ ਨਾਵਲ 'ਕਤਲਗਾਹ', ਗੁਰਦੀਪ ਸੈਣੀ (ਔੜ ਤੋ ਬਰਸਾਤ ਤੱਕ),ਜਸਵਿੰਦਰ ਜੱਸੀ (ਸਿਰਨਾਵਾ) ਹੋਰਾਂ ਨੇ ਆਪਣੇ-ਆਪਣੇ ਗਜ਼ਲ ਸੰਗ੍ਰਿਹ ਅਤੇ ਆਪਣੀ ਲਿਖਣ ਪ੍ਰਕਿਰਿਆ ਤੇ ਚਾਨਣਾ ਪਾਇਆ। ਇੰਜੀ. ਜਸਵੀਰ ਮੋਰੋਂ ਵੱਲੋਂ ਆਪਣੀ ਲਿਖੀ ਹੋਈ ਕਿਤਾਬ 'ਨਾਮ ਬਨਾਮ ਨਾਮ' ਬਾਰੇ



ਖੁਦ ਦੇ ਵਿਚਾਰ ਅਤੇ ਹੋਰ ਪਾਠਕਾਂ ਦੇ ਕਿਤਾਬ ਸੰਬੰਧੀ ਵਿਚਾਰਾਂ ਨੂੰ ਮੈਂਬਰਾਂ ਸਾਹਮਣੇ ਪੇਸ਼ ਕੀਤਾ ਗਿਆ। ਗੁਰਨਾਮ ਬਾਵਾ ਨੇ ਆਪਣੇ ਨਾਵਲ 'ਬੰਦੂਕ ਤੋਂ ਕਲਮ ਤੱਕ' ਦੇ ਸੰਬੰਧ ਵਿੱਚ ਦੱਸਿਆ ਕਿ ਇਹ ਪੰਜਾਬ ਦੇ ਕਾਲੇ ਦੌਰ ਦੀਆਂ ਘਟਨਾਵਾਂ ਦੇ ਅਧਾਰਿਤ ਹੈ। ਸਾਹਿਬਾ ਜੀਟਨ ਕੌਰ ਨੇ ਆਪਣੀ ਕਿਤਾਬ 'ਇੱਕ ਕਦਮ ਆਪਣੇ ਵੱਲ' ਬਾਰੇ ਦੱਸਿਆ ਕਿ ਕਿਵੇਂ ਚਿੱਤਰਾਂ ਨੂੰ ਸ਼ਬਦਾਂ ਦੇ ਰੂਪ ਵਿੱਚ ਪੇਸ਼ ਕਰਨ ਦਾ ਵਿਚਾਰ ਆਇਆ ਜੋ ਆਪਣੇ ਆਪ ਵਿੱਚ ਨਿਵੇਕਲਾ ਤਜਰਬਾ ਹੈ। ਇਸ ਮਿਲਣੀ ਵਿੱਚ ਪ੍ਰੋ. ਰੂਬੀ ਰਾਇਪੁਰ, ਡਾ ਬਖਸ਼ੀਸ਼ ਸਿੰਘ, ਮੋਹਣ ਬੀਕਾ, ਸੁਰੇਸ਼ ਕੁਮਾਰ ਚੌਹਾਨ, ਗਗਨ ਜੋਸ਼ੀ, ਅਨੁਰਾਗ ਗਰਗ, ਮਾਸਟਰ ਸੁੱਚਾ ਰਾਮ, ਮਨਜੀਤ ਕੌਰ ਬੋਲਾ, ਸੁਰਿੰਦਰ ਕਰਮ, ਦੀਪ ਜਗਤਪੁਰੀ, ਰਘਬੀਰ ਸਿੰਘ ਬੈਂਸ, ਰੁਪਿੰਦਰ ਕੌਰ ਆਦਿ ਹਾਜ਼ਰ ਰਹੇ।

ਡਾ ਦਵਿੰਦਰ ਸ਼ਰਮਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜੋਕੇ ਦੌਰ ਵਿੱਚ ਮਨੁੱਖ ਸ਼ਬਦ ਨਾਲੋਂ ਟੁੱਟ ਰਿਹਾ ਹੈ। ਸਾਹਿਤਕਾਰ ਨੂੰ ਚਿੰਤਨ ਕਰਦੇ ਰਹਿਣਾ ਚਾਹੀਦਾ ਹੈ। ਸਾਹਿਤ ਲਿਖਣਾ ਬਹੁਤ ਜ਼ਿੰਮੇਵਾਰੀ ਵਾਲਾ ਕੰਮ ਹੈ। ਬਲਜੀਤ ਕੌਰ ਬੱਲ ਨੇ ਵਿਚਾਰ ਪੇਸ਼ ਕਰਨ ਦੇ ਨਾਲ ਕਵਿਤਾ 'ਇੰਤਜ਼ਾਰ' ਵੀ ਪੇਸ਼ ਕੀਤੀ। ਪ੍ਰਿੰਸੀਪਲ, ਡਾ ਹਰਭਜਨ ਕਰਨਾਣਾ,ਭ ਾਰਤ ਵਿਭੂਸ਼ਣ ਨੇ ਆਏ ਹੋਏ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬੀ ਸਾਹਿਤ ਚੇਤਨਾ ਮੰਚ ਦੀਆਂ ਸਰਗਰਮੀਆਂ ਲਈ ਕਾਲਜ ਵੱਲੋਂ ਹਰ ਤਰ੍ਹਾਂ ਦਾ ਸਹਿਯੋਗ ਹਮੇਸ਼ਾ ਰਹੇਗਾ।

## ਖਾਲੜਾ ਦੇ ਸੱਚ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਬਰਦਾਸ਼ਤ ਨਹੀਂ ਕਰਾਂਗੇ : ਡਾ. ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਸੂਬਾ ਪ੍ਰਧਾਨ ਡਾ.ਅਵਤਾਰ ਸਿੰਘ ਕਰੀਮਪੁਰੀ ਨੇ ਵਿਸ਼ੇਸ਼ ਪ੍ਰੈਸ ਬਿਆਨ ਜਾਰੀ ਕਰਦਿਆਂ ਖਾਲੜਾ ਕੇਸ ਅਤੇ ਉਸ 'ਤੇ ਬਣੀ ਫਿਲਮ ਨੂੰ ਸੈਂਸਰ ਬੋਰਡ ਅਤੇ ਸਰਕਾਰਾਂ ਵੱਲੋਂ ਰੋਕਣ ਜਾਂ ਤੋੜ-ਮਰੋੜ ਕੇ ਪੇਸ਼ ਕਰਨ ਦੀਆਂ ਕੋਸ਼ਿਸ਼ਾਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਡਾ. ਕਰੀਮਪੁਰੀ ਨੇ ਇਸ ਵਿਵਾਦ ਨੂੰ ਪੰਜਾਬ



ਦੀ ਇਤਿਹਾਸਕ ਸੱਚਾਈ ਨੂੰ ਦਬਾਉਣ ਦੀ ਇੱਕ ਡੂੰਘੀ ਸਾਜ਼ਿਸ਼ ਕਰਾਰ ਦਿੱਤਾ ਹੈ। ਡਾ. ਕਰੀਮਪੁਰੀ ਨੇ ਕਿਹਾ 'ਭਾਈ ਜਸਵੰਤ ਸਿੰਘ ਖਾਲੜਾ ਨੇ ਹਜ਼ਾਰਾਂ ਲਾਵਾਰਿਸ ਲਾਸ਼ਾਂ ਦਾ ਸੱਚ ਦੁਨੀਆਂ ਦੇ ਸਾਹਮਣੇ ਲਿਆ ਕੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਆਪਣੀ ਜਾਨ ਕੁਰਬਾਨ ਕੀਤੀ ਸੀ, ਅੱਜ ਉਸ ਸੱਚ ਨੂੰ ਪਰਦੇ 'ਤੇ ਦਿਖਾਉਣ ਤੋਂ ਰੋਕਣਾ ਲੋਕਤੰਤਰ ਅਤੇ ਪ੍ਰਗਟਾਵੇ ਦੀ ਆਜ਼ਾਦੀ ਦਾ ਘਾਣ ਹੈ। ਬਸਪਾ ਹਮੇਸ਼ਾ ਦੱਬੇ-ਕੁਚਲੇ ਲੋਕਾਂ ਅਤੇ ਇਨਸਾਫ਼ ਦੀ ਆਵਾਜ਼ ਨਾਲ ਖੜ੍ਹੀ ਹੈ, ਅਤੇ ਅਸੀਂ ਖਾਲੜਾ ਦੇ ਸੱਚ ਨੂੰ ਸੈਂਸਰ ਕਰਨ ਦੀ ਹਰ ਚਾਲ ਦਾ ਡਟ ਕੇ ਵਿਰੋਧ ਕਰਦੇ ਹਾਂ।' ਡਾ. ਕਰੀਮਪੁਰੀ ਨੇ ਇਸ ਮੁੱਦੇ ਨੂੰ ਬਸਪਾ ਵੱਲੋਂ ਵਿੱਢੀ ਗਈ 'ਪੰਜਾਬ ਸੰਭਾਲੋ ਮੁਹਿੰਮ' ਨਾਲ ਜੋੜਦਿਆਂ ਕਿਹਾ ਕਿ ਅੱਜ ਪੰਜਾਬ ਨੂੰ ਬਹੁਪੱਖੀ ਸੰਕਟਾਂ ਵਿੱਚੋਂ ਕੱਢਣ ਦੀ ਲੋੜ ਹੈ। ਉਨ੍ਹਾਂ ਪੰਜਾਬ ਦੇ ਮੁੱਖ ਨੁਕਤਿਆਂ 'ਤੇ ਜ਼ੋਰ ਦਿੰਦਿਆਂ ਕਿਹਾ ਇਤਿਹਾਸ ਅਤੇ ਵਿਰਾਸਤ ਦੀ ਸੰਭਾਲ ਲਈ ਪੰਜਾਬ ਸੰਭਾਲੋ ਮੁਹਿੰਮ ਦਾ ਮਕਸਦ ਸਿਰਫ਼ ਸਿਆਸੀ ਤਬਦੀਲੀ ਨਹੀਂ, ਸਗੋਂ ਪੰਜਾਬ ਦੇ ਗੌਰਵਮਈ ਇਤਿਹਾਸ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਆਉਣ ਵਾਲੀਆਂ ਨਸਲਾਂ ਲਈ ਸੁਰੱਖਿਅਤ ਰੱਖਣਾ ਹੈ।

## ਟੀ ਬੀ ਦੀ ਜਾਂਚ ਸੰਬੰਧੀ ਲਗਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਡਾ. ਰਮਨ ਕੁਮਾਰ ਗੁਪਤਾ ਸਿਵਲ ਸਰਜਨ ਰੂਪਨਗਰ ਦੀ ਦਿਸ਼ਾ ਨਿਰਦੇਸ਼ ਤੇ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ




ਸਾਹਿਬ ਡਾ. ਸੁਰਜੀਤ ਸਿੰਘ ਦੀ ਅਗਵਾਈ ਹੇਠ ਪਿੰਡ ਮਹਿਰੌਲੀ ਵਿਖੇ ਟੀ ਬੀ ਦੀ ਜਾਂਚ ਸਬੰਧੀ ਸਕਰੀਨਿੰਗ ਕੈਂਪ ਲਗਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਸੁਰਜੀਤ ਸਿੰਘ ਸੀਨੀਅਰ ਟਰੀਟਮੈਂਟ ਸੁਪਰਵਾਈਜਰ ਨੇ ਦੱਸਿਆ ਕਿ ਇਹ ਕੈਂਪ ਮਿਸ਼ਨ ਟੀ ਬੀ ਮੁਕਤ ਭਾਰਤ ਤਹਿਤ ਚਲਾਈ ਗਈ 100 ਦਿਨਾਂ ਦੀ ਕੈਂਪੇਨ ਕੈਮਪੇਨ ਦੇ ਤਹਿਤ ਲਗਾਇਆ ਗਿਆ ਹੈ। ਇਸ ਦਾ ਮੁੱਖ ਮਕਸਦ ਲੋਕਾਂ ਨੂੰ ਟੀਬੀ ਦੀ ਬਿਮਾਰੀ ਬਾਰੇ ਜਾਗਰੂਕ ਕਰਨਾ ਅਤੇ ਆਪਣੇ ਪਿੰਡ ਨੂੰ ਟੀ ਬੀ ਦੀ ਬਿਮਾਰੀ ਤੋਂ ਮੁਕਤ ਕਰਨਾ ਹੈ। ਉਹਨਾਂ ਜਾਣਕਾਰੀ ਦਿੰਦਿਆਂ ਦੱਸਿਆ ਕਿ ਜੇਕਰ ਸਾਡਾ ਪਿੰਡ ਟੀ ਬੀ ਦੀ ਬਿਮਾਰੀ ਤੋਂ ਮੁਕਤ ਹੋਵੇਗਾ ਤਾਂਹੀ ਸਾਡਾ ਬਲਾਕ ਸਾਡਾ ਜ਼ਿਲ੍ਹਾ ਸਾਡੀ ਸਟੇਟ ਟੀ ਬੀ ਮੁਕਤ ਹੋ ਸਕਦੀ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਦੋ ਦਿਨ ਤੋਂ ਵੀ ਖਾਂਸੀ ਆ ਰਹੀ ਹੋਵੇ, ਭੁੱਖ ਘੱਟ ਲੱਗ ਰਹੀ ਹੋਵੇ,ਭਾਰ ਘੱਟ ਰਿਹਾ ਹੋਵੇ, ਸ਼ਾਮ ਵੇਲੇ ਬੁਖਾਰ ਰਹਿੰਦਾ ਹੋਵੇ,ਸਰੀਰ ਵਿੱਚ ਦਰਦ ਰਹਿੰਦਾ ਹੋਵੇ, ਬਲਗਮ ਵਿੱਚ ਖੂਨ ਆ ਰਿਹਾ ਹੋਵੇ ਤਾਂ ਇਹ ਟੀ ਬੀ ਦੀ ਬਿਮਾਰੀ ਦੇ ਲੱਛਣ ਹੋ ਸਕਦੇ ਹਨ।ਅਜਿਹੇ ਲੱਛਣ ਦਿਖਾਈ ਦੇਣ ਤੇ ਸਾਨੂੰ ਆਪਣੇ ਟੈਸਟ ਅਤੇ ਛਾਤੀ ਦੇ ਐਕਸਰੇ ਜਰੂਰ ਕਰਾਉਣੇ ਚਾਹੀਦੇ ਹਨ ਤਾਂ ਜੋ ਕਿ ਬਿਮਾਰੀ ਦਾ ਸਮੇਂ ਸਿਰ ਪਤਾ ਲਗਾਇਆ ਜਾ ਸਕੇ। ਉਹਨਾਂ ਦੱਸਿਆ ਕਿ ਟੀ ਬੀ ਦੀ ਬਿਮਾਰੀ ਹੋਣ ਤੇ ਮਰੀਜ਼ ਨੂੰ ਬਿਲਕੁਲ ਘਬਰਾਉਣਾ ਨਹੀਂ ਚਾਹੀਦਾ ਕਿਉਂਕਿ ਇਸ ਦਾ ਇਲਾਜ ਸਾਰੇ ਹੀ ਸਰਕਾਰੀ ਹਸਪਤਾਲਾਂ ਅਤੇ ਡਿਸਪੈਂਸਰੀਆਂ ਵਿੱਚ ਬਿਲਕੁਲ ਮੁਫਤ ਕੀਤਾ ਜਾਂਦਾ ਹੈ। ਇਸ ਦੇ ਨਾਲ ਹੀ ਸਰਕਾਰ ਵੱਲੋਂ ਮਰੀਜ਼ ਨੂੰ ਚੰਗੀ ਖੁਰਾਕ ਲੈਣ ਲਈ ਇਕ ਹਜ਼ਾਰ ਰੁਪਇਆ ਸਿੱਧੇ ਤੌਰ ਤੇ ਮਰੀਜ਼ ਦੇ ਖਾਤੇ ਵਿੱਚ ਪਾਇਆ ਜਾਂਦਾ ਹੈ ਤਾਂ ਜ਼ੋ ਕਿ ਮਰੀਜ਼ ਦਵਾਈ ਦੇ ਨਾਲ ਨਾਲ ਚੰਗੀ ਖੁਰਾਕ ਲੈ ਕੇ ਠੀਕ ਹੋ ਸਕੇ। ਕੈਂਪ ਦੌਰਾਨ 85 ਲੋਕਾਂ ਦੇ ਛਾਤੀ ਦੇ ਐਕਸਰੇ,ਅਤੇ ਸ਼ੂਗਰ ਟੈਸਟ ਕੀਤੇ ਗਏ। ਇਸ ਮੌਕੇ ਪੂਨਮ ਰਾਣੀ, ਰਵਨੀਤ ਕੌਰ, ਬਲਜੀਤ ਸਿੰਘ ਮੇਲ ਵਰਕਰ, ਦੀਪਕ ਕੁਮਾਰ ਰੇਡੀਓਲੋਜਿਸਟ, ਬਲਜੀਤ ਕੌਰ ਫੀਮੇਲ ਵਰਕਰ, ਮਨਪ੍ਰੀਤ ਕੌਰ ਤੇ ਆਸ਼ਾ ਵਰਕਰ ਹਾਜ਼ਰ ਸਨ।

## ਖੂਨਦਾਨ ਕੈਂਪ 'ਚ 202 ਯੂਨਿਟ ਖੂਨ ਇਕੱਤਰ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਸਥਾਨਕ ਸੰਤ ਨਿਰੰਕਾਰੀ ਸਤਸੰਗ ਭਵਨ, ਡੇਰਾ ਬੱਸੀ ਵਿਖੇ ਇੱਕ ਵਿਸ਼ਾਲ ਖੂਨਦਾਨ ਕੈਂਪ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ। ਸੰਤ ਨਿਰੰਕਾਰੀ ਚੈਰਿਟੇਬਲ ਫਾਊਂਡੇਸ਼ਨ




(ਸਮਾਜਿਕ ਭਲਾਈ ਵਿੰਗ) ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਵਿੱਚ ਇਲਾਕੇ ਦੇ ਸ਼ਰਧਾਲੂਆਂ ਅਤੇ ਪਤਵੰਤੇ ਸੱਜਣਾਂ ਨੇ ਭਾਰੀ ਉਤਸ਼ਾਹ ਦਿਖਾਇਆ। ਅੱਜ-ਕੱਲ ਪੈ ਰਹੀ ਭਿਆਨਕ ਅਤੇ ਅਸਹਿ ਗਰਮੀ ਤੇ ਹੁੰਮਸ ਦੇ ਬਾਵਜੂਦ, ਮਾਨਵਤਾ ਦੀ ਸੇਵਾ ਦੇ ਜਜ਼ਬੇ ਨਾਲ ਓਤਪੋਤ 202 ਸ਼ਰਧਾਲੂਆਂ ਅਤੇ ਨੌਜਵਾਨਾਂ ਨੇ ਸਵੈ-ਇੱਛਾ ਨਾਲ ਖੂਨਦਾਨ ਕਰਕੇ ਮਨੁੱਖਤਾ ਦੇ ਭਲੇ ਵਿੱਚ ਆਪਣਾ ਬਹੁਮੁੱਲਾ ਤੇ ਮਹੱਤਵਪੂਰਨ ਯੋਗਦਾਨ ਪਾਇਆ।ਇਸ ਖੂਨਦਾਨ ਕੈਂਪ ਦੀ ਖ਼ਾਸ ਵਿਸ਼ੇਸ਼ਤਾ ਅਤੇ ਪ੍ਰੇਰਨਾਦਾਇਕ ਪਹਿਲੂ ਇਹ ਰਿਹਾ ਕਿ ਕੈਂਪ ਦੀ ਸ਼ੁਰੂਆਤ ਪਿੰਡ ਛੱਤਬੀੜ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੀ 60 ਸਾਲਾ ਬਜ਼ੁਰਗ ਭੈਣ ਨਛੱਤਰ ਕੌਰ ਵੱਲੋਂ ਖੂਨਦਾਨ ਕਰਕੇ ਕੀਤੀ ਗਈ। ਉਨ੍ਹਾਂ ਦੇ ਇਸ ਜਜ਼ਬੇ ਨੇ ਕੈਂਪ ਵਿੱਚ ਹਾਜ਼ਰ ਸਮੂਹ ਨੌਜਵਾਨਾਂ ਅਤੇ ਹੋਰ ਖੂਨਦਾਨੀਆਂ ਅੰਦਰ ਇੱਕ ਨਵਾਂ ਜੋਸ਼ ਭਰ ਦਿੱਤਾ। ਜ਼ਿਕਰਯੋਗ ਹੈ ਕਿ ਸੰਤ ਨਿਰੰਕਾਰੀ ਮਿਸ਼ਨ ਦੀ ਡੇਰਾ ਬੱਸੀ ਬ੍ਰਾਂਚ ਵੱਲੋਂ ਮਾਨਵਤਾ ਦੀ ਭਲਾਈ ਹਿਤ ਲਗਾਇਆ ਗਿਆ ਇਹ 22ਵਾਂ ਵਿਸ਼ਾਲ ਖੂਨਦਾਨ ਕੈਂਪ ਸੀ, ਜਿਸ ਵਿੱਚ ਔਰਤਾਂ ਅਤੇ ਨੌਜਵਾਨਾਂ ਦੀ ਗਿਣਤੀ ਦੇਖਣਯੋਗ ਸੀ।ਇਸ ਵਿਸ਼ੇਸ਼ ਕੈਂਪ ਦਾ ਰਸਮੀ ਉਦਘਾਟਨ ਸੰਤ ਨਿਰੰਕਾਰੀ ਮਿਸ਼ਨ, ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ ਓ ਪੀ ਨਿਰੰਕਾਰੀ ਨੇ ਆਪਣੇ ਕਰ-ਕਮਲਾਂ ਨਾਲ ਕੀਤਾ। ਕੈਂਪ ਵਿੱਚ ਇਕੱਤਰ ਹੋਏ ਸ਼ਰਧਾਲੂਆਂ ਅਤੇ ਖੂਨਦਾਨੀਆਂ ਨੂੰ ਸੰਬੋਧਨ ਕਰਦਿਆਂ ਓ ਪੀ ਨਿਰੰਕਾਰੀ ਨੇ ਦੱਸਿਆ ਕਿ ਸੰਤ ਨਿਰੰਕਾਰੀ ਮਿਸ਼ਨ ਵਿਸ਼ਵ ਭਰ ਵਿੱਚ ਖੂਨਦਾਨ ਕਰਨ ਦੇ ਖੇਤਰ ਵਿੱਚ ਮੋਹਰੀ ਸੰਸਥਾ ਵਜੋਂ ਜਾਣਿਆ ਜਾਂਦਾ ਹੈ। ?ਇਸ ਮੌਕੇ ਹਲਕਾ ਡੇਰਾ ਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਖੂਨਦਾਨੀਆਂ ਦਾ ਹੌਸਲਾ ਵਧਾਇਆ।

## ਡਾ. ਨਿਰਮਲ ਸੂਦ ਦੇ ਕਾਵਿ ਸੰਗ੍ਰਹਿ 'ਔਰਤ ਦਾ ਹਾਸਾ' 'ਤੇ ਵਿਚਾਰ-ਚਰਚਾ





**ਚੰਡੀਗੜ੍ਹ (ਸੁਰਜੀਤ ਸੁਮਨ)**- ਚੰਡੀਗੜ੍ਹ ਦੀ ਸਭ ਤੋਂ ਪੁਰਾਣੀ ਸੰਸਥਾ ਅਭਿਵਿਅਕਤੀ ਦੀ ਦੇਖ-ਰੇਖ ਵਿੱਚ ਡਾ. ਨਿਰਮਲ ਸੂਦ ਦੇ ਕਾਵਿ ਸੰਗ੍ਰਹਿ 'ਔਰਤ ਦਾ ਹਾਸਾ' 'ਤੇ ਵਿਚਾਰ ਚਰਚਾ ਦਾ ਆਯੋਜਨ ਕੀਤਾ ਗਿਆ। ਇਸ ਪ੍ਰਭਾਵਸ਼ਾਲੀ ਸਮਾਗਮ ਦਾ ਸੰਚਾਲਨ ਸੰਸਥਾ ਦੇ ਪ੍ਰਧਾਨ, ਉੱਘੇ ਸਾਹਿਤਕਾਰ ਤੇ ਰੰਗਕਰਮੀ ਵਿਜੈ ਕਪੂਰ ਨੇ ਕੀਤਾ। ਡਾ. ਵਿਮਲ ਕਾਲੀਆ, ਵਿਜੈ ਕਪੂਰ, ਡਾ. ਮੀਤਾ ਵਸ਼ਿਸ਼ਟ, ਡਾ. ਸੰਗਮ ਵਰਮਾ ਅਤੇ ਨੀਰਜਾ ਮਹਿਤਾ ਕਮਲਿਨੀ ਦੁਆਰਾ ਪੁਸਤਕ ਲੋਕ ਅਰਪਣ ਕੀਤੀ ਗਈ। ਇਸ ਸਮੇਂ ਟਰਾਈਸਿਟੀ, ਦਿੱਲੀ ਸਮੇਤ ਦੇਸ਼ ਦੇ ਕਈ ਸ਼ਹਿਰਾਂ ਤੋਂ ਆਏ ਚਰਚਿਤ ਸਾਹਿਤਕਾਰਾਂ ਅਤੇ ਬੁੱਧੀਜੀਵੀਆਂ ਨੇ ਸ਼ਮੂਲੀਅਤ ਕੀਤੀ। ਲੇਖਿਕਾ ਡਾ. ਨਿਰਮਲ ਸੂਦ ਨੇ ਕਿਹਾ, 'ਕਾਵਿ ਸੰਗ੍ਰਹਿ ਔਰਤ ਦਾ ਹਾਸਾ' ਮੇਰੇ ਸਾਹਿਤਕ ਸਫਰ ਦਾ ਤੀਜਾ ਪੜ੍ਹਾਅ ਹੈ। ਕਿਸੇ ਵੀ ਸਫਰ ਦਾ ਆਰੰਭ ਕਰਨ ਲਈ ਪਹਿਲਾ ਕਦਮ ਉਠਾਉਣਾ ਪੈਂਦਾ ਹੈ। ਬਿਨਾਂ ਤੁਰਿਆਂ ਮੰਜ਼ਿਲ ਤੱਥ ਪਹੁੰਚਣਾ ਮੁਮਕਿਨ ਨਹੀਂ ਹੁੰਦਾ। ਹਾਲਾਤ ਕਿਹੋ ਜਿਹੇ ਵੀ ਹੋਣ, ਸਾਨੂੰ ਹਰ ਹਾਲਤ ਵਿੱਚ ਕਰਮਸ਼ੀਲ ਰਹਿਣਾ ਪੈਂਦਾ ਹੈ, ਪਰੰਤੂ ਇਹ ਸਮਝ ਸਮੇਂ ਦੇ ਵਹਿਣ ਵਿੱਚ ਵਹਿ ਜਾਣ ਨਾਲ ਹੀ ਆਉਂਦੀ ਹੈ। ਮਨ ਵਿੱਚ ਸੰਵੇਦਨਾਵਾਂ ਤੇ ਭਾਵਾਂ ਦਾ ਪ੍ਰਚੰਡ ਪ੍ਰਵਾਹ ਜਦੋਂ ਅੰਦਰ ਤੱਕ ਸਮਾ ਜਾਂਦਾ ਹੈ, ਉਦੋਂ ਕਵੀ ਮਨ ਸਿਰਜਣਾ ਲਈ ਬੇਵੱਸ ਹੋ ਜਾਂਦਾ ਹੈ। ਫਿਰ ਹੁੰਦਾ ਹੈ ਕਵਿਤਾ ਦਾ ਜਨਮ। ਇਸ ਤਰ੍ਹਾਂ ਹੀ ਆਪਣੇ ਮਨ, ਸਮਾਜ ਤੇ ਆਲੇ-ਦੁਆਲੇ ਤੋਂ ਪ੍ਰਭਾਵਿਤ ਹੋ ਕੇ ਸੰਵੇਦਨਸ਼ੀਲ ਮਨ ਸੱਚ ਨੂੰ ਕਲਪਨਾ ਦੇ ਰੰਗਾਂ ਵਿੱਚ ਘੋਲ ਕੇ ਵਿਅਕਤ ਕਰ ਦਿੰਦਾ ਹੈ। ਇਸ ਤਰ੍ਹਾਂ ਦੇ ਭਾਵਾਂ ਨਾਲ ਓਤ-ਪੋਤ ਹੈ ਮੇਰਾ ਕਾਵਿ ਸੰਗ੍ਰਹਿ 'ਔਰਤ ਦਾ ਹਾਸਾ।' ਵਿਜੈ ਕਪੂਰ ਨੇ ਵਿਸ਼ਲੇਸ਼ਣ ਕਰਦਿਆਂ ਕਿਹਾ, 'ਸਰਲ ਭਾਸ਼ਾ ਤੇ ਗਹਿਰੇ ਬਿੰਬਾਂ ਵਾਲ਼ੀਆਂ ਇਨ੍ਹਾਂ ਕਵਿਤਾਵਾਂ ਦਾ ਸੰਸਾਰ ਬਹੁਤ ਵਿਸ਼ਾਲ ਹੈ। ਇਹ ਰਸੋਈ ਦੇ ਧੂੰਏ ਤੋਂ ਲੈ ਕੇ ਦੇਸ਼ ਦੀਆਂ ਸਰਹੱਦਾਂ ਤੇ ਰਾਵਣ ਦੀ ਘ੍ਰਿਣਾ ਤੋਂ ਲੈ ਕੇ ਧੀ ਦੇ ਤਿਆਗ ਤੱਕ ਫੈਲਿਆ ਹੋਇਆ ਹੈ।

## ਸੁਨੰਦਾ ਸ਼ਰਮਾ ਤੇ ਸ਼ੁਭਾਂਕਰ ਮਿਸ਼ਰਾ ਖਿਲਾਫ ਕੀਤੀ ਜਾਵੇ ਸਖ਼ਤ ਕਾਰਵਾਈ : ਸੁਰਿੰਦਰ ਜਾਜਾ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿਛਲੇ ਦਿਨੀਂ ਇੱਕ ਯੂਟਿਊਬਰ ਦੇ ਪੌਡਕਾਸਟ ਸ਼ੋਅ ਦੌਰਾਨ ਯੂਟਿਊਬਰ ਸ਼ੁਭਾਂਕਰ ਮਿਸ਼ਰਾ ਤੇ ਪੰਜਾਬੀ ਗਾਇਕਾ ਸੁਨੰਦਾ ਸ਼ਰਮਾ ਵਲੋਂ ਭਗਵਾਨ ਵਾਲਮੀਕਿ ਦੇ ਖਿਲਾਫ ਗਲਤ ਸ਼ਬਦਾਵਲੀ ਵਰਤਦਿਆਂ ਭਗਵਾਨ ਵਾਲਮੀਕਿ ਦਾ ਨਿਰਾਦਰ ਕਰਨ ਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀਆ ਵਾਲਮੀਕਿ ਧਰਮ ਸਮਾਜ ਭਾਵਾਧਸ ਦੇ ਕਨਵੀਨਰ ਸੁਰਿੰਦਰ ਜਾਜਾ ਨੇ ਡੀ ਐੱਸ ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੂੰ ਇੱਕ ਮੰਗ ਪੱਤਰ ਦਿੰਦੇ ਹੋਏ ਕੀਤਾ। ਜਾਜਾ ਨੇ ਕਿਹਾ ਕਿ ਯੂਟੀਉਬਰ ਸ਼ੁਭਾਂਕਰ ਮਿਸ਼ਰਾ ਨੇ ਜੋ ਪੋਡਕਾਸਟ ਕੁਝ ਸਮਾਂ ਪਹਿਲਾ ਪੰਜਾਬੀ ਗਾਇਕ ਸੁਨੰਦਾ ਸ਼ਰਮਾ ਨਾਲ ਕੀਤਾ ਸੀ ਅਤੇ ਆਪਣੇ ਯੂ ਟਿਉਬ ਚੈਨਲ ਤੇ ਪਾਇਆ ਸੀ ਉਸ ਵਿੱਚ ਉਕਤ ਸ਼ਭਾਕਰ ਮਿਸ਼ਰਾ ਨੇ ਜੋ ਚਰਚਾ ਭਗਵਾਨ ਵਾਲਮੀਕਿ ਸਬੰਧੀ ਕੀਤੀ ਹੈ ਉਹ ਪੂਰੀ ਤਰ੍ਹਾ ਬੇਬੁਨਿਆਦ ਹੈ। ਜਿਸ ਘਟਨਾ ਦਾ ਜਿਕਰ ਉਕਤ ਸ਼ੁਭਾਂਕਰ ਮਿਸ਼ਰਾ ਕਰ ਰਿਹਾ ਹੈ ਉਸ ਬਾਰੇ ਕੋਈ ਵੀ ਇਤਿਹਾਸਕ ਤੱਥ ਇਸ ਨੂੰ ਪ੍ਰਮਾਣਿਤ ਨਹੀ ਕਰਦਾ ਹੈ। ਸ਼ੁਭਾਂਕਰ ਮਿਸ਼ਰਾ ਅਤੇ ਸੁਨੰਦਾ ਸ਼ਰਮਾ ਨੇ ਬਿਨਾ ਕੋਈ ਡਰ ਭੈਅ ਤੇ ਭਗਵਾਨ ਵਾਲਮੀਕਿ ਦਾ ਨਿਰਾਦਰ ਕੀਤਾ ਹੈ , ਜਿਸ ਕਰਕੇ ਸਮੂਹ ਵਾਲਮੀਕਿ ਭਾਈਚਾਰੇ ਦੀਆਂ ਧਾਰਮਿਕ ਭਾਵਨਾਵਾਂ ਆਹਤ ਹੋਈਆਂ ਹਨ ਅਤੇ ਪੂਰੇ ਸਮਾਨ ਵਿੱਚ ਬਹੁਤ ਭਾਰੀ ਰੋਸ ਹੈ । ਇਸ ਮੌਕੇ ਸੁਰਿੰਦਰ ਜਾਜਾ ਤੇ ਸਮੂਹ ਵਾਲਮੀਕੀ ਸਮਾਜ ਅਤੇ ਭਾਰਤੀਆ ਵਾਲਮੀਕਿ ਧਰਮ ਵੱਲੋਂ ਡੀ ਐੱਸ ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਨੂੰ ਮੰਗ ਪੱਤਰ ਦਿੰਦੇ ਹੋਏ ਅਪੀਲ ਕੀਤੀ ਹੈ ਕਿ ਯੂਟਿਊਬਰ ਸ਼ੁਭਾਂਕਰ ਮਿਸ਼ਰਾ ਤੇ ਪੰਜਾਬੀ ਗਾਇਕਾ ਸੁਨੰਦਾ ਸ਼ਰਮਾ ਖਿਲਾਫ ਬਣਦੀ ਕਨੂੰਨੀ ਕਾਰਵਾਈ ਕੀਤੀ ਜਾਵੇ।

## ਸਾਵਣ ਮਹਾਂਉਤਸਵ ਧੂਮਧਾਮ ਨਾਲ ਮਨਾਇਆ ਜਾਵੇਗਾ : ਮੈਹਨ, ਸੰਧੀਰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਸਥਾਨਕ ਮੰਦਿਰ ਸ੍ਰੀ ਬਾਬਾ ਭੂਤਨਾਥ ਅਤੇ ਗਊਸ਼ਾਲਾ ਕਮੇਟੀ ਨੂਰਮਹਿਲ ਵੱਲੋਂ ਬਾਬਾ ਭੂਤਨਾਥ ਮੰਦਿਰ ਪ੍ਰਾਗਣ ਵਿੱਚ ਇਸ ਸਾਲ 55ਵਾਂ ਸਾਵਣ ਮਹਾਂਉਤਸਵ ਬਹੁਤ ਹੀ ਸ਼ਰਧਾ ਭਾਵ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੰਦਿਰ ਕਮੇਟੀ ਦੇ ਪ੍ਰਧਾਨ ਰਾਜ ਕੁਮਾਰ ਤੇ ਸੀਨੀਅਰ ਮੈਂਬਰ ਕ੍ਰਿਸ਼ਨ ਕੁਮਾਰ ਸੰਧੀਰ ਨੇ ਦੱਸਿਆ ਕਿ ਸਾਵਣ ਦੇ ਪਵਿੱਤਰ ਮਹੀਨੇ ਦੌਰਾਨ ਸਮੂਹ ਸ਼ਿਵ ਭਗਤਾਂ ਅਤੇ ਸੰਗਤਾਂ ਲਈ ਵਿਸ਼ੇਸ਼ ਧਾਰਮਿਕ ਸਮਾਗਮ ਉਲੀਕੇ ਗਏ ਹਨ। ਸੰਕ੍ਰਾਂਤੀ ਦੇ ਮੁਤਾਬਕ ਸਾਵਣ ਮਹੀਨਾ 16 ਜੁਲਾਈ ਤੋਂ 16 ਅਗਸਤ ਤੱਕ ਅਤੇ ਪੂਰਨਮਾਸ਼ੀ ਦੇ ਮੁਤਾਬਕ 30 ਜੁਲਾਈ ਤੋਂ 28 ਅਗਸਤ ਤੱਕ ਮਨਾਇਆ ਜਾਵੇਗਾ। ਇਸ ਦੌਰਾਨ ਆਉਣ ਵਾਲੇ ਸਾਰੇ 6 ਸੋਮਵਾਰਾਂ (20 ਜੁਲਾਈ, 27 ਜੁਲਾਈ, 3 ਅਗਸਤ, 10 ਅਗਸਤ, 17 ਅਗਸਤ ਅਤੇ 24 ਅਗਸਤ ਨੂੰ ਹੋਣਗੇ ) 24 ਅਗਸਤ ਨੂੰ ਉਜਾਪਣ ਅਤੇ ਵਿਸ਼ੇਸ਼ ਪੂਜਾ ਅਰਚਨਾ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਉੱਤਸਵ ਦੌਰਾਨ ਹਰ ਸੋਮਵਾਰ ਨੂੰ ਸ਼ਾਮ 5:00 ਤੋਂ 7:00 ਵਜੇ ਤੱਕ ਸ੍ਰੀ ਬਾਬਾ ਭੂਤਨਾਥ ਮਹਿਲਾ ਸੰਕੀਰਤਨ ਮੰਡਲੀ ਅਤੇ ਰਾਤ 8:00 ਤੋਂ 10:00 ਵਜੇ ਤੱਕ ਸ੍ਰੀ ਬਾਬਾ ਭੂਤਨਾਥ ਭਗਤੀ ਪ੍ਰਸਾਰ ਮੰਡਲ ਨੂਰਮਹਿਲ ਅਤੇ ਹੋਰ ਭਜਨ ਮੰਡਲੀਆਂ ਵੱਲੋਂ ਸੰਗੀਤਮਈ ਸੰਕੀਰਤਨ ਰਾਹੀਂ ਪ੍ਰਭੂ ਸ਼ਿਵ



ਸ਼ੰਕਰ ਭੋਲੇ ਨਾਥ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਜਾਵੇਗਾ। ਵਾਤਾਵਰਣ ਦੀ ਸ਼ੁੱਧਤਾ ਨੂੰ ਮੁੱਖ ਰੱਖਦਿਆਂ ਹਰ ਸੋਮਵਾਰ ਸ਼ਾਮ 5:00 ਵਜੇ ਮੰਦਿਰ ਅਤੇ ਗਊਸ਼ਾਲਾ ਕੰਪਲੈਕਸ ਵਿੱਚ ਪੌਦੇ ਲਗਾਏ ਜਾਣਗੇ ਅਤੇ ਮੰਦਿਰ ਕਮੇਟੀ ਵੱਲੋਂ ਸ਼ਰਧਾਲੂਆਂ ਨੂੰ ਤੁਲਸੀ ਦੇ ਬੂਟੇ ਮੁਫ਼ਤ ਵੰਡੇ ਜਾਣਗੇ। ਉਹਨਾਂ ਅੱਗੇ ਦੱਸਿਆ ਕਿ ਮਹਾਂਉਤਸਵ ਦੌਰਾਨ ਔਰਤਾਂ ਅਤੇ ਬੱਚਿਆਂ ਲਈ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਆਉਂਦੀ 22 ਅਤੇ 23 ਅਗਸਤ ਨੂੰ ਔਰਤਾਂ ਲਈ ਮੁਫ਼ਤ ਚੂੜੀਆਂ ਪਹਿਨਣ ਅਤੇ ਮਹਿੰਦੀ ਲਗਾਉਣ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਦਾ ਸਮਾਂ ਸਵੇਰੇ 9:00 ਤੋਂ ਦੁਪਹਿਰ 12:00 ਵਜੇ ਤੱਕ ਅਤੇ ਸ਼ਾਮ 4:00 ਤੋਂ 7:00 ਵਜੇ ਤੱਕ ਹੋਵੇਗਾ। ਇਸ ਦੇ ਨਾਲ ਹੀ ਸਵੇਰੇ 9:00 ਵਜੇ ਤੋਂ ਸ਼ਾਮ 7:00 ਵਜੇ ਤੱਕ ਔਰਤਾਂ ਅਤੇ ਬੱਚਿਆਂ ਲਈ ਝੂਲੇ ਝੂਲਣ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।

ਇਸ ਧਾਰਮਿਕ ਉੱਤਸਵ ਦਾ ਮੁੱਖ ਸਮਾਗਮ 24 ਅਗਸਤ ਦਿਨ ਸੋਮਵਾਰ ਨੂੰ ਹੋਵੇਗਾ, ਜਿਸ ਵਿੱਚ ਦੇਸ਼ ਦੀ ਰਾਜਧਾਨੀ ਦਿੱਲੀ ਤੋਂ ਪਹੁੰਚ ਰਹੇ ਵਿਸ਼ੇਸ਼ ਕਲਾਕਾਰਾਂ ਵੱਲੋਂ ਸਵੇਰੇ 11:00 ਵਜੇ ਤੋਂ ਸ਼ਾਮ 5:00 ਵਜੇ ਤੱਕ ਅਲੌਕਿਕ 'ਤਾਂਡਵ ਨ੍ਰਿਤ' ਪੇਸ਼ ਕੀਤਾ ਜਾਵੇਗਾ, ਜੋ ਖਿੱਚ ਦਾ ਕੇਂਦਰ ਹੋਵੇਗਾ।

ਇਸੇ ਦਿਨ ਵਰਤ ਪੂਜਨ ਦੇ ਨਾਲ-ਨਾਲ ਇੱਕ ਵਿਸ਼ਾਲ ਭੰਡਾਰਾ (ਲੰਗਰ) ਵੀ ਲਗਾਇਆ ਜਾਵੇਗਾ, ਜਿਸ ਵਿੱਚ ਮਾਲ-ਪੂੜੇ, ਖੀਰ, ਪੂਰੀਆਂ ਅਤੇ ਛੋਲੇ ਆਦਿ ਦਾ ਪ੍ਰਸਾਦ ਸੰਗਤਾਂ ਵਿੱਚ ਅਤੁੱਟ ਵਰਤਾਇਆ ਜਾਵੇਗਾ। ਵਰਤ ਵਾਲੇ ਭਗਤਾਂ ਲਈ ਵਿਸ਼ੇਸ਼ ਲੰਗਰ ਦਾ ਪ੍ਰਬੰਧ ਕੀਤਾ ਜਾਵੇਗਾ।

## ਰਾਜਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਦੋ ਬੱਸਾਂ ਕੀਤੀਆਂ ਰਵਾਨਾ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਉੜਮੁੜ ਟਾਂਡਾ ਦੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਸ਼ਰਧਾਲੂਆਂ ਨੂੰ ਅੰਮ੍ਰਿਤਸਰ ਲੈ ਕੇ ਜਾਣ ਵਾਲੀਆਂ



ਦੋ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ । ਇਹ ਬੱਸਾਂ ਸ਼ਰਧਾਲੂਆਂ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਨੇੜਲੇ ਹੋਰ ਇਤਿਹਾਸਕ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਲੈ ਕੇ ਜਾਵੇਗੀ।ਇਸ ਮੌਕੇ ਬੱਸਾਂ ਨੂੰ ਰਵਾਨਾ ਕਰਦੇ ਹੋਏ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਤਹਿਤ ਸ਼ੁਰੂ ਕੀਤੀ ਗਈ ਇਸ ਯੋਜਨਾ ਦਾ ਉਦੇਸ਼ ਸ਼ਰਧਾਲੂਆਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ ਤਾਂ ਜੋ ਸ਼ਰਧਾਲੂ ਆਪਣਾ ਜੀਵਨ ਸਫਲ ਬਣਾ ਸਕਣ। ਇਸ ਯਾਤਰਾ ਵਿੱਚ ਸ਼੍ਰੀ ਹਰਿਮੰਦਰ ਸਾਹਿਬ, ਦੁਰਗਿਆਣਾ ਮੰਦਰ ਅਤੇ ਭਗਵਾਨ ਵਾਲਮੀਕਿ ਤੀਰਥ ਸਥਾਨ ਵਰਗੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਸ਼ਾਮਲ ਹਨ।ਇਸ ਮੌਕੇ ਮੁੱਖ ਮੰਤਰੀ ਤੀਰਥ ਯਾਤਰਾ ਅਧੀਨ ਪਿੰਡ ਨੈਨੋਵਾਲ ਤੋਂ ਸੰਗਤ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਕੇਸ਼ਵ ਸਿੰਘ ਸੈਣੀ, ਮਨਜੀਤ ਸਿੰਘ ਸੱਲਾਂ, ਮਾਸਟਰ ਕੁਲਵੰਤ ਸਿੰਘ ਜਹੂਰਾ ਸਰੂਪ ਸਿੰਘ ਨੱਥੂਪੁਰ ਆਦਿ ਮੌਜੂਦ ਸਨ ।

## ਵਿਸ਼ਵ ਆਬਾਦੀ ਦਿਵਸ ਮੌਕੇ ਜਾਗਰੂਕਤਾ ਸੈਸ਼ਨ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)** ਇੱਕ ਚੰਗੇ ਤੇ ਟਿਕਾਊ ਭਵਿੱਖ ਲਈ ਜਾਣਕਾਰੀ ਭਰਪੂਰ ਫ਼ੈਸਲੇ ਬਹੁਤ ਜ਼ਰੂਰੀ ਹਨ। ਇਸ ਸੰਦੇਸ਼ ਨੂੰ ਮਜ਼ਬੂਤ ਕਰਦੇ ਹੋਏ, ਸੀ ਟੀ ਪਬਲਿਕ ਸਕੂਲ ਦੇ ਸਮਾਜਿਕ ਵਿਗਿਆਨ ਵਿਭਾਗ ਵੱਲੋਂ ਵਿਸ਼ਵ ਆਬਾਦੀ ਦਿਹਾੜੇ ਮੌਕੇ ਵਿਦਿਆਰਥੀਆਂ ਲਈ ਇੱਕ ਗਿਆਨ ਨਾਲ ਭਰਿਆ ਅਤੇ ਇੰਟਰਐਕਟਿਵ ਜਾਗਰੂਕਤਾ ਸੈਸ਼ਨ ਕਰਵਾਇਆ ਗਿਆ। ਇਸ ਪਹਿਲ ਦਾ ਉਦੇਸ਼ ਤੇਜ਼ੀ ਨਾਲ ਵੱਧ ਰਹੀ ਆਬਾਦੀ



ਨਾਲ ਜੁੜੀਆਂ ਚੁਣੌਤੀਆਂ ਅਤੇ ਟਿਕਾਊ ਵਿਕਾਸ ਦੇ ਮਹੱਤਵ ਬਾਰੇ ਵਿਦਿਆਰਥੀਆਂ ਵਿੱਚ ਜਾਗਰੂਕਤਾ ਪੈਦਾ ਕਰਨਾ ਸੀ। ਸੈਸ਼ਨ ਦੌਰਾਨ ਵੱਧਦੀ ਆਬਾਦੀ ਦੇ ਕੁਦਰਤੀ ਸਰੋਤਾਂ, ਵਾਤਾਵਰਣ ਸੰਤੁਲਨ, ਸਿਹਤ ਸੇਵਾਵਾਂ, ਸਿੱਖਿਆ, ਰੋਜ਼ਗਾਰ ਅਤੇ ਕੁੱਲ ਜੀਵਨ ਮਿਆਰ 'ਤੇ ਪੈਣ ਵਾਲੇ ਪ੍ਰਭਾਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਦਿਲਚਸਪ ਗੱਲਬਾਤ, ਇੰਟਰਐਕਟਿਵ ਗਤੀਵਿਧੀਆਂ ਅਤੇ ਅਸਲੀ ਉਦਾਹਰਣਾਂ ਰਾਹੀਂ ਵਿਦਿਆਰਥੀਆਂ ਨੂੰ ਕੁਦਰਤ ਵਲੋਂ ਮਿਲੇ ਸਰੋਤਾਂ ਦੀ ਸੰਭਾਲ, ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਅਤੇ ਸੂਝਵਾਨ ਫ਼ੈਸਲੇ ਲੈਣ ਦੀ ਮਹੱਤਤਾ ਬਾਰੇ ਡੂੰਘੀ ਸਮਝ ਪ੍ਰਾਪਤ ਹੋਈ। ਪ੍ਰੋਗਰਾਮ ਦੌਰਾਨ ਸੰਤੁਲਿਤ ਵਿਕਾਸ, ਜ਼ਿੰਮੇਵਾਰ ਨਾਗਰਿਕਤਾ ਅਤੇ ਜਾਣਕਾਰੀ ਚੋਣਾਂ ਦੀ ਮਹੱਤਤਾ ਨੂੰ ਵੀ ਉਭਾਰਿਆ ਗਿਆ। ਇਸ ਬਾਰੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਇੱਕ ਸਿਹਤਮੰਦ, ਹਰਾ-ਭਰਾ ਅਤੇ ਸਮਾਨਤਾ ਵਾਲਾ ਸਮਾਜ ਬਣਾਉਣ ਲਈ ਲਾਭਕਾਰੀ ਸੁਝਾਅ ਦਿੱਤੇ। ਇਸ ਮੌਕੇ ਸਕੂਲ ਪ੍ਰਬੰਧਨ ਨੇ ਕਿਹਾ ਕਿ ਨੌਜਵਾਨ ਪੀੜ੍ਹੀ ਵਿੱਚ ਜਾਗਰੂਕਤਾ ਪੈਦਾ ਕਰਨਾ ਇੱਕ ਜ਼ਿੰਮੇਵਾਰ ਅਤੇ ਵਾਤਾਵਰਣ ਪ੍ਰਤੀ ਸੰਵੇਦਨਸ਼ੀਲ ਸਮਾਜ ਦੀ ਰਚਨਾ ਲਈ ਬਹੁਤ ਜ਼ਰੂਰੀ ਹੈ। ਇਸ ਤਰ੍ਹਾਂ ਦੀਆਂ ਪਹਿਲਾਂ ਵਿਦਿਆਰਥੀਆਂ ਨੂੰ ਟਿਕਾਊ ਵਿਕਾਸ ਵਿੱਚ ਸਰਗਰਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਦੀਆਂ ਹਨ। ਸੈਸ਼ਨ ਦਾ ਸਮਾਪਨ ਵਿਦਿਆਰਥੀਆਂ ਵੱਲੋਂ ਆਪਣੇ ਰੋਜ਼ਾਨਾ ਜੀਵਨ ਵਿੱਚ ਸਸਟੇਨੇਬਲ ਆਦਤਾਂ ਅਪਣਾਉਣ ਅਤੇ ਹੋਰਨਾਂ ਨੂੰ ਵੀ ਪ੍ਰੇਰਿਤ ਕਰਨ ਦੀ ਸਾਂਝੀ ਸੌਂਹ ਨਾਲ ਕੀਤਾ ਗਿਆ। ਇਸ ਤਰ੍ਹਾਂ ਦੀਆਂ ਅਰਥਪੂਰਨ ਸਿੱਖਿਅਕ ਪਹਿਲਾਂ ਰਾਹੀਂ ਸੀ ਟੀ ਪਬਲਿਕ ਸਕੂਲ ਸਮਾਜਿਕ ਤੌਰ 'ਤੇ ਜ਼ਿੰਮੇਵਾਰ, ਦਿਆਲੂ ਅਤੇ ਵਾਤਾਵਰਣ ਪ੍ਰਤੀ ਜਾਗਰੂਕ ਨਾਗਰਿਕ ਤਿਆਰ ਕਰ ਰਿਹਾ ਹੈ।

## ਜ਼ਿਲ੍ਹਾ ਮੈਜਿਸਟਰੇਟ ਵੱਲੋਂ ਸ਼ੋਰ ਪ੍ਰਦੂਸ਼ਨ ਦੀ ਰੋਕਥਾਮ ਲਈ ਹੁਕਮ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਵਿਚ ਕੋਈ ਵੀ ਆਵਾਜ਼ੀ ਪ੍ਰਦੂਸ਼ਣ/ਜ਼ਿਆਦਾ ਸ਼ੋਰ ਕਰਨ ਵਾਲੇ ਯੰਤਰਾਂ, ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦੇ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ ਪੈਦਾ ਕਰਨ ਕਰਨ 'ਤੇ ਪਾਬੰਦੀ ਰਹੇਗੀ। ਇਹ ਪਾਬੰਦੀ ਕੇਵਲ ਰੰਗ ਪੈਦਾ ਕਰਨ ਵਾਲੇ ਪਟਾਖਿਆਂ ਤੇ ਫੁਲਝੜੀਆਂ 'ਤੇ ਲਾਗੂ ਨਹੀਂ ਹੋਵੇਗੀ। ਇਸੇ ਤਰ੍ਹਾਂ ਗੱਡੀਆਂ ਆਦਿ ਵਿੱਚ ਕਿਸੇ ਤਰ੍ਹਾਂ ਦੇ ਪ੍ਰੈਸ਼ਰ ਹਾਰਨ, ਵੱਖ-ਵੱਖ ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦਾ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ, ਜ਼ਿਆਦਾ ਆਵਾਜ਼ ਪੈਦਾ ਕਰਨ ਵਾਲੇ ਹਾਰਨ ਨੂੰ ਵਜਾਉਣ 'ਤੇ ਵੀ ਪੂਰਨ ਤੌਰ 'ਤੇ ਪਾਬੰਦੀ ਹੋਵੇਗੀ। ਸਿਰਫ ਸਰਕਾਰ ਵਲੋਂ ਨਿਰਧਾਰਤ ਕੀਤੇ ਗਏ ਹਾਰਨ ਜੋ ਆਵਾਜ਼ੀ ਪ੍ਰਦੂਸ਼ਣ ਤੋਂ ਰਹਿਤ ਹੋਣ, ਹੀ ਨਿਰਧਾਰਤ ਆਵਾਜ਼ ਵਿਚ ਵਜਾਏ ਜਾ ਸਕਦੇ ਹਨ। ਇਸ ਤੋਂ ਇਲਾਵਾ ਕਿਸੇ ਵੀ ਗੈਰ ਸਰਕਾਰੀ ਇਮਾਰਤਾਂ, ਵਪਾਰਕ ਦੁਕਾਨਾਂ, ਜਨਤਕ ਥਾਵਾਂ, ਸਿਨੇਮਿਆਂ, ਮਾਲਜ਼, ਹੋਟਲ ਰੈਸਟੋਰੈਂਟ ਅਤੇ ਮੇਲਿਆਂ ਆਦਿ ਵਿਚ ਉੱਚੀ ਆਵਾਜ਼ ਅਤੇ ਧਮਕ ਪੈਦਾ ਕਰਨ ਵਾਲੇ ਮਿਊਜ਼ਿਕ ਅਤੇ ਅਸ਼ਲੀਲ ਗੀਤ ਚਲਾਏ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ। ਸਾਇਲੈਂਸ ਜ਼ੋਨ ਜਿਵੇਂ ਕਿ ਮੰਤਰਾਲਾ, ਜੰਗਲਾਤ, ਹਸਪਤਾਲਾਂ, ਵਿਦਿਅਕ ਸੰਸਥਾਵਾਂ, ਅਦਾਲਤਾਂ, ਧਾਰਮਿਕ ਸੰਸਥਾਵਾਂ ਜਾਂ ਕੋਈ ਇਲਾਕਾ ਜਿਹੜਾ ਕਿ ਸਮਰੱਥ ਅਧਿਕਾਰੀ ਵਲੋਂ ਸਾਇਲੈਂਸ ਜੋਨ ਐਲਾਨਿਆ ਗਿਆ ਹੋਵੇ, ਦੇ 100 ਮੀਟਰ ਦੇ ਘੇਰੇ ਅੰਦਰ ਆਤਿਸ਼ਬਾਜ਼ੀ/ ਪਟਾਖਿਆਂ/ ਲਾਊਡ ਸਪੀਕਰਾਂ/ਪ੍ਰੈਸ਼ਰ ਹਾਰਨਾਂ ਅਤੇ ਸ਼ੋਰ ਪੈਦਾ ਕਰਨ ਵਾਲੇ ਯੰਤਰਾਂ ਦੇ ਚਲਾਉਣ/ਲਗਾਉਣ 'ਤੇ ਪੂਰਨ ਪਾਬੰਦੀ ਹੋਵੇਗੀ। ਇਸੇ ਤਰ੍ਹਾਂ ਖਾਸ ਹਾਲਤਾਂ ਅਤੇ ਮੌਕਿਆਂ ਸਮੇਂ ਪ੍ਰਬੰਧਕ, ਧਾਰਮਿਕ ਸਥਾਨਾਂ/ਪੰਡਾਲਾਂ ਵਿਚ ਲਾਊਡ ਸਪੀਕਰ ਅਤੇ ਅਧਿਕਾਰਤ ਮੈਰਿਜ਼ ਪੈਲਸਾਂ ਵਿਚ ਡੀ ਜੇ/ਆਰਕੈਸਟਰਾ, ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਪੰਜਾਬ ਇੰਸਟਰੂਮੈਂਟਸ (ਕੰਟਰੋਲ ਆਫ ਨੋਆਇਸ) ਐਕਟ 1956 ਵਿਚ ਦਰਜ ਸ਼ਰਤਾਂ ਸਹਿਤ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਚਲਾਉਣਗੇ।ਜਾਰੀ ਹੁਕਮ ਅਨੁਸਾਰ ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਲੋੜੀਂਦੀ ਪ੍ਰਵਾਨਗੀ ਲੈਣ ਦੇ ਬਾਵਜੂਦ ਵੀ ਮਾਨਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਨੁਸਾਰ ਕਿਸੇ ਵਲੋਂ ਵੀ ਕਿਸੇ ਵੀ ਥਾਂ 'ਤੇ ਚਲਾਏ ਜਾ ਰਹੇ ਲਾਊਡ ਸਪੀਕਰਾਂ/ਡੀ ਜੇ/ਸੰਗੀਤਕ ਯੰਤਰ/ਐਡਰੈਸ ਸਿਸਟਮ ਆਦਿ ਦੀ ਆਵਾਜ਼ ਸੀਮਾ ਸਬੰਧਤ ਜਗ੍ਹਾ ਦੇ ਆਵਾਜ਼ੀ ਸਟੈਂਡਰਡ ਸੀਮਾ ਨਿਸ਼ਚਿਤ ਕੀਤੀ ਗਈ ਹੈ, ਜਿਸ ਤਹਿਤ ਉਦਯੋਗਿਕ ਅਦਾਰਿਆਂ ਵਿੱਚ ਦਿਨ ਵੇਲੇ 75 ਡੀ ਬੀ (ਏ) ਅਤੇ ਰਾਤ ਸਮੇਂ 70 ਡੀ ਬੀ (ਏ), ਕਮਰਸ਼ੀਅਲ ਏਰੀਏ ਵਿੱਚ ਦਿਨ ਵੇਲੇ 65 ਅਤੇ ਰਾਤ ਸਮੇਂ 55, ਰਿਹਾਇਸ਼ੀ ਏਰੀਏ ਵਿੱਚ ਦਿਨ ਵੇਲੇ 55 ਅਤੇ ਰਾਤ ਸਮੇਂ 45 ਅਤੇ ਸਾਈਲੈਂਸ ਜ਼ੋਨ ਵਿੱਚ ਦਿਨ ਵੇਲੇ 50 ਡੀ ਬੀ (ਏ) ਅਤੇ ਰਾਤ ਸਮੇਂ 40 ਡੀ ਬੀ (ਏ) ਤੋਂ ਵੱਧ ਨਹੀਂ ਹੋਵੇਗੀ। ਇਹ ਪਾਬੰਦੀ ਸਵੇਰੇ 6-00 ਵਜੇ ਤੋਂ ਰਾਤ 10-00 ਵਜੇ ਤੱਕ ਹੈ। ਇਹ ਹੁਕਮ ਸਰਕਾਰੀ ਮਸ਼ੀਨਰੀ ਅਤੇ ਐਮਰਜੈਂਸੀ ਦੀ ਸਥਿਤੀ ਵਿਚ ਲਾਗੂ ਨਹੀਂ ਹੋਵੇਗਾ। ਇਹ ਹੁਕਮ 7 ਸਤੰਬਰ 2026 ਤੱਕ ਲਾਗੂ ਰਹੇਗਾ।

## ਕੰਗ ਤੇ ਕਟਾਰੀਆ ਨੇ ਵੱਖ-ਵੱਖ ਪਿੰਡਾਂ 'ਚ ਪਹੁੰਚ ਕੇ ਪਰਵਾਰਾਂ ਨਾਲ ਦੁੱਖ ਕੀਤਾ ਸਾਂਝਾ

**ਬਲਾਚੌਰ (ਜਸਵਿੰਦਰ ਬੈਂਸ)**- ਹਲਕਾ ਬਲਾਚੌਰ ਦੇ ਵੱਖ-ਵੱਖ ਪਿੰਡਾਂ ਵਿੱਚ ਪਿਛਲੇ ਦਿਨੀਂ ਹੋਏ ਅਕਾਲ ਚਲਾਣਿਆਂ ਕਾਰਨ ਪੀੜਤ ਪਰਵਾਰਾਂ ਨਾਲ ਦੁੱਖ ਸਾਂਝਾ ਕਰਨ ਲਈ ਮੈਂਬਰ ਪਾਰਲੀਮੈਂਟ ਮਲਵਿੰਦਰ ਸਿੰਘ ਕੰਗ ਅਤੇ ਹਲਕਾ ਬਲਾਚੌਰ ਤੋਂ ਵਿਧਾਇਕਾ ਸੰਤੋਸ਼ ਕਟਾਰੀਆ ਅਤੇ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਵਿਸ਼ੇਸ਼ ਤੌਰ 'ਤੇ ਪਹੁੰਚੇ। ਆਗੂਆਂ ਨੇ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਪਰਵਾਰਾਂ ਨਾਲ ਡੂੰਘੀ ਹਮਦਰਦੀ ਪ੍ਰਗਟਾਈ।ਪਿੰਡ ਆਦੋਆਣਾ ਵਿਖੇ ਬਲਾਕ ਪ੍ਰਧਾਨ ਰਵੀਇੰਦਰ ਭਾਟੀਆ ਦੇ ਸਤਿਕਾਰਯੋਗ ਮਾਤਾ ਜੀ ਦੇ ਪਿਛਲੇ ਦਿਨੀਂ ਹੋਏ ਅਕਾਲ ਚਲਾਣੇ ਉਪਰੰਤ ਐੱਮ ਪੀ ਮਾਲਵਿੰਦਰ ਸਿੰਘ ਕੰਗ ਨੇ ਉਨ੍ਹਾਂ ਦੇ



ਗ੍ਰਹਿ ਵਿਖੇ ਪਹੁੰਚ ਕੇ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿਛੜੀ ਪਵਿੱਤਰ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਸਮੂਹ ਪਰਿਵਾਰ ਨੂੰ ਇਹ ਅਸਹਿ ਵਿਛੋੜਾ ਸਹਿਣ ਦਾ ਬਲ ਅਤੇ ਹੌਸਲਾ ਪ੍ਰਦਾਨ ਕਰਨ। ?ਇਸ ਦੇ ਨਾਲ ਹੀ ਸਵ: ਚੋਧਰੀ ਰਾਮ ਪ੍ਰਕਾਸ਼ ਦੀ ਅੰਤਿਮ ਅਰਦਾਸ ਮੌਕੇ ਪਿੰਡ ਉਧਨਵਾਲ ਵਿਖੇ ਵੀ ਆਗੂਆਂ ਵੱਲੋਂ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।ਇਸੇ ਤਰ੍ਹਾਂ ਹਲਕਾ ਬਲਾਚੌਰ ਦੇ ਪਿੰਡ ਬੂਲੇਵਾਲ ਵਿਖੇ ਪਿਛਲੇ ਦਿਨੀਂ ਲਾਲ ਸਿੰਘ ਦੀ ਧਰਮ ਪਤਨੀ ਜਸਵੀਰ ਕੌਰ ਦਾ ਅਚਾਨਕ ਸਵਰਗਵਾਸ ਹੋ ਗਿਆ ਸੀ। ਇਸ ਦੁਖਦਾਈ ਘੜੀ ਵਿੱਚ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਨ ਲਈ ਐਮ.ਪੀ. ਮਲਵਿੰਦਰ ਸਿੰਘ ਕੰਗ ਤੇ ਵਿਧਾਇਕਾ ਸੰਤੋਸ਼ ਕਟਾਰੀਆ ਅਸ਼ੋਕ ਕਟਾਰੀਆ ਸੀਨੀਅਰ ਆਗੂ, ਆਮ ਆਦਮੀ ਪਾਰਟੀ, ਹਲਕਾ ਯੂਥ ਪ੍ਰਧਾਨ ਕਰਨਵੀਰ ਕਟਾਰੀਆ ਵਿਸ਼ੇਸ਼ ਤੌਰ 'ਤੇ ਉਨ੍ਹਾਂ ਦੇ ਗ੍ਰਹਿ ਵਿਖੇ ਪਹੁੰਚੇ। ਆਗੂਆਂ ਨੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਪਰਵਾਰ ਲਈ ਇਹ ਇੱਕ ਨਾ-ਪੂਰਾ ਹੋਣ ਵਾਲਾ ਘਾਟਾ ਹੈ।

## 'ਮੁੱਖ ਮੰਤਰੀ ਮਾਂਵਾਂ-ਧੀਆਂ ਸਤਿਕਾਰ ਯੋਜਨਾ' ਨਾਲ ਪੰਜਾਬ ਦੀਆਂ ਮਹਿਲਾਵਾਂ ਨੂੰ ਮਿਲਿਆ ਆਰਥਿਕ ਸਸ਼ਕਤੀਕਰਨ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਹੁਣ ਤੱਕ 1,147 ਕਰੋੜ ਦੀ ਰਕਮ ਡਾਇਰੈਕਟ ਬੈਨਿਫਿਟ ਟ੍ਰਾਂਸਫਰ ਰਾਹੀਂ ਸੂਬੇ ਦੀਆਂ ਲਗਭਗ 33 ਲੱਖ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀ ਜਮ੍ਹਾਂ ਕਰਵਾਈ ਹੈ।ਅਨੁਸੂਚਿਤ ਜਾਤੀ ਵਰਗ ਦੀਆਂ ਯੋਗ ਮਹਿਲਾਵਾਂ ਨੂੰ ਤਿੰਨ ਮਹੀਨਾਵਾਰ ਕਿਸ਼ਤਾਂ ਦੇ ਰੂਪ ਵਿੱਚ 1,500 ਪ੍ਰਤੀ ਮਹੀਨਾ ਅਨੁਸਾਰ ਕੁੱਲ 4,500 ਦੀ ਰਕਮ ਦਿੱਤੀ ਗਈ, ਜਦਕਿ ਹੋਰ ਸਾਰੇ ਵਰਗਾਂ ਦੀਆਂ ਯੋਗ ਮਹਿਲਾਵਾਂ ਨੂੰ ਤਿੰਨ ਮਹੀਨਾਵਾਰ ਕਿਸ਼ਤਾਂ ਦੇ ਰੂਪ ਵਿੱਚ1,000 ਪ੍ਰਤੀ ਮਹੀਨਾ ਅਨੁਸਾਰ ਕੁੱਲ 3,000 ਦੀ ਰਕਮ ਪ੍ਰਦਾਨ ਕੀਤੀ ਗਈ।ਇਹ ਰਕਮ ਉਨ੍ਹਾਂ ਯੋਗ ਲਾਭਪਾਤਰੀਆਂ ਨੂੰ ਜਾਰੀ ਕੀਤੀ ਗਈ ਹੈ, ਜਿਨ੍ਹਾਂ ਦੀ ਰਜਿਸਟ੍ਰੇਸ਼ਨ 25 ਜੂਨ 2026 ਤੱਕ ਹੋ ਚੁੱਕੀ ਸੀ।'ਮੁੱਖ ਮੰਤਰੀ ਮਾਂਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਪੂਰੇ ਪੰਜਾਬ ਵਿੱਚ ਰਜਿਸਟ੍ਰੇਸ਼ਨ ਪ੍ਰਕਿਰਿਆ ਲਗਾਤਾਰ ਜਾਰੀ ਹੈ ਅਤੇ ਹੁਣ ਤੱਕ 66 ਲੱਖ ਤੋਂ ਵੱਧ ਮਹਿਲਾਵਾਂ ਨੇ ਆਪਣੀ ਰਜਿਸਟ੍ਰੇਸ਼ਨ ਕਰਵਾ ਲਈ ਹੈ।ਜਿਹੜੀਆਂ ਮਹਿਲਾਵਾਂ ਹੁਣ ਰਜਿਸਟ੍ਰੇਸ਼ਨ ਕਰਵਾ ਰਹੀਆਂ ਹਨ, ਉਨ੍ਹਾਂ ਨੂੰ ਅਗਲੀ ਕਿਸ਼ਤ ਤੋਂ ਰਕਮ ਮਿਲਣੀ ਸ਼ੁਰੂ ਹੋ ਜਾਵੇਗੀ।ਪੰਜਾਬ ਦੀ ਸਮਾਜਿਕ ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਪਹਿਲੀ ਕਿਸ਼ਤ ਦੀ ਸਫ਼ਲ ਅਦਾਇਗੀ ਇਹ ਸਾਬਤ ਕਰਦੀ ਹੈ ਕਿ ਪੰਜਾਬ ਸਰਕਾਰ ਹਰ ਯੋਗ ਮਹਿਲਾ ਤੱਕ ਵਿੱਤੀ ਸਹਾਇਤਾ ਸਿੱਧੇ ਅਤੇ ਪੂਰੀ ਪਾਰਦਰਸ਼ਤਾ ਨਾਲ ਪਹੁੰਚਾਉਣ ਦੇ ਆਪਣੇ ਸੰਕਲਪ 'ਤੇ ਕਾਇਮ ਹੈ।ਗੁਰਦਾਸਪੁਰ ਜ਼ਿਲ੍ਹੇ ਦੇ ਮੁਸਤਾਬਾ ਜੱਟਾ ਪਿੰਡ ਦੀ ਵਸਨੀਕ ਕੁਲਦੀਪ ਕੌਰ ਨੇ ਕਿਹਾ ਕਿ ਪਹਿਲੀ ਕਿਸ਼ਤ ਪ੍ਰਾਪਤ ਕਰਨਾ ਉਨ੍ਹਾਂ ਦੀ ਜ਼ਿੰਦਗੀ ਦੇ ਸਭ ਤੋਂ ਭਾਵੁਕ ਪਲਾਂ ਵਿੱਚੋਂ ਇੱਕ ਸੀ। 4,500 ਉਨ੍ਹਾਂ ਦੇ ਖ਼ਾਤੇ ਵਿੱਚ ਆਉਣ ਤੋਂ ਬਾਅਦ ਉਨ੍ਹਾਂ ਨੇ ਪਹਿਲੀ ਵਾਰ ਆਰਥਿਕ ਆਜ਼ਾਦੀ ਮਹਿਸੂਸ ਕੀਤੀ।ਉਨ੍ਹਾਂ ਕਿਹਾ, ਬਹੁਤ ਖ਼ੁਸ਼ ਹਾਂ ਕਿ ਮੇਰੀ ਆਪਣੀ ਕਮਾਈ ਮੇਰੇ ਆਪਣੇ ਬੈਂਕ ਖ਼ਾਤੇ ਵਿੱਚ ਆਈ ਹੈ।ਇਸੇ ਤਰ੍ਹਾਂ ਗੁਰਦਾਸਪੁਰ ਜ਼ਿਲ੍ਹੇ ਦੇ ਇੱਕ ਪਿੰਡ ਦੀ ਦਿਹਾੜੀਦਾਰ ਮਜ਼ਦੂਰ ਰੀਤਾ ਨੇ ਕਿਹਾ ਕਿ ਇਸ ਆਰਥਿਕ ਸਹਾਇਤਾ ਨਾਲ ਉਨ੍ਹਾਂ ਦੇ ਪਰਿਵਾਰ ਦੀਆਂ ਕਈ ਚਿੰਤਾਵਾਂ ਘੱਟ ਹੋ ਗਈਆਂ ਹਨ।

## ਇੰਦਰਜੀਤ ਕੌਰ ਮਾਨ ਨੇ ਵਿਕਾਸ ਕਾਰਜਾਂ ਲਈ ਖੋਲ੍ਹਿਆ ਖਜ਼ਾਨਾ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਹਲਕਾ ਇੰਚਾਰਜ ਅਤੇ ਵਿਧਾਇਕਾ ਬੀਬੀ ਇੰਦਰਜੀਤ ਕੌਰ ਮਾਨ ਨੇ ਪਿੰਡ ਆਧੀ ਵਿਖੇ ਇੱਕ ਵਿਸ਼ੇਸ਼ 'ਲੋਕ ਮਿਲਣੀ' ਪ੍ਰੋਗਰਾਮ ਵਿੱਚ ਸ਼ਮੂਲੀਅਤ ਕੀਤੀ।ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਡੇ ਐਲਾਨ ਕੀਤੇ। ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿਚ ਸ਼ਹਿਰ ਵਰਗੀਆਂ ਸਹੂਲਤਾਂ ਦੇਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਮੇਰਾ ਮਕਸਦ ਸਿਰਫ਼ ਐਲਾਨ ਕਰਨਾ ਨਹੀਂ, ਸਗੋਂ ਹਰ ਕੰਮ ਨੂੰ ਸਮਾਂਬੱਧ ਤਰੀਕੇ ਨਾਲ ਮੁਕੰਮਲ ਕਰਵਾਉਣਾ ਹੈ।ਉਹਨੀ ਤੋਂ ਆਧੀ ਅਤੇ ਆਧੀ ਤੋਂ ਸ਼ਾਹਪੁਰ ਦੀ ਸੜਕ ਜਲਦੀ ਹੀ ਸ਼ੁਰੂ ਕੀਤੀ ਜਾਵੇਗੀ।ਇਸ ਮੌਕੇ ਬਲਦੇਵ ਕੁਮਾਰ ਨੇ ਵਿਧਾਇਕਾ ਦਾ ਧੰਨਵਾਦ ਕਰਦਿਆਂ ਉਨ੍ਹਾਂ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਪਿੰਡ ਦੇ ਸਰਪੰਚ ਮਨਜੀਤ ਰਾਣੀ, ਬਲਦੇਵ ਕੁਮਾਰ, ਬਲਵੀਰ ਸਿੰਘ, ਦਲਜੀਤ ਸਿੰਘ ਨਿੱਕੂ, ਹਰਪ੍ਰੀਤ ਸਿੰਘ, ਰਣਬੀਰ ਸਿੰਘ,ਡਾ.ਕੁਲਵੰਤ ਸਿੰਘ, ਸੰਦੀਪ ਸਿੰਘ, ਬਲਰਾਜ ਸਿੰਘ, ਅਮਰਜੀਤ ਕੌਰ ਪੰਚ, ਪਰਮਜੀਤ ਕੌਰ ਪ੍ਰਧਾਨ ਮਹਿਲਾ ਵਿੰਗ, ਗੁਰਦੀਪ ਸਿੰਘ,ਲੱਕੀ ਟੇਲਰ, ਜਸਵੀਰ ਸੀਰ, ਸੰਤੋਖ ਸਿੰਘ ਸੇਖੀ, ਗੁਰਮੀਤ ਸਿੰਘ ਪ੍ਰਧਾਨ, ਬਲਵੰਤ ਸਿੰਘ, ਪੱਪੂ, ਆਦਿ ਹੋਰ ਵੀ ਬਹੁਤ ਸਾਰੇ ਨਗਰ ਨਿਵਾਸੀ ਹਾਜ਼ਰ ਸਨ।



## ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਜਿੰਪਾ ਦੀ ਕੋਠੀ ਦਾ ਘਿਰਾਓ

**ਹੁਸ਼ਿਆਰਪੁਰ (ਬਲਵੀਰ ਸੈਣੀ, ਓ ਪੀ ਰਾਣਾ)**- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ, ਵੱਲੋਂ ਪੰਜਾਬ ਸਰਕਾਰ ਦੀ ਵਾਅਦਾ-ਖਿਲਾਫੀ ਅਤੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਸੂਬੇ ਅੰਦਰ ਸਾਂਝਾ ਸੰਘਰਸ਼ ਕਰਨ ਲਈ ਜੁਆਇੰਟ ਕੋ-ਆਰਡੀਨੇਸ਼ਨ ਕਮੇਟੀ ਬਣਾਈ ਗਈ ਹੈ ਅਤੇ ਸੰਘਰਸ਼ ਦਾ ਐਲਾਨ ਕਰ ਦਿੱਤਾ ਗਿਆ ਹੈ।ਉਲੀਕੇ ਗਏ ਸੰਘਰਸ਼ ਤਹਿਤ ਸਾਂਝਾ ਫਰੰਟ ਹੁਸ਼ਿਆਰਪੁਰ ਦੇ ਆਗੂਆਂ ਕੁਲਵੰਤ ਸਿੰਘ ਸੈਣੀ, ਮੱਖਣ ਸਿੰਘ ਵਾਹਿਦਪੁਰੀ, ਨਰਿੰਦਰ ਸਿੰਘ ਗੋਗੀ, ਹੰਸ ਰਾਜ, ਅਨਿਰੁਧ ਮੋਡਗਿੱਲ, ਸਮਸ਼ੇਰ ਸਿੰਘ ਧਾਮੀ, ਅਸ਼ੋਕ ਕੁਮਾਰ, ਪ੍ਰਵੇਸ਼ ਕੁਮਾਰ, ਸੰਜੀਵ ਧੂਤ, ਮਦਨ ਲਾਲ, ਨਛੱਤਰ ਸਿੰਘਣੀ ਅਗਵਾਈ ਹੇਠ ਸੈਣੀ ਭਵਨ ਹੁਸ਼ਿਆਰਪੁਰ ਵਿਖੇ ਇੱਕ ਵਿਸ਼ਾਲ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕੀਤੀ ਗਈ ਜਿਸ ਵਿੱਚ ਜ਼ਿਲ੍ਹੇ ਭਰ ਵਿੱਚੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਵਿਰੋਧੀ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਸਾਂਝੀ ਤਾਲਮੇਲ ਕਮੇਟੀ ਦੇ ਸੂਬਾ ਆਗੂ ਸਤੀਸ਼ ਰਾਣਾ, ਜਸਵੀਰ ਤਲਵਾੜਾ ਨੇ ਕਿਹਾ ਕਿ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕੋਈ ਵੀ ਮੰਗ ਨੂੰ ਹੱਲ ਨਹੀਂ ਕੀਤਾ। ਉਹਨਾਂ ਕਿਹਾ ਕਿ ਪੰਜਾਬ ਅੰਦਰ ਸਮੁੱਚਾ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਹੁਣ ਇਕੱਠਾ ਹੋ ਕੇ ਸਰਕਾਰ ਵਿਰੁੱਧ ਤਿੱਖਾ ਸੰਘਰਸ਼ ਕਰੇਗਾ। ਸਟੇਜ ਸਕੱਤਰ ਦੀ ਭੂਮਿਕਾ ਇੰਦਰਜੀਤ ਵਿਰਦੀ ਵਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਬਹਾਦਰ ਸਿੰਘ, ਮਨਜੀਤ ਸਿੰਘ ਸੈਣੀ, ਓਂਕਾਰ ਸਿੰਘ, ਤਰਸੇਮ ਲਾਲ ਮੁਕੇਰੀਆਂ, ਬਲਵੀਰ ਸੈਣੀ, ਮੱਖਣ ਸਿੰਘ ਲੰਗੇਰੀ, ਮਨੋਹਰ ਸਿੰਘ ਸੈਣੀ, ਜਸਵੀਰ ਸਿੰਘ ਭਾਮ, ਨਿਰਮਲ ਸਿੰਘ, ਕੇਵਲ ਸਿੰਘ ਹੀਰ, ਕਮਲਜੀਤ ਕੌਰ, ਰਾਜ ਕੁਮਾਰੀ ਨੇ ਵੀ ਸੰਬੋਧਨ ਕੀਤਾ। ਕਨਵੈਨਸ਼ਨ ਉਪਰੰਤ ਚੇਤਾਵਨੀ ਪੱਤਰ ਸੌਂਪਣ ਲਈ ਸਾਬਕਾ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੀ ਰਿਹਾਇਸ਼ ਵੱਲ ਮਾਰਚ ਕੀਤਾ ਗਿਆ ਅਤੇ ਜ਼ੋਰਦਾਰ ਨਾਅਰਿਆਂ ਦੀ ਗੂੰਜ ਵਿੱਚ ਜਿੰਪਾ ਨੂੰ ਮੰਗ ਪੱਤਰ ਸੌਂਪਿਆ ਗਿਆ।ਰੋਸ ਪ੍ਰਦਰਸ਼ਨ ਦੇ ਅੰਤ ਵਿੱਚ ਆਗੂਆਂ ਵਲੋਂ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਨੂੰ ਮਿਤੀ 17 ਜੁਲਾਈ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਅਤੇ ਹੋਰ ਤਿੱਖੇ ਸੰਘਰਸ਼ ਲਈ ਤਿਆਰੀ ਕੱਸਣ ਦਾ ਹੋਕਾ ਦਿੱਤਾ। ਇਸ ਮੌਕੇ ਪਵਨ ਕੁਮਾਰ, ਹਰਭਜਨ ਸਿੰਘ ਅਜਨੋਹਾ, ਪ੍ਰਿਤਪਾਲ ਸਿੰਘ ਚੌਟਾਲਾ, ਦਲਵੀਰ ਸਿੰਘ ਭੁੱਲਰ, ਅਮਰਜੀਤ ਕੁਮਾਰ, ਪ੍ਰਿੰਸ ਗੜ੍ਹਦੀਵਾਲਾ, ਵਰਿਆਮ ਸਿੰਘ ਮਿਨਹਾਸ, ਮਨਜੀਤ ਬਾਜਵਾ, ਨਰਿੰਦਰ ਅਜਨੋਹਾ ਆਦਿ ਆਗੂ ਵੀ ਹਾਜ਼ਰ ਸਨ।



## ਵੱਖ-ਵੱਖ ਸਿਹਤ ਕੇਂਦਰਾਂ ਵਿਖੇ ਮਨਾਇਆ ਵਿਸ਼ਵ ਆਬਾਦੀ ਦਿਵਸ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਬਲਾਕ ਹਾਰਟਾ ਬਡਲਾ ਦੇ ਅਧੀਨ ਆਉਂਦੇ ਸਮੂਹ ਪ੍ਰਾਇਮਰੀ ਸਿਹਤ ਕੇਂਦਰਾਂ, ਆਮ ਆਦਮੀ ਕਲੀਨਿਕਾਂ ਅਤੇ ਹੈਲਥ ਐਂਡ ਵੈਲਨੈੱਸ ਸੈਂਟਰਾਂ ਵਿਖੇ 'ਵਿਸ਼ਵ ਆਬਾਦੀ ਦਿਵਸ' ਗਿਆ। ਇਸ ਸਾਲ ਇਹ ਦਿਵਸ ਨੌਜਵਾਨਾਂ ਦੀਆਂ ਉਮੀਦਾਂ ਅਤੇ ਪਰਿਵਾਰ ਨਿਯੋਜਨ ਦੇ ਅਧਿਕਾਰਾਂ ਨੂੰ ਸਮਰਪਿਤ ਵਿਸ਼ੇਸ਼ ਥੀਮ ਹੇਠ ਮਨਾਇਆ ਗਿਆ।ਇਸ ਸੰਬੰਧੀ ਸੀ.ਐਚ.ਸੀ ਹਾਰਟਾ ਬਡਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਨੇ ਕਿਹਾ ਕਿ ਲਗਾਤਾਰ ਵਧ ਰਹੀ ਆਬਾਦੀ ਅੱਜ ਪੂਰੇ ਵਿਸ਼ਵ ਲਈ ਇੱਕ ਚਿੰਤਾ ਦਾ ਵਿਸ਼ਾ ਹੈ। ਡਾ.ਬੈਂਸ ਨੇ ਦੱਸਿਆ ਕਿ ਅੱਜ ਬਲਾਕ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿੱਚ ਪੁੱਜੀਆਂ ਗਰਭਵਤੀ ਔਰਤਾਂ ਅਤੇ ਨਵ-ਵਿਆਹੇ ਜੋੜਿਆਂ ਨੂੰ ਪਰਿਵਾਰ ਨੂੰ ਸੀਮਤ ਰੱਖਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਪਰਿਵਾਰ ਨਿਯੋਜਨ ਸਬੰਧੀ ਕਿਸੇ ਵੀ ਜਾਣਕਾਰੀ ਜਾਂ ਸੇਵਾ ਲਈ ਆਪਣੇ ਨੇੜਲੇ ਸਰਕਾਰੀ ਸਿਹਤ ਕੇਂਦਰ ਨਾਲ ਸੰਪਰਕ ਕਰਨ ਅਤੇ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਮੁਫ਼ਤ ਸਿਹਤ ਅਤੇ ਪਰਿਵਾਰ ਭਲਾਈ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ।

## ਮਿਉਂਸੀਪਲ ਪੈਨਸ਼ਨਰਜ਼ ਐਸੋਸੀਏਸ਼ਨ ਨੇ ਮੰਗਾਂ ਪ੍ਰਵਾਨ ਨਾ ਹੋਣ 'ਤੇ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮਿਉਂਸੀਪਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਨਾ ਕਰਨ ਅਤੇ ਮਾਨ ਸਰਕਾਰ ਵੱਲੋਂ ਆਪਣਾ ਅੜੀਅਲ ਵਤੀਰਾ ਨਾ ਛੱਡਣ ਦੇ ਰੋਸ ਵਜੋਂ ਵਿਚਾਰ ਵਟਾਂਦਰਾ ਕਰਨ ਲਈ ਐਸੋਸੀਏਸ਼ਨ ਟਾਂਡਾ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਯੂਨੀਅਨ ਦੇ ਨੇਤਾਵਾਂ ਤੋਂ ਇਲਾਵਾ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਨੇ ਭਾਗ ਲਿਆ। ਮੀਟਿੰਗ 'ਚ ਸ਼ਾਮਿਲ ਮੁੱਖ ਸਲਾਹਕਾਰ ਚੌਧਰੀ ਰਤਨ ਸਿੰਘ ਸੈਣੀ, ਐਡੀਟਰ ਕੇਵਲ ਸਿੰਘ, ਕੈਸ਼ੀਅਰ ਸੋਮਨਾਥ ਭੱਟੀ, ਜਨਰਲ ਸਕੱਤਰ ਅਸ਼ੋਕ ਕੁਮਾਰ, ਸੀਨੀਅਰ ਮੀਤ ਪ੍ਰਧਾਨ ਮਾਇਆਵਤੀ, ਕਰਮਚਾਰੀ ਯੂਨੀਅਨ ਟਾਂਡਾ ਦੇ ਪ੍ਰਧਾਨ ਤਰਸੇਮ ਲਾਲ, ਸੁਦਰਸ਼ਨ ਕੁਮਾਰ, ਦੇਵ ਰਾਜ, ਅਮਰੀਕ ਸਿੰਘ ਘੋਤਰਾ, ਧਰਮ ਚੰਦ, ਦੇਵ ਰਾਜ ਟਾਂਡਾ, ਗੁਰਦਿਆਲ ਸਿੰਘ, ਸਦਾ ਨੰਦ, ਅਮਰੀਕ ਸਿੰਘ ਭੋਗਪੁਰੀ, ਤਰਸੇਮ ਲਾਲ ਭੋਗਪੁਰੀ, ਬੂਆ ਸਿੰਘ, ਸੁਨੀਤਾ ਰਾਣੀ, ਚਿਮਨ ਲਾਲ, ਧਰਮ ਪਾਲ, ਕਮਲਾ, ਰਾਣੀ, ਦੀਪੋ, ਸਫਾਈ ਸੇਵਕ ਸੋਮਨਾਥ, ਸ਼ਕੁੰਤਲਾ, ਰਣਜੀਤ ਕੌਰ, ਅੱਛਰ ਲਾਲ ਅਤੇ ਇਕਬਾਲ ਸਿੰਘ ਤੋਂ ਇਲਾਵਾ ਹੋਰ ਐਸੋਸੀਏਸ਼ਨ ਮੈਂਬਰਾਂ ਨੇ ਪੰਜਾਬ ਸਰਕਾਰ ਖਿਲਾਫ਼ ਰੋਸ ਦਾ ਪ੍ਰਗਟਾਵਾ ਕਰਦੇ ਹੋਏ ਜੰਮਕਰ ਨਾਅਰੇਬਾਜ਼ੀ ਕੀਤੀ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਵਿਧਾਨ ਸਭਾ ਚੋਣਾਂ ਦੌਰਾਨ ਸਾਡੀ ਐਸੋਸੀਏਸ਼ਨ ਦੀਆਂ ਸਾਰੀਆਂ ਜਾਇਜ਼ ਮੰਗਾਂ ਪ੍ਰਵਾਨ ਕਰ ਲੈਣ ਦਾ ਪੂਰਾ ਭਰੋਸਾ ਦਿੱਤਾ ਸੀ



ਪਰ ਸੱਤਾ ਵਿੱਚ ਆਏ ਸਾਡੇ ਚਾਰ ਸਾਲ ਬੀਤ ਜਾਣ 'ਤੇ ਵੀ ਮਾਨ ਸਰਕਾਰ ਨੇ ਅੱਜ ਤੱਕ ਸਾਡੀ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਨਹੀਂ ਕੀਤੀਆਂ ਜਿਸ ਕਾਰਨ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਵਿੱਚ ਸਰਕਾਰ ਖਿਲਾਫ਼ ਰੋਸ ਦੀ ਭਾਵਨਾ ਵਧਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਟਾਲਮਟੋਲ ਨੀਤੀ ਅਪਣਾਉਣ ਕਾਰਨ ਅਤੇ ਅੜੀਅਲ ਵਤੀਰੇ ਕਾਰਨ ਪੈਨਸ਼ਨਰਾਂ ਨੂੰ ਉਨ੍ਹਾਂ ਦੇ ਬਣਦੇ ਬਕਾਇਆ ਨਹੀਂ ਮਿਲ ਰਹੇ ਜਿਸ ਸਦਕਾ ਪੈਨਸ਼ਨਰਾਂ ਦੇ ਪਰਵਾਰਾਂ ਨੂੰ ਕਈ ਪ੍ਰਕਾਰ ਦੀਆਂ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਸਾਡੀ ਐਸੋਸੀਏਸ਼ਨ ਦੀਆਂ ਮੰਗਾਂ ਕਿ 18% ਡੀ.ਏ ਦਾ ਬਕਾਇਆ ਅਤੇ ਡੀ.ਏ ਦਾ ਬਣਦਾ ਬਕਾਇਆ ਏਰੀਅਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ 2.9% ਫੀਸਦੀ ਦੇ ਹਿਸਾਬ ਨਾਲ ਪੈਨਸ਼ਨਰਾਂ ਦੀ ਪੈਨਸ਼ਨ ਵਿੱਚ ਵਾਧਾ ਕੀਤਾ ਜਾਵੇ ਅਤੇ ਪੇ ਕਮਿਸ਼ਨ ਦੀ ਰਿਪੋਰਟ ਅਨੁਸਾਰ ਏਰੀਅਰ ਦਾ ਬਕਾਇਆ ਇੱਕੋ ਹੀ ਕਿਸ਼ਤ ਵਿੱਚ ਦਿੱਤਾ ਜਾਵੇ। ਉਨ੍ਹਾਂ ਮਾਨ ਸਰਕਾਰ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਸਾਡੀ ਐਸੋਸੀਏਸ਼ਨ ਦੀਆਂ ਜਾਇਜ਼ ਮੰਗਾਂ ਜਲਦ ਪ੍ਰਵਾਨ ਨਾ ਕੀਤੀਆਂ ਅਤੇ ਪੈਨਸ਼ਨਾਂ ਦੇ ਬਣਦੇ ਹੱਕ ਉਨ੍ਹਾਂ ਨੂੰ ਨਾ ਦਿੱਤੇ ਤਾਂ ਮਜਬੂਰ ਹੋ ਕੇ ਐਸੋਸੀਏਸ਼ਨ ਵੱਖ-ਵੱਖ ਟਰੇਡ ਦੀਆਂ ਯੂਨੀਅਨਾਂ ਦੇ ਸਹਿਯੋਗ ਨਾਲ ਸੜਕ ਜਾਮ ਅਤੇ ਪੁਤਲੇ ਫੂਕ ਪ੍ਰਦਰਸ਼ਨ ਸ਼ੁਰੂ ਕਰ ਦੇਵੇਗੀ। ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਮਾਨ ਸਰਕਾਰ ਨੂੰ ਬੜਾ ਮਹਿੰਗਾ ਖਮਿਆਜ਼ਾ ਭੁਗਤਣਾ ਪਵੇਗਾ।

## ਲੋਹਟੀਆ ਦਾ ਦਿਨੋਂ-ਦਿਨ ਵਧਦਾ ਜਾ ਰਿਹਾ ਕਾਫ਼ਲਾ : ਗੌਰਵ ਬਾਵਾ

**ਗੁਰਾਇਆ (ਬਿੰਦਰ ਸੁਮਨ)**- ਆਮ ਆਦਮੀ ਪਾਰਟੀ ਦੇ ਹਲਕਾ ਫਿਲੌਰ ਵਿੱਚ ਹਲਕਾ ਇੰਚਾਰਜ ਮੈਡਮ ਹਰਜੋਤ ਕੌਰ ਲੋਹਟੀਆ ਦੀ ਅਗਵਾਈ ਹੇਠ ਪਾਰਟੀ ਨੂੰ ਲਗਾਤਾਰ ਮਜ਼ਬੂਤੀ ਮਿਲ ਰਹੀ ਹੈ। ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਇਲਾਕਿਆਂ ਤੋਂ ਪ੍ਰਭਾਵਸ਼ਾਲੀ ਸ਼ਖ਼ਸੀਅਤਾਂ, ਨੌਜਵਾਨਾਂ ਅਤੇ ਸਮਾਜ ਸੇਵੀਆਂ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਸਿਲਸਿਲਾ ਜਾਰੀ ਹੈ।



ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ ਗੌਰਵ ਬਾਵਾ ਨੇ ਕਿਹਾ ਕਿ ਹਰਜੋਤ ਕੌਰ ਲੋਹਟੀਆ ਦੀ ਸਾਫ਼-ਸੁਥਰੀ ਕਾਰਜਸ਼ੈਲੀ, ਲੋਕਾਂ ਨਾਲ ਨਿਰੰਤਰ ਸੰਪਰਕ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ-ਹਿਤੈਸ਼ੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਹਰ ਰੋਜ਼ ਨਵੇਂ ਲੋਕ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਵਧਦਾ ਜਨ-ਸਮਰਥਨ ਦਰਸਾਉਂਦਾ ਹੈ ਕਿ ਹਲਕਾ ਫਿਲੌਰ ਦੇ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ 'ਤੇ ਪੂਰਾ ਭਰੋਸਾ ਜਤਾ ਰਹੇ ਹਨ। ਗੌਰਵ ਬਾਵਾ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਦਾ ਸਨਮਾਨ ਕੀਤਾ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੀ ਗਿਣਤੀ ਵਿੱਚ ਲੋਕ ਪਾਰਟੀ ਨਾਲ ਜੁੜਨਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਹਲਕਾ ਫਿਲੌਰ ਵਿੱਚ ਆਮ ਆਦਮੀ ਪਾਰਟੀ ਹੋਰ ਵੀ ਮਜ਼ਬੂਤ ਹੋ ਕੇ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਉਤਰੇਗੀ। ਹਲਕਾ ਇੰਚਾਰਜ ਮੈਡਮ ਵਲੋਂ ਦਫਤਰ ਵਿਚ ਬੈਠ ਲੋਕਾਂ ਦੀਆਂ ਸਮੱਸਿਆਂਵਾਂ ਹਰ ਰੋਜ਼ ਸੁਣ ਕੇ ਮੌਕੇ ਤੇ ਹੱਲ ਕਰਵਾਇਆ ਜਾਂਦਾ।

## ਕਸ਼ਮੀਰ ਬੱਲ ਤੇ ਬੀਬਾ ਬਲਜੀਤ ਕਮਲ ਦਾ ਗੀਤ 'ਅੱਖਾਂ ਬਿੱਲੀਆਂ' ਰਿਲੀਜ਼



**ਕਪੂਰਥਲਾ (ਮਨਜੀਤ ਮਾਨ)** ਖੈੜਾ ਮਿਊਜ਼ਿਕ ਕੰਪਨੀ ਦੇ ਬੈਨਰ ਹੇਠ ਖੈੜਾ ਮਿਊਜ਼ਿਕ ਕੰਪਨੀ ਦੇ ਪ੍ਰੋਡਿਊਸਰ ਤੇ ਡਾਇਰੈਕਟਰ ਬੱਬੂ ਖੈੜਾ ਦੀ ਨਿਰਦੇਸ਼ਨਾ ਹੇਠ ਵਰਲਡ ਫੇਮਸ ਡਿਊਟ ਜੋੜੀ ਕਸ਼ਮੀਰ ਬੱਲ ਤੇ ਬੀਬਾ ਬਲਜੀਤ ਕਮਲ ਦਾ ਡਿਊਟ ਗੀਤ, ਅੱਖਾਂ ਬਿੱਲੀਆਂ ਨੂੰ ਕੰਪਨੀ ਦੇ ਪ੍ਰੋਡਿਊਸਰ ਤੇ ਡਾਇਰੈਕਟਰ ਬੱਬੂ ਖੈੜਾ, ਵਰਲਡ ਫੇਮਸ ਗਾਇਕ ਚਰਨਜੀਤ ਚੰਨੀ, ਗਾਇਕ ਸ਼ਮਸ਼ੇਰ ਚੀਨਾ, ਗਗਨ ਬਰਾੜ, ਪ੍ਰੀਤਮ ਸਿੰਘ, ਹੀਰਾ ਸਿੰਘ, ਪ੍ਰੀਤ ਗਿੱਲ, ਸ਼ੌਂਕੀ ਫੂਲੇਵਾਲ, ਪ੍ਰਸਿੱਧ ਮੰਚ ਸੰਚਾਲਕ ਜਗਦੇਵ ਟਹਿਣਾ ਵੱਲੋਂ ਸਾਂਝੇ ਤੌਰ 'ਤੇ ਰਲੀਜ਼ ਕੀਤਾ ਗਿਆ। ਇਸ ਮੌਕੇ ਕੰਪਨੀ ਦੇ ਪ੍ਰੋਡਿਊਸਰ ਤੇ ਡਾਇਰੈਕਟਰ ਬੱਬੂ ਖੈੜਾ, ਪ੍ਰਸਿੱਧ ਗਾਇਕ ਕਸ਼ਮੀਰ ਬੱਲ ਬੀਬਾ ਬਲਜੀਤ ਕਮਲ ਨੇ ਸਾਂਝੇ ਤੌਰ 'ਤੇ ਪ੍ਰੈੱਸ ਨੂੰ ਦੱਸਿਆ ਕਿ ਅੱਖੀਆਂ ਬਿੱਲੀਆਂ ਗੀਤ ਨੂੰ ਪ੍ਰਸਿੱਧ ਗੀਤਕਾਰ ਬਲਜਿੰਦਰ ਮਾਨ ਵੱਲੋਂ ਬਾਖੂਬੀ ਲਿਖਿਆ ਗਿਆ ਹੈ ਜਦਕਿ ਇਸ ਗੀਤ ਦਾ ਮਿਊਜ਼ਿਕ ਬਿਕਰਮਜੀਤ ਰਾਂਝਾ ਵੱਲੋਂ ਤਿਆਰ ਕੀਤਾ ਗਿਆ ਹੈ। ਇਸ ਗੀਤ ਦਾ ਫਿਲਮਾਂਕਣ ਵੱਖ ਵੱਖ ਸੁੰਦਰ ਲੁਕੇਸ਼ਨਾਂ ਵਿੱਚ ਕੀਤਾ ਹੈ।

## ਮੁੱਖ ਮੰਤਰੀ ਤੀਰਥ ਯਾਤਰਾ ਦੀ ਵਾਪਸੀ ਮੌਕੇ ਪੰਜਾਬ ਸਰਕਾਰ ਦਾ ਧੰਨਵਾਦ




**ਆਦਮਪੁਰ (ਪਰਮਜੀਤ ਸਿੰਘ)** ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਧਾਰਮਿਕ ਸਥਾਨਾ ਦੀ ਯਾਤਰਾ ਕਰਕੇ ਵਾਪਸ ਪਰਤੀ ਪਿੰਡ ਡਰੋਲੀ ਖੁਰਦ ਦੀ ਸੰਗਤ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸੰਗਤਾਂ ਨੇ ਪੰਜਾਬ ਸਰਕਾਰ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀ ਇਹ ਯੋਜਨਾ ਆਮ ਲੋਕਾਂ ਲਈ ਬਹੁਤ ਹੀ ਸਰਾਹਣਯੋਗ ਅਤੇ ਲਾਭਦਾਇਕ ਹੈ।ਸੰਗਤਾਂ ਨੇ ਕਿਹਾ ਕਿ ਇਸ ਯਾਤਰਾ ਦੌਰਾਨ ਉਨ੍ਹਾਂ ਨੂੰ ਪੂਰੀਆਂ ਸੁਵਿਧਾਵਾਂ ਮੁਹੱਈਆ ਕਰਵਾਈਆਂ ਗਈਆਂ ਅਤੇ ਯਾਤਰਾ ਦਾ ਅਨੁਭਵ ਬਹੁਤ ਹੀ ਸੁਖਦਾਈ ਰਿਹਾ। ਉਨ੍ਹਾਂ ਨੇ ਆਸ ਪ੍ਰਗਟਾਈ ਕਿ ਪੰਜਾਬ ਸਰਕਾਰ ਭਵਿੱਖ ਵਿੱਚ ਵੀ ਲੋਕ ਭਲਾਈ ਲਈ ਅਜਿਹੀਆਂ ਯੋਜਨਾਵਾਂ ਜਾਰੀ ਰੱਖੇਗੀ।

## ਅਜ਼ੀਜ਼ ਦੇ ਗੀਤਾਂ ਤੇ ਗ਼ਜ਼ਲਾਂ ਦੀ ਪੁਸਤਕ 'ਇਬਾਦਤਨਾਮਾ' ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤ ਵਿਗਿਆਨ ਕੇਂਦਰ ਚੰਡੀਗੜ੍ਹ ਵੱਲੋਂ ਟੀ ਐੱਸ ਸੈਂਟਰਲ ਸਟੇਟ ਲਾਇਬ੍ਰੇਰੀ, ਚੰਡੀਗੜ੍ਹ ਵਿਖੇ ਵਿਸ਼ੇਸ਼ ਇਕੱਤਰਤਾ ਕਰਵਾਈ ਗਈ, ਜਿਸ ਵਿੱਚ ਪ੍ਰਸਿੱਧ ਸ਼ਾਇਰ ਪਰਮਿੰਦਰ ਸਿੰਘ ਅਜ਼ੀਜ਼ ਦੇ ਗੀਤਾਂ ਤੇ ਗ਼ਜ਼ਲਾਂ ਦੀ ਪੁਸਤਕ 'ਇਬਾਦਤਨਾਮਾ' ਲੋਕ ਅਰਪਣ ਕੀਤੀ ਗਈ। ਪ੍ਰਧਾਨਗੀ ਮੰਡਲ ਵਿੱਚ ਡਾ. ਦਵਿੰਦਰ ਬੋਹਾ, ਡਾ. ਪਰਮਜੀਤ ਸਿੰਘ, ਸ਼ਾਇਰ ਪਰਮਿੰਦਰ ਸਿੰਘ ਅਜੀਜ਼, ਗੁਰਦਰਸ਼ਨ ਸਿੰਘ ਮਾਵੀ ਅਤੇ ਦਵਿੰਦਰ ਕੌਰ ਢਿੱਲੋਂ ਸ਼ਾਮਲ ਸਨ।



ਸੰਸਥਾ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਸਮਾਗਮ ਦੀ ਰੂਪ-ਰੇਖਾ ਬਾਰੇ ਵਿਸਥਾਰ ਨਾਲ ਦੱਸਿਆ। ਪਰਚਾ ਲੇਖਕ ਡਾ. ਪਰਮਜੀਤ ਸਿੰਘ ਨੇ ਕਿਹਾ ਕਿ ਸ਼ਾਇਰ ਦੀ ਗ਼ਜ਼ਲ ਦੀ ਲੈਅ ਬਹੁਤ ਹੀ ਵਿਉਂਤਬੱਧ ਤੇ ਭਾਵਬੋਧ ਵਾਲੀ ਹੈ। ਲੇਖਕ ਉਰਦੂ ਅਤੇ ਪੰਜਾਬੀ ਨਾਲ ਜੁੜਿਆ ਹੋਇਆ ਹੈ।ਗ਼ਜ਼ਲਾਂ ਵਿੱਚ ਨਿਹੋਰਾ ਹੈ, ਸਬਰ ਹੈ। ਡਾ. ਅਵਤਾਰ ਸਿੰਘ ਪਤੰਗ ਨੇ ਲੇਖਕ ਨੂੰ ਵਧਾਈ ਦਿੰਦਿਆਂ ਕਿਹਾ ਕਿ ਜੋ ਆਪਣੇ ਆਪ ਪ੍ਰਗਟ ਹੋਵੇ ਅਤੇ ਸਰੋਤਿਆਂ ਨੂੰ ਸੁਨਣ ਲਈ ਮਜਬੂਰ ਕਰ ਦੇਵੇ, ਉਹ ਸਾਹਿਤ ਹੁੰਦਾ ਹੈ।ਸ਼ਾਇਰ ਜਸਪਾਲ ਸਿੰਘ ਦੇਸੂਵੀ ਨੇ ਕਿਹਾ ਕਿ ਉਸਤਾਦ ਬਿਨਾਂ ਗ਼ਜ਼ਲ ਲਿਖਣੀ ਔਖੀ ਹੈ। ਦੀਪਕ ਸ਼ਰਮਾ ਚਨਾਰਥਲ ਨੇ ਆਖਿਆ ਕਿ ਲੇਖਕ ਖੁਦ ਜਾਣਦਾ ਹੈ ਕਿ ਉਹ ਕੀ ਲਿਖ ਰਿਹਾ ਹੈ ਅਤੇ ਕਿਉਂ ਲਿਖ ਰਿਹਾ ਹੈ। ਕਿਤਾਬ ਉਹ ਹੈ ਜਿਹੜੀ 10 ਕਿਤਾਬਾਂ ਵਿੱਚੋਂ ਬੋਲਦੀ ਹੋਵੇ ਅਤੇ ਸਾਨੂੰ ਪੜ੍ਹਨ ਲਈ ਮਜਬੂਰ ਕਰਦੀ ਹੋਵੇ। ਲੇਖਕ ਪਰਮਿੰਦਰ ਸਿੰਘ ਅਜੀਜ਼ ਨੇ ਦੱਸਿਆ ਕਿ ਗ਼ਜ਼ਲ ਮੇਰੀ ਰੂਹ ਦੀ ਖੁਰਾਕ ਹੈ। ਗ਼ਜ਼ਲ ਲਿਖਣਾ, ਸੁਣਨਾ ਤੇ ਕਹਿਣਾ ਮੈਨੂੰ ਚੰਗਾ ਲੱਗਦਾ ਹੈ। ਇਸ ਦੇ ਨਾਲ ਹੀ ਉਹਨਾਂ ਨੇ ਆਪਣੀ ਪਸੰਦੀਦਾ ਗ਼ਜ਼ਲ ਸਰੋਤਿਆਂ ਨਾਲ ਸਾਂਝੀ ਕੀਤੀ। ਕੇਂਦਰ ਦੇ ਪ੍ਰਧਾਨ ਗੁਰਦਰਸ਼ਨ ਸਿੰਘ ਮਾਵੀ ਨੇ ਆਏ ਹੋਏ ਸਾਰੇ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦਵਿੰਦਰ ਕੌਰ ਢਿੱਲੋਂ ਨੇ ਬਾਖੂਬੀ ਨਿਭਾਇਆ। ਇਸ ਤੋਂ ਇਲਾਵਾ ਰਾਜਵਿੰਦਰ ਸਿੰਘ ਗੱਡੂ, ਭਗਤ ਰਾਮ ਰੰਗਾੜਾ, ਡਾ.ਪੁਸ਼ਪਿੰਦਰਪਾਲ ਕੌਰ, ਲਾਭ ਸਿੰਘ ਲਹਿਲੀ, ਨਰਿੰਦਰ ਕੌਰ, ਅਤਰ ਸਿੰਘ ਖੁਰਾਨਾ, ਸੁਰਿੰਦਰ ਕੁਮਾਰ, ਗੁਰਪ੍ਰੀਤ ਕੌਰ, ਗੁਰਮਤ ਸਿੰਘ, ਰਹਿਮਤ ਕੌਰ, ਮਲਕੀਤ ਸਿੰਘ ਨਾਗਰਾ, ਰਜਿੰਦਰ ਸਿੰਘ ਧੀਮਾਨ, ਹਰਭਜਨ ਕੌਰ ਢਿੱਲੋਂ, ਡਾ. ਗੁਰਦੇਵ ਸਿੰਘ ਗਿੱਲ, ਡਾ. ਹਰਬੰਸ ਕੌਰ ਗਿੱਲ, ਸਰਬਜੀਤ ਸਿੰਘ ਪੱਡਾ, ਸਵਰਨਜੀਤ ਸਿੰਘ ਜੀਤ, ਡਾ. ਨਵਜੀਤ ਕੌਰ, ਹਰਚਰਨ ਸਿੰਘ, ਚਰਨਜੀਤ ਕੌਰ ਬਾਠ, ਮੰਦਰ ਗਿੱਲ ਸਾਹਬਚੰਦੀਆ, ਡਾ. ਮਨਜੀਤ ਸਿੰਘ ਮਝੈਲ, ਡਾ.ਗੁਰਦੀਪ ਸਿੰਘ, ਚਰਨਜੀਤ ਕਲੇਰ, ਸੁਖਮਿੰਦਰ ਸਿੰਘ, ਸੁਖਵਿੰਦਰ ਕੌਰ, ਅੰਸ਼ੁਕਰ ਮਹੇਸ਼, ਸਿਮਰਨਜੀਤ ਕੌਰ, ਭਗਵੰਤ ਸਿੰਘ ਸੰਧੂ, ਗੁਰਮੇਲ ਸਿੰਘ ਸਿੱਧੂ, ਮਨੋਜ ਕੁਮਾਰ, ਸੀਮਾ, ਅਰਾਧਿਆ, ਮਹਿੰਦਰ ਸਿੰਘ ਗੋਸਲ, ਪਰਲਾਦ ਸਿੰਘ, ਰਾਣੀ ਸੁਮਨ ਅਤੇ ਹਰਜੀਤ ਸਿੰਘ ਅਦਿ ਸਾਹਿਤਕਾਰ ਵੀ ਇਸ ਸਮਾਗਮ ਵਿੱਚ ਸ਼ਾਮਿਲ ਹੋਏ।

## ਯੂਥ ਅਕਾਲੀ ਦਲ ਤੇ ਐੱਸ ਓ ਆਈ ਵੱਲੋਂ ਰੋਸ ਮੁਜ਼ਾਹਰਾ

**ਮੁਹਾਲੀ (ਗੁਰਜੀਤ ਬਿੱਲਾ)**- ਯੂਥ ਅਕਾਲੀ ਦਲ ਅਤੇ ਸਟੂਡੈਂਟਸ ਆਰਗੇਨਾਈਜੇਸ਼ਨ ਆਫ ਇੰਡੀਆ (ਐਸ ਓ ਆਈ) ਦੇ ਮੈਂਬਰਾਂ ਨੇ 197 ਆਬਕਾਰੀ ਤੇ ਕਰ ਇੰਸਪੈਕਟਰਾਂ ਦੀ ਭਰਤੀ ਪ੍ਰਕਿਰਿਆ ਵਿਚ ਬੇਨਿਯਮੀਆਂ ਦੇ ਨਾਲ-ਨਾਲ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰਾਂ ਲਈ 343 ਸਾਈਕੋਲੋਜਿਸਟ ਦੀ ਭਰਤੀ ਪ੍ਰਕਿਰਿਆ ਰੱਦ ਕਰਨ ਵਿਰੁੱਧ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਦੇ ਦਫਤਰ ਮੂਹਰੇ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ। ਇਹ ਧਰਨਾ ਜਿਸ ਦੀ ਅਗਵਾਈ ਯੂਥ ਅਕਾਲੀ ਦਲ ਦੇ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਅਤੇ ਐਸ ਓ ਆਈ ਦੇ ਪ੍ਰਧਾਨ ਰਣਬੀਰ ਸਿੰਘ ਰਾਣਾ ਨੇ ਕੀਤੀ, ਦੌਰਾਨ ਨੌਜਵਾਨਾਂ ਨੇ ਦੋ ਘੰਟਿਆਂ ਤੱਕ ਅਧੀਨ ਸੇਵਾਵਾਂ ਚੋਣ ਬੋਰਡ ਦੇ ਦਫਤਰ ਮੂਹਰੇ ਰੋਸ ਧਰਨਾ ਦਿੱਤਾ। ਯੂਥ ਆਗੂਆਂ ਨੇ ਕਿਹਾ ਕਿ ਆਬਕਾਰੀ ਤੇ ਕਰ ਵਿਭਾਗ ਦੇ ਇੰਸਪੈਕਟਰਾਂ ਦੀ ਭਰਤੀ ਵਿਚ ਸੁਰੱਖਿਆ ਕੁਤਾਹੀਆਂ ਹੋਈਆਂ ਹਨ, ਡਾਟਾ ਬੇਸ ਦੀਆਂ ਗਲਤੀਆਂ ਹੋਈਆਂ ਹਨ ਤੇ ਪਾਰਦਰਸ਼ਤਾ ਦੀ ਘਾਟ ਸਾਹਮਣੇ ਆਈ ਹੈ ਪਰ ਇਸ ਦੇ ਬਾਵਜੂਦ ਕੋਈ ਵੀ ਕਾਰਵਾਈ ਨਹੀਂ ਕੀਤੀ ਗਈ ਅਤੇ ਇੰਨੀ ਵੱਡੀ ਪੱਧਰ 'ਤੇ ਇਤਰਾਜ਼ਾਂ ਦੇ ਬਾਵਜੂਦ ਵੀ ਚੋਣ ਪ੍ਰਕਿਰਿਆ ਬੋਰਡ ਵੱਲੋਂ ਜਾਰੀ ਰੱਖੀ ਗਈ। ਉਹਨਾਂ ਕਿਹਾ ਕਿ ਭਾਵੇਂ ਪ੍ਰਭਾਵਤ ਉਮੀਦਵਾਰਾਂ ਵੱਲੋਂ




ਪੰਜਾਬ ਅਤੇ ਹਰਿਆਣਾ ਹਾਈ ਕੋਰਟ ਕੋਲ ਪਹੁੰਚ ਕਰਨ ਕਾਰਨ ਨਤੀਜੇ ਰੋਕ ਦਿੱਤੇ ਗਏ ਹਨ ਪਰ ਸਾਰੇ ਮਾਮਲੇ ਦੀ ਨਿਰਪੱਖ ਜਾਂਚ ਦੀ ਜ਼ਰੂਰਤ ਹੈ ਤਾਂ ਜੋ ਇਹ ਸਾਹਮਣੇ ਆ ਸਕੇ ਕਿ ਕਿਵੇਂ ਸਟੇਟ ਬੈਂਕ ਆਫ ਇੰਡੀਆ, ਕਰਮਾਵਾਲਾ ਤੇ ਸਮਾਈਲ ਵਰਗੇ ਨਾਮ ਮੈਰਿਟ ਲਿਸਟ ਵਿਚ ਆਏ। ਯੂਥ ਆਗੂਆਂ ਨੇ ਪੰਜਾਬ ਅਧੀਨ ਸੇਵਾਵਾਂ ਚੋਣ ਬੋਰਡ ਦੇ ਚੇਅਰਮੈਨ ਤੇ ਮੈਂਬਰਾਂ ਖਿਲਾਫ ਨਾਅਰੇਬਾਜ਼ੀ ਵੀ ਕੀਤੀ।

## ਵਧੀਕ ਜ਼ਿਲ੍ਹਾ ਚੋਣ ਅਫ਼ਸਰ ਵੱਲੋਂ ਪੋਲਿੰਗ ਸਟੇਸ਼ਨਾਂ ਦੀ ਚੈਕਿੰਗ

**ਨਵਾਂਸ਼ਹਿਰ, ਬਲਾਚੌਰ (ਮਨੋਜ ਲਾਡੀ, ਜਸਵਿੰਦਰ ਬੈਂਸ)**- ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.)2026 ਤਹਿਤ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ ਨੇ ਵਿਸ਼ੇਸ਼ ਕੈਂਪਾਂ ਦੌਰਾਨ ਵੱਖ-ਵੱਖ ਪੋਲਿੰਗ ਸਟੇਸ਼ਨਾਂ ਦਾ ਦੌਰਾ ਕਰਕੇ ਗਣਨਾ ਫਾਰਮਾਂ ਦੀ ਇਕੱਤਰਤਾ ਅਤੇ ਡਿਜੀਟਾਈਜ਼ੇਸ਼ਨ ਦੇ ਕੰਮ ਦਾ ਜਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ 25 ਜੂਨ ਤੋਂ 24 ਜੁਲਾਈ, 2026 ਤੱਕ ਚੱਲ ਰਹੀ ਇਸ ਵਿਸ਼ੇਸ਼ ਮੁਹਿੰਮ ਦੌਰਾਨ ਬੂਥ ਲੈਵਲ ਅਫ਼ਸਰਾਂ (ਬੀ.ਐਲ.ਓਜ਼) ਵੱਲੋਂ ਘਰ-ਘਰ ਜਾ ਕੇ ਵੋਟਰਾਂ ਤੋਂ ਗਣਨਾ ਫਾਰਮ ਭਰਵਾਏ



ਜਾ ਰਹੇ ਹਨ ਅਤੇ ਇਨ੍ਹਾਂ ਦੀ ਡਿਜੀਟਾਈਜ਼ੇਸ਼ਨ ਵੀ ਕੀਤੀ ਜਾ ਰਹੀ ਹੈ। ਜ਼ਿਲ੍ਹਾ ਚੋਣ ਅਫ਼ਸਰ ਕਮ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ ਤੇ ਇਹ ਸਪੈਸ਼ਲ ਕੈਂਪ ਲਗਾਏ ਗਏ ਹਨ। ਚੈਕਿੰਗ ਦੌਰਾਨ ਸੰਜੀਵ ਸ਼ਰਮਾ ਨੇ ਵਿਧਾਨ ਸਭਾ ਹਲਕਾ 047-ਨਵਾਂ ਸ਼ਹਿਰ ਅਧੀਨ ਪੋਲਿੰਗ ਸਟੇਸ਼ਨ ਨੰਬਰ 112 ਸਰਕਾਰੀ ਪ੍ਰਾਇਮਰੀ ਸਕੂਲ ਜੇਠੂ ਮਜਾਰਾ, ਪੋਲਿੰਗ ਸਟੇਸ਼ਨ ਨੰਬਰ 137 ਅਤੇ 138 ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਸਮਾਨਪੁਰ ਅਤੇ ਪੋਲਿੰਗ ਸਟੇਸ਼ਨ ਨੰਬਰ 142 ਸਰਕਾਰੀ ਹਾਈ ਸਕੂਲ ਸਹਾਬਪੁਰ ਦਾ ਦੌਰਾ ਕੀਤਾ। ਉਨ੍ਹਾਂ ਨੇ ਸਬੰਧਤ ਬੀ.ਐਲ.ਓਜ਼ ਨਾਲ ਗੱਲਬਾਤ ਕਰਦਿਆਂ ਹੁਣ ਤੱਕ ਇਕੱਤਰ ਅਤੇ ਡਿਜੀਟਾਈਜ਼ ਕੀਤੇ ਗਏ ਗਣਨਾ ਫਾਰਮਾਂ ਦੀ ਪ੍ਰਗਤੀ ਰਿਪੋਰਟ ਪ੍ਰਾਪਤ ਕੀਤੀ।

## ਮੁੱਖ ਮੰਤਰੀ ਸਿਹਤ ਯੋਜਨਾ ਪੰਜਾਬ ਭਰ 'ਚ ਸਮੇਂ ਸਿਰ ਨਗਦੀ ਰਹਿਤ ਇਲਾਜ ਯਕੀਨੀ ਬਣਾ ਰਹੀ

**ਚੰਡੀਗੜ੍ਹ (ਗੁਰਜੀਤ ਬਿੱਲਾ)** ਮਾਨਸੂਨ ਦੀਆਂ ਪਹਿਲੀਆਂ ਬੂੰਦਾਂ ਗਰਮੀ ਤੋਂ ਰਾਹਤ ਦਿੰਦੀਆਂ ਹਨ, ਪਰ ਇਸ ਨਾਲ ਲੋਕਾਂ ਦੀ ਸਿਹਤ ਲਈ ਚੁਣੌਤੀ ਭਰੇ ਮੌਸਮ ਦੀ ਸ਼ੁਰੂਆਤ ਵੀ ਹੁੰਦੀ ਹੈ।ਹਰ ਸਾਲ ਪੂਰੇ ਭਾਰਤ ਦੇ ਹਸਪਤਾਲਾਂ ਵਿਚ ਡੇਂਗੂ, ਮਲੇਰੀਆ ਤੇ ਬੁਖ਼ਾਰ ਨਾਲ ਸਬੰਧਤ ਹੋਰ ਬੀਮਾਰੀਆਂ ਵਧਦੀਆਂ ਹਨ।ਇਸ ਸਾਲ ਵੀ ਇਹੀ ਹਾਲਾਤ ਹਨ।ਅੰਮ੍ਰਿਤਸਰ ਦੀ 32 ਸਾਲਾ ਬਲਵਿੰਦਰ ਕੌਰ, ਇੱਕ ਲਾਭਪਾਤਰੀ, ਨੇ ਦੱਸਿਆ, ਮੈਂ ਹਾਲ ਹੀ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 8400 ਰੁਪਏ ਦਾ ਇਲਾਜ ਕਰਵਾਇਆ ਹੈ। ਬਲਵਿੰਦਰ ਕੌਰ ਨੂੰ ਉਦੋਂ ਹਸਪਤਾਲ ਲਿਜਾਇਆ ਗਿਆ ਜਦੋਂ ਉਸ ਦਾ ਬੁਖ਼ਾਰ ਬਹੁਤ ਵਧ ਗਿਆ ਸੀ। ਉਸ ਨੇ ਕਿਹਾ, ਹਸਪਤਾਲ ਸਟਾਫ਼ ਨੇ ਮੈਨੂੰ ਮੁੱਖ ਮੰਤਰੀ ਸਿਹਤ ਯੋਜਨਾ ਵਿੱਚ ਰਜਿਸਟਰ ਕਰਵਾਉਣ 'ਚ ਮਦਦ ਕੀਤੀ। ਮੈਂ ਕੱਪੜੇ ਸਿਲਾਈ ਨਾਲ ਆਪਣਾ ਗੁਜ਼ਾਰਾ ਕਰਦੀ ਹਾਂ, ਇਸ ਯੋਜਨਾ ਨੇ ਸਮੇਂ ਸਿਰ ਇਲਾਜ ਤੇ ਆਰਥਿਕ ਮਦਦ ਨਾਲ ਮੇਰਾ ਬੋਝ ਘਟਾਇਆ ਅਤੇ ਮੈਂ ਆਪਣੀ ਰਿਕਵਰੀ 'ਤੇ ਧਿਆਨ ਦੇ ਸਕੀ। ਮੈਂ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਚਲਾਈ ਇਸ ਸਿਹਤ ਯੋਜਨਾ ਲਈ ਧੰਨਵਾਦੀ ਹਾਂ। ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਸਰਕਾਰ ਨੇ ਮੱਛਰਾਂ ਤੇ ਪਾਣੀ ਰਾਹੀਂ ਫ਼ੈਲਣ ਵਾਲੀਆਂ ਮੌਸਮੀ ਬੀਮਾਰੀਆਂ 'ਚ ਹੋਣ ਵਾਲੇ ਵਾਧੇ ਨਾਲ ਨਜਿੱਠਣ ਲਈ ਨਿਗਰਾਨੀ, ਹਸਪਤਾਲ ਤਿਆਰੀ ਤੇ ਟੈਸਟਿੰਗ ਸਹੂਲਤਾਂ ਮਜ਼ਬੂਤ ਕੀਤੀਆਂ ਹਨ। ਉਨ੍ਹਾਂ ਲੋਕਾਂ ਨੂੰ ਸਾਧਾਰਨ ਰੋਕਥਾਮ ਵਾਲੇ ਉਪਾਅ ਅਪਣਾਉਣ ਦੀ ਅਪੀਲ ਕੀਤੀ। ਡਾ. ਰਾਜ ਕੁਮਾਰ (ਐਮ.ਡੀ. ਮੈਡੀਸਨ), ਸੀਨੀਅਰ ਮੈਡੀਕਲ ਅਫ਼ਸਰ, ਕਮਿਊਨਿਟੀ ਹੈਲਥ ਸੈਂਟਰ, ਵੇਰਕਾ, ਪੰਜਾਬ ਨੇ ਕਿਹਾ ਕਿ ਮਰੀਜ਼ ਅਕਸਰ ਹਰ ਬੁਖ਼ਾਰ ਨੂੰ ਆਮ ਵਾਇਰਲ ਇਨਫੈਕਸ਼ਨ ਸਮਝ ਲੈਣ ਦੀ ਗ਼ਲਤੀ ਕਰਦੇ ਹਨ। ਉਨ੍ਹਾਂ ਕਿਹਾ, ਹਰ ਮਾਨਸੂਨ ਅਸੀਂ ਅਜਿਹੇ ਮਰੀਜ਼ ਦੇਖਦੇ ਹਾਂ ਜੋ ਤਿੰਨ-ਚਾਰ ਦਿਨ ਘਰ ਬੈਠੇ ਆਪਣਾ ਇਲਾਜ ਆਪ ਕਰਨ ਤੋਂ ਬਾਅਦ ਆਉਂਦੇ ਹਨ। ਉਸ ਵੇਲੇ ਤੱਕ ਉਨ੍ਹਾਂ ਵਿੱਚ ਡੀਹਾਈਡ੍ਰੇਸ਼ਨ ਜਾਂ ਡੇਂਗੂ ਦੇ ਚਿਤਾਵਨੀ ਲੱਛਣ ਨਜ਼ਰ ਆਉਣ ਲੱਗਦੇ ਹਨ। ਇੱਕ ਸਧਾਰਨ ਖ਼ੂਨ ਦਾ ਟੈਸਟ ਤੇ ਜਲਦੀ ਇਲਾਜ ਗੰਭੀਰ ਸਿਹਤ ਜਟਿਲਤਾਵਾਂ ਤੋਂ ਬਚਾ ਸਕਦਾ ਹੈ। ਡਾ. ਰਾਜ ਕੁਮਾਰ ਸਲਾਹ ਦਿੰਦੇ ਹਨ ਕਿ ਲੋਕ ਦੋ ਦਿਨ ਤੋਂ ਵੱਧ ਚੱਲ ਰਹੇ ਬੁਖ਼ਾਰ ਨੂੰ ਨਜ਼ਰਅੰਦਾਜ਼ ਨਾ ਕਰਨ, ਖ਼ਾਸ ਕਰਕੇ ਜੇਕਰ ਇਸ ਨਾਲ ਤੀਬਰ ਸਰੀਰ ਦਰਦ, ਲਗਾਤਾਰ ਉਲਟੀਆਂ, ਪੇਟ-ਦਰਦ, ਖ਼ੂਨ ਵਗਣਾ, ਸਾਹ ਲੈਣ ਵਿੱਚ ਤਕਲੀਫ਼ ਜਾਂ ਅਚਾਨਕ ਕਮਜ਼ੋਰੀ ਦੀ ਸਮੱਸਿਆ ਹੋਵੇ। ਉਨ੍ਹਾਂ ਨੇ ਕੂਲਰਾਂ,ਗਮਲਿਆਂ ਤੇ ਹੋਰ ਥਾਂਵਾਂ ਵਿੱਚ ਖੜ੍ਹਾ ਪਾਣੀ ਖਾਲੀ ਕਰਨ, ਮੱਛਰ ਰਿਪੈਲੈਂਟ ਵਰਤਣ, ਪੂਰੀਆਂ ਬਾਂਹਾਂ ਵਾਲੇ ਕੱਪੜੇ ਪਾਉਣ ਤੇ ਮਾਨਸੂਨ ਦੌਰਾਨ ਜ਼ਿਆਦਾ ਸਫ਼ਾਈ ਰੱਖਣ ਦੀ ਵੀ ਸਿਫ਼ਾਰਸ਼ ਕੀਤੀ।

## ਐਲ ਪੀ ਯੂ ਦੇ ਵਿਦਿਆਰਥੀ ਸ਼ਾਨਦਾਰ ਕੈਰੀਅਰ ਲਈ ਉਦਯੋਗ-ਅਨੁਕੂਲ ਹੁਨਰ ਹਾਸਲ ਕਰ ਰਹੇ

**ਜਲੰਧਰ (ਸ਼ੈਲੀ ਐਲਬਰਟ)**- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ ਪੀ ਯੂ) ਨੇ ਇੱਕ ਉਦਯੋਗ-ਅਧਾਰਤ ਅਕਾਦਮਿਕ ਈਕੋਸਿਸਟਮ ਬਣਾਇਆ ਹੈ ਜੋ ਵਿਦਿਆਰਥੀਆਂ ਨੂੰ ਯਾਤਰਾ, ਸੈਰ-ਸਪਾਟਾ, ਐਵੀਏਸ਼ਨ ਅਤੇ ਹੋਸਪੀਟੈਲਿਟੀ ਖੇਤਰਾਂ ਵਿੱਚ ਕਰੀਅਰ ਲਈ ਤਿਆਰ ਕਰਦਾ ਹੈ। ਇੰਟਰਨਸ਼ਿਪ, ਉਦਯੋਗ ਪ੍ਰੋਜੈਕਟਾਂ, ਸਿਮੂਲੇਸ਼ਨਾਂ ਅਤੇ ਅਨੁਭਵੀ ਸਿਖਲਾਈ ਦੁਆਰਾ ਵਿਹਾਰਕ ਸਿੱਖਿਆ ਨੂੰ ਸ਼ਾਮਲ ਕਰਕੇ, ਵਿਦਿਆਰਥੀ ਇਸ ਖੇਤਰ ਵਿੱਚ ਗ੍ਰੈਜੂਏਟ ਹੁੰਦੇ ਹਨ। ਯੂਨੀਵਰਸਿਟੀ ਕਈ ਵਿਸ਼ੇਸ਼ ਪ੍ਰੋਗਰਾਮ ਪੇਸ਼ ਕਰਦੀ ਹੈ, ਜਿਸ ਵਿੱਚ ਬੀਬੀਏ ਟੂਰਿਜ਼ਮ, ਹੋਸਪਿਟੈਲਿਟੀ, ਅਤੇ ਈਵੈਂਟ ਮੈਨੇਜਮੈਂਟ; ਬੀ.ਐਸ ਸੀ. ਏਅਰਲਾਈਨਜ਼, ਟੂਰਿਜ਼ਮ, ਅਤੇ ਹੋਸਪਿਟੈਲਿਟੀ; ਬੀ ਬੀ ਏ ਏਅਰਲਾਈਨਜ਼ ਅਤੇ ਏਅਰਪੋਰਟ ਮੈਨੇਜਮੈਂਟ; ਬੀ.ਐਸ ਸੀ. ਰਸੋਈ ਕਲਾ ਅਤੇ ਹੋਟਲ ਮੈਨੇਜਮੈਂਟ ਅਤੇ ਕੇਟਰਿੰਗ ਤਕਨਾਲੋਜੀ ਵਿੱਚ ਬੈਚਲਰ ਆਫ਼ ਆਰਟਸ ਸ਼ਾਮਲ ਹਨ। ਐਲ ਪੀ ਯੂ ਦੇ ਵਿਦਿਆਰਥੀ ਉੱਨਤ ਹਵਾਬਾਜ਼ੀ, ਫਰੰਟ ਆਫਿਸ ਅਤੇ ਭੋਜਨ ਉਤਪਾਦਨ ਪ੍ਰਯੋਗਸ਼ਾਲਾਵਾਂ, ਉਦਯੋਗਿਕ ਮੁਲਾਕਾਤਾਂ, ਲਾਈਵ ਪ੍ਰੋਜੈਕਟਾਂ, ਪ੍ਰਸਿੱਧ ਉਦਯੋਗ ਮਾਹਰਾਂ ਤੋਂ ਮਾਸਟਰ ਕਲਾਸਾਂ ਅਤੇ ਪ੍ਰਮੁੱਖ ਸੈਰ-ਸਪਾਟਾ ਅਤੇ ਹੋਸਪਿਟੈਲਿਟੀ ਸੰਗਠਨਾਂ ਨਾਲ ਸਹਿਯੋਗ ਰਾਹੀਂ ਵਿਹਾਰਕ ਤਜਰਬਾ ਪ੍ਰਾਪਤ ਕਰਦੇ ਹਨ। ਇੱਕ ਵਿਲੱਖਣ ਅਨੁਭਵੀ ਸਿਖਲਾਈ ਪਹਿਲਕਦਮੀ, ਕੈਂਪਸ ਵਿੱਚ ਯੂਨੀ ਹੋਟਲ, ਵਿਦਿਆਰਥੀਆਂ ਨੂੰ ਅਸਲ ਮਹਿਮਾਨਾਂ ਦੀ ਸੇਵਾ ਕਰਦੇ ਹੋਏ ਇੱਕ ਹੋਟਲ ਦੇ ਅਸਲ ਕਾਰਜਾਂ ਦਾ ਪ੍ਰਬੰਧਨ ਕਰਨ ਦੀ ਆਗਿਆ ਦਿੰਦੀ ਹੈ। ਸਮੈਸਟਰ ਐਕਸਚੇਂਜ ਪ੍ਰੋਗਰਾਮ, ਅੰਤਰਰਾਸ਼ਟਰੀ ਕ੍ਰੈਡਿਟ ਟ੍ਰਾਂਸਫਰ ਮੌਕੇ ਅਤੇ 80 ਤੋਂ ਵੱਧ ਦੇਸ਼ਾਂ ਦੀਆਂ 550 ਤੋਂ ਵੱਧ ਯੂਨੀਵਰਸਿਟੀਆਂ ਨਾਲ ਸਹਿਯੋਗ ਵਿਦਿਆਰਥੀਆਂ ਨੂੰ ਇੱਕ ਵਿਲੱਖਣ ਗਲੋਬਲ ਅਨੁਭਵ ਪ੍ਰਦਾਨ ਕਰਦੇ ਹਨ।



ਐਲ ਪੀ ਯੂ ਦੇ ਮਜ਼ਬੂਤ ਉਦਯੋਗਿਕ ਸਬੰਧਾਂ ਨੇ ਵਿਦਿਆਰਥੀਆਂ ਨੂੰ ਏਅਰ ਇੰਡੀਆ, ਇੰਡੀਗੋ, ਕਤਰ ਏਅਰਵੇਜ਼, ਸਵਿਸਸਟੇਲ, ਥਾਮਸ ਕੁੱਕ, ਥ੍ਰਿਲੋਫਿਲਿਆ, ਦ ਓਬੇਰੋਈ, ਆਈ ਟੀ ਸੀ ਹੋਟਲਜ਼, ਦ ਲੀਲਾ, ਪੀ ਐਂਡ ਓ ਕਰੂਜ਼ ਅਤੇ ਕੋਰਡੇਲੀਆ ਕਰੂਜ਼ ਵਰਗੀਆਂ ਪ੍ਰਮੁੱਖ ਕੰਪਨੀਆਂ ਨਾਲ ਪਲੇਸਮੈਂਟ ਸੁਰੱਖਿਅਤ ਕਰਨ ਦੇ ਯੋਗ ਬਣਾਇਆ ਹੈ। ਵਿਦਿਆਰਥੀਆਂ ਨੂੰ 37 ਲੱਖ ਤੱਕ ਦੇ ਪੈਕੇਜ ਪ੍ਰਾਪਤ ਹੋਏ ਹਨ, ਜਦੋਂ ਕਿ ਅੰਤਰਰਾਸ਼ਟਰੀ ਇੰਟਰਨਸ਼ਿਪ 3.4 ਲੱਖ ਤੱਕ ਦਾ ਮਹੀਨਾਵਾਰ ਵਜ਼ੀਫ਼ਾ ਪੇਸ਼ ਕਰਦੇ ਹਨ। ਯੂਨੀਵਰਸਿਟੀ ਕੋਲ ਆਪਣੀ ਫੀਸ ਵਾਪਸ ਕਮਾਓ ਨੀਤੀ ਵੀ ਹੈ, ਜੋ ਵਿਦਿਆਰਥੀਆਂ ਨੂੰ ਪੜ੍ਹਾਈ ਦੌਰਾਨ ਕੀਮਤੀ ਪੇਸ਼ੇਵਰ ਅਨੁਭਵ ਪ੍ਰਾਪਤ ਕਰਨ ਦੀ ਆਗਿਆ ਦਿੰਦੀ ਹੈ।

## ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਵੱਲੋਂ ਰੋਸ ਰੈਲੀ ਅੱਜ



**ਦਸੂਹਾ (ਕਰਨੈਲ ਮਾਂਗਟ)** ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰ ਯੂਨੀਅਨ ਬਰਾਂਚ ਦਸੂਹਾ ਦੀ ਮਹੀਨਾਵਾਰ ਮੀਟਿੰਗ ਸ਼ਾਂਤੀ ਸਰੂਪ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਹ ਮੀਟਿੰਗ ਪਾਂਡਵ ਤਲਾਬ ਦਸੂਹਾ ਵਿਖੇ ਕੀਤੀ ਗਈ। ਸ਼ਾਂਤੀ ਸਰੂਪ ਪ੍ਰਧਾਨ ਨੇ ਦੱਸਿਆ ਕਿ ਮਿਤੀ 13 ਜੁਲਾਈ ਨੂੰ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੇ ਨਿਗਰਾਨ ਇੰਜੀਨੀਅਰ ਹਲਕਾ ਹੁਸ਼ਿਆਰਪੁਰ ਨੂੰ ਜਥੇਬੰਦੀ ਵੱਲੋਂ ਮੰਗ ਪੱਤਰ ਵੀ ਦਿੱਤਾ ਜਾਵੇਗਾ ਤੇ ਸਾਥੀਆਂ ਨੂੰ ਇਹ ਵੀ ਗੱਲ ਜਾਣੂ ਕਰਵਾਈ ਗਈ ਕਿ 17 ਜੁਲਾਈ ਨੂੰ ਸਰਕਾਰ ਦੇ ਖਿਲਾਫ ਚੰਡੀਗੜ੍ਹ ਵਿਖੇ ਰੋਸ ਰੈਲੀ ਜਥੇਬੰਦੀ ਵੱਲੋਂ ਵੱਡੇ ਪੱਧਰ ਤੇ ਕੀਤੀ ਜਾਵੇਗੀ। ਇਸ ਮੀਟਿੰਗ ਵਿੱਚ ਭਾਗਮਲ, ਰਸ਼ਪਾਲ ਸਿੰਘ, ਬਲਵਿੰਦਰ ਸਿੰਘ ਗਿੱਲ, ਨਰੇਸ਼ ਕੁਮਾਰ, ਗੁਰਨਾਮ ਸਿੰਘ, ਹਰੀ ਪ੍ਰਸਾਦ, ਹਰਵਿੰਦਰ ਸਿੰਘ, ਹੁਸ਼ਿਆਰ ਸਿੰਘ, ਰੇਸ਼ਮ ਸਿੰਘ, ਰਾਜਕੁਮਾਰ ਅਤੇ ਹੋਰ ਬਹੁਤ ਸਾਰੇ ਸਾਥੀ ਮੀਟਿੰਗ ਵਿੱਚ ਸ਼ਾਮਿਲ ਸਨ।

## ਐੱਚ ਐੱਮ ਵੀ ਵਿਖੇ ਹੁਨਰ-ਅਧਾਰਤ ਪੇਸ਼ੇਵਰ ਕੋਰਸ

**ਜਲੰਧਰ (ਸ਼ੈਲੀ ਐਲਬਰਟ)**- ਸਿੱਖਿਆ ਤਦ ਹੀ ਸਾਰਥਕ ਬਣਦੀ ਹੈ ਜਦੋਂ ਇਹ ਵਿਦਿਆਰਥੀਆਂ ਨੂੰ ਸਫਲ ਕਰੀਅਰ ਬਣਾਉਣ, ਆਤਮਨਿਰਭਰ ਬਣਨ ਅਤੇ ਆਤਮਵਿਸ਼ਵਾਸ ਨਾਲ ਜੀਵਨ ਵਿੱਚ ਅੱਗੇ ਵਧਣ ਲਈ ਲੋੜੀਂਦੇ ਹੁਨਰ ਅਤੇ ਯੋਗਤਾ ਪ੍ਰਦਾਨ ਕਰੇ। ਇਸੇ ਉਦੇਸ਼ ਨੂੰ ਸਾਕਾਰ ਕਰਦਿਆਂ ਹੰਸ ਰਾਜ ਮਹਿਲਾ ਮਹਾਂ ਵਿਦਿਆਲਿਆ, ਜਲੰਧਰ ਵਿਦਿਆਰਥਣਾਂ ਲਈ ਹੁਨਰ-ਅਧਾਰਿਤ ਪੇਸ਼ੇਵਰ ਕੋਰਸਾਂ ਦੀ ਵਿਸ਼ਾਲ ਸ਼੍ਰੇਣੀ ਪ੍ਰਦਾਨ ਕਰ ਰਿਹਾ ਹੈ, ਜੋ ਅਕਾਦਮਿਕ ਉੱਤਮਤਾ ਨੂੰ ਵਿਹਾਰਕ ਸਿਖਲਾਈ ਨਾਲ ਜੋੜਦਿਆਂ ਵਿਦਿਆਰਥਣਾਂ ਨੂੰ ਆਧੁਨਿਕ ਤਕਨਾਲੋਜੀ-ਆਧਾਰਿਤ ਸੰਸਾਰ ਦੀਆਂ ਲੋੜਾਂ ਅਨੁਸਾਰ ਤਿਆਰ ਕਰਦੇ ਹਨ। ਅੱਜ ਦੇ ਮੁਕਾਬਲੇ ਭਰੇ ਯੁੱਗ ਵਿੱਚ ਸਿਰਫ਼ ਡਿਗਰੀ ਹੀ ਕਾਫ਼ੀ ਨਹੀਂ ਹੈ। ਇਸ ਗੱਲ ਨੂੰ ਧਿਆਨ ਵਿੱਚ ਰੱਖਦਿਆਂ ਸੰਸਥਾ ਉਦਯੋਗਾਂ ਨਾਲ ਸੰਬੰਧਿਤ ਹੁਨਰਾਂ, ਨਵੀਨਤਾ ਅਤੇ ਉੱਦਮਸ਼ੀਲਤਾ ਦੇ ਵਿਕਾਸ 'ਤੇ ਵੀ ਬਰਾਬਰ ਜ਼ੋਰ ਦਿੰਦੀ ਹੈ। ਇਹ ਵਿਸ਼ੇਸ਼ ਤੌਰ 'ਤੇ ਤਿਆਰ ਕੀਤੇ ਗਏ ਕੋਰਸ ਵਿਦਿਆਰਥਣਾਂ ਨੂੰ ਰੁਜ਼ਗਾਰ, ਸਵੈ-ਰੁਜ਼ਗਾਰ, ਫਰੀਲਾਂਸਿੰਗ ਅਤੇ ਸਟਾਰਟ-ਅੱਪ ਸ਼ੁਰੂ ਕਰਨ ਦੇ ਸ਼ਾਨਦਾਰ ਮੌਕੇ ਪ੍ਰਦਾਨ ਕਰਦੇ ਹਨ। ਕਰੀਅਰ-ਕੇਂਦਰਿਤ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਐਚ ਐੱਮ ਵੀ ਵਿੱਚ ਬੀ ਡਿਜ਼ਾਇਨ (ਮਲਟੀਮੀਡੀਆ), ਬੀ ਡਿਜ਼ਾਇਨ (ਇੰਟੀਰੀਅਰ ਡਿਜ਼ਾਈਨ, ਫੈਸ਼ਨ ਐਂਡ ਟੈਕਸਟਾਈਲ ਡਿਜ਼ਾਈਨ), ਬੈਚਲਰ ਆਫ਼ ਫਾਈਨ ਆਰਟਸ (ਬੀ ਐਫ ਏ), ਬੀ.ਐੱਸਸੀ. ਫੈਸ਼ਨ ਡਿਜ਼ਾਈਨਿੰਗ, ਸਰਟੀਫਿਕੇਟ ਕੋਰਸ ਇਨ ਕਾਸਮੈਟੋਲੋਜੀ, ਪੀ.ਜੀ. ਡਿਪਲੋਮਾ ਇਨ ਕਾਸਮੈਟੋਲੋਜੀ, ਐੱਮ.ਐੱਸਸੀ. ਫੈਸ਼ਨ ਡਿਜ਼ਾਈਨਿੰਗ, ਬੀ.ਵੋਕ. ਵੈੱਬ ਟੈਕਨਾਲੋਜੀ ਐਂਡ ਮਲਟੀਮੀਡੀਆ, ਬੀ.ਵੋਕ. ਬੈਂਕਿੰਗ ਐਂਡ ਫਾਇਨੈਂਸ਼ੀਅਲ ਸਰਵਿਸਿਜ਼, ਬੀ.ਵੋਕ. ਈ-ਕਾਮਰਸ ਐਂਡ ਡਿਜ਼ੀਟਲ ਮਾਰਕੀਟਿੰਗ, ਬੀ.ਵੋਕ. ਕਾਸਮੈਟੋਲੋਜੀ, ਬੀ.ਵੋਕ. ਫੈਸ਼ਨ ਟੈਕਨਾਲੋਜੀ, ਬੀ.ਵੋਕ. ਜਰਨਲਿਜ਼ਮ ਐਂਡ ਮੀਡੀਆ, ਬੀ.ਵੋਕ. ਮੈਂਟਲ ਹੈਲਥ ਐਂਡ ਕਾਊਂਸਲਿੰਗ, ਐੱਮ.ਵੋਕ. ਫੈਸ਼ਨ ਡਿਜ਼ਾਈਨਿੰਗ ਐਂਡ ਮਰਚੈਂਡਾਈਜ਼ਿੰਗ, ਐੱਮ.ਵੋਕ. ਵੈੱਬ ਟੈਕਨਾਲੋਜੀ ਐਂਡ ਮਲਟੀਮੀਡੀਆ, ਐੱਮ.ਵੋਕ. ਕਾਸਮੈਟੋਲੋਜੀ ਐਂਡ ਵੈੱਲਨੈੱਸ, ਐੱਮ.ਵੋਕ. ਮੈਂਟਲ ਹੈਲਥ ਐਂਡ ਕਾਊਂਸਲਿੰਗ, ਪੀ.ਜੀ. ਡਿਪਲੋਮਾ ਇਨ ਗਾਰਮੈਂਟ ਕਨਸਟਰਕਸ਼ਨ ਐਂਡ ਫੈਸ਼ਨ ਡਿਜ਼ਾਈਨਿੰਗ, ਪੀ.ਜੀ. ਡਿਪਲੋਮਾ ਇਨ ਕਾਸਮੈਟੋਲੋਜੀ ਦੇ ਨਾਲ-ਨਾਲ ਕਈ ਵੈਲਿਊ ਐਡਿਡ ਅਤੇ ਸਕਿਲ ਇਨਹਾਂਸਮੈਂਟ ਕੋਰਸ ਕਰਵਾਏ ਜਾਂਦੇ ਹਨ। ਵਿਦਿਆਲਯ ਵਿੱਚ ਪ੍ਰੈਕਟੀਕਲ ਟ੍ਰੇਨਿੰਗ, ਸਟੂਡੀਓ-ਆਧਾਰਿਤ ਸਿੱਖਿਆ, ਲਾਈਵ ਪ੍ਰੋਜੈਕਟਸ, ਡਿਜ਼ਾਈਨ ਥਿੰਕਿੰਗ, ਡਿਜ਼ੀਟਲ ਟੂਲਜ਼, ਇੰਟਰਨਸ਼ਿਪ ਅਤੇ ਉਦਯੋਗ ਮਾਹਰਾਂ ਨਾਲ ਸੰਵਾਦ ਰਾਹੀਂ ਅਨੁਭਵਾਤਮਕ ਸਿੱਖਿਆ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਸੰਸਥਾ ਦੀਆਂ ਵਿਦਿਆਰਥਣਾਂ ਨਾ ਸਿਰਫ਼ ਅਕਾਦਮਿਕ ਖੇਤਰ ਵਿੱਚ, ਸਗੋਂ ਉੱਦਮਸ਼ੀਲਤਾ ਦੇ ਖੇਤਰ ਵਿੱਚ ਵੀ ਸ਼ਾਨਦਾਰ ਸਫਲਤਾਵਾਂ ਹਾਸਲ ਕਰ ਰਹੀਆਂ ਹਨ। ਬੀ.ਕਾਮ. ਸਮੈਸਟਰ-II ਦੀ ਵਿਦਿਆਰਥਣ ਦਿਵਿਆ ਮੋਹਿੰਦਰੂ ਨੇ ਆਪਣੇ ਆਰਟੀਫ਼ੀਸ਼ਲ ਜਵੈਲਰੀ ਕਾਰੋਬਾਰ ਰਾਹੀਂ ਲਗਭਗ 40,000 ਦੀ ਆਮਦਨ ਪ੍ਰਾਪਤ ਕਰਕੇ ਆਪਣੀ ਉੱਦਮੀ ਸੋਚ ਦਾ ਪ੍ਰਗਟਾਵਾ ਕੀਤਾ ਹੈ। ਇਸੇ ਤਰ੍ਹਾਂ ਬੀ.ਕਾਮ. ਸਮੈਸਟਰ-II ਦੀ ਹੀ ਵਿਦਿਆਰਥਣ ਸਨੇਹਾ ਨੇ ਆਪਣੇ ਬ੍ਰਾਂਡ "ਸਨੇਹਾ ਕੋਸਮੈਂਟਲੋਜੀ" ਰਾਹੀਂ 3.28 ਲੱਖ ਦਾ ਕਾਰੋਬਾਰ ਕੀਤਾ ਹੈ। ਬੀ.ਵੋਕ. ਫੈਸ਼ਨ ਟੈਕਨਾਲੋਜੀ ਸਮੈਸਟਰ-II ਦੀਆਂ ਵਿਦਿਆਰਥਣਾਂ ਮਨਮੀਤ ਕੌਰ, ਨਵਨੀਤ ਕੌਰ ਅਤੇ ਭਗਵੰਤ ਕੌਰ ਵੀ ਆਪਣੇ ਨਵੀਨਤਾਕਾਰੀ ਉੱਦਮਾਂ ਰਾਹੀਂ ਆਤਮਨਿਰਭਰਤਾ ਵੱਲ ਮਜ਼ਬੂਤ ਕਦਮ ਵਧਾ ਰਹੀਆਂ ਹਨ। ਇਸੇ ਦੌਰਾਨ ਬੀ.ਬੀ.ਏ. ਸਮੈਸਟਰ-V ਦੀ ਵਿਦਿਆਰਥਣ ਮੁਸਕਾਨ ਡਿਜੀਟਲ ਮਾਰਕੀਟਿੰਗ ਦੇ ਖੇਤਰ ਵਿੱਚ ਕੰਮ ਕਰਦਿਆਂ ਪ੍ਰਤੀ ਮਹੀਨਾ ਲਗਭਗ 25,000 ਤੋਂ 30,000 ਤੱਕ ਦੀ ਆਮਦਨ ਪ੍ਰਾਪਤ ਕਰ ਰਹੀ ਹੈ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਕਿਹਾ, "ਹੰਸ ਰਾਜ ਮਹਿਲਾ ਮਹਾਂਵਿਦਿਆਲਿਆ ਦਾ ਉਦੇਸ਼ ਸਿਰਫ਼ ਡਿਗਰੀਆਂ ਪ੍ਰਦਾਨ ਕਰਨਾ ਨਹੀਂ, ਸਗੋਂ ਨੌਜਵਾਨ ਧੀਆਂ ਨੂੰ ਆਤਮਵਿਸ਼ਵਾਸ, ਹੁਨਰ ਅਤੇ ਯੋਗਤਾ ਨਾਲ ਸਸ਼ਕਤ ਬਣਾਉਣਾ ਹੈ। "ਸੰਸਥਾ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਇਨ੍ਹਾਂ ਰੁਜ਼ਗਾਰ-ਕੇਂਦਰਿਤ ਪੇਸ਼ੇਵਰ ਕੋਰਸਾਂ ਬਾਰੇ ਜਾਣਕਾਰੀ ਪ੍ਰਾਪਤ ਕਰਨ ਅਤੇ ਹੰਸ ਰਾਜ ਮਹਿਲਾ ਮਹਾਂ ਵਿਦਿਆਲਯ ਵਿੱਚ ਗੁਣਵੱਤਾ-ਪੂਰਨ ਸਿੱਖਿਆ, ਵਿਹਾਰਕ ਹੁਨਰਾਂ ਅਤੇ ਉਦਯੋਗ-ਕੇਂਦਰਿਤ ਸਿਖਲਾਈ ਰਾਹੀਂ ਆਪਣੇ ਸਫਲ ਕਰੀਅਰ ਦੀ ਸ਼ੁਰੂਆਤ ਕਰਨ।



## ਸਰਕਾਰ ਨੇ ਮਨਰੇਗਾ ਕਰਮਚਾਰੀਆਂ ਨਾਲ ਕੀਤੀ ਹੈ ਵਾਅਦਾ-ਖ਼ਿਲਾਫ਼ੀ : ਗਿਲਜੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਮਨਰੇਗਾ ਕਰਮਚਾਰੀਆਂ ਨੂੰ ਪਿਛਲੇ 8 ਮਹੀਨਿਆਂ ਤੋਂ ਤਨਖਾਹ ਨਾ ਦੇਣ ਦੇ ਨਾਲ ਨਾਲ ਉਨ੍ਹਾਂ ਦੀਆਂ ਮੰਗਾਂ ਪ੍ਰਤੀ ਸੰਜੀਦਗੀ ਨਾ ਵਿਖਾਉਣਾ ਸਰਕਾਰ ਦੀ ਉਨ੍ਹਾਂ ਕਰਮਚਾਰੀਆਂ ਨਾਲ ਵਾਅਦਾ ਖ਼ਿਲਾਫ਼ੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜੀਆਂ ਨੇ ਟਾਂਡਾ ਵਿਚ ਪਿੰਡ ਖੋਖਰ ਦੀ ਕਾਂਗਰਸ ਟੀਮ ਨਾਲ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਵਰਕਰਾਂ ਨੂੰ ਲਾਮਬੰਦ ਕਰਦੇ ਹੋਏ ਸਾਬਕਾ ਮੰਤਰੀ ਗਿਲਜੀਆਂ ਨੇ ਮਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਦੇ ਹੱਕ ਵਿਚ ਵੀ ਅਵਾਜ ਬੁਲੰਦ ਕੀਤੀ। ਉਨ੍ਹਾਂ ਆਖਿਆ ਕਿ ਪਿੰਡਾਂ ਦੇ ਵਿਕਾਸ ਲਈ ਮਨਰੇਗਾ ਸਕੀਮ ਕੇਂਦਰ ਵਿਚ ਕਾਂਗਰਸ ਸਰਕਾਰ ਲੈਕੇ ਆਈ ਸੀ ਪਰੰਤੂ ਮੌਜੂਦਾ ਮੋਦੀ ਸਰਕਾਰ ਦੀ ਨਕਾਰਾ ਨੀਤੀਆਂ ਕਾਰਨ ਇਹ ਸਕੀਮ ਦੀ ਲੋਕ ਹਿਤੈਸ਼ੀ ਮੂਲ ਭਾਵਨਾ ਪੰਜਾਬ ਵਿਚ ਖਤਮ ਕਗਾਰ ਤੇ ਹੈ।ਉਨ੍ਹਾਂ ਆਖਿਆ ਕਿ ਭਾਰਤ ਸਰਕਾਰ ਨੇ ਨਰੇਗਾ ਬੰਦ ਕਰਕੇ 1 ਜੁਲਾਈ ਤੋਂ ਵਿਕਸਤ ਭਾਰਤ ਜੀ ਰਾਮ ਜੀ ਸਕੀਮ ਲਾਗੂ ਕੀਤੀ ਹੈ। ਉਨ੍ਹਾਂ ਆਖਿਆ ਕਿ ਨਰੇਗਾ ਸਕੀਮ ਵਿਚ ਅਣਸਿੱਖਿਅਤ ਕਾਮਿਆਂ ਨੂੰ ਉਨ੍ਹਾਂ ਦੀ ਰਿਹਾਇਸ਼ ਤੋਂ 5 ਕਿਲੋਮੀਟਰ ਦੇ ਦਾਇਰੇ ਅੰਦਰ ਹੀ ਸਾਲ ਵਿੱਚ 100 ਦਿਨ ਦੇ ਰੁਜ਼ਗਾਰ ਦੀ ਗਰੰਟੀ ਦਿੰਦੀ ਸੀ। ਜਿਸ ਵਿਚ 90 ਫ਼ੀਸਦੀ ਕੇਂਦਰ ਸਰਕਾਰ ਹਿੱਸਾ ਪਾਉਂਦੀ ਸੀ ਅਤੇ 10 ਫ਼ੀਸਦੀ ਸੂਬਾ ਸਰਕਾਰਾਂ ਦਾ ਹਿੱਸਾ ਪੈਂਦਾ ਸੀ। ਜਿਸ ਕੰਮ ਵਿਚ ਸਮੱਗਰੀ ਦੀ ਵਰਤੋਂ ਕੀਤੀ ਜਾਂਦੀ ਸੀ ਉਸ ਵਿੱਚ ਇਹ ਅਨੁਪਾਤ 75-25 ਦਾ ਸੀ। ਹੁਣ ਸੂਬਾ ਸਰਕਾਰਾਂ ਨੂੰ ਸਕੀਮ ਦੇ ਹਰ ਪੈਸੇ ਵਿਚ 40 ਫ਼ੀਸਦੀ ਹਿੱਸਾ ਪਾਉਣਾ ਲਾਜ਼ਮੀ ਕੀਤਾ ਗਿਆ ਹੈ।ਇਸ ਨਾਲ ਜਿੱਥੇ ਪੰਜਾਬ ਦੇ 18 ਲੱਖ ਮਜ਼ਦੂਰ ਪਰਿਵਾਰਾਂ ਦਾ ਰੁਜ਼ਗਾਰ ਜਾਣ ਦੀ ਆਸ਼ੰਕਾ ਹੈ । ਓਥੇ 18 ਸਾਲਾਂ ਤੋਂ ਕੰਟਰੈਕਟ ਆਧਾਰਿਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਦਾ ਰੁਜ਼ਗਾਰ ਖ਼ਤਮ ਹੋ ਗਿਆ ਹੈ। ਗਿਲਜੀਆਂ ਨੇ ਮੰਗ ਕੀਤੀ ਹੈ ਕਿ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਦੀਆਂ ਖ਼ਾਲੀ ਪਈਆਂ ਅਸਾਮੀਆਂ ਤੇ ਮਰਜ਼ ਕਰੇ ਅਤੇ ਉਨ੍ਹਾਂ ਦੀਆਂ ਰੋਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ। ਇਸ ਮੌਕੇ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ, ਅਜੀਤਪਾਲ ਸਿੰਘ, ਸਰਪੰਚ ਜਸਵਿੰਦਰ ਸਿੰਘ, ਨੰਬਰਦਾਰ ਗੁਰਦਿਆਲ ਸਿੰਘ, ਪ੍ਰਧਾਨ ਤਰਸੇਮ ਸਿੰਘ, ਦਵਿੰਦਰਜੀਤ ਸਿੰਘ ਬੁੱਢੀਪਿੰਡ, ਨਿਰਮਲ ਸਿੰਘ, ਬਲਬੀਰ ਸਿੰਘ, ਅਜੀਤ ਸਿੰਘ, ਜੀਤਾ ਖੋਖਰ, ਹਰਦੇਵ ਸਿੰਘ, ਬਲਵਿੰਦਰ ਸਿੰਘ ਕਾਲਾ, ਮੰਗਾ ਨਾਹਰ, ਕ੍ਰਿਸ਼, ਰਾਮ ਪਾਲ ਆਦਿ ਮੌਜੂਦ ਸਨ।



## ਵਰਲਡ ਯੂਨੀਵਰਸਿਟੀ 'ਚ ਵਿਦਿਆਰਥੀਆਂ ਲਈ ਐਲਮਨਾਈ ਸੰਵਾਦ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫ਼ਤਿਹਗੜ੍ਹ ਸਾਹਿਬ ਵੱਲੋਂ ਬੀ.ਟੈੱਕ, ਐੱਮ.ਸੀ.ਏ. ਤੇ ਬੀ.ਸੀ.ਏ. ਦੇ ਵਿਦਿਆਰਥੀਆਂ ਲਈ ਕੰਪਿਊਟਰ ਸਾਇੰਸ ਵਿਭਾਗ ਦੇ ਪ੍ਰਸਿੱਧ ਐਲਮਨਸ ਸ੍ਰ. ਗੁਰਸਿਮਰਨ ਸਿੰਘ ਵੱਲੋਂ ਇੱਕ ਪ੍ਰੇਰਨਾਦਾਇਕ ਐਲਮਨਾਈ ਸੰਵਾਦ ਕੀਤਾ ਗਿਆ।ਸ੍ਰ. ਗੁਰਸਿਮਰਨ ਸਿੰਘ ਨੇ ਵਿਭਾਗ ਵਿੱਚ ਆਪਣੇ ਸਮੇਂ ਦੌਰਾਨ ਦੇ ਕੀਮਤੀ ਅਨੁਭਵ ਸਾਂਝੇ ਕਰਦਿਆਂ ਦੱਸਿਆ ਕਿ ਕਿਸ ਤਰ੍ਹਾਂ ਵਿੱਦਿਅਕ ਮਾਹੌਲ ਤੇ ਅਧਿਆਪਕਾਂ ਦੀ ਰਹਿਨੁਮਾਈ ਨੇ ਉਨ੍ਹਾਂ ਦੇ ਪੇਸ਼ਾਵਰ ਜੀਵਨ ਨੂੰ ਨਿਰਮਾਣ ਕੀਤਾ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਮਰਪਣ, ਲਗਾਤਾਰ ਸਿੱਖਣ ਤੇ ਹੁਨਰ ਵਿਕਾਸ ਦੀ ਮਹੱਤਤਾ ਬਾਰੇ ਪ੍ਰੇਰਿਤ ਕੀਤਾ।ਵਰਤਮਾਨ ਵਿੱਚ ਉਹ ਡਿਲੋਇਟ, ਹੈਦਰਾਬਾਦ ਵਿੱਚ 20 ਲੱਖ ਪ੍ਰਤੀ ਵਰ੍ਹਾ ਤੋਂ ਵੱਧ ਦੇ ਪੈਕੇਜ ਨਾਲ ਕੰਮ ਕਰ ਰਹੇ ਹਨ, ਜੋ ਨਵੇਂ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ।ਇਸ ਮੌਕੇ ਯੂਨੀਵਰਸਿਟੀ ਦੇ ਵਾਇਸ ਚਾਂਸਲਰ, ਡਾ. ਪਰਿਤ ਪਾਲ ਸਿੰਘ ਨੇ ਗੁਰਸਿਮਰਨ ਸਿੰਘ ਨੂੰ ਸਨਮਾਨਤ ਕੀਤਾ ਤੇ ਉਨ੍ਹਾਂ ਦੀ ਭਵਿੱਖੀ ਸਫਲਤਾ ਲਈ ਅਸੀਸਾਂ ਤੇ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਸਮਾਰੋਹ ਵਿੱਚ ਪ੍ਰੋ. ਨਵਦੀਪ ਕੌਰ (ਡੀਨ ਰਿਸਰਚ), ਡਾ. ਅਮਨਦੀਪ ਕੌਰ ਤੇ ਡਾ. ਕਮਲਜੀਤ ਕੌਰ ਸਮੇਤ ਮਾਣਯੋਗ ਅਧਿਆਪਕ ਮੌਜੂਦ ਸਨ।ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ. ਸਰਪ੍ਰੀਤ ਸਿੰਘ ਨੇ ਸ੍ਰ. ਗੁਰਸਿਮਰਨ ਸਿੰਘ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਲਈ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ।

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਵਿਧਾਇਕਾ ਦੇ ਘਰ ਅੱਗੇ ਵਿਸ਼ਾਲ ਧਰਨਾ

### ਐੱਮ ਐੱਲ ਏ ਅਮਨਦੀਪ ਕੌਰ ਅਰੋੜਾ ਨੂੰ ਸੌਂਪਿਆ ਚੇਤਾਵਨੀ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**

ਪੰਜਾਬ ਮੁਲਾਜ਼ਮ ਮੰਚ, ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਆਜ਼ਾਦ ਜਥੇਬੰਦੀਆਂ ਦੀ ਜ਼ਿਲ੍ਹਾ ਕੋਆਰਡੀਨੇਸ਼ਨ ਕਮੇਟੀ ਵੱਲੋਂ ਮੁਲਾਜ਼ਮਾਂ ਪੈਨਸ਼ਨਰਾਂ, ਦਫ਼ਤਰੀ ਕਾਮਿਆਂ, ਠੇਕੇ 'ਤੇ ਕੰਮ ਕਰਦੇ ਮੁਲਾਜ਼ਮਾਂ, ਆਊਟ ਸੋਰਸ ਕਾਮਿਆਂ, ਆਂਗਣਵਾੜੀ ਤੇ ਆਸ਼ਾ ਵਰਕਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਸੂਬਾ ਤਾਲਮੇਲ ਕਮੇਟੀ ਦੇ ਆਦੇਸ਼ 'ਤੇ ਮੰਤਰੀਆਂ ਅਤੇ ਵਿਧਾਇਕਾਂ ਨੂੰ ਪੰਜਾਬ ਸਰਕਾਰ ਦੇ ਨਾਮ ਚਿਤਾਵਨੀ ਪੱਤਰ ਸੌਂਪਣ ਦੀ ਕੜੀ ਵਜੋਂ ਮੋਗਾ ਦੀ ਐੱਮ ਐੱਲ ਏ ਅਮਨਦੀਪ ਕੌਰ ਆਰੋੜਾ ਦੇ ਘਰ ਅੱਗੇ ਕੜਕਦੀ ਧੁੱਪ ਵਿੱਚ ਵਿਸ਼ਾਲ ਧਰਨਾ ਤੇ ਰੈਲੀ ਕੀਤੀ ਗਈ। ਰੈਲੀ ਦੌਰਾਨ ਜਗਦੀਸ਼ ਸਿੰਘ ਚਾਹਲ ਨੇ ਸਟੇਜ ਦੀ ਕਾਰਵਾਈ ਬਾਖੂਬੀ ਨਿਭਾਈ ਤੇ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਦੇ 37 ਭੱਤੇ ਖੋਹਣ, ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਵਾਅਦੇ ਨੂੰ ਪੂਰਾ ਨਾ ਕਰਨਾ ਤੇ ਮਹਿੰਗਾਈ ਭੱਤੇ ਬਾਰੇ ਹਾਈ ਕੋਰਟ ਵਿੱਚ ਮੁਲਾਜ਼ਮਾਂ ਪੈਨਸ਼ਨਰਾਂ ਨੂੰ ਦੇਣ ਤੋਂ ਇਨਕਾਰ ਕਰਨਾ ਆਦਿ ਮੰਗਾਂ ਦੀ ਸਾਰਥਿਕਤਾ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਸੁਰਜੀਤ ਸਿੰਘ ਗਗੜਾ, ਗੁਰਮੇਲ ਸਿੰਘ ਗੋਂਦਾਰਾ, ਜਸਪਤ ਰਾਏ ਹਰਜੰਟ ਸਿੰਘ ਬੋਡੇ ਨੇ ਮੁਲਾਜ਼ਮਾਂ ਦੇ ਸਕੇਲਾਂ ਬਾਰੇ ਪੰਜਾਬ ਸਰਕਾਰ ਇਸ ਬਿਆਨ ਦੀ ਕਰੜੇ ਸ਼ਬਦਾਂ 'ਚ ਨਿਖੇਧੀ ਕੀਤੀ ਕਿ ਪੰਜਾਬ ਦੇ ਮੁਲਾਜ਼ਮ ਦੂਜੀਆਂ ਸਟੇਟਾਂ ਤੇ ਕੇਂਦਰ ਦੇ ਮੁਕਾਬਲੇ ਵੱਧ ਤਨਖਾਹਾਂ ਲੈ ਰਹੇ ਹਨ, ਜੋ ਕਿ ਹਕੀਕਤ ਤੋਂ ਬਿਲਕੁਲ ਉਲਟ ਹੈ।ਅੰਗਰੇਜ਼ ਸਿੰਘ, ਪਰਗਟਜੀਤ ਸਿੰਘ, ਬਲਵਿੰਦਰ ਸਿੰਘ ਧਾਲੀਵਾਲ, ਆਂਗਣ ਬਾੜੀ ਵੱਲੋਂ ਗੁਰਚਰਨ ਕੌਰ ਤੇ ਏਡਿਡ ਸਕੂਲਜ਼ ਬਿਕਰਮ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਨਿਗੂਣੀਆਂ ਤਨਖਾਹਾਂ 'ਤੇ ਕੰਮ ਕਰਦੇ ਕੱਚੇ ਕਾਮਿਆਂ, ਆਸ਼ਾ ਵਰਕਰਾਂ ਨੂੰ ਨਿਗੂਣੇ ਮਾਣ ਭੱਤੇ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕਰਨ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਤੇ ਉਨ੍ਹਾਂ ਨੂੰ ਘੱਟੋ ਘੱਟ 18000 ਰੁਪਏ ਤਨਖਾਹ ਦੇਣ ਦੀ ਮੰਗ ਕੀਤੀ।ਗੁਰਜੰਟ ਸਿੰਘ ਕੋਕਰੀ, ਕੁਲਦੀਪ ਸਿੰਘ ਮਨਿਸਟੀਰੀਅਲ ਐਸੋਸੀਏਸ਼ਨ, ਪੀ ਐੱਸ ਪੀ ਸੀ ਐੱਲ ਦੀ ਪੈਨਸ਼ਨਰ ਯੂਨੀਅਨ ਵੱਲੋਂ ਗੁਰਮੇਲ ਸਿੰਘ ਨਾਹਰ ਨੇ ਆਪਣੇ ਵਿਚਾਰ ਰੱਖੇ ਤੇ ਮੰਗ ਕੀਤੀ ਕਿ ਪੰਜਾਬ ਰੋਡਵੇਜ਼, ਬਿਜਲੀ ਵਿਭਾਗ ਤੇ ਦਫ਼ਤਰਾਂ ਵਿੱਚ ਕੰਮ ਕਰਦੇ ਕੱਚੇ ਤੇ ਠੇਕੇ 'ਤੇ ਕੰਮ ਕਰਦੇ ਕਾਮਿਆਂ ਨੂੰ ਪੂਰੀਆਂ ਉਜਰਤਾਂ ਦੇ ਕੇ ਰੈਗੂਲਰ ਕੀਤਾ ਜਾਵੇ।ਇਸ ਮੌਕੇ ਪ ਸ ਸ ਫ਼ ਦੇ ਰਾਜਿੰਦਰ ਸਿੰਘ ਰਿਆੜ, ਮਹਾਂਸੰਘ ਵੱਲੋਂ ਦਲਜੀਤ ਸਿੰਘ ਭੁੱਲਰ, ਕੁਲਵੀਰ ਸਿੰਘ ਢਿੱਲੋਂ, ਬਲੌਰ ਸਿੰਘ ਘਾਲੀ, ਸੁਰਿੰਦਰ ਰਾਮ ਕੁੱਸਾ, ਦਿੱਗ ਵਿਜੇ ਸ਼ਰਮਾ ਨੇ ਵੀ ਸੰਬੋਧਨ ਕੀਤਾ।ਅਖੀਰ ਵਿੱਚ ਐੱਮ ਐੱਲ ਏ ਅਮਨਦੀਪ ਕੌਰ ਆਰੋੜਾ ਨੂੰ ਮੁੱਖ ਮੰਤਰੀ ਦੇ ਨਾਮ ਚਿਤਾਵਨੀ ਪੱਤਰ ਸੌਂਪਿਆ ਗਿਆ ਅਤੇ ਵਿਧਾਇਕਾਂ ਨੇ ਮੁਲਜ਼ਮਾਂ, ਪੈਨਸ਼ਨਰਾਂ ਤੇ ਹੋਰ ਤਬਕਿਆਂ ਦੀਆਂ ਮੰਗਾਂ ਨੂੰ ਸਰਕਾਰ ਤੱਕ ਪੁਜਦਾ ਕਰਨ ਤੇ ਪੂਰੀਆਂ ਕਰਵਾਉਣ ਦਾ ਭਰੋਸਾ ਦਿੱਤਾ।

## ਸੰਜੀਵ ਕੁਮਾਰ ਤੇ ਜਸਵੀਰ ਜੱਜ 'ਆਪ' ਦੇ ਬਲਾਕ ਪ੍ਰਧਾਨ ਨਿਯੁਕਤ

**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿਨੀ ਗਰਗ)**-ਆਮ ਆਦਮੀ ਪਾਰਟੀ ਵੱਲੋਂ ਆਪਣੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਤੇ ਪਾਰਟੀ ਦੇ ਢਾਂਚੇ ਵਿੱਚ ਨਵੀਂ ਰੂਹ ਫੂਕਣ ਦੇ ਮਨੋਰਥ ਨਾਲ ਹਾਈਕਮਾਂਡ ਵੱਲੋਂ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਦਿਆਂ ਹਲਕਾ ਧੂਰੀ ਦੇ ਸੰਜੀਵ ਕੁਮਾਰ ਤੇ ਜਸਵੀਰ ਸਿੰਘ ਜੱਜ ਨੂੰ ਬਲਾਕ ਪ੍ਰਧਾਨ ਵਜੋਂ ਨਿਯੁਕਤ ਕੀਤਾ ਗਿਆ ਹੈ।ਨਵ-ਨਿਯੁਕਤ ਬਲਾਕ ਪ੍ਰਧਾਨਾਂ, ਸੰਜੀਵ ਕੁਮਾਰ ਤੇ ਜਸਵੀਰ ਸਿੰਘ ਜੱਜ ਨੇ ਪਾਰਟੀ ਦੇ ਸੁਪਰੀਮੋ, ਮੁੱਖ ਮੰਤਰੀ, ਪਾਰਟੀ ਪ੍ਰਧਾਨ ਤੇ ਸੂਬਾ ਪ੍ਰਭਾਰੀ ਸਮੇਤ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ।

ਉਨ੍ਹਾਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਭਰੋਸਾ ਜਤਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖ਼ਰਾ ਉਤਰਨਗੇ।ਉਨ੍ਹਾਂ ਕਿਹਾ ਕਿ ਉਹ ਹਰ ਵਰਕਰ ਨੂੰ ਨਾਲ ਲੈ ਕੇ ਚੱਲਣਗੇ ਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸ ਕਾਰਜਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਦਿਨ-ਰਾਤ ਇੱਕ ਕਰ ਦੇਣਗੇ।




## ਮਾਤਾ ਬਲਵੰਤ ਕੌਰ ਇੰਸਾਂ ਦੀ ਮ੍ਰਿਤਕ ਦੇਹ ਮੈਡੀਕਲ ਖੋਜਾਂ ਲਈ ਦਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਲਾਕ ਭੁੱਚੋ ਮੰਡੀ ਦੇ ਪਿੰਡ ਤੁੰਗਵਾਲੀ ਦੀ ਵਸਨੀਕ ਮਾਤਾ ਬਲਵੰਤ ਕੌਰ ਇੰਸਾਂ (68) ਪਤਨੀ ਭੂਰਾ ਸਿੰਘ ਇੰਸਾਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਕੁਲ ਮਾਲਕ ਦੇ ਚਰਨਾਂ ਵਿੱਚ ਸੱਚਖੰਡ ਜਾ ਬਿਰਾਜੇ। ਮੌਤ ਉਪਰੰਤ ਉਸ ਦੀ ਇੱਛਾ ਅਨੁਸਾਰ ਪਰਿਵਾਰਕ ਮੈਂਬਰਾਂ ਪੁੱਤਰ ਰੇਸ਼ਮ ਸਿੰਘ ਇੰਸਾਂ, ਗੁਰਵਿੰਦਰ ਸਿੰਘ ਇੰਸਾਂ, ਪਤੀ ਭੂਰਾ ਸਿੰਘ ਇੰਸਾਂ, ਧੀ ਰਾਣੀ ਕੌਰ ਇੰਸਾਂ ਤੇ ਨੂੰਹਾਂ ਪ੍ਰਵਿੰਦਰ ਕੌਰ ਇੰਸਾਂ ਤੇ ਮਨਪ੍ਰੀਤ ਕੌਰ ਇੰਸਾਂ ਨੇ ਪੂਜਨੀਕ ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਦੀ ਪਾਵਨ ਸਿੱਖਿਆ 'ਤੇ ਚਲਦੇ ਹੋਏ ਮਾਤਾ ਬਲਵੰਤ ਕੌਰ ਇੰਸਾਂ ਦੀ ਮ੍ਰਿਤਕ ਦੇਹ ਨੂੰ ਮੈਡੀਕਲ ਕਾਲਜ ਵਰਡ ਕਾਲਜ ਆਫ ਮੈਡੀਕਲ ਸਾਇੰਸ ਐਂਡ ਰੀਸਰਚ ਤੇ ਹਸਪਤਾਲ ਝੱਜਰ ਹਰਿਆਣਾ ਨੂੰ ਮੈਡੀਕਲ ਖੋਜਾਂ ਲਈ ਦਾਨ ਕਰ ਦਿੱਤਾ। ਅਰਥੀ ਰਵਾਨਾ ਕਰਨ ਸਮੇਂ ਮਾਤਾ ਬਲਵੰਤ ਕੌਰ ਇੰਸਾਂ ਅਮਰ ਰਹੇ ਦੇ ਨਾਹਰੇ ਲਗਾਏ ਗਏ। ਮਾਤਾ ਦੀ ਅਰਥੀ ਨੂੰ ਮੋਢਾ ਉਸ ਦੀਆਂ ਧੀਆਂ ਨੇ ਦਿੱਤਾ। ਇਸ ਮੌਕੇ ਜੋਰਾ ਸਿੰਘ ਇੰਸਾਂ ਆਦਮਪੁਰ ਪ੍ਰਬੰਧਕ ਸ਼ਾਹੀ ਦਰਬਾਰ ਰਾਜਗੜ੍ਹ ਸਲਾਬਤਪੁਰਾ, ਗੁਰਜੀਤ ਸਿੰਘ ਇੰਸਾਂ, ਮੇਘ ਰਾਜ ਇੰਸਾਂ, ਯਾਦਵਿੰਦਰ ਸਿੰਘ ਇੰਸਾਂ, ਇਕਬਾਲ ਸਿੰਘ ਇੰਸਾਂ, ਸ਼ਾਹ ਸਤਿਨਾਮ ਜੀ ਗਰੀਨ ਐੱਸ ਵੈੱਲਫੇਅਰ ਕਮੇਟੀ ਤੇ ਪੱਕੀਆਂ ਸੰਮਤੀਆਂ ਦੇ ਸੇਵਾਦਾਰ ਹਾਜ਼ਰ ਸਨ। ਸਰਪੰਚ ਜੋਗਿੰਦਰ ਸਿੰਘ ਬਰਾੜ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਮ੍ਰਿਤਕ ਦੇਹ ਨੂੰ ਜਲਾਉਣਾ ਨਹੀਂ ਚਾਹੀਦਾ, ਸਗੋਂ ਮੈਡੀਕਲ ਖੋਜਾਂ ਲਈ ਦਾਨ ਕਰਨਾ ਚਾਹੀਦਾ ਹੈ।

## ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਵੱਲੋਂ ਅੱਖਾਂ ਦਾ ਮੁਫ਼ਤ ਜਾਂਚ ਕੈਂਪ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ (ਰਜਿ.) ਮੋਗਾ ਵੱਲੋਂ ਲੋਕ ਭਲਾਈ ਨੂੰ ਸਮਰਪਤ ਇੱਕ ਵਿਸ਼ਾਲ ਮੁਫ਼ਤ ਅੱਖਾਂ ਦੀ ਜਾਂਚ ਸੰਬੰਧੀ ਕੈਂਪ ਲਗਾਇਆ ਗਿਆ।ਕੈਂਪ ਦੌਰਾਨ ਸ਼ੰਕਰਾ ਆਈ ਹਸਪਤਾਲ ਮੁੱਲਾਂਪੁਰ (ਲੁਧਿਆਣਾ) ਦੀ ਮਾਹਰ ਡਾਕਟਰਾਂ ਦੀ ਟੀਮ ਵੱਲੋਂ 600 ਤੋਂ ਵਧੇਰੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ।ਜਾਂਚ ਉਪਰੰਤ 50 ਤੋਂ ਵਧੇਰੇ ਮਰੀਜ਼ਾਂ, ਜਿਨ੍ਹਾਂ ਨੂੰ ਚਿੱਟੇ ਮੋਤੀਏ ਦੀ ਸਮੱਸਿਆ ਸੀ, ਨੂੰ ਸ਼ੰਕਰਾ ਆਈ ਹਸਪਤਾਲ ਮੁੱਲਾਂਪੁਰ ਵਿਖੇ ਭੇਜ ਕੇ ਮੁਫ਼ਤ ਆਪ੍ਰੇਸ਼ਨ ਤੇ ਮੁਫ਼ਤ ਲੈਂਜ਼ ਲਗਵਾਏ ਗਏ।ਕੈਂਪ ਦੌਰਾਨ ਇੱਕ ਪ੍ਰੇਰਨਾਦਾਇਕ ਪਲ ਉਸ ਵੇਲੇ ਸਾਹਮਣੇ ਆਇਆ ਜਦੋਂ 8 ਤੋਂ 10 ਸੱਜਣਾਂ ਨੇ ਮਰਨ ਉਪਰੰਤ ਆਪਣੀਆਂ ਅੱਖਾਂ ਦਾਨ ਕਰਨ ਦਾ ਸੰਕਲਪ ਲਿਆ।ਇਸ ਮੌਕੇ ਸੋਸਾਇਟੀ ਦੇ ਪ੍ਰਧਾਨ ਗੁਰਜੋਤ ਸਿੰਘ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਬਲੱਡ ਸੇਵਾ ਸੋਸਾਇਟੀ ਦਾ ਉਦੇਸ਼ ਖ਼ੂਨਦਾਨ ਤੱਕ ਸੀਮਿਤ ਨਹੀਂ, ਸਗੋਂ ਹਰ ਲੋੜਵੰਦ ਵਰਗ ਤੱਕ ਸੌਖੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾ ਕੇ ਮਨੁੱਖਤਾ ਦੀ ਸੇਵਾ ਕਰਨਾ ਹੈ।ਉਨ੍ਹਾਂ ਸ਼ਹਿਰ ਵਾਸੀਆਂ ਵੱਲੋਂ ਮਿਲੇ ਭਰਪੂਰ ਸਹਿਯੋਗ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਇਸ ਤਰ੍ਹਾਂ ਦੇ ਹੋਰ ਲੋਕ ਭਲਾਈ ਦੇ ਕੈਂਪ ਲਗਾਏ ਜਾਣਗੇ।ਸੋਸਾਇਟੀ ਦੇ ਚੇਅਰਮੈਨ ਰਾਘਵ ਸ਼ਰਮਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅੱਖਾਂ ਦੇ ਦਾਨ ਤੇ ਹੋਰ ਅੰਗ ਦਾਨ ਬਾਰੇ ਜਾਗਰੂਕ ਹੋਣ ਤੇ ਇਸ ਮਹਾਨ ਕਾਰਜ ਨਾਲ ਜੁੜਨ।ਇਸ ਮੌਕੇ ਮੋਗਾ ਦੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਐੱਮ. ਸੀ. ਮਨਜੀਤ, ਐੱਮ. ਸੀ. ਗੋਵਰਧਨ ਪੋਪਲੀ, ਐੱਮ.ਸੀ. ਨਵਜੋਤ ਸਿੰਘ ਮੱਲਾ, ਰਾਜਵੰਤ ਸਿੰਘ ਡੱਲਾ, ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਅਜੇ ਸ਼ਰਮਾ, ਪਰਮਪਾਲ ਸਿੰਘ ਤਖਤੂਪੁਰਾ ਅਤੇ ਮੇਅਰ ਨਗਰ ਨਿਗਮ ਮੋਗਾ ਵਿਨੋਪਾਲ ਕੌਰ ਦੌਂਦਰੀਆ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ ਹਾਜ਼ਰ ਸਨ।

## ਅਧੂਰੇ ਕਾਗਜ਼ ਸੜਕ 'ਤੇ ਘੁੰਮਦੀ ਬਲੈਰੋ ਨੇ ਸਕੂਟਰੀ ਸਵਾਰ ਕੁਚਲਿਆ



**ਬਠਿੰਡਾ (ਰਾਜੀਵ ਗੋਇਲ)**-ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਦੇ ਪੁਲਸ ਸਟੇਸ਼ਨ ਨਜ਼ਦੀਕ ਸ਼ਨੀਵਾਰ ਸਵੇਰੇ ਤੜਕਸਾਰ ਇੱਕ ਭਿਆਨਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪ੍ਰਤੱਖਦਰਸ਼ੀਆਂ ਅਨੁਸਾਰ ਇਹ ਹਾਦਸਾ ਇੱਕ ਤੇਜ਼ ਰਫਤਾਰ ਗੱਡੀ ਦੀ ਫੇਟ ਵੱਜਣ ਤੇ ਸੜਕ ਵਿਚਕਾਰ ਬਣੀ ਹੋਈ ਪੁਲੀ ਦੇ ਦੱਬਣ ਤੋਂ ਬਾਅਦ ਬਣੇ ਖੱਡੇ ਕਾਰਨ ਵਾਪਰਿਆ। ਪਤਾ ਲੱਗਿਆ ਕਿ ਕਿਸੇ ਅਣਜਾਣ ਗੱਡੀ ਵੱਲੋਂ ਪਸ਼ੂਆਂ ਵਾਲੇ ਮੇਟਾਂ ਨਾਲ ਭਰੀ ਆ ਰਹੀ ਬਲੈਰੋ ਗੱਡੀ ਨੂੰ ਫੇਟ ਮਾਰ ਦਿੱਤੀ ਗਈ, ਜਿਸ ਦੇ ਸਿੱਟੇ ਵਜੋਂ ਬਲੈਰੋ ਚਾਲਕ ਤੋਂ ਗੱਡੀ ਬੇਕਾਬੂ ਹੋ ਗਈ ਅਤੇ ਇੱਕ ਇਲੈਕਟ੍ਰਿਕ ਸਕੂਟਰੀ ਚਾਲਕ 'ਤੇ ਜਾ ਚੜ੍ਹੀ, ਜਿਸ ਕਾਰਨ ਸਕੂਟਰੀ ਚਾਲਕ ਬਲੈਰੋ ਹੇਠਾਂ ਦੱਬ ਗਿਆ, ਜਿਸ ਨੂੰ ਬੜੀ ਹੀ ਮੁਸ਼ਕਲ ਨਾਲ ਬਾਹਰ ਕੱਢਿਆ ਗਿਆ। ਜ਼ਖ਼ਮੀ ਦੀ ਹਾਲਤ ਨੂੰ ਗੰਭੀਰ ਦੇਖਦੇ ਹੋਏ ਉਸ ਨੂੰ ਮਿਲਟਰੀ ਹਸਪਤਾਲ ਬਠਿੰਡਾ ਰੈਫਰ ਕੀਤੇ ਜਾਣ ਦੀ ਖ਼ਬਰ ਹੈ। ਉਧਰ ਦੂਜੇ ਪਾਸੇ ਇਹ ਵੀ ਪਤਾ ਲੱਗਾ ਹੈ ਕਿ ਹਾਦਸੇ ਵਾਲੀ ਬਲੈਰੋ ਗੱਡੀ ਜ਼ਿਲ੍ਹਾ ਟਰਾਂਸਪੋਰਟ ਅਫਸਰ ਸੰਗਰੂਰ ਵੱਲੋਂ ਬਲੈਕਲਿਸਟ ਕੀਤੀ ਹੋਈ ਹੈ, ਜਿਸ ਦਾ ਨਾ ਤਾਂ ਬੀਮਾ ਹੈ, ਨਾ ਹੀ ਪ੍ਰਦੂਸ਼ਣ ਹੈ ਤੇ ਨਾ ਹੀ ਪਾਸਿੰਗ ਹੈ।

# ਰੱਖੜਾ ਵਿਖੇ ਸ਼ਹੀਦ ਭਾਈ ਮਨੀ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਪਿੰਡ ਰੱਖੜਾ ਵਿਖੇ ਹਰ ਸਾਲ ਦੀ ਤਰ੍ਹਾਂ ਸ਼ਹੀਦ ਭਾਈ ਮਨੀ ਸਿੰਘ ਵੈੱਲਫੇਅਰ ਸੁਸਾਇਟੀ ਵੱਲੋਂ ਇਸ ਸਾਲ ਵੀ ਮਨਾਇਆ ਗਿਆ।

ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ।ਇਸ ਉਪਰੰਤ ਬਾਬਾ ਬਲਕਾਰ ਸਿੰਘ ਰੱਖੜੇ ਵਾਲਿਆਂ ਨੇ ਰਸਭਿੰਨਾ ਕੀਰਤਨ ਕੀਤਾ ਤੇ ਭਾਈ ਮਨੀ ਸਿੰਘ ਜੀ ਦੀ ਸ਼ਹਾਦਤ ਸੰਬੰਧੀ ਵਾਰਤਾ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਉਨ੍ਹਾਂ ਸਮੂਹ ਸੰਗਤਾਂ ਨੂੰ ਆਪਣੇ ਬੱਚਿਆਂ ਨੂੰ ਗੁਰਬਾਣੀ ਤੇ ਗੁਰੂ ਘਰ ਨਾਲ ਜੋੜਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਮਾਂ ਦੀ ਸਿੱਖਿਆ ਪੁੱਤਰ ਨੂੰ ਭਗਤ, ਦਾਨੀ ਤੇ ਸੂਰਮਾ ਬਣਾ ਸਕਦੀ ਹੈ, ਕੌਮ ਦਾ ਆਗੂ ਬਣਾ ਸਕਦੀ ਹੈ।ਉਨ੍ਹਾਂ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਦੇ ਨਾਲ-ਨਾਲ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਵੀ ਪ੍ਰੇਰਿਆ।ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਮਹਿੰਦਰ ਸਿੰਘ ਤੇ ਸਮੂਹ ਬਾਜ਼ੀਗਰ ਭਾਈਚਾਰੇ ਵੱਲੋਂ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਇਸ ਸਮਾਗਮ ਵਿਚ ਸੀਨੀਅਰ ਆਗੂ ਸੁਰਜੀਤ ਸਿੰਘ ਰੱਖੜਾ, ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ, ਚੇਤਨ ਸਿੰਘ ਜੌੜਾਮਾਜਰਾ, ਬਲਕਾਰ ਸਿੰਘ ਗੱਜੂਮਾਜਰਾ, ਸੂਬੇਦਾਰ ਮੇਜਰ ਸ਼ਾਦੀ ਰਾਮ, ਸ਼ਿਵਚਰਨ ਸੁਪਰਡੈਂਟ ਆਈ. ਟੀ. ਆਈ., ਮੱਘਰ ਸਿੰਘ ਮਾਂਗੇਵਾਲ, ਤਰਲੋਚਨ ਸਿੰਘ, ਕਰਮਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ, ਸਾਬਕਾ ਐੱਸ. ਪੀ. ਚੰਦ ਸਿੰਘ, ਹਰਿੰਦਰ ਸਿੰਘ ਅਬਲੋਵਾਲ, ਦਰਸ਼ਨ ਸਿੰਘ ਸਰਪੰਚ ਲਲੋਡਾ, ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਪ੍ਰਧਾਨ ਮਹਿੰਦਰ ਸਿੰਘ ਨੇ ਸਮੁੱਚੀਆਂ ਸੰਗਤਾਂ ਦਾ ਧੰਨਵਾਦ ਕੀਤਾ।ਇਸ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਸੁਸਾਇਟੀ ਵੱਲੋਂ ਰਾਤ ਸਮੇਂ ਸੰਗਤਾਂ ਦੇ ਭਾਰੀ ਇਕੱਠ ਵਿੱਚ ਸਤਲੁਜ ਫਿਲਮ ਵੀ ਦਿਖਾਈ ਗਈ।




## ਭੀਖੀ-ਮੂਲਾ ਸਿੰਘ ਵਾਲਾ ਸੜਕ 'ਤੇ ਪ੍ਰੀਮਿਕਸ ਪਾਉਣ ਦੀ ਮੰਗ



**ਭੀਖੀ (ਧਰਮਵੀਰ ਸ਼ਰਮਾ)**-ਪ੍ਰਧਾਨ ਮੰਤਰੀ ਗ੍ਰਾਮੀਣ ਸੜਕ ਯੋਜਨਾ ਤਹਿਤ ਭੀਖੀ ਦੇ ਬੁਢਲਾਡਾ ਰੋਡ ਤੋਂ ਪਿੰਡ ਮੂਲਾ ਸਿੰਘ ਵਾਲਾ ਨੂੰ ਜਾਂਦੀ ਸੰਪਰਕ ਸੜਕ ਪੁਨਰ ਨਿਰਮਾਣ ਦੇ ਨਾਂ 'ਤੇ ਕਰੀਬ 1 ਸਾਲ ਪਹਿਲਾਂ ਪੁੱਟ ਕੇ ਪੱਥਰ ਪਾਇਆ ਗਿਆ ਸੀ, ਪ੍ਰੰਤੂ ਹਾਲੇ ਤੱਕ ਇਸ 'ਤੇ ਪ੍ਰੀਮਿਕਸ ਨਾ ਪੈਣ ਕਰਕੇ ਜਿਥੇ ਰਾਹਗੀਰ ਪ੍ਰੇਸ਼ਾਨ ਹਨ, ਉਥੇ ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਿਰ ਸੀਬੀਐੱਸਈ ਦੇ ਵਿਦਿਆਰਥੀਆਂ ਨੂੰ ਆਉਣ ਜਾਣ ਵਿੱਚ ਭਾਰੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਬਰਸਾਤਾ ਮੂਲਾ ਸਿੰਘ ਵਾਲਾ, ਦਲੇਲ ਸਿੰਘ ਵਾਲਾ ਤੇ ਲੱਲੂਆਣਾ ਰਾਹੀਂ ਇਹ ਸੜਕ ਮਾਨਸਾ ਨੂੰ ਭੀਖੀ ਨਾਲ ਜੋੜਦੀ ਹੈ। ਇਸ ਸੜਕ 'ਤੇ ਕਈ ਬੱਸ ਰੂਟਾਂ ਦਾ ਵੀ ਆਉਣਾ ਜਾਣਾ ਹੈ, ਪ੍ਰੰਤੂ ਲੰਮੇ ਸਮੇਂ ਤੋਂ ਸੜਕ ਪੁੱਟਣ ਕਾਰਨ ਲੋਕ ਪ੍ਰੇਸ਼ਾਨ ਹਨ। ਦੂਸਰੇ ਪਾਸੇ ਇਸ ਸਮੱਸਿਆ ਨੂੰ ਲੈ ਕੇ ਸਕੂਲ ਪ੍ਰਬੰਧਕ ਕਮੇਟੀ ਨੇ ਇਹ ਮਾਮਲਾ ਜ਼ਿਲ੍ਹਾ ਪ੍ਰਸ਼ਾਸਨ ਤੇ ਹਲਕਾ ਵਿਧਾਇਕ ਦੇ ਧਿਆਨ ਵਿੱਚ ਵੀ ਲਿਆਂਦਾ, ਪ੍ਰੰਤੂ ਹਾਲੇ ਤੱਕ ਕੋਈ ਪੁਖਤਾ ਕਾਰਵਾਈ ਨਹੀਂ ਹੋਈ। ਪਿਛਲੇ ਦਿਨੀਂ ਭੀਖੀ ਵਿਖੇ ਲੋਕ ਮਿਲਣੀ ਦੌਰਾਨ ਵੀ ਇਹ ਮਾਮਲਾ ਏ.ਡੀ.ਸੀ. ਮਾਨਸਾ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ, ਉਸ 'ਤੇ ਵੀ ਲੋਕ ਕਾਰਵਾਈ ਦੀ ਉਡੀਕ ਵਿੱਚ ਹਨ। ਉਧਰ ਮੰਡੀਕਰਨ ਬੋਰਡ ਦੇ ਕਾਰਜਕਾਰੀ ਇੰਜੀਨੀਅਰ ਕੁਲਦੀਪ ਸਿੰਘ ਨੇ ਦੱਸਿਆ ਕਿ ਤਾਰਕੋਲ (ਲੁੱਕ) ਦੀ ਕਮੀ ਕਾਰਨ ਪ੍ਰੀਮਿਕਸ ਪਾਉਣਾ ਲੇਟ ਹੋ ਰਿਹਾ ਹੈ ਤੇ ਜਲਦੀ ਹੀ ਕੰਮ ਸ਼ੁਰੂ ਕਰਵਾ ਦਿੱਤਾ ਜਾਵੇਗਾ।

## ਐੱਲ ਬੀ ਸੀ ਟੀ ਵੱਲੋਂ ਵਾਈਸ ਚਾਂਸਲਰ ਡਾ. ਸੂਦ 'ਅਵਾਰਡ ਆਫ਼ ਐਪਰੀਸੀਏਸ਼ਨ' ਨਾਲ ਸਨਮਾਨਤ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**

ਪਿਛਲੇ ਕਰੀਬ ਸਾਢੇ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਖੇਤਰ ਵਿੱਚ ਕਾਬਲੇ ਤਾਰੀਫ਼ ਨਾਮਣਾ ਖੱਟਣ ਵਾਲੀ ਸੰਸਥਾ ਐੱਲ ਬੀ ਸੀ ਟੀ (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਦੇ ਉੱਚ ਪੱਧਰੀ ਵਫ਼ਦ ਨੇ ਸਥਾਨਕ ਬਾਬਾ ਫਰੀਦ ਮੈਡੀਕਲ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਰਾਜੀਵ ਸੂਦ ਨਾਲ ਉਨ੍ਹਾਂ ਦੇ ਦਫਤਰ ਵਿੱਚ ਮੁਲਾਕਾਤ ਕੀਤੀ।ਟਰੱਸਟ ਸੰਸਥਾਪਕ ਜਗਦੀਸ਼ ਰਾਏ ਢੋਸੀਵਾਲ ਤੇ ਜ਼ਿਲ੍ਹਾ ਪ੍ਰਧਾਨ ਡੀ.ਪੀ.ਐੱਸ. ਭੋਲਾ ਦੀ ਸਾਂਝੀ ਪ੍ਰਧਾਨਗੀ ਹੇਠਲੇ ਇਸ ਵਫ਼ਦ ਵਿੱਚ ਜ਼ਿਲ੍ਹਾ ਚੀਫ਼ ਪੈਟਰਨ ਮੈਡਮ ਹੀਰਾਵਤੀ, ਚੇਅਰਮੈਨ ਡਾ. ਹਰਪਾਲ ਸਿੰਘ ਭਾਰਦਵਾਜ, ਸੀਨੀਅਰ ਮੀਤ ਪ੍ਰਧਾਨ ਇੰਜ. ਰਮੇਸ਼ ਕੁਮਾਰ ਬਾਰੋਲੀਆ, ਸੀਨੀਅਰ ਮੈਂਬਰ ਨਿਰਮਲ ਸਿੰਘ ਸੰਧੂ, ਪ੍ਰੈੱਸ ਸਕੱਤਰ ਸ਼ਿਵ ਨਾਥ ਦਰਦੀ, ਮੁੱਖ ਸਲਾਹਕਾਰ ਸ੍ਰੀ ਕ੍ਰਿਸ਼ਨ ਆਦਿ ਸ਼ਾਮਲ ਸਨ।ਵਫ਼ਦ ਦੁਆਰਾ ਵਾਇਸ ਚਾਂਸਲਰ ਵੱਲੋਂ ਆਪਣੇ ਮੌਜੂਦਾ ਕਾਰਜਕਾਲ ਦੌਰਾਨ ਸਮੁੱਚੀ ਯੂਨੀਵਰਸਿਟੀ, ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਤੇ ਹਸਪਤਾਲ, ਯੂਨੀਵਰਸਿਟੀ ਅਧੀਨ ਬਾਕੀ ਸਾਰੇ ਕੰਨਸਟੀਚਿਊਟ ਕਾਲਜ ਅਤੇ ਹਸਪਤਾਲਾਂ ਨੂੰ ਹਰ ਪੱਖੋਂ ਉੱਚਾ ਚੁਕਣ ਲਈ ਵਿਜ਼ੀਨਰੀ ਇਮੇਜ਼ ਤੇ ਇਤਿਹਾਸਕ ਕਾਰਜਾਂ ਦੀ ਪ੍ਰਸੰਸਾ ਕੀਤੀ ਗਈ। ਉਕਤ ਜਾਣਕਾਰੀ ਦਿੰਦੇ ਹੋਏ ਸ੍ਰੀ ਢੋਸੀਵਾਲ ਨੇ ਦੱਸਿਆ ਕਿ ਡਾ. ਸੂਦ ਦੇ ਮੌਜੂਦਾ ਕਾਰਜਕਾਲ ਦੇ ਆਖਰੀ ਹਫ਼ਤੇ ਟਰੱਸਟ ਵੱਲੋਂ ਕੀਤੀ ਗਈ ਇਸ ਮੁਲਾਕਾਤ ਦੌਰਾਨ ਟਰੱਸਟ ਆਗੂਆਂ ਨੇ ਡਾ. ਸੂਦ ਦੇ ਲੋਕ/ਮੁਲਾਜ਼ਮ ਪੱਖੀ ਕਾਰਜਾਂ ਸਦਕਾ ਉਨ੍ਹਾਂ ਦੇ ਦੌਰ ਨੂੰ ਸੁਨਹਿਰੀ ਕਾਲ ਵਜੋਂ ਯਾਦ ਕੀਤਾ ਜਾਵੇਗਾ। ਸਮੁੱਚਾ ਇਲਾਕਾ ਉਨ੍ਹਾਂ ਦਾ ਸਦਾ ਰਿਣੀ ਰਹੇਗਾ।ਮੁਲਾਕਾਤ ਦੌਰਾਨ ਡਾ. ਸੂਦ ਨੇ ਕਿਹਾ ਕਿ ਉਨ੍ਹਾਂ ਨੇ ਆਪਣਾ ਸਾਰਾ ਧਿਆਨ ਯੂਨੀਵਰਸਿਟੀ ਤੇ ਹਸਪਤਾਲ ਦੇ ਵਿਕਾਸ ਵੱਲ ਹੀ ਕੇਂਦਰਿਤ ਰੱਖਿਆ।ਇਸ ਨੂੰ ਉਚਾਈਆਂ ਤੱਕ ਪਹੁੰਚਾਉਣ ਦਾ ਯਤਨ ਕੀਤਾ।ਮੁਲਾਕਾਤ ਦੌਰਾਨ ਟਰੱਸਟ ਵੱਲੋਂ ਡਾ. ਸੂਦ ਦੀਆਂ ਸ਼ਾਨਦਾਰ ਪ੍ਰਬੰਧਕੀ ਕਾਰਜ ਕੁਸ਼ਲਤਾ, ਵਿਜ਼ੀਨਰੀ ਇਮੇਜ ਤੇ ਦੂਰ ਅੰਦੇਸ਼ੀ ਲਈ 'ਅਵਾਰਡ ਆਫ਼ ਐਪਰੀਸੀਏਸ਼ਨ' ਭੇਟ ਕਰਕੇ ਸਨਮਾਨਤ ਵੀ ਕੀਤਾ।

## ਐਮਰਜੈਂਸੀ 'ਚ ਲੋੜਵੰਦ ਮਰੀਜ਼ਾਂ ਲਈ ਕੀਤਾ ਖ਼ੂਨ ਦਾਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਐਮਰਜੈਂਸੀ ਹਾਲਤ ਵਿੱਚ ਲੋੜਵੰਦ ਮਰੀਜ਼ਾਂ ਲਈ ਵਰਧਮਾਨ ਬਲੱਡ ਸੈਂਟਰ ਵਿਖੇ ਖ਼ੂਨਦਾਨੀ ਦਲਜੀਤ ਸਿੰਘ ਤੇ ਗੁਰਸੇਵਕ ਸਿੰਘ ਨੇ ਆਪਣਾ ਖ਼ੂਨ ਦਾਨ ਕੀਤਾ।ਇਸ ਮੌਕੇ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ, ਗੁਰਦੀਪ ਸਿੰਘ ਤੇ ਗੁਰਮੀਤ ਸਿੰਘ ਨੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਯਾਦਗਾਰੀ ਮੱਗ ਦੇ ਕੇ ਸਨਮਾਨਤ ਕੀਤਾ।ਹਰਦੀਪ ਸਨੌਰ ਨੇ ਕਿਹਾ ਕਿ ਗਰਮੀ ਕਾਰਨ ਸਰਕਾਰੀ ਤੇ ਪ੍ਰਾਈਵੇਟ ਹਸਪਤਾਲਾਂ ਵਿੱਚ ਖ਼ੂਨ ਦੀ ਮੰਗ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਕਾਰਨ ਸਮੂਹ ਤੰਦਰੁਸਤ ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਆਪਣੇ ਨੇੜਲੇ ਬਲੱਡ ਸੈਂਟਰ ਵਿੱਚ ਜਾ ਕੇ ਲੋੜਵੰਦ ਮਰੀਜ਼ਾਂ ਲਈ ਖ਼ੂਨ ਦਾਨ ਜ਼ਰੂਰ ਕਰਨ।

## ਮਾਤਾ ਗੁਜਰੀ ਕਾਲਜ ਦੇ ਵਿਦਿਆਰਥੀਆਂ ਨੂੰ ਮਿਲੇ ਨਿਯੁਕਤੀ ਪੱਤਰ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮਾਤਾ ਗੁਜਰੀ ਕਾਲਜ ਦੇ ਟ੍ਰੇਨਿੰਗ ਤੇ ਪਲੇਸਮੈਂਟ ਸੈੱਲ ਵੱਲੋਂ ਇੱਕ ਹੋਰ ਸ਼ਾਨਦਾਰ ਪ੍ਰਾਪਤੀ ਆਪਣੇ ਨਾਮ ਦਰਜ ਕਰਦਿਆਂ ਹਾਲ ਹੀ ਵਿੱਚ ਆਯੋਜਿਤ ਕੈਂਪਸ ਪਲੇਸਮੈਂਟ ਡਰਾਈਵ ਦੌਰਾਨ ਨਾਮਵਾਰ ਕੰਪਨੀ ਟ੍ਰਾਈਡੈਂਟ ਗਰੁੱਪ ਵੱਲੋਂ ਚੁਣੇ ਗਏ ਵਿਦਿਆਰਥੀਆਂ ਨੂੰ ਰਸਮੀ ਤੌਰ 'ਤੇ ਨਿਯੁਕਤੀ ਪੱਤਰ ਸੌਂਪੇ ਗਏ।ਵਰਨਣਯੋਗ ਹੈ ਕਿ ਪਲੇਸਮੈਂਟ ਡਰਾਈਵ ਰਾਹੀਂ ਚੁਣੇ ਗਏ ਬੀ.ਐੱਸਸੀ. ਐਗਰੀਕਲਚਰ ਦੇ ਹੋਣਹਾਰ ਵਿਦਿਆਰਥੀ 14 ਜੁਲਾਈ ਤੋਂ ਟ੍ਰਾਈਡੈਂਟ ਗਰੁੱਪ ਵਿਖੇ ਕਾਟਨ ਪ੍ਰੋਕਿਓਰਮੈਂਟ ਅਫ਼ਸਰ ਵਜੋਂ ਆਪਣੀਆਂ ਸੇਵਾਵਾਂ ਸ਼ੁਰੂ ਕਰਨਗੇ।ਇਸ ਮਾਣਮੱਤੀ ਪ੍ਰਾਪਤੀ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਵਿੱਦਿਅਕ ਅਦਾਰਿਆਂ ਦੇ ਸਕੱਤਰ ਵਿੱਦਿਆ ਇੰਜੀਨੀਅਰ ਸੁਖਮਿੰਦਰ ਸਿੰਘ ਤੇ ਕਾਲਜ ਗਵਰਨਿੰਗ ਬਾਡੀ ਦੇ ਐਡੀਸ਼ਨਲ ਸਕੱਤਰ ਗੁਰਪ੍ਰੀਤ ਸਿੰਘ ਖੰਨਾ (ਅਮਲੋਹ) ਨੇ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਸੰਧੂ ਨੇ ਇਸ ਸਫ਼ਲਤਾ ਨੂੰ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੇ ਮਾਰਗਦਰਸ਼ਨ ਦਾ ਨਤੀਜਾ ਦੱਸਦਿਆਂ ਕਿਹਾ ਕਿ ਮਾਤਾ ਗੁਜਰੀ ਕਾਲਜ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਦੇ ਨਾਲ-ਨਾਲ ਬਿਹਤਰ ਰੁਜ਼ਗਾਰ ਮੌਕੇ ਪ੍ਰਦਾਨ ਕਰਨ ਲਈ ਨਿਰੰਤਰ ਯਤਨਸ਼ੀਲ ਹੈ।ਇਸ ਮੌਕੇ ਕਾਲਜ ਦੀ ਡੀਨ ਪਲੇਸਮੈਂਟ ਡਾ. ਕਮਲਪ੍ਰੀਤ ਕੌਰ ਤੇ ਕਾਲਜ ਦੇ ਪਲੇਸਮੈਂਟ ਅਫ਼ਸਰ ਡਾ. ਸੌਰਵ ਸ਼ਰਮਾ ਨੇ ਭਰਤੀ ਟੀਮ ਦਾ ਧੰਨਵਾਦ ਕਰਦਿਆਂ ਦੱਸਿਆ ਕਿ ਇਸ ਪਲੇਸਮੈਂਟ ਡਰਾਈਵ ਦੇ ਸਫ਼ਲ ਆਯੋਜਨ ਵਿੱਚ ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਸੰਤੋਸ਼ ਕੁਮਾਰ ਤੇ ਡਾ. ਸੰਦੀਪ ਕੁਮਾਰ ਸਿੰਘ ਨੇ ਮਹੱਤਵਪੂਰਨ ਯੋਗਦਾਨ ਪਾਇਆ। ਇਸ ਮੌਕੇ ਬਾਇਓਟੈਕਨਾਲੋਜੀ ਵਿਭਾਗ ਦੇ ਮੁਖੀ ਡਾ. ਜਗਦੀਸ਼ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।

# ਡੀ ਆਰ ਐੱਮ ਨੂੰ ਮਾਨਸਾ ਰੇਲਵੇ ਸਟੇਸ਼ਨ ਦੇ ਵਿਕਾਸ ਲਈ ਮੰਗ ਪੱਤਰ ਸੌਂਪਿਆ



**ਮਾਨਸਾ (ਆਤਮਾ ਸਿੰਘ ਪਮਾਰ)**

ਉੱਤਰੀ ਰੇਲਵੇ ਦਿੱਲੀ ਡਵੀਜ਼ਨ ਦੇ ਡਵੀਜ਼ਨਲ ਮੈਨੇਜਰ (ਡੀ.ਆਰ.ਐੱਮ.) ਸ੍ਰੀ ਪੁਸ਼ਪੇਸ਼ ਰਮਨ ਤ੍ਰਿਪਾਠੀ ਦੇ ਮਾਨਸਾ ਰੇਲਵੇ ਸਟੇਸ਼ਨ ਦੇ ਨਰੀਖਣ ਦੌਰੇ ਮੌਕੇ ਮਾਨਸਾ ਡਿਵੈਲਪਮੈਂਟ ਐਸੋਸੀਏਸ਼ਨ ਦੇ ਪ੍ਰਧਾਨ ਜਤਿੰਦਰ ਅਗਰਾ ਦੀ ਅਗਵਾਈ ਹੇਠ ਇੱਕ 12 ਨੁਕਾਤੀ ਮੰਗ ਪੱਤਰ ਸੌਂਪਿਆ ਗਿਆ। ਮੰਗ ਪੱਤਰ 'ਚ ਮਾਨਸਾ ਰੇਲਵੇ ਸਟੇਸ਼ਨ ਦੇ ਉੱਤਰੀ ਪਾਸੇ ਟਿਕਟ ਖਿੜਕੀ ਸਮੇਤ ਨਵਾਂ ਐਂਟਰੀ ਗੇਟ ਬਣਾਉਣ, ਨਵੇਂ ਫੁੱਟ ਓਵਰ ਬ੍ਰਿਜ ਨੂੰ ਲਾਈਨ ਨੰਬਰ 5 ਤੋਂ ਅੱਗੇ ਉੱਤਰੀ ਪਾਸੇ ਤੱਕ ਵਧਾ ਕੇ ਸਿੱਧੀ ਪਹੁੰਚ ਦੇਣ, ਪਲੇਟਫਾਰਮ ਨੰਬਰ 1 ਤੇ 2 'ਤੇ ਕੋਟਾ ਸਟੋਨ ਲਗਾਉਣ, ਸ਼ੈੱਡਾਂ ਹੇਠਾਂ ਗ੍ਰੇਨਾਈਟ ਫਲੋਰਿੰਗ ਕਰਨ, ਕੋਚ ਇੰਡੀਕੇਸ਼ਨ ਡਿਸਪਲੇ ਬੋਰਡ ਲਗਾਉਣ, ਸਟੇਨਲੈੱਸ ਸਟੀਲ ਦੇ ਫਿਕਸ ਬੈਂਚ ਲਗਾਉਣ, ਪਲੇਟਫਾਰਮ ਨੰਬਰ 2 'ਤੇ ਯੂਰੀਨਲ ਬਣਾਉਣ, ਸ਼ੈੱਡਾਂ ਦੇ ਚਾਰੇ ਪਾਸੇ ਧੁੱਪ ਤੇ ਮੀਂਹ ਤੋਂ ਬਚਾਅ ਲਈ ਸਾਈਡ ਕਵਰ ਲਗਾਉਣ, ਜੀ.ਆਰ.ਪੀ. ਚੌਕੀ ਸਥਾਪਤ ਕਰਨ, ਦੋਵੇਂ ਪਲੇਟਫਾਰਮਾਂ ਦੇ ਆਖਰੀ ਸਿਰਿਆਂ ਤੱਕ ਐਲਾਨ ਪ੍ਰਨਾਲੀ (ਸਪੀਕਰ) ਲਗਾਉਣ ਤੇ ਸੀ.ਸੀ.ਟੀ.ਵੀ. ਕੈਮਰੇ ਲਗਾਉਣ ਦੀ ਮੰਗ ਕੀਤੀ ਗਈ।ਇਸ ਤੋਂ ਇਲਾਵਾ ਐਸੋਸੀਏਸ਼ਨ ਨੇ ਲੰਬੇ ਸਮੇਂ ਤੋਂ ਚੱਲ ਰਹੀ ਜਨਤਕ ਮੰਗ ਨੂੰ ਦੁਹਰਾਉਂਦਿਆਂ ਟ੍ਰੇਨ ਨੰਬਰ 15743/15744 ਫਰੱਕਾ ਐਕਸਪ੍ਰੈੱਸ ਦਾ ਮਾਨਸਾ ਰੇਲਵੇ ਸਟੇਸ਼ਨ 'ਤੇ ਠਹਿਰਾਅ ਦੇਣ ਦੀ ਮੰਗ ਵੀ ਕੀਤੀ।ਇਸੇ ਤਰ੍ਹਾਂ ਮਾਨਸਾ ਤੋਂ ਅਯੋਧਿਆ ਧਾਮ ਲਈ ਕੋਈ ਸਿੱਧੀ ਰੇਲ ਸੇਵਾ ਨਹੀਂ ਹੈ, ਜਿਸ ਕਾਰਨ ਹਜ਼ਾਰਾਂ ਸ਼ਰਧਾਲੂਆਂ ਤੇ ਯਾਤਰੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਵਫ਼ਦ ਨੇ ਡੀ.ਆਰ.ਐੱਮ. ਨੂੰ ਅਪੀਲ ਕੀਤੀ ਕਿ ਇਨ੍ਹਾਂ ਜਨਹਿੱਤ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਮਨਜ਼ੂਰ ਕਰਕੇ ਜਲਦ ਤੋਂ ਜਲਦ ਲਾਗੂ ਕੀਤਾ ਜਾਵੇ ਤਾਂ ਜੋ ਮਾਨਸਾ ਰੇਲਵੇ ਸਟੇਸ਼ਨ ਨੂੰ ਯਾਤਰੀਆਂ ਲਈ ਹੋਰ ਸੁਰੱਖਿਅਤ, ਸੁਵਿਧਾਜਨਕ ਤੇ ਆਧੁਨਿਕ ਬਣਾਇਆ ਜਾ ਸਕੇ।ਮੰਗ ਪੱਤਰ ਸੌਂਪਣ ਮੌਕੇ ਐਸੋਸੀਏਸ਼ਨ ਦੇ ਵਿਨੋਦ ਕਾਲੀ, ਪ੍ਰੇਮ ਅਗਰਵਾਲ, ਕ੍ਰਿਸ਼ਨ ਚੌਹਾਨ ਤੇ ਸੁਨੀਲ ਗੋਇਲ ਹਾਜ਼ਰ ਸਨ।

## ਬਾਬਾ ਅਮਰਦਾਸ ਤੇ ਬਾਬਾ ਜਿਉਣ ਦਾਸ ਦਾ ਸਾਲਾਨਾ ਸਮਾਗਮ 19 ਤੋਂ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਿੰਡ ਮਾਛੀਕੇ ਵਿਖੇ ਧੰਨ ਧੰਨ ਬਾਬਾ ਅਮਰਦਾਸ ਤੇ ਧੰਨ ਧੰਨ ਬਾਬਾ ਜਿਉਣ ਦਾਸ ਦੀ ਪਵਿੱਤਰ ਯਾਦ ਵਿੱਚ ਸਾਲਾਨਾ ਧਾਰਮਿਕ ਸਮਾਗਮ 19, 20 ਤੇ 21 ਜੁਲਾਈ ਪਿੰਡ ਮਾਛੀਕੇ ਦੇ ਧੰਨ ਧੰਨ ਬਾਬਾ ਅਮਰਦਾਸ ਅਤੇ ਬਾਬਾ ਜਿਉਣ ਦਾਸ ਜੀ ਦੇ ਅਸਥਾਨਾਂ ਤੇ ਸ਼ਰਧਾ ਅਤੇ ਉਤਸ਼ਾਹ ਨਾਲ ਕਰਾਇਆ ਜਾ ਰਿਹਾ ਹੈ।

ਸਮੂਹ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ ਤੇ ਐਨ.ਆਰ.ਆਈ. ਵੀਰਾਂ ਵੱਲੋਂ ਪ੍ਰੈੱਸ ਨੂੰ ਦਿੱਤੀ ਗਈ।ਪ੍ਰਬੰਧਕਾਂ ਨੇ ਦੱਸਿਆ ਕਿ 21 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।ਇਸ ਉਪਰੰਤ ਪ੍ਰਸਿੱਧ ਕਵੀਸ਼ਰੀ ਜੱਥਿਆਂ ਵੱਲੋਂ ਗੁਰੂ ਜਸ ਅਤੇ ਵੀਰ ਰਸ ਭਰੀ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਜਾਵੇਗਾ।ਸਮਾਗਮ ਦੌਰਾਨ ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।ਸਮੂਹ ਪ੍ਰਬੰਧਕ ਕਮੇਟੀ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ ਉਹ ਪਰਵਾਰਾਂ ਸਮੇਤ ਸਮਾਗਮ ਵਿੱਚ ਸ਼ਾਮਲ ਹੋ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕਰਨ ਤੇ ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਉਣ।

## ਮਾਊਂਟ ਲਿਟਰਾ ਜ਼ੀ 'ਚ ਇਨਵੈਸਟੀਚਰ ਸਮਾਰੋਹ ਕਰਵਾਇਆ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਊਂਟ ਲਿਟਰਾ ਜ਼ੀ ਸਕੂਲ ਰਾਮਪੁਰਾ ਵਿੱਚ ਹੋਣਹਾਰ ਵਿਦਿਆਰਥੀਆਂ ਲਈ ਚੰਗੀ ਤਰ੍ਹਾਂ ਦੀ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਤੇ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨ ਲਈ ਸਕੂਲ ਵਿੱਚ ਵਿਦਿਆਰਥੀ ਕੌਂਸਲ ਦੀ ਚੋਣ ਲਈ ਇਨਵੈਸਟੀਚਰ ਸਮਾਰੋਹ ਕਰਵਾਇਆ ਗਿਆ।ਇਹ ਸਮਾਰੋਹ ਨੌਜਵਾਨ ਵਿਦਿਆਰਥੀਆਂ ਨੂੰ ਲੀਡਰਸ਼ਿਪ ਦਾ ਪਹਿਰਾਵਾ ਪਹਿਨਣ ਤੇ ਸਕੂਲ ਦੁਆਰਾ ਉਨ੍ਹਾਂ ਨੂੰ ਸੌਂਪੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਨਿਭਾਉਣ ਦਾ ਮੌਕਾ ਪ੍ਰਦਾਨ ਕਰਨ ਲਈ ਕੀਤਾ ਗਿਆ।ਵਿਦਿਆਰਥੀਆਂ ਨੇ ਆਪਣੇ ਬੈਜ ਪ੍ਰਾਪਤ ਕਰਨ ਲਈ ਢੋਲ ਦੀ ਗੂੰਜ ਨਾਲ ਜੋਸ਼ ਤੇ ਸ਼ਾਨਦਾਰ ਢੰਗ ਨਾਲ ਮਾਰਚ ਕੀਤਾ।ਇਸ ਸਮਾਰੋਹ ਤਹਿਤ ਦਸਵੀਂ ਜਮਾਤ ਦੇ ਵਿਦਿਆਰਥੀ ਅਗਮਪ੍ਰੀਤ ਸਿੰਘ ਤੇ ਦਸਵੀਂ ਜਮਾਤ ਦੀ ਵਿਦਿਆਰਥਣ ਨਵਿਆ ਨੂੰ ਸਕੂਲ ਦਾ ਹੈੱਡ ਬੁਆਏ ਤੇ ਹੈੱਡ ਗਰਲ ਚੁਣਿਆ ਗਿਆ।ਦਸਵੀਂ ਜਮਾਤ ਦੇ ਗੁਰਨੂਰ ਸਿੰਘ ਤੇ ਦਸਵੀਂ ਜਮਾਤ ਦੀ ਸਮਰੀਤ ਕੌਰ ਨੂੰ ਸਹਾਇਕ ਹੈੱਡ ਬੁਆਏ ਤੇ ਸਹਾਇਕ ਹੈੱਡ ਗਰਲ ਚੁਣਿਆ ਗਿਆ।ਸਕੂਲ ਦੇ ਅਨੁਸ਼ਾਸਨ ਮੰਤਰੀ ਰਹੇ ਦਸਵੀਂ ਜਮਾਤ ਦੇ ਜੋਬਨਦੀਪ ਸਿੰਘ ਤੇ ਦਸਵੀਂ ਜਮਾਤ ਦੀ ਰਵਨੀਤ ਕੌਰ।ਦਸਵੀਂ ਜਮਾਤ ਦੀ ਅਕਸਨੀਰ ਕੌਰ ਤੇ ਦਿਲਅਰਮਾਨ ਸਿੰਘ ਨੂੰ ਖੇਡ ਮੰਤਰੀ ਚੁਣਿਆ ਗਿਆ।ਇਸ ਤੋਂ ਬਾਅਦ ਦਸਵੀਂ ਜਮਾਤ ਦੇ ਪੁਸ਼ਪੀਤ ਤੇ ਖੁਸ਼ਪ੍ਰੀਤ ਨੂੰ ਦਾ ਵਿਨਚੀ ਹਾਊਸ ਦੀ ਕਪਤਾਨ ਤੇ ਮਨਤਾਜ ਨੂੰ ਉੱਪ ਕਪਤਾਨ, ਸਿੱਧਮ ਤੇ ਪੂਰਵਸ਼ੀ ਨੂੰ ਕੋਲੰਬਸ ਹਾਊਸ ਦੀ ਕਪਤਾਨ ਅਤੇ ਕਰਨਪ੍ਰਤਾਪ ਤੇ ਹਰਮਨਦੀਪ ਨੂੰ ਉੱਪ ਕਪਤਾਨ। ਇਸੇ ਤਰ੍ਹਾਂ ਆਈਨਸਟਾਈਨ ਹਾਊਸ ਦਾ ਕਪਤਾਨ ਦਸਵੀਂ ਜਮਾਤ ਦੇ ਚੇਤਨਜੋਤ ਸਿੰਘ ਤੇ ਰਾਧਿਕਾ ਅਤੇ ਉਪ ਕਪਤਾਨ ਦਸਵੀਂ ਜਮਾਤ ਦੀ ਰੌਣਕਪ੍ਰੀਤ ਤੇ ਤਰਵਿੰਦਰ, ਦਸਵੀਂ ਜਮਾਤ ਦੀ ਰਵਨੀਤ ਕੌਰ ਤੇ ਹਰਸ਼ੁਲ ਨੂੰ ਗਾਂਧੀ ਹਾਊਸ ਦੇ ਕੈਪਟਨ ਅਤੇ ਦਸਵੀਂ ਜਮਾਤ ਦੇ ਲਵਦੀਪ ਸਿੰਘ ਤੇ ਖੁਸ਼ਪ੍ਰੀਤ ਕੌਰ ਨੂੰ ਉਪ ਕਪਤਾਨ ਵਜੋਂ ਚੁਣਿਆ ਗਿਆ।ਵਿਦਿਆਰਥੀ ਪ੍ਰੀਸ਼ਦ ਦੇ ਇਨ੍ਹਾਂ ਸਾਰੇ ਚੁਣੇ ਹੋਏ ਨੁਮਾਇੰਦਿਆਂ ਨੂੰ ਸਕੂਲ ਦੇ ਚੇਅਰਮੈਨ ਭੂਸ਼ਣ ਬਾਂਸਲ, ਪ੍ਰਧਾਨ ਗਗਨ ਬਾਸਲ, ਜਨਰਲ ਸਕੱਤਰ ਸ਼੍ਰੀਮਤੀ ਨਮਿਤਾ ਬਾਂਸਲ, ਸਕੂਲ ਪ੍ਰਿੰਸੀਪਲ ਸ਼੍ਰੀਮਤੀ ਗੀਤਾ ਪਿੱਲੇ ਨੇ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਬੈਚ ਲਗਾ ਕੇ ਸਨਮਾਨਤ ਕੀਤਾ ਅਤੇ ਸਾਰਿਆਂ ਨੂੰ ਆਪਣੀ ਜ਼ਿੰਮੇਵਾਰੀ ਇਮਾਨਦਾਰੀ ਨਾਲ ਨਿਭਾਉਣ ਦੀ ਸਹੁੰ ਚੁਕਾਈ।

## ਆਰਟ ਆਫ ਲਿਵਿੰਗ ਵੱਲੋਂ ਯੋਗ ਤੇ ਵਾਤਾਵਰਣ ਸੰਭਾਲ ਲਈ ਵਿਸ਼ੇਸ਼ ਮੁਹਿੰਮ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਵਿੱਚ ਆਰਟ ਆਫ ਲਿਵਿੰਗ ਦੇ ਯੋਗ ਤੇ ਮੈਡੀਟੇਸ਼ਨ ਅਧਿਆਪਕ ਮੋਹਿਤ ਅਗਰਵਾਲ ਵੱਲੋਂ ਹਰ ਰੋਜ਼ ਆਨਲਾਈਨ ਯੋਗ, ਪ੍ਰਾਣਾਯਾਮ, ਧਿਆਨ ਤੇ ਸਤਸੰਗ ਕਰਵਾਇਆ ਜਾ ਰਿਹਾ ਹੈ।ਸਵੇਰੇ 6:00 ਤੋਂ 7:00 ਵਜੇ ਤੱਕ ਯੋਗ ਤੇ ਧਿਆਨ ਦਾ ਸੈਸ਼ਨ ਤੇ ਸ਼ਾਮ 7:00 ਤੋਂ 8:00 ਵਜੇ ਤੱਕ ਆਨਲਾਈਨ ਸਤਸੰਗ ਕਰਵਾਇਆ ਜਾਂਦਾ ਹੈ, ਜਿਸ ਵਿੱਚ ਕਈ ਲੋਕ ਸ਼ਾਮਲ ਹੋ ਕੇ ਆਪਣੀ ਸਰੀਰਕ, ਮਾਨਸਿਕ ਤੇ ਆਧਿਆਤਮਿਕ ਤੰਦਰੁਸਤੀ ਨੂੰ ਮਜ਼ਬੂਤ ਕਰ ਰਹੇ ਹਨ।ਮੋਹਿਤ ਅਗਰਵਾਲ ਨੇ ਦੱਸਿਆ ਕਿ ਆਰਟ ਆਫ ਲਿਵਿੰਗ ਸਿਰਫ਼ ਯੋਗ ਤੇ ਧਿਆਨ ਹੀ ਨਹੀਂ, ਸਗੋਂ ਵਾਤਾਵਰਣ ਸੰਭਾਲ ਦੇ ਖੇਤਰ ਵਿੱਚ ਵੀ ਸਰਗਰਮ ਹੈ।ਲੋਕਾਂ ਨੂੰ 'ਪੰਚਵਟੀ' ਅਧੀਨ ਪੰਜ ਪਵਿੱਤਰ ਰੁੱਖ ਲਗਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਤੇ ਹਰਿਆਵਲੀ ਵਧਾਉਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਉਨ੍ਹਾਂ ਨੇ ਸਮਾਜ ਦੇ ਹਰ ਵਰਗ ਨੂੰ ਅਪੀਲ ਕੀਤੀ ਕਿ ਤੰਦਰੁਸਤ, ਤਣਾਅ-ਮੁਕਤ ਤੇ ਹਰਿਆ-ਭਰਿਆ ਸਮਾਜ ਬਣਾਉਣ ਲਈ ਯੋਗ, ਧਿਆਨ ਤੇ ਸੇਵਾ ਕਾਰਜਾਂ ਨਾਲ ਜੁੜਨ।

# ਵਧਦੀ ਅਬਾਦੀ ਦੇਸ਼ ਦੀ ਤਰੱਕੀ 'ਚ ਵੱਡੀ ਰੁਕਾਵਟ : ਡਾ. ਅਮਰਜੀਤ ਕੌਰ

**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ/ਅਸ਼ੋਕ ਬਾਂਸਲ, ਹਾਕਮ ਭੱਟੀ)**-ਡਾਇਰੈਕਟਰ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਅਮਰਜੀਤ ਕੌਰ ਦੀ ਯੋਗ ਅਗਵਾਈ ਹੇਠ ਸਰਕਾਰੀ ਨਰਸਿੰਗ ਸਕੂਲ ਸੰਗਰੂਰ ਵਿਖੇ 'ਵਿਸ਼ਵ ਆਬਾਦੀ ਦਿਵਸ' ਮੌਕੇ ਇੱਕ ਵਿਸ਼ੇਸ਼ ਜਾਗਰੂਕਤਾ ਕੈਂਪ ਲਗਾਇਆ ਗਿਆ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਿਵਲ ਸਰਜਨ ਡਾ. ਅਮਰਜੀਤ ਕੌਰ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਸਾਡੇ ਦੇਸ਼ ਦੀ ਲਗਾਤਾਰ ਵਧ ਰਹੀ ਆਬਾਦੀ ਵਿਕਾਸ ਦੇ ਰਾਹ ਵਿੱਚ ਸਭ ਤੋਂ ਵੱਡੀ ਰੁਕਾਵਟ ਹੈ।ਉਨ੍ਹਾਂ ਕਿਹਾ ਕਿ ਇੱਕ ਸਿਹਤਮੰਦ ਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਲਈ ਆਬਾਦੀ ਦਾ ਸਥਿਰ ਰਹਿਣਾ ਬੇਹੱਦ ਜ਼ਰੂਰੀ ਹੈ, ਕਿਉਂਕਿ ਬੇਤਹਾਸ਼ਾ ਵਧ ਰਹੀ ਆਬਾਦੀ ਕਾਰਨ ਹੀ ਦੇਸ਼ ਅੰਦਰ ਬੇਰੁਜ਼ਗਾਰੀ, ਭੁੱਖਮਰੀ, ਗ਼ਰੀਬੀ, ਅਨਪੜ੍ਹਤਾ, ਮਹਿੰਗਾਈ ਤੇ ਪ੍ਰਦੂਸ਼ਣ ਵਰਗੀਆਂ ਗੰਭੀਰ ਸਮੱਸਿਆਵਾਂ ਪੈਦਾ ਹੁੰਦੀਆਂ ਹਨ।ਇਨ੍ਹਾਂ ਚੁਣੌਤੀਆਂ ਪ੍ਰਤੀ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਹੀ ਹਰ ਸਾਲ ਇਹ ਦਿਵਸ ਮਨਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ 11 ਜੁਲਾਈ ਤੋਂ 18 ਜੁਲਾਈ ਤੱਕ 'ਆਬਾਦੀ ਹਫ਼ਤਾ' ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਲੋਕਾਂ ਨੂੰ ਪਰਵਾਰ ਨਿਯੋਜਨ ਦੇ ਵੱਖ-ਵੱਖ ਤਰੀਕਿਆਂ ਬਾਰੇ ਜਾਗਰੂਕ ਕੀਤਾ ਜਾਵੇਗਾ।ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਕਰਨੈਲ ਸਿੰਘ ਨੇ ਪਰਿਵਾਰ ਨਿਯੋਜਨ ਸਬੰਧੀ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਮੁਫ਼ਤ ਸੇਵਾਵਾਂ ਤੇ ਵਿੱਤੀ ਸਹਾਇਤਾ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਰਮਨਦੀਪ ਕੌਰ ਨੇ ਇਸ ਸਾਲ ਦੇ ਵਿਸ਼ੇਸ਼ ਥੀਮ 'ਜਦੋਂ ਬੱਚਿਆਂ ਵਿੱਚ ਹੋਵੇ ਸਹੀ ਅੰਤਰਾਲ, ਪਰਿਵਾਰ ਹੋਵੇ ਤੰਦਰੁਸਤ ਤੇ ਹੋਵੇ ਖੁਸ਼ਹਾਲ' ਬਾਰੇ ਚਾਨਣਾ ਪਾਇਆ।

ਪ੍ਰੋਗਰਾਮ ਦੌਰਾਨ ਸਰਕਾਰੀ ਨਰਸਿੰਗ ਸਕੂਲ ਦੀ ਪ੍ਰਿੰਸੀਪਲ ਸੁਰਿੰਦਰ ਕੌਰ ਦੀ ਦੇਖ-ਰੇਖ ਹੇਠ ਸਿਖਿਆਰਥਣਾਂ ਅਨਮੋਲਦੀਪ ਕੌਰ ਤੇ ਅਮਨਪ੍ਰੀਤ ਕੌਰ ਨੇ ਵੀ ਆਬਾਦੀ ਨਿਯੰਤਰਣ ਦੇ ਵਿਸ਼ੇ 'ਤੇ ਆਪਣੇ ਅਹਿਮ ਵਿਚਾਰ ਸਾਂਝੇ ਕੀਤੇ।ਇਸ ਮੌਕੇ ਸਿਖਿਆਰਥਣਾਂ ਦੇ ਪੈਂਟਿੰਗ ਮੁਕਾਬਲੇ ਵੀ ਕਰਵਾਏ ਗਏ ਤੇ ਜੇਤੂ ਵਿਦਿਆਰਥਣਾਂ ਨੂੰ ਸਿਵਲ ਸਰਜਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਡਿਪਟੀ ਸਮੂਹ ਸਿੱਖਿਆ ਤੇ ਸੂਚਨਾ ਅਫ਼ਸਰ ਬਲਰਾਜ ਸਿੰਘ, ਐੱਸ. ਆਈ. ਦੁਰਗਾ ਪ੍ਰਸ਼ਾਦ, ਵਾਇਸ ਪ੍ਰਿੰਸੀਪਲ ਹਰਵਿੰਦਰ ਕੌਰ, ਜਸਬੀਰ ਕੌਰ, ਹਰਪ੍ਰੀਤ ਕੌਰ, ਰਾਜਬੀਰ ਕੌਰ, ਭਵਨ, ਨਰਸਿੰਗ ਸਕੂਲ ਦਾ ਸਟਾਫ਼ ਤੇ ਵੱਡੀ ਗਿਣਤੀ ਵਿੱਚ ਸਿਖਿਆਰਥਣਾਂ ਹਾਜ਼ਰ ਸਨ।

## ਬਾਬਾ ਮੋਨੀ ਜੀ ਇੰਸ. ਵੱਲੋਂ ਵਿਸ਼ਵ ਆਬਾਦੀ ਦਿਵਸ 'ਤੇ ਜਾਗਰੂਕਤਾ ਪ੍ਰੋਗਰਾਮ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਲਹਿਰਾ ਮੁਹੱਬਤ ਵਿਖੇ ਪੰਜਾਬ ਸਰਕਾਰ ਦੇ ਉੱਚ ਸਿੱਖਿਆ ਵਿਭਾਗ ਤੇ ਐੱਨ ਐੱਸ ਐੱਸ ਸੈੱਲ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 11 ਜੁਲਾਈ ਨੂੰ ਵਿਸ਼ਵ ਆਬਾਦੀ ਦਿਵਸ ਮੌਕੇ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਤੇ ਸਮਾਜ ਨੂੰ ਵੱਧ ਰਹੀ ਆਬਾਦੀ, ਪਰਿਵਾਰ ਨਿਯੋਜਨ, ਸਿਹਤ ਤੇ ਟਿਕਾਊ ਵਿਕਾਸ ਪ੍ਰਤੀ ਜਾਗਰੂਕ ਕਰਨਾ ਸੀ। ਇਸ ਦੌਰਾਨ ਵਿਦਿਆਰਥੀਆਂ ਨੇ ਪੋਸਟਰ ਮੇਕਿੰਗ, ਸਲੋਗਨ ਲੇਖਨ, ਜਾਗਰੂਕਤਾ ਵੀਡੀਓ ਤਿਆਰ ਕਰਨ ਤੇ ਸੋਸ਼ਲ ਮੀਡੀਆ ਮੁਹਿੰਮ ਰਾਹੀਂ ਲੋਕਾਂ ਨੂੰ ਵਿਸ਼ਵ ਆਬਾਦੀ ਦਿਵਸ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਵੱਲੋਂ ਤਿਆਰ ਕੀਤੀ ਸਮੱਗਰੀ ਨੂੰ ਐੱਨ.ਐੱਸ.ਐੱਸ. ਸੈੱਲ ਦੇ ਨਿਰਦੇਸ਼ਾਂ ਅਨੁਸਾਰ ਆਨਲਾਈਨ ਸਾਂਝਾ ਵੀ ਕੀਤਾ ਗਿਆ। ਪ੍ਰਿੰਸੀਪਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਵਧਦੀ ਆਬਾਦੀ ਨਾਲ ਜੁੜੀਆਂ ਚੁਣੌਤੀਆਂ ਦਾ ਹੱਲ ਸਿੱਖਿਆ, ਜਾਗਰੂਕਤਾ ਤੇ ਜ਼ਿੰਮੇਵਾਰ ਨਾਗਰਿਕਤਾ ਰਾਹੀਂ ਹੀ ਸੰਭਵ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਮਾਜ ਵਿੱਚ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ। ਪ੍ਰੋਗਰਾਮ ਵਿੱਚ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਭਾਗ ਲਿਆ ਤੇ ਸਿਹਤਮੰਦ, ਜਾਗਰੂਕ ਤੇ ਸੰਤੁਲਿਤ ਸਮਾਜ ਦੀ ਸਿਰਜਣਾ ਲਈ ਆਪਣਾ ਯੋਗਦਾਨ ਪਾਉਣ ਦਾ ਸੰਕਲਪ ਲਿਆ।

## ਵਧਦੀ ਅਬਾਦੀ ਦੇਸ਼ ਤੇ ਸਮਾਜ ਲਈ ਚਿੰਤਾ ਦਾ ਵਿਸ਼ਾ : ਡਾ. ਰੇਖਾ ਭੱਟੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਡਾ. ਮੀਨਾਕਸ਼ੀ ਢੀਂਗਰਾ ਸਿਵਲ ਸਰਜਨ ਫਿਰੋਜ਼ਪੁਰ ਦੇ ਦਿਸ਼ਾ-ਨਿਰਦੇਸ਼ਾਂ ਤੇ ਸੀਨੀਅਰ ਮੈਡੀਕਲ ਅਫਸਰ ਡਾ. ਰੇਖਾ ਭੱਟੀ ਸੀ.ਐੱਚ.ਸੀ. ਮਮਦੋਟ ਦੀ ਯੋਗ ਰਹਿਨੁਮਾਈ ਹੇਠ, ਬਲਾਕ ਮਮਦੋਟ ਦੇ ਅਧੀਨ ਆਉਂਦੇ ਪਿੰਡ ਕੰਧਾਂ ਵਾਲੀ ਵਿਖੇ 'ਵਿਸ਼ਵ ਅਬਾਦੀ ਦਿਵਸ' ਜਾਗਰੂਕਤਾ ਕੈਂਪ ਲਾਇਆ ਗਿਆ। ਇਸ ਕੈਂਪ ਦੌਰਾਨ ਡਾ. ਰੇਖਾ ਭੱਟੀ ਐੱਸ ਐੱਮ ਓ ਵੱਲੋਂ ਪਿੰਡ ਦੇ ਲੋਕਾਂ ਨੂੰ ਵਧਦੀ ਅਬਾਦੀ ਦੇ ਮਾੜੇ ਪ੍ਰਭਾਵਾਂ ਤੇ ਪਰਿਵਾਰ ਨਿਯੋਜਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਧਦੀ ਅਬਾਦੀ ਦੇਸ਼ ਦੀ ਪ੍ਰਗਤੀ ਵਿੱਚ ਵੱਡੀ ਰੁਕਾਵਟ ਹੈ। ਇਸ ਮੌਕੇ ਅਮਰਜੀਤ ਬੀ ਈ ਈ ਨੇ ਕਿਹਾ ਕਿ ਅੱਜ ਪੂਰੀ ਦੁਨੀਆ ਵਿੱਚ ਵਧਦੀ ਅਬਾਦੀ ਇੱਕ ਗੰਭੀਰ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ। ਅਬਾਦੀ ਦੇ ਤੇਜ਼ੀ ਨਾਲ ਵਧਣ ਕਾਰਨ ਕੁਦਰਤੀ ਸਰੋਤਾਂ, ਰੁਜ਼ਗਾਰ, ਸਿੱਖਿਆ ਤੇ ਸਿਹਤ ਸਹੂਲਤਾਂ 'ਤੇ ਬੋਝ ਲਗਾਤਾਰ ਵਧ ਰਿਹਾ ਹੈ। ਉਨ੍ਹਾਂ ਸਿਹਤ ਵਿਭਾਗ ਵੱਲੋਂ ਮਿਲਣ ਵਾਲੀਆਂ ਸਹੂਲਤਾਂ ਬਾਰੇ ਦੱਸਦਿਆਂ ਪਿੰਡ ਦੀਆਂ ਮਹਿਲਾਵਾਂ ਤੇ ਮਰਦਾਂ ਨੂੰ ਪਰਵਾਰ ਨਿਯੋਜਨ ਦੇ ਵੱਖ-ਵੱਖ ਤਰੀਕਿਆਂ ਬਾਰੇ ਵੀ ਜਾਣੂ ਕਰਵਾਇਆ ਗਿਆ। ਇਸ ਮੌਕੇ ਅਸ਼ੋਕ ਕੁਮਾਰ, ਸੁਲੱਖਣ ਸਿੰਘ, ਮਨਦੀਪ ਕੌਰ, ਲੱਛਮੀ ਬਾਈ, ਸਮੀਨਾ, ਰੋਮੀਤਾ ਆਦਿ ਹਾਜ਼ਰ ਸਨ।




# ਨਗਰ ਪੰਚਾਇਤ ਭਗਤਾ 'ਤੇ ਆਪ ਤੇ ਕਾਂਗਰਸ ਕਾਬਜ਼

### ਸੀਰਾ ਪੰਨੂ ਪ੍ਰਧਾਨ, ਲੱਖਾ ਸਿੱਧੂ ਸੀਨੀਅਰ ਮੀਤ ਪ੍ਰਧਾਨ ਤੇ ਗੁਰਪ੍ਰੀਤ ਘਾਰੂ ਮੀਤ ਪ੍ਰਧਾਨ ਨਿਯੁਕਤ



**ਬਠਿੰਡਾ (ਰਾਜੀਵ ਗੋਇਲ)**-ਨਗਰ ਪੰਚਾਇਤ ਭਗਤਾ ਦੀ ਚੋਣ ਨੂੰ ਲੈ ਕੇ ਸ਼ਨੀਵਾਰ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 12 ਤੋਂ ਚੁਣੇ ਗਏ ਕੌਂਸਲਰ ਜਗਸੀਰ ਸਿੰਘ ਸੀਰਾ ਪੰਨੂ ਪ੍ਰਧਾਨ ਚੁਣੇ ਗਏ ਅਤੇ ਇਨ੍ਹਾਂ ਦੇ ਨਾਲ-ਨਾਲ ਵਾਰਡ ਨੰਬਰ 10 ਤੋਂ ਚੁਣੇ ਗਏ ਕਾਂਗਰਸੀ ਕੌਂਸਲਰ ਲਖਵੀਰ ਸਿੰਘ ਲੱਖਾ ਸਿੱਧੂ ਸੀਨੀਅਰ ਮੀਤ ਪ੍ਰਧਾਨ ਤੇ ਵਾਰਡ ਨੰਬਰ 4 ਤੋਂ ਚੁਣੇ ਗਏ ਕਾਂਗਰਸੀ ਕੌਂਸਲਰ ਗੁਰਪ੍ਰੀਤ ਸਿੰਘ ਘਾਰੂ ਮੀਤ ਪ੍ਰਧਾਨ ਚੁਣੇ ਗਏ ਹਨ। ਇਸ ਮੌਕੇ ਚੁਣੇ ਗਏ ਸਮੂਹ ਅਹੁਦੇਦਾਰਾਂ ਨੂੰ ਜਿੱਥੇ ਸ਼ਹਿਰ ਵਾਸੀਆਂ ਵੱਲੋਂ ਵਧਾਈਆਂ ਦਿੱਤੀਆਂ ਗਈਆਂ, ਉੱਥੇ ਹੀ ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ ਵੱਲੋਂ ਵੀ ਚੁਣੇ ਗਏ ਅਹੁਦੇਦਾਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਨ ਦਾ ਐਲਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੇਰਾ ਮਕਸਦ ਭਗਤਾ ਸ਼ਹਿਰ ਦਾ ਵਿਕਾਸ ਕਰਨਾ ਹੈ ਤੇ ਅਸੀਂ ਸਾਰੇ ਰਲ ਕੇ ਸ਼ਹਿਰ ਦੇ ਵਿਕਾਸ ਵਿੱਚ ਕੋਈ ਵੀ ਕਮੀਂ ਨਹੀਂ ਰਹਿਣ ਦੇਵਾਂਗੇ। ਉਧਰ ਦੂਜੇ ਪਾਸੇ ਨਗਰ ਪੰਚਾਇਤ ਦੇ ਨਵ-ਨਿਯੁਕਤ ਪ੍ਰਧਾਨ ਜਗਸੀਰ ਸਿੰਘ ਸੀਰਾ ਪੰਨੂ ਵੱਲੋਂ ਜਿੱਥੇ ਹਲਕਾ ਵਿਧਾਇਕ ਬਲਕਾਰ ਸਿੰਘ ਸਿੱਧੂ ਸਮੇਤ ਸਮੂਹ ਵੋਟਰਾਂ ਦਾ ਧੰਨਵਾਦ ਕੀਤਾ ਗਿਆ, ਉੱਥੇ ਹੀ ਉਨ੍ਹਾਂ ਵੱਲੋਂ ਵੋਟ ਪਾਉਣ ਵਾਲੇ ਸਮੂਹ ਕੌਂਸਲਰਾਂ ਦਾ ਵੀ ਵਿਸ਼ੇਸ਼ ਜ਼ਿਕਰ ਕਰਦੇ ਹੋਏ ਹਰੇਕ ਕੌਂਸਲਰ ਦੇ ਵਾਰਡ ਵਿੱਚ ਪਹਿਲ ਦੇ ਅਧਾਰ 'ਤੇ ਵਿਕਾਸ ਦੇ ਕੰਮ ਸ਼ੁਰੂ ਕਰਵਾਉਣ ਦਾ ਵਾਅਦਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਸਮੂਹ ਕੌਂਸਲਰਾਂ ਸਮੇਤ ਬੂਟਾ ਸਿੱਧੂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

## ਲੋਹਗੜ੍ਹ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਜਾਂਚ ਕੈਂਪ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡਾਂ ਵਿੱਚ ਦੰਦਾਂ ਦੀ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਜੈਨੇਸਿਸ ਡੈਂਟਲ ਕਾਲਜ ਤੇ ਹਸਪਤਾਲ ਫਿਰੋਜ਼ਪੁਰ ਵੱਲੋਂ ਪਿੰਡ ਲੋਹਗੜ੍ਹ ਵਿੱਚ ਮੁਫ਼ਤ ਦੰਦਾਂ ਦੀ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਆਪਣੇ ਦੰਦਾਂ ਤੇ ਮੂੰਹ ਨਾਲ ਸਬੰਧਤ ਸਮੱਸਿਆਵਾਂ ਦੀ ਜਾਂਚ ਕਰਵਾਈ ਅਤੇ ਮਾਹਰ ਡਾਕਟਰਾਂ ਤੋਂ ਸਲਾਹ ਪ੍ਰਾਪਤ ਕੀਤੀ। ਕੈਂਪ ਵਿੱਚ ਡਾ. ਦੀਪਕ ਤੇ ਡਾ. ਅਕਸ਼ੈ ਨੇ ਮਰੀਜ਼ਾਂ ਦੇ ਦੰਦਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਦੇਖਭਾਲ, ਰੋਜ਼ਾਨਾ ਦੋ ਵਾਰ ਬਰਸ਼ ਕਰਨ, ਤੰਬਾਕੂ ਤੇ ਹੋਰ ਨਸ਼ਿਆਂ ਤੋਂ ਦੂਰ ਰਹਿਣ ਤੇ ਸਮੇਂ-ਸਮੇਂ 'ਤੇ ਦੰਦਾਂ ਦੀ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਦੰਦਾਂ ਦੀਆਂ ਛੋਟੀਆਂ ਸਮੱਸਿਆਵਾਂ ਨੂੰ ਨਜ਼ਰਅੰਦਾਜ਼ ਕਰਨ ਦੀ ਬਜਾਏ ਸਮੇਂ ਸਿਰ ਇਲਾਜ ਕਰਵਾਇਆ ਜਾਵੇ ਤਾਂ ਕਈ ਗੰਭੀਰ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਇਸ ਮੌਕੇ ਹਰਜੀਤ ਸਿੰਘ ਜੌਹਲ, ਸਰਬਜੀਤ ਸਿੰਘ, ਅਮਨਪ੍ਰੀਤ ਸਿੰਘ, ਦੀਪ ਸੰਧਾ, ਗੁਰਪਿਆਰ ਸੰਧੂ, ਜਸਕਰਨ ਸਿੰਘ ਤੇ ਰੋਬਨਪ੍ਰੀਤ ਸਿੰਘ ਸਮੇਤ ਹੋਰ ਪਤਵੰਤੇ ਵਿਅਕਤੀ ਤੇ ਪਿੰਡ ਵਾਸੀ ਹਾਜ਼ਰ ਸਨ। ਅੰਤ ਵਿੱਚ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਕੈਂਪ ਵਿੱਚ ਆਏ ਮਰੀਜ਼ਾਂ ਨੂੰ ਮੁਫ਼ਤ ਟੂਥਬਰਸ਼ ਤੇ ਟੂਥਪੇਸਟ ਵੰਡੇ ਗਏ।



## ਗੁਰਦੁਆਰਾ ਸੁਖਸਾਗਰ ਵਿਖੇ ਸੁੰਦਰ ਦਸਤਾਰ ਮੁਕਾਬਲੇ ਕਰਵਾਏ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਾਲਾਨਾ ਗੁਰਮਤਿ ਸਮਾਗਮ ਦੌਰਾਨ ਬ੍ਰਹਮਲੀਨ ਬਾਵਾ ਬੀਰਮਦਾਸ ਜੀ, ਬਾਵਾ ਪੂਰਨਦਾਸ ਜੀ ਤੇ ਸੰਤ ਬਾਬਾ ਬਲਵੰਤ ਸਿੰਘ ਜੀ ਦੀ ਸਾਲਾਨਾ ਨਿੱਘੀ-ਮਿੱਠੀ ਯਾਦ ਨੂੰ ਸਮਰਪਤ ਗੁਰਦੁਆਰਾ ਸੁਖਸਾਗਰ ਸਾਹਿਬ ਬਾਲੇਵਾਲ-ਭੋਗੀਵਾਲ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ।ਇਸ ਦੌਰਾਨ 'ਆਓ ਦਸਤਾਰਾਂ ਸਜਾਈਏ ਮੁਹਿੰਮ' ਤਹਿਤ ਸੰਤ ਖਾਲਸਾ ਸੰਤ ਬਲਵੰਤ ਸਿੰਘ ਯਾਦਗਾਰੀ ਚੈਰੀਟੇਬਲ ਟਰੱਸਟ ਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਵੱਲੋਂ ਸੁੰਦਰ ਦਸਤਾਰ ਮੁਕਾਬਲੇ ਕਰਵਾਏ ਗਏ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਮਨਦੀਪ ਸਿੰਘ ਖੁਰਦ ਨੇ ਦੱਸਿਆ ਕਿ ਇਨ੍ਹਾਂ ਦਸਤਾਰ ਮੁਕਾਬਲਿਆਂ ਵਿੱਚ 250 ਦੇ ਕਰੀਬ ਬੱਚਿਆਂ ਨੇ ਉਤਸ਼ਾਹ ਨਾਲ ਭਾਗ ਲਿਆ।ਮੁਕਾਬਲੇ ਵਿੱਚ ਜੇਤੂ ਰਹਿਣ ਵਾਲੇ ਬੱਚਿਆਂ ਨੂੰ ਹਜ਼ਾਰਾਂ ਰੁਪਏ ਦੇ ਨਗਦ ਇਨਾਮ, ਦਸਤਾਰਾਂ ਤੇ ਯਾਦਗਾਰੀ ਸਨਮਾਨ ਚਿੰਨ੍ਹ ਦੇ ਕੇ ਨਿਵਾਜਿਆ ਗਿਆ।ਇਸ ਦੇ ਨਾਲ ਹੀ ਭਾਗ ਲੈਣ ਵਾਲੇ ਸਮੂਹ ਬੱਚਿਆਂ ਨੂੰ ਪ੍ਰਸੰਸਾ ਪੱਤਰ ਤੇ ਮੈਡਲ ਦਿੱਤੇ ਗਏ।ਇਹ ਸਨਮਾਨ ਦੇਣ ਦੀ ਰਸਮ ਸੰਤਾਂ-ਮਹਾਂਪੁਰਖਾਂ ਤੇ ਉੱਘੇ ਵਾਤਾਵਰਨ ਪ੍ਰੇਮੀ ਇੰਦਰਜੀਤ ਸਿੰਘ ਮੁੰਡੇ (ਚੇਅਰਮੈਨ ਕੇ. ਐੱਸ. ਗਰੁੱਪ) ਵੱਲੋਂ ਸਾਂਝੇ ਤੌਰ 'ਤੇ ਨਿਭਾਈ ਗਈ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਅਮਰਗੜ੍ਹ ਦੇ ਇੰਚਾਰਜ ਜਸਵੀਰ ਸਿੰਘ ਜੱਸੀ ਮੰਨਵੀ ਵੱਲੋਂ ਬੱਚਿਆਂ ਦੀ ਹੌਸਲਾ-ਅਫ਼ਜ਼ਾਈ ਲਈ ਨਗਦ ਰਾਸ਼ੀ ਦਾ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਸਮਾਗਮ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ ਭਾਈ ਸੁਖਬੀਰ ਸਿੰਘ ਫਲੌਂਡ ਤੇ ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਪ੍ਰਚਾਰਕ ਭਾਈ ਪ੍ਰਦੀਪ ਸਿੰਘ ਬਦੀਨਪੁਰ ਨੇ ਸੰਗਤਾਂ ਤੇ ਬੱਚਿਆਂ ਨੂੰ ਦਸਤਾਰ ਦੀ ਮਹੱਤਤਾ ਤੇ ਸਿੱਖ ਵਿਰਸੇ ਬਾਰੇ ਚਾਨਣਾ ਪਾਇਆ।

# ਅਣ-ਅਧਿਕਾਰਤ ਕਲੋਨੀਆਂ ਉੱਪਰ ਚੱਲਿਆ ਪ੍ਰਸ਼ਾਸਨ ਦਾ ਪੀਲਾ ਪੰਜਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਏਡੀਏ ਦੇ ਮੁੱਖ ਪ੍ਰਸ਼ਾਸਕ ਨਿਤੇਸ਼ ਕੁਮਾਰ ਜੈਨ, ਆਈਏਐਸ ਅਤੇ ਵਧੀਕ ਮੁੱਖ ਪ੍ਰਸ਼ਾਸਕ ਇਨਾਇਤ, ਪੀਸੀਐਸ ਵੱਲੋਂ ਜਾਰੀ ਹੁਕਮਾਂ ਦੀ ਪਾਲਣਾ ਕਰਦੇ ਹੋਏ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਥਾਣਾ ਕੱਥੂਨੰਗਲ ਅਤੇ ਥਾਣਾ ਮਜੀਠਾ ਦੇ ਪੁਲਿਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਪਿੰਡ ਕੱਥੂਨੰਗਲ ਵਿਖੇ ਬੋਪਾਰਾਏ ਰੋਡ ਉੱਪਰ ਬਣ ਰਹੀ ਅਣ-ਅਧਿਕਾਰਤ ਕਲੋਨੀ ਅਤੇ ਪਿੰਡ ਨਾਗ ਕਲਾਂ ਵਿਖੇ ਬਣ ਰਹੀ ਅਣ-ਅਧਿਕਾਰਤ ਕਲੋਨੀ ਵਿਰੁੱਧ ਕਾਰਵਾਈ ਕਰਦੇ ਹੋਏ ਕਲੋਨੀਆਂ ਨੂੰ ਢਾਹ ਦਿੱਤਾ ਗਿਆ। ਇਸ ਤੋਂ ਇਲਾਵਾ ਪਿੰਡ ਨੰਗਲੀ ਵਿਖੇ ਦਸਮੇਸ਼ ਐਵੀਨਿਊ ਦੇ ਨਾਮ ਹੇਠ ਵਿਕਸਤ ਅਣ-ਅਧਿਕਾਰਤ ਕਲੋਨੀ ਵਿਖੇ ਪੁਲਿਸ ਅਧਿਕਾਰੀਆਂ ਦੀ ਗੈਰ ਮੌਜੂਦਗੀ ਵਿੱਚ ਉਕਤ ਕਲੋਨੀ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਭਵਿੱਖ ਦੇ ਵਿਕਾਸ ਨੂੰ ਨਿਯੰਤਰਣ ਕਰਨ ਲਈ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਕੱਥੂਨੰਗਲ, ਮਜੀਠਾ ਅਤੇ ਪਿੰਡ ਨੰਗਲੀ ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ





ਨਵੀਆਂ ਅਣ-ਅਧਿਕਾਰਤ ਕਲੋਨੀਆਂ ਨੂੰ ਪਾਪਰਾ ਐਕਟ-1995 ਅਧੀਨ ਨੋਟਿਸ ਜਾਰੀ ਕਰਦਿਆਂ ਕੰਮ ਬੰਦ ਕਰਵਾਉਂਦੇ ਹੋਏ ਇਹਨਾਂ ਵਿਰੁੱਧ ਮਿਤੀ 09/07/2026 ਰਾਹੀਂ ਡੇਮੋਲੀਸ਼ਨ ਦੀ ਕਾਰਵਾਈ ਕੀਤੀ ਗਈ ਹੈ। ਉਹਨਾਂ ਦੱਸਿਆ ਕਿ ਇਹਨਾਂ ਅਣ-ਅਧਿਕਾਰਤ ਕਲੋਨੀਆਂ ਦੇ ਮਾਲਕਾਂ ਨੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਈਆਂ ਅਤੇ ਨੋਟਿਸ ਜਾਰੀ ਹੋਣ ਦੇ ਬਾਵਜੂਦ ਉਕਤ ਅਣ-ਅਧਿਕਾਰਤ ਕਲੋਨੀਆਂ ਸਬੰਧੀ ਸਪੱਸ਼ਟੀਕਰਨ ਦੇਣ ਦੀ ਬਜਾਏ ਇਸ ਮੌਕੇ 'ਤੇ ਵਿਕਾਸ ਦੇ ਕੰਮਾਂ ਨੂੰ ਜਾਰੀ ਰੱਖਿਆ ਗਿਆ, ਜਿਸ ਤੇ ਤਿਹਤ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਪਾਲਣਾ ਕਰਦੇ ਹੋਏ ਉਕਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ। ਏਡੀਏ ਦੇ ਰੈਗੂਲੇਟਰੀ ਵਿੰਗ ਨੇ ਆਮ ਜਨਤਾ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਉਹ ਗੈਰ-ਕਨੂੰਨੀ ਕਲੋਨੀਆਂ ਜੋ ਕਿ ਪੁੱਡਾ ਵਿਭਾਗ ਤੋਂ ਮਨਜ਼ੂਰਸ਼ੁਦਾ ਨਹੀਂ ਹਨ, ਉਨ੍ਹਾਂ ਵਿੱਚ ਪੈਂਦੇ ਪਲਾਟਾਂ ਦੀ ਵਿਕਰੀ ਸਬੰਧੀ ਕਿਸੇ ਵੀ ਇਸ਼ਤਿਹਾਰ ਅਨੁਸਾਰ ਪਲਾਟ ਖਰੀਦਣ ਤੋਂ ਪਹਿਲਾਂ ਉਸ ਕਲੋਨੀ ਸਬੰਧੀ ਪੁੱਡਾ ਵੱਲੋਂ ਜਾਰੀ ਕੀਤੀ ਗਈ ਮੰਜ਼ੂਰੀ ਦੀ ਮੰਗ ਜ਼ਰੂਰ ਕਰਨ।

# ਗੁਰਬਤ ਦੇ ਮਾਰੇ ਪਰਿਵਾਰ ਅੱਜ ਵੀ ਦਰਪੇਸ਼ ਮਸਲੇ ਹੱਲ ਹੋਣ ਦੀ ਉਡੀਕ 'ਚ : ਵੈਰੋਵਾਲ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਦਿਹਾਤੀ ਮਜ਼ਦੂਰ ਸਭਾ ਦੀ ਅਹਿਮ ਮੀਟਿੰਗ ਕਸਬਾ ਫਤਿਹਾਬਾਦ ਵਿਖੇ ਬਗੀਚਾ ਸਿੰਘ, ਜਗੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ



ਵੈਰੋਵਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੇ ਗਰੀਬ ਪਰਿਵਾਰਾਂ ਦਾ ਇਕ ਵੀ ਮਸਲਾ ਹੱਲ ਨਹੀਂ ਕੀਤਾ। ਗਰੀਬ ਲੋਕਾਂ ਦੇ ਜਿਹੜੇ ਮਸਲੇ ਜਿਵੇਂ ਦਸ-ਦਸ ਮਰਲੇ ਦੇ ਪਲਾਟ ਬੁਢਾਪਾ ਵਿਧਵਾ ਅੰਗਹੀਣ ਪੈਂਸ਼ੀ ਸੌ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣਾ, ਸ਼ਗਨ ਸਕੀਮ ਇਕੱਵੰਜਾ ਹਜ਼ਾਰ ਰੁਪਏ, ਸਰਕਾਰੀ ਡਿਪੂਆਂ ਤੋਂ ਰਸੋਈ ਵਿੱਚ ਵਰਤਣ ਵਾਲੀਆਂ ਚੀਜ਼ਾਂ ਜਿਵੇਂ ਖੰਡ, ਪੱਤੀ, ਦਾਲਾਂ, ਘਿਓ, ਤੇਲ, ਮਿਰਚ, ਮਸਾਲੇ, ਲੂਣ, ਹਲਦੀ ਵਗੈਰਾ। ਇਨ੍ਹਾਂ ਤੋਂ ਇਲਾਵਾ ਗਰੀਬਾਂ ਦੇ ਬੱਚਿਆਂ ਨੂੰ ਮੁਫ਼ਤ ਵਿੱਦਿਆ ਦੇਣੀ, ਇਲਾਜ ਦਾ ਪ੍ਰਬੰਧ ਕਰਨਾ ਅਤੇ ਹੋਰ ਵੀ ਬਹੁਤ ਸਾਰੇ ਮਸਲਿਆਂ ਨੂੰ ਹੱਲ ਕਰਨਾ ਮੰਨ ਕੇ ਕੋਈ ਮਸਲਾ ਹੱਲ ਨਹੀਂ ਕੀਤਾ। ਇਨ੍ਹਾਂ ਤੋਂ ਇਲਾਵਾ ਤਹਿਸੀਲ ਦੇ ਪ੍ਰਧਾਨ ਜੋਗਿੰਦਰ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਜੇਕਰ ਸਰਕਾਰ ਨੇ ਇਨ੍ਹਾਂ ਮਸਲਿਆਂ ਵੱਲ ਧਿਆਨ ਨਾ ਦਿੱਤਾ ਤਾਂ ਜਥੇਬੰਦੀ ਪਿੰਡ ਪਿੰਡ ਮੀਟਿੰਗਾਂ ਲਾ ਕੇ ਸਰਕਾਰ ਖ਼ਿਲਾਫ਼ ਸੰਘਰਸ਼ ਵਿੱਢਣ ਦਾ ਜਲਦੀ ਐਲਾਨ ਕਰੇਗੀ।ਇਸ ਮੌਕੇ ਇਹਨਾਂ ਤੋਂ ਇਲਾਵਾ ਬਗੀਚਾ ਸਿੰਘ, ਭੁਪਿੰਦਰ ਸਿੰਘ, ਜਸੀਵ ਸਿੰਘ, ਵਿਜੇ ਗੋਪੀ, ਕੁਲਵੰਤ ਸਿੰਘ, ਮਨਪ੍ਰੀਤ ਸਿੰਘ, ਤਰਸੇਮ ਸਿੰਘ, ਬੂਟਾ ਸਿੰਘ, ਸੁੱਖਾ ਸਿੰਘ, ਭਜਨ ਕੌਰ, ਗੁਰਮੀਤ ਕੌਰ, ਰਾਣੋ, ਸ਼ਿੰਦਰ ਕੌਰ, ਰਾਜਵਿੰਦਰ ਕੌਰ ਆਦਿ ਆਗੂ ਹਾਜ਼ਰ ਸਨ।

# ਅਕਾਲ ਅਕੈਡਮੀ ਵੱਲੋਂ ਵਿਦਿਆਰਥੀਆਂ ਦਾ ਅੰਤਰ ਹਾਊਸ ਵਾਦ-ਵਿਵਾਦ ਮੁਕਾਬਲਾ

**ਧਾਰੀਵਾਲ, (ਮਨਦੀਪ ਵਿੱਕੀ)**- ਅਕਾਲ ਅਕੈਡਮੀ ਰਸੂਲਪੁਰ ਬੇਟ ਦੇ ਅੰਗਰੇਜ਼ੀ ਵਿਭਾਗ ਵੱਲੋਂ ਵਿਦਿਆਰਥੀਆਂ ਦੀ ਭਾਸ਼ਣ ਕਲਾ, ਤਰਕਸ਼ੀਲ ਸੋਚ ਅਤੇ ਸੰਚਾਰ ਯੋਗਤਾ ਨੂੰ ਨਿਖਾਰਨ ਦੇ ਉਦੇਸ਼ ਨਾਲ ਅੰਤਰ-ਹਾਊਸ ਵਾਦ-ਵਿਵਾਦ ਮੁਕਾਬਲਾ ਸਫਲਤਾਪੂਰਵਕ ਕਰਵਾਇਆ ਗਿਆ।ਇਸ ਗਤੀਵਿਧੀ ਦਾ ਮੁੱਖ ਮੰਤਵ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਵਿਸ਼ਲੇਸ਼ਣਾਤਮਕ ਸੋਚ ਅਤੇ ਸਮਕਾਲੀ ਮੁੱਦਿਆਂ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ। ਮੁਕਾਬਲੇ ਦੌਰਾਨ ਜਮਾਤ ਪਹਿਲੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਨੇ ਮੋਬਾਈਲ ਫੋਨ ਅਤੇ ਜੰਗਲਾਂ ਦੀ ਕਟਾਈ ਵਿਸ਼ਿਆਂ 'ਤੇ ਆਪਣੇ ਵਿਚਾਰ ਆਤਮ-ਵਿਸ਼ਵਾਸ ਨਾਲ ਪੇਸ਼ ਕੀਤੇ।ਇਸੇ ਤਰ੍ਹਾਂ ਉੱਚ ਜਮਾਤਾਂ ਦੇ ਵਿਦਿਆਰਥੀਆਂ ਨੇ ਸਾਈਬਰ ਸੁਰੱਖਿਆ ਵਿਸ਼ੇ 'ਤੇ ਪੱਖ ਅਤੇ ਵਿਰੋਧ ਵਿੱਚ ਪ੍ਰਭਾਵਸ਼ਾਲੀ ਦਲੀਲਾਂ ਪੇਸ਼ ਕਰਦਿਆਂ ਆਪਣੇ ਤਰਕ, ਭਾਸ਼ਣ ਕੌਸ਼ਲ ਅਤੇ ਵਿਸ਼ੇ ਦੀ ਡੂੰਘੀ ਸਮਝ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਭਾਗ ਲੈਣ ਵਾਲੇ ਵਿਦਿਆਰਥੀਆਂ ਨੇ ਆਪਣੇ ਪ੍ਰਭਾਵਸ਼ਾਲੀ ਸੰਚਾਰ, ਮੰਚ ਸੰਚਾਲਨ ਅਤੇ ਆਤਮ-ਵਿਸ਼ਵਾਸ ਨਾਲ ਦਰਸ਼ਕਾਂ ਅਤੇ ਨਿਰਣਾਇਕਾਂ ਨੂੰ ਪ੍ਰਭਾਵਿਤ ਕੀਤਾ।ਪੂਰਾ ਮੁਕਾਬਲਾ ਬਹੁਤ ਹੀ ਅਨੁਸ਼ਾਸਿਤ, ਰੁਚਿਕਰ ਅਤੇ ਉਤਸ਼ਾਹਪੂਰਨ ਮਾਹੌਲ ਵਿੱਚ ਸੰਪੰਨ ਹੋਇਆ।ਇਸ ਮੁਕਾਬਲੇ ਵਿੱਚ ਪਹਿਲਾ ਸਥਾਨ ਅਮੂਲ ਹਾਊਸ ਅਤੇ ਦੂਜਾ ਸਥਾਨ ਅਜੈ ਹਾਊਸ ਨੇ ਹਾਸਲ ਕੀਤਾ।ਅਕੈਡਮੀ ਦੀ ਪ੍ਰਿੰਸੀਪਲ ਅਮਨਦੀਪ ਕੌਰ ਭੰਗੂ ਨੇ ਜੇਤੂਆਂ ਅਤੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅਜਿਹੀਆਂ ਸਹਿ-ਵਿਦਿਅਕ ਗਤੀਵਿਧੀਆਂ ਵਿਦਿਆਰਥੀਆਂ ਦੀ ਸ਼ਖ਼ਸੀਅਤ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਆਪਣੀ ਸੰਚਾਰ ਯੋਗਤਾ, ਵਿਸ਼ਲੇਸ਼ਣਾਤਮਕ ਸੋਚ ਅਤੇ ਭਾਸ਼ਣ ਕਲਾ ਨੂੰ ਹੋਰ ਨਿਖਾਰਨ ਲਈ ਲਗਾਤਾਰ ਯਤਨਸ਼ੀਲ ਰਹਿਣ ਲਈ ਪ੍ਰੇਰਿਤ ਕੀਤਾ।



# ਮਹਿਸਮਪੁਰ ਖੁਰਦ ਵਿਖੇ ਮੁਫ਼ਤ ਮੈਡੀਕਲ ਜਾਂਚ ਕੈਂਪ ਭਲਕੇ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪਿੰਡ ਮਹਿਸਮਪੁਰ ਖੁਰਦ, ਤਹਿਸੀਲ ਬਾਬਾ ਬਕਾਲਾ ਸਾਹਿਬ ਦੇ ਗੁਰਦੁਆਰਾ ਸ਼ਹੀਦ ਗੰਜ ਚੇਲਿਆਣਾ ਸਾਹਿਬ ਵਿਖੇ 'ਮਿਸ਼ਨ ਸਿਹਤਮੰਦ ਪੰਜਾਬ' ਲਾਈਫ ਕੇਅਰ ਫਾਊਂਡੇਸ਼ਨ ਵੱਲੋਂ 14 ਜੁਲਾਈ (ਮੰਗਲਵਾਰ) ਨੂੰ ਚੈਰੀਟੇਬਲ ਲੈਬਾਰਟਰੀ ਕੈਂਪ ਲਗਾਇਆ ਜਾ ਰਿਹਾ ਹੈ। ਲਾਈਫ ਕੇਅਰ ਫਾਊਂਡੇਸ਼ਨ ਦੇ ਮੈਨੇਜਰ ਰਜਿੰਦਰ ਸਿੰਘ ਨੇ ਦੱਸਿਆ ਕਿ ਇਹ ਕੈਂਪ ਸਵੇਰੇ 8 ਵਜੇ ਤੋਂ ਦੁਪਹਿਰ 12 ਵਜੇ ਤੱਕ ਲੱਗੇਗਾ। ਕੈਂਪ ਵਿੱਚ ਕਿਡਨੀ ਦੇ 6 ਟੈਸਟ, ਜਿਵੇਂ ਕਿ ਬਲੱਡ ਯੂਰੀਆ, ਬਲੱਡ ਯੂਰੀਆ ਨਾਈਟ੍ਰੋਜਨ, ਕ੍ਰਿਏਟੀਨਿਨ, ਬਲੱਡ ਯੂਰੀਆ ਕ੍ਰਿਏਟੀਨਿਨ ਰੇਸ਼ੋ, ਗੁਰਦਿਆਂ ਦੇ ਟੈਸਟ, ਯੂਰਿਕ ਐਸਿਡ ਦਾ ਇੱਕ ਟੈਸਟ, ਬਲੱਡ ਗਲੂਕੋਜ਼ / ਸ਼ੂਗਰ ਦਾ ਇੱਕ ਟੈਸਟ ਬਿਲਕੁਲ ਮੁਫ਼ਤ ਕੀਤੇ ਜਾਣਗੇ। ਬਾਕੀ ਟੈਸਟਾਂ ਵੀ 75 ਪ੍ਰਤੀਸ਼ਤ ਘੱਟ ਰੇਟ 'ਤੇ ਕੀਤੇ ਜਾਣਗੇ।ਟੈਸਟ ਕਰਾਉਣ ਲਈ ਖ਼ਾਲੀ ਪੇਟ ਹੀ ਆਇਆ ਜਾਵੇ।

# ਸੀ ਟੀ ਯੂ ਪੰਜਾਬ ਦੀ 6ਵੀਂ ਦੋ ਦਿਨਾ ਸੂਬਾਈ ਕਾਨਫਰੰਸ ਸ਼ੁਰੂ

**ਪਠਾਨਕੋਟ (ਦਵਿੰਦਰ ਸਿੰਘ)**- ਸੈਂਟਰ ਆਫ ਟਰੇਡ ਯੂਨੀਅਨਜ਼ (ਸੀਟੂ) ਪੰਜਾਬ ਦੀ ਛੇਵੀਂ ਦੋ ਦਿਨਾ ਸੂਬਾਈ ਜਥੇਬੰਦਕ ਕਾਨਫਰੰਸ ਵਿੱਚ ਪੰਜਾਬ ਭਰ ਦੇ ਡੈਲੀਗੇਸ਼ਨਜ਼ ਨੂੰ ਸੰਬੋਧਨ ਕਰਦਿਆਂ ਸੀ ਟੀ ਯੂ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਅਤੇ ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਕਾਰਪੋਰੇਟ ਜਗਤ ਮਾਲਾਮਾਲ ਕਰਨ ਵਾਲੀਆਂ ਆਰਥਿਕ ਨੀਤੀਆਂ ਤੇ ਭਾਰਤ ਅਮਰੀਕਾ ਇਕਤਰਫਾ ਵਪਾਰਕ (ਐੱਫ ਟੀ ਏ) ਸਮਝੌਤਾ ਭਾਰਤ ਦੀ ਮਜ਼ਦੂਰ ਜਮਾਤ ਦੀਆਂ ਮੁਸ਼ਕਲਾਂ ਵਿੱਚ ਹੋਰ ਵਾਧਾ ਕਰੇਗਾ।ਚਾਰ ਲੇਬਰ ਕੋਡ ਤੇ ਕੰਮ ਦੇ ਘੰਟੇ ਵਧਾਉਣ ਦਾ ਮਕਸਦ ਮਜ਼ਦੂਰਾਂ ਨੂੰ ਗੁਲਾਮ ਬਣਾਉਣਾ ਹੈ।ਮੋਦੀ ਸਰਕਾਰ ਨੇ ਪਹਿਲਾਂ ਕਿਰਤ ਕਾਨੂੰਨਾਂ ਨੂੰ ਖਤਮ ਕੀਤਾ ਅਤੇ ਹੁਣ ਗਰੀਬਾਂ ਤੋਂ ਵੋਟ ਦਾ ਅਧਿਕਾਰ ਵੀ ਖੋਹਣ ਜਾ ਰਹੀ ਹੈ।ਪੰਜਾਬ ਦੀ ਭਗਵੰਤ ਮਾਨ ਸਰਕਾਰ ਵੀ ਕੇਂਦਰ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਨੂੰ ਬਿਨਾਂ ਕਿਸੇ ਵਿਰੋਧ ਦੇ ਲਾਗੂ ਕਰ ਰਹੀ ਹੈ।ਸੀ ਟੀ ਯੂ ਪੰਜਾਬ ਦੇ ਜਨਰਲ ਸਕੱਤਰ ਕਾਮਰੇਡ ਨੱਥਾ ਸਿੰਘ ਢਡਵਾਲ ਵੱਲੋਂ ਪੇਸ਼ ਰਿਪੋਰਟ ਕੀਤੀ। ਡੈਲੀਗੇਟ ਸਾਥੀਆਂ ਨੇ ਬਹਿਸ ਵਿਚ ਹਿੱਸਾ ਲੈਂਦਿਆਂ ਘਾਟਾਂ ਕਮਜ਼ੋਰੀਆਂ ਦੂਰ ਕਰਕੇ ਜਥੇਬੰਦੀ ਨੂੰ ਮਜ਼ਬੂਤ ਕਰਨ ਅਤੇ ਸੰਘਰਸ਼ ਨੂੰ ਤਿੱਖਾ ਕਰਨ ਲਈ ਵੱਡਮੁੱਲੇ ਵਿਚਾਰ ਪੇਸ਼ ਕੀਤੇ।ਬਹਿਸ ਉਪਰੰਤ ਰਿਪੋਰਟ ਨੂੰ ਸਰਵਸੰਮਤੀ ਨਾਲ ਕੀਤਾ



ਗਿਆ। ਇਕ ਵਿਸ਼ੇਸ਼ ਮਤਾ ਜੰਗ ਨਹੀਂ ਅਮਨ ਚਾਹੀਦੇ, ਲੇਬਰ ਕੋਡ ਰੱਦ ਕਰੋ ਪੁਰਾਣੇ ਕਿਰਤ ਕਾਨੂੰਨ ਬਹਾਲ ਕਰੋ, ਸਿਹਤ ਸਿੱਖਿਆ ਤੇ ਰੁਜ਼ਗਾਰ ਦਾ ਪ੍ਰਬੰਧ ਕਰੋ, ਠੇਕੇਦਾਰੀ ਸਿਸਟਮ ਬੰਦ ਕਰੋ ਕੱਚੇ ਕਾਮੇ ਪੱਕੇ ਕਰੋ, ਪੁਰਾਣੀ ਪੈਨਸ਼ਨ ਬਹਾਲ ਕਰੋ, ਸਾਰੇ ਸਕੀਮ ਅਧਾਰਿਤ ਵਰਕਰਾਂ ਨੂੰ ਘੱਟੋ-ਘੱਟ ਉਜਰਤ ਮਿਲਣਾ ਯਕੀਨੀ ਕਰੋ, ਦੇਸ਼ ਵਿਰੋਧੀ ਅਮਰੀਕਾ-ਭਾਰਤ ਵਪਾਰ ਸਮਝੌਤਾ ਰੱਦ ਕਰੋ ਅਤੇ ਫਿਰਕੂ ਨਫ਼ਰਤ ਬੰਦ ਕਰੋ ਭਾਈਚਾਰਕ ਸਾਂਝ ਮਜ਼ਬੂਤ ਕਰੋ ਆਦਿ ਮਤੇ ਪਾਸ ਕਰਕੇ ਸੰਘਰਸ਼ ਦੀ ਨਿਸ਼ਾਨਦੇਹੀ ਕੀਤੀ।ਸੀ ਟੀ ਯੂ ਪੰਜਾਬ ਦੀ ਨਵੀਂ ਟੀਮ ਦੀ ਚੋਣ ਕੀਤੀ ਜਿਸ ਵਿਚ ਕਾਮਰੇਡ ਜਗਦੀਸ਼ ਚੰਦਰ ਲੁਧਿਆਣਾ ਪ੍ਰਧਾਨ, ਹਰਿੰਦਰ ਸਿੰਘ ਰੰਧਾਵਾ ਜਨਰਲ ਸਕੱਤਰ ਅਤੇ ਗੁਰਦੀਪ ਸਿੰਘ ਕਲਸੀ ਰਾਜੇਕੰਟ ਵਿੱਤ ਸਕੱਤਰ, ਕਾਮਰੇਡ ਨੱਥਾ ਸਿੰਘ ਢਡਵਾਲ ਸੀਨੀਅਰ ਮੀਤ ਪ੍ਰਧਾਨ, ਕਾਮਰੇਡ ਮੰਗਤ ਰਾਮ ਪਾਸਲਾ, ਸੱਜਣ ਸਿੰਘ, ਜਸਵੰਤ ਸਿੰਘ ਸੰਧੂ, ਧਿਆਨ ਸਿੰਘ ਠਾਕੁਰ, ਗੰਗਾ ਪ੍ਰਸਾਦ, ਹਰੀਮੁਨੀ ਸਿੰਘ ਮੀਤ ਪ੍ਰਧਾਨ ਕਾਮਰੇਡ ਸ਼ਿਵ ਕੁਮਾਰ ਸਕੱਤਰ, ਮਾਸਟਰ ਸੁਭਾਸ਼ ਸ਼ਰਮਾ, ਲਾਲ ਚੰਦ ਮਾਨਸਾ, ਕਿਰਪਾਲ ਸਿੰਘ ਗਿੱਲ, ਜਗਤਾਰ ਸਿੰਘ ਕਰਮਪੁਰਾ, ਅਮਰਜੀਤ ਘਨੌਰ, ਸਰਬਜੀਤ ਸਿੰਘ ਵੜੈਚ, ਬਲਰਾਮ ਸਿੰਘ ਲੁਧਿਆਣਾ, ਜਗੀਰ ਸਿੰਘ ਬਟਾਲਾ ਆਦਿ ਜਾਇੰਟ ਸਕੱਤਰ ਅਹੁਦੇਦਾਰਾਂ ਸਮੇਤ 50 ਮੈਂਬਰੀ ਸੂਬਾਈ ਵਰਕਿੰਗ ਕਮੇਟੀ ਦਾ ਗਠਨ ਕੀਤਾ ਗਿਆ।ਚੋਣ ਉਪਰੰਤ ਕੇਂਦਰ ਤੇ ਪੰਜਾਬ ਸਰਕਾਰ ਦੇ ਮਜ਼ਦੂਰ ਵਿਰੋਧੀ ਰਵੱਈਏ ਤੇ ਨੀਤੀਗਤ ਫ਼ੈਸਲਿਆਂ ਖਿਲਾਫ ਸੀ ਟੀ ਯੂ ਪੰਜਾਬ ਆਜ਼ਾਦਾਨਾ ਤੇ ਪੰਜਾਬ ਦੀਆਂ ਹੋਰ ਮਜ਼ਦੂਰ ਪੱਖੀ ਟਰੇਡ ਯੂਨੀਅਨਾਂ ਨਾਲ ਮਿਲ ਕੇ ਸਾਂਝੇ ਸੰਘਰਸ਼ ਕਰਨ ਲਈ ਹਰ ਸੰਭਵ ਕੋਸ਼ਿਸ਼ ਕਰੇਗੀ।

# ਈਟੀਓ ਨੇ ਭਗਵਾਨ ਵਾਲਮੀਕਿ ਤੀਰਥ ਸਥਲ ਦੇ ਸੁੰਦਰੀਕਰਨ ਨੂੰ ਲੈ ਕੇ ਕੀਤੀ ਅਹਿਮ ਮੀਟਿੰਗ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥੱਲ ਦੇ ਵਿਕਾਸ ਅਤੇ ਸੁੰਦਰੀਕਰਨ ਲਈ 17.72 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਇਨ੍ਹਾਂ ਚੱਲ ਰਹੇ ਵਿਕਾਸ ਕਾਰਜਾਂ ਦਾ ਰੀਵਿਊ ਕਰਨ ਲਈ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥਲ ਸ਼ਰਾਇਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਬਾਲ ਜੋਗੀ ਪ੍ਰਗਟ ਨਾਥ, ਹੋਰ ਸੰਤਾਂ-ਮਹਾਪੁਰਸ਼ਾਂ, ਡਿਪਟੀ ਕਮਿਸ਼ਨਰ-ਕਮ-ਸੀ.ਈ.ਓ. ਸ਼ਰਾਇਨ ਬੋਰਡ ਦਲਵਿੰਦਰਜੀਤ ਸਿੰਘ, ਸੀ. ਐਮ. ਮਧੁਰ ਭਾਟੀਆ ਈ.ਟੀ.ਓ. ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਤੋਂ ਬਾਅਦ ਹਰਭਜਨ ਸਿੰਘ ਈਟੀਓ ਨੇ ਭਗਵਾਨ ਵਾਲਮੀਕਿ ਤੀਰਥ ਸਥੱਲ ਵਿਖੇ ਮੱਥਾ ਟੇਕ ਕੇ ਸਰਬੱਤ ਦੇ ਭਲੇ ਦੀ ਅਰਦਾਸ ਵੀ ਕੀਤੀ। ਮੀਟਿੰਗ ਦੌਰਾਨ ਵਿਕਾਸ ਕਾਰਜਾਂ ਦਾ ਰੀਵਿਊ ਕਰਦਿਆਂ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਭਗਵਾਨ ਵਾਲਮੀਕਿ ਤੀਰਥ ਸਥੱਲ ਦੇ ਵਿਕਾਸ ਲਈ 17.72 ਕਰੋੜ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਅਤੇ ਇਹ ਸਾਰੇ ਵਿਕਾਸ ਕਾਰਜ ਤੇਜ਼ੀ ਨਾਲ ਜਾਰੀ ਹਨ। ਉਨ੍ਹਾਂ ਦੱਸਿਆ ਕਿ ਰਾਜ



ਸਰਕਾਰ ਵੱਲੋਂ ਭਗਵਾਨ ਵਾਲਮੀਕਿ ਜੀ ਤੀਰਥ ਸਥੱਲ ਦੇ ਵਿਕਾਸ ਲਈ 17.72 ਕਰੋੜ ਰੁਪਏ ਦੀ ਰਾਸ਼ੀ ਵਿੱਚ 3.74 ਕਰੋੜ ਰੁਪਏ ਦੀ ਲਾਗਤ ਨਾਲ ਪਵਿੱਤਰ ਸਰੋਵਰ ਦੀ ਸਾਫ ਸਫ਼ਾਈ ਜਿਸ ਵਿੱਚ ਸਰੋਵਰ ਵਿੱਚੋਂ ਗਾਰ ਕੱਢਣੀ, ਸਾਫ ਰੇਤ ਪਾਉਣੀ ਅਤੇ ਹੋਰ ਵਿਕਾਸ ਕਾਰਜ ਕੀਤੇ ਜਾਣਗੇ। ਇਸ ਤੋਂ ਇਲਾਵਾ ਕਰੀਬ 2.8 ਕਰੋੜ ਰੁਪਏ ਦੀ ਲਾਗਤ ਨਾਲ ਮੁੱਖ ਮੰਦਿਰ ਦੀ ਪੇਂਟਿੰਗ/ਪਾਲਿਸਿੰਗ ਦਾ ਕੰਮ, ਮੰਦਿਰ ਨੂੰ ਜਾਂਦੇ ਰਸਤੇ ਦੇ ਪਿੱਲਰਾਂ ਦੀ ਮੁਰੰਮਤ ਦਾ ਕੰਮ, ਸੈਂਡ ਸਟੋਨ ਪੱਥਰ ਦੀ ਸਿਲੀਕਾਨ ਕਟਿੰਗ ਦਾ ਕੰਮ ਕੀਤਾ ਜਾਵੇਗਾ। ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਾਲਮੀਕਿ ਤੀਰਥ ਦੇ ਸੁੰਦਰੀਕਰਨ ਪ੍ਰੋਜੈਕਟ ਅਤੇ ਹੋਰ ਸਾਰੇ ਵਿਕਾਸ ਕਾਰਜ ਤਹਿ ਸਮੇਂ ਅੰਦਰ ਪੂਰੇ ਕੀਤੇ ਜਾਣ। ਉਨ੍ਹਾਂ ਕਿਹਾ ਕਿ ਇਸ ਪਾਵਨ ਅਸਥਾਨ ਵਿੱਚ ਹੋ ਰਹੇ ਸਾਰੇ ਕਾਰਜਾਂ ਦੀ ਗੁਣਵੱਤਾ ਦਾ ਖਾਸ ਖਿਆਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਇਹ ਸਾਰੇ ਪ੍ਰੋਜੈਕਟ ਮੁਕੰਮਲ ਹੋਣ ਨਾਲ ਜਿੱਥੇ ਇਸ ਪਾਵਨ ਅਸਥਾਨ ਦੀ ਖ਼ੂਬਸੂਰਤੀ ਹੋਰ ਵਧੇਗੀ ਉਥੇ ਇਸ ਨਾਲ ਸੰਗਤਾਂ ਨੂੰ ਵੀ ਵੱਡੀ ਸਹੂਲਤ ਮਿਲੇਗੀ।ਇਸ ਮੌਕੇ ਭਗਵਾਨ ਵਾਲਮੀਕਿ ਜੀ ਤੀਰਥ ਸਥਲ ਸ਼ਰਾਇਨ ਬੋਰਡ ਦੇ ਐਡਵਾਈਜ਼ਰੀ ਬੋਰਡ ਦੇ ਚੇਅਰਮੈਨ ਸ੍ਰੀ ਬਾਲ ਜੋਗੀ ਪ੍ਰਗਟ ਨਾਥ ਜੀ ਨੇ ਪਾਵਨ ਸ੍ਰੀ ਵਾਲਮੀਕਿ ਤੀਰਥ ਲਈ ਕੀਤੇ ਜਾ ਰਹੇ ਵਿਕਾਸ ਪ੍ਰੋਜੈਕਟਾਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਵ ਪਾਵਨ ਤੀਰਥ ਸਥਲ ਕਰੋੜਾਂ ਸੰਗਤਾਂ ਦੀ ਆਸਥਾ ਦਾ ਕੇਂਦਰ ਹੈ ਅਤੇ ਦੇਸ਼-ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਦੀ ਸਹੂਲਤ ਨੂੰ ਮੁੱਖ ਰੱਖ ਕੇ ਕੀਤੇ ਜਾ ਰਹੇ ਇਹ ਸਾਰੇ ਕਾਰਜ ਸ਼ਲਾਘਾਯੋਗ ਹਨ।

# ਪ੍ਰੇਸ਼ਾਨੀ ਦਾ ਸਬੱਬ ਬਣ ਰਿਹੈ ਦੁਧਾਲਾ ਦੇ ਮੇਨ ਬਾਜ਼ਾਰ 'ਚ ਖੜ੍ਹਾ ਬਰਖਾ ਦਾ ਪਾਣੀ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਪਿੰਡ ਦੁਧਾਲਾ ਦੇ ਮੇਨ ਬਾਜ਼ਾਰ 'ਚ ਬਰਖਾ ਦੇ ਪਾਣੀ ਦਾ ਜਮਾਵੜਾ ਇੰਨਾ ਹੋ ਗਿਆ ਹੈ ਕਿ ਇਥੋਂ ਲੰਘਣਾ ਔਖਾ ਹੋ ਗਿਆ। ਪਿੰਡ ਦੇ ਗੁਰਦਵਾਰਾ ਤੋਂ ਹੋ ਕੇ ਚਵਿੰਡਾ ਦੇਵੀ ਨਾਲ ਜਾ ਕੇ



ਮਿਲਾਉਂਦੀ ਸੜਕ ਨੂੰ ਪੱਕਾ ਬਣਾਉਣ ਦਾ ਨਾਂਅ ਲੈ ਕੇ ਮੰਡੀ ਬੋਰਡ ਨੇ ਪਿੰਡ ਦੀ ਫਿਰਨੀ ਤੋਂ ਮੇਨ ਬਜ਼ਾਰ ਵਾਲੀ ਸੜਕ ਇਸ ਕਰਕੇ ਪੁਟਵਾ ਦਿੱਤੀ ਕਿ ਪਹਿਲਾਂ ਇਹ ਖੇਤ ਮਜ਼ਦੂਰਾਂ ਦੇ ਘਰਾਂ ਅੱਗੇ ਹੀ ਬਣਾਈ ਜਾਵੇਗੀ ਪਰ ਅੱਜ ਚਾਰ ਮਹੀਨੇ ਬੀਤ ਜਾਣ 'ਤੇ ਇਹ ਸੜਕ ਬਣਨ ਦੀ ਬਜਾਏ ਪਿੰਡ ਰੁਪੋਵਾਲੀ ਕਲਾਂ ਵਾਲੇ ਪਾਸੇ ਵੱਲੋਂ ਬਣਾਉਣੀ ਸ਼ੁਰੂ ਕੀਤੀ ਹੋਈ ਹੈ ਪਰ ਇੱਧਰ ਪਿੰਡ ਵਾਲੇ ਕਿਸਾਨਾਂ ਅਤੇ ਮਜ਼ਦੂਰਾਂ ਦਾ ਘਰਾਂ ਤੋਂ ਬਾਹਰ ਨਿਕਲਣਾ ਵੀ ਬੰਦ ਹੋਇਆ ਪਿਆ ਹੈ। ਇਸ ਮੌਕੇ ਸੀਪੀਆਈ ਦੇ ਸੈਕਟਰੀ ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਸਰਕਾਰ ਹਜ਼ਾਰਾਂ ਕਿਲੋਮੀਟਰ ਸੜਕਾਂ ਬਣਾਉਣ ਦੇ ਝੂਠੇ ਇਸ਼ਤਿਹਾਰ ਲਾ ਰਹੀ ਹੈ।

ਪਿੰਡ ਦੇ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਨੂੰ ਇਸ ਪਾਸੇ ਵੱਲ ਸੜਕ ਬਣਾਉਣ ਦੀ ਬੇਨਤੀ ਕੀਤੀ। ਸਰਕਾਰ ਨੇ ਵਿਸ਼ਵਾਸ ਦਿਵਾਇਆ ਸੀ ਕਿ ਬਾਰਸ਼ਾਂ ਦੇ ਆਉਣ ਤੋਂ ਪਹਿਲਾਂ ਹੀ ਇਹ ਸੜਕ ਬਣਾ ਦਿੱਤੀ ਜਾਵੇਗੀ ਪਰ ਅੱਜ ਚਾਰ ਮਹੀਨੇ ਬੀਤ ਜਾਣ ਬਾਅਦੀ ਲੋਕ ਗੋਤੇ ਖਾਣ ਵਾਸਤੇ ਮਜਬੂਰ ਹਨ। ਛੋਟੇ ਬੱਚੇ ਸਕੂਲ ਜਾਣ ਵਾਸਤੇ ਇਸ ਰਸਤੇ ਤੋਂ ਕਿਵੇਂ ਜਾਣਗੇ? ਇਸ ਮੌਕੇ ਪੰਚਾਇਤ ਮੈਂਬਰ ਰੋਸ਼ਨ ਸਿੰਘ, ਸਾਬਕਾ ਮੈਂਬਰ ਪੰਚਾਇਤ ਸੁਖਚੈਨ ਸਿੰਘ, ਦਿਲਬਾਗ ਸਿੰਘ, ਦੀਵਾਨ ਸਿੰਘ, ਸ਼ੰਕਰ ਸਿੰਘ, ਸਵਿੰਦਰ ਸਿੰਘ, ਸੁਖਦੇਵ ਸਿੰਘ ਨੇ ਵੀ ਸਰਕਾਰ ਕੋਲੋਂ ਮੰਗ ਕੀਤੀ ਕਿ ਇਸ ਰਸਤੇ ਨੂੰ ਛੇਤੀ ਤੋਂ ਛੇਤੀ ਲੰਘਣਯੋਗ ਬਣਾਇਆ ਜਾਵੇ। ਸਰਪੰਚ ਦੇ ਬੇਟੇ ਜੋਬਨਜੀਤ ਸਿੰਘ ਨੇ ਵੀ ਸੜਕ ਛੇਤੀ ਤੋਂ ਛੇਤੀ ਬਣਾਉਣ ਦੀ ਮੰਗ ਕਰਦਿਆਂ ਹਲਕਾ ਇੰਚਾਰਜ ਮਜੀਠਾ ਅਤੇ ਪੰਜਾਬ ਸਰਕਾਰ ਨੂੰ ਬੇਨਤੀ ਕੀਤੀ।

# ਬੀ.ਐੱਡ. 'ਚ ਦਾਖਲੇ ਲਈ ਅਰਜ਼ੀਆਂ ਭਰਨ ਦੀ ਆਖਰੀ ਤਰੀਕ 20 ਜੁਲਾਈ



**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ, ਪੰਧੇਰ ਗੁਣਵੱਤਾ ਭਰਪੂਰ ਸਿੱਖਿਆ, ਤਜਰਬੇਕਾਰ ਅਧਿਆਪਕਾਂ, ਆਧੁਨਿਕ ਸਹੂਲਤਾਂ ਅਤੇ ਸ਼ਾਨਦਾਰ ਅਕਾਦਮਿਕ ਮਾਹੌਲ ਕਾਰਨ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣਿਆ ਹੋਇਆ ਹੈ।ਕਾਲਜ ਦੇ ਮੈਨੇਜਿੰਗ ਡਾਇਰੈਕਟਰ ਸ. ਅਵਤਾਰ ਸਿੰਘ ਕੰਗ, ਚੇਅਰਪਰਸਨ ਹਰਜਿੰਦਰਪਾਲ ਕੌਰ ਕੰਗ, ਡਾਇਰੈਕਟਰ ਡਾ. ਗੁਲਵਤਨ ਸਿੰਘ ਕੰਗ ਅਤੇ ਡਾਇਰੈਕਟਰ ਡਾ. ਆਨੰਦਜੀਤ ਕੌਰ ਨੇ ਵਿਦਿਆਰਥੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਦੀ ਸਾਂਝੀ ਬੀ.ਐੱਡ. ਦਾਖਲਾ ਪ੍ਰੀਖਿਆ ਲਈ ਆਨਲਾਈਨ ਅਰਜ਼ੀਆਂ ਭਰਨ ਦੀ ਆਖਰੀ ਮਿਤੀ 20 ਜੁਲਾਈ ਹੈ, ਇਸ ਲਈ ਚਾਹਵਾਨ ਵਿਦਿਆਰਥੀ ਸਮੇਂ ਸਿਰ ਆਪਣੀ ਰਜਿਸਟ੍ਰੇਸ਼ਨ ਕਰਵਾਉਣ। ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਦੀ ਸਾਂਝੀ ਬੀ.ਐੱਡ. ਦਾਖਲਾ ਪ੍ਰੀਖਿਆ 2 ਅਗਸਤ ਨੂੰ ਹੋਵੇਗੀ।ਕਾਲਜ ਪ੍ਰਬੰਧਕਾਂ ਨੇ ਸਾਂਝੇ ਤੌਰ 'ਤੇ ਚਾਹਵਾਨ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸਮੇਂ ਸਿਰ ਰਜਿਸਟ੍ਰੇਸ਼ਨ ਕਰਵਾ ਕੇ ਬੀ.ਐੱਡ. ਦਾਖਲਾ ਪ੍ਰੀਖਿਆ ਦੀ ਤਿਆਰੀ ਕਰਨ।

# ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ : ਰਜੀਵ ਸੈਣੀ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਵਿੱਤ ਮੰਤਰੀ ਹਰਪਾਲ ਚੀਮਾ, ਚੇਅਰਮੈਨ ਪੰਜਾਬ ਅਨੀਲ ਠਾਕੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਹਲ਼ਕਾ ਇੰਚਾਰਜ ਸ਼ਮਸ਼ੇਰ ਸਿੰਘ ਦੀ ਅਗਵਾਈ ਟਰੇਡ ਕਮਿਸ਼ਨ ਪੰਜਾਬ ਵੱਲੋਂ ਵਪਾਰ ਵਰਗ ਨੂੰ ਮਜ਼ਬੂਤ ਅਤੇ ਲਾਭ ਦਿਵਾਉਣ ਲਈ ਟਰੇਡ ਕਮਿਸ਼ਨ ਵੱਲੋਂ ਵਪਾਰੀ ਭਰਾਵਾਂ ਨੂੰ ਆ ਰਹੀਆਂ ਮੁਸ਼ਕਲਾਂ ਨੂੰ ਲੈ ਕੇ ਦਫਤਰ ਐੱਸ ਡੀ ਐੱਮ ਵਿਖੇ ਮੀਟਿੰਗ ਕੀਤੀ ਗਈ।ਇਸ ਮੌਕੇ ਐੱਸ ਡੀ ਐੱਮ ਗਗਨਦੀਪ ਸਿੰਘ ਅਤੇ ਟਰੇਡ ਕਮਿਸ਼ਨ ਦੀਨਾਨਗਰ ਦੇ ਚੇਅਰਮੈਨ ਰਾਜੀਵ ਸੈਣੀ ਮੌਜੂਦਗੀ ਵਿੱਚ ਸੰਬੰਧਿਤ ਅਧਿਕਾਰੀਆਂ ਨਾਲ ਇਕ ਮੀਟਿੰਗ ਕੀਤੀ ਗਈ ਜਿੱਸ ਵਿੱਚ ਵਪਾਰੀ ਭਰਾਵਾਂ ਵੱਲੋਂ ਦੱਸੀਆਂ ਗਈਆਂ ਮੁਸ਼ਕਿਲਾਂ ਦਾ ਰੀਵਿਊ ਕੀਤਾ ਗਿਆ।ਮੀਟਿੰਗ ਦੌਰਾਨ ਸਬੰਧਿਤ ਅਧਿਕਾਰੀਆਂ ਨੂੰ ਵਪਾਰੀਆਂ/ਦੁਕਾਨਦਾਰਾਂ ਨਾਲ ਸਬੰਧਤ ਮੁਸ਼ਕਲਾਂ ਨੂੰ ਜਲਦ ਹੱਲ ਕਰਨ ਲਈ ਕਿਹਾ ਗਿਆ ਅਤੇ ਅਧਿਕਾਰੀਆ ਵੱਲੋਂ ਮੁਸ਼ਕਿਲਾਂ ਨੂੰ ਜਲਦ ਹੱਲ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ।ਇਸ ਮੌਕੇ ਚੇਅਰਮੈਨ ਰਾਜੀਵ ਸੈਣੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਅਰਥਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਵਪਾਰੀਆਂ ਦੀਆਂ ਜਾਇਜ਼ ਮੰਗਾਂ ਅਤੇ



ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਵਪਾਰੀ ਵਰਗ ਸੂਬੇ ਦੀ ਅਰਥਵਿਵਸਥਾ ਦੀ ਰੀੜ੍ਹ ਦੀ ਹੱਡੀ ਹੈ ਅਤੇ ਉਨ੍ਹਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਨੇ ਕਿਹਾ ਹਲਕਾ ਇੰਚਾਰਜ ਸਮਸ਼ੇਰ ਸਿੰਘ ਦੀ ਅਗਵਾਈ ਵਿੱਚ ਦੁਕਾਨਦਾਰਾਂ ਅਤੇ ਵਪਾਰੀਆਂ ਦੀਆਂ ਮੁਸ਼ਕਿਲਾਂ ਸੁਣਕੇ ਹੱਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰ ਲੋਕਾਂ ਅਤੇ ਵਪਾਰੀਆਂ ਨਾਲ ਲਗਾਤਾਰ ਸੰਵਾਦ ਰਾਹੀਂ ਵਿਕਾਸ ਅਤੇ ਖੁਸ਼ਹਾਲੀ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਲਈ ਯਤਨਸ਼ੀਲ ਹੈ।

# ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਪਿੰਡ ਵਾਸੀਆਂ ਦੇ ਰੂ-ਬ-ਰੂ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਹੀ ਮਾਨ ਸਰਕਾਰ ਦੀ ਪਹਿਲ ਹੈ।ਇਸੇ ਮਕਸਦ ਨਾਲ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਚੱਕ ਖਾਸਾ ਕੁੱਲੀਆਂ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਬੰਧਿਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਇਸ ਮੌਕੇ ਸਰਪੰਚ ਪਰਮਜੀਤ ਕੌਰ ਪਤਨੀ ਮਨਜਿੰਦਰ ਸਿੰਘ, ਨਿਰਮਲਜੀਤ ਸਿੰਘ, ਕਰਮ ਸਿੰਘ, ਧਰਮ ਸਿੰਘ, ਹਰਦੀਪ ਸਿੰਘ, ਮਨਦੀਪ ਸਿੰਘ, ਰਵਿੰਦਰ ਸਿੰਘ, ਕੁਲਦੀਪ ਕੌਰ, ਬਲਵਿੰਦਰ ਕੌਰ, ਕੁਲਵਿੰਦਰ ਕੌਰ ਅਤੇ ਰਾਜਵਿੰਦਰ ਕੌਰ ਸਮੇਤ ਪਿੰਡ ਦੀਆਂ ਉੱਘੀਆਂ ਸ਼ਖ਼ਸੀਅਤਾਂ ਹਾਜ਼ਰ ਰਹੀਆਂ।

# ਸ਼ਹੀਦ ਭਾਈ ਨਿਰਮਲ ਸਿੰਘ ਕਵੀਸ਼ਰ ਸਭਾ ਵੱਲੋਂ 'ਸਤਲੁਜ' ਦਾ ਸਮਰਥਨ

**ਚੋਹਲਾ ਸਾਹਿਬ (ਰਮਨ ਚੱਢਾ)**- ਸ਼ਹੀਦ ਭਾਈ ਨਿਰਮਲ ਸਿੰਘ ਚੋਹਲਾ ਸਾਹਿਬ ਕਵੀਸ਼ਰ ਸਭਾ ਵੱਲੋਂ ਫਿਲਮ ਸਤਲੁਜ ਜਿਹੜੀ ਸਰਦਾਰ ਜਸਵੰਤ ਸਿੰਘ ਖਾਲੜਾ ਦੇ ਜੀਵਨ 'ਤੇ ਬਣਾਈ ਹੈ, ਨੂੰ ਸਮਰਥਨ



ਦਿੱਤਾ ਗਿਆ। ਉਸ ਵੇਲੇ ਦੀ ਸਰਕਾਰ ਨੇ ਹੋਰ ਵੀ ਸਿੰਘਾਂ ਨੂੰ ਸ਼ਹੀਦ ਕੀਤਾ ਸੀ ਜਿਵੇਂ ਕਿ ਸ਼ਹੀਦ ਭਾਈ ਨਿਰਮਲ ਸਿੰਘ ਚੋਹਲਾ ਸਾਹਿਬ, ਕਵੀਸ਼ਰੀ ਬਾਬਾ ਚਰਨ ਸਿੰਘ ਕਾਰ ਸੇਵਾ ਵਾਲੇ ਅਤੇ ਇਸੇ ਪ੍ਰਕਾਰ ਹੋਰ ਵੀ ਕਈ ਸਿੰਘਾਂ ਨੂੰ ਸ਼ਹੀਦ ਕੀਤਾ ਸੀ ਜਿਨ੍ਹਾਂ ਦੇ ਪਰਿਵਾਰਾਂ ਨੂੰ ਉਨ੍ਹਾਂ ਦੀਆਂ ਲਾਸ਼ਾਂ ਤੱਕ ਨਹੀਂ ਮਿਲੀਆਂ ਜੋ ਕਿ ਸਤਲੁਜ ਦਰਿਆ 'ਚ ਵਹਾ ਦਿੱਤੀਆਂ ਸਨ। ਜਦੋਂ ਪਹਿਲੀ ਵਾਰ ਬੀਬੀ ਖਾਲੜਾ ਅਤੇ ਸਿੰਘ ਸਾਹਿਬ ਗਿਆਨੀ ਰਣਜੀਤ ਸਿੰਘ ਇਲੈਕਸ਼ਨ ਵਿੱਚ ਖੜੇ ਹੋਏ ਸੀ ਤਾਂ ਉਦੋਂ ਗਿਆਨੀ ਰਵੇਲ ਸਿੰਘ ਯੂਕੇ ਦੇ ਨਾਲ ਕਵੀਸ਼ਰੀ ਜਥੇ ਵਿੱਚ ਸੇਵਾ ਕਰਦੇ ਸੰਗਤਾਂ ਨੇ ਸਾਨੂੰ ਵੀ ਇਹ ਮੌਕਾ ਦਿੱਤਾ ਸੀ। ਅਸੀਂ ਬੇਨਤੀ ਕਰਦੇ ਹਾਂ ਕਿ ਸਾਰਿਆਂ ਨੂੰ ਇਹ ਮੂਵੀ ਵੱਧ ਤੋਂ ਵੱਧ ਵੇਖਣੀ ਚਾਹੀਦੀ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

**ਕਾਲਾ ਸੰਘਿਆਂ (ਮਨਜੀਤ ਮਾਨ)**- ਪੈਨਸ਼ਨਰਜ਼ ਐਸੋਸੀਏਸ਼ਨ ਸ਼ਹਿਰੀ ਮੰਡਲ (ਪੀ ਐੱਸ ਪੀ ਸੀ ਐੱਲ ) ਦੀ ਮੀਟਿੰਗ ਕਾਲਾ ਸੰਘਿਆਂ ਵਿਖੇ ਗੱਜਣ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ



ਗਈ। ਆਗੂਆਂ ਨੇ ਸਰਕਾਰ ਦੀਆਂ ਮੁਲਾਜ਼ਮ ਪੈਨਸ਼ਨਰ ਅਤੇ ਲੋਕ ਵਿਰੋਧੀ ਨੀਤੀਆਂ ਤੋਂ ਜਾਣੂ ਕਰਾਉਦਿਆਂ ਕਿਹਾ ਕਿ ਸਰਕਾਰ ਵੱਲੋਂ ਪੈਨਸ਼ਨਰਾਂ ਤੇ 2.59 ਦਾ ਗੁਣਾਕ ਲਾਗੂ ਨਾ ਕਰਨ ਦੀ ਮਹਿਗਾਈ ਭੱਤੇ ਦੀਆਂ ਕਿਸ਼ਤਾਂ ਨਾ ਦੇ ਕੇ ਜਨਵਰੀ 2016 ਤੋਂ ਲਾਗੂ ਹੋਣ ਵਾਲੇ ਤਨਖਾਹ ਕਮਿਸ਼ਨ ਦੀ ਰਿਪੋਰਟ ਦਾ ਰਹਿੰਦਾ ਹਿੱਸਾ ਜਾਰੀ ਨਹੀਂ ਕੀਤਾ ਗਿਆ। ਹਾਈਕੋਰਟ ਵੱਲੋਂ 30 ਜੂਨ ਤੱਕ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਦਾ ਸਾਰਾ ਬਣਦਾ ਬਕਾਇਆ ਦੇਣ ਦੇ ਹੁਕਮ ਕੀਤੇ ਸਨ ਸਰਕਾਰ ਨੇ ਡਬਲ ਬੈਂਚ ਅੱਗੇ ਐੱਲ ਪੀ ਏ ਦਾਇਰ ਕਰਕੇ ਉਪਰੋਕਤ ਫੈਸਲੇ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਜੋ ਮੁਲਾਜ਼ਮ ਅਤੇ ਪੈਨਸ਼ਨਰਾਂ ਨੂੰ ਮਾਨਯੋਗ ਹਾਈ ਕੋਰਟ ਦੇ ਕੀਤੇ ਫੈਸਲੇ ਅਨੁਸਾਰ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਹੋਰ ਬਕਾਏ ਦੇਣ ਤੋਂ ਬਚਿਆ ਜਾ ਸਕੇ। ਸਰਕਾਰ ਨੇ ਪੁਰਾਣੀ ਪੈਨਸ਼ਨ ਬਹਾਲੀ ਦਾ ਅਧੂਰਾ ਨੋਟੀਫਿਕੇਸ਼ਨ ਜਾਰੀ ਕਰਨ ਦੇ ਬਾਵਜੂਦ ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਦਕਿ ਬੇਰੋਜ਼ਗਾਰ ਆਪਣਾ ਹੱਕ ਮੰਗਣ ਵਾਸਤੇ ਸੜਕਾਂ ਤੇ ਉਤਰੇ ਤਾਂ ਸੰਘਰਸ਼ ਕਰਨ ਵਾਲਿਆਂ ਨੂੰ ਪੁਲਸ ਦੀਆਂ ਡਾਂਗਾਂ ਤੇ ਪਾਣੀ ਦੀਆਂ ਬੁਛਾਰਾਂ ਦਾ ਸਾਮਣਾ ਕਰਨਾ ਪਿਆ ਹੈ। ਮੀਟਿੰਗ ਵਿੱਚ ਗੁਰਬਚਨ ਚੰਦ ਸਰਕਲ ਕਮੇਟੀ ਮੈਂਬਰ ਉਚੇਚੇ ਤੌਰ 'ਤੇ ਹਾਜ਼ਰ ਹੋਏ।ਬ੍ਰਿਜ ਮੋਹਨ, ਅਵਤਾਰ ਸਿੰਘ, ਅਮਰਦੀਪ, ਤ੍ਰਿਖਾ, ਪ੍ਰਵੀਨ ਕੁਮਾਰ ਅਤੇ ਮੈਡਮ ਉਰਮਿਲਾ ਸ਼ਰਮਾ ਨੇ ਆਪਣੇ ਆਪਣੇ ਵਿਚਾਰ ਰੱਖੇ।ਇਸ ਮੌਕੇ ਮਾਹੀ ਲਾਲ, ਨਰੰਜਨ ਸਿੰਘ, ਰਣਧੀਰ ਸਿੰਘ, ਭਜਨ ਸਿੰਘ, ਨਵਲੇਕ ਕੁਮਾਰ, ਸ਼੍ਰੀਮਤੀ ਕ੍ਰਿਨਾ ਦੇਵੀ, ਸ਼ਾਂਤੀ ਦੇਵੀ, ਸੁਰਿੰਦਰ ਕੌਰ, ਰਵਿੰਦਰ ਕੌਰ ਮੌਜੂਦ ਸਨ। ਸਟੇਜ ਦੀ ਕਾਰਵਾਈ ਸਕੱਤਰ ਬਲਦੇਵ ਰਾਜ ਨੇ ਨਿਭਾਈ।

# 17 ਦੀ ਰੈਲੀ 'ਚ ਪੈਨਸ਼ਨਰ ਵੱਡੀ ਗਿਣਤੀ 'ਚ ਸ਼ਾਮਲ ਹੋਣਗੇ : ਗੁਪਤਾ

**ਅੰਮ੍ਰਿਤਸਰ (ਕਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਪੰਜਾਬ ਪੈਨਸ਼ਨਰਜ ਯੂਨੀਅਨ ਜਿਲਾ ਅਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਜਿਲਾ ਪ੍ਰਧਾਨ ਬਲਰਾਜ ਸਿੰਘ ਭੰਗੂ,ਹਰਦੇਵ ਸਿੰਘ ਭਕਨਾ,ਰਾਮ ਮੂਰਤੀ ਸ਼ਰਮਾ,ਭੈਣ ਰਜਿੰਦਰ ਪਾਲ ਕੌਰ, ਬਲਦੇਵ ਰਾਜ ਨਿਰਵੈਰ ਸਿੰਘ ਅਤੇ ਪ੍ਰਿੰਸੀਪਲ ਸੁਖਦੇਵ ਸਿੰਘ ਢਿਲੋਂ ਦੀ ਸਾਂਝੀ ਪ੍ਰਧਾਨੀ ਹੇਠ ਜੌਲੀ ਸਵੀਟ ਸ਼ਾਪ ਪੁਤਲੀਘਰ ਵਿਖੇ ਹੋਈ ਮੀਟਿੰਗ ਸ਼ੁਰੂ ਕਰਨ ਤੋਂ ਪਹਿਲਾਂ ਆਪਣੇ ਬਹੁਤ ਹੀ ਹਰਮਨ ਪਿਆਰੇ ਸੂਝਵਾਨ ਸੂਬਾਈ ਸੀਨੀਅਰ



ਸਾਥੀ ਸਰਦਾਰ ਗੁਰਚਰਨ ਸਿੰਘ ਸੰਧੂ ਜੋ ਸਦੀਵੀ ਵਿਛੋਆ ਦੇ ਗਏ ਹਨ ਉਹਨਾਂ ਨੂੰ ਯਾਦ ਕਰਦਿਆ ਸ਼ਰਧਾ ਸੁਮਨ ਫੁਲ ਭੇਟ ਕੀਤੇ ਗਏ ਉਹਨਾਂ ਦੀ ਅੰਤਿਮ ਅਰਦਾਸ ਮਿਤੀ 18 ਜੁਲਾਈ 2026 ਨੂੰ ਅਜਨਾਲਾ ਵਿਖੇ ਗੁਰਦੁਆਰ ਸਾਹਿਬ ਡੇਰਾ ਬਾਬਾ ਨਾਨਕ ਰੋਡ ਤੇ ਹੋਵੇਗੀ ਪੈਨਸ਼ਨਰ ਸਾਥੀਆਂ ਨੂੰ ਸ਼ਾਮਲ ਹੋਣ ਦੀ ਬੇਨਤੀ ਕੀਤੀ ਜਾਂਦੀ ਹੈ ਮੀਟਿੰਗ ਵਿਚ ਫੈਸਲਾ ਕੀਤਾ ਗਿਆ ਕਿ ਪੰਜਾਬ ਪੈਨਸ਼ਨਰਜ ਯੂਨੀਅਨ ਅਮ੍ਰਿਤਸਰ ਦੇ ਪੈਨਸ਼ਨਰ ਸਾਥੀ ਬੱਸਾਂ ਰਾਹੀ ਵਡੀ ਗਿਣਤੀ ਵਿਚ ਆਪਣੇ ਆਪਣੇ ਬੈਨਰ ਲੈ ਕੇ ਰੈਲੀ ਵਿਚ ਪਹੁੰਚਣਗੇ ਵਖ ਵਖ ਬੁਲਾਰਿਆ ਕੁਲਵੰਤ ਸਿੰਘ ਘੁਕੇਵਾਲੀ, ਪਰਮਜੀਤ ਸਿੰਘ ਨਿੱਝਰ, ਭਵਾਨੀ ਫੇਰ,ਹਰਜੀਤ ਸਿੰਘ ਉਪਲ, ਭੈਣ ਨਰਿੰਦਰ ਪਾਲ, ਸੁਰਿੰਦਰ ਕੁਮਾਰ, ਨੇ ਪੰਜਾਬ ਸਰਕਾਰ ਨੂੰ ਆੜੇ ਹੱਥੀ ਲੈਂਦਿਆਂ ਕਿਹਾ ਕਿ ਪੰਜਾਬ ਵਿਚ ਕਈ ਸਰਕਾਰਾਂ ਆਈਆਂ ਪਰ ਇਸ ਤਰਾਂ ਦੀ ਝੂਠੀ ਬਹਾਨੇਬਾਜ ਨਿਕੰਮੀ ਸਰਕਾਰ ਨਹੀ ਵੇਖੀ ਜੋ ਮਹਿੰਗਾਈ ਭੱਤੇ ਤੇ ਲਗਾਤਾਰ ਮਾਨਯੋਗ ਹਾਈਕੋਰਟ ਵਿੱਚ ਝੂਠੇ ਹਲਫੀਆ ਬਿਆਨ ਦਾਖਲ ਕਰ ਰਹੀ ਹੈ ਮਾਨਯੋਗ ਹਾਈਕੋਰਟ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੀ ਹੈ ਮਾਨਯੋਗ ਅਦਾਲਤ ਦੇ ਸਿੰਗਲ ਬੈਂਚ ਨੇ ਤਥਾਂ ਦੇ ਅਧਾਰ ਤੇ ਜੋ ਪੈਨਸ਼ਨਰਾਂ ਦੇ ਹਕ ਵਿਚ ਇਤਿਹਾਸਕ ਫੈਸਲਾ ਕੀਤਾ ਹੈ ਪੰਜਾਬ ਪੈਨਸ਼ਨਰਜ ਯੂਨੀਅਨ ਮਾਨਯੋਗ ਹਾਈਕੋਰਟ ਦੀ ਸਦਾ ਧੰਨਵਾਦੀ ਰਹੇਗੀ ਪੰਜਾਬ ਸਰਕਾਰ ਨੇ ਪੇ ਕਮਿਸ਼ਨ ਵੱਲੋ ਰਕਮੈਂਡ ਕੀਤਾ ਪੈਨਸ਼ਨਰਾਂ ਦਾ ਪੈਨਸ਼ਨ ਸੋਧ ਫਾਰਮੂਲ 2.59 ਗੁਣਾਕ ਲਾਗੂ ਨਹੀ ਕੀਤਾ ਕਚੇ ਮੁਲਾਜ਼ਮ ਪੱਕੇ ਨਹੀਂ ਕੀਤੇ ਸਰਕਾਰ ਨੇ ਨਾ ਤਾਂ ਆਪਣੇ ਸਾਢੇ ਚਾਰ ਸਾਲਾਂ ਵਿਚ ਨਾ ਹੀ ਪੈਨਸ਼ਨਰਾਂ ਨਾਲ ਕੋਈ ਮੀਟਿੰਗ ਕੀਤੀ ਅਤੇ ਨਾ ਹੀ ਡੀ ਏ ਦੀ ਕੋਈ ਕਿਸ਼ਤ ਦਿੱਤੀ ਇਥੇ ਇਹ ਵੀ ਦੱਸਣ ਯੋਗ ਹੈ ਕਿ ਪੰਜਾਬ ਦਾ ਪੈਨਸ਼ਨਰ ਕੇਂਦਰ ਸਰਕਾਰ ਅਤੇ ਗੁਆਂਢੀ ਸੂਬਿਆਂ ਤੋਂ 18% ਘੱਟ ਪੈਨਸ਼ਨ ਲੈ ਰਿਹਾ ਹੈ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਪੰਜਾਬ ਸਰਕਾਰ ਨੂੰ ਚਿਤਵਿਆ ਕਿ ਹੁਣ ਵੀ ਕੰਨਾਂ ਤੇ ਜੂੰ ਨਾ ਸਰਕੀ ਤਾਂ ਸਤ ਲਖ ਮੁਲਾਜ਼ਮ ਤੇ ਪੈਨਸ਼ਨਰ ਅਤੇ ਉਹਨਾਂ ਦੇ ਪਰਿਵਾਰ ਸਾਕ ਸੰਬੰਧੀ ਯਾਰ ਦੋਸਤ ਗਿਣਤੀ ਮਿਣਤੀ ਸਰਕਾਰ ਆਪ ਕਰ ਲਵੇ ਜੇ ਇਹ ਸਰਕਾਰ ਬਣਾਂ ਸਕਦੇ ਹਨ ਤਾਂ ਬਦਲਣ ਵਿਚ ਵੀ ਦੇਰ ਨਹੀਂ ਕਰਨਗੇ ਮੀਟਿੰਗ ਵਿੱਚ ਬਲਦੇਵ ਸਿੰਘ ਭੋਮਾ, ਬਲੌਰ ਸਿੰਘ, ਜੁਗਿੰਦਰ ਸਿੰਘ ਤਿਲਕ ਰਾਜ ਬਲਦੇਵ ਸਿੰਘ ਹੈਲਥ, ਸੁਰਿੰਦਰ ਸਿੰਘ ਸਲਵਿੰਦਰ ਪਾਲ ,ਅੰਚਲ ਕੁਮਾਰ ਸਜਣ ਸਿੰਘ ,ਕੇਵਲ ਸਿੰਘ,ਹਰਦੀਪ ਸਿੰਘ ਆਦਿ ਵੱਡੀ ਗਿਣਤੀ ਵਿਚ ਪੈਨਸ਼ਨਰ ਸਾਥੀ ਸ਼ਾਮਲ ਹੋਏ।

# ਲੈਂਡ ਪੂਲਿੰਗ ਨੀਤੀ ਖਿਲਾਫ ਲੋਕ ਲਾਮਬੰਦੀ ਦਾ ਸੱਦਾ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਪਿੰਡ ਜਵੰਦਾ ਕਲਾਂ ਵਿਖੇ ਜਮਹੂਰੀ ਕਿਸਾਨ ਸਭਾ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਸਾਂਝੀ ਮੀਟਿੰਗ ਸੁਰਿੰਦਰ ਸਿੰਘ ਖੱਬਾ, ਨੌਜਵਾਨ ਆਗੂ ਸੁਖਦੇਵ ਸਿੰਘ ਜਵੰਦਾ ਦੀ ਪ੍ਰਧਾਨਗੀ 'ਚ ਕਰਵਾਈ ਗਈ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ, ਨੌਜਵਾਨਾਂ ਅਤੇ ਪਿੰਡ ਵਾਸੀਆਂ ਨੇ ਹਿੱਸਾ ਲਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਸਭਾ ਦੇ ਸੂਬਾਈ ਆਗੂ ਪਰਗਟ ਸਿੰਘ ਜਾਮਾਰਾਏ, ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਨੌਜਵਾਨਾਂ ਦੇ ਆਗੂ ਸੁਖਦੇਵ ਸਿੰਘ, ਮੰਗਲ ਸਿੰਘ ਜਵੰਦਾ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਦੇ ਖਿਲਾਫ ਅਤੇ ਭਾਰਤ ਅਮਰੀਕਾ ਮੁਕਤ ਵਪਾਰਕ ਸਮਝੌਤੇ ਵਿਰੁੱਧ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ 22 ਜੁਲਾਈ ਨੂੰ ਟੋਲ ਫ੍ਰੀ ਕੀਤੇ ਜਾ ਰਹੇ ਹਨ।ਵੱਡੀ ਗਿਣਤੀ ਵਿਚ ਪਹੁੰਚਣ ਦਾ ਸੱਦਾ ਦਿਤਾ।ਮੀਟਿੰਗ ਦੌਰਾਨ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਜੁੜੇ ਅਹਿਮ ਮਸਲਿਆਂ, ਖੇਤੀ ਸੰਕਟ, ਨੌਜਵਾਨਾਂ ਦੇ ਰੁਜ਼ਗਾਰ, ਨਸ਼ਿਆਂ ਦੇ ਵਧ ਰਹੇ ਪ੍ਰਭਾਵ ਅਤੇ ਸਮਾਜਿਕ ਏਕਤਾ ਵਰਗੇ ਮੁੱਦਿਆਂ ਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਆਗੂਆਂ ਨੇ ਕਿਹਾ ਕਿ ਲੋਕਾਂ ਦੇ ਹੱਕਾਂ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਹਰ ਪਿੰਡ ਵਿੱਚ ਲੋਕਾਂ ਨੂੰ ਇਕੱਠੇ ਕਰਕੇ ਜਨ-ਮੁੱਦਿਆਂ ਲਈ ਲਾਮਬੰਦ ਕੀਤਾ ਜਾਵੇਗਾ।ਮੀਟਿੰਗ ਵਿੱਚ ਹਾਜ਼ਰ ਆਗੂਆਂ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਜਮਹੂਰੀ ਅਧਿਕਾਰਾਂ ਦੀ ਰੱਖਿਆ, ਕਿਸਾਨੀ ਦੀਆਂ ਮੰਗਾਂ ਅਤੇ ਨੌਜਵਾਨਾਂ ਦੇ ਭਵਿੱਖ ਲਈ ਚੱਲ ਰਹੇ ਸੰਘਰਸ਼ਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ।ਇਸ ਮੌਕੇ ਸੱਜਣ ਸਿੰਘ, ਬਲਵਿੰਦਰ ਸਿੰਘ ਨੰਬਰਦਾਰ, ਮੰਗਲ ਸਿੰਘ, ਸਾਹਿਬ ਸਿੰਘ, ਸਕੱਤਰ ਸਿੰਘ, ਸੁਖਦੇਵ ਸਿੰਘ, ਹਰਜਿੰਦਰ ਸਿੰਘ, ਲਵਪ੍ਰੀਤ ਸਿੰਘ, ਗੁਰਸਿਮਰਨਜੀਤ ਸਿੰਘ, ਰਵੀਸ਼ੇਰ ਸਿੰਘ, ਤਰਨਵੀਰ ਸਿੰਘ, ਧਨਵੰਤ ਸਿੰਘ, ਕੁਲਵਿੰਦਰ ਸਿੰਘ, ਰੇਸ਼ਮ ਸਿੰਘ, ਹਰਜਿੰਦਰ ਸਿੰਘ, ਅੰਗਰੇਜ ਸਿੰਘ, ਨਰਿੰਦਰ ਸਿੰਘ, ਲੱਖਾ ਸਿੰਘ, ਸਰਬਜੀਤ ਸਿੰਘ, ਸੁਰਜੀਤ ਸਿੰਘ, ਤਰਸੇਮ ਸਿੰਘ, ਸਰਵਣ ਸਿੰਘ, ਸੁਖਦੇਵ ਸਿੰਘ, ਪ੍ਰਗਟ ਸਿੰਘ ਹਾਜ਼ਰ ਸਨ।

# ਕਟਾਰੂਚੱਕ ਨੇ 150 ਨਵੇਂ ਰਾਸ਼ਨ ਡਿੱਪੂ ਹੋਲਡਰਾਂ ਨੂੰ ਨਿਯੁਕਤੀ ਪੱਤਰ ਵੰਡੇ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਕਟਾਰੂਚੱਕ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਦੌਰਾਨ ਜ਼ਿਲ੍ਹਾ ਪਠਾਨਕੋਟ ਦੇ ਵੱਖ-ਵੱਖ ਵਰਗਾਂ ਨਾਲ ਸਬੰਧਿਤ ਕਰੀਬ 150 ਲਾਭਪਾਤਰੀਆਂ ਨੂੰ ਨਵੇਂ ਰਾਸ਼ਨ ਡਿੱਪੂ ਅਲਾਟ ਕੀਤੇ ਗਏ।ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਲਾਭਪਾਤਰੀਆਂ ਨੂੰ ਅਲਾਟਮੈਂਟ ਪੱਤਰ ਸੌਂਪੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪਵਨ ਕੁਮਾਰ ਭਾਰਦਵਾਜ ਚੇਅਰਮੈਨ



ਬਲਾਕ ਸੰਮਤੀ ਘਰੋਟਾ, ਰਾਜ ਰਿਸ਼ੀ ਮਹਿਰਾ ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਪਠਾਨਕੋਟ, ਸਤੀਸ਼ ਕੁਮਾਰ ਬਲਾਕ ਸੰਮਤੀ ਮੈਂਬਰ, ਹੇਮਰਾਜ ਮੈਂਬਰ ਪੰਚਾਇਤ, ਸਰਪੰਚ ਪੱਪਿਆਲ ਬਲਵੀਰ ਫੌਜੀ, ਹਰਚਰਨ ਸਿੰਘ ਨਵਾਂ ਪਿੰਡ, ਬਲਾਕ ਪ੍ਰਧਾਨ ਰਣਜੀਤ ਸਿੰਘ, ਸਰਪੰਚ ਅਸ਼ਵਨੀ ਕੁਮਾਰ, ਸਰਪੰਚ ਮਨਦੀਪ ਸਿੰਘ ਬੱਸੀ ਬਹਿਲੋਲਪੁਰ, ਏਐੱਫਐੱਸਓ ਅਜੇ ਪਰਿੰਜਾ ਅਤੇ ਆਮ ਆਦਮੀ ਪਾਰਟੀ ਦੇ ਵੱਡੀ ਗਿਣਤੀ ਵਿੱਚ ਅਹੁਦੇਦਾਰ ਅਤੇ ਕਾਰਜਕਰਤਾ ਹਾਜ਼ਰ ਸਨ।ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਕਟਾਰੂਚੱਕ ਨੇ ਨਵੇਂ ਰਾਸ਼ਨ ਡਿੱਪੂ ਪ੍ਰਾਪਤ ਕਰਨ ਵਾਲੇ ਸਾਰੇ ਲਾਭਪਾਤਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਰਾਸ਼ਨ ਡਿੱਪੂਆਂ ਦੀ ਅਲਾਟਮੈਂਟ ਪੂਰੀ ਤਰ੍ਹਾਂ ਪਾਰਦਰਸ਼ੀ ਪ੍ਰਕਿਰਿਆ ਰਾਹੀਂ ਕੀਤੀ ਗਈ ਹੈ ਅਤੇ ਵੱਖ-ਵੱਖ ਵਰਗਾਂ, ਜਿਵੇਂ ਕਿ ਸਾਬਕਾ ਫੌਜੀਆਂ, ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਆਮ ਵਰਗ ਦੇ ਯੋਗ ਉਮੀਦਵਾਰਾਂ ਨੂੰ ਇਸ ਦਾ ਲਾਭ ਦਿੱਤਾ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਉਪਰਾਲਾ ਨਾ ਸਿਰਫ਼ ਯੋਗ ਵਿਅਕਤੀਆਂ ਨੂੰ ਰੋਜ਼ਗਾਰ ਦੇ ਨਵੇਂ ਮੌਕੇ ਪ੍ਰਦਾਨ ਕਰਨਾ ਹੈ ਸਗੋਂ ਯੋਗ ਪਰਿਵਾਰਾਂ ਤੱਕ ਸਮੇਂ ਸਿਰ ਰਾਸ਼ਨ ਪਹੁੰਚਾ ਕੇ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣਾ ਵੀ ਹੈ।ਉਨ੍ਹਾਂ ਕਿਹਾ ਕਿ ਅੱਜ ਜ਼ਿਲ੍ਹਾ ਪਠਾਨਕੋਟ ਵਿੱਚ ਰਾਸ਼ਨ ਡਿੱਪੂਆਂ ਦੀ ਵੰਡ ਨਾਲ ਇੱਕ ਨਵੀਂ ਸ਼ੁਰੂਆਤ ਹੋਈ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਪੰਜਾਬ ਪੱਧਰ 'ਤੇ ਵੀ ਇਸ ਤਰ੍ਹਾਂ ਦੇ ਵੱਡੇ ਪ੍ਰੋਗਰਾਮ ਕਰਵਾਏ ਜਾਣਗੇ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਨਵੀਂ ਇਕਾਈ ਦਾ ਗਠਨ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ੋਨ ਬਾਬਾ ਰਾਇਆ ਜੀ ਦੇ ਆਗੂਆਂ ਵੱਲੋਂ ਕਿਸਾਨ ਆਗੂ ਪਾਖਰ ਸਿੰਘ ਲਾਲਪੁਰਾ ਦੀ ਪ੍ਰਧਾਨਗੀ ਹੇਠ ਪਿੰਡ ਬੋਤਲ ਕੀੜੀ ਸ਼ਾਹੀ ਵਿਖੇ ਮੀਟਿੰਗ ਕੀਤੀ ਗਈ ਜਿਸ ਵਿੱਚ ਪਾਰਟੀ ਦਾ ਵਿਸਥਾਰ ਕਰਦਿਆਂ ਪਿੰਡ ਵਿੱਚ ਨਵੀਂ ਇਕਾਈ ਦਾ ਗਠਨ ਕੀਤਾ ਗਿਆ। ਕਿਸਾਨ ਆਗੂ ਪਾਖਰ ਸਿੰਘ ਲਾਲਪੁਰਾ ਨੇ ਦੱਸਿਆ ਕਿ ਅੱਜ ਦੇ ਸਮੇਂ ਦੌਰਾਨ ਪਿੰਡਾਂ ਵਿੱਚ ਏਕੇ ਦੀ ਬਹੁਤ ਜ਼ਿਆਦਾ ਲੋੜ ਹੈ, ਸਰਕਾਰ ਕਿਸਾਨਾਂ ਕੋਲੋਂ ਉਨ੍ਹਾਂ ਦੀਆਂ ਜ਼ਮੀਨਾਂ ਸਸਤੇ ਭਾਅ ਕਬਜ਼ੇ ਕਰਨ ਦੀ ਨੀਅਤ ਨਾਲ ਕਾਰਪੋਰੇਟ ਘਰਾਣਿਆਂ ਨੂੰ ਵੇਚਣ ਦਾ ਯਤਨ ਕਰ ਰਹੀ ਹੈ ਜੋ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੀਨੀਅਰ ਆਗੂ ਹਰਦੇਵ ਸਿੰਘ ਸਰਲੀ ਨੇ ਕਿਹਾ ਕਿ ਬਿਜਲੀ ਮਹਿਕਮੇ ਨੂੰ ਪ੍ਰਾਈਵੇਟ ਹੱਥਾਂ ਵਿੱਚ ਦਿੱਤਾ ਜਾ ਰਿਹਾ, ਪਿੰਡਾਂ 'ਚ ਚਿੱਪਾਂ ਵਾਲੇ ਮੀਟਰ ਲੱਗ ਰਹੇ ਹਨ, ਆਉਣ ਵਾਲੇ ਸਮੇਂ 'ਚ ਮੋਟਰਾਂ ਦੇ ਬਿੱਲ ਲਾਉਣ ਦੀ ਤਿਆਰੀ ਹੈ। ਇਸ ਲਈ ਕਿਸਾਨਾਂ ਨੂੰ ਇਕਜੁੱਟ ਹੋਣਾ ਪਵੇਗਾ ।ਇਸ ਮੌਕੇ ਨਵੀਂ ਬਣੀ ਇਕਾਈ ਦੇ ਪ੍ਰਧਾਨ ਗੁਰਧਿਆਨ ਸਿੰਘ ਵੱਲੋਂ ਵਿਸ਼ਵਾਸ ਦਿਵਾਉਂਦੇ ਹੋਏ ਕਿਹਾ ਕਿ ਜਥੇਬੰਦੀ ਵੱਲੋਂ ਦਿੱਤੇ ਹੋਏ ਪ੍ਰੋਗਰਾਮਾਂ ਵਿੱਚ ਇਕਾਈ ਬੋਤਲ ਕੀੜੀ ਸ਼ਾਹੀ ਵੱਲੋਂ ਵੱਡੇ ਪੱਧਰ 'ਤੇ ਹਾਜ਼ਰੀ ਭਰੀ ਜਾਵੇਗੀ। ਇਸ ਮੌਕੇ ਇਕਾਈ ਸਕੱਤਰ ਗੁਰਵਿੰਦਰ ਸਿੰਘ, ਮੀਤ ਪਰਧਾਨ ਸੰਤੋਖ ਸਿੰਘੰ, ਖਜ਼ਾਨਚੀ ਕਸ਼ਮੀਰ ਸਿੰਘ, ਸੰਗਠਨ ਸਕੱਤਰ ਗੁਰਪਾਲ ਸਿੰਘ, ਪਾਰਸ, ਕਰਨ ਬੀਰ ਸਿੰਘ, ਮਨਜੀਤ ਸਿੰਘ, ਹਰਜਿੰਦਰ ਸਿੰਘ, ਗੁਰਮੁੱਖ ਸਿੰਘ, ਅਮਰਜੀਤ ਸਿੰਘ ਆਦਿ ਆਗੂ ਹਾਜ਼ਰ ਸਨ।

# ਸ਼ੇਲਿੰਦਰਜੀਤ ਸਿੰਘ ਰਾਜਨ ਵੱਲੋਂ ਸੰਪਾਦਿਤ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਲੋਕ ਅਰਪਿਤ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਪਿਛਲੇ 41 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਸਾਹਿਤਕ ਸਰਗਰਮੀਆਂ ਰਚਾਉਣ ਵਾਲੀ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਸਾਬਕਾ ਵਿਧਾਇਕ ਜਥੇਦਾਰ ਬਲਜੀਤ ਸਿੰਘ ਜਲਾਲ ਉਸਮਾ ਅਤੇ ਪ੍ਰਿੰ: ਹਰਬੰਸ ਸਿੰਘ ਘਈ ਸਾ: ਐਕਸਾਈਜ਼ ਐਂਡ ਟੈਕਸੇਸ਼ਨ ਕਮਿਸ਼ਨਰ ਪੰਜਾਬ ਬਤੌਰ ਮੁੱਖ ਮਹਿਮਾਨ ਵਜੋਂ ਪੁੱਜੇ, ਜਦਕਿ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਸੀਨੀਅਰ ਪੱਤਰਕਾਰ ਐਸ. ਪ੍ਰਸ਼ੋਤਮ, ਸਾਹਿਤ ਸਭਾ ਫਿਰੋਜ਼ਪੁਰ ਤੋਂ ਸੁਖਦੇਵ ਸਿੰਘ ਭੱਟੀ ਫਿਰੋਜ਼ਪੁਰੀ, ਪੰਜਾਬੀ ਸਾਹਿਤ ਸਭਾ ਕਰਤਾਰਪੁਰ ਦੇ ਪ੍ਰਧਾਨ ਲਾਲੀ ਕਰਤਾਰਪੁਰੀ, ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ., ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ ਆਦਿ ਸੁਸ਼ੋਭਿਤ ਹੋਏ। ਇਸ ਮੌਕੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ 15ਵਾਂ ਸਾਂਝਾ ਕਾਵਿ ਸੰਗ੍ਰਹਿ 'ਕਲਮਾਂ ਦੀ ਉਡਾਣ' ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤੀ ਗਈ, ਜਿਸ ਵਿੱਚ ਸਭਾ ਦੇ 31 ਕਵੀਆਂ ਦੀਆਂ ਕਾਵਿ ਰਚਨਾਵਾਂ ਸ਼ਾਮਿਲ ਹਨ। ਇਸ ਮੌਕੇ ਸਭਾ ਵੱਲੋਂ ਪਾਸ ਕੀਤੇ ਗਏ ਮਤਿਆਂ ਵਿੱਚ ਜਿੱਥੇ ਪੰਜਾਬ ਸਰਕਾਰ ਵੱਲੋਂ ਮਾਤ ਭਾਸ਼ਾ ਪੰਜਾਬੀ ਪ੍ਰਤੀ ਅਪਣਾਈ ਜਾ ਰਹੀ ਨੀਅਤ ਅਤੇ ਨੀਤੀ ਦੀ ਸਖਤ ਨਿੰਦਾ ਕੀਤੀ ਗਈ, ਉਥੇ ਸ: ਜਸਵੰਤ ਸਿੰਘ ਖਾਲੜਾ 'ਤੇ ਬਣੀ 'ਸਤਲੁਜ' ਫਿਲਮ ਨੂੰ ਬੈਨ ਕਰਨ ਦੀ ਵੀ ਸਖਤ ਨਿੰਦਾ ਕੀਤੀ ਗਈ।



## ਲੋਕ ਮਿਲਣੀ ਦੌਰਾਨ ਕੈਬਨਿਟ ਮੰਤਰੀ ਨੇ ਸੁਣੀਆਂ ਲੋਕਾਂ ਦੀਆਂ ਮੁਸ਼ਕਲਾਂ

**ਜਲੰਧਰ (ਸੁਰਿੰਦਰ ਕੁਮਾਰ)**- ਸਥਾਨਕ ਜਲੰਧਰ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮਹਿੰਦਰ ਭਗਤ ਨੇ ਭਾਰਗਵ ਕੈਂਪ, ਵਾਰਡ ਨੰਬਰ 44 ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕਾ ਵਾਸੀਆਂ ਨਾਲ ਰੂ-ਬਰੂ ਹੁੰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਇਸ ਮੌਕੇ ਸੰਬੋਧਨ



ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਮਿਲਣੀ ਪ੍ਰੋਗਰਾਮ ਸਰਕਾਰ ਅਤੇ ਲੋਕਾਂ ਵਿਚਕਾਰ ਸਿੱਧਾ ਸੰਪਰਕ ਬਣਾਉਣ ਦਾ ਪ੍ਰਭਾਵਸ਼ਾਲੀ ਮਾਧਿਅਮ ਹਨ, ਜਿਸ ਰਾਹੀਂ ਲੋਕਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਨੋਟਿਸ ਲੈ ਕੇ ਢੁਕਵੇਂ ਹੱਲ ਲਈ ਸਬੰਧਿਤ ਵਿਭਾਗਾਂ ਨੂੰ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾਂਦੇ ਹਨ। ਭਗਤ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਮ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਅਤੇ ਉਨ੍ਹਾਂ ਦੀਆਂ ਮੁਸ਼ਕਲਾਂ ਦਾ ਸਮਾਂਬੱਧ ਹੱਲ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਉਦੇਸ਼ ਹਰ ਵਾਰਡ ਅਤੇ ਹਰ ਮੁਹੱਲੇ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਉਣਾ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿੱਥੇ ਵਿਕਾਸ ਦੀ ਰਫ਼ਤਾਰ ਨੂੰ ਤੇਜ਼ ਕੀਤਾ ਗਿਆ ਹੈ ਉੱਥੇ ਲੋਕ ਹਿੱਤ ਨਾਲ ਜੁੜੇ ਮਾਮਲਿਆਂ ਦਾ ਪਹਿਲ ਦੇ ਆਧਾਰ 'ਤੇ ਨਿਪਟਾਰਾ ਯਕੀਨੀ ਬਣਾਇਆ ਜਾ ਰਿਹਾ ਹੈ। ਇਸ ਮੌਕੇ ਇਲਾਕੇ ਦੇ ਲੋਕਾਂ ਨੇ ਸੜਕਾਂ, ਸੀਵਰੇਜ ਸਿਸਟਮ ਦੀ ਅਪਗ੍ਰੇਡੇਸ਼ਨ ਸਮੇਤ ਸਥਾਨਕ ਮੁੱਦੇ ਮੰਤਰੀ ਦੇ ਧਿਆਨ ਵਿੱਚ ਲਿਆਂਦੇ। ਉਨ੍ਹਾਂ ਇਲਾਕਾ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਸਾਰੇ ਜਾਇਜ਼ ਮੁੱਦਿਆਂ ਦਾ ਜਲਦ ਹੱਲ ਕਰਵਾਇਆ ਜਾਵੇਗਾ। ਪ੍ਰੋਗਰਾਮ ਦੌਰਾਨ ਸਥਾਨਕ ਲੋਕਾਂ ਵੱਲੋਂ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਅਤੇ ਹੋਰ ਲੋੜਾਂ ਬਾਰੇ ਵੀ ਕੈਬਨਿਟ ਮੰਤਰੀ ਨੂੰ ਜਾਣੂ ਕਰਵਾਇਆ ਗਿਆ ਜਿਸ 'ਤੇ ਭਗਤ ਨੇ ਸਬੰਧਿਤ ਅਧਿਕਾਰੀਆਂ ਰਾਹੀਂ ਯੋਗ ਕਾਰਵਾਈ ਦਾ ਭਰੋਸਾ ਦਿਵਾਇਆ।ਇਸ ਮੌਕੇ ਕੌਂਸਲਰ ਰਾਜ ਕੁਮਾਰ ਰਾਜੂ, ਵਾਰਡ ਇੰਚਾਰਜ ਵਿਕੀ ਕਾਕਾ, ਜੋਗਿੰਦਰ ਸਿੰਘ, ਸੁਮਨ ਬਾਲਾ, ਮਨੀ ਕੁਮਾਰ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

## ਵਿਧਾਇਕ ਵੱਲੋਂ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਲੋਕਾਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਨਿਪਟਾਰਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਦੇ ਦੋਨਾਂ ਇਲਾਕੇ ਵਿੱਚ ਵਿਧਾਇਕ ਇੰਦਰਜੀਤ ਕੌਰ ਮਾਨ ਵੱਲੋਂ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਪਿੰਡ ਪਿੰਡ ਪਹੁੰਚ ਕੇ ਜਿਹਨਾਂ ਵਿੱਚ ਚੂਹੜ ਪਿੰਡ, ਕਾਂਗ ਸਾਹਿਬ ਰਾਏ, ਮੱਲੀਆਂ ਕਲਾਂ, ਮੱਲੀਆਂ ਖੁਰਦ, ਨਵਾਂ ਪਿੰਡ ਮੱਲੀਆਂ, ਰੰਗੜਾ, ਬਿਲਾ ਨਵਾਬ, ਦਰਗਾਬਾਦ ਪਹੁੰਚ ਕੇ ਲੋਕਾਂ ਦੀਆਂ ਨਿੱਜੀ ਦੁੱਖ ਤਕਲੀਫਾਂ ਸੁਣੀਆਂ ਜਾ ਰਹੀਆਂ ਹਨ ਉਥੇ ਇਹਨਾਂ ਮੁਸ਼ਕਲਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਜਾ ਰਿਹਾ ਹੈ। ਬੀਬੀ ਮਾਨ ਵੱਲੋਂ ਇਸ ਚਾਰ ਸਾਲ ਤੋਂ ਗ੍ਰਾਮ ਪੰਚਾਇਤਾਂ ਨੂੰ ਮੁਹੱਈਆ ਕੀਤੇ ਗਏ ਫੰਡਾਂ ਬਾਰੇ ਪਿੰਡਾਂ ਦੇ ਨਿਵਾਸੀਆਂ ਸਾਹਮਣੇ ਲੇਖਾ ਜੋਖਾ ਕੀਤਾ ਜਾ ਰਿਹਾ ਕਿਸ ਕਿਸ ਕੰਮ ਲਈ ਪੈਸੇ ਭੇਜੇ ਗਏ, ਕਿੰਨੇ ਪੈਸੇ ਖਰਚ ਕੀਤੇ ਗਏ, ਕਿੰਨੇ ਪੈਸੇ ਅਜੇ ਪੰਚਾਇਤ ਦੇ ਖਾਤੇ ਵਿੱਚ ਖੜੇ ਹਨ। ਸਭ ਲੋਕਾਂ ਸਾਹਮਣੇ ਹਿਸਾਬ ਦੱਸਿਆ ਜਾ ਰਿਹਾ ਹੈ। ਬੀਬੀ ਮਾਨ ਵੱਲੋਂ ਖਾਸ ਕਰਕੇ ਇਸ ਮੌਕੇ ਤੇ ਨੌਜਵਾਨਾਂ ਦੇ ਖੇਡ ਮੈਦਾਨ ਨੂੰ ਤਿਆਰ ਕਰਨ ਅਤੇ ਜਿਮ ਬਣਾਉਣ ਲਈ ਤਰਜੀਹ ਦਿੱਤੀ ਜਾ ਰਹੀ ਹੈ। ਬੀਬੀ ਮਾਨ ਨੇ ਨੌਜਵਾਨਾਂ ਨੂੰ ਹਰ ਖੇਡ ਲਈ ਖੇਡ ਕਿੱਟਾਂ ਜਿਹੜੀਆਂ ਜਲਦ ਮੁਹੱਈਆ ਕੀਤੀਆਂ ਜਾ ਰਹੀਆਂ



ਬਾਰੇ ਨੋਟ ਕਰਵਾਉਣ ਲਈ ਆਖਿਆ ਜਿਸ ਖੇਡ ਲਈ ਵਾਸਤੇ ਸਮਾਨ ਦੀ ਜਰੂਰਤ ਹੈ। ਇਸ ਮੌਕੇ ਤੇ ਇੰਦਰਜੀਤ ਕੌਰ ਮਾਨ ਨੇ ਦੱਸਿਆ ਕਿ ਸਰਕਾਰ ਵੱਲੋਂ ਪਿੰਡਾਂ ਦੀਆਂ ਸੰਪਰਕ ਸੜਕਾਂ ਲਈ ਇਸ ਵਾਰ ਪਹਿਲਾਂ ਦੇ ਮੁਕਾਬਲੇ ਬਿਹਤਰ ਸੜਕਾਂ ਬਣਾਉਣ ਲਈ ਬਜਟ ਦਿੱਤਾ ਹੈ। ਇਹ ਸੜਕਾਂ ਪੰਜ ਸਾਲ ਰਿਪੇਅਰ ਕਰਨ ਲਈ ਸਬੰਧਿਤ ਠੇਕੇਦਾਰ ਇਹਨਾਂ ਸੜਕਾਂ ਦੀ ਦੇਖਰੇਖ ਕਰਨਗੇ ਇਹ ਪਹਿਲੀ ਵਾਰ ਹੋਇਆ ਹੈ।ਇਸ ਮੌਕੇ ਤੇ ਜਿਲਾ ਪਰਿਸ਼ਦ ਦੇ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਬਲਾਕ ਸੰਮਤੀ ਦੇ ਚੇਅਰਮੈਨ ਚਰਨਜੀਤ ਤੋਂ ਇਲਾਵਾ, ਪੰਚਾਇਤ ਅਫਸਰ, ਬਿਜਲੀ ਵਿਭਾਗ, ਵਾਟਰ ਸਪਲਾਈ ਵਿਭਾਗ, ਮਾਲ ਵਿਭਾਗ, ਪੁਲੀਸ ਅਫਸਰ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨ ਹਾਜ਼ਰ ਸਨ।

## ਕੌਂਸਲਰ ਲੋਕਾਂ ਦੇ ਮਸਲੇ ਹੱਲ ਕਰਨ ਦੇ ਲਈ ਜੁੜ ਰਹੇ ਹਨ 'ਆਪ' ਦੇ ਨਾਲ : ਮਾਲਵਿੰਦਰ ਸਿੰਘ ਕੰਗ

**ਮੋਹਾਲੀ (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਦੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ



ਪਾਰਟੀ ਦੀ ਸਰਕਾਰ ਵੱਲੋਂ ਵਿਕਾਸ ਕਾਰਜਾਂ ਵਿੱਚ ਤੇਜ਼ੀ ਲਿਆਂਦੀ ਗਈ। ਵਿਧਾਇਕ ਕੁਲਵੰਤ ਸਿੰਘ ਦੀ ਮੌਜੂਦਗੀ ਦੇ ਵਿੱਚ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਸ੍ਰੀ ਆਨੰਦਪੁਰ ਸਾਹਿਬ ਤੋਂ ਮੈਂਬਰ ਲੋਕ ਸਭਾ ਮਾਲਵਿੰਦਰ ਸਿੰਘ ਕੰਗ ਵੱਲੋਂ ਕੀਤਾ ਗਿਆ। ਇਸ ਮੌਕੇ ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸ੍ਰੀ ਅਨੰਦਪੁਰ ਸਾਹਿਬ ਤੋਂ ਮੈਂਬਰ ਲੋਕ ਸਭਾ ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਭਰ ਵਿੱਚ ਵੱਖ-ਵੱਖ ਪਾਰਟੀਆਂ ਦੇ ਅਤੇ ਆਜ਼ਾਦ ਕੌਂਸਲਰ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਨਾਲ ਜੁੜ ਰਹੇ ਹਨ, ਤਾਂ ਕਿ ਉਹ ਸਰਕਾਰ ਦੇ ਨਾਲ ਮਿਲ ਕੇ ਲੋਕਾਂ ਦੇ ਕੰਮ ਕਰਵਾ ਸਕਣ, ਅਤੇ ਆਪੋ-ਆਪਣੇ ਇਲਾਕੇ ਦਾ ਸਰਬਪੱਖੀ ਵਿਕਾਸ ਕਰਵਾ ਕੇ ਆਪਣੀ ਜਿੰਮੇਵਾਰੀ ਨਿਭਾ ਸਕਣ, ਤਾਂ ਕਿ ਉਹ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰ ਸਕਣ। ਆਮ ਆਦਮੀ ਪਾਰਟੀ ਦੇ ਕਿਸੇ ਵੀ ਵਰਕਰ ਅਤੇ ਨੁਮਾਇੰਦੇ ਵੱਲੋਂ ਕਿਸੇ ਵੀ ਕੌਂਸਲਰ ਦੇ ਨਾਲ ਪੰਜਾਬ ਭਰ ਵਿੱਚ ਕੋਈ ਧੱਕੇਸ਼ਾਹੀ ਜਾਂ ਜ਼ੋਰ ਜ਼ਬਰਦਸਤੀ ਨਹੀਂ ਕੀਤੀ ਗਈ, ਸਗੋਂ ਲੋਕੀ ਆਪ ਮੁਹਾਰੇ ਹੀ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਇਸ ਮੌਕੇ ਤੇ ਕੁਲਦੀਪ ਸਿੰਘ ਸਮਾਣਾ, ਡਿਪਟੀ ਮੇਅਰ ਮੋਹਾਲੀ ਕਾਰਪੋਰੇਸ਼ਨ-ਹਰਪਾਲ ਸਿੰਘ ਚੰਨਾ, ਸਾਬਕਾ ਸਰਪੰਚ ਤੇ ਸੀਨੀਅਰ ਨੇਤਾ ਆਮ ਆਦਮੀ ਪਾਰਟੀ ਅਵਤਾਰ ਸਿੰਘ ਮੌਲੀ, ਜਸਪਾਲ ਸਿੰਘ ਮਟੌਰ, ਤਰਲੋਚਨ ਸਿੰਘ ਮਟੌਰ ਵੀ ਹਾਜ਼ਰ ਸਨ।

## ਚੇਚੀ ਨੇ ਸਾਥੀਆਂ ਸਮੇਤ ਮਨੀਸ਼ ਸਿਸੋਦੀਆ ਨਾਲ ਕੀਤੀ ਮੁਲਾਕਾਤ

**ਬਲਾਚੌਰ (ਜਸਵਿੰਦਰ ਬੈਂਸ)**- ਆਮ ਆਦਮੀ ਪਾਰਟੀ ਦੇ ਨਵੇਂ ਨਿਯੁਕਤ ਜ਼ਿਲ੍ਹਾ ਪ੍ਰਧਾਨ ਸੰਜੀਵ ਚੇਚੀ ਨੇ ਆਪਣੇ ਸਾਥੀਆਂ ਸਮੇਤ ਪਾਰਟੀ ਦੇ ਪੰਜਾਬ ਇੰਚਾਰਜ ਅਤੇ



ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਸੰਜੀਵ ਚੇਚੀ ਨੇ ਨਵੀਂ ਜ਼ਿੰਮੇਵਾਰੀ ਸੌਂਪਣ ਲਈ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ ਅਤੇ ਜ਼ਿਲ੍ਹੇ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਦਾ ਭਰੋਸਾ ਦਿੱਤਾ।ਮੁਲਾਕਾਤ ਦੌਰਾਨ ਮਨੀਸ਼ ਸਿਸੋਦੀਆ ਨੇ ਜ਼ਿਲ੍ਹਾ ਪ੍ਰਧਾਨ ਸੰਜੀਵ ਚੇਚੀ ਅਤੇ ਉਨ੍ਹਾਂ ਦੀ ਟੀਮ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਵਰਕਰਾਂ ਨਾਲ ਮਿਲ ਕੇ ਜ਼ਮੀਨੀ ਪੱਧਰ 'ਤੇ ਕੰਮ ਕੀਤਾ ਜਾਵੇ ਅਤੇ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਨੇ ਆਉਣ ਵਾਲੇ ਸਮੇਂ ਵਿੱਚ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਵੀ ਕੀਤੀ। ਇਸ ਮੌਕੇ ਤੇ ਸੰਜੀਵ ਚੇਚੀ ਨੇ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਪਾਰਟੀ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਵਰਕਰਾਂ ਨੂੰ ਨਾਲ ਲੈ ਕੇ ਸੰਗਠਨ ਨੂੰ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਤੇ ਬਲਾਚੌਰ ਤੋਂ ਮਾਰਕੀਟ ਕਮੇਟੀ ਦੇ ਚੇਅਰਮੈਨ ਸੇਠੀ ਉਧਨੋਵਾਲ, ਬੰਗਾ ਤੋਂ ਪਵਨ ਸਿੱਧੂ ਤੇ ਹੋਰ ਸਾਥੀ ਮੌਜੂਦ ਸਨ।

## ਰਵਿੰਦਰ ਸਿੰਘ ਟੂਰਨਾ ਸਿਆਸੀ ਪਰ ਤੋਲ ਰਿਹੈ

**ਸ਼ਾਹਕੋਟ (ਗਿਆਨ ਸੈਦਪੁਰੀ)**- ਸਿਆਸਤ ਦੀ ਨਬਜ਼ ਪਛਾਨਣ ਵਾਲੇ ਬਲਵੰਤ ਸਿੰਘ ਰਾਮੂਵਾਲੀਆ ਰਾਹੀਂ ਸਿਆਸੀ ਪ੍ਰਵਾਜ਼ ਭਰਨ ਉਪਰੰਤ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਬੀਬੀ ਰਜਿੰਦਰ ਕੌਰ ਭੱਠਲ ਪਾਸੋਂ ਸਿਆਸੀ ਤਜ਼ਰਬੇ ਦੀਆਂ 'ਪੰਡਾਂ' ਪ੍ਰਾਪਤ ਕਰਕੇ ਰਵਿੰਦਰ ਸਿੰਘ ਟੂਰਨਾ ਪੜਾਅ ਦਰ ਪੜਾਅ ਸਿਆਸੀ ਪੌੜੀਆਂ ਚੜ੍ਹਨ ਦਾ ਸੁਪਨਾ ਸੰਜੋਅ ਰਹੇ ਨਜ਼ਰ ਆ ਰਹੇ ਹਨ। ਸਵਰਗੀ ਦਰਬਾਰਾ ਸਿੰਘ (ਗਵਰਨਰ ਰਾਜਸਥਾਨ), ਅਕਾਲੀ ਦਲ ਦੇ ਦਿਮਾਗ਼ ਸਮਝੇ ਜਾਂਦੇ ਰਹੇ ਸਵਰਗੀ ਬਲਵੰਤ ਸਿੰਘ (ਖਜ਼ਾਨਾ ਮੰਤਰੀ ਪੰਜਾਬ), ਅਕਾਲੀ ਦਲ (ਬਾਦਲ) ਦੇ ਧੱੜਲੇਦਾਰ ਆਗੂ ਰਹੇ ਸਵਰਗੀ ਜਥੇਦਾਰ ਅਜੀਤ ਕੋਹਾੜ ਅਤੇ



ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਦੀ ਸਿਆਸੀ ਕਰਮਭੂਮੀ ਸ਼ਾਹਕੋਟ ਰਾਸ ਨਾ ਆਇਆ ਤਾਂ ਟੂਰਨਾ ਨੇ ਸਿਆਸੀ ਰੁਖ਼ ਸੰਗਰੂਰ ਵੱਲ ਕਰ ਲਿਆ। ਬੀਬੀ ਰਜਿੰਦਰ ਕੌਰ ਭੱਠਲ ਦੇ ਨਿੱਜੀ ਸਹਾਇਕ ਬਣਨ ਉਪਰੰਤ ਟੂਰਨਾ ਨੂੰ ਸੰਗਰੂਰ ਦੀ ਸਿਆਸਤ ਰਾਸ ਆ ਗਈ। ਉਨ੍ਹਾਂ ਨੂੰ ਸੰਗਰੂਰ ਵਾਲੇ ਕਾਂਗਰਸੀਆਂ ਨੇ ਵਾਇਆ ਬੀਬੀ ਰਜਿੰਦਰ ਕੌਰ ਭੱਠਲ ਭਰਵਾਂ ਮਾਣ ਸਤਿਕਾਰ ਦਿੱਤਾ। ਕਾਂਗਰਸ ਦੀ ਦਿੱਲੀ ਹਾਈਕਮਾਨ ਤੱਕ ਟੂਰਨਾ ਦੀ ਰਸਾਈ ਹੋਣ ਲੱਗ ਪਈ। ਪਿਛਲੇ ਕੁਝ ਸਮੇਂ ਤੋਂ ਪੰਜਾਬ ਦੇ ਕਾਂਗਰਸੀਆਂ ਦੀ ਸਿਆਸੀ ਖਹਿਬਾਜੀ ਦੌਰਾਨ ਬੀਬੀ ਭੱਠਲ ਦਾ 'ਧੜਾ' ਬੈਠ ਬਿਠਾਵੇ ਦੀ ਭੂਮਿਕਾ ਵਿੱਚ ਨਜ਼ਰ ਆਇਆ।ਇਸੇ ਸਬੱਬ ਨਾਲ ਪੰਜਾਬ ਕਾਂਗਰਸ ਦੇ ਇਨਚਾਰਜ ਭੂਪੇਸ਼ ਬਘੇਲ ਨਾਲ ਟੂਰਨਾ ਨੇ 'ਮਿਲਣੀਆਂ ਗਿਲਣੀਆ' ਵਧਾ ਲਈਆਂ। ਕੁਦਰਤੀ ਹੈ ਕਿ ਅਜਿਹੇ ਮੌਕਿਆਂ 'ਤੇ ਸਿਆਸੀ ਖੰਭਾਂ ਨੇ ਮਜ਼ਬੂਤੀ ਫੜਨੀ ਹੁੰਦੀ ਹੈ। ਕਨਸੋਆ ਹਨ ਕਿ ਕਾਂਗਰਸੀ ਧੜਿਆ ਦੇ 'ਸਿਆਸੀ ਲੈਣ ਦੇਣ' ਦੇ ਸਮਝੌਤਿਆਂ ਵਿੱਚ ਰਵਿੰਦਰ ਸਿੰਘ ਟੂਰਨਾ ਦਾ ਵਿਧਾਨ ਸਭਾ ਚੋਣ ਲੜਨ ਲਈ ਸੁਨਾਮ ਦਾ ਗੁਣਾ ਪਿਆ ਹੈ।ਅੱਜ ਕੱਲ੍ਹ ਦੇ ਸਿਆਸਤਦਾਨਾਂ ਦੀਆਂ ਸਿਆਸੀ ਖਾਹਿਸ਼ਾਂ ਦਾ ਅੰਬਾਰ ਵੀ ਮੁਕਦਾ ਨਹੀਂ। ਇਸੇ ਸੰਦਰਭ ਵਿੱਚ ਲੱਗਦਾ ਹੈ ਕਿ ਟੂਰਨਾ ਨੇ ਸੁਨਾਮ ਦੇ ਨਾਲ ਨਾਲ ਸਿਆਸੀ ਅੱਖ ਸ਼ਾਹਕੋਟ 'ਤੇ ਵੀ ਰੱਖੀ ਹੋਈ ਹੈ। ਇਸ ਖਾਹਸ਼ਾਂ ਪਿੱਛੇ ਦਲੀਲਾਂ ਵੀ ਸਾਹਮਣੇ ਆ ਰਹੀਆਂ ਹਨ। ਦੂਸਰੇ ਪਾਸੇ ਸ਼ਾਹਕੋਟ ਦੇ ਆਗੂਆਂ ਦੇ ਸਿਆਸੀ ਕੱਦ ਬੁੱਤ ਦੇ ਮਾਮਲੇ ਵਿੱਚ ਵਿਰੋਧੀ ਵੀ ਮੰਨਦੇ ਹਨ ਕਿ ਹਲਕੇ ਵਿੱਚ ਮੌਜੂਦਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਕੱਦਾਵਾਰ ਆਗੂ ਵਜੋਂ ਉੱਭਰੇ ਹੋਏ ਹਨ।

## ਰਸ਼ਪਾਲ ਚਰੜ ਨੇ ਤਰੁਣ ਭੰਡਾਰੀ ਨਾਲ ਕੀਤੀ ਮੁਲਾਕਾਤ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਭਾਜਪਾ ਦੇ ਨੇਤਾ ਰਸ਼ਪਾਲ ਸਿੰਘ ਚਰੜ ਨੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸੈਣੀ ਦੇ ਪੋਲੀਟੀਕਲ ਸੈਕਟਰੀ ਤਰੁਣ ਭੰਡਾਰੀ ਨਾਲ ਮੁਲਾਕਾਤ ਕੀਤੀ ਅਤੇ ਗੁਲਦਸਤਾ ਭੇਂਟ ਕਰਕੇ ਉਨ੍ਹਾਂ ਨੂੰ ਸਨਮਾਨਿਤ ਕੀਤਾ।ਭਾਜਪਾ ਨੇਤਾ



ਰਸ਼ਪਾਲ ਸਿੰਘ ਚਰੜ ਨੇ ਤਰੁਣ ਭੰਡਾਰੀ ਨੂੰ ਪੰਜਾਬ ਦੇ ਹਾਲਾਤਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਹੁਣ ਸਮਾਂ ਹੈ ਕਿ ਨੌਜਵਾਨ ਪੀੜ੍ਹੀ ਨੂੰ ਆਮ ਆਦਮੀ ਪਾਰਟੀ ਦੀਆਂ ਮਾੜੀਆਂ ਨੀਤੀਆਂ ਸਬੰਧੀ ਜਾਗ੍ਰਿਤ ਕਰਨ ਲਈ ਭਾਜਪਾ ਵਰਕਰਾਂ ਨੂੰ ਇੱਕ ਸਟੇਜ ਤੇ ਲਿਆਂਦਾ ਜਾਵੇ। ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਆਮ ਜਨਤਾ ਨਾਲ ਸਿੱਧਾ ਸੰਪਰਕ ਸਥਾਪਿਤ ਕਰਕੇ ਨੌਜਵਾਨਾਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਜਾਵੇ। ਰਸ਼ਪਾਲ ਚਰੜ ਨੇ ਕਿਹਾ ਕਿ ਤਰੁਣ ਭੰਡਾਰੀ ਨੇ ਬੜੇ ਸਹਿਜ ਭਾਵਨਾ ਨਾਲ ਸਾਰੀਆਂ ਗੱਲਾਂ ਸੁਣ ਕੇ ਇਹ ਭਰੋਸਾ ਦਿੱਤਾ ਕਿ ਉਹ ਪੰਜਾਬ ਦੇ ਹਾਲਾਤਾਂ ਬਾਰੇ ਉਚ ਹਾਈ ਕਮਾਂਡ ਦੇ ਧਿਆਨ ਵਿੱਚ ਲਿਆਉਣਗੇ ਅਤੇ ਜਲਦ ਹੀ ਪੰਜਾਬ ਵਿੱਚ ਭਾਜਪਾ ਵਰਕਰਾਂ ਨਾਲ ਵਿਚਾਰ ਵਟਾਂਦਰਾ ਕਰਕੇ ਪੰਜਾਬ ਦੇ ਲੋਕਾਂ ਨਾਲ ਤਾਲਮੇਲ ਵਧਾਉਣ ਸਬੰਧੀ ਨਵੀਂ ਰਣਨੀਤੀ ਤਿਆਰ ਕੀਤੀ ਜਾਵੇਗੀ।

## ਰੌੜੀ ਨੇ ਖੇਡ ਮੈਦਾਨ ਦੇ ਨਵੀਨੀਕਰਨ ਪ੍ਰੋਜੈਕਟ ਦਾ ਰੱਖਿਆ ਨੀਂਹ ਪੱਥਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਅਤੇ ਹਲਕਾ ਗੜ੍ਹਸ਼ੰਕਰ ਦੇ ਵਿਧਾਇਕ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸ਼ਹੀਦੇ ਏ ਆਜ਼ਮ ਭਗਤ ਸਿੰਘ ਦੇ ਨਾਨਕਾ ਪਿੰਡ ਮੋਰਾਂਵਾਲੀ ਵਿਖੇ ਕਰਵਾਈ ਗਈ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਕਈ ਮੰਗਾਂ ਦੇ ਤੁਰੰਤ ਨਿਪਟਾਰੇ ਲਈ ਸਬੰਧਤ



ਅਧਿਕਾਰੀਆਂ ਨੂੰ ਮੌਕੇ 'ਤੇ ਹੀ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਇਸ ਮੌਕੇ ਉਨ੍ਹਾਂ ਪਿੰਡ ਦੇ ਸਰਵਪੱਖੀ ਵਿਕਾਸ ਨੂੰ ਹੋਰ ਗਤੀ ਦਿੰਦਿਆਂ 33 ਲੱਖ ਰੁਪਏ ਦੀ ਲਾਗਤ ਨਾਲ ਖੇਡ ਮੈਦਾਨ ਦੇ ਨਵੀਨੀਕਰਨ ਕਾਰਜ ਦਾ ਨੀਂਹ ਪੱਥਰ ਰੱਖਿਆ। ਸੰਬੋਧਨ ਕਰਦਿਆਂ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਵਚਨਬੱਧ ਹੈ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੇ ਸੜਕਾਂ, ਪਾਣੀ ਦੀ ਨਿਕਾਸੀ, ਬਿਜਲੀ, ਸਫ਼ਾਈ ਅਤੇ ਹੋਰ ਵਿਕਾਸ ਕਾਰਜਾਂ ਸਬੰਧੀ ਆਪਣੀਆਂ ਮੰਗਾਂ ਡਿਪਟੀ ਸਪੀਕਰ ਦੇ ਧਿਆਨ ਵਿੱਚ ਲਿਆਂਦੀਆਂ। ਡਿਪਟੀ ਸਪੀਕਰ ਰੌੜੀ ਨੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

## ਹੋਣਹਾਰ ਵਿਦਿਆਰਥੀ ਸਨਮਾਨਤ

**ਗੁਰਾਇਆ (ਬਿੰਦਰ ਸੁਮਨ)**- ਬੀਤੇ ਦਿਨੀਂ ਸਰਕਾਰੀ ਪ੍ਰਾਇਮਰੀ ਸਕੂਲ (ਲੜਕੇ) ਗੁਰਾਇਆ ਵਿਖੇ ਇਕ ਸਮਾਗਮ ਵਿੱਚ ਵੱਧ ਅੰਕ ਲੈਣ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਮੁੱਖ ਅਧਿਆਪਕ ਮਨਜਿੰਦਰ ਕੌਰ ਦੀ ਅਗਵਾਈ ਵਿੱਚ ਤਾਰਾ ਸਿੰਘ ਅਤੇ ਉਨ੍ਹਾਂ ਦੀ ਪਤਨੀ ਗੁਰਦੇਵ ਕੌਰ ਨੇ ਨਰਸਰੀ, ਐੱਲ ਕੇ



ਜੀ, ਯੂ ਕੇ ਜੀ, ਪਹਿਲੀ, ਦੂਜੀ, ਤੀਜੀ ਤੇ ਚੌਥੀ ਜਮਾਤ ਵਿੱਚੋਂ ਪਹਿਲੇ, ਦੂਜੇ ਤੇ ਤੀਜੇ ਸਥਾਨ ਤੇ ਰਹੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਇਨਾਮ ਵੰਡੇ। ਤਾਰਾ ਸਿੰਘ ਨੇ ਕਿਹਾ ਕਿ ਵਿਦਿਆਰਥੀ ਦੇਸ਼ ਦਾ ਭਵਿੱਖ ਹਨ। ਵਿਦਿਆਰਥੀਆਂ ਨੂੰ ਕਿਹਾ ਕਿ ਉਹ ਆਪਣੀ ਮਿਹਨਤ ਜਾਰੀ ਰਖਣ ਤੇ ਸਕੂਲ ਦਾ ਨਾਮ ਰੌਸ਼ਨ ਕਰਨ। ਸਕੂਲ ਲਈ ਬਿਜਲੀ ਪੱਖੇ ਵੀ ਦਾਨ ਕੀਤੇ। ਇਸ ਮੌਕੇ ਸਕੂਲ ਦੀ ਮੁੱਖ ਅਧਿਆਪਕਾ ਮਨਜਿੰਦਰ, ਰਛਪਾਲ ਕੌਰ, ਰਵੀ ਕੁਮਾਰ, ਅਧਿਆਪਕ, ਸੁਨੀਤਾ ਮਿਡ ਡੇ ਮੀਲ, ਕਮਲਜੀਤ ਕੌਰ, ਪਰਵੀਨ ਅਤੇ ਕਿਰਨਾਂ ਮਿਡ ਡੇ ਮੀਲ ਭੈਣਾਂ ਹਾਜ਼ਰ ਸਨ। ਸਮਾਗਮ ਦੌਰਾਨ ਮਿਡ ਡੇ ਮੀਲ ਭੈਣਾਂ ਦਾ ਵੀ ਸਨਮਾਨ ਕੀਤਾ ਗਿਆ।

## ਧੀਰਜ ਮੱਕੜ ਦਾ ਸੁਪਨਾ ਮੀਨੂੰ ਭੁੱਟਾ ਨੇ ਲੀਓ ਕਲੱਬ ਬੰਗਾ ਗੁਰਸਿਮਰਨ ਬਣਾ ਕੇ ਕੀਤਾ ਪੂਰਾ

**ਬੰਗਾ (ਅਵਤਾਰ ਕਲੇਰ)**- ਲਾਇਨਜ਼ ਕਲੱਬ ਇੰਟਰਨੈਸ਼ਨਲ ਡਿਸਟ੍ਰਿਕ 321-ਡੀ ਦੇ ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ ਦੇ ਵਿਸ਼ੇਸ਼ ਸਵਾਗਤ ਪ੍ਰੋਗਰਾਮ ਦੌਰਾਨ ਲਾਇਨਜ਼ ਕਲੱਬ ਬੰਗਾ ਸਿਮਰਨ ਦੇ ਚਾਰਟਰ ਪ੍ਰਧਾਨ ਅਤੇ ਜ਼ੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਵਲੋਂ ਡਿਸਟ੍ਰਿਕ 321-ਡੀ ਦੇ ਗਵਰਨਰ ਲਾਇਨ ਜੀ ਐਸ ਭਾਟੀਆ ਦੇ ਸਾਲ ਦੀ ਸ਼ੁਰੂਆਤ ਲੀਓ




ਕਲੱਬ ਸਪਾਂਸਰ ਕਰਕੇ ਕੀਤੀ। ਕਲੱਬ ਪ੍ਰਧਾਨ ਲਾਇਨ ਵਨੀਤਾ ਕੁਮਾਰੀ ਨੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਕਲੱਬ ਐਡਮਨਿਸਟ੍ਰੇਟਰ ਅਤੇ ਦਿਸ਼ਾ ਨਿਰਦੇਸ਼ਕ ਲਾਇਨ ਧੀਰਜ ਮੱਕੜ ਦਾ ਸੁਪਨਾ ਸੀ ਕਿ ਬੱਚਿਆ ਦੇ ਚੰਗੇ ਭਵਿੱਖ ਨੂੰ ਵੇਖਦੇ ਹੋਏ ਅਪਣੇ ਪੂਰੇ ਰੀਜਨ ਵਿੱਚ ਪਹਿਲੀ ਲੀਓ ਕਲੱਬ ਅਪਣੇ ਵਲੋਂ ਖੋਲੀ ਜਾਵੇ, ਜਿਸਨੂੰ ਕਲੱਬ ਦੇ ਚਾਰਟਰ ਪ੍ਰਧਾਨ ਅਤੇ ਜ਼ੋਨ ਚੇਅਰਪਰਸਨ ਲਾਇਨ ਮੀਨੂੰ ਭੁੱਟਾ ਵਲੋਂ ਸਮੂਹ ਲਾਇਨਜ਼ ਕਲੱਬ ਬੰਗਾ ਸਿਮਰਨ ਦੇ ਸਹਿਯੋਗ ਨਾਲ ਪੂਰਾ ਕੀਤਾ ਗਿਆ ਜਿਸ ਦਾ ਨਾਂਅ ਲੀਓ ਕਲੱਬ ਬੰਗਾ ਗੁਰਸਿਮਰਨ ਰੱਖਿਆ ਗਿਆ ਅਤੇ ਇਸ ਦੇ ਚਾਰਟਰ ਪ੍ਰਧਾਨ ਲੀਓ ਅਹਿਮ ਨੂੰ ਚੁਣਿਆ ਗਿਆ। ਮੀਨੂੰ ਭੁੱਟਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੀਓ ਕਲੱਬ ਬੰਗਾ ਗੁਰਸਿਮਰਨ ਦਾ ਨਾਂਅ ਕਰਨ ਵੀ ਧੀਰਜ ਮੱਕੜ ਵਲੋਂ ਕੀਤਾ ਗਿਆ ਜੋ ਕਿ ਬੱਚਿਆ ਨੂੰ ਗੁਰੂ ਨਾਲ ਜੋੜਨ, ਧਾਰਮਿਕ ਵਿਚਾਰਧਾਰਾ ਵਾਲੇ ਬਣਾਉਣ ਅਤੇ ਭਗਤੀ-ਸਿਮਰਨ ਵਾਲੇ ਬਣਾਉਣ ਲਈ ਰੱਖਿਆ ਗਿਆ। ਡਿਸਟ੍ਰਿਕ ਗਵਰਨਰ ਜੀ ਐਸ ਭਾਟੀਆ ਵਲੋਂ ਜ਼ੋਨ ਚੇਅਰਪਰਸਨ ਮੀਨੂੰ ਭੁੱਟਾ ਨੂੰ ਲੀਓ ਕਲੱਬ ਸਪਾਂਸਰ ਕਰਨ ਦੀ ਵਧਾਈ ਦਿੱਤੀ ਅਤੇ ਇੰਟਰਨੈਸ਼ਨਲ ਪਿੰਨ ਲਗਾਕੇ ਸਨਮਾਨਿਤ ਕੀਤਾ। ਲੀਓ ਕਲੱਬ ਬੰਗਾ ਗੁਰਸਿਮਰਨ ਦੇ ਲੀਓ ਚਾਰਟਰ ਪ੍ਰਧਾਨ ਲੀਓ ਅਹਿਮ ਨੂੰ ਵੀ ਵਧਾਈ ਦਿੱਤੀ। ਲਾਇਨਜ਼ ਕਲੱਬ ਬੰਗਾ ਸਿਮਰਨ ਵਲੋਂ ਵੀ ਡਿਸਟ੍ਰਿਕ ਗਵਰਨਰ ਲਾਇਨ ਜੀ ਐਸ ਭਾਟੀਆ ਦਾ ਸਵਾਗਤ ਗੁਲਦਸਤਾ ਭੇਟ ਕਰਕੇ ਕੀਤਾ।ਇਸ ਮੌਕੇ ਫਸਟ ਵਾਇਸ ਡਿਸਟ੍ਰਿਕ ਗਵਰਨਰ ਲਾਇਨ ਰਜੀਵ ਖੋਸਲਾ, ਸੈਕੰਡ ਵਾਇਸ ਡਿਸਟ੍ਰਿਕ ਗਵਰਨਰ ਲਾਇਨ ਰਾਜੀਵ ਵਿਗ, ਗੁਰਦੀਪ ਸਿੰਘ ਕੰਗ, ਕਲੱਬ ਜਨਰਲ ਸਕੱਤਰ ਲਾਇਨ ਸੁਖਜਿੰਦਰ ਸਿੰਘ, ਖਜ਼ਾਨਚੀ ਰੋਹਿਤ ਚੋਪੜਾ, ਪੀ ਆਰ ਓ ਜਸਪ੍ਰੀਤ ਸਿੰਘ ਜੱਸੀ, ਸਾਬਕਾ ਡਿਸਟ੍ਰਿਕ ਗਵਰਨਰਾਂ ਦੀ ਟੀਮ, ਸਮੂਹ ਡਿਸਟ੍ਰਿਕ ਚੇਅਰਮੈਨ, ਰੀਜਨ ਚੇਅਰਮੈਨ, ਜ਼ੋਨ ਚੇਅਰਮੈਨ ਅਤੇ ਸਮੂਹ ਡਿਸਟ੍ਰਿਕ 321-ਡੀ ਦੇ ਲਾਇਨ ਮੈਂਬਰ ਵੀ ਸ਼ਾਮਲ ਹੋਏ।

## ਓਲੰਪਿਕਸ ਤੈਰਾਕ ਭਾਵਿਕ ਅਟਵਾਲ ਸਨਮਾਨਤ

**ਜਲੰਧਰ (ਸੁਰਿੰਦਰ ਕੁਮਾਰ)**- ਜਲੰਧਰ ਦਾ ਨਾਂਅ ਰੋਸ਼ਨ ਕਰਨ ਵਾਲੇ ਇੱਕ ਹੋਣਹਾਰ ਤੈਰਾਕ ਨੂੰ ਹੋਸ਼ਲਾ ਦੇਂਦਿਆ ਜਲੰਧਰ ਦੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਵੱਲੋਂ ਸ਼ਹਿਰ ਦੇ ਰਹਿਣ ਵਾਲੇ ਸਪੈਸ਼ਲ ਓਲੰਪਿਕਸ ਤੈਰਾਕ ਭਾਵਿਕ ਅਟਵਾਲ ਨੂੰ ਉਸ ਦੀਆਂ ਰਾਜ ਅਤੇ ਰਾਸ਼ਟਰੀ ਪੱਧਰ ਦੀਆਂ ਸ਼ਾਨਦਾਰ ਖੇਡ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ। ਡਿਪਟੀ ਕਮਿਸ਼ਨਰ ਨੇ ਇਸ ਹੋਣਹਾਰ ਤੈਰਾਕ ਦੀ ਸ਼ਲਾਘਾ ਕਰਦਿਆਂ ਕਿਹਾ ਕਿ



ਭਾਵਿਕ ਵਰਗੇ ਖਿਡਾਰੀ ਆਪਣੀ ਮਿਹਨਤ ਅਤੇ ਹੌਸਲੇ ਸਦਕਾ ਸਮੁੱਚੇ ਸਮਾਜ ਲਈ ਮਿਸਾਲ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਤਿਭਾਵਾਨ ਤੈਰਾਕ ਨੇ ਇਹ ਸਾਬਤ ਕੀਤਾ ਹੈ ਕਿ ਦ੍ਰਿੜ ਇਰਾਦੇ ਅਤੇ ਹਿੰਮਤ ਦੇ ਸਾਹਮਣੇ ਕੋਈ ਰੁਕਾਵਟ ਵੱਡੀ ਨਹੀਂ ਹੁੰਦੀ। ਉਨ੍ਹਾਂ ਕਿਹਾ ਕਿ ਭਾਵਿਕ ਨੇ ਆਪਣੀ ਪ੍ਰਤਿਭਾ ਤੇ ਮਿਹਨਤ ਨਾਲ ਨਾ ਸਿਰਫ਼ ਆਪਣੇ ਮਾਪਿਆਂ ਅਤੇ ਜ਼ਿਲ੍ਹੇ ਦੇ ਨਾਂਅ ਰੌਸ਼ਨ ਕੀਤਾ ਹੈ ਸਗੋਂ ਹੋਰਨਾਂ ਵਿਸ਼ੇਸ਼ ਬੱਚਿਆਂ ਲਈ ਵੀ ਪ੍ਰੇਰਨਾ ਸਰੋਤ ਹੈ। ਭਾਵਿਕ ਅਟਵਾਲ ਨੇ ਸਪੈਸ਼ਲ ਓਲੰਪਿਕਸ ਸਵੀਮਿੰਗ ਨੈਸ਼ਨਲਜ਼-2024 (ਮੰਡਿਆ, ਕਰਨਾਟਕ) ਵਿੱਚ 25 ਮੀਟਰ ਫ੍ਰੀਸਟਾਈਲ ਵਿੱਚ ਸੋਨ ਤਮਗਾ, 50 ਮੀਟਰ ਫ੍ਰੀਸਟਾਈਲ ਵਿੱਚ ਕਾਂਸੀ ਤਮਗਾ ਅਤੇ 25ਗ4 ਮੀਟਰ ਫ੍ਰੀਸਟਾਈਲ ਰਿਲੇਅ ਵਿੱਚ ਕਾਂਸੀ ਤਮਗਾ ਜਿੱਤਿਆ। ਇਸ ਤੋਂ ਪਹਿਲਾਂ ਉਸ ਨੇ ਸਪੈਸ਼ਲ ਓਲੰਪਿਕਸ ਭਾਰਤ ਨੈਸ਼ਨਲ ਚੈਂਪੀਅਨਸ਼ਿਪ-2016 (ਮੁੰਬਈ) ਵਿੱਚ 25 ਮੀਟਰ ਫ੍ਰੀਸਟਾਈਲ ਵਿੱਚ ਚਾਂਦੀ ਦਾ ਤਮਗਾ ਅਤੇ ਸਪੈਸ਼ਲ ਓਲੰਪਿਕਸ ਪੰਜਾਬ-2017 (ਪਟਿਆਲਾ) ਵਿੱਚ 25 ਮੀਟਰ ਅਤੇ 50 ਮੀਟਰ ਫ੍ਰੀਸਟਾਈਲ ਵਿੱਚ ਦੋ ਚਾਂਦੀ ਦੇ ਤਮਗੇ ਜਿੱਤੇ ਹਨ। ਹਾਲ ਹੀ ਵਿੱਚ ਭਾਵਿਕ ਨੇ ਇੱਕ ਹੋਰ ਤੈਰਾਕੀ ਮੁਕਾਬਲੇ ਵਿੱਚ 25 ਮੀਟਰ ਅਤੇ 50 ਮੀਟਰ ਫ੍ਰੀਸਟਾਈਲ ਵਿੱਚ ਦੋ ਸੋਨ ਤਮਗੇ ਜਿੱਤ ਕੇ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਮੁੜ ਸਬੂਤ ਦਿੱਤਾ ਹੈ। ਇਸ ਤੋਂ ਇਲਾਵਾ, ਪੰਜਾਬ ਸਰਕਾਰ ਵੱਲੋਂ ਉਸ ਦੀਆਂ ਸ਼ਾਨਦਾਰ ਖੇਡ ਪ੍ਰਾਪਤੀਆਂ ਨੂੰ ਮਾਨਤਾ ਦਿੰਦਿਆਂ ਹਾਲ ਹੀ ਵਿੱਚ 1.35 ਲੱਖ ਰੁਪਏ ਖੇਡ ਪ੍ਰੋਤਸਾਹਨ ਵਜੋਂ ਪ੍ਰਦਾਨ ਕੀਤੇ ਗਏ ਹਨ।ਇਸ ਮੌਕੇ ਜ਼ਿਲ੍ਹਾ ਸਪੈਸ਼ਲ ਓਲੰਪਿਕਸ ਐਸੋਸੀਏਸ਼ਨ, ਜਲੰਧਰ ਦੇ ਪ੍ਰਧਾਨ ਰਾਜੀਵ ਦਿਵੇਦੀ, ਸਕੱਤਰ ਪੂਨਮ, ਭਾਵਿਕ ਅਟਵਾਲ ਦੇ ਪਿਤਾ ਵਿਕਰਮ ਅਟਵਾਲ, ਮਾਤਾ ਸਾਕਸ਼ੀ ਅਟਵਾਲ ਤੇ ਭਰਾ ਸੌਰਵ ਅਟਵਾਲ ਅਤੇ ਐਸੋਸੀਏਸ਼ਨ ਦੇ ਕਾਰਜਕਾਰੀ ਮੈਂਬਰ ਵੀ ਮੌਜੂਦ ਸਨ।

## ਵਿਸ਼ਵ ਆਬਾਦੀ ਦਿਵਸ ਮਨਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿਹਤ ਅਤੇ ਪਰਵਾਰ ਭਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ.ਮਨਦੀਪ ਕਮਲ



ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਹਤ ਬਲਾਕ ਹਾਰਟਾ ਬਡਲਾ ਦੇ ਅਧੀਨ ਆਉਂਦੇ ਸਮੂਹ ਪ੍ਰਾਇਮਰੀ ਸਿਹਤ ਕੇਂਦਰਾਂ, ਆਮ ਆਦਮੀ ਕਲੀਨਿਕਾਂ ਅਤੇ ਹੈਲਥ ਐਂਡ ਵੈਲਨੈੱਸ ਸੈਂਟਰਾਂ ਵਿਖੇ ਵਿਸ਼ਵ ਆਬਾਦੀ ਦਿਵਸ ਮਨਾਇਆ ਗਿਆ। ਇਸ ਸਾਲ ਇਹ ਦਿਵਸ ਨੌਜਵਾਨਾਂ ਦੀਆਂ ਉਮੀਦਾਂ ਅਤੇ ਪਰਵਾਰ ਨਿਯੋਜਨ ਦੇ ਅਧਿਕਾਰਾਂ ਨੂੰ ਸਮਰਪਿਤ ਵਿਸ਼ੇਸ਼ ਥੀਮ ਹੇਠ ਮਨਾਇਆ ਗਿਆ।ਇਸ ਸੰਬੰਧੀ ਸੀ.ਐਚ.ਸੀ ਹਾਰਟਾ ਬਡਲਾ ਦੇ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਨੇ ਕਿਹਾ ਕਿ ਲਗਾਤਾਰ ਵਧ ਰਹੀ ਆਬਾਦੀ ਅੱਜ ਪੂਰੇ ਵਿਸ਼ਵ ਲਈ ਇੱਕ ਚਿੰਤਾ ਦਾ ਵਿਸ਼ਾ ਹੈ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਵੱਧ ਰਹੀ ਅਬਾਦੀ ਦਾ ਸਿੱਧਾ ਅਸਰ ਦੇਸ਼ ਦੇ ਕੁਦਰਤੀ ਸਰੋਤਾਂ, ਆਰਥਿਕਤਾ ਅਤੇ ਸਿਹਤ ਸਹੂਲਤਾਂ 'ਤੇ ਪੈਂਦਾ ਹੈ ਇਸ ਲਈ ਆਬਾਦੀ ਦਾ ਸੰਤੁਲਿਤ ਵਾਧਾ ਦੇਸ਼ ਦੇ ਟਿਕਾਊ ਵਿਕਾਸ ਲਈ ਬਹੁਤ ਜ਼ਰੂਰੀ ਹੈ। ਜੇਕਰ ਹਰ ਪਰਵਾਰ ਜ਼ਿੰਮੇਵਾਰੀ ਨਾਲ ਪਰਿਵਾਰ ਨਿਯੋਜਨ ਦੇ ਸਾਧਨਾਂ ਨੂੰ ਅਪਨਾਵੇ ਤਾਂ ਮਾਤਾ ਮੌਤ ਦਰ, ਬਾਲ ਮੌਤ ਦਰ ਅਤੇ ਕੁਪੋਸ਼ਣ ਵਰਗੀਆਂ ਸਮੱਸਿਆਵਾਂ ਵਿੱਚ ਮਹੱਤਵਪੂਰਨ ਕਮੀ ਲਿਆਂਦੀ ਜਾ ਸਕਦੀ ਹੈ । ਪਰਵਾਰ ਨਿਯੋਜਨ ਇੱਕ ਸਿਹਤਮੰਦ ਅਤੇ ਖੁਸ਼ਹਾਲ ਸਮਾਜ ਦੀ ਨੀਂਹ ਹੈ ਅਤੇ ਹਰ ਦੰਪਤੀ ਨੂੰ ਆਪਣੇ ਪਰਵਾਰ ਸਬੰਧੀ ਫ਼ੈਸਲੇ ਖ਼ੁਦ ਲੈਣ ਦਾ ਅਧਿਕਾਰ ਹੈ । ਉਨਾਂ ਦੱਸਿਆ ਕਿ ਸਿਹਤ ਵਿਭਾਗ ਇਸ ਸਬੰਧੀ ਗੁਣਵੱਤਾ ਭਰੀਆਂ, ਸੁਰੱਖਿਅਤ ਅਤੇ ਮੁਫ਼ਤ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ।ਡਾ.ਬੈਂਸ ਨੇ ਦੱਸਿਆ ਕਿ ਬਲਾਕ ਦੇ ਵੱਖ-ਵੱਖ ਸਿਹਤ ਕੇਂਦਰਾਂ ਵਿੱਚ ਪੁੱਜੀਆਂ ਗਰਭਵਤੀ ਔਰਤਾਂ ਤੇ ਨਵ-ਵਿਆਹੇ ਜੋੜਿਆਂ ਨੂੰ ਪਰਵਾਰ ਨੂੰ ਸੀਮਤ ਰੱਖਣ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ।

## ਆਦਿ ਧਰਮ ਲਹਿਰ ਦੇ ਝੰਡੇ ਬੁਲੰਦ ਕਰਨ 'ਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀਆਂ ਦਾ ਧੰਨਵਾਦ : ਸੰਤ ਸਤਵਿੰਦਰ ਹੀਰਾ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀਆਂ (ਰਜਿ.) ਪੰਜਾਬ ਦੇ ਸਮੂਹ ਐਗਜੈਕਟਿਵ ਮੈਂਬਰਾਂ ਅਤੇ ਵੱਖ ਵੱਖ ਡੇਰਿਆਂ ਦੇ ਸੰਤਾਂ ਮਹਾਂਪੁਰਸ਼ਾਂ ਅਤੇ ਸਮਾਜ ਦੇ ਬੁੱਧੀਜੀਵੀ ਆਗੂਆਂ ਦਾ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ. ਭਾਰਤ ਦਿਲਾਂ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦਾ ਹੈ ਅਤੇ ਸਦਾ ਰਿਣੀ ਰਹੇਗਾ ਜਿਨਾਂ ਨੇ ਆਦਿ ਧਰਮ ਗੁਰੂ ਸਾਹਿਬਾਨਾਂ ਅਤੇ ਰਹਿਬਰਾਂ ਵਲੋਂ ਚਲਾਏ ਆਦਿ ਧਰਮ ਦੀ ਹੋਂਦ ਨੂੰ ਕਾਇਮ ਰੱਖਦਿਆਂ ਆਦਿ ਧਰਮ ਦੇ ਨਾਅਰੇ ਨੂੰ ਬੁਲੰਦ



ਕੀਤਾ ਹੈ ਅਤੇ ਸੰਗਤਾਂ ਨੂੰ ਸੰਦੇਸ਼ ਜਾਰੀ ਕਰਕੇ ਸਾਡਾ ਸਭ ਦਾ ਧਰਮ 'ਆਦਿ ਧਰਮ' ਹੈ ਅਤੇ ਜਨਗਣਨਾ ਵਿੱਚ 'ਆਦਿ ਧਰਮ' ਲਿਖਵਾਉਣ ਲਈ ਪ੍ਰੇਰਿਤ ਕੀਤਾ ਹੈ। ਇਨਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ ਰਜਿ.ਭਾਰਤ ਨੇ ਸਮੂਹ ਸੰਤ ਸਮਾਜ ਦੇ ਚਰਨਾਂ ਵਿੱਚ ਬੇਨਤੀ ਕਰਦਿਆਂ ਕਿਹਾ ਕਿ ਆਓ, ਵਿਚਾਰਾਂ ਦੇ ਮੱਤਭੇਦ ਭੁਲਾਕੇ ਸਤਿਗੁਰੂ ਰਵਿਦਾਸ ਮਹਾਰਾਜ ਦੀ ਕ੍ਰਾਂਤੀਕਾਰੀ ਸੰਘਰਸ਼ਮਈ ਬਾਣੀ ਵੱਲੋਂ ਦਰਸਾਏ ਏਕਤਾ, ਭਾਈਚਾਰਾ ਅਤੇ ਬਰਾਬਰਤਾ ਦੇ ਪੈਗਾਮ ਨੂੰ ਮੰਜਿਲ ਤੇ ਪਹੁੰਚਾਉਣ ਲਈ ਬੇਗਮਪੁਰਾ ਦੇ ਪਲੇਟਫਾਰਮ ਤੇ ਇਕੱਠੇ ਹੋ ਕੇ ਇਸ ਸੰਘਰਸ਼ ਨੂੰ ਅੱਗੇ ਲੈ ਕੇ ਚਲੀਏ। ਸੰਤ ਸਤਵਿੰਦਰ ਹੀਰਾ ਨੇ ਕਿਹਾ ਕਿ ਆਦਿ ਧਰਮ ਦੇ ਮਹਾਨ ਰਹਿਬਰ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ ਨੇ ਭਾਰਤ ਦੇ ਬਹੁਗਿਣਤੀ ਲੋਕਾਂ ਦੇ ਸੰਵਿਧਾਨਕ ਅਧਿਕਾਰਾਂ ਦੀ ਪ੍ਰਾਪਤੀ ਅਤੇ ਸੁਰੱਖਿਆ ਲਈ ਸੰਘਰਸ਼ ਕੀਤਾ ਅਤੇ ਸਦੀਆਂ ਤੋਂ ਲਿਤਾੜੀ ਦੱਬੀ ਹੋਈ ਕੌਮ ਨੂੰ ਸਮਾਨਅੰਤਰ ਜੀਵਨ ਜਿਉਣ ਦੇ ਹੱਕ ਲੈ ਕੇ ਦਿੱਤੇ। ਉਨਾਂ ਕਿਹਾ ਰਹਿਬਰਾਂ ਦੇ ਸੰਘਰਸ਼ ਸਦਕਾ ਸਾਡੀ ਗੌਰਵਮਈ ਪਹਿਚਾਣ ਆਦਿ ਧਰਮ ਦਾ ਕਾਲਿਮ ਸਥਾਪਿਤ ਕਰਾਇਆ ਗਿਆ ਸੀ ਜੋ ਕਿ 1931 ਦੀ ਮਰਦਮ ਸ਼ੁਮਾਰੀ ਸਮੇਂ ਇਹ ਖਾਨਾ ਮੌਜੂਦ ਸੀ ਅਤੇ ਲੱਖਾਂ ਲੋਕਾਂ ਵਲੋਂ ਆਪਣਾ ਧਰਮ ਆਦਿ ਧਰਮ ਲਿਖਵਾਇਆ ਗਿਆ ਸੀ, ਪਰ ਸਮੇਂ ਦੀਆਂ ਸਰਕਾਰਾਂ ਦੀ ਬਦਨੀਤੀ ਕਾਰਨ ਇਹ ਆਦਿ ਧਰਮ ਦਾ ਖਾਨਾ ਹਟਾ ਦਿੱਤਾ ਗਿਆ, ਸਾਨੂੰ ਆਪਣੀ ਹੋਂਦ ਨੂੰ ਕਾਇਮ ਰੱਖਣ ਅਤੇ ਆਦਿ ਧਰਮ ਦਾ ਖਾਨਾ ਮੁੜ ਸਥਾਪਿਤ ਕਰਾਉਣ ਲਈ ਧਾਰਮਿਕ, ਸਮਾਜਿਕ ਅਤੇ ਪੜ੍ਹੇ ਲਿਖੇ ਬੁੱਧੀਜੀਵੀਆਂ ਦੇ ਸਹਿਯੋਗ ਨਾਲ ਵੱਡਾ ਸੰਘਰਸ਼ ਆਰੰਭ ਕਰਨਾ ਚਾਹੀਦਾ ਹੈ, ਜਿਸ ਦੀ ਅਗਵਾਈ ਪੰਜਾਬ ਦੇ ਸਤਿਕਾਰਯੋਗ ਸੰਤ ਸਮਾਜ ਨੂੰ ਕਰਨੀ ਚਾਹੀਦੀ ਹੈ।

## ਵਣ ਮਹਾਂਉਤਸਵ ਮਨਾਇਆ

**ਫਗਵਾੜਾ (ਜਸਵਿੰਦਰ ਢੱਡਾ)**- ਜੀ ਆਰ ਡੀ ਕੋ-ਐਜੂਕੇਸ਼ਨਲ ਕਾਲਜ ਫਗਵਾੜਾ ਵਿਖੇ ਵਣ ਮਹਾਉਤਸਵ ਈਕੋ ਕਲੱਬ ਵਲੋਂ ਕਾਲਜ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਦੀ ਅਗਵਾਈ ਤੇ ਪ੍ਰਿੰਸੀਪਲ ਗੁਰਜੀਤ ਕੌਰ ਦੀ ਦੇਖਰੇਖ ਹੇਠ ਬੜੇ ਉਤਸ਼ਾਹ ਦੇ ਨਾਲ ਮਨਾਇਆ ਗਿਆ। ਇਸ




ਦੌਰਾਨ ਈਕੋ ਕਲੱਬ ਦੇ ਵਿਦਿਆਰਥੀਆਂ ਨੇ ਕਾਲਜ ਕੈਂਪਸ 'ਚ ਬੂਟੇ ਲਗਾਏ ਤੇ ਐੱਨ ਐੱਸ ਐੱਸ ਯੂਨਿਟ ਦੇ ਵਿਦਿਆਰਥੀਆਂ ਨੇ ਪਿੰਡ ਖਾਟੀ 'ਚ ਲਗਾਉਣ ਲਈ ਕੁਝ ਬੂਟੇ ਅਪਣਾਏ। ਇਸ ਦੌਰਾਨ ਵਾਤਾਵਰਣ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਅਨੇਕਾਂ ਪ੍ਰੋਜੈਕਟ ਕੀਤੇ ਗਏ ਜਿਹਨਾਂ 'ਚ ਕੈਂਪਸ ਦੀ ਸਫਾਈ ਤੋਂ ਇਲਾਵਾ ਬਾਇਓਡੀਗ੍ਰੇਡੇਬਲ, ਰੀਸਾਇਕਲੇਬਲ ਅਤੇ ਨਾਨ-ਰੀਸਾਇਕਲੇਬਲ ਬਿਨ ਖਰੀਦ ਕੇ ਕਾਲਜ ਵਿੱਚ ਸਥਾਪਤ ਕੀਤੇ ਗਏ। ਵਿਦਿਆਰਥੀਆਂ ਵਲੋਂ ਰੁੱਖਾਂ ਦੀ ਮਹੱਤਤਾ ਸਬੰਧੀ ਪਲੇ ਕਾਰਡ ਤਿਆਰ ਕੀਤੇ ਗਏ ਅਤੇ ਸਲੋਗਨ ਰਾਈਟਿੰਗ ਮੁਕਾਬਲਾ ਵੀ ਕਰਵਾਇਆ ਗਿਆ। ਸਮਾਗਮ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਜੀ ਆਰ ਡੀ ਐਜੂਕੇਸ਼ਨਲ ਟਰੱਸਟ ਦੇ ਮੀਤ ਪ੍ਰਧਾਨ ਤਾਰਾ ਚੰਦ ਚੁੰਬਰ ਅਤੇ ਫਾਈਨਾਂਸ ਸਕੱਤਰ ਬੀ ਐੱਸ ਬਾਗਲਾ ਨੇ ਵਿਦਿਆਰਥੀਆਂ ਨੂੰ ਰੁੱਖਾਂ ਦਾ ਮਹੱਤਵ ਦੱਸਿਆ ਅਤੇ ਉਹਨਾਂ ਦੇ ਮਨਪਸੰਦ ਬੂਟੇ ਘਰਾਂ 'ਚ ਲਗਾ ਕੇ ਪਰਵਰਿਸ਼ ਕਰਨ ਲਈ ਪ੍ਰਦਾਨ ਕੀਤੇ। ਉਹਨਾਂ ਕਿਹਾ ਕਿ ਹਰਿਆਲੀ ਅਤੇ ਸਵੱਛਤਾ ਨਾਲ ਵਾਤਾਵਰਣ ਸ਼ੁੱਧ ਬਣਿਆ ਰਹਿੰਦਾ ਹੈ ਜੋ ਕਿ ਸਿਹਤ ਲਈ ਬਹੁਤ ਜਰੂਰੀ ਹੈ ਅਤੇ ਖੂਬਸੂਰਤ ਵਾਤਵਾਰਣ ਦੇ ਨਾਲ ਮਨ ਨੂੰ ਵੀ ਸ਼ਾਂਤੀ ਮਿਲਦੀ ਹੈ। ਡਾ. ਨੀਲਮ ਸੇਠੀ ਨੇ ਗਲੋਬਲ ਵਾਰਮਿੰਗ ਪ੍ਰਤੀ ਡੂੰਘੀ ਚਿੰਤਾ ਦਾ ਇਜਹਾਰ ਕੀਤਾ। ਪ੍ਰਿੰਸੀਪਲ ਗੁਰਜੀਤ ਕੌਰ ਨੇ ਪਤਵੰਤਿਆਂ ਦਾ ਪਹੁੰਚਣ ਲਈ ਧੰਨਵਾਦ ਕੀਤਾ ਅਤੇ ਕਿਹਾ ਕਿ ਈਕੋ ਕਲੱਬ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਸੀ।

## ਸਾਈਕਲ ਸਵਾਰ ਨੂੰ ਅਣਪਛਾਤੇ ਵਾਹਨ ਨੇ ਦਰੜਿਆ

**ਮਾਹਿਲਪੁਰ (ਸ.ਫਰੀ)**- ਥਾਣਾ ਮਾਹਿਲਪੁਰ ਅਧੀਨ ਪੈਂਦੀ ਚੌਂਕੀ ਸੈਲਾ ਖੁਰਦ ਅਧੀਨ ਪੈਂਦੇ ਪਿੰਡ ਡਾਨਸੀਵਾਲ ਨਜ਼ਦੀਕ ਇਕ ਸਾਈਕਲ ਸਵਾਰ ਨੂੰ ਅਣਪਛਾਤੇ ਵਾਹਨ ਨੇ ਦਰੜਿਆ ਤੇ ਸਾਈਕਲ ਸਵਾਰ ਦੀ ਥਾਂ ਤੇ ਹੀ ਮੌਤ ਹੋ ਗਈ। ਸੈਲਾ ਖੁਰਦ ਚੌਂਕੀ ਦੀ ਪੁਲਸ ਨੇ ਮ੍ਰਿਤਕ ਨੂੰ ਕਬਜ਼ੇ ਵਿਚ ਲੈ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਚੌਂਕੀ ਇੰਚਾਰਜ ਏ ਐਸ ਆਈ ਸਤਨਾਮ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕੋਈ ਇਕ ਵਜੇ ਇਕ ਰਾਹਗੀਰ ਨੇ ਦੱਸਿਆ ਕਿ ਹੁਸ਼ਿਆਰਪੁਰ ਤੋਂ ਚੰਡੀਗੜ੍ਹ ਜਾਣ ਵਾਲੇ ਮੁੱਖ ਤੇ ਪੈਂਦੇ ਪਿੰਡ ਡਾਨਸੀਵਾਲ ਨਜ਼ਦੀਕ ਸੜਕ ਵਿਚਕਾਰ ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਪਿਆ ਹੈ। ਅਸੀਂ ਤੁਰੰਤ ਘਟਨਾ ਵਾਲੀ ਜਗ੍ਹਾ ਤੇ ਪਹੁੰਚੇ ਤਾਂ ਦੇਖਿਆ ਤਾਂ ਸੜਕ ਵਿਚਕਾਰ ਜੋ ਵਿਅਕਤੀ ਪਿਆ ਹੈ ਉਹ ਮਰ ਚੁਕਾ ਹੈ ਤੇ ਉਸ ਦੇ ਕੋਲ ਇੱਕ ਸਾਈਕਲ ਪਿਆ ਹੈ। ਦੁਰਘਟਨਾ ਐਨੀ ਭਿਆਨਕ ਸੀ ਕਿ ਮ੍ਰਿਤਕ ਦੀ ਪਛਾਣ ਨਹੀਂ ਹੋ ਰਹੀ ਸੀ। ਉਹਨਾਂ ਕਿਹਾ ਕਿ ਕਿਸੇ ਅਣਪਛਾਤੇ ਵਾਹਨ ਨੇ ਇਸ ਵਿਅਕਤੀ ਨੂੰ ਬੁਰੀ ਤਰਾਂ ਦਰੜਿਆ ਹੈ। ਚੌਂਕੀ ਸੈਲਾ ਖੁਰਦ ਦੀ ਪੁਲਿਸ ਨੇ ਮਿਰਤਕ ਨੂੰ 72 ਘੰਟੇ ਲਈ ਪਹਿਚਾਣ ਵਾਸਤੇ ਸਿਵਲ ਹਸਪਤਾਲ ਗੜ੍ਹਸ਼ੰਕਰ ਵਿਚ ਰਖਵਾ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਟਰੱਕ ਨੇ ਕ੍ਰੇਟਾ ਨੂੰ ਮਾਰੀ ਟੱਕਰ, ਜਾਨੀ ਨੁਕਸਾਨ ਤੋਂ ਬਚਾਅ

**ਬਲਾਚੌਰ (ਜਸਵਿੰਦਰ ਬੈਂਸ)**- ਬਲਾਚੌਰ-ਰੋਪੜ ਰਾਸ਼ਟਰੀ ਮਾਰਗ 'ਤੇ ਪੈਂਦੇ ਤਾਜੋਵਾਲ ਕੱਟ ਨਜ਼ਦੀਕ ਇੱਕ ਤੇਜ਼ ਰਫ਼ਤਾਰ ਟਰੱਕ ਅਤੇ ਕ੍ਰੇਟਾ ਗੱਡੀ ਵਿਚਕਾਰ ਟੱਕਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।



ਇਸ ਹਾਦਸੇ ਵਿੱਚ ਗੱਡੀ ਬੁਰੀ ਤਰ੍ਹਾਂ ਨੁਕਸਾਨੀ ਗਈ, ਪਰ ਖੁਸ਼ਕਿਸਮਤੀ ਨਾਲ ਕਿਸੇ ਵੀ ਤਰ੍ਹਾਂ ਦਾ ਜਾਨੀ ਨੁਕਸਾਨ ਹੋਣ ਤੋਂ ਬਚਾਅ ਰਿਹਾ। ?ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਕ੍ਰੇਟਾ ਗੱਡੀ , ਜਿਸ ਨੂੰ ਕੁਨਾਲ ਵਾਸੀ ਫਤਿਹਪੁਰ ਚਲਾ ਰਿਹਾ ਸੀ, ਰੋਪੜ ਵਾਲੀ ਸਾਈਡ ਤੋਂ ਬਲਾਚੌਰ ਵੱਲ ਜਾ ਰਹੀ ਸੀ। ਜਦੋਂ ਉਹ ਤਾਜੋਵਾਲ ਕੱਟ ਨਜ਼ਦੀਕ ਗੱਡੀ ਨੂੰ ਯੂ-ਟਰਨ ਮੋੜਨ ਲੱਗੇ ਤਾਂ ਪਿੱਛੋਂ ਆ ਰਹੇ ਇੱਕ ਕੇ ਟੀ ਸੀ ਕੰਪਨੀ ਦੇ ਟਰੱਕ ਨੇ ਕ੍ਰੇਟਾ ਗੱਡੀ ਨੂੰ ਜ਼ੋਰਦਾਰ ਟੱਕਰ ਮਾਰ ਦਿੱਤੀ। ਟਰੱਕ ਨੂੰ ਸੁਰਿੰਦਰ ਸਿੰਘ ਵਾਸੀ ਘੁਰਕਵਿੰਡ ਜ਼ਿਲ੍ਹਾ ਤਰਨ ਤਾਰਨ ਚਲਾ ਰਿਹਾ ਸੀ। ?ਟੱਕਰ ਇੰਨੀ ਜ਼ਬਰਦਸਤ ਸੀ ਕਿ ਕ੍ਰੇਟਾ ਗੱਡੀ ਬੁਰੀ ਤਰ੍ਹਾਂ ਪਿਚਕ ਗਈ। ਹਾਦਸੇ ਦੀ ਸੂਚਨਾ ਮਿਲਦਿਆਂ ਹੀ ਮੌਕੇ 'ਤੇ ਪਹੁੰਚੀ ਹਾਈਵੇ ਪੈਟਰੋਲਿੰਗ ਟੀਮ ਨੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਰਿਕਵਰੀ ਵੈਨ ਦੀ ਮਦਦ ਨਾਲ ਹਾਦਸਾਗ੍ਰਸਤ ਗੱਡੀ ਨੂੰ ਸੜਕ ਤੋਂ ਪਾਸੇ ਕਰਵਾ ਕੇ ਹਾਈਵੇ ਦਾ ਜਾਮ ਖੁਲ੍ਹਵਾਇਆ। ਪੁਲਿਸ ਵੱਲੋਂ ਮੌਕੇ 'ਤੇ ਪਹੁੰਚ ਕੇ ਰੋਡ ਬਿਲਕੁਲ ਕਲੀਅਰ ਕਰਵਾ ਦਿੱਤਾ ਗਿਆ ਹੈ।

## ਸ਼ਾਇਰਾ ਤੇ ਸਮਾਜਿਕ ਕਾਰਕੁਨ ਕੁਲਵਿੰਦਰ ਕੋਮਲ ਨੂੰ ਸਦਮਾ, ਮਾਤਾ ਦਾ ਦੇਹਾਂਤ

**ਅੰਤਿਮ ਅਰਦਾਸ ਭਲਕੇ**

**ਚੰਡੀਗੜ੍ਹ**- ਪੈਗਾਮ-ਏ-ਨਾਮਾ ਅਤੇ ਸਪਰਿੰਗ ਡੇਲ ਸਕੂਲ (ਦੁਬਈ) ਦੀ ਕਰਤਾ-ਧਰਤਾ, ਸਮਾਜਿਕ ਕਾਰਕੁਨ ਅਤੇ ਪੰਜਾਬੀ ਸ਼ਾਇਰਾ ਕੁਲਵਿੰਦਰ ਕੌਰ ਕੋਮਲ ਨੂੰ ਉਸ ਸਮੇਂ ਭਾਰੀ ਸਦਮਾ ਲੱਗਿਆ ਜਦ ਉਨ੍ਹਾਂ ਦੇ ਮਾਤਾ



ਬਲਦੀਪ ਕੌਰ ਪਤਨੀ ਸਵਰਗੀ ਹਰਦਿਆਲ ਸਿੰਘ ਬਨਵੈਤ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਕੇ ਗੁਰੂ ਚਰਨਾਂ ਵਿਚ ਜਾ ਵਿਰਾਜੇ ਹਨ। ਮਾਤਾ ਬਲਦੀਪ ਕੌਰ ਦੇ ਵਿਛੋੜੇ 'ਤੇ ਦੁੱਖ ਪ੍ਰਗਟ ਕਰਦਿਆਂ ਸਰਘੀ ਕਲਾ ਕੇਂਦਰ ਦੇ ਪ੍ਰਧਾਨ ਨਾਟਕਰਮੀ ਸੰਜੀਵਨ ਸਿੰਘ ਨੇ ਕਿਹਾ ਕਿ ਮਾਤਾ ਜੀ ਕੇਵਲ ਧਾਰਮਿਕ ਪ੍ਰਵਿਰਤੀਆ ਦੇ ਮਾਲਿਕ ਹੀ ਨਹੀਂ, ਆਪਣੇ ਆਲੇ-ਦੁਆਲੇ ਲਈ ਚਿੰਤਤ ਸਨ।ਮਾਤਾ ਬਲਦੀਪ ਕੌਰ ਆਪਣੇ ਪਿੱਛੇ ਦੋ ਪੁੱਤਰ ਅੰਗਦ ਸਿੰਘ ਤੇ ਪਰਮਜੀਤ ਸਿੰਘ ਅਤੇ ਕੁਲਵਿੰਦਰ ਕੋਮਲ ਤੋਂ ਇਲਾਵਾ ਦੋ ਧੀਆਂ ਮਨਜੀਤ ਕੌਰ, ਗੁਰਮੀਤ ਕੌਰ ਛੱਡ ਗਏ ਹਨ। ਸਰਘੀ ਪ੍ਰੀਵਾਰ ਦੇ ਰੰਗਕਰਮੀ ਕੁੱਕੂ ਦੀਵਾਨ, ਰੰਜੀਵਨ ਸਿੰਘ, ਨਰਿੰਦਰ ਨਸਰੀਨ, ਲਖਵਿੰਦਰ ਸਿੰਘ ਅਤੇ ਰਿੱਤੂ ਰਾਗ ਨੇ ਕੁਲਵਿੰਦਰ ਕੋਮਲ ਅਤੇ ਦੁੱਖੀ ਪ੍ਰੀਵਾਰ ਦੇ ਦੁੱਖ ਵਿਚ ਸ਼ਾਮਿਲ ਹੁੰਦੇ ਕਿਹਾ ਕਿ ਮਾਤਾ ਬਲਦੀਪ ਕੌਰ ਦੇ ਵਿਛੋੜੇ ਨਾਲ ਪਰਵਾਰ ਦੇ ਨਾਲ ਨਾਲ ਆਲੇ-ਦੁਆਲੇ ਨੂੰ ਵੀ ਘਾਟਾ ਪਿਆ ਹੈ।ਮਾਤਾ ਜੀ ਦੀ ਆਤਮਿਕ ਸ਼ਾਤੀ ਲਈ ਰੱਖੇ ਗਏ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 14 ਜੁਲਾਈ ਨੂੰ ਦੁਪਿਹਰ 12.00 ਵਜੇ ਤੋਂ 1.00 ਵਜੇ ਤੱਕ ਬਾਬਾ ਨਰਾਇਣ ਸਿੰਘ ਗੁਰਦੁਆਰਾ ਸਾਹਿਬ, ਪਿੰਡ ਸੈਣੀ ਮਾਜਰਾ, ਜਿਲਾ ਮੁਹਾਲੀ ਵਿਖੇ ਪਵੇਗਾ।

## ਵਿਧਾਇਕ ਨੇ ਡਿਜੀਟਲ ਲਾਇਬ੍ਰੇਰੀ ਦਾ ਕੀਤਾ ਉਦਘਾਟਨ

**ਬਿਲਗਾ (ਵਿਜੇ ਕੁਮਾਰ)**- ਮੇਨ ਬੱਸ ਸਟੈਂਡ ਪੱਤੀ ਭਲਾਈ ਬਿਲਗਾ ਵਿਖੇ 32 ਲੱਖ ਦੀ ਲਾਗਤ ਨਾਲ ਬਣਨ ਵਾਲੀ 'ਬਾਬਾ ਕਰਮ ਸਿੰਘ ਤਿੱਲਾ' ਯਾਦਗਾਰੀ ਡਿਜੀਟਲ ਲਾਈਬਰੇਰੀ ਦਾ ਉਦਘਾਟਨ ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ ਮਾਨ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ 'ਤੇ ਬੀਬੀ ਮਾਨ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੈਂ ਵੱਡੇ ਭਾਗਾਂ ਵਾਲੀ ਹਾਂ ਕਿ ਮੈਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਅਤੇ ਆਜ਼ਾਦੀ ਘੁਲਾਟੀਆਂ ਦੀ ਨਗਰੀ ਬਿਲਗਾ ਦੀ ਸੇਵਾ ਕਰਨ ਦਾ ਮੌਕਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਬਿਲਗਾ ਦੇ ਸੀਵਰੇਜ ਅਤੇ ਰਿੰਗ ਰੋਡ ਦਾ ਕੰਮ ਵੀ ਜਲਦੀ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਤੇ ਇਨੋਵੇਟਿਵ ਕਮੇਟੀ ਮੈਂਬਰਾਂ ਸਮੇਤ ਨਗਰ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਸ਼ਾਮਿਲ ਸਨ ਜਿਨਾਂ ਗੱਜਣ ਬਾਬਾ (ਕਰਮ ਸਿੰਘ ਤਿੱਲਾ ਦੇ ਪਰਿਵਾਰ ਤੋਂ) ਮਾਸਟਰ ਜੋਗਿੰਦਰ ਸਿੰਘ, ਸਤਨਾਮ ਸਿੰਘ ਕਲੇਰ, ਗੁਰਨਾਮ ਸਿੰਘ ਜੱਖੂ ਪ੍ਰਧਾਨ ਨਗਰ ਪੰਚਾਇਤ ਬਿਲਗਾ, ਕਾਰਜ ਸਾਧਕ ਅਫਸਰ



ਬਿਲਗਾ ਰਣਧੀਰ ਸਿੰਘ, ਸੁਰਜੀਤ ਸਿੰਘ ਸੈਕਰਟਰੀ ਰੈਡ ਕਰਾਸ ਜਲੰਧਰ, ਬਲਜੀਤ ਸਿੰਘ ਰਿਟਾਇਰਡ ਕਾਰਜਸਾਧਕ ਅਫਸਰ, ਕੌਂਸਲਰ ਬਲਰਾਜ ਕੌਰ, ਕੌਂਸਲਰ ਬਲਵੀਰ ਕੌਰ, ਕੌਂਸਲਰ ਕਿਰਨ ਬਾਲਾ, ਸਾਬਕਾ ਕੌਂਸਲਰ ਪੂਜਾ ਮਹੇ, ਭੁਪਿੰਦਰ ਕੁਮਾਰ ਕੈਥ, ਸੁਰਿੰਦਰ ਪਾਲ ਬਿਲਗਾ, ਹਰਬੰਸ ਸਿੰਘ ਦਰਦੀ, ਪਿਆਰਾ ਸਿੰਘ ਕੈਥ, ਮਾਸਟਰ ਪ੍ਰੇਮ ਲਾਲ ਔਜਲਾ, ਗੁਰਮੀਤ ਕੌਰ ਚੇਅਰਪਰਸਨ, ਪੰਡਿਤ ਅਨੂਪ ਕੁਮਾਰ, ਲਵਪ੍ਰੀਤ ਜਸ਼ਨਪ੍ਰੀਤ ਸਮਰਾ, ਪੂਰਨ ਸਿੰਘ, ਤਰਲੋਕ ਸਿੰਘ, ਜਸਵਿੰਦਰ ਸਿੰਘ, ਪਵਿੱਤਰ ਸਿੰਘ ਨੰਨਰਾ, ਸ਼ੌਕੀ ਪਾਸਟਰ, ਕਰਮਜੀਤ ਸਿੰਘ, ਕਮਲਜੀਤ ਸਿਆਣ, ਬਲਜੀਤ ਸਿੰਘ, ਹਰਵਿੰਦਰ ਸਿੰਘ ਸੋਢੀ, ਨਰੇਸ਼ ਕੁਮਾਰ ਮਹੇ, ਸਨੀਤਾ ਰਾਣੀ, ਪੰਡਿਤ ਬਿਪਨ ਕੁਮਾਰ,ਤੀਰਥ ਸਿੰਘ, ਰਾਣੀ ਪ੍ਰਧਾਨ ਪੱਤੀ ਬੱਗਾ, ਜਗਪਾਲ ਸਿੰਘ ਸੰਘੇੜਾ, ਬਲਵੀਰ ਸਿੰਘ ਸਾਬਕਾ ਪੰਚ, ਡਾ. ਰਾਹੁਲ ਕੁਮਾਰ, ਜਸਵੀਰ ਸਿੰਘ ਸੰਘੋਵਾਲ, ਨਿਰਮਲ ਸਿੰਘ ਮੁਆਈ, ਰਣਜੀਤ ਸਿੰਘ ਕੰਦੋਲਾ, ਰਣਜੋਧ ਸਿੰਘ ਔਜਲਾ ਜਸਵਿੰਦਰ ਸਿੰਘ ਔਜਲਾ, ਹਰਦੀਪ ਸਿੰਘ ਖੋਖੇਵਾਲ ਬੰਟੀ ਖੋਖੇਵਾਲ ਮਹਿੰਦਰ ਸਿੰਘ ਖੋਖੇਵਾਲ ਅਤੇ ਸਮੂਹ ਸਟਾਫ ਨਗਰ ਪੰਚਾਇਤ ਬਿਲਗਾ ਹਾਜ਼ਰ ਸਨ।

## ਗ੍ਰੋਥ ਓਵਰਸੀਜ਼ ਇੰਟਰਨੈਸ਼ਨਲ ਐਜੂਟੈਕ ਫਰਮ ਦਾ ਲਾਇਸੰਸ ਤਿੰਨ ਮਹੀਨਿਆਂ ਲਈ ਮੁਅੱਤਲ

**ਡੇਰਾਬਸੀ (ਵਿਨੈ ਕੁਮਾਰ ਜੈਨ)**- ਵਧੀਕ ਜ਼ਿਲ੍ਹਾ ਮੈਜਿਸਟਰੇਟ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਗੀਤਿਕਾ ਸਿੰਘ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਤਹਿਤ ਕਾਰਵਾਈ ਕਰਦਿਆਂ ਗ੍ਰੋਥ ਓਵਰਸੀਜ਼ ਇੰਟਰਨੈਸ਼ਨਲ ਐਜੂਟੈਕ ਫਰਮ ਐੱਸ ਸੀ ਓ ਨੰਬਰ 10, ਪਹਿਲੀ ਮੰਜ਼ਿਲ, ਨਿਅਰ ਰਾਇਲ ਐਸਟੇਟ, ਲੋਹਗੜ੍ਹ, ਜ਼ੀਰਕਪੁਰ ਨੂੰ ਕੰਸਲਟੈਂਸੀ ਅਤੇ ਕੋਚਿੰਗ ਇੰਸਟੀਚਿਊਟ ਆਫ ਆਈਲੈਟਸ ਦੇ ਕੰਮਾਂ ਲਈ ਜਾਰੀ ਲਾਇਸੰਸ ਨੰਬਰ 603/ਆਈ.ਸੀ. 31 ਅਗਸਤ 2023 ਨੂੰ 6 ਜੁਲਾਈ 2026 ਤੋਂ ਤਿੰਨ ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਗਿਆ ਹੈ। ਏ.ਡੀ.ਸੀ. ਵੱਲੋਂ ਦੱਸਿਆ ਗਿਆ ਕਿ ਫਰਮ ਦੇ ਮਾਲਕ ਸੁਖਦੇਵ ਕੁਮਾਰ ਨੂੰ ਕੰਸਲਟੈਂਸੀ ਅਤੇ ਆਈਲੈਟਸ ਕੋਚਿੰਗ ਇੰਸਟੀਚਿਊਟ ਚਲਾਉਣ ਲਈ ਲਾਇਸੰਸ ਜਾਰੀ ਕੀਤਾ ਗਿਆ ਸੀ, ਜਿਸ ਦੀ ਮਿਆਦ 30 ਅਗਸਤ 2028 ਤੱਕ ਹੈ। ਐਕਟ ਅਤੇ ਨਿਯਮਾਂ ਅਨੁਸਾਰ ਲਾਇਸੰਸੀ ਨੂੰ ਮਹੀਨਾਵਾਰ ਜਾਣਕਾਰੀ/ਸੂਚਨਾ (ਸਮੇਤ ਮਾਸਿਕ ਸਵੈ-ਘੋਸ਼ਣਾ ਪੱਤਰ) ਅਤੇ ਹੋਰ ਲਾਜ਼ਮੀ ਜਾਣਕਾਰੀ ਨਿਯਮਤ ਤੌਰ 'ਤੇ ਜਮ੍ਹਾਂ ਕਰਵਾਉਣ ਲਈ ਕਈ ਵਾਰ ਨੋਟਿਸ ਜਾਰੀ ਕੀਤੇ ਗਏ, ਪਰ ਫਰਮ ਵੱਲੋਂ ਲੋੜੀਂਦੀ ਜਾਣਕਾਰੀ ਪੇਸ਼ ਨਹੀਂ ਕੀਤੀ ਗਈ। ਇਸ ਤੋਂ ਇਲਾਵਾ, ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਦੇ ਪ੍ਰੋਟੈਕਟਰ ਆਫ਼ ਇਮੀਗ੍ਰੇਂਟਸ, ਚੰਡੀਗੜ੍ਹ ਵੱਲੋਂ ਭੇਜੇ ਪੱਤਰ ਰਾਹੀਂ ਇਹ ਮਾਮਲਾ ਧਿਆਨ ਵਿੱਚ ਲਿਆਂਦਾ ਗਿਆ ਕਿ ਫਰਮ ਵੱਲੋਂ ਸੋਸ਼ਲ ਮੀਡੀਆ ਅਤੇ ਹੋਰ ਡਿਜੀਟਲ ਪਲੇਟਫਾਰਮਾਂ 'ਤੇ ਭਰਤੀ ਨਾਲ ਸਬੰਧਤ ਇਸ਼ਤਿਹਾਰ ਪ੍ਰਕਾਸ਼ਿਤ ਕਰਕੇ ਇਮੀਗ੍ਰੇਸ਼ਨ ਐਕਟ, 1983 ਦੀ ਕਥਿਤ ਉਲੰਘਣਾ ਕੀਤੀ ਜਾ ਰਹੀ ਹੈ। ਇਸ ਸਬੰਧੀ ਸਪੱਸ਼ਟੀਕਰਨ ਅਤੇ ਦਸਤਾਵੇਜ਼ ਮੰਗਣ ਲਈ ਨੋਟਿਸ ਜਾਰੀ ਕੀਤਾ ਗਿਆ, ਪਰ ਫਰਮ ਵੱਲੋਂ ਕੋਈ ਜਵਾਬ ਪੇਸ਼ ਨਹੀਂ ਕੀਤਾ ਗਿਆ।ਉਕਤ ਤੱਥਾਂ ਦੇ ਸਨਮੁੱਖ ਐਕਟ ਤੇ ਨਿਯਮਾਂ ਦੀ ਪਾਲਣਾ ਨਾ ਕਰਨ, ਨੋਟਿਸਾਂ ਦਾ ਜਵਾਬ ਨਾ ਦੇਣ ਅਤੇ ਇਮੀਗ੍ਰੇਸ਼ਨ ਐਕਟ, 1983 ਅਤੇ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਦੀਆਂ ਧਾਰਾਵਾਂ ਦੀ ਉਲੰਘਣਾ ਦੇ ਮੱਦੇਨਜ਼ਰ ਇਹ ਕਾਰਵਾਈ ਕੀਤੀ ਗਈ ਹੈ। ਵਧੀਕ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਪੰਜਾਬ ਟਰੈਵਲ ਪ੍ਰੋਫੈਸ਼ਨਲਜ਼ ਰੈਗੂਲੇਸ਼ਨ ਐਕਟ, 2012 ਦੀ ਧਾਰਾ 6(1)(ਈ) ਤਹਿਤ ਲਾਇਸੰਸੀ/ਫਰਮ ਨੂੰ 15 ਦਿਨਾਂ ਅੰਦਰ ਆਪਣਾ ਪੱਖ ਸਪੱਸ਼ਟ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਹੈ, ਉਨ੍ਹਾਂ ਇਹ ਵੀ ਕਿਹਾ ਕਿ ਨੋਟਿਸ ਦਾ ਜਵਾਬ ਨਾ ਦੇਣ ਦੀ ਸੂਰਤ ਵਿੱਚ ਫਰਮ ਦਾ ਲਾਇਸੰਸ ਰੱਦ ਕਰ ਦਿੱਤਾ ਜਾਵੇਗਾ।

## ਜਨਮ ਦਿਨ ਮੁਬਾਰਕ



ਦਿਵਿਆਂਸ਼ੀ ਕੁਮਾਰੀ
ਅੰਮ੍ਰਿਤਸਰ

ਧਰੁਵ
ਫਾਜ਼ਿਲਕਾ

ਅਯਾਨ ਸਿੰਘ
ਆਸਟ੍ਰੇਲੀਆ